ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 61
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 3 March, 2026) ਮੰਗਲਵਾਰ, 3 ਮਾਰਚ, 2026, 20 ਫੱਗਣ (ਪੂਰਨਮਾਸ਼ੀ), ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਪੀ.ਐਫ.ਖਾਤਿਆਂ ਲਈ ਵਿਆਜ ਦਰ 8.25 ਫ਼ੀਸਦੀ ਹੀ ਰੱਖਣ ਦਾ ਐਲਾਨ

ਨਵੀਂ ਦਿੱਲੀ, 2 ਮਾਰਚ (ਚ.ਨ.ਸ.): ਈ.ਪੀ.ਐਫ.ਓ. ਨੇ ਵਿੱਤੀ ਸਾਲ 2025-26 ਲਈ ਪੀ.ਐਫ. ਜਮ੍ਹਾਂ ਰਾਸ਼ੀ 'ਤੇ ਵਿਆਜ ਦਰ 8.25 ਫੀਸਦੀ ਤੈਅ ਕੀਤੀ ਹੈ। ਕਿਰਤ ਮੰਤਰਾਲੇ ਵੱਲੋਂ ਸੋਮਵਾਰ ਨੂੰ ਜਾਰੀ ਕੀਤੇ ਗਏ ਬਿਆਨ ਅਨੁਸਾਰ ਇਹ ਲਗਾਤਾਰ ਤੀਜਾ ਸਾਲ ਹੈ ਜਦੋਂ ਵਿਆਜ ਦਰ ਨੂੰ 8.25 ਫੀਸਦੀ 'ਤੇ ਹੀ ਬਰਕਰਾਰ ਰੱਖਿਆ ਗਿਆ ਹੈ। ਇਸ ਤੋਂ ਪਹਿਲਾਂ ਸਾਲ 2023-24 ਅਤੇ 2024-25 ਵਿੱਚ ਵੀ ਨਿਵੇਸ਼ਕਾਂ ਨੂੰ ਇੰਨੀ ਹੀ ਵਿਆਜ ਦਰ ਦਿੱਤੀ ਗਈ ਸੀ। ਕੇਂਦਰੀ ਕਿਰਤ ਅਤੇ ਰੁਜ਼ਗਾਰ ਮੰਤਰੀ ਮਨਸੁਖ ਮਾਂਡਵੀਆ ਦੀ ਅਗਵਾਈ (ਬਾਕੀ ਸਫ਼ਾ 2 'ਤੇ)

# ਭਾਰਤ-ਕੈਨੇਡਾ 'ਚ ਯੂਰੇਨੀਅਮ ਅਤੇ ਅਹਿਮ ਖਣਿਜਾਂ ਦੀ ਸਪਲਾਈ ਲਈ ਹੋਇਆ ਸਮਝੌਤਾ

## 2030 ਤੱਕ 50 ਅਰਬ ਡਾਲਰ ਦੇ ਵਪਾਰ ਦਾ ਟੀਚਾ ਮਿਥਿਆ

ਚੜ੍ਹਦੀਕਲਾ ਬਿਊਰੋ

=================



ਨਵੀਂ ਦਿੱਲੀ, 2 ਮਾਰਚ:ਭਾਰਤ ਅਤੇ ਕੈਨੇਡਾ ਨੇ ਸੋਮਵਾਰ ਨੂੰ ਯੂਰੇਨੀਅਮ ਅਤੇ ਅਹਿਮ ਖਣਿਜਾਂ ਦੀ ਸਪਲਾਈ ਸਬੰਧੀ ਮਹੱਤਵਪੂਰਨ ਸਮਝੌਤੇ ਕੀਤੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਦੋਹਾਂ ਦੇਸ਼ਾਂ ਵਿਚਕਾਰ ਆਰਥਕ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਲਈ ਨਵਾਂ ਖਾਕਾ ਤਿਆਰ ਕੀਤਾ ਹੈ।

ਇਸ ਤਹਿਤ 2030 ਤਕ ਦੋਵੇਂ ਦੇਸ਼ਾਂ ਵਿਚਕਾਰ ਸਾਲਾਨਾ ਵਪਾਰ ਨੂੰ 50 ਅਰਬ ਡਾਲਰ ਤਕ ਪਹੁੰਚਾਉਣ ਦਾ ਟੀਚਾ ਰੱਖਿਆ ਗਿਆ ਹੈ। ਦੋਵੇਂ ਨੇਤਾਵਾਂ ਨੇ ਰੱਖਿਆ, ਨਵੀਨ ਤਕਨਾਲੋਜੀ, ਛੋਟੇ ਅਤੇ ਮਾਡਿਊਲਰ ਪ੍ਰਮਾਣੂ ਰਿਐਕਟਰਾਂ, ਸਿੱਖਿਆ ਅਤੇ ਨਵੀਕਰਨਯੋਗ ਊਰਜਾ ਖੇਤਰਾਂ ਵਿਚ ਸਾਂਝੇਦਾਰੀ ਵਧਾਉਣ ਦਾ ਵਾਅਦਾ ਕੀਤਾ। ਕੈਨੇਡਾ ਨੇ ਭਾਰਤ ਦੇ ਸਿਵਲ ਪ੍ਰਮਾਣੂ ਊਰਜਾ ਖੇਤਰ ਲਈ 2.6 ਅਰਬ ਡਾਲਰ ਦੇ ਯੂਰੇਨੀਅਮ ਸਪਲਾਈ ਸਮਝੌਤੇ ਰਾਹੀਂ ਸਹਿਯੋਗ ਦੇਣ ਦਾ ਐਲਾਨ ਕੀਤਾ।

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੋਵੇਂ ਦੇਸ਼ਾਂ ਨੇ ਅੱਤਵਾਦ, ਕੱਟੜਵਾਦ ਅਤੇ ਰੈਡੀਕਲਾਈਜ਼ੇਸ਼ਨ ਨੂੰ ਗੰਭੀਰ ਚੁਣੌਤੀ ਮੰਨਿਆ ਹੈ ਅਤੇ ਇਸ ਵਿਰੁਧ ਸਾਂਝੀ ਕਾਰਵਾਈ ਗਲੋਬਲ ਅਮਨ ਲਈ ਜ਼ਰੂਰੀ ਹੈ। ਉਨ੍ਹਾਂ ਨੇ ਪਛਮੀ ਏਸ਼ੀਆ ਦੀ ਸੁਰੱਖਿਆ ਸਥਿਤੀ ਉਤੇ ਵੀ ਚਿੰਤਾ ਪ੍ਰਗਟਾਈ ਅਤੇ ਸੰਘਰਸ਼ਾਂ ਦੇ ਹੱਲ ਲਈ ਸੰਵਾਦ ਅਤੇ ਕੂਟਨੀਤੀ ਦਾ ਸਮਰਥਨ ਕੀਤਾ। ਕਾਰਨੀ ਨੇ ਕਿਹਾ ਕਿ ਨਵਾਂ ਯੂਰੇਨੀਅਮ ਸਮਝੌਤਾ ਸਾਫ਼ ਅਤੇ ਭਰੋਸੇਯੋਗ ਊਰਜਾ ਪ੍ਰਤੀ ਸਾਂਝੀ ਵਚਨਬੱਧਤਾ (ਬਾਕੀ ਸਫ਼ਾ 2 'ਤੇ)

### ਈਰਾਨ-ਇਜ਼ਰਾਈਲ ਜੰਗ ਨਾਲ ਦਹਿਲੀ ਦੁਨੀਆਂ

# ਦੋਵੇਂ ਧਿਰਾਂ ਵੱਲੋਂ ਇੱਕ-ਦੂਜੇ 'ਤੇ ਮਿਜ਼ਾਈਲ-ਡਰੋਨ ਹਮਲੇ

ਚੜ੍ਹਦੀਕਲਾ ਬਿਊਰੋ

=================



ਤੇਹਰਾਨ/ਤੇਲ ਅਵੀਵ, 2 ਮਾਰਚ:ਮੱਧ ਪੂਰਬ 'ਚ ਤਣਾਅ ਚਰਮ ਸੀਮਾ 'ਤੇ ਪਹੁੰਚ ਗਿਆ ਹੈ ਕਿਉਂਕਿ ਪਿਛਲੇ ਤਿੰਨ ਦਿਨਾਂ ਤੋਂ ਇਜ਼ਰਾਈਲ, ਅਮਰੀਕਾ ਤੇ ਈਰਾਨ ਵਿਚਾਲੇ ਭਿਆਨਕ ਜੰਗ ਜਾਰੀ ਹੈ। ਸ਼ਨੀਵਾਰ ਨੂੰ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਕੀਤੇ ਗਏ ਹਮਲਿਆਂ ਤੋਂ ਬਾਅਦ ਪੂਰੇ ਖੇਤਰ ਵਿੱਚ ਧਮਾਕਿਆਂ ਦੀ ਗੂੰਜ ਸੁਣਾਈ ਦੇ ਰਹੀ ਹੈ। ਜਵਾਬੀ ਕਾਰਵਾਈ ਕਰਦੇ ਹੋਏ ਈਰਾਨ ਨੇ ਇਜ਼ਰਾਈਲ ਅਤੇ ਅਮਰੀਕੀ ਫੌਜੀ ਟਿਕਾਣਿਆਂ ਵੱਲ ਮਿਜ਼ਾਈਲਾਂ ਅਤੇ ਡਰੋਨਾਂ ਦੀ ਬੌਛਾਰ ਕਰ ਦਿੱਤੀ ਹੈ।

**ਈਰਾਨ 'ਚ ਭਾਰੀ ਤਬਾਹੀ:** ਈਰਾਨ 'ਚ ਹੁਣ ਤੱਕ 555 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ ਸੈਂਕੜੇ ਲੋਕ ਜ਼ਖਮੀ ਹਨ। ਸਭ ਤੋਂ ਦਰਦਨਾਕ ਘਟਨਾ ਦੱਖਣ-ਪੂਰਬੀ ਈਰਾਨ ਦੇ ਸ਼ਹਿਰ ਮਿਨਾਬ ਵਿੱਚ ਵਾਪਰੀ, ਜਿੱਥੇ ਇੱਕ ਪ੍ਰਾਇਮਰੀ ਗਰਲਜ਼ ਸਕੂਲ 'ਤੇ ਹੋਏ ਹਮਲੇ ਵਿੱਚ ਲਗਭਗ 180 ਮਾਸੂਮ ਬੱਚਿਆਂ ਦੀ ਜਾਨ ਚਲੀ ਗਈ ਹੈ। ਇਜ਼ਰਾਈਲੀ ਹਵਾਈ ਸੈਨਾ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਪਿਛਲੇ 24 ਘੰਟਿਆਂ 'ਚ ਈਰਾਨ ਦੇ 24 ਸੂਬਿਆਂ 'ਚ 1,200 ਤੋਂ ਵੱਧ ਗੋਲਾ ਬਾਰੂਦ-ਮਿਜ਼ਾਈਲਾਂ/ਡਰੋਨ ਸੁੱਟੇ ਹਨ।

**ਇਜ਼ਰਾਈਲ ਤੇ ਅਮਰੀਕੀ ਫੌਜ ਦਾ ਨੁਕਸਾਨ:** ਈਰਾਨੀ ਹਮਲਿਆਂ 'ਚ ਇਜ਼ਰਾਈਲ ਦੇ 10 ਲੋਕ ਮਾਰੇ ਗਏ ਹਨ, ਜਿਨ੍ਹਾਂ 'ਚ ਬੇਤ ਸ਼ੇਮੇਸ਼ 'ਚ ਹੋਏ ਬੈਲਿਸਟਿਕ ਮਿਜ਼ਾਈਲ ਹਮਲੇ ਵਿੱਚ ਮਾਰੇ ਗਏ 9 ਲੋਕ ਸ਼ਾਮਲ ਹਨ। ਤੇਲ ਅਵੀਵ 'ਚ ਵੀ ਕਈ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ ਹੈ। ਦੂਜੇ ਪਾਸੇ, ਅਮਰੀਕੀ ਸੈਂਟਰਲ ਕਮਾਂਡ ਨੇ ਪੁਸ਼ਟੀ ਕੀਤੀ ਹੈ ਕਿ ਇਸ ਜੰਗ 'ਚ ਹੁਣ ਤੱਕ 4 ਅਮਰੀਕੀ ਸੈਨਿਕ ਹਲਾਕ ਹੋ ਚੁੱਕੇ ਹਨ, ਜਿਨ੍ਹਾਂ 'ਚੋਂ ਤਿੰਨ ਕੁਵੈਤ 'ਚ ਮਾਰੇ ਗਏ।

**12 ਦੇਸ਼ਾਂ ਤੱਕ ਫੈਲੀ ਜੰਗ ਦੀ ਅੱਗ :** ਇਹ ਟਕਰਾਅ ਸਿਰਫ਼ ਈਰਾਨ ਅਤੇ ਇਜ਼ਰਾਈਲ ਤੱਕ ਸੀਮਤ ਨਹੀਂ ਰਿਹਾ, ਸਗੋਂ 12 ਦੇਸ਼ (ਬਾਕੀ ਸਫ਼ਾ 2 'ਤੇ)

### ਅਮਰੀਕੀ ਰਾਸ਼ਟਰਪਤੀ ਦੀ ਈਰਾਨ ਨੂੰ ਮੁੜ ਚਿਤਾਵਨੀ

## ਸਰੰਡਰ ਕਰੋ, ਨਹੀਂ ਤਾਂ ਮੌਤ ਲਈ ਤਿਆਰ ਰਹੋ: ਟਰੰਪ

ਚੜ੍ਹਦੀਕਲਾ ਬਿਊਰੋ

=================



ਵਾਸ਼ਿੰਗਟਨ, 2 ਮਾਰਚ: ਈਰਾਨ, ਇਜ਼ਰਾਈਲ ਅਤੇ ਅਮਰੀਕਾ ਦੇ ਸਾਂਝੇ ਹਮਲਿਆਂ ਤੋਂ ਬਾਅਦ ਪੂਰਾ ਮਿਡਲ ਈਸਟ ਭਖ ਰਿਹਾ ਹੈ। ਈਰਾਨ ਆਪਣੇ ਸਰਵਉੱਚ ਨੇਤਾ ਅਯਾਤੁੱਲਾਹ ਅਲੀ ਖਾਮੇਨੇਈ ਦੀ ਹੱਤਿਆ ਤੋਂ ਬਾਅਦ ਬੌਖਲਾ ਉਠਿਆ ਹੈ ਤੇ ਖਾੜੀ ਦੇਸ਼ਾਂ ਵਿਚ ਅਮਰੀਕੀ ਟਿਕਾਣਿਆਂ ਨੂੰ ਲਗਾਤਾਰ ਨਿਸ਼ਾਨਾ ਬਣਾ ਰਿਹਾ ਹੈ। ਇਸ ਵਿਚਾਲੇ ਅਮਰੀਕਾ ਨੇ ਇੱਕ ਵਾਰ ਫਿਰ ਦਹਿਲਾਉਣ ਲਈ ਆਪਣੇ ਖਤਰਨਾਕ ਬੀ2 ਬੰਬਾਰ ਜਹਾਜ਼ ਉਤਾਰ ਦਿੱਤੇ ਹਨ। ਦੂਜੇ ਪਾਸੇ ਡੋਨਾਲਡ ਟਰੰਪ ਈਰਾਨ ਨੂੰ ਲਗਾਤਾਰ ਚਿਤਾਵਨੀ ਦੇ ਰਹੇ ਹਨ। ਤਾਜਾ ਬਿਆਨ ਵਿਚ ਉਨ੍ਹਾਂ ਨੇ ਈਰਾਨੀ ਫੌਜ ਨੂੰ ਸਰੰਡਰ ਕਰਨ ਦੀ ਵਾਰਨਿੰਗ ਦਿੰਦਿਆਂ ਕਿਹਾ ਹੈ ਕਿ ਅਜਿਹਾ ਨਾ ਕੀਤਾ ਤਾਂ ਮੌਤ ਤੈਅ ਹੈ। ਡੋਨਾਲਡ ਟਰੰਪ ਪਹਿਲਾਂ ਕਹਿ ਚੁੱਕੇ ਹਨ ਕਿ ਈਰਾਨ 'ਤੇ ਪਹਿਲਾਂ ਵਾਂਗ ਕਿਸੇ ਵੀ ਤਾਕਤ ਨਾਲ ਹਮਲਾ ਕੀਤਾ ਜਾਵੇਗਾ। ਸੋਮਵਾਰ ਨੂੰ ਆਪਣੇ ਤਾਜ਼ਾ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਜੇ ਈਰਾਨੀ ਰੈਵੋਲਿਊਸ਼ਨਰੀ ਗਾਰਡ, ਈਰਾਨੀ ਫੌਜ ਅਤੇ ਪੁਲਿਸ ਸਰੰਡਰ ਨਹੀਂ ਕਰਦੇ, ਤਾਂ ਉਨ੍ਹਾਂ ਦੀ ਮੌਤ ਤੈਅ ਹੈ। ਤਾਜ਼ਾ ਹਮਲੇ ਨੂੰ ਜਾਇਜ਼ ਠਹਿਰਾਉਂਦੇ ਹੋਏ ਉਨ੍ਹਾਂ ਕਿਹਾ,ਇਹ ਕਾਰਵਾਈਆਂ ਸਹੀ ਹਨ ਅਤੇ ਇਹ ਜ਼ਰੂਰੀ ਹਨ ਤਾਂ ਜੋ ਅਮਰੀਕੀਆਂ ਨੂੰ ਕਦੇ ਵੀ ਪ੍ਰਮਾਣੂ ਹਥਿਆਰਾਂ ਅਤੇ ਧਮਕੀਆਂ (ਬਾਕੀ ਸਫ਼ਾ 2 'ਤੇ)

### ਰਣਜੀਤ ਸਿੰਘ ਐਨਕਾਊਂਟਰ ਮਾਮਲਾ

## ਅਦਾਲਤ ਵੱਲੋਂ ਪੁਲਿਸ ਅਧਿਕਾਰੀਆਂ ਦੇ ਫ਼ੋਨਾਂ ਦੇ ਵੇਰਵੇ ਸੁਰੱਖਿਅਤ ਰੱਖਣ ਦੇ ਆਦੇਸ਼

ਚੜ੍ਹਦੀਕਲਾ ਬਿਊਰੋ

=================



ਗੁਰਦਾਸਪੁਰ, 2 ਮਾਰਚ: ਰਣਜੀਤ ਸਿੰਘ ਐਨਕਾਊਂਟਰ ਮਾਮਲੇ ਨੇ ਨਵਾਂ ਮੋੜ ਲਿਆ ਹੈ। ਮੁਕਾਬਲੇ ਵਿੱਚ ਮਾਰੇ ਦੱਸੇ ਜਾਣ ਵਾਲੇ ਰਣਜੀਤ ਸਿੰਘ ਦੀ ਮਾਤਾ ਸੁਖਜਿੰਦਰ ਕੌਰ ਦੀ ਸ਼ਿਕਾਇਤ 'ਤੇ ਅਦਾਲਤ ਵੱਲੋਂ ਮਾਮਲੇ ਨਾਲ ਸਬੰਧਿਤ ਪੁਲਿਸ ਅਧਿਕਾਰੀਆਂ ਦੀਆਂ ਕਾਲ ਡਿਟੇਲਜ਼ ਅਤੇ ਜੀ.ਪੀ.ਐਸ. ਡਿਟੇਲਜ਼ ਸੁਰੱਖਿਅਤ ਰੱਖਣ ਦੇ ਹੁਕਮ ਦਿੱਤੇ ਹਨ। ਮਾਮਲੇ ਦੀ ਪੈਰਵੀ ਕਰ ਰਹੀ ਲੀਗਲ ਟੀਮ ਐਡਵੋਕੇਟ ਅਜੈ ਮਰਵਾਹਾ (ਸੁਪਰੀਮ ਕੋਰਟ), ਐਡਵੋਕੇਟ ਰਵੀ ਦੀਪ ਬਡਿਆਲ (ਸੁਪਰੀਮ ਕੋਰਟ) ਅਤੇ ਐਡਵੋਕੇਟ ਭਜਨਪ੍ਰੀਤ ਸਿੰਘ ਗੁਰਦਾਸਪੁਰ ਵੱਲੋਂ ਜੋ ਅਰਜੀ ਕੋਰਟ ਨੂੰ ਦਿੱਤੀ ਗਈ ਸੀ, ਉਸ ਵਿੱਚ ਅਦਾਲਤ ਵੱਲੋਂ ਸਾਰੇ ਪੁਲਿਸ ਅਧਿਕਾਰੀਆਂ ਐਸ.ਐਸ.ਪੀ., ਗੁਰਦਾਸਪੁਰ, ਥਾਣਾ ਮੁਖੀ ਦੋਰਾਂਗਲਾ, ਥਾਣਾ ਮੁਖੀ ਪੁਰਾਣਾ ਸ਼ਾਲਾ, ਸੀ.ਆਈ.ਏ. ਮੁਖੀ ਗੁਰਮੀਤ ਸਿੰਘ ਅਤੇ ਇਸ ਮੁਕਾਬਲੇ ਵਿੱਚ ਸ਼ਾਮਲ ਹੋਰ ਪੁਲਿਸ ਕਰਮਚਾਰੀ ਅਤੇ ਪੀੜਤ ਰਣਜੀਤ ਸਿੰਘ ਦੇ ਫ਼ੋਨ ਨੰਬਰਾਂ ਦੇ ਵੇਰਵੇ ਜਾਂਚ ਅਧਿਕਾਰੀ ਅਤੇ ਸੇਵਾ ਪ੍ਰਦਾਤਾ ਟੈਲੀਕਾਮ ਕੰਪਨੀ ਨੂੰ ਦੇਣ ਲਈ ਨਿਰਦੇਸ਼ ਦਿੱਤੇ ਗਏ ਹਨ। ਸਬੰਧਿਤ ਟੈਲੀਕਾਮ ਕੰਪਨੀ ਨੂੰ 20 ਫਰਵਰੀ, 2026 ਤੋਂ 28 ਫਰਵਰੀ, (ਬਾਕੀ ਸਫ਼ਾ 2 'ਤੇ)

## 'ਬਲੱਡ ਮੂਨ': ਪੰਜਾਬ 'ਚ ਅੱਜ ਦਿਖਾਈ ਦੇਵੇਗਾ ਪੂਰਨ ਚੰਦਰ ਗ੍ਰਹਿਣ

ਚੰਡੀਗੜ੍ਹ, 2 ਮਾਰਚ (ਚ.ਨ.ਸ.): ਅੱਜ ਰਾਤ ਅਸਮਾਨ ਵਿੱਚ ਇੱਕ ਦੁਰਲੱਭ ਅਤੇ ਸ਼ਾਨਦਾਰ ਨਜ਼ਾਰਾ ਦੇਖਣ ਨੂੰ ਮਿਲੇਗਾ। ਮੰਗਲਵਾਰ ਨੂੰ ਪੂਰਨ ਚੰਦਰ ਗ੍ਰਹਿਣ ਲੱਗੇਗਾ, ਜਿਸ ਨੂੰ 'ਬਲੱਡ ਮੂਨ' ਵੀ ਕਿਹਾ ਜਾਂਦਾ ਹੈ। ਇਸ ਦੌਰਾਨ ਪੂਰਾ ਚੰਦ ਲਗਭਗ ਇੱਕ ਘੰਟੇ ਲਈ ਗੂੜ੍ਹੇ ਤਾਂਬੇ-ਲਾਲ ਰੰਗ ਦਾ ਦਿਖਾਈ ਦੇਵੇਗਾ। ਭਾਰਤੀ ਮੌਸਮ ਵਿਭਾਗ ਨੇ ਪੁਸ਼ਟੀ ਕੀਤੀ ਹੈ ਕਿ ਇਹ ਗ੍ਰਹਿਣ ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਸਮੇਤ ਭਾਰਤ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਦਿਖਾਈ ਦੇਵੇਗਾ। ਉੱਤਰ-ਪੱਛਮੀ ਭਾਰਤ ਦੇ ਲੋਕਾਂ ਲਈ ਇੱਕ ਖਾਸ ਗੱਲ ਇਹ ਹੈ ਕਿ ਜਦੋਂ ਗ੍ਰਹਿਣ ਸ਼ੁਰੂ ਹੋਵੇਗਾ, ਉਦੋਂ ਚੰਦ ਅਜੇ ਦੁਸ਼ੀਜ ਤੋਂ ਹੇਠਾਂ ਹੋਵੇਗਾ। ਇਸ ਖੇਤਰ ਵਿੱਚ ਚੰਦ ਉਦੋਂ ਉੱਗਦਾ ਹੋਵੇਗਾ (ਬਾਕੀ ਸਫ਼ਾ 2 'ਤੇ)

### ਪੰਜਾਬ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਇੱਕ ਸਾਲ ਸਫ਼ਲਤਾਪੂਰਵਕ ਮੁਕੰਮਲ

## ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ ਅਤੇ ਪੀੜ੍ਹੀਆਂ ਨੂੰ ਬਰਬਾਦ ਕੀਤਾ: ਮਾਨ

ਚੜ੍ਹਦੀਕਲਾ ਬਿਊਰੋ

=================



ਚੰਡੀਗੜ੍ਹ, 2 ਮਾਰਚ:ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਇਕ ਸਾਲ ਸਫ਼ਲਤਾਪੂਰਵਕ ਮੁਕੰਮਲ ਹੋਣ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਇਸ ਨੂੰ ਪੰਜਾਬ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਕਰਨ ਲਈ ਫੈਸਲਾਕੁੰਨ ਤੇ ਬੇਮਿਸਾਲ ਮੁਹਿੰਮ ਐਲਾਨਿਆ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਇਸ ਜਨ ਅੰਦੋਲਨ ਦੀ ਪਹਿਲੀ ਵਰ੍ਹੇਗੰਢ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮੁਹਿੰਮ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੜਾਈ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ, ਜਿਸ ਨਾਲ ਨਸ਼ਾ ਸਪਲਾਈ ਦੇ ਨੈੱਟਵਰਕ ਨੂੰ ਸਖ਼ਤੀ ਨਾਲ ਖ਼ਤਮ ਕੀਤਾ ਗਿਆ ਹੈ। ਇਕ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪੰਜਾਬ ਵਿੱਚ ਡਰੱਗ ਨੈੱਟਵਰਕ ਵਿਰੁੱਧ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਰਹੀ ਹੈ। ਪੰਜਾਬ ਵਿੱਚ ਪਿਛਲੀਆਂ ਸਰਕਾਰਾਂ ਨੇ ਡਰੱਗ ਵਪਾਰ ਨੂੰ ਸਰਪ੍ਰਸਤੀ ਦਿੱਤੀ ਸੀ, ਜਿਸ ਨਾਲ ਸੂਬੇ ਦੀਆਂ ਕਈ ਪੀੜ੍ਹੀਆਂ ਬਰਬਾਦ ਹੋ ਗਈਆਂ ਸਨ। ਦੂਜੇ ਪਾਸੇ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਕੇ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਕੇ ਨਸ਼ਿਆਂ ਦੇ ਵਪਾਰ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ।"

ਇਸ ਮੁਹਿੰਮ ਦੇ ਪੱਧਰ ਅਤੇ ਪ੍ਰਭਾਵ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਮੁਹਿੰਮ ਨੂੰ ਆਮ ਆਦਮੀ ਦੇ ਸਰਗਰਮ ਸਹਿਯੋਗ ਨਾਲ ਇਕ ਜਨ ਲਹਿਰ ਵਿੱਚ ਬਦਲਣ ਲਈ ਇਕ ਵਿਆਪਕ ਅਤੇ ਬਹੁਪੱਖੀ ਰਣਨੀਤੀ ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ, "ਪਿਛਲੇ (ਬਾਕੀ ਸਫ਼ਾ 2 'ਤੇ)

## ਪੰਜਾਬ ਸਰਕਾਰ ਵੱਲੋਂ ਈਰਾਨ-ਇਜ਼ਰਾਈਲ ਜੰਗ 'ਚ ਫਸੇ ਲੋਕਾਂ ਲਈ ਹੈਲਪਲਾਈਨ ਜਾਰੀ

ਚੜ੍ਹਦੀਕਲਾ ਬਿਊਰੋ

=================

**ਮਾਨ ਨੇ ਖਾੜੀ ਖੇਤਰ 'ਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਕੇਂਦਰ ਤੋਂ ਦਖ਼ਲ ਮੰਗਿਆ**

ਚੰਡੀਗੜ੍ਹ, 2 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੱਧ ਪੂਰਬ ਦੇ ਕੁਝ ਹਿੱਸਿਆਂ ਵਿੱਚ ਵਧ ਰਹੇ ਤਣਾਅ ਕਾਰਨ ਉੱਥੇ ਫਸੇ ਪੰਜਾਬੀਆਂ ਦੀ ਸਹਾਇਤਾ ਲਈ ਦਿਨ-ਰਾਤ ਕਾਰਜਸ਼ੀਲ ਹੈਲਪਲਾਈਨ ਜਾਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਤੁਰੰਤ ਸਹਾਇਤਾ ਲਈ 0172-2260042, 0172-2260043 'ਤੇ ਕਾਲ ਕਰ ਸਕਦੇ ਹਨ ਜਾਂ ਵਟਸਅੱਪ ਨੰ. +91 94787 79112 'ਤੇ ਮੈਸੇਜ ਭੇਜ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਮੱਧ ਪੂਰਬ ਵਿੱਚ ਜੰਗ ਕਾਰਨ ਫਸੇ ਪੰਜਾਬੀਆਂ ਦੇ ਪੀੜਤ ਪਰਿਵਾਰਾਂ ਨੂੰ ਪੂਰਨ ਸਹਾਇਤਾ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਫਸੇ ਹੋਏ ਲੋਕਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ।ਅਰਬ ਦੇਸ਼ਾਂ ਵਿੱਚ ਤਣਾਅ ਕਾਰਨ ਇੱਥੇ ਬਹੁਤ ਸਾਰੇ ਪੰਜਾਬੀ ਗੰਭੀਰ ਮੁਸ਼ਕਲਾਂ (ਬਾਕੀ ਸਫ਼ਾ 2 'ਤੇ)

## ਪੰਜਾਬ 'ਚ 6 ਮਾਰਚ ਤੱਕ ਮੌਸਮ ਬਿਲਕੁਲ ਸਾਫ਼ ਰਹੇਗਾ

ਚੰਡੀਗੜ੍ਹ, 2 ਮਾਰਚ (ਚ.ਨ.ਸ.):ਪੰਜਾਬ ਦੇ ਮੌਸਮ ਦੀ ਤਾਜ਼ਾ ਅਪਡੇਟ ਜਾਰੀ ਕੀਤੀ ਗਈ ਹੈ। ਪੰਜਾਬ ਅਤੇ ਚੰਡੀਗੜ੍ਹ 'ਚ ਮਾਰਚ ਮਹੀਨੇ ਦੀ ਸ਼ੁਰੂਆਤ ਤੋਂ ਹੀ ਗਰਮੀ ਨੇ ਜ਼ੋਰ ਫੜ ਲਿਆ ਹੈ। ਆਉਣ ਵਾਲੇ ਦਿਨਾਂ ਵਿਚ ਤਾਪਮਾਨ ਵਿਚ ਲਗਾਤਾਰ ਵਾਧਾ ਹੋਵੇਗਾ। ਉਥੇ ਹੀ ਮੌਸਮ ਵਿਭਾਗ ਚੰਡੀਗੜ੍ਹ ਵੱਲੋਂ 6 ਮਾਰਚ ਤੱਕ ਪੰਜਾਬ ਦੇ ਮੌਸਮ ਸਬੰਧੀ ਵੱਡੀ ਭਵਿੱਖਬਾਣੀ ਕੀਤੀ ਗਈ ਹੈ। ਭਾਰਤੀ ਮੌਸਮ ਵਿਭਾਗ ਮੁਤਾਬਕ ਪੰਜਾਬ ਵਿਚ 6 ਮਾਰਚ ਤੱਕ ਮੌਸਮ ਬਿਲਕੁਲ ਸਾਫ਼ ਰਹੇਗਾ। ਵਿਭਾਗ ਨੇ ਬਾਰਿਸ਼ ਸਬੰਧੀ ਕੋਈ ਵੀ ਅਲਰਟ ਜਾਰੀ ਨਹੀਂ ਕੀਤਾ ਹੈ। ਉਥੇ ਹੀ ਜੇਕਰ ਗੱਲ ਕੀਤੀ ਜਾਵੇ ਪੰਜਾਬ ਵਿਚ ਪਿਛਲੇ 24 ਘੰਟਿਆਂ ਦੇ ਤਾਪਮਾਨ ਦੀ ਤਾਂ ਪਿਛਲੇ 24 ਘੰਟਿਆਂ 'ਚ ਵੱਧ ਤੋਂ ਵੱਧ ਤਾਪਮਾਨ (ਬਾਕੀ ਸਫ਼ਾ 2 'ਤੇ)

## ਭਾਰਤ ਅਜੇ ਵੀ ਕੈਨੇਡਾ 'ਚ ਵਿਦੇਸ਼ੀ ਦਖ਼ਲਅੰਦਾਜ਼ੀ ਅਤੇ ਜਾਸੂਸੀ ਦਾ ਮੁੱਖ ਦੋਸ਼ੀ: ਕੈਨੇਡੀਅਨ ਸਿਕਿਓਰਟੀ ਇੰਟੈਲੀਜੈਂਸ ਸਰਵਿਸ

ਚੜ੍ਹਦੀਕਲਾ ਬਿਊਰੋ

=================



ਓਟਾਵਾ, 2 ਮਾਰਚ: ਕੈਨੇਡਾ ਦੀ ਖੁਫੀਆ ਏਜੰਸੀ ਕੈਨੇਡੀਅਨ ਸਿਕਿਓਰਟੀ ਇੰਟੈਲੀਜੈਂਸ ਸਰਵਿਸ ਨੇ ਕਿਹਾ ਹੈ ਕਿ ਭਾਰਤ ਅਜੇ ਵੀ ਕੈਨੇਡਾ ਵਿਰੁੱਧ ਵਿਦੇਸ਼ੀ ਦਖ਼ਲਅੰਦਾਜ਼ੀ ਅਤੇ ਜਾਸੂਸੀ ਗਤੀਵਿਧੀਆਂ ਦੇ ਮੁੱਖ ਦੋਸ਼ੀਆਂ ਵਿੱਚੋਂ ਇੱਕ ਹੈ। ਇਹ ਬਿਆਨ ਉਸ ਦਾਅਵੇ ਨਾਲ ਵਿਰੋਧ ਕਰਦਾ ਹੈ ਜੋ ਪਿਛਲੇ ਹਫ਼ਤੇ ਇੱਕ ਸੀਨੀਅਰ ਸਰਕਾਰੀ ਅਧਿਕਾਰੀ ਨੇ ਕਿਹਾ ਸੀ ਕਿ ਭਾਰਤੀ ਏਜੰਟ ਹੁਣ ਅਜਿਹੀਆਂ ਗਤੀਵਿਧੀਆਂ ਨਾਲ ਸਬੰਧਤ ਨਹੀਂ ਹਨ।

ਕੈਨੇਡੀਅਨ ਸਿਕਿਓਰਟੀ ਇੰਟੈਲੀਜੈਂਸ ਸਰਵਿਸ ਨੇ ਪਿਛਲੇ ਕੁਝ ਸਾਲਾਂ ਦੌਰਾਨ ਕਈ ਵਾਰ ਭਾਰਤ ਸਰਕਾਰ ਨੂੰ ਕੈਨੇਡਾ ਵਿੱਚ ਵਿਦੇਸ਼ੀ ਦਖ਼ਲਅੰਦਾਜ਼ੀ ਅਤੇ ਸਰਹੱਦ ਪਾਰ ਦਬਾਅ ਦੇ ਮੁੱਖ ਕਾਰਕਾਂ ਵਿੱਚ ਸ਼ਾਮਲ ਕੀਤਾ ਹੈ। ਨੈਸ਼ਨਲ ਪੋਸਟ ਨੂੰ ਭੇਜੇ ਈਮੇਲ ਵਿੱਚ ਕੈਨੇਡੀਅਨ ਸਿਕਿਓਰਟੀ ਇੰਟੈਲੀਜੈਂਸ ਸਰਵਿਸ ਦੇ ਬੁਲਾਰੇ ਐਰਿਕ ਬਾਲਸਮ ਨੇ ਪੁਸ਼ਟੀ ਕੀਤੀ ਕਿ ਏਜੰਸੀ ਦੀ ਧਮਕੀ ਮੁਲਾਂਕਣ ਰਿਪੋਰਟ ਵਿੱਚ ਕੋਈ ਬਦਲਾਵ ਨਹੀਂ ਆਇਆ। ਕੈਨੇਡੀਅਨ ਸਿਕਿਓਰਟੀ ਇੰਟੈਲੀਜੈਂਸ ਸਰਵਿਸ ਦੇ ਡਾਇਰੈਕਟਰ ਡੈਨ ਰੋਜਰਜ਼ ਨੇ ਚੀਨ, ਰੂਸ, ਭਾਰਤ ਅਤੇ ਹੋਰਾਂ ਨੂੰ ਕੈਨੇਡਾ ਨੂੰ ਨਿਸ਼ਾਨਾ ਬਣਾਉਣ ਵਾਲੇ ਸਰਗਰਮ ਦੇਸ਼ਾਂ ਵਜੋਂ ਦਰਸਾਇਆ ਸੀ। ਜ਼ਿਕਰਯੋਗ ਹੈ ਕਿ ਕੈਨੇਡੀਅਨ ਸਰਕਾਰ ਨੂੰ ਸਪੱਸ਼ਟ ਕਰਨਾ ਪਵੇਗਾ ਕਿ ਕੀ ਉਹ ਮੰਨਦੀ ਹੈ ਕਿ ਭਾਰਤੀ ਏਜੰਟ ਕੈਨੇਡਾ ਵਿੱਚ ਸਰਹੱਦ ਪਾਰ ਦਬਾਅ ਵਿੱਚ ਅਜੇ ਵੀ ਸ਼ਾਮਲ ਹਨ। ਇਸ ਬਿਆਨ ਨਾਲ ਕੈਨੇਡਾ ਦੇ ਸਿੱਖ ਭਾਈਚਾਰੇ ਵਿੱਚ ਨਾਰਾਜ਼ਗੀ ਪੈਦਾ ਹੋਈ ਹੈ।

ਕਈ ਸੰਸਦ ਮੈਂਬਰਾਂ ਨੇ ਵੀ ਸਰਕਾਰੀ ਅਧਿਕਾਰੀ ਦੇ ਬਿਆਨ ਨਾਲ ਅਸਹਿਮਤੀ ਜਤਾਈ। ਰੂਬੀ ਸਹੋਤਾ ਨੇ ਕਿਹਾ ਕਿ ਇਹ ਕਹਿਣਾ ਕਿ ਖ਼ਤਰੇ ਖਤਮ ਹੋ ਚੁੱਕੇ ਹਨ, ਕੈਨੇਡਾ ਦੀ ਮੌਜੂਦਾ ਸੁਰੱਖਿਆ ਹਕੀਕਤ ਨੂੰ ਨਹੀਂ ਦਰਸਾਉਂਦਾ। (ਬਾਕੀ ਸਫ਼ਾ 2 'ਤੇ)

## ਪੱਛਮੀ ਏਸ਼ੀਆ ਸੰਕਟ ਦੇ ਤੇਜ਼ ਹੋਣ ਨਾਲ ਸ਼ੇਅਰ ਬਾਜ਼ਾਰਾਂ 'ਚ ਵੱਡੀ ਗਿਰਾਵਟ

ਮੁੰਬਈ, 2 ਮਾਰਚ (ਚ.ਨ.ਸ.): ਪਛਮੀ ਏਸ਼ੀਆ 'ਚ ਵਧਦੇ ਤਣਾਅ ਦੇ ਵਿਚਕਾਰ ਕੱਚੇ ਤੇਲ ਦੀਆਂ ਕੀਮਤਾਂ 'ਚ ਤੇਜ਼ੀ ਨਾਲ ਵਾਧੇ ਮਗਰੋਂ ਨਿਵੇਸ਼ਕਾਂ ਦੀ ਧਾਰਨਾ ਉਤੇ ਭਾਰੀ ਅਸਰ ਪੈਣ ਕਾਰਨ ਸ਼ੇਅਰ ਬਾਜ਼ਾਰ ਦੇ ਬੈਂਚਮਾਰਕ ਸੂਚਕ ਅੰਕ ਸੈਂਸੈਕਸ ਅਤੇ ਨਿਫਟੀ 'ਚ ਸੋਮਵਾਰ ਨੂੰ 1 ਫੀ ਸਦੀ ਤੋਂ ਵੱਧ ਦੀ ਗਿਰਾਵਟ ਆਈ। ਆਲਮੀ ਬਾਜ਼ਾਰਾਂ ਵਿਚ ਕਮਜ਼ੋਰ ਰੁਝਾਨਾਂ ਅਤੇ ਭਾਰੀ ਵਿਦੇਸ਼ੀ ਫੰਡਾਂ ਦੇ ਨਿਕਾਸ ਨੇ ਵੀ ਭਾਵਨਾਵਾਂ ਨੂੰ ਕਮਜ਼ੋਰ ਕੀਤਾ।30 ਸ਼ੇਅਰਾਂ ਵਾਲਾ ਸੈਂਸੈਕਸ 1,048.34 ਅੰਕ ਜਾਂ 1.29 ਫ਼ੀ ਸਦੀ ਦੀ ਗਿਰਾਵਟ ਨਾਲ 80,238.85 ਉਤੇ ਬੰਦ ਹੋਇਆ। ਦਿਨ ਵੇਲੇ ਕਾਰੋਬਾਰ ਦੌਰਾਨ ਇਕ ਵਾਰੀ ਇਹ 2,743.46 ਅੰਕ ਭਾਵ 3.37 ਫੀ ਸਦੀ ਤਕ ਡਿੱਗ ਗਿਆ ਸੀ, ਪਰ ਫਿਰ ਸੰਭਲ ਗਿਆ।ਨੈਸ਼ਨਲ ਸਟਾਕ (ਬਾਕੀ ਸਫ਼ਾ 2 'ਤੇ)

### ਕੱਚੇ ਤੇਲ ਦੀਆਂ ਕੀਮਤਾਂ 'ਚ ਉਛਾਲ

## ਈਰਾਨ-ਇਜ਼ਰਾਈਲ ਜੰਗ ਵਿਚਾਲੇ 13 ਫ਼ੀਸਦੀ ਵਧੀਆ ਕੀਮਤਾਂ; ਭਾਰਤ 'ਤੇ ਵੀ ਪਵੇਗਾ ਅਸਰ

ਚੜ੍ਹਦੀਕਲਾ ਬਿਊਰੋ

=================



ਨਵੀਂ ਦਿੱਲੀ, 2 ਮਾਰਚ: ਮੱਧ ਪੂਰਬ ਯੁੱਧ ਦਾ ਸਿੱਧਾ ਪ੍ਰਭਾਵ ਹੁਣ ਤੇਲ ਦੀਆਂ ਕੀਮਤਾਂ 'ਤੇ ਮਹਿਸੂਸ ਕੀਤਾ ਜਾ ਰਿਹਾ ਹੈ। ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲੀ ਹਮਲਿਆਂ ਨੇ ਦੁਨੀਆ ਭਰ ਦੇ ਬਾਜ਼ਾਰਾਂ ਨੂੰ ਝਟਕਾ ਦਿੱਤਾ ਹੈ। ਸੋਮਵਾਰ ਨੂੰ ਬਾਜ਼ਾਰ ਖੁੱਲ੍ਹਦੇ ਹੀ, ਕੱਚੇ ਤੇਲ ਦੀਆਂ ਕੀਮਤਾਂ ਨੇ ਚਾਰ ਸਾਲਾਂ ਦਾ ਰਿਕਾਰਡ ਤੋੜ ਦਿੱਤਾ। ਈਰਾਨ ਦੇ ਨੇੜੇ ਹੋਰਮੁਜ਼ ਜਲਡਮਰੂ ਰਾਹੀਂ ਸ਼ਿਪਿੰਗ ਵਿੱਚ ਰੁਕਾਵਟ, ਜਿੱਥੋਂ ਦੁਨੀਆਂ ਦਾ 20% ਤੇਲ ਲੰਘਦਾ ਹੈ, ਨੇ ਸਪਲਾਈ ਵਿੱਚ ਵਿਘਨ ਦਾ ਡਰ ਪੈਦਾ ਕਰ ਦਿੱਤਾ ਹੈ। ਸੋਮਵਾਰ ਸਵੇਰੇ, ਬ੍ਰੈਂਟ ਕੱਚੇ ਤੇਲ ਦੀਆਂ ਕੀਮਤਾਂ 13 ਫ਼ੀਸਦੀ ਦੇ ਭਾਰੀ ਵਾਧੇ ਨਾਲ 82 ਡਾਲਰ ਪ੍ਰਤੀ ਬੈਰਲ ਹੋ ਗਈਆਂ, ਜੋ ਕਿ ਜਨਵਰੀ, 2025 ਤੋਂ ਬਾਅਦ ਸਭ ਤੋਂ ਉੱਚਾ ਪੱਧਰ ਹੈ। ਇਸ ਦੌਰਾਨ,ਅਮਰੀਕੀ ਤੇਲ (ਡਬਲਿਊ.ਟੀ.ਆਈ.) ਵੀ 72 ਡਾਲਰ ਦੇ ਨੇੜੇ ਵਪਾਰ ਕਰ ਰਿਹਾ ਹੈ। ਬਾਜ਼ਾਰ ਵਿੱਚ ਇਹ ਘਬਰਾਹਟ ਈਰਾਨੀ ਸਮੁੰਦਰੀ ਰਸਤੇ ਰਾਹੀਂ ਟੈਂਕਰ ਆਵਾਜਾਈ ਦੇ ਰੁਕਾਵਟ ਕਾਰਨ ਹੈ। ਸ਼ਿਪਿੰਗ ਕੰਪਨੀਆਂ ਨੂੰ (ਬਾਕੀ ਸਫ਼ਾ 2 'ਤੇ)

## ਡਾਲਰ ਦੇ ਮੁਕਾਬਲੇ ਰੁਪਿਆ 42 ਪੈਸੇ ਡਿੱਗ ਕੇ 91.50 ਦੇ ਪੱਧਰ 'ਤੇ ਪੁੱਜਾ

ਮੁੰਬਈ, 2 ਮਾਰਚ (ਚ.ਨ.ਸ.): ਈਰਾਨ ਉਤੇ ਅਮਰੀਕਾ ਅਤੇ ਇਜ਼ਰਾਈਲ ਦੇ ਹਮਲਿਆਂ ਕਾਰਨ ਵਿਸ਼ਵ ਭਰ 'ਚ ਜੋਖਮ ਤੋਂ ਬਚਣ ਦੇ ਰੁਖ਼ ਕਾਰਨ ਰੁਪਿਆ ਸੋਮਵਾਰ ਨੂੰ ਅਮਰੀਕੀ ਡਾਲਰ ਦੇ ਮੁਕਾਬਲੇ 42 ਪੈਸੇ ਦੀ ਭਾਰੀ ਗਿਰਾਵਟ ਨਾਲ 91.50 ਦੇ ਪੱਧਰ ਉਤੇ ਬੰਦ ਹੋ ਗਿਆ। ਵਿਦੇਸ਼ੀ ਮੁਦਰਾ ਕਾਰੋਬਾਰੀਆਂ ਨੇ ਕਿਹਾ ਕਿ ਘਰੇਲੂ ਸ਼ੇਅਰ ਬਾਜ਼ਾਰਾਂ 'ਚ ਭਾਰੀ ਵਿਕਰੀ ਅਤੇ (ਬਾਕੀ ਸਫ਼ਾ 2 'ਤੇ)

## ਉੱਤਰਪ੍ਰਦੇਸ਼ : ਖੜ੍ਹੇ ਟਰੱਕ 'ਚ ਵੱਜੀ ਰੋਡਵੇਜ਼ ਬੱਸ, 3 ਮੁਸਾਫ਼ਰਾਂ ਦੀ ਮੌਤ, 28 ਜ਼ਖ਼ਮੀ

ਓਨਾਵ, 2 ਮਾਰਚ (ਚ.ਨ.ਸ.): ਉੱਤਰ ਪ੍ਰਦੇਸ਼ ਦੇ ਓਨਾਵ ਜ਼ਿਲ੍ਹੇ ਦੇ ਬਾਂਗਰਮਊ ਖੇਤਰ 'ਚ ਆਗਰਾ-ਲਖਨਊ ਐਕਸਪ੍ਰੈਸ ਵੇਅ 'ਤੇ ਇਕ ਰੋਡਵੇਜ਼ ਬੱਸ ਦੇ ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਟਕਰਾ ਗਈ। ਇਸ ਹਾਦਸੇ 'ਚ ਬੱਸ 'ਚ ਸਵਾਰ ਤਿੰਨ ਯਾਤਰੀਆਂ ਦੀ ਮੌਤ ਹੋ ਗਈ ਅਤੇ 28 ਹੋਰ ਜ਼ਖ਼ਮੀ ਹੋ ਗਏ। ਪੁਲਿਸ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਿਸ ਅਨੁਸਾਰ, ਐਤਵਾਰ ਦੇਰ ਰਾਤ ਕਰੀਬ 2.30 ਵਜੇ ਗਹਿਰਪੁਰਵਾ ਪਿੰਡ ਕੋਲ ਆਗਰਾ ਤੋਂ ਲਖਨਊ ਜਾ ਰਹੀ ਉੱਤਰ ਪ੍ਰਦੇਸ਼ ਰਾਜ ਸੜਕ ਟਰਾਂਸਪੋਰਟ ਨਿਗਮ ਦੇ ਮਥੁਰਾ ਡਿਪੋ ਦੀ ਬੱਸ ਨੇ ਸੜਕ ਕਿਨਾਰੇ ਖੜ੍ਹੇ ਇਕ ਟਰੱਕ ਨੂੰ ਪਿੱਛਿਓਂ ਟੱਕਰ ਮਾਰ ਦਿੱਤੀ। ਉਸ ਨੇ ਦੱਸਿਆ ਕਿ ਟੱਕਰ ਇੰਨੀ ਭਿਆਨਕ ਸੀ ਕਿ ਬੱਸ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਬੱਸ 'ਚ (ਬਾਕੀ ਸਫ਼ਾ 2 'ਤੇ)

## ਸੋਨੇ ਤੇ ਚਾਂਦੀ ਦੀਆਂ ਕੀਮਤਾਂ ਵਿੱਚ ਜ਼ਬਰਦਸਤ ਵਾਧਾ



ਚੜ੍ਹਦੀਕਲਾ ਬਿਊਰੋ

=================

ਨਵੀਂ ਦਿੱਲੀ, 2 ਮਾਰਚ:ਪੱਛਮੀ ਏਸ਼ੀਆ ਵਿੱਚ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਾਲੇ ਵਧਦੀ ਜੰਗ ਨੇ ਵਿਸ਼ਵ ਬਾਜ਼ਾਰਾਂ ਵਿੱਚ ਹਲਚਲ ਮਚਾ ਦਿੱਤੀ ਹੈ। ਨਿਵੇਸ਼ਕਾਂ ਵਿੱਚ ਫੈਲੇ ਡਰ ਕਾਰਨ ਸ਼ੇਅਰ ਬਾਜ਼ਾਰ ਵਿੱਚੋਂ ਪੈਸਾ ਨਿਕਲ ਕੇ ਸੋਨੇ ਅਤੇ ਚਾਂਦੀ ਵਿੱਚ ਜਾ ਰਿਹਾ ਹੈ। ਸੋਮਵਾਰ ਸਵੇਰੇ ਮਲਟੀ ਕਮੋਡਿਟੀ ਐਕਸਚੇਂਜ (ਐਮ.ਸੀ.ਐਕਸ.) 'ਤੇ ਸੋਨੇ ਦੀਆਂ ਕੀਮਤਾਂ ਵਿੱਚ 2.87 ਫੀਸਦੀ ਅਤੇ ਚਾਂਦੀ ਵਿੱਚ ਲਗਭਗ 3 ਫੀਸਦੀ ਦਾ ਵਾਧਾ ਵੇਖਿਆ ਗਿਆ।

ਭਾਰਤੀ ਬਾਜ਼ਾਰ ਵਿੱਚ ਸੋਨੇ ਦੀ ਕੀਮਤ 1,73,090 ਰੁਪਏ ਪ੍ਰਤੀ 10 ਗ੍ਰਾਮ ਤੱਕ ਪਹੁੰਚ ਗਈ ਹੈ, ਜੋ ਕਿ ਪਿਛਲੇ ਸੈਸ਼ਨ ਵਿੱਚ 1,62,490 ਰੁਪਏ ਸੀ। ਚਾਂਦੀ ਦੀਆਂ ਕੀਮਤਾਂ ਵੀ ਸ਼ੁੱਕਰਵਾਰ ਦੇ 2,82,140 ਰੁਪਏ ਤੋਂ ਵਧ ਕੇ 2,94,900 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਪਹੁੰਚ ਗਈਆਂ ਹਨ।

## ਪਟਿਆਲਾ 'ਚ ਪ੍ਰਮਾਣੂ ਬਿਜਲੀ ਘਰ ਲਗਾਉਣ ਦੀ ਸੰਭਾਵਨਾ ਦੀ ਹੋਵੇਗੀ ਜਾਂਚ: ਡਾ. ਜਤਿੰਦਰ ਸਿੰਘ

**'ਪੰਜਾਬ ਲਈ ਚੁਣੌਤੀਆਂ ਤੇ ਮੌਕੇ' ਵਿਸ਼ੇ 'ਤੇ ਵਿਚਾਰ-ਚਰਚਾ, ਵਿਕਾਸ ਲਈ ਰੋਡਮੈਪ ਤਿਆਰ ਕਰਨ 'ਤੇ ਜ਼ੋਰ**

ਹਰਦੀਪ ਕੌਰ

=================



ਮੋਹਾਲੀ, 2 ਮਾਰਚ: ਕੇਂਦਰੀ ਰਾਜ ਮੰਤਰੀ (ਸੁਤੰਤਰ ਚਾਰਜ) ਡਾ. ਜਤਿੰਦਰ ਸਿੰਘ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਦੇਸ਼ ਵਿੱਚ ਨਵੀਂ ਪ੍ਰਮਾਣੂ ਊਰਜਾ ਯੂਨਿਟਾਂ ਸਥਾਪਤ ਕਰਨ ਦੀ ਪ੍ਰਕਿਰਿਆ ਦੇ ਤਹਿਤ ਪਟਿਆਲਾ ਵਿੱਚ ਪ੍ਰਮਾਣੂ ਬਿਜਲੀ ਘਰ ਲਗਾਉਣ ਦੀ ਸੰਭਾਵਨਾ ਦੀ ਜਾਂਚ ਕਰੇਗੀ। ਉਹ 'ਪੰਜਾਬ ਲਈ ਚੁਣੌਤੀਆਂ, ਮੌਕੇ ਅਤੇ ਅਗਾਂਹ ਦਾ ਰਾਹ' ਵਿਸ਼ੇ 'ਤੇ ਆਯੋਜਿਤ ਵਿਚਾਰ-ਚਰਚਾ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ।

ਇਸ ਮੌਕੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਪੰਜਾਬ ਵਿੱਚ ਵੱਧ ਰਹੀ ਬਿਜਲੀ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਪਟਿਆਲਾ ਵਿੱਚ ਪ੍ਰਮਾਣੂ ਪਾਵਰ ਪਲਾਂਟ ਸ਼ੁਰੂ ਕਰਨ ਦੀ ਮੰਗ ਉਠਾਈ। ਉਨ੍ਹਾਂ ਕਿਹਾ ਕਿ ਮੌਜੂਦਾ ਥਰਮਲ ਪਲਾਂਟ ਕੋਲੇ 'ਤੇ ਨਿਰਭਰ ਹਨ, ਇਸ ਲਈ ਸਾਫ਼ ਅਤੇ ਟਿਕਾਊ ਊਰਜਾ ਵੱਲ ਕਦਮ ਚੁੱਕਣ ਦੀ ਲੋੜ ਹੈ। ਇਸ 'ਤੇ ਜਵਾਬ ਦਿੰਦਿਆਂ ਡਾ. ਜਤਿੰਦਰ ਸਿੰਘ ਨੇ ਭਰੋਸਾ ਦਿਵਾਇਆ ਕਿ ਜੇਕਰ ਤਕਨੀਕੀ ਅਤੇ ਪ੍ਰਸ਼ਾਸਕੀ ਪੱਖੋਂ ਇਹ ਸੰਭਵ (ਬਾਕੀ ਸਫ਼ਾ 2 'ਤੇ)

## ਧਰਮ ਪਰਿਵਰਤਨ 'ਤੇ ਸਿਰਫ਼ ਬਿਆਨਬਾਜ਼ੀ ਨਹੀਂ, ਕਾਰਵਾਈ ਦੀ ਲੋੜ : ਐਡਵੋਕੇਟ ਧਾਮੀ

**ਪਾਕਿ 'ਚ ਗੁਰਧਾਮਾਂ ਦੀਆਂ ਜਾਇਦਾਦਾਂ ਵੇਚਣ 'ਤੇ ਪ੍ਰਗਟਾਈ ਚਿੰਤਾ**

ਚੜ੍ਹਦੀਕਲਾ ਬਿਊਰੋ

=================



ਸ੍ਰੀ ਅਨੰਦਪੁਰ ਸਾਹਿਬ, 2 ਮਾਰਚ: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਧਰਮ ਦਾ ਅਸਲ ਰੂਪ ਕਦੇ ਪਰਿਵਰਤਿਤ ਨਹੀਂ ਹੁੰਦਾ, ਧਰਮ ਸਦਾ ਅਟੱਲ ਅਤੇ ਸਦੀਵੀਂ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਸਮਾਜਿਕ ਜਾਂ ਆਰਥਿਕ ਹਾਲਾਤਾਂ ਕਰਕੇ ਜੋ ਕੁਝ ਵਾਪਰਦਾ ਹੈ, ਉਸ ਨੂੰ ਧਰਮ ਪਰਿਵਰਤਨ ਕਹਿ ਦਿੱਤਾ ਜਾਂਦਾ ਹੈ, ਜਦਕਿ ਹਕੀਕਤ ਵਿੱਚ ਉਹ ਲਾਲਚ ਪਰਿਵਰਤਨ ਹੁੰਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਧਰਮ ਦਾ ਵਾਧਾ ਸਿਧਾਂਤਾਂ ਅਤੇ ਨਿਮਰਤਾ ਨਾਲ ਹੁੰਦਾ ਹੈ, ਨਾ ਕਿ ਲਾਲਚ ਜਾਂ ਜ਼ਬਰਦਸਤੀ ਨਾਲ।

ਐਡਵੋਕੇਟ ਧਾਮੀ ਨੇ ਕਿਹਾ ਕਿ ਹਰ ਇਕ ਨੂੰ ਆਪਣੇ ਧਰਮ ਅਨੁਸਾਰ ਜਿਉਣ ਦਾ ਅਧਿਕਾਰ ਹੈ, ਪਰ ਜੇ ਕਿਸੇ ਵੱਲੋਂ ਲਾਲਚ ਦੇ ਆਧਾਰ 'ਤੇ ਧਰਮ ਬਦਲਵਾਇਆ ਜਾਂਦਾ ਹੈ ਤਾਂ ਇਹ ਗਲਤ ਹੈ। ਉਨ੍ਹਾਂ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਵਿੱਚ ਧਰਮ ਪਰਿਵਰਤਨ ਸਬੰਧੀ ਦਿੱਤੇ ਬਿਆਨ 'ਤੇ ਪ੍ਰਤੀਕਰਿਆ ਦਿੰਦਿਆਂ ਕਿਹਾ ਇਸ ਮਾਮਲੇ 'ਚ ਸਿਰਫ਼ ਬਿਆਨਾਂ ਨਾਲ ਕੰਮ ਨਹੀਂ ਚੱਲੇਗਾ, ਸਗੋਂ ਸਹੀ ਢੰਗ ਨਾਲ (ਬਾਕੀ ਸਫ਼ਾ 2 'ਤੇ)

# ਅਮਿੱਟ ਯਾਦਾਂ ਛੱਡਦਾ ਸ਼ੀਸ਼ ਮਹਿਲ 'ਚ ਸਮਾਪਤ ਹੋਇਆ 'ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲਾ'

## 10 ਦਿਨਾਂ 'ਚ 4 ਲੱਖ ਦੇ ਕਰੀਬ ਲੋਕਾਂ ਨੇ ਮੇਲੇ ਦਾ ਮਾਣਿਆ ਆਨੰਦ-ਸਟਾਲਾਂ 'ਤੇ 6.60 ਕਰੋੜ ਦੀ ਹੋਈ ਵਿਕਰੀ

ਪਟਿਆਲਾ, 2 ਮਾਰਚ (ਰੁਪਾਣਾ) : ਪਟਿਆਲਾ ਦੇ ਵਿਰਾਸਤੀ ਸ਼ੀਸ਼ ਮਹਿਲ ਵਿਖੇ 21 ਫਰਵਰੀ ਤੋਂ ਚੱਲ ਰਿਹਾ ਪੰਜਾਬ ਸਖੀ ਸ਼ਕਤੀ ਕਰਾਫਟ ਮੇਲਾ ਅਮਿੱਟ ਯਾਦਾਂ ਛੱਡਦਾ ਅੱਜ ਸ਼ਾਮ ਸਮਾਪਤ ਹੋ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਬਲਤੇਜ ਪੰਨੂ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ, ਰਣਜੀਤਾ ਪੰਨੂ, ਵਿਧਾਇਕ ਕੋਹਲੀ ਦੇ ਧਰਮ ਪਤਨੀ ਸਿਮਰਤ ਕੌਰ ਕੋਹਲੀ, ਐਸ ਡੀ ਐਮ ਨਮਨ ਮਾਰਕੰਨ ਨੇ ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਇਸ ਮੇਲੇ ਦੀ ਸਫਲਤਾ ਲਈ ਸਹਿਯੋਗ ਕਰਨ ਵਾਲਿਆਂ ਸਮੇਤ ਗਾਇਕ ਆਰ ਨੇਤ ਦਾ ਸਨਮਾਨ ਕੀਤਾ। ਇਸ ਆਖਰੀ ਸ਼ਾਮ ਵੇਲੇ ਪੰਜਾਬੀ ਗਾਇਕ ਆਰ ਨੇਤ ਦੀ ਗਾਇਕੀ ਨੇ ਦਰਸ਼ਕਾਂ ਨੂੰ ਨੱਚਣ ਲਈ ਮਜਬੂਰ ਕੀਤਾ।



ਇਸੇ ਦੌਰਾਨ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਵਣਜ ਤੇ ਉਦਯੋਗ ਵਿਭਾਗ, ਸੈਰ-ਸਪਾਟਾ ਤੇ ਸੱਭਿਆਚਾਰਕ ਵਿਭਾਗ ਪੰਜਾਬ ਅਤੇ ਉੱਤਰ ਖੇਤਰੀ ਸੱਭਿਆਚਾਰਕ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਕਰਵਾਏ ਇਸ ਪੰਜਾਬ ਸਖੀ ਸ਼ਕਤੀ ਕਰਾਫਟ ਮੇਲੇ ਨੇ ਦੇਸ਼-ਵਿਦੇਸ਼ ਦੇ ਦਸਤਕਾਰਾਂ ਤੇ ਸ਼ਿਲਪਕਾਰਾਂ ਸਮੇਤ ਸਵੈ ਸਹਾਇਤਾ ਗਰੁੱਪਾਂ ਦੇ ਮੈਂਬਰਾਂ ਨੂੰ ਸਵੈ ਰੋਜ਼ਗਾਰ ਅਤੇ ਆਪਣੀਆਂ ਹੱਥੀਂ ਬਣਾਈਆਂ ਵਸਤਾਂ ਫੁਲਕਾਰੀ, ਚਿੱਕਨ ਸੂਟ, ਲੋਹੇ, ਬਾਂਸ ਤੇ ਲੱਕੜ ਦਾਫਰਨੀਚਰ, ਮਿੱਟੀ ਦੇ ਭਾਂਡੇ, ਆਚਾਰ, ਮੁਰੱਬੇ ਤੇ ਖਾਣ ਪੀਣ ਸਮੇਤ ਹੋਰ ਸਾਜੋ-ਸਮਾਨ ਆਦਿ ਵੇਚਣ ਲਈ ਪਟਿਆਲਾ ਵਿਖੇ ਇੱਕ ਵੱਡਾ ਮੰਚ ਪ੍ਰਦਾਨ ਕੀਤਾ ਹੈ।

ਸਖੀ ਸ਼ਕਤੀ ਕਰਾਫਟ ਮੇਲੇ ਦੇ ਸਮਾਪਤੀ ਸਮਾਰੋਹ ਮੌਕੇ ਬਲਤੇਜ ਪੰਨੂ ਨੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਏ.ਡੀ.ਸੀ. ਦਮਨਜੀਤ ਸਿੰਘ ਮਾਨ ਸਮੇਤ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਇਸ ਕਰਾਫਟ ਮੇਲੇ ਦੀ ਸਫਲਤਾ ਲਈ ਵਧਾਈ ਦਿੰਦਿਆਂ ਕਿਹਾ ਕਿ ਪਟਿਆਲਾ ਅਤੇ ਦੂਰ-ਦੁਰਾਡੇ ਤੋਂ ਮੇਲਾ ਦੇਖਣ ਆਏ ਸੈਲਾਨੀਆਂ ਨੇ ਇਸ ਮੇਲੇ ਵਿੱਚ ਕਾਫ਼ੀ ਦਿਲਚਸਪੀ ਦਿਖਾਉਂਦੇ ਹੋਏ ਖੂਬ ਖ਼ਰੀਦੋ-ਫ਼ਰੋਖ਼ਤ ਕੀਤੀ ਜਿਸ ਤੋਂ ਦਸਤਕਾਰ ਅਤੇ ਸਟਾਲਾਂ ਲਗਾਉਣ ਵਾਲੇ ਸੰਤੁਸ਼ਟ ਹੋਕੇ ਵਾਪਸ ਜਾ ਰਹੇ ਹਨ।ਬਲਤੇਜ ਪੰਨੂ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਹਿਰਦ ਯਤਨਾਂ ਸਦਕਾ ਇਸ ਵਾਰ ਮਹਿਲਾ ਸ਼ਸ਼ਕਤੀ ਕਰਨ ਅਤੇ ਮਹਿਲਾ ਉਦਮੀਆਂ ਨੂੰ ਉਤਸ਼ਾਹਤ ਕਰਨ ਲਈ ਪਟਿਆਲਾ ਸ਼ਹਿਰ ਵਿੱਚ ਕਰਵਾਏ ਗਏ ਪੰਜਾਬ ਸਖੀ ਸ਼ਕਤੀ ਕਰਾਫਟ ਮੇਲੇ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਵਧਾਈ ਦਿੱਤੀ।

ਏ ਡੀ ਸੀ ਦਮਨਜੀਤ ਸਿੰਘ ਮਾਨ ਨੇ ਦੱਸਿਆ ਕਿ ਇਸ ਮੇਲੇ ਨੇ ਪਟਿਆਲਾ ਵਾਸੀਆਂ ਨੂੰ ਜਿਥੇ ਭਾਰਤ ਦੀਆਂ ਪ੍ਰਸਿੱਧ ਦਸਤਕਾਰੀ ਵਸਤਾਂ, ਅਲੱਗ-ਅਲੱਗ ਖੇਤਰਾਂ ਦੇ ਪਕਵਾਨ ਅਤੇ ਵੱਖਰੇ-ਵੱਖਰੇ ਇਲਾਕਿਆਂ ਦੇ ਲੋਕ ਨਾਚਾ ਦਾ ਆਨੰਦ ਮਾਨਣ ਦਾ ਮੌਕਾ ਦਿੱਤਾ ਹੈ, ਉੱਥੇ ਹੀ ਮਹਿਲਾ ਸਵੈ ਸਹਾਇਤਾ ਸਮੂਹਾਂ ਦੇ ਮੈਂਬਰਾਂ ਵੱਲੋਂ ਬਣਾਏ ਸਮਾਨ ਦੀ ਵਿਕਰੀ ਦਾ ਵੀ ਮੰਚ ਪ੍ਰਦਾਨ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਸ ਵਾਰ ਥਾਈਲੈਂਡ ਸਮੇਤ ਅਫ਼ਗਾਨਿਸਤਾਨ ਦੀਆਂ ਸਟਾਲਾਂ ਨੇ ਵੀ ਲੋਕਾਂ ਦਾ ਧਿਆਨ ਖਿੱਚਿਆ ਹੈ।

ਦਮਨਜੀਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਖੀ ਸ਼ਕਤੀ ਕਰਾਫਟ ਮੇਲੇ ਵਿੱਚ ਪੰਜਾਬ ਤੋਂ ਇਲਾਵਾ ਦੇਸ਼-ਵਿਦੇਸ਼ ਤੋਂ ਸੈਲਾਨੀਆਂ ਨੇ ਪਹੁੰਚਕੇ ਇਸ ਕਰਾਫਟ ਮੇਲੇ ਦਾ ਆਨੰਦ ਮਾਣਿਆ ਹੈ। ਉਨ੍ਹਾਂ ਕਿਹਾ ਕਿ ਇਸ ਮੇਲੇ ਵਿੱਚ 4 ਲੱਖ ਦੇ ਕਰੀਬ ਲੋਕਾਂ ਨੇ ਸ਼ਿਰਕਤ ਕਰਕੇ ਇਸ ਮੇਲੇ ਨੂੰ ਸਫਲ ਬਣਾਇਆ ਹੈ। ਉਥੇ ਹੀ ਕਰੀਬ 6.60 ਕਰੋੜ ਰੁਪਏ ਦੇ ਸਾਜੋ ਸਮਾਨ ਦੀ ਵਿਕਰੀ ਨੇਦਸਤਕਾਰਾਂ ਨੂੰ ਬਾਗੋ-ਬਾਗ ਕਰ ਦਿੱਤਾ ਹੈ।

ਇਸ ਮੌਕੇ ਸਮਾਪਤੀ ਸਮਾਰੋਹ ਸਵੈ ਸਹਾਇਤਾ ਗਰੁੱਪਾਂ ਵਿੱਚੋਂ ਸਭ ਤੋਂ ਵੱਧ ਵਿੱਕਰੀ ਕਰਨ ਵਾਲੇ ਗਰੁੱਪਾਂ ਨੂੰ ਸਨਮਾਨਿਤ ਕੀਤਾ।ਪਹਿਲੇ ਨੰਬਰ 'ਤੇ ਪਟਿਆਲਾ ਕਿੰਗ ਅਜੀਵਿਕਾ ਸਵੈ ਸਹਾਇਤਾ ਗਰੁੱਪ ਦੀ ਹਰਪ੍ਰੀਤ ਕੌਰ ਰਹੀ।ਜਦਕਿ ਦਸਤਕਾਰਾਂ ਚ ਪਹਿਲੇ ਸਥਾਨ ਉਪਰ ਸਜਾਦ ਅਹਿਮਦ ਭੱਟ ਰਹੇ, ਜਿਨ੍ਹਾਂ ਨੇ ਕਸ਼ਮੀਰੀ ਸੂਟਾਂ ਦੀ 16.85 ਲੱਖ ਰੁਪਏ ਦੀ ਵਿੱਕਰੀ ਕੀਤੀ। ਵਧੀਕ ਡਿਪਟੀ ਕਮਿਸ਼ਨਰ ਦਮਨਜੀਤ ਸਿੰਘ ਮਾਨ ਨੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ.ਐਸ.ਪੀ. ਵਰੁਣ ਸ਼ਰਮਾ,ਐਸਪੀ ਸਿਟੀ ਪਲਵਿੰਦਰ ਸਿੰਘ ਚੀਮਾ, ਐਸਡੀਐਮਜ ਨਮਨ ਮਾਰਕੰਨ, ਰਿਚਾ ਗੋਇਲ, ਹਰਜੋਤ ਕੌਰ, ਏਐਮਡੀ ਨਵਦੀਪ ਕੁਮਾਰ, ਐਨ.ਜ਼ੈਡ.ਸੀ.ਸੀ. ਦੇ ਸਹਾਇਕ ਡਾਇਰੈਕਟਰ ਰਵਿੰਦਰ ਸ਼ਰਮਾ, ਨਗਰ ਨਿਗਮ, ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ।

ਉਨ੍ਹਾਂ ਨੇ ਕਿਹਾ ਕਿ ਕਰਾਫਟ ਮੇਲੇ ਨੂੰ ਸਫਲ ਬਣਾਉਣ ਲਈ ਪਟਿਆਲਾ ਵਾਸੀਆਂ ਦਾ ਵੱਡਾ ਯੋਗਦਾਨ ਹੈ। ਉਨ੍ਹਾਂ ਨੇ ਮੇਲੇ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਕਰਦਿਆਂ ਮੇਲੇ ਦੌਰਾਨ ਵਲੰਟੀਅਰਜ਼ ਦੁਆਰਾ ਦਿੱਤੀ ਡਿਊਟੀ ਦੀ ਸਰਾਹਨਾ ਕੀਤੀ ਅਤੇ ਆਈ.ਟੀ.ਆਈ ਲੜਕੇ ਅਤੇ ਲੜਕੀਆਂ ਅਤੇ ਪਾਵਰ ਹਾਊਸ ਯੂਥ ਕਲੱਬ ਨਾਲ-ਨਾਲ ਉਨ੍ਹਾਂ ਸਭ ਦਾ ਧੰਨਵਾਦ ਕੀਤਾ, ਜਿਨ੍ਹਾਂ ਕਰਾਫ਼ਟ ਮੇਲੇ ਦੌਰਾਨ ਆਪਣੀ ਡਿਊਟੀ ਨੂੰ ਤਨਦੇਹੀ ਨਾਲ ਨਿਭਾਇਆ।

ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਡੀ.ਐਸ.ਐਸ.ਓ ਜੋਬਨਦੀਪ ਕੌਰ ਚੀਮਾ, ਪ੍ਰਾਜੈਕਟ ਅਫ਼ਸਰ ਰੀਨਾ ਰਾਣੀ, ਡੀਪੀਓ ਪਰਦੀਪ ਗਿੱਲ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼ਾਇਨਾ ਕਪੂਰ ਤੇ ਰੂਪਵੰਤ ਕੌਰ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਧਾਲੀਵਾਲ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

### ਹਰਿਆਣਾ 'ਚ ਭਾਜਪਾ ਸਰਕਾਰ ਦੌਰਾਨ 550 ਕਰੋੜ ਤੋਂ ਵੱਧ ਦਾ ਬੈਂਕ ਘੋਟਾਲਾ

# ਪੰਜਾਬ 'ਚ 'ਆਪ' ਸਰਕਾਰ ਦੇ ਈ-ਡਿਪਾਜ਼ਿਟ ਸਿਸਟਮ ਕਾਰਨ ਧੋਖਾਧੜੀ ਦੀ ਕੋਈ ਗੁੰਜਾਇਸ਼ ਹੀ ਨਹੀਂ: ਚੀਮਾ

ਚੰਡੀਗੜ੍ਹ, 2 ਮਾਰਚ (ਚ.ਨ.ਸ.) : ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਗੁਆਂਢੀ ਸੂਬੇ ਹਰਿਆਣਾ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੌਰਾਨ ਹੋਏ 550 ਕਰੋੜ ਰੁਪਏ ਤੋਂ ਵੱਧ ਦੇ ਬੈਂਕ ਘੋਟਾਲੇ 'ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2022 ਵਿੱਚ ਸੱਤਾ ਸੰਭਾਲਦਿਆਂ ਹੀ ਐਨਆਈਸੀ (NIC) ਦੀ ਸਹਾਇਤਾ ਨਾਲ ਆਧੁਨਿਕ ਈ-ਡਿਪਾਜ਼ਿਟ ਮੈਨੇਜਮੈਂਟ ਸਿਸਟਮ ਲਾਗੂ ਕੀਤਾ, ਜਿਸ ਨਾਲ ਬੈਂਕਿੰਗ ਸੈਕਟਰ ਵਿੱਚ ਕਿਸੇ ਵੀ ਕਿਸਮ ਦੇ ਫਰਾਡ ਦੀ ਗੁੰਜਾਇਸ਼ ਹੀ ਖ਼ਤਮ ਹੋ ਗਈ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨਵੀਂ ਟੈਕਨਾਲੋਜੀ ਅਪਣਾਉਣ ਵਿੱਚ ਪੂਰੀ ਤਰ੍ਹਾਂ ਫੇਲ੍ਹ ਹੈ, ਜਿਸ ਕਰਕੇ ਹਰਿਆਣਾ ਵਿੱਚ ਲੋਕਾਂ ਦੇ ਪੈਸੇ ਦੀ ਲੁੱਟ ਹੋ ਰਹੀ ਹੈ।

ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ 2022 ਵਿੱਚ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਬੈਂਕਿੰਗ ਸੈਕਟਰ ਨੂੰ ਹੋਰ ਤਕੜਾ ਕਰਨ ਲਈ ਐਨਆਈਸੀ (NIC) ਦੀ ਸਹਾਇਤਾ ਨਾਲ ਈ-ਡਿਪਾਜ਼ਿਟ ਮੈਨੇਜਮੈਂਟ ਸਿਸਟਮ ਲਾਗੂ ਕੀਤਾ ਗਿਆ।



ਉਨ੍ਹਾਂ ਦੱਸਿਆ ਕਿ ਇਸ ਸਿਸਟਮ ਤਹਿਤ ਪੰਜਾਬ ਦੇ ਸਾਰੇ ਸਰਕਾਰੀ ਵਿਭਾਗ, ਕਾਰਪੋਰੇਸ਼ਨਾਂ, ਬੋਰਡ, ਅਦਾਰੇ ਅਤੇ ਅੰਡਰਟੇਕਿੰਗਜ਼ ਜਦੋਂ ਵੀ ਆਪਣਾ ਪੈਸਾ ਬੈਂਕ ਵਿੱਚ ਡਿਪਾਜ਼ਿਟ ਕਰਨਾ ਚਾਹੁੰਦੇ ਹਨ, ਤਾਂ ਉਨ੍ਹਾਂ ਨੂੰ ਓਪਨ ਬਿਡ ਦੀ ਪ੍ਰਕਿਰਿਆ ਵਿੱਚੋਂ ਲੰਘਣਾ ਪੈਂਦਾ ਹੈ।

ਵਿੱਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ 21 ਬੈਂਕਾਂ ਨੂੰ ਪੈਨਲ 'ਤੇ ਲਿਆ ਹੋਇਆ ਹੈ। ਜਦੋਂ ਇਨ੍ਹਾਂ 21 ਬੈਂਕਾਂ ਵਿੱਚ ਬਿਡ ਹੁੰਦੀ ਹੈ ਤਾਂ ਜਿਹੜਾ ਬੈਂਕ ਸਭ ਤੋਂ ਵੱਧ ਵਿਆਜ ਦਰ ਦਿੰਦਾ ਹੈ, ਉਸ ਬੈਂਕ ਕੋਲ ਸਬੰਧਤ ਬੋਰਡ, ਕਾਰਪੋਰੇਸ਼ਨ ਜਾਂ ਅਦਾਰਾ ਆਪਣਾ ਪੈਸਾ ਡਿਪਾਜ਼ਿਟ ਕਰਵਾਉਂਦਾ ਹੈ। ਇਸ ਨਾਲ ਸਰਕਾਰੀ ਖ਼ਜ਼ਾਨੇ ਨੂੰ ਵੱਧ ਤੋਂ ਵੱਧ ਵਿਆਜ ਦੀ ਕਮਾਈ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਇਹ ਡਿਪਾਜ਼ਿਟ 15 ਦਿਨਾਂ, ਇੱਕ ਮਹੀਨੇ, ਛੇ ਮਹੀਨਿਆਂ ਜਾਂ ਨੌਂ ਮਹੀਨਿਆਂ ਦੇ ਹੁੰਦੇ ਹਨ।

ਚੀਮਾ ਨੇ ਅੱਗੇ ਦੱਸਿਆ ਕਿ 2022 ਤੋਂ ਲੈ ਕੇ ਹੁਣ ਤੱਕ ਲਗਾਤਾਰ ਹਰ ਮਹੀਨੇ ਲੱਗਭੱਗ 100 ਤੋਂ 150 ਬਿਡਸ ਪੰਜਾਬ ਦੇ ਵੱਖ-ਵੱਖ ਅਦਾਰਿਆਂ, ਕਾਰਪੋਰੇਸ਼ਨਾਂ, ਬੋਰਡਾਂ ਅਤੇ ਵਿਭਾਗਾਂ ਵੱਲੋਂ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਸਿਸਟਮ ਨੂੰ ਸਿਰਫ਼ ਬੈਂਕਿੰਗ ਸੈਕਟਰ 'ਤੇ ਨਹੀਂ ਛੱਡਿਆ, ਸਗੋਂ ਇਸ ਦੀ ਦੇਖ-ਰੇਖ ਲਈ ਇੱਕ ਬੈਂਕ ਦਾ ਸੀਨੀਅਰ ਅਧਿਕਾਰੀ ਅਤੇ ਇੱਕ ਪੰਜਾਬ ਸਰਕਾਰ ਦਾ ਸੀਨੀਅਰ ਅਧਿਕਾਰੀ ਨਿਯੁਕਤ ਕੀਤੇ ਗਏ ਹਨ, ਤਾਂ ਜੋ ਕਿਸੇ ਵੀ ਕਿਸਮ ਦਾ ਅਤੇ ਕਿਸੇ ਵੀ ਪੱਧਰ ਦਾ ਫਰਾਡ ਨਾ ਹੋ ਸਕੇ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਗੁਆਂਢੀ ਸੂਬੇ ਹਰਿਆਣਾ ਵਿੱਚ ਅਜਿਹਾ ਕੋਈ ਵੀ ਮੈਕਨਿਜ਼ਮ ਨਹੀਂ ਬਣਾਇਆ ਗਿਆ, ਜਿਸ ਕਰਕੇ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੌਰਾਨ 550 ਕਰੋੜ ਰੁਪਏ ਤੋਂ ਵੱਧ ਦਾ ਫਰਾਡ ਹੋਇਆ। ਉਨ੍ਹਾਂ ਕਿਹਾ ਕਿ ਭਾਜਪਾ ਨਵੀਂ ਟੈਕਨਾਲੋਜੀ ਨੂੰ ਦੇਸ਼ ਭਰ ਵਿੱਚ ਅਪਣਾਉਣ ਵਿੱਚ ਅਸਫ਼ਲ ਰਹੀ ਹੈ, ਜਦੋਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਹੀ ਲੇਟੇਸਟ ਟੈਕਨੀਕਸ ਅਪਣਾਉਂਦੀ ਰਹੀ ਹੈ।

ਚੀਮਾ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਜਿੱਥੇ ਭਾਜਪਾ ਦੀ ਸਰਕਾਰ ਹੈ, ਉੱਥੇ ਲਗਾਤਾਰ ਫਰਾਡ ਹੋ ਰਹੇ ਹਨ ਅਤੇ ਲੋਕਾਂ ਦਾ ਪੈਸਾ ਬੈਂਕਿੰਗ ਸੈਕਟਰ ਰਾਹੀਂ ਲੁੱਟਿਆ ਜਾ ਰਿਹਾ ਹੈ। ਭਾਜਪਾ ਦੇ ਲੋਕਾਂ ਨੇ ਬੈਂਕਿੰਗ ਸੈਕਟਰ ਵਿੱਚ ਵੀ ਚੋਰ-ਮੋਰੀਆਂ ਰੱਖੀਆਂ ਹੋਈਆਂ ਹਨ। ਜਦੋਂ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਪੁਰਾਣੀਆਂ ਸਰਕਾਰਾਂ ਸਮੇਂ ਜਿੱਥੇ ਵੀ ਕਿਤੇ ਚੋਰੀ ਹੁੰਦੀ ਸੀ, ਉਹ ਸਾਰੇ ਲੂਪਹੋਲ ਬੰਦ ਕੀਤੇ ਗਏ ਹਨ।

ਵਿੱਤ ਮੰਤਰੀ ਨੇ ਮਾਣ ਨਾਲ ਕਿਹਾ ਕਿ ਈ-ਡਿਪਾਜ਼ਿਟ ਮੈਨੇਜਮੈਂਟ ਸਿਸਟਮ ਇੱਕ ਬਹੁਤ ਵਧੀਆ ਪ੍ਰਣਾਲੀ ਹੈ, ਜੋ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2022 ਵਿੱਚ ਲਾਗੂ ਕੀਤੀ ਸੀ ਅਤੇ ਇਸ ਨਾਲ ਪੰਜਾਬ ਵਿੱਚ ਕਿਸੇ ਵੀ ਕਿਸਮ ਦਾ ਕੋਈ ਵੀ ਬੈਂਕਿੰਗ ਫਰਾਡ ਨਹੀਂ ਹੋਇਆ।

# ਡਿਪਟੀ ਸਪੀਕਰ ਵੱਲੋਂ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਲਈ ਵਿਸ਼ੇਸ਼ ਮੀਟਿੰਗ

ਚੰਡੀਗੜ੍ਹ, 2 ਮਾਰਚ (ਚ.ਨ.ਸ.) : ਪੰਜਾਬ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ"ਮੁਹਿੰਮ ਨੂੰ ਹੋਰ ਮਜ਼ਬੂਤੀ ਦੇਣ ਲਈ ਅੱਜ ਸ੍ਰੀ ਜੈ ਕ੍ਰਿਸ਼ਨ ਸਿੰਘ ਰੋੜੀ, ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵੱਲੋਂ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਦੇ ਆਯੋਜਨ ਸਬੰਧੀ ਇਕ ਵਿਸ਼ੇਸ਼ ਮੀਟਿੰਗ ਬੁਲਾਈ ਗਈ।

ਡਿਪਟੀ ਸਪੀਕਰ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਰੰਗਲੇ ਪੰਜਾਬ ਦੀ ਪੁਨਰਸਥਾਪਨਾ ਲਈ ਸੂਬਾ ਪੱਧਰ 'ਤੇ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ 22 ਮਾਰਚ, 2026 ਨੂੰ ਫੁਟਬਾਲ ਦੀ ਨਰਸਰੀ ਕਹੇ ਜਾਣ ਵਾਲੇ ਮਾਹਿਲਪੁਰ (ਗੜ੍ਹਸ਼ੰਕਰ), ਜ਼ਿਲ੍ਹਾ ਹੁਸ਼ਿਆਰਪੁਰ ਵਿੱਚ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਰਾਜ ਪੱਧਰੀ ਸਮਾਗਮ ਵਜੋਂ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ 23 ਮਾਰਚ, 2026 ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਦੇ ਮੌਕੇ ਰਾਜ ਪੱਧਰੀ ਸਮਾਗਮ ਖਟਕੜ ਕਲਾਂ ਵਿਖੇ ਮਨਾਇਆ ਜਾਵੇਗਾ। ਇਸ ਲਈ ਇਕ ਦਿਨ ਪਹਿਲਾਂ 22 ਮਾਰਚ ਨੂੰ ਇਹ ਮੈਰਾਥਨ ਸ਼ਹੀਦ-ਏ-ਆਜ਼ਮ ਨੂੰ ਸਮਰਪਿਤ ਕਰਕੇ ਕਰਵਾਈ ਜਾਵੇਗੀ।

ਡਿਪਟੀ ਸਪੀਕਰ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੇ ਇਕ ਸਿਹਤਮੰਦ ਅਤੇ ਜਾਗਰੂਕ ਰਾਸ਼ਟਰ ਦਾ ਸੁਪਨਾ ਦੇਖਿਆ ਸੀ। ਨਸ਼ਿਆਂ ਦਾ ਖਾਤਮਾ ਕਰਨਾ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਾਡਾ ਫਰਜ ਹੈ। ਇਹ ਮੈਰਾਥਨ ਨੌਜਵਾਨਾਂ ਵਿੱਚ ਦੇਸ਼ਭਗਤੀ ਦਾ ਜਜ਼ਬਾ ਪੈਦਾ ਕਰੇਗੀ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰੇਗੀ। ਮੈਰਾਥਨ ਵਿੱਚ 5 ਕਿ.ਮੀ., 10 ਕਿ.ਮੀ., 21 ਕਿ.ਮੀ. ਅਤੇ 42 ਕਿ.ਮੀ. ਦੀਆਂ ਵੱਖ-ਵੱਖ ਸ਼੍ਰੇਣੀਆਂ ਹੋਣਗੀਆਂ, ਜਿਨ੍ਹਾਂ ਵਿੱਚ ਬੱਚੇ, ਨੌਜਵਾਨ, ਬਜ਼ੁਰਗ ਅਤੇ ਡਿਸਏਬਲਡ ਵਿਅਕਤੀ ਭਾਗ ਲੈ ਸਕਣਗੇ। ਜੇਤੂਆਂ ਨੂੰ ਵਿਸ਼ੇਸ਼ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਵਿਆਪਕ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ ਅਤੇ ਦੇਸ਼-ਵਿਦੇਸ਼ ਦੀਆਂ ਪ੍ਰਮੁੱਖ ਹਸਤੀਆਂ ਨੂੰ ਵੀ ਸੱਦਾ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਰਾਜ ਪੱਧਰੀ ਪ੍ਰੋਗਰਾਮ ਦੀ ਸਫਲਤਾ ਲਈ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਸੈਰ ਸਪਾਟਾ ਵਿਭਾਗ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਸਕੂਲ ਸਿੱਖਿਆ ਵਿਭਾਗ, ਉੱਚ ਸਿੱਖਿਆ ਵਿਭਾਗ ਅਤੇ ਹੋਰ ਸੰਬੰਧਤ ਵਿਭਾਗਾਂ ਦਾ ਸਹਿਯੋਗ ਲਿਆ ਜਾਵੇਗਾ। ਐਸ.ਆਰ.ਐਸ.ਐਫ. ਐਨਜੀਓ ਵੱਲੋਂ ਵੀ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ। ਮੀਟਿੰਗ ਵਿੱਚ ਪਰਮਿੰਦਰ ਸਿੰਘ ਗੋਲਡੀ (ਚੇਅਰਮੈਨ, ਪੰਜਾਬ ਯੂਥ ਡਿਵੈਲਪਮੈਂਟ ਬੋਰਡ), ਡਾ. ਐਸ.ਪੀ. ਅਨੰਦ ਕੁਮਾਰ (ਆਈ.ਏ.ਐਸ), ਸ. ਹਰਪ੍ਰੀਤ ਸਿੰਘ ਸੂਦਨ (ਡਾਇਰੈਕਟਰ ਖੇਡਾਂ), ਸ੍ਰੀ ਦਮਪ੍ਰੀਤ ਵਾਲੀਆ (ਆਈ.ਏ.ਐਸ), ਸ਼੍ਰੀਮਤੀ ਆਸ਼ਿਕਾ ਜੈਨ (ਡਿਪਟੀ ਕਮਿਸ਼ਨਰ, ਹੁਸ਼ਿਆਰਪੁਰ), ਸ਼੍ਰੀਮਤੀ ਚਰੂ ਮੀਤਾ, ਸ੍ਰੀ ਸੁਖਪ੍ਰੀਤ ਸਿੰਘ ਸਿੱਧੂ, ਸ੍ਰੀ ਤੇਜਦੀਪ ਸਿੰਘ ਸੈਣੀ, ਮੇਜਰ ਸਿੰਘ (ਐਸ.ਪੀ. ਹੁਸ਼ਿਆਰਪੁਰ), ਸ੍ਰੀ ਗੌਤਮ ਕਪੂਰ (ਲੋਕ ਸੰਪਰਕ ਅਫਸਰ), ਸ੍ਰੀ ਰਾਜੇਸ਼ ਬਖ਼ਸ਼ੀ, ਸ੍ਰੀ ਕੁਲਵੰਤ ਸਿੰਘ ਸੰਘਾ, ਸ੍ਰੀ ਅਰਵਿੰਦਰ ਸਿੰਘ, ਡਾ. ਪਰਮਿੰਦਰ ਸਿੰਘ, ਡਾ. ਸਾਜਨ ਸ਼ਰਮਾ, ਸ੍ਰੀ ਲਕਸ਼ੈ ਭਾਰਤੀ, ਸ੍ਰੀ ਰਾਮ ਲੋਕ ਖਟਾਣਾ ਅਤੇ ਸ੍ਰੀ ਮੋਹਿਤ ਅੱਤਰੀ, ਲੋਕ ਸੰਪਰਕ ਅਫਸਰ/ਡਿਪਟੀ ਸਪੀਕਰ,ਪੰਜਾਬ ਵਿਧਾਨ ਸਭਾ, ਸਮੇਤ ਹੋਰ ਅਧਿਕਾਰੀ ਹਾਜ਼ਰ ਰਹੇ। ਡਿਪਟੀ ਸਪੀਕਰ ਨੇ ਅੰਤ ਵਿੱਚ ਕਿਹਾ ਕਿ "ਆਓ, ਅਸੀਂ ਸਾਰੇ ਮਿਲ ਕੇ ਨਸ਼ਾ ਮੁਕਤ ਪੰਜਾਬ ਲਈ ਦੌੜੀਏ ਅਤੇ ਸ਼ਹੀਦਾਂ ਦੇ ਸੁਪਨੇ ਸਾਕਾਰ ਕਰੀਏ।

# ਪਹਿਲੇ ਸਫ਼ੇ ਦੀ ਬਾਕੀ

### ਪੀ.ਐਫ.ਖਾਤਿਆਂ ਲਈ ਵਿਆਜ ਦਰ

ਵਿੱਚ ਹੋਈ ਸੈਂਟਰਲ ਬੋਰਡ ਆਫ ਟਰੱਸਟੀਜ਼ (ਸੀ.ਬੀ.ਟੀ.) ਦੀ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ। ਬੋਰਡ ਨੇ ਸਿਫਾਰਸ਼ ਕੀਤੀ ਹੈ ਕਿ ਸਾਲ 2025-26 ਲਈ ਮੈਂਬਰਾਂ ਦੇ ਖਾਤਿਆਂ ਵਿੱਚ 8.25 ਫੀਸਦੀ ਸਾਲਾਨਾ ਵਿਆਜ ਜਮ੍ਹਾਂ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਸਾਲ 2022-23 ਵਿੱਚ ਇਹ ਵਿਆਜ ਦਰ 8.15 ਫੀਸਦੀ ਸੀ, ਜਿਸ ਨੂੰ 2024 ਵਿੱਚ ਮਾਮੂਲੀ ਵਧਾ ਕੇ 8.25 ਫੀਸਦੀ ਕਰ ਦਿੱਤਾ ਗਿਆ ਸੀ ਅਤੇ ਉਦੋਂ ਤੋਂ ਇਹ ਦਰ ਸਥਿਰ ਚੱਲ ਰਹੀ ਹੈ।

### ਦੋਵੇਂ ਧਿਰਾਂ ਵੱਲੋਂ ਇੱਕ-ਦੂਜੇ 'ਤੇ

ਇਸ ਦੀ ਲਪੇਟ ਵਿੱਚ ਆ ਚੁੱਕੇ ਹਨ। ਲੇਬਨਾਨ 'ਚ ਇਜ਼ਰਾਈਲੀ ਹਮਲਿਆਂ 'ਚ 31 ਲੋਕਾਂ ਦੀ ਮੌਤ ਹੋ ਗਈ ਹੈ। ਸੰਯੁਕਤ ਅਰਬ ਅਮੀਰਾਤ 'ਚ ਮਿਜ਼ਾਈਲਾਂ ਦੇ ਮਲਬੇ ਡਿੱਗਣ ਕਾਰਨ 3 ਲੋਕ ਮਾਰੇ ਗਏ ਹਨ। ਇਰਾਕ 'ਚ ਅਮਰੀਕੀ ਅਤੇ ਇਜ਼ਰਾਈਲੀ ਹਮਲਿਆਂ 'ਚ 2 ਲੜਾਕੂ ਮਾਰੇ ਗਏ ਹਨ।ਕਤਰ 'ਚ ਸੁਰੱਖਿਆ ਦੇ ਮੱਦੇਨਜ਼ਰ ਸਾਰੇ ਸਕੂਲ ਬੰਦ ਕਰ ਦਿੱਤੇ ਗਏ ਹਨ ਅਤੇ ਹਵਾਈ ਉਡਾਨਾਂ ਅਣਮਿੱਥੇ ਸਮੇਂ ਲਈ ਮੁਅੱਤਲ ਕਰ ਦਿੱਤੀਆਂ ਗਈਆਂ ਹਨ।

ਈਰਾਨ ਦੇ ਇਸਲਾਮਿਕ ਰਿਵੋਲੂਸ਼ਨਰੀ ਗਾਰਡ ਕੋਰਪਸ ਨੇ ਕਿਹਾ ਹੈ ਕਿ ਉਨ੍ਹਾਂ ਨੇ ਮੱਧ ਪੂਰਬ ਵਿੱਚ ਸਥਿਤ 27 ਅਮਰੀਕੀ ਅਤੇ ਇਜ਼ਰਾਈਲੀ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਹੈ। ਅਮਰੀਕਾ ਦੇ ਇਸ ਖੇਤਰ ਵਿੱਚ ਲੱਗਭੱਗ 40,000 ਤੋਂ 50,000 ਸੈਨਿਕ ਤਾਇਨਾਤ ਹਨ, ਜੋ ਹੁਣ ਸਿੱਧੇ ਤੌਰ 'ਤੇ ਈਰਾਨ ਦੇ ਨਿਸ਼ਾਨੇ 'ਤੇ ਹਨ। ਸਥਿਤੀ ਤੇਜ਼ੀ ਨਾਲ ਵਿਗੜ ਰਹੀ ਹੈ ਅਤੇ ਮੌਤਾਂ ਦੀ ਗਿਣਤੀ ਹੋਰ ਵਧਣ ਦਾ ਖਦਸ਼ਾ ਹੈ।

### ਸਰੰਡਰ ਕਰੋ, ਨਹੀਂ ਤਾਂ ਮੌਤ ਲਈ

ਨਾਲ ਲੈਸ ਕੱਟੜਪੰਥੀ, ਖੂਨੀ ਅੱਤਵਾਦੀ ਸ਼ਾਸਨ ਦਾ ਸਾਹਮਣਾ ਨਾ ਕਰਨਾ ਪਵੇ। ਟਰੰਪ ਨੇ ਕਿਹਾ ਕਿ ਪਿਛਲੇ 50 ਸਾਲਾਂ ਤੋਂ ਅਮਰੀਕਾ ਡਰ ਵਿੱਚ ਜੀ ਰਿਹਾ ਹੈ। ਉਨ੍ਹਾਂ ਕਿਹਾ ਕਿ ਲਗਭਗ 50 ਸਾਲਾਂ ਤੋਂ ਇਹ ਕੱਟੜਪੰਥੀ 'ਅਮਰੀਕਾ ਨੂੰ ਮੌਤ' ਅਤੇ 'ਇਜ਼ਰਾਈਲ ਨੂੰ ਮੌਤ' ਦੇ ਨਾਅਰੇ ਲਗਾਉਂਦੇ ਹੋਏ ਅਮਰੀਕਾ 'ਤੇ ਹਮਲਾ ਕਰ ਰਹੇ ਹਨ। ਉਹ ਦੁਨੀਆਂ ਵਿੱਚ ਅੱਤਵਾਦ ਦੇ ਨੰਬਰ ਇੱਕ ਦੇਸ਼ ਸਪਾਂਸਰ ਹਨ। ਇਨ੍ਹਾਂ ਅਸਹਿਣਯੋਗ ਧਮਕੀਆਂ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੈਂ ਇੱਕ ਵਾਰ ਫਿਰ ਰੈਵੋਲਿਊਸ਼ਨਰੀ ਗਾਰਡ, ਈਰਾਨੀ ਫੌਜ ਅਤੇ ਪੁਲਿਸ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਹਥਿਆਰ ਸੁੱਟਣ ਅਤੇ ਪੂਰੀ ਸੁਰੱਖਿਆ ਦੀ ਮੰਗ ਕਰਨ ਜਾਂ ਯਕੀਨਨ ਮੌਤ ਦਾ ਸਾਹਮਣਾ ਕਰਨ। ਡੋਨਾਲਡ ਟਰੰਪ ਨੇ ਈਰਾਨ ਦੇ ਲੋਕਾਂ ਨੂੰ ਵੀ ਅਪੀਲ ਕੀਤੀ। ਟਰੰਪ ਨੇ ਕਿਹਾ, ਮੈਂ ਸਾਰੇ ਈਰਾਨੀ ਦੇਸ਼ ਭਗਤਾਂ ਨੂੰ ਅਪੀਲ ਕਰਦਾ ਹਾਂ ਜੋ ਆਜ਼ਾਦੀ ਚਾਹੁੰਦੇ ਹਨ ਕਿ ਇਸ ਪਲ ਨੂੰ ਸੰਭਾਲਣ, ਬਹਾਦਰ ਬਣਨ, ਹੀਰੋ ਬਣਨ ਅਤੇ ਆਪਣਾ ਦੇਸ਼ ਵਾਪਸ ਲੈਣ। ਅਮਰੀਕਾ ਤੁਹਾਡੇ ਨਾਲ ਹੈ। ਮੈਂ ਤੁਹਾਨੂੰ ਇੱਕ ਵਾਅਦਾ ਕੀਤਾ ਸੀ ਅਤੇ ਮੈਂ ਉਸ ਵਾਅਦੇ ਨੂੰ ਨਿਭਾਇਆ। ਇਸ ਤੋਂ ਪਹਿਲਾਂ ਡੋਨਾਲਡ ਟਰੰਪ ਨੇ ਕਿਹਾ ਸੀ ਕਿ ਅਮਰੀਕੀ ਫੌਜ ਈਰਾਨ 'ਤੇ ਬੰਬਾਰੀ ਜਾਰੀ ਰੱਖੇਗੀ ਜਦੋਂ ਤੱਕ ਉਸ ਦੇ ਉਦੇਸ਼ ਪ੍ਰਾਪਤ ਨਹੀਂ ਹੋ ਜਾਂਦੇ। ਐਤਵਾਰ ਨੂੰ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਗਈ ਇੱਕ ਵੀਡੀਓ ਵਿੱਚ ਈਰਾਨ ਦੇ ਸੁਪਰੀਮ ਲੀਡਰ, ਆਯਤੁੱਲਾ ਅਲੀ ਖਾਮੇਨੇਈ ਦੀ ਮੌਤ ਦੀ ਪੁਸ਼ਟੀ ਕਰਨ ਤੋਂ ਬਾਅਦ ਟਰੰਪ ਨੇ ਕਿਹਾ ਕਿ ਅਮਰੀਕਾ ਅਤੇ ਇਜ਼ਰਾਈਲ ਨੇ ਈਰਾਨ ਵਿੱਚ ਸੈਂਕੜੇ ਟਿਕਾਣਿਆਂ 'ਤੇ ਹਮਲਾ ਕੀਤਾ ਹੈ, ਜਿਸ ਵਿੱਚ ਰੈਵੋਲਿਊਸ਼ਨਰੀ ਗਾਰਡ ਸਾਈਟਾਂ ਅਤੇ ਹਵਾਈ ਰੱਖਿਆ ਸ਼ਾਮਲ ਹਨ।

ਦੂਜੇ ਪਾਸੇ, ਈਰਾਨ ਨੇ ਐਤਵਾਰ ਨੂੰ ਇਜ਼ਰਾਈਲੀ ਅਤੇ ਅਮਰੀਕੀ ਸਾਂਝੇ ਹਮਲੇ ਵਿੱਚ ਆਪਣੇ ਸੁਪਰੀਮ ਲੀਡਰ, ਆਯਤੁੱਲਾ ਅਲੀ ਖਾਮੇਨੇਈ ਦੀ ਹੱਤਿਆ ਦਾ ਬਦਲਾ ਲੈਣ ਦੀ ਸਹੁੰ ਖਾਧੀ। ਈਰਾਨ ਨੇ ਖਾੜੀ ਦੇਸ਼ਾਂ ਅਤੇ ਇਜ਼ਰਾਈਲ ਵਿੱਚ ਅਮਰੀਕੀ ਟਿਕਾਣਿਆਂ ਨੂੰ ਡਰੋਨ ਅਤੇ ਮਿਜ਼ਾਈਲਾਂ ਨਾਲ ਨਿਸ਼ਾਨਾ ਬਣਾ ਕੇ ਜਵਾਬੀ ਕਾਰਵਾਈ ਕੀਤੀ। ਈਰਾਨੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਮਰੀਕਾ ਅਤੇ ਇਜ਼ਰਾਈਲੀ ਹਮਲਿਆਂ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ 200 ਤੋਂ ਵੱਧ ਲੋਕ ਮਾਰੇ ਗਏ ਹਨ ਜਿਨ੍ਹਾਂ ਵਿੱਚ ਆਯਤੁੱਲਾ ਅਲੀ ਖਾਮੇਨੇਈ ਅਤੇ ਹੋਰ ਸੀਨੀਅਰ ਨੇਤਾ ਮਾਰੇ ਗਏ ਸਨ। ਚੱਲ ਰਹੇ ਯੁੱਧ ਵਿੱਚ ਅਮਰੀਕੀ ਸੈਨਿਕਾਂ ਦੀ ਮੌਤ ਦੀ ਵੀ ਪੁਸ਼ਟੀ ਕੀਤੀ ਗਈ ਹੈ। ਫੌਜ ਨੇ ਐਤਵਾਰ ਨੂੰ ਐਲਾਨ ਕੀਤਾ ਕਿ ਈਰਾਨੀ ਜਵਾਬੀ ਹਮਲੇ ਵਿੱਚ ਤਿੰਨ ਅਮਰੀਕੀ ਸੈਨਿਕ ਮਾਰੇ ਗਏ ਅਤੇ ਪੰਜ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਟਰੰਪ ਨੇ ਉਨ੍ਹਾਂ ਦੀਆਂ ਮੌਤਾਂ ਨੂੰ ਸਹੀ ਮਿਸ਼ਨ ਦਾ ਹਿੱਸਾ ਦੱਸਿਆ ਅਤੇ ਕਿਹਾ ਕਿ ਯੁੱਧ ਖਤਮ ਹੋਣ ਤੋਂ ਪਹਿਲਾਂ ਹੋਰ ਵੀ ਹੋਣ ਦੀ ਸੰਭਾਵਨਾ ਹੈ।

### ਅਦਾਲਤ ਵੱਲੋਂ ਪੁਲਿਸ ਅਧਿਕਾਰੀਆਂ

2026 ਤੱਕ ਦੇ ਇਨ੍ਹਾਂ ਅਧਿਕਾਰੀਆਂ ਦੇ ਕਾਲ ਵੇਰਵੇ ਅਤੇ ਇਸੇ ਤਰ੍ਹਾਂ ਇਨ੍ਹਾਂ ਅਧਿਕਾਰੀਆਂ ਦੇ ਜੀ.ਪੀ.ਐਸ. ਸਥਾਨਾਂ ਨੂੰ ਵੀ ਸੁਰੱਖਿਅਤ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਹ ਨਿਰਦੇਸ਼ ਦਿੱਤਾ ਗਿਆ ਹੈ ਕਿ ਘਟਨਾ ਨੇੜੇ ਸਥਾਪਤ ਸੀ.ਸੀ.ਟੀਵੀ ਫੁਟੇਜ, ਜੇਕਰ ਕੋਈ ਹੈ, ਨੂੰ ਸੁਰੱਖਿਅਤ ਰੱਖ ਕੇ ਜਾਂਚ ਦਾ ਹਿੱਸਾ ਬਣਾਇਆ ਜਾਵੇ। ਇਸੇ ਤਰ੍ਹਾਂ ਰਣਜੀਤ ਸਿੰਘ ਦੇ ਕਾਲ ਵੇਰਵੇ ਵੀ ਸੁਰੱਖਿਅਤ ਰੱਖਣ ਲਈ ਕਿਹਾ ਗਿਆ ਹੈ। ਅਦਾਲਤ ਨੇ ਇਹ ਵੀ ਹੁਕਮ ਦਿੱਤਾ ਹੈ ਕਿ ਸੀ.ਆਈ.ਏ. ਇੰਚਾਰਜ ਗੁਰਮੀਤ ਸਿੰਘ, ਜਿਸ ਨੂੰ ਮੁਕਾਬਲੇ ਦੌਰਾਨ ਜ਼ਖ਼ਮੀ ਦਿਖਾਇਆ ਗਿਆ ਹੈ, ਦੇ ਮੈਡੀਕਲ ਰਿਕਾਰਡ ਅਤੇ ਜਾਂਚ ਦੇ ਸਬੰਧ ਵਿੱਚ ਐਸ.ਐਮ.ਓ., ਗੁਰਦਾਸਪੁਰ ਡਾਕਟਰੀ ਜਾਂਚ ਕਰਨ ਤੇ ਡਾਕਟਰਾਂ ਦੇ ਬੋਰਡ ਦੇ ਤਿੰਨ ਮੈਂਬਰ ਗਠਿਤ ਕਰਨ ਅਤੇ ਉਸ ਦੀ ਵਿਸਥਾਰਤ ਰਿਪੋਰਟ ਇਲਾਕਾ ਮੈਜਿਸਟ੍ਰੇਟ ਨੂੰ ਦੇਣ। ਉਸ ਦੀ ਬਾਂਹ 'ਤੇ ਗੋਲੀ ਲੱਗਣ ਦੇ ਸਬੰਧ ਵਿੱਚ ਜਾਂਚ ਕਰਕੇ ਜ਼ਖ਼ਮ ਬਾਰੇ ਇਹ ਸਪਸ਼ਟ ਕੀਤਾ ਜਾਏ ਕਿ ਉਸ ਦੀ ਬਾਂਹ 'ਤੇ ਗੋਲੀ ਆਪ ਲੱਗੀ ਹੈ ਜਾਂ ਕਿ ਮਾਰੀ ਗਈ ਹੈ।

### 'ਬਲੱਡ ਮੂਨ': ਪੰਜਾਬ 'ਚ ਅੱਜ ਦਿਖਾਈ

ਜਦੋਂ ਗ੍ਰਹਿਣ ਆਪਣੇ ਆਖਰੀ ਪੜਾਅ ਵਿੱਚ ਹੋਵੇਗਾ। ਇਸ ਦਾ ਮਤਲਬ ਹੈ ਕਿ ਲੋਕ ਚੰਦ ਨੂੰ ਧਰਤੀ ਦੇ ਪਰਛਾਵੇਂ ਵਿੱਚੋਂ ਨਿਕਲਦੇ ਹੋਏ ਦੇਖਣਗੇ, ਜੋ ਪਹਿਲਾਂ ਹੀ ਗੂੜ੍ਹੇ ਲਾਲ ਰੰਗ ਵਿੱਚ ਰੰਗਿਆ ਹੋਵੇਗਾ। ਇਹ ਨਜ਼ਾਰਾ ਭਾਰਤੀ ਸਮੇਂ ਅਨੁਸਾਰ ਸ਼ਾਮ 18:48 (6:48 ਵਜੇ) 'ਤੇ ਖਤਮ ਹੋ ਜਾਵੇਗਾ, ਇਸ ਲਈ ਸਮਾਂ ਅਤੇ ਸਾਫ਼ ਪੂਰਬੀ ਅਸਮਾਨ ਬਹੁਤ ਮਹੱਤਵਪੂਰਨ ਹਨ। ਚੰਦਰ ਗ੍ਰਹਿਣ ਪੂਰਨਮਾਸ਼ੀ ਦੀ ਰਾਤ ਨੂੰ ਉਦੋਂ ਵਾਪਰਦਾ ਹੈ ਜਦੋਂ ਧਰਤੀ ਸੂਰਜ ਅਤੇ ਚੰਦ ਦੇ ਬਿਲਕੁਲ ਵਿਚਕਾਰ ਆ ਜਾਂਦੀ ਹੈ ਅਤੇ ਚੰਦ 'ਤੇ ਆਪਣਾ ਪਰਛਾਵਾਂ ਪਾਉਂਦੀ ਹੈ। ਸੂਰਜ ਗ੍ਰਹਿਣ ਦੇ ਉਲਟ, ਇਸ ਨੂੰ ਦੇਖਣ ਲਈ ਕਿਸੇ ਖਾਸ ਉਪਕਰਨ ਦੀ ਲੋੜ ਨਹੀਂ ਹੁੰਦੀ ਅਤੇ ਨੰਗੀ ਅੱਖ ਨਾਲ ਦੇਖਣਾ ਪੂਰੀ ਤਰ੍ਹਾਂ ਸੁਰੱਖਿਅਤ ਹੈ। ਇਸ ਦਾ ਲਾਲ ਰੰਗ ਧਰਤੀ ਦੇ ਵਾਤਾਵਰਣ ਵਿੱਚੋਂ ਲੰਘਣ ਵਾਲੀ ਸੂਰਜ ਦੀ ਰੋਸ਼ਨੀ ਕਾਰਨ ਹੁੰਦਾ ਹੈ। ਗ੍ਰਹਿਣ ਦਾ ਸਮਾਂ (ਭਾਰਤੀ ਸਮਾਂ): 15:20 (3:20 ਵਜੇ): ਗ੍ਰਹਿਣ ਸ਼ੁਰੂ ਹੋਵੇਗਾ।

### ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਦੇ ਵਪਾਰ

ਇਕ ਸਾਲ ਵਿੱਚ ਮਾਰਚ 2025 ਤੋਂ ਫਰਵਰੀ 2026 ਤੱਕ ਨਸ਼ਿਆਂ ਦੇ ਖ਼ਤਰੇ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਅਪਣਾਈ ਗਈ।"

ਇਸ ਮੁਹਿੰਮ ਤਹਿਤ ਕੀਤੀ ਕਾਰਵਾਈ ਦਾ ਵੇਰਵਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਸ਼ਾ ਤਸਕਰਾਂ ਵਿਰੁੱਧ ਕੁੱਲ 36,178 ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ, 51,648 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ 2,277 ਕਿਲੋ ਹੈਰੋਇਨ ਜ਼ਬਤ ਕੀਤੀ ਗਈ ਅਤੇ 49 ਲੱਖ ਤੋਂ ਵੱਧ ਨਸ਼ੇ ਦੀਆਂ ਗੋਲੀਆਂ ਤੇ ਕੈਪਸੂਲ ਜ਼ਬਤ ਕੀਤੇ ਗਏ ਹਨ।"

ਉਨ੍ਹਾਂ ਅੱਗੇ ਕਿਹਾ, "ਨਸ਼ਾ ਤਸਕਰਾਂ ਤੋਂ 16.70 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ ਅਤੇ ਤਸਕਰਾਂ ਨਾਲ ਸਬੰਧਤ ਕਰੋੜਾਂ ਰੁਪਏ ਦੀਆਂ ਜਾਇਦਾਦਾਂ ਜ਼ਬਤ ਜਾਂ ਢਾਹ ਦਿੱਤੀਆਂ ਗਈਆਂ ਹਨ। ਐਨ.ਡੀ.ਪੀ.ਐਸ. ਐਕਟ ਤਹਿਤ ਕੁੱਲ ਸਜ਼ਾ ਦਰ ਲੱਗਭੱਗ 84 ਫੀਸਦੀ ਹੈ, ਜੋ ਲਗਾਤਾਰ ਸੁਧਰ ਰਹੀ ਹੈ ਅਤੇ 2025 ਵਿੱਚ ਲੱਗਭੱਗ 88 ਫੀਸਦੀ ਤੱਕ ਪਹੁੰਚ ਗਈ ਹੈ। ਇਹ ਮਜ਼ਬੂਤ ਕੇਸ ਤਿਆਰੀ ਅਤੇ ਫੋਰੈਂਸਿਕ ਸਹਾਇਤਾ ਨੂੰ ਦਰਸਾਉਂਦੀ ਹੈ।"

ਭਗਵੰਤ ਸਿੰਘ ਮਾਨ ਨੇ ਪਿਛਲੀਆਂ ਸਰਕਾਰਾਂ ਤੋਂ ਹੁਣ ਦੇ ਹਾਲਾਤ ਵਿੱਚ ਆਏ ਸਪੱਸ਼ਟ ਫਰਕ ਬਾਰੇ ਕਿਹਾ, "ਪੁਰਾਣੇ ਆਗੂਆਂ ਦੇ ਉਲਟ ਪੰਜਾਬ ਸਰਕਾਰ ਹੁਣ ਨਸ਼ਾ ਪੀੜਤਾਂ ਦੀਆਂ ਲਾਸ਼ਾਂ ਅਤੇ ਚਿਤਾਵਾਂ ਦੀ ਕੀਮਤ 'ਤੇ ਤਸਕਰਾਂ ਨੂੰ ਵਧਦੇ-ਫੁੱਲਦੇ ਦੇਖਣ ਲਈ ਚੁੱਪ ਨਹੀਂ ਬੈਠੀ ਹੈ। ਅਸੀਂ ਨਸ਼ਾ ਤਸਕਰਾਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਈ ਹੈ।"

ਪੰਜਾਬ ਸਰਕਾਰ ਦਾ ਦ੍ਰਿੜ੍ਹ ਇਰਾਦਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ, "ਪੰਜਾਬ ਸਰਕਾਰ ਦੀ ਲੜਾਈ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਬਚਾਉਣ ਲਈ ਹੈ ਅਤੇ ਇਹ ਬਿਨਾਂ ਕਿਸੇ ਰੋਕ-ਟੋਕ ਤੋਂ ਲਗਾਤਾਰ ਜਾਰੀ ਰਹੇਗੀ।"

### ਪੰਜਾਬ ਸਰਕਾਰ ਵੱਲੋਂ ਈਰਾਨ ਇਜ਼ਰਾਈਲ

ਦਾ ਸਾਹਮਣਾ ਕਰ ਰਹੇ ਹਨ। ਪੰਜਾਬ ਸਰਕਾਰ ਵੱਲੋਂ ਇੱਕ ਹੈਲਪਲਾਈਨ ਜਾਰੀ ਕੀਤੀ ਗਈ ਹੈ ਅਤੇ ਜੇਕਰ ਕੋਈ ਵਿਅਕਤੀ ਜਾਂ ਉਸ ਦਾ ਪਰਿਵਾਰ ਇਨ੍ਹਾਂ ਦੇਸਾਂ ਵਿੱਚ ਫਸਿਆ ਹੋਇਆ ਹੈ ਤਾਂ ਉਹ ਇਨ੍ਹਾਂ ਨੰਬਰਾਂ 'ਤੇ ਕਾਲ ਕਰ ਸਕਦੇ ਹਨ।"

ਉਨ੍ਹਾਂ ਨੇ ਮੁਸੀਬਤ ਵਿੱਚ ਫਸੇ ਲੋਕਾਂ ਨੂੰ ਪੂਰੀ ਮਦਦ ਦਾ ਭਰੋਸਾ ਦਿੰਦਿਆਂ ਐਲਾਨ ਕੀਤਾ ਕਿ ਇੱਕ ਸਮਰਪਿਤ ਹੈਲਪਲਾਈਨ ਅਤੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜੋ ਦਿਨ-ਰਾਤ ਕਾਰਜਸ਼ੀਲ ਰਹੇਗਾ। ਉਨ੍ਹਾਂ ਅੱਗੇ ਕਿਹਾ, "ਜੇਕਰ ਕਿਸੇ ਵੀ ਕਿਸਮ ਦੀ ਮਦਦ ਦੀ ਲੋੜ ਹੈ ਤਾਂ ਲੋਕ 0172 2260042 ਅਤੇ 0172 2260043 'ਤੇ ਕਾਲ ਕਰ ਸਕਦੇ ਹਨ ਜਾਂ +91 94787 79112 'ਤੇ ਵਟਸਐਪ ਰਾਹੀਂ ਮੈਸੇਜ ਭੇਜ ਸਕਦੇ ਹਨ।"

ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਫਸੇ ਲੋਕਾਂ ਨੂੰ ਜਲਦ ਤੋਂ ਜਲਦ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹਾਂ।" ਖਾੜੀ ਦੇਸਾਂ ਵਿੱਚ ਫਸੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਪਰਿਵਾਰਾਂ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ, "ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਇਨ੍ਹਾਂ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।"

ਉਨ੍ਹਾਂ ਨੇ ਭਾਰਤ ਸਰਕਾਰ ਨੂੰ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਤਰੁੰਤ ਦਖਲ ਦੇਣ ਦੀ ਵੀ ਅਪੀਲ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਕੇਂਦਰ ਸਰਕਾਰ ਜੰਗ ਪ੍ਰਭਾਵਿਤ ਖਾੜੀ ਦੇਸ਼ਾਂ ਵਿੱਚ ਫਸੇ ਸਾਰੇ ਲੋਕਾਂ ਦੀ ਮੱਦਦ ਲਈ ਤੁਰੰਤ ਲੋੜੀਂਦੇ ਕਦਮ ਚੁੱਕੇਗੀ।

### ਭਾਰਤ-ਕੈਨੇਡਾ 'ਚ ਯੂਰੇਨੀਅਮ ਅਤੇ ਅਹਿਮ

ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਸਾਫ਼ ਊਰਜਾ, ਹਵਾ, ਸੂਰਜੀ ਅਤੇ ਹਾਈਡਰੋਜਨ ਖੇਤਰਾਂ ਵਿਚ ਸਾਂਝੇਦਾਰੀ ਵਧਾਈ ਜਾਵੇਗੀ। ਇਹ ਵਿਕਾਸ ਉਸ ਸਮੇਂ ਹੋਇਆ ਹੈ ਜਦੋਂ 2023 ਵਿਚ ਹਰਦੀਪ ਸਿੰਘ ਨਿੱਝਰ ਦੇ ਕਤਲ ਉਤੇ ਸਿਆਸੀ ਤਣਾਅ ਕਾਰਨ ਦੋਵੇਂ ਦੇਸ਼ਾਂ ਦੇ ਸੰਬੰਧ ਬਹੁਤ ਖਰਾਬ ਹੋ ਗਏ ਸਨ। ਪਰ ਚੋਣਾਂ 'ਚ ਕਾਰਨੀ ਦੀ ਜਿੱਤ ਤੋਂ ਬਾਅਦ ਦੋਵੇਂ ਪਾਸਿਆਂ ਨੇ ਸੰਬੰਧਾਂ ਨੂੰ ਦੁਬਾਰਾ ਸਧਾਰਨ ਕਰਨ ਲਈ ਕਦਮ ਚੁਕੇ ਹਨ।

### ਈਰਾਨ-ਇਜ਼ਰਾਈਲ ਜੰਗ ਵਿਚਾਲੇ 13 ਫ਼ੀਸਦੀ

ਆਪਣੇ ਜਹਾਜ਼ਾਂ 'ਤੇ ਹਮਲਿਆਂ ਦਾ ਡਰ ਹੈ, ਇਸ ਲਈ ਉਨ੍ਹਾਂ ਨੇ ਇਸ ਰਸਤੇ ਤੋਂ ਬਚਿਆ ਹੈ। ਮੱਧ ਪੂਰਬ ਨੂੰ ਜਾਣ ਵਾਲੇ ਇਸ ਸਮੁੰਦਰੀ ਰਸਤੇ ਨੂੰ ਦੁਨੀਆ ਦੀ ਊਰਜਾ ਜੀਵਨ ਰੇਖਾ ਮੰਨਿਆ ਜਾਂਦਾ ਹੈ। ਇਹ ਨਾ ਸਿਰਫ਼ ਕੱਚਾ ਤੇਲ ਸਗੋਂ ਵੱਡੀ ਮਾਤਰਾ ਵਿੱਚ ਗੈਸ (ਐਲ.ਐਨ.ਜੀ.) ਦੀ ਸਪਲਾਈ ਕਰਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਜੇਕਰ ਇਹ ਰਸਤਾ ਬੰਦ ਰਹਿੰਦਾ ਹੈ, ਤਾਂ ਰੋਜ਼ਾਨਾ 8 ਮਿਲੀਅਨ ਤੋਂ 10 ਮਿਲੀਅਨ ਬੈਰਲ ਤੇਲ ਦੀ ਕਮੀ ਹੋਵੇਗੀ। ਇਸ ਕਮੀ ਨੂੰ ਪੂਰਾ ਕਰਨਾ ਕਿਸੇ ਵੀ ਦੇਸ਼ ਲਈ ਅਸੰਭਵ ਹੋਵੇਗਾ। ਅਜਿਹੀ ਸਥਿਤੀ ਵਿੱਚ, ਤੇਲ ਦੀਆਂ ਕੀਮਤਾਂ 90 ਡਾਲਰ ਤੋਂ 100 ਡਾਲਰਪ੍ਰਤੀ ਬੈਰਲ ਤੱਕ ਵੱਧ ਸਕਦੀਆਂ ਹਨ, ਜਿਸ ਦਾ ਸਿੱਧਾ ਅਸਰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 'ਤੇ ਪਵੇਗਾ। ਭਾਰਤ ਆਪਣੀਆਂ ਜ਼ਿਆਦਾਤਰ ਕੱਚੇ ਤੇਲ ਦੀਆਂ ਜ਼ਰੂਰਤਾਂ ਵਿਦੇਸ਼ਾਂ ਤੋਂ ਖਰੀਦਦਾ ਹੈ। ਜੇਕਰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤਾਂ ਵਧਦੀਆਂ ਰਹੀਆਂ, ਤਾਂ ਭਾਰਤ ਦਾ ਬਜਟ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਸਕਦਾ ਹੈ। ਭਾਰਤ ਕੋਲ ਇਸ ਸਮੇਂ ਕਾਫ਼ੀ ਤੇਲ ਸਟਾਕ ਹੈ। ਹਾਲਾਂਕਿ ਓਪੇਕ+ ਦੇਸ਼ਾਂ ਨੇ ਤੇਲ ਉਤਪਾਦਨ ਵਧਾਉਣ ਦਾ ਫੈਸਲਾ ਕੀਤਾ ਹੈ, ਜੇਕਰ ਸਮੁੰਦਰੀ ਰਸਤਾ ਬੰਦ ਰਹਿੰਦਾ ਹੈ, ਤਾਂ ਵਧਿਆ ਹੋਇਆ ਉਤਪਾਦਨ ਵੀ ਬਾਜ਼ਾਰ ਤੱਕ ਨਹੀਂ ਪਹੁੰਚ ਸਕੇਗਾ। ਇਸ ਸਮੇਂ, ਮੱਧ ਪੂਰਬ ਤੋਂ ਚੀਨ, ਭਾਰਤ ਅਤੇ ਜਾਪਾਨ ਨੂੰ ਸਪਲਾਈ ਸੰਤੁਲਨ ਵਿੱਚ ਲਟਕ ਰਹੀ ਹੈ, ਜਿਸ ਨਾਲ ਆਉਣ ਵਾਲੇ ਦਿਨਾਂ ਵਿੱਚ ਮਹਿੰਗਾਈ ਹੋਰ ਵਧ ਸਕਦੀ ਹੈ।

### ਡਾਲਰ ਦੇ ਮੁਕਾਬਲੇ ਰੁਪਿਆ 42 ਪੈਸੇ

ਵਿਦੇਸ਼ੀ ਫੰਡ ਵਾਪਸ ਲੈਣ ਨਾਲ ਭਾਰਤੀ ਕਰੰਸੀ 'ਚ ਹੋਰ ਗਿਰਾਵਟ ਆਈ ਹੈ। ਐਕਸਚੇਂਜ ਦੇ ਅੰਕੜਿਆਂ ਮੁਤਾਬਕ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਸ਼ੁੱਕਰਵਾਰ ਨੂੰ 7,536.36 ਕਰੋੜ ਰੁਪਏ ਦੇ ਇਕੁਇਟੀ ਵੇਚੇ। ਮੀਰੇ ਐਸੇਟ ਸ਼ੇਅਰਖਾਨ ਦੇ ਖੋਜ ਵਿਸ਼ਲੇਸ਼ਕ ਅਨੁਜ ਚੌਧਰੀ ਨੇ ਕਿਹਾ ਕਿ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉੱਤੇ ਹਮਲਾ ਕਰਨ ਤੋਂ ਬਾਅਦ ਆਲਮੀ ਬਾਜ਼ਾਰਾਂ 'ਚ ਰੁਪਿਆ ਲੱਗਭੱਗ ਅੱਧਾ ਫੀਸਦੀ ਡਿੱਗ ਗਿਆ। ਉਨ੍ਹਾਂ ਕਿਹਾ ਕਿ ਐਫ.ਆਈ.ਆਈ. ਦੇ ਨਿਕਾਸ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿਚ ਰਾਤੋ-ਰਾਤ ਵਾਧੇ ਨੇ ਰੁਪਏ ਉੱਤੇ ਹੋਰ ਦਬਾਅ ਪਾਇਆ ਹੈ, ਜਿਸ ਨਾਲ ਵਧਦੇ ਭੂ-ਸਿਆਸੀ ਤਣਾਅ ਦੇ ਵਿਚਕਾਰ ਗਲੋਬਲ ਬਾਜ਼ਾਰਾਂ ਵਿਚ ਜੋਖਮ ਦੀਆਂ ਭਾਵਨਾਵਾਂ ਉੱਤੇ ਨਕਾਰਾਤਮਕ ਪੱਖ ਨਾਲ ਵਪਾਰ ਕਰਨ ਦੀ ਉਮੀਦ ਹੈ।

### ਪੱਛਮੀ ਏਸ਼ੀਆ ਸੰਕਟ ਦੇ ਤੇਜ਼ ਹੋਣ ਨਾਲ

ਐਕਸਚੇਂਜ ਦਾ 50 ਸ਼ੇਅਰਾਂ ਵਾਲਾ ਐਨ.ਐਸ.ਈ. ਨਿਫਟੀ 312.95 ਅੰਕ ਭਾਵ 1.24 ਫੀ ਸਦੀ ਦੀ ਗਿਰਾਵਟ ਨਾਲ 24,865.70 ਦੇ ਪੱਧਰ ਉਤੇ ਬੰਦ ਹੋਇਆ।ਸੈਂਸੈਕਸ 'ਚ ਨੁਕਸਾਨ ਹੇਠ ਰਹਿਣ ਵਾਲੇ ਪ੍ਰਮੁੱਖ ਸ਼ੇਅਰ ਇੰਟਰਗਲੋਬ ਏਵੀਏਸ਼ਨ, ਲਾਰਸਨ ਐਂਡ ਟੂਬਰੋ, ਅਡਾਨੀ ਪੋਰਟਸ, ਮਾਰੂਤੀ, ਏਸ਼ੀਅਨ ਪੇਂਟਸ ਅਤੇ ਬਜਾਜ ਫਿਨਸਰਵ ਰਹੇ। ਭਾਰਤ ਇਲੈਕਟ੍ਰਾਨਿਕਸ, ਸਨ ਫਾਰਮਾ ਅਤੇ ਆਈ.ਟੀ.ਸੀ. ਦੇ ਸ਼ੇਅਰ ਹੀ ਲਾਭ 'ਚ ਰਹੇ।

ਕੱਚੇ ਤੇਲ ਦੀ ਕੀਮਤ 8.34 ਫ਼ੀ ਸਦੀ ਦੀ ਤੇਜ਼ੀ ਨਾਲ 78.95 ਡਾਲਰ ਪ੍ਰਤੀ ਬੈਰਲ ਉਤੇ ਪਹੁੰਚ ਗਈ।ਆਨਲਾਈਨ ਟ੍ਰੇਡਿੰਗ ਅਤੇ ਵੈਲਥ ਟੈਕ ਫਰਮ ਐਨਰਿਚ ਮਨੀ ਦੇ ਸੀ.ਈ.ਓ. ਪੋਨਮੁਦੀ ਆਰ ਨੇ ਕਿਹਾ, "ਮੱਧ ਪੂਰਬ ਵਿਚ ਡੂੰਘੇ ਫੌਜੀ ਸੰਘਰਸ਼ ਦੇ ਜਵਾਬ ਵਿਚ ਤੇਜ਼ੀ ਨਾਲ ਗਿਰਾਵਟ ਦੇ ਬਾਅਦ ਭਾਰਤੀ ਇਕੁਇਟੀ ਬਾਜ਼ਾਰ ਗਿਰਾਵਟ ਵਿਚ ਬੰਦ ਹੋਏ।"

ਬੀਐਸਈ ਸਮਾਲਕੈਪ ਸਿਲੈਕਟ ਇੰਡੈਕਸ 1.81 ਫ਼ੀ ਸਦੀ ਅਤੇ ਮਿਡਕੈਪ ਸਿਲੈਕਟ ਇੰਡੈਕਸ 1.67 ਫ਼ੀ ਸਦੀ ਡਿੱਗ ਗਿਆ।ਬੀ.ਐਸ.ਈ. ਉਤੇ ਕੁਲ 3,561 ਸ਼ੇਅਰਾਂ ਵਿਚ ਗਿਰਾਵਟ ਵੇਖੀ ਗਈ, ਜਦਕਿ 821 ਸ਼ੇਅਰਾਂ ਵਿਚ ਵਾਧਾ ਹੋਇਆ ਅਤੇ 146 ਵਿਚ ਕੋਈ ਤਬਦੀਲੀ ਨਹੀਂ ਹੋਈ।ਏਸ਼ੀਆਈ ਬਾਜ਼ਾਰਾਂ 'ਚ, ਜਾਪਾਨ ਦਾ ਨਿੱਕੀ 225 ਅੰਕ ਡਿੱਗ ਗਿਆ ਅਤੇ ਹਾਂਗਕਾਂਗ ਦਾ ਹੈਂਗ ਸੇਂਗ ਇੰਡੈਕਸ 2 ਫ਼ੀ ਸਦੀ ਤੋਂ ਵੱਧ ਡਿੱਗ ਗਿਆ, ਜਦਕਿ ਸ਼ੰਘਾਈ ਦਾ ਐਸ.ਐਸ.ਈ. ਕੰਪੋਜ਼ਿਟ ਇੰਡੈਕਸ ਸਕਾਰਾਤਮਕ ਖੇਤਰ ਵਿਚ ਬੰਦ ਹੋਇਆ. ਦਖਣੀ ਕੋਰੀਆ ਵਿਚ ਇਕੁਇਟੀ ਬਾਜ਼ਾਰ ਛੁੱਟੀ ਕਾਰਨ ਬੰਦ ਸਨ। ਹੋਲੀ ਲਈ ਮੰਗਲਵਾਰ ਨੂੰ ਇਕੁਇਟੀ ਬਾਜ਼ਾਰ ਬੰਦ ਰਹਿਣਗੇ।

### ਭਾਰਤ ਅਜੇ ਵੀ ਕੈਨੇਡਾ 'ਚ ਵਿਦੇਸ਼ੀ ਦਖ਼ਲਅੰਦਾਜ਼ੀ

ਸੁੱਖ ਧਾਲੀਵਾਲ ਨੇ ਵੀ ਅਧਿਕਾਰੀ ਦੀ ਟਿੱਪਣੀ 'ਤੇ ਸਵਾਲ ਖੜ੍ਹੇ ਕੀਤੇ। ਵਿਦੇਸ਼ ਮਾਮਲਿਆਂ ਦੀ ਮੰਤਰੀ ਅਨੀਤਾ ਆਨੰਦ ਨੇ ਸਪੱਸ਼ਟ ਜਵਾਬ ਦੇਣ ਤੋਂ ਇਨਕਾਰ ਕਰ ਦਿੱਤਾ ਕਿ ਕੀ ਭਾਰਤੀ ਏਜੰਟਾਂ ਨਾਲ ਸੰਬੰਧਿਤ ਹਿੰਸਾ ਰੁਕੀ ਹੈ ਜਾਂ ਨਹੀਂ। ਉਨ੍ਹਾਂ ਕਿਹਾ ਕਿ ਚਿੰਤਾਵਾਂ ਦਾ ਹੱਲ ਸਿੱਧੀ ਗੱਲਬਾਤ ਰਾਹੀਂ ਕੀਤਾ ਜਾ ਸਕਦਾ ਹੈ।

### ਪੰਜਾਬ 'ਚ 6 ਮਾਰਚ ਤੱਕ ਮੌਸਮ ਬਿਲਕੁੱਲ

ਆਮ ਨਾਲੋਂ 5.8 ਡਿਗਰੀ ਸੈਲਸੀਅਸ ਵੱਧ ਦਰਜ ਕੀਤਾ ਗਿਆ ਹੈ। ਇਸ ਦੇ ਨਾਲ ਹੀ ਹਾਲਾਂਕਿ 0.1 ਡਿਗਰੀ ਸੈਲਸੀਅਸ ਦੀ ਥੋੜ੍ਹੀ ਜਿਹੀ ਗਿਰਾਵਟ ਵੀ ਦਰਜ ਕੀਤੀ ਗਈ। ਅੰਮ੍ਰਿਤਸਰ ਵਿੱਚ ਘੱਟੋ-ਘੱਟ ਤਾਪਮਾਨ 10.5 ਡਿਗਰੀ ਸੈਲਸੀਅਸ ਸੀ, ਜੋ ਕਿ ਪੂਰੇ ਮੈਦਾਨੀ ਇਲਾਕਿਆਂ ਵਿੱਚ ਸਭ ਤੋਂ ਘੱਟ ਹੈ। ਚੰਡੀਗੜ੍ਹ ਮੌਸਮ ਵਿਭਾਗ ਦੇ ਅਨੁਸਾਰ, ਅਗਲੇ ਪੰਜ ਦਿਨਾਂ ਵਿੱਚ ਉੱਤਰ-ਪੱਛਮੀ ਭਾਰਤ, ਜਿਸ ਵਿੱਚ ਪੰਜਾਬ ਅਤੇ ਚੰਡੀਗੜ੍ਹ ਸ਼ਾਮਲ ਹਨ, ਵਿੱਚ ਵੱਧ ਤੋਂ ਵੱਧ ਤਾਪਮਾਨ 3 ਤੋਂ 5 ਡਿਗਰੀ ਸੈਲਸੀਅਸ ਹੋਰ ਵਧਣ ਦੀ ਉਮੀਦ ਹੈ। ਚੰਡੀਗੜ੍ਹ ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਨੇ ਕਿਹਾ ਕਿ ਸੂਬੇ ਵਿਚ ਮੌਸਮ ਖ਼ੁਸ਼ਕ ਰਹਿਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ ਠੰਡੀਆਂ ਹਵਾਵਾਂ ਚੱਲਣ ਦੀ ਵੀ ਸੰਭਾਵਨਾ ਜਤਾਈ ਗਈ ਹੈ। ਇਥੇ ਇਹ ਵੀ ਦੱਸ ਦੇਈਏ ਕਿ ਮਾਰਚ ਤੋਂ ਮਈ ਮਹੀਨਿਆਂ ਦੌਰਾਨ ਦੇਸ਼ ਦੇ ਜ਼ਿਆਦਾਤਰ ਹਿੱਸਿਆਂ 'ਚ 'ਲੂ' ਨਾਲ ਪ੍ਰਭਾਵਿਤ ਹੋਣਗੇ। ਮੌਸਮ ਵਿਭਾਗ ਮੁਤਾਬਕ ਇਨ੍ਹਾਂ ਖੇਤਰਾਂ 'ਚ ਪੰਜਾਬ, ਪੱਛਮੀ ਰਾਜਸਥਾਨ, ਗੁਜਰਾਤ, ਝਾਰਖੰਡ, ਪੱਛਮੀ ਬੰਗਾਲ ਵਿਚ ਗੰਗਾ ਦੇ ਮੈਦਾਨ, ਉੜੀਸਾ, ਛੱਤੀਸਗੜ੍ਹ, ਤਿਲੰਗਾਨਾ, ਆਂਧਰਾ ਪ੍ਰਦੇਸ਼ ਅਤੇ ਉੱਤਰੀ ਕਰਨਾਟਕ ਤੇ ਉੱਤਰੀ ਤਾਮਿਲਨਾਡੂ, ਹਰਿਆਣਾ, ਦੱਖਣੀ ਤੇ ਪੂਰਬੀ ਮਹਾਰਾਸ਼ਟਰ, ਪੂਰਬੀ ਉੱਤਰ ਪ੍ਰਦੇਸ਼, ਬਿਹਾਰ ਦੇ ਕੁਝ ਹਿੱਸੇ ਸ਼ਾਮਲ ਹਨ।

### ਉੱਤਰ ਪ੍ਰਦੇਸ਼ : ਖੜ੍ਹੇ ਟਰੱਕ 'ਚ ਵੱਜੀ ਰੋਡਵੇਜ਼ ਬੱਸ,

ਸਵਾਰ 35 'ਚੋਂ 31 ਯਾਤਰੀ ਜ਼ਖ਼ਮੀ ਹੋ ਗਏ। ਪੁਲਿਸ ਨੇ ਦੱਸਿਆ ਕਿ ਜ਼ਖ਼ਮੀਆਂ ਨੂੰ ਬਾਂਗਰਮਊ ਸਥਿਤ ਕਮਿਊਨਿਟੀ ਹੈਲਥ ਸੈਂਟਰ ਲਿਜਾਇਆ ਗਿਆ। ਗੰਭੀਰ ਰੂਪ ਨਾਲ ਜ਼ਖ਼ਮੀ ਕੁਝ ਯਾਤਰੀਆਂ ਨੂੰ ਜ਼ਿਲ੍ਹਾ ਹਸਪਤਾਲ ਰੈਫਰ ਕੀਤਾ ਗਿਆ, ਜਿੱਥੇ ਡਾਕਟਰਾਂ ਨੇ ਤਿੰਨ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕਾਂ 'ਚ ਇਕ ਦੀ ਪਛਾਣ 20 ਸਾਲਾ ਰਾਜਪੂਤ ਵਜੋਂ ਹੋਈ ਹੈ, ਜਦੋਂ ਕਿ 2 ਹੋਰ ਦੀ ਪਛਾਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪੁਲਿਸ ਨੇ ਦੱਸਿਆ ਕਿ 11 ਜ਼ਖ਼ਮੀਆਂ ਦਾ ਇਲਾਜ ਜਾਰੀ ਹੈ, ਜਦੋਂ ਕਿ ਮਾਮੂਲੀ ਰੂਪ ਨਾਲ ਜ਼ਖ਼ਮੀ ਹੋਰ ਯਾਤਰੀਆਂ ਨੂੰ ਮੁੱਢਲੇ ਇਲਾਜ ਤੋਂ ਬਾਅਦ ਵਿਕਲਪਿਕ ਬੱਸਾਂ 'ਚ ਉਨ੍ਹਾਂ ਦੀ ਮੰਜ਼ਲ ਲਈ ਰਵਾਨਾ ਕੀਤਾ ਗਿਆ। ਥਾਣਾ ਇੰਚਾਰਜ ਅਖਿਲੇਸ਼ ਪਾਂਡੇ ਨੇ ਕਿਹਾ ਕਿ ਸ਼ੁਰੂਆਤੀ ਜਾਂਚ 'ਚ ਬੱਸ ਡਰਾਈਵਰ ਨੂੰ ਨੀਂਦ ਆਉਣ ਦੀ ਗੱਲ ਸਾਹਮਣੇ ਆਈ ਹੈ, ਜਿਸ ਨਾਲ ਵਾਹਨ ਬੇਕਾਬੂ ਹੋ ਕਿ ਟਰੱਕ ਨਾਲ ਟਕਰਾ ਗਿਆ। ਉਨ੍ਹਾਂ ਦੱਸਿਆ ਕਿ ਦੋਵੇਂ ਨੁਕਸਾਨੇ ਵਾਹਨਾਂ ਨੂੰ ਹਟਾ ਕੇ ਐਕਸਪ੍ਰੈਸ ਵੇਅ 'ਤੇ ਆਵਾਜਾਈ ਆਮ ਕਰਵਾ ਦਿੱਤੀ ਗਈ ਹੈ।

### ਪਟਿਆਲਾ 'ਚ ਪ੍ਰਮਾਣੂ ਬਿਜਲੀ ਘਰ ਲਗਾਉਣ

ਹੋਇਆ ਤਾਂ ਕੇਂਦਰ ਸਰਕਾਰ ਪੂਰਾ ਸਹਿਯੋਗ ਦੇਵੇਗੀ।

ਸੈਸ਼ਨ ਦੌਰਾਨ ਖੇਤੀਬਾੜੀ ਵਿੱਚ ਫਸਲੀ ਵਿਭਿੰਨਤਾ, ਕਿਸਾਨਾਂ ਦੀ ਆਮਦਨ ਵਾਧਾ, ਜਲ ਪ੍ਰਬੰਧਨ, ਉਦਯੋਗਿਕ ਪੁਨਰਜਾਗਰਣ, 'ਈਜ਼ ਆਫ ਡੂਇੰਗ ਬਿਜ਼ਨਸ', ਨੌਜਵਾਨਾਂ ਲਈ ਹੁਨਰ ਵਿਕਾਸ, ਸਟਾਰਟਅਪਸ, ਆਰਟੀਫੀਸ਼ਲ ਇੰਟੈਲੀਜੈਂਸ, ਰੋਬੋਟਿਕਸ ਅਤੇ ਨਸ਼ਾ ਮੁਕਤੀ ਵਰਗੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਹੋਈ। ਵੱਖ-ਵੱਖ ਖੇਤਰਾਂ ਦੇ ਵਿਦਵਾਨਾਂ ਅਤੇ ਮਾਹਿਰਾਂ ਨੇ ਪੰਜਾਬ ਦੇ ਟਿਕਾਊ ਵਿਕਾਸ ਲਈ ਰਣਨੀਤਕ ਸੁਝਾਅ ਦਿੱਤੇ।

ਕੇਂਦਰੀ ਮੰਤਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦਾ ਦੇਸ਼ ਦੀ ਆਜ਼ਾਦੀ ਅਤੇ ਆਰਥਿਕ ਵਿਕਾਸ ਵਿੱਚ ਵਿਸ਼ੇਸ਼ ਯੋਗਦਾਨ ਰਿਹਾ ਹੈ। ਉਨ੍ਹਾਂ ਇੰਦਸ ਜਲ ਸੰਧੀ ਸਬੰਧੀ ਕਿਹਾ ਕਿ ਮੌਜੂਦਾ ਫੈਸਲਿਆਂ ਨਾਲ ਪੰਜਾਬ ਅਤੇ ਜੰਮੂ-ਕਸ਼ਮੀਰ ਨੂੰ ਸ਼ਾਹਪੁਰ ਕੰਡੀ ਡੈਮ ਅਤੇ ਉਝ ਮਲਟੀਪਰਪਜ਼ ਪ੍ਰੋਜੈਕਟ ਰਾਹੀਂ ਲੱਖਾਂ ਹੈਕਟੇਅਰ ਜ਼ਮੀਨ ਦੀ ਸਿੰਚਾਈ ਦਾ ਲਾਭ ਮਿਲੇਗਾ।

ਸੈਸ਼ਨ ਦੇ ਅੰਤ ਵਿੱਚ ਇਸ ਤਰ੍ਹਾਂ ਦੇ ਵਿਚਾਰ-ਮੰਚ ਨੂੰ ਸੰਸਥਾਗਤ ਰੂਪ ਦੇਣ 'ਤੇ ਸਹਿਮਤੀ ਜਤਾਈ ਗਈ, ਤਾਂ ਜੋ ਸਰਕਾਰੀ ਏਜੰਸੀਆਂ ਨਾਲ ਮਿਲਕੇ ਪੰਜਾਬ ਲਈ ਲੰਬੇ ਸਮੇਂ ਦਾ ਰੋਡਮੈਪ ਤਿਆਰ ਕੀਤਾ ਜਾ ਸਕੇ।

ਇਸ ਮੌਕੇ ਵੱਖ-ਵੱਖ ਖੇਤਰਾਂ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਾਗ ਲਿਆ ਅਤੇ ਪੰਜਾਬ ਨੂੰ ਮੁੜ ਦੇਸ਼ ਦਾ ਅਗੇਵਾਂ ਸੂਬਾ ਬਣਾਉਣ ਲਈ ਸਾਂਝੇ ਯਤਨਾਂ 'ਤੇ ਜ਼ੋਰ ਦਿੱਤਾ।

### ਧਰਮ ਪਰਿਵਰਤਨ 'ਤੇ ਸਿਰਫ਼ ਬਿਆਨਬਾਜ਼ੀ

ਕਾਰਵਾਈ ਕਰਨ ਦੀ ਲੋੜ ਹੈ।

ਪ੍ਰਧਾਨ ਧਾਮੀ ਨੇ ਦੱਸਿਆ ਕਿ ਸਰਹੱਦੀ ਇਲਾਕਿਆਂ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਵਲੰਟੀਅਰ ਤਾਇਨਾਤ ਕੀਤੇ ਗਏ ਹਨ, ਜੋ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰ ਰਹੇ ਹਨ ਅਤੇ ਗੁਰਮਤਿ ਅਧਾਰਿਤ ਜਾਗਰੂਕਤਾ ਫੈਲਾ ਰਹੇ ਹਨ।

ਉਨ੍ਹਾਂ ਨੇ ਸਿੱਖ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਨਿਮਾਣਿਆਂ ਨੂੰ ਮਾਣ ਅਤੇ ਨਿਤਾਣਿਆਂ ਨੂੰ ਤਾਣ ਦਿੱਤਾ। ਖਾਲਸਾ ਪੰਥ ਦੀ ਸਥਾਪਨਾ ਸਮੇਂ ਪੰਜ ਪਿਆਰਿਆਂ ਦੀ ਚੋਣ ਇਸ ਗੱਲ ਦਾ ਪ੍ਰਮਾਣ ਹੈ ਕਿ ਸਿੱਖ ਧਰਮ ਸਮਾਨਤਾ ਅਤੇ ਉੱਚੇ ਆਦਰਸ਼ਾਂ 'ਤੇ ਆਧਾਰਿਤ ਹੈ।

ਉਨ੍ਹਾਂ ਨੇ ਪਾਕਿਸਤਾਨ ਵਿੱਚ ਸਥਿਤ ਗੁਰਧਾਮਾਂ ਦੀਆਂ ਜਾਇਦਾਦਾਂ ਬਾਰੇ ਵੀ ਚਿੰਤਾ ਜਤਾਈ। ਉਨ੍ਹਾਂ ਦੱਸਿਆ ਕਿ ਜਦੋਂ ਨਨਕਾਣਾ ਸਾਹਿਬ ਦੀ ਸ਼ਤਾਬਦੀ ਮੌਕੇ ਉਹ ਪਾਕਿਸਤਾਨ ਗਏ ਸਨ, ਤਾਂ ਉਨ੍ਹਾਂ ਨੇ ਉੱਥੇ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਗੁਰਦੁਆਰਿਆਂ ਦੀ ਸੰਪਤੀ ਅਤੇ ਪ੍ਰਬੰਧ ਬਾਰੇ ਜਾਣਕਾਰੀ ਲਈ ਸੀ।

ਉਨ੍ਹਾਂ ਨੇ ਕਿਹਾ ਕਿ ਗੁਰਧਾਮਾਂ ਦੀ ਜਾਇਦਾਦ ਵੇਚਣ ਦਾ ਕੰਮ ਠੀਕ ਨਹੀਂ ਹੈ। ਅੰਤ ਵਿੱਚ ਉਨ੍ਹਾਂ ਨੇ ਕਿਹਾ ਕਿ ਉਹ ਪਾਕਿਸਤਾਨ ਸਰਕਾਰ ਨੂੰ ਅਪੀਲ ਕਰਦੇ ਹਨ ਕੇ ਧਾਰਮਿਕ ਸਥਾਨਾਂ ਦੀ ਪਵਿੱਤਰਤਾ ਅਤੇ ਸੰਪਤੀ ਦੀ ਰੱਖਿਆ ਯਕੀਨੀ ਬਣਾਈ ਜਾਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਬੁਲਾਰੇ ਭਾਈ ਅਮਰਜੀਤ ਸਿੰਘ ਚਾਵਲਾ, ਜਥੇਦਾਰ ਰਾਮ ਸਿੰਘ, ਸਾਬਕਾ ਮੰਤਰੀ ਸੋਹਣ ਸਿੰਘ ਠੰਡਲ, ਸਾਬਕਾ ਮੈਨੇਜਰ ਕਰਮ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

# ਸ੍ਰੀ ਅਨੰਦਪੁਰ ਸਾਹਿਬ ਵਿਖੇ ਹਰ ਮੌਸਮ ਲਈ ਅਨੁਕੂਲ ਸਥਾਈ ਏਸੀ ਟੈਂਟ ਸਿਟੀ ਸੰਗਤ ਨੂੰ ਸਮਰਪਿਤ ਕੀਤੀ : ਬੈਂਸ

ਸ੍ਰੀ ਅਨੰਦਪੁਰ ਸਾਹਿਬ, 2 ਮਾਰਚ (ਤਰਲੋਚਨ ਸਿੰਘ, ਹਰਪ੍ਰੀਤ ਸਿੰਘ): ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਚੱਲ ਰਹੇ ਹੋਲਾ ਮਹੱਲਾ ਸਬੰਧੀ ਸਮਾਗਮਾਂ ਮੌਕੇ ਜੁੜਨ ਵਾਲੀ ਵੱਡੀ ਗਿਣਤੀ ਸੰਗਤ ਲਈ ਬਣਾਈ ਗਈ ਸਥਾਈ ਟੈਂਟ ਸਿਟੀ ਸਮੇਤ ਨਿਰਵਿਘਨ ਧਾਰਮਿਕ ਦਰਸ਼ਨਾਂ ਨੂੰ ਯਕੀਨੀ ਬਣਾਉਣ ਲਈ ਬੁਨਿਆਦੀ ਢਾਂਚੇ ਦੇ ਵਿਸਥਾਰ ਤੇ ਵਾਤਾਵਰਣਪੱਖੀ ਕਾਰਜਾਂ ਨੂੰ ਉਤਸ਼ਾਹਿਤ ਕਰਨ ਕੀਤੇ ਵਿਆਪਕ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਭਾਰਤ ਦੀ ਪਹਿਲੀ ਸਥਾਈ (ਪਰਮਾਨੈਂਟ) ਏਅਰ-ਕੰਡੀਸ਼ਨਡ ਟੈਂਟ ਸਿਟੀ ਤੇ ਗ੍ਰੀਨ ਹੋਲਾ ਮਹੱਲਾ ਸਮੇਤ ਕਈ ਅਹਿਮ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ, "ਪਿਛਲੇ ਸਾਲ ਇੱਕ ਅਸਥਾਈ ਢਾਂਚੇ ਦੀ ਸਫਲਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੀਖਣ ਤੋਂ ਬਾਅਦ ਇੱਕ ਸਥਾਈ ਟੈਂਟ ਸਿਟੀ ਬਣਾਉਣ ਬਾਰੇ ਵਿਚਾਰ ਰੱਖਿਆ ਗਿਆ ਸੀ ਅਤੇ ਹੁਣ ਪਵਿੱਤਰ ਨਗਰੀ ਵਿਖੇ ਸਥਾਈ ਟੈਂਟ ਸਿਟੀ ਸਥਾਪਤ ਕੀਤੀ ਗਈ ਹੈ। ਸਿੱਖਿਆ ਮੰਤਰੀ ਨੇ ਕਿਹਾ, "ਇਹ ਪੰਜਾਬ ਦੇ ਧਾਰਮਿਕ ਸੈਰ-ਸਪਾਟੇ ਲਈ ਇੱਕ ਇਤਿਹਾਸਕ ਪਲ ਹੈ। ਅਸੀਂ ਅੱਜ ਇੱਕ ਸਥਾਈ, ਪੂਰੀ ਤਰ੍ਹਾਂ ਏਅਰ-ਕੰਡੀਸ਼ਨਡ ਟੈਂਟ ਸਿਟੀ ਸੰਗਤ ਨੂੰ ਸਮਰਪਿਤ ਕਰ ਰਹੇ ਹਾਂ। ਇਹ ਸਹੂਲਤ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਹੂਲਤ ਹੈ ਜੋ ਸਾਲ ਭਰ ਸੰਗਤ ਨੂੰ ਸੁਖਦ ਰਿਹਾਇਸ਼ ਦੇਵੇਗੀ। ਇਸ ਨਾਲ



ਨਾ ਸਿਰਫ਼ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੰਗਤ ਨੂੰ ਸਹੂਲਤ ਹੋਵੇਗੀ, ਬਲਕਿ ਸ੍ਰੀ ਅਨੰਦਪੁਰ ਸਾਹਿਬ ਦੀ ਸੈਰ-ਸਪਾਟਾ ਸੰਭਾਵਨਾ ਨੂੰ ਵੀ ਵੱਡਾ ਹੁਲਾਰਾ ਮਿਲੇਗਾ, ਜਿਸ ਨਾਲ ਇੱਥੇ ਆਉਣ ਵਾਲੀ ਸੰਗਤ ਨੂੰ ਬਿਹਤਰ ਅਨੁਭਵ ਮਿਲੇਗਾ।" ਵਾਤਾਵਰਣ ਸੰਭਾਲ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਸਾਲ ਗਰੀਨ ਹੋਲਾ ਮਹੱਲਾ ਮਨਾਇਆ ਜਾਵੇਗਾ। ਸਿੱਖਿਆ ਮੰਤਰੀ ਨੇ ਅੱਗੇ ਦੱਸਿਆ ਕਿ ਸਿੰਗਲ-ਯੂਜ਼ ਪਲਾਸਟਿਕ 'ਤੇ ਵਿਆਪਕ ਪਾਬੰਦੀ ਲਾਗੂ ਕੀਤੀ ਗਈ ਹੈ, ਪਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਾਰੇ ਲੰਗਰ ਸਥਾਨਾਂ 'ਤੇ ਬਾਇਓਡੀਗ੍ਰੇਡੇਬਲ ਬਦਲ ਪ੍ਰਦਾਨ ਕਰਨ ਦਾ ਸਾਰਾ ਖਰਚ ਕੀਤਾ ਜਾਵੇਗਾ।

ਹਰਜੋਤ ਸਿੰਘ ਬੈਂਸ ਨੇ ਕਿਹਾ, "ਲੱਖਾਂ ਦੀ ਗਿਣਤੀ ਵਿੱਚ ਸੰਗਤ ਦੀ ਸੇਵਾ ਲਈ ਵੱਡੇ ਪੱਧਰ 'ਤੇ ਲੰਗਰ ਲਗਾਏ ਜਾ ਰਹੇ ਹਨ, ਇਸ ਲਈ ਅਸੀਂ ਵਾਤਾਵਰਣ ਸਬੰਧੀ ਚਿੰਤਾਵਾਂ ਨੂੰ ਤਰਜੀਹ ਦਿੱਤੀ ਹੈ। ਵਰਤੀ ਜਾਣ ਵਾਲੀ ਹਰ ਪਲੇਟ, ਕੱਪ ਤੇ ਭਾਂਡੇ ਬਾਇਓਡੀਗ੍ਰੇਡੇਬਲ, ਗੈਰ-ਪਲਾਸਟਿਕ ਸਮੱਗਰੀ ਤੋਂ ਬਣੇ ਹੋਣਗੇ।" ਦੁਨੀਆਂ ਭਰ ਦੀ ਸਿੱਖ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂਘਰ ਦਰਸ਼ਨਾਂ ਲਈ ਆਉਣ ਦਾ ਸੱਦਾ ਦਿੰਦਿਆਂ, ਬੈਂਸ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਤੇ ਫਤਿਹਗੜ੍ਹ ਸਾਹਿਬ ਵਿਖੇ ਸ਼ਹੀਦੀ ਸਭਾ ਨੂੰ ਪੂਰੀ ਸ਼ਰਧਾ ਨਾਲ ਮਨਾਉਣ ਤੋਂ ਬਾਅਦ, ਸੂਬਾ ਸਰਕਾਰ ਵੱਲੋਂ ਹੁਣ ਨਵੇਂ ਜੋਸ਼ ਨਾਲ ਹੋਲਾ ਮਹੱਲਾ ਮਨਾਇਆ ਜਾ ਰਿਹਾ ਹੈ। ਉਨ੍ਹਾਂ ਸਾਰੀ ਸੰਗਤ ਨੂੰ ਆਪਣੇ ਪਰਿਵਾਰਾਂ ਸਮੇਤ ਹੋਲੇ ਮਹੱਲੇ ਵਿੱਚ ਸ਼ਾਮਲ ਹੋਣ ਤੇ ਇਸ ਇਤਿਹਾਸਕ ਜਸ਼ਨ ਦੀ ਅਧਿਆਤਮਿਕ ਸ਼ਾਨ ਦਾ ਆਨੰਦ ਮਾਨਣ ਦਾ ਸੱਦਾ ਦਿੱਤਾ। ਉਨ੍ਹਾਂ ਦੱਸਿਆ ਕਿ ਪਵਿੱਤਰ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਲਾਈਟਾਂ ਨਾਲ ਵੱਡੇ ਪੱਧਰ 'ਤੇ ਸਜਾਇਆ ਗਿਆ ਹੈ ਜੋ ਰਾਤ ਸਮੇਂ ਇਕ ਰੂਹਾਨੀ ਅਨੁਭਵ ਪ੍ਰਦਾਨ ਕਰਦਾ ਹੈ। ਪੰਜ ਪਿਆਰਿਆਂ ਦੇ ਪਾਰਕ ਨੂੰ ਹੁਣ ਪੂਰੀ ਤਰ੍ਹਾਂ ਨਵਾਂ ਰੂਪ ਦਿੱਤਾ ਗਿਆ ਹੈ ਜੋ ਵਿਰਾਸਤੀ ਸ਼ਾਨ ਬਹਾਲੀ ਵੱਲ ਸਰਕਾਰ ਦੀ ਤਰਜੀਹ ਨੂੰ ਦਰਸਾਉਂਦਾ ਹੈ। ਭਾਈ ਜੈਤਾ ਜੀ ਅਜਾਇਬ ਘਰ ਅਤੇ ਹੋਰ ਸਥਾਨ ਆਪਣੇ ਅਮੀਰ ਇਤਿਹਾਸਕ ਪ੍ਰਦਰਸ਼ਨੀਆਂ ਨਾਲ ਸੰਗਤਾਂ ਨੂੰ ਆਕਰਸ਼ਿਤ ਕਰਦੇ ਰਹਿੰਦੇ ਹਨ। ਪੰਜਾਬ ਦੇ ਹਰ ਕੋਨੇ ਕੋਨੇ ਤੋਂ ਟਰੈਕਟਰਾਂ ਅਤੇ ਟਰਾਲੀਆਂ 'ਤੇ ਆਉਣ ਵਾਲੀ ਸੰਗਤ ਦੇ ਪ੍ਰਬੰਧਨ ਲਈ, ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਨੇ 28 ਸਮਰਪਿਤ ਪਾਰਕਿੰਗ ਜ਼ੋਨ ਅਤੇ ਦੋ ਵਿਸ਼ੇਸ਼ 'ਟਰਾਲੀ ਸਿਟੀ' ਅਤੇ ਟਰਾਲੀ ਸਟ੍ਰੀਟ ਸਥਾਪਤ ਕੀਤੀਆਂ ਹਨ। ਬਾਥਰੂਮ, ਸੀਸੀਟੀਵੀ ਨਿਗਰਾਨੀ ਅਤੇ ਜਾਣਕਾਰੀ ਦੇਣ ਵਾਲੀਆਂ ਐਲਈਡੀ ਸਕ੍ਰੀਨਾਂ ਨਾਲ ਲੈਸ ਇਹ ਸਹੂਲਤਾਂ ਵੱਖ-ਵੱਖ ਖੇਤਰਾਂ ਵਿੱਚ ਸੇਵਾ ਲਈ ਰਣਨੀਤਕ ਤੌਰ 'ਤੇ ਸਥਿਤ ਹਨ। ਮਾਝਾ ਅਤੇ ਦੋਆਬਾ ਵਾਲੀ ਸੰਗਤ ਨੂੰ ਚਰਨ ਗੰਗਾ ਦੇ ਨੇੜੇ ਟਰਾਲੀ ਸਿਟੀ ਵੱਲ ਭੇਜਿਆ ਜਾਵੇਗਾ, ਜਦੋਂ ਕਿ ਮਾਲਵਾ ਤੇ ਚੰਡੀਗੜ੍ਹ ਵਾਲੇ ਪਾਸੇ ਤੋਂ ਆਉਣ ਵਾਲੀ ਸੰਗਤ ਨੂੰ ਪਿੰਡ ਝਿੰਜੜੀ ਵਿੱਚ ਸਥਿਤ ਸਹੂਲਤ 'ਤੇ ਠਹਿਰਾਇਆ ਜਾਵੇਗਾ। ਹਰਜੋਤ ਸਿੰਘ ਬੈਂਸ ਨੇ ਅੱਗੇ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ 'ਤੇ ਸੰਗਤਾਂ ਨੂੰ ਲਿਜਾਣ ਲਈ 100 ਈ-ਰਿਕਸ਼ਾ ਸ਼ਟਲ ਸੇਵਾਵਾਂ ਚਲਾਈਆਂ ਜਾਣਗੀਆਂ ਤਾਂ ਜੋ ਹੋਲਾ ਮਹੱਲਾ ਦੌਰਾਨ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ 2 ਅਤੇ 3 ਮਾਰਚ ਨੂੰ ਵਿਰਾਸਤ-ਏ-ਖਾਲਸਾ ਵਿਖੇ ਸ਼ਾਮ ਵੇਲੇ ਅਸਮਾਨ ਵਿੱਚ ਆਤਿਸ਼ਬਾਜ਼ੀ ਦੀ ਸ਼ਾਨਦਾਰ ਪੇਸ਼ਕਾਰੀ ਦਿਖਾਈ ਜਾਵੇਗੀ, ਜਿਸ ਨਾਲ ਹੋਲਾ ਮਹੱਲਾ ਦੇ ਜਸ਼ਨਾਂ ਦਾ ਰੰਗ ਹੋਰ ਵੀ ਗੂੜ੍ਹਾ ਹੋ ਜਾਵੇਗਾ।

ਸਿਹਤ ਤੇ ਸੁਰੱਖਿਆ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਚਰਨ ਗੰਗਾ ਸਟੇਡੀਅਮ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੂਰੀ ਤਰ੍ਹਾਂ ਲੈਸ ਐਂਬੂਲੈਂਸਾਂ ਤਾਇਨਾਤ ਕੀਤੀਆਂ ਗਈਆਂ ਹਨ, ਜਦੋਂ ਕਿ ਹਰ ਪਾਰਕਿੰਗ ਤੇ ਮੁੱਖ ਸੰਗਤ ਸਥਾਨ 'ਤੇ ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ। ਉਨ੍ਹਾਂ ਅੱਗੇ ਕਿਹਾ, "ਸੰਗਤ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਚਰਨ ਗੰਗਾ ਸਟੇਡੀਅਮ ਨੇੜੇ ਮੁੱਖ ਇਕੱਠ ਦੇ ਰਸਤੇ 'ਤੇ ਤਿੰਨ-ਪਰਤੀ ਬੈਰੀਕੇਡਿੰਗ ਪ੍ਰਣਾਲੀ ਦੇ ਨਾਲ ਮਜ਼ਬੂਤ ਸੁਰੱਖਿਆ ਉਪਾਅ ਕੀਤੇ ਗਏ ਹਨ ਅਤੇ ਨਿਹੰਗ ਸਿੰਘਾਂ ਨੂੰ ਆਪਣੇ ਰਵਾਇਤੀ ਯੁੱਧ ਪ੍ਰਦਰਸ਼ਨਾਂ ਲਈ ਲੋੜੀਂਦੀ ਜਗ੍ਹਾ ਪ੍ਰਦਾਨ ਕੀਤੀ ਗਈ ਹੈ।" ਮੁੱਖ ਇਕੱਠ ਦੀ ਅਸਲ-ਸਮੇਂ ਦੀ ਜਾਣਕਾਰੀ ਅਤੇ ਲਾਈਵ ਪ੍ਰਸਾਰਣ ਪ੍ਰਦਾਨ ਕਰਨ ਲਈ ਮੁੱਖ ਸਥਾਨਾਂ 'ਤੇ 20 ਵੱਡੀਆਂ ਐਲਈਡੀ ਸਕ੍ਰੀਨਾਂ ਦਾ ਇੱਕ ਨੈੱਟਵਰਕ ਲਗਾਇਆ ਗਿਆ ਹੈ। ਇਹ ਪਹਿਲਕਦਮੀ ਪਾਰਕਿੰਗ ਖੇਤਰਾਂ ਵਿੱਚ ਸ਼ਰਧਾਲੂਆਂ ਨੂੰ ਵਿਰਾਸਤੀ ਖੇਡਾਂ ਤੇ ਕਰਾਫਟ ਮੇਲੇ ਸਮੇਤ ਚੱਲ ਰਹੇ ਸਮਾਗਮਾਂ ਨਾਲ ਜੋੜੀ ਰੱਖੇਗੀ। ਹਰਜੋਤ ਸਿੰਘ ਬੈਂਸ ਨੇ ਇਸ ਇਤਿਹਾਸਕ ਜਸ਼ਨ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਮਹੀਨਿਆਂ ਦੀ ਤਿਆਰੀ ਤੇ ਸਖ਼ਤ ਮਿਹਨਤ ਲਈ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

## ਜੱਥੇਦਾਰ ਗੜਗੱਜ, ਭਾਈ ਅਮਰਜੀਤ ਸਿੰਘ ਚਾਵਲਾ ਤੇ ਡਾ. ਦਲਜੀਤ ਸਿੰਘ ਚੀਮਾ ਨੇ ਸੰਗਤਾਂ ਨੂੰ ਹੋਲੇ-ਮਹੱਲੇ ਦੀਆਂ ਦਿੱਤੀਆਂ ਵਧਾਈਆਂ

### ਹੋਲੇ-ਮਹੱਲੇ ਦੇ ਪਹਿਲੇ ਦਿਨ ਵੱਡੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਸਾਹਿਬਾਨ ਵਿਖੇ ਹੋਈਆਂ ਨਤਮਸਤਕ



ਸ੍ਰੀ ਅਨੰਦਪੁਰ ਸਾਹਿਬ, 2 ਮਾਰਚ (ਤਰਲੋਚਨ ਸਿੰਘ, ਹਰਪ੍ਰੀਤ ਸਿੰਘ): ਖਾਲਸਾ ਪੰਥ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਅਤੇ ਕੌਮੀ ਕੌਮੀ ਤਿਓਹਾਰ ਹੋਲਾ ਮਹੱਲਾ ਪੰਥ ਰਵਾਇਤਾਂ, ਖਾਲਸਾਈ ਜਾਹੋ ਜਲਾਲ ਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਨਾਲ ਆਰੰਭ ਹੋ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਖਾਲਸਾ ਪੰਥ ਦੇ ਪ੍ਰਗਟ ਅਸਥਾਨ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਇਲਾਹੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਆਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਅਰਦਾਸ ਕੀਤੀ ਗਈ। ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਗੜਗੱਜ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਅਮਰਜੀਤ ਸਿੰਘ ਚਾਵਲਾ ਮੁੱਖ ਬੁਲਾਰਾ ਸ਼੍ਰੋਮਣੀ ਪ੍ਰਬੰਧਕ ਕਮੇਟੀ, ਸਾਬਕਾ ਸਿਖਿਆ ਮੰਤਰੀ ਡਾ.ਦਲਜੀਤ ਸਿੰਘ ਚੀਮਾ ਤੇ ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਲਜੀਤ ਸਿੰਘ ਭਿੰਡਰ ਨੇ ਕਿਹਾ ਸੰਨ 1700 ਈ: ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੇ ਮਹੱਲੇ ਦੀ ਸ਼ੁਰੂਆਤ ਕੀਤੀ ਸੀ। ਉਸੇ ਪ੍ਰੰਪਰਾ ਦੇ ਮੁਤਾਬਿਕ ਅੱਜ ਤੱਕ ਇਸੇ ਪਾਵਨ ਅਸਥਾਨ ਤੇ ਹੋਲਾ ਮਹੱਲਾ ਮਨਾਇਆ ਜਾਂਦਾ ਹੈ। ਉਹਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋਂ ਅਤੇ ਵਹਿਮਾਂ, ਭਰਮਾਂ, ਪਖੰਡਾਂ ਤੋਂ ਦੂਰ ਰਹੋ। ਇਸ ਮੌਕੇ ਉਹਨਾਂ ਕਿਹਾ ਕਿ ਅੱਜ ਲੋੜ ਹੈ ਘਰ ਘਰ ਗੁਰੂ ਨਾਨਕ ਸਾਹਿਬ ਦਾ ਸੰਦੇਸ਼ ਪਹੁੰਚਾਇਆ ਜਾਵੇ ਤਾਂ ਜੋ ਕੌਮ ਦੀ ਚੜ੍ਹਦੀਕਲਾ ਹੋ ਸਕੇ। ਹੋਲੇ ਮਹੱਲੇ ਦੇ ਅੱਜ ਪਹਿਲੇ ਦਿਨ ਵੱਡੀ ਗਿਣਤੀ 'ਚ ਨਾਨਕ ਨਾਮ ਲੇਵਾ ਸੰਗਤਾਂ ਤਖਤ ਸ੍ਰੀ ਕੇਸਗੜ ਸਾਹਿਬ ਤੇ ਹੋਰ ਗੁਰਦੁਆਰਾ ਸਹਿਬਾਨ ਨਤਮਸਤਕ ਹੋਈਆ।

ਇਸ ਮੋਕੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਮੈਨੇਜਰ ਮਲਕੀਤ ਸਿੰਘ, ਐਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਹੈਪੀ, ਮੀਤ ਮੈਨੇਜਰ ਭੁਪਿੰਦਰ ਸਿੰਘ, ਕਰਮਜੀਤ ਸਿੰਘ, ਭਾਈ ਸਰਬਜੀਤ ਸਿੰਘ, ਸੂਚਨਾ ਅਫਸਰ ਹਰਪ੍ਰੀਤ ਸਿੰਘ, ਦਵਿੰਦਰ ਸਿੰਘ, ਜਗਨੰਦਨ ਸਿੰਘ, ਭਾਈ ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਬੁੱਢਾ ਦਲ ਵੱਲੋਂ ਇੰਟਰਨੈਸ਼ਨਲ ਦੋ ਰੋਜ਼ਾ ਗਤਕਾ ਮੁਕਾਬਲੇ ਆਰੰਭ

ਸ੍ਰੀ ਅਨੰਦਪੁਰ ਸਾਹਿਬ, 2 ਮਾਰਚ (ਤਰਲੋਚਨ ਸਿੰਘ/ਹਰਪ੍ਰੀਤ ਸਿੰਘ):



ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁੱਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿਚ ਬੁੱਢਾ ਦਲ ਵੱਲੋਂ ਹੋਲੇ ਮਹੱਲੇ ਦੇ ਮੌਕੇ ਗੁਰਦੁਆਰਾ ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਵਿਖੇ ਕਰਵਾਏ ਜਾ ਰਹੇ ਦੋ ਰੋਜ਼ਾ ਵਿਰਸਾ ਸੰਭਾਲ ਇੰਟਰ ਨੈਸ਼ਨਲ ਗਤਕਾ ਮੁਕਾਬਲਿਆਂ ਦੀ ਅਰੰਭਤਾ ਅੱਜ ਖਾਲਸਾਈ ਸ਼ਾਨੋ-ਸ਼ੋਕਤ ਨਾਲ ਭਾਈ ਸੁਖਵਿੰਦਰ ਸਿੰਘ ਮੋਰ ਵੱਲੋ ਅਰਦਾਸ ਕਰਨ ਉਪਰੰਤ ਕੀਤੀ ਗਈ। ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਤੇ ਹੋਰ ਸ਼ਖਸ਼ੀਅਤਾਂ ਨੇ ਗਤਕਾ ਮੁਕਾਬਲਿਆਂ ਦੀ ਰਸਮੀ ਸ਼ੁਰੂਆਤ ਕਰਵਾਈ। ਸਿੱਖ ਪ੍ਰੰਪਰਾਵਾਂ ਨੂੰ ਰੂਪਮਾਨ ਕਰਦੀ ਇਸ ਜੰਗਜੂ ਕਲਾ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਇਨ੍ਹਾਂ ਮੁਕਾਬਲਿਆਂ ਵਿਚ ਜੇਤੂ ਟੀਮਾਂ ਨੂੰ ਸਮਾਪਤੀ ਸਮੇਂ ਵਿਸ਼ੇਸ਼ ਮੈਡਲ ਸਨਮਾਨ ਦੇ ਕੇ ਨਿਵਾਜਿਆ ਜਾਵੇਗਾ। ਇਸ ਮੌਕੇ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਗਤਕਾ ਗੁਰੂ ਸਾਹਿਬ ਵੱਲੋਂ ਬਖਸ਼ੀ ਜੰਗਜੂ ਕਲਾ ਹੈ ਅਤੇ ਗੁਰੂ ਸਾਹਿਬ ਵੱਲੋਂ ਬਖਸ਼ੀ ਗਤਕੇ ਦੀ ਇਸ ਸ਼ਸ਼ਤਰ ਕਲਾ ਨੂੰ ਉਹ ਲੋਕ ਹੀ ਅਪਨਾਉਣ ਜੋ ਸਿੱਖੀ ਸਰੂਪ ਵਿਚ ਪ੍ਰਪੱਕ ਹਨ।

ਇਸੇ ਦੌਰਾਨ ਬੁੱਢਾ ਦਲ ਦੇ ਮੈਨੇਜਰ ਪਰਮਜੀਤ ਸਿੰਘ ਬਾਜਵਾ ਨੇ ਦਸਿਆ ਕਿ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਪਿਛਲੇ 15 ਸਾਲਾਂ ਤੋਂ ਵੱਧ ਵਿਰਸਾ ਸੰਭਾਲ ਇੰਟਰ ਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਜਾ ਰਹੇ ਹਨ ਜੋ ਇਸ ਵਾਰ ਵੀ ਦੋ ਰੋਜ਼ਾ ਵਿਰਸਾ ਸੰਭਾਲ ਇੰਟਰਨੈਸ਼ਨਲ ਗਤਕਾ ਮੁਕਾਬਲੇ ਅੱਜ ਤੇ ਕੱਲ ਨੂੰ ਹੋ ਰਹੇ ਹਨ। ਉਨ੍ਹਾਂ ਕਿਹਾ ਪਿਛਲੀ ਰਵਾਇਤ ਮੁਤਾਬਕ ਹੀ ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ 5 ਸਖਸ਼ੀਅਤਾਂ ਇਸ ਵਾਰ ਵੀ ਬੁੱਢਾ ਦਲ ਵੱਲੋਂ ਸਨਮਾਨਿਤ ਹੋ ਰਹੀਆਂ ਹਨ। ਜਿਨਾਂ ਵਿਚ ਸਿੰਘ ਸਾਹਿਬ ਗਿ. ਅਮਰਜੀਤ ਸਿੰਘ ਹੈਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਭਾਈ ਹਰਜਿੰਦਰ ਸਿੰਘ ਸ੍ਰੀ ਨਗਰ ਵਾਲੇ, ਗਿਆਨੀ ਗੁਰਦੇਵ ਸਿੰਘ ਅਸਟ੍ਰੇਲੀਆ, ਸੰਤ ਗਿਆਨੀ ਹਰੀ ਸਿੰਘ ਰੰਧਾਵੇ ਵਾਲੇ, ਬਾਬਾ ਜਸਵਿੰਦਰ ਸਿੰਘ ਜੱਸੀ ਇੰਚਾਰਜ਼ ਬੁੱਢਾ ਦਲ ਅਮਰੀਕਾ ਨੂੰ ਬੁੱਢਾ ਦਲ ਦੇ ਤੀਸਰੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਨਵਾਬ ਕਪੂਰ ਸਿੰਘ ਜੀ ਯਾਦਗਾਰੀ ਐਵਾਰਡ, ਬਾਬਾ ਜੱਸਾ ਸਿੰਘ ਜੀ ਆਹਲੂਵਾਲੀਆ ਯਾਦਗਾਰੀ ਐਵਾਰਡ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਗੁਰਮੇਲ ਸਿੰਘ ਕਨੇਡਾ, ਬਾਬਾ ਮਨਮੋਹਣ ਸਿੰਘ ਬਾਰਨ ਵਾਲੇ, ਭਗਵਾਨ ਸਿੰਘ ਜੌਹਲ, ਇੰਦਰਪਾਲ ਸਿੰਘ ਫੌਜੀ, ਬਾਬਾ ਮਲੂਕ ਸਿੰਘ ਲਾਡੀ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਸ਼ੇਰ ਸਿੰਘ, ਭਾਈ ਸਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਨਿਹੰਗ ਸਿੰਘ ਤੇ ਸੰਗਤਾਂ ਹਾਜ਼ਰ ਸਨ।

### ਪੰਜਾਬ ਨੂੰ ਊਨੀ ਤੇ ਫੈਂਸੀ ਧਾਗੇ ਦੇ ਕਾਰੋਬਾਰ ਵਿੱਚ 750 ਕਰੋੜ ਦਾ ਨਿਵੇਸ਼ ਹਾਸਲ ਹੋਇਆ

# ਗੰਗਾ ਐਕਰੋਵੂਲਜ਼ ਲਿਮਟਿਡ ਆਪਣੇ ਕਾਰੋਬਾਰ ਦੇ ਵਿਸਥਾਰ ਨਾਲ ਰੋਜ਼ਗਾਰ ਲਈ 1500 ਨਵੇਂ ਮੌਕੇ ਪੈਦਾ ਕਰੇਗੀ : ਸੰਜੀਵ ਅਰੋੜਾ

ਚੰਡੀਗੜ੍ਹ 2 ਮਾਰਚ (ਚ.ਨ.ਸ.): ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ, ਜਿਸ ਦੇ ਚਲਦਿਆਂ ਗੰਗਾ ਐਕਰੋਵੂਲਜ਼ ਲਿਮਟਿਡ, ਜੋ ਕਿ ਊਨੀ ਅਤੇ ਫੈਂਸੀ ਧਾਗੇ ਦੀ ਮੋਹਰੀ ਨਿਰਮਾਤਾ ਹੈ, ਨੇ ਪੰਜਾਬ ਵਿੱਚ ਆਪਣੇ ਕਾਰੋਬਾਰ ਦੇ ਵਿਸਥਾਰ ਦਾ ਐਲਾਨ ਕੀਤਾ ਹੈ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੰਜੀਵ ਅਰੋੜਾ ਨੇ ਦੱਸਿਆ ਕਿ ਗੰਗਾ ਐਕਰੋਵੂਲਜ਼ ਲਿਮਟਿਡ 60 ਤੋਂ ਵੱਧ ਦੇਸ਼ਾਂ ਨੂੰ ਆਪਣੇ ਉਤਪਾਦ ਬਰਾਮਦ ਕਰਦੀ ਹੈ ਅਤੇ ਮੌਜੂਦਾ ਸਮੇਂ ਕੰਪਨੀ ਵਿੱਚ 5600 ਤੋਂ ਵੱਧ ਕਰਮਚਾਰੀ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਕੰਪਨੀ ਦਾ ਸਾਲਾਨਾ ਟਰਨਓਵਰ 850 ਕਰੋੜ ਰੁਪਏ ਹੈ। ਉਨ੍ਹਾਂ ਨਾਲ ਹੀ ਦੱਸਿਆ ਕਿ ਇਸ ਕੰਪਨੀ ਨੇ ਪਿਛਲੇ 4 ਤੋਂ 5 ਸਾਲਾਂ ਵਿੱਚ 3000 ਤੋਂ ਵੱਧ ਵਿਅਕਤੀਆਂ ਲਈ ਰੋਜ਼ਗਾਰ ਦੇ ਮੌਕੇ ਵੀ ਪੈਦਾ ਕੀਤੇ ਹਨ ਅਤੇ 1998 ਤੋਂ ਹਰ ਉਦਯੋਗਿਕ ਨੀਤੀ ਤਹਿਤ ਪੰਜਾਬ 'ਚ ਨਿਰੰਤਰ ਨਿਵੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੰਪਨੀ ਆਪਣੇ ਤਾਜ਼ਾ ਨਿਵੇਸ਼ ਰਾਹੀਂ ਰੋਜ਼ਗਾਰ ਦੇ 1500 ਤੋਂ ਵੱਧ ਨਵੇਂ ਮੌਕੇ ਵੀ ਪੈਦਾ ਕਰੇਗੀ। ਨਵੇਂ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ



ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਕੰਪਨੀ ਹੁਣ ਪੰਜਾਬ ਵਿੱਚ 690 ਕਰੋੜ ਰੁਪਏ ਦਾ ਨਿਵੇਸ਼ ਕਰਨ ਜਾ ਰਹੀ ਹੈ, ਜਿਸ ਵਿੱਚੋਂ 53 ਕਰੋੜ ਰੁਪਏ ਪਰਾਲੀ ਆਧਾਰਿਤ ਬਾਇਲਰ ਤੇ ਟਰਬਾਈਨ ਲਈ ਨਿਵੇਸ਼ ਕੀਤੇ ਜਾ ਰਹੇ ਹਨ। ਇਸ ਨਾਲ ਪ੍ਰਤੀ ਸਾਲ ਲਗਭਗ 120000 ਟਨ ਪਰਾਲੀ (10000 ਟਨ ਪ੍ਰਤੀ ਮਹੀਨਾ) ਦੀ ਖਪਤ ਹੋਵੇਗੀ, ਜੋ ਲਗਭਗ 20/25 ਕਿਲੋਮੀਟਰ ਦਾਇਰੇ ਅੰਦਰ ਪੈਂਦੇ ਖੇਤਾਂ 'ਚ ਪਰਾਲੀ ਸਾੜਨ ਤੋਂ ਮੁਕਤ ਕਰਨ ਵਿੱਚ ਸਹਾਈ ਹੋਵੇਗਾ।

ਗੰਗਾ ਐਕਰੋਵੂਲਜ਼ ਲਿਮਟਿਡ ਦੇ ਪ੍ਰਧਾਨ ਅਮਿਤ ਥਾਪਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੰਗਾ ਐਕਰੋਵੂਲਜ਼ ਲਿਮਟਿਡ ਨੇ ਪਿਛਲੇ ਨਿਵੇਸ਼ਕ ਸੰਮੇਲਨ ਵਿੱਚ 301 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਸੂਬੇ 'ਚ ਸਾਜ਼ਗਾਰ ਉਦਯੋਗਿਕ ਮਾਹੌਲ, ਕਾਰੋਬਾਰ ਦੀ ਸੌਖ ਨੂੰ ਉਤਸ਼ਾਹਿਤ ਕਰਨ ਲਈ ਨੀਤੀਆਂ 'ਚ ਬਦਲਾਅ ਅਤੇ ਕਾਰੋਬਾਰ ਕਰਨ ਲਈ ਲਾਗਤ ਖ਼ਰਚਿਆਂ 'ਚ ਕਟੌਤੀ ਦੇ ਚਲਦਿਆਂ ਅਸੀਂ ਆਪਣੀ ਨਿਵੇਸ਼ ਰਾਸ਼ੀ ਨੂੰ ਸੋਧ ਕੇ 690 ਕਰੋੜ ਰੁਪਏ ਕਰ ਦਿੱਤਾ ਸੀ ਅਤੇ ਹੁਣ ਅਸੀਂ ਇਸਨੂੰ ਵਧਾ ਕੇ ਲਗਭਗ 750 ਕਰੋੜ ਕਰਨ ਜਾ ਰਹੇ ਹਾਂ। ਇਸ ਵਿੱਚੋਂ 400 ਕਰੋੜ ਰੁਪਏ ਦਾ ਨਿਵੇਸ਼ ਪਹਿਲਾਂ ਹੀ ਹੋ ਚੁੱਕਾ ਹੈ ਅਤੇ ਬਾਕੀ ਨਿਵੇਸ਼ ਅਗਲੇ 24 ਮਹੀਨਿਆਂ ਵਿੱਚ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਕੰਪਨੀ ਦੇ ਵਿਸਥਾਰ ਨਾਲ ਹੁਣ ਬੁਣਾਈ, , ਕਾਰਪੇਟ ਅਤੇ ਤਕਨੀਕੀ ਟੈਕਸਟਾਈਲ ਦੇ ਵੱਖ-ਵੱਖ ਹਿੱਸਿਆਂ (ਸੈਗਮੈਂਟਸ) ਲਈ ਧਾਗੇ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਵਿਸਥਾਰ ਉੱਚ-ਮੁੱਲ ਵਾਲੇ ਟੈਕਸਟਾਈਲ ਨਿਰਮਾਣ ਤੇ ਨਿਰਯਾਤ ਵਿੱਚ ਪੰਜਾਬ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰੇਗਾ। ਇਸ ਨਾਲ ਵਾਧੂ ਰੋਜ਼ਗਾਰ ਪੈਦਾ ਹੋਣ ਦੇ ਨਾਲ-ਨਾਲ ਸਥਾਨਕ ਮੁੱਲ ਲੜੀ, ਐਮ.ਐਸ.ਐਮ.ਈ. ਅਤੇ ਸਹਾਇਕ ਇਕਾਈਆਂ ਨੂੰ ਹੁਲਾਰਾ ਮਿਲੇਗਾ, ਜਿਸ ਨਾਲ ਖੇਤਰ 'ਚ ਆਰਥਿਕਤਾ ਨੂੰ ਬਲ ਮਿਲੇਗਾ। ਇਹ ਵਿਸਥਾਰ ਪੰਜਾਬ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਨੀਤੀਆਂ ਅਤੇ ਇਸਦੇ ਨਿਵੇਸ਼ਕ-ਅਨੁਕੂਲ ਮਾਹੌਲ ਦੇ ਮਜ਼ਬੂਤ ਸਮਰਥਨ ਨੂੰ ਦਰਸਾਉਂਦਾ ਹੈ, ਜੋ ਘਰੇਲੂ ਅਤੇ ਵਿਸ਼ਵਵਿਆਪੀ ਨਿਰਮਾਤਾਵਾਂ ਵਿੱਚ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰੇਗਾ।



## ਸੰਪਾਦਕੀ

# ਇਜ਼ਰਾਈਲ-ਈਰਾਨ ਯੁੱਧ: ਖੇਤਰੀ ਸਥਿਰਤਾ ਖ਼ਤਰੇ ਵਿਚ

ਹਾਲੀਆ ਅੰਤਰਰਾਸ਼ਟਰੀ ਸਥਿਤੀ ਇਹ ਸੁਝਾਅ ਦਿੰਦੀ ਹੈ ਕਿ ਕਈ ਮੋਰਚਿਆਂ 'ਤੇ ਵਿਰੋਧੀ ਦੇਸ਼ਾਂ ਵਿਚਕਾਰ ਵਿਵਾਦਾਂ ਨੂੰ ਹੱਲ ਕਰਨ ਲਈ ਗੱਲਬਾਤ ਦੀ ਬਜਾਏ ਟਕਰਾਅ ਹੀ ਆਖਰੀ ਹੱਲ ਹੈ। ਹੈਰਾਨੀ ਦੀ ਗੱਲ ਹੈ ਕਿ ਕੁਝ ਸ਼ਕਤੀਸ਼ਾਲੀ ਦੇਸ਼ਾਂ ਦੇ ਨੇਤਾ, ਜੋ ਯੁੱਧ ਦੀ ਬਜਾਏ ਸ਼ਾਂਤੀ ਦਾ ਪ੍ਰਚਾਰ ਕਰਦੇ ਹਨ, ਆਪਣੇ ਪ੍ਰਭਾਵ ਰਾਹੀਂ ਟਕਰਾਅ ਨੂੰ ਟਾਲਣ ਦੇ ਤਰੀਕੇ ਲੱਭਣ ਨੂੰ ਤਰਜੀਹ ਨਹੀਂ ਦਿੰਦੇ। ਇਸ ਦੀ ਬਜਾਏ, ਉਹ ਅਜਿਹੀਆਂ ਮੁਹਿੰਮਾਂ ਵਿੱਚ ਸ਼ਾਮਲ ਹੋਣਾ ਜ਼ਰੂਰੀ ਸਮਝਦੇ ਹਨ ਜੋ ਤਣਾਅ ਨੂੰ ਸਿੱਧੇ ਟਕਰਾਅ ਵਿੱਚ ਬਦਲ ਦੇਣ। ਇਜ਼ਰਾਈਲ ਅਤੇ ਸੰਯੁਕਤ ਰਾਜ ਅਮਰੀਕਾ ਪਿਛਲੇ ਕੁਝ ਮਹੀਨਿਆਂ ਤੋਂ ਈਰਾਨ ਵਿਰੁੱਧ ਜੋ ਮਾਹੌਲ ਬਣਾ ਰਹੇ ਹਨ, ਉਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਜੇਕਰ ਵਿਵਾਦ ਦੇ ਮੁੱਖ ਮੁੱਦਿਆਂ ਨੂੰ ਸੰਬੋਧਤ ਨਹੀਂ ਕੀਤਾ ਜਾਂਦਾ ਅਤੇ ਅੰਤਰਰਾਸ਼ਟਰੀ ਵਿਚੋਲਗੀ ਰਾਹੀਂ ਬਿਨਾਂ ਦੇਰੀ ਦੇ ਧਿਰਾਂ ਵਿਚਕਾਰ ਗੱਲਬਾਤ ਦੀ ਗੁੰਜਾਇਸ਼ ਦੀ ਖੋਜ ਨਹੀਂ ਕੀਤੀ ਜਾਂਦੀ, ਤਾਂ ਸਥਿਤੀ ਨੂੰ ਸੰਭਾਲਣਾ ਮੁਸ਼ਕਲ ਹੋ ਜਾਵੇਗਾ। ਇਸ ਸਥਿਤੀ ਦੇ ਵਿਚਕਾਰ, ਇਜ਼ਰਾਈਲ ਅਤੇ ਸੰਯੁਕਤ ਰਾਜ ਨੇ ਸ਼ਨੀਵਾਰ ਨੂੰ ਈਰਾਨ 'ਤੇ ਸਾਂਝਾ ਹਮਲਾ ਕਰਕੇ ਆਪਣੇ ਇਰਾਦੇ ਸਪੱਸ਼ਟ ਕੀਤੇ। ਇਜ਼ਰਾਈਲ ਅਤੇ ਅਮਰੀਕਾ ਈਰਾਨ ਦੇ ਸੁਪਰੀਮ ਲੀਡਰ, ਅਯਾਤੁੱਲਾ ਅਲੀ ਖਮੇਨੀ ਦੀ ਮੌਤ ਨੂੰ ਇੱਕ ਸਫਲਤਾ ਮੰਨ ਸਕਦੇ ਹਨ, ਪਰ ਖੇਤਰੀ ਅਸਥਿਰਤਾ ਦੇ ਨਵੇਂ ਖ਼ਤਰੇ ਦਾ ਪੈਮਾਨਾ ਅਜੇ ਵੀ ਦੇਖਿਆ ਜਾਣਾ ਹੈ। ਇਸ ਤੋਂ ਇਲਾਵਾ, ਇਜ਼ਰਾਈਲੀ ਹਮਲੇ ਨੇ ਈਰਾਨ ਦੇ ਕਈ ਖੇਤਰਾਂ ਵਿੱਚ ਕਾਫ਼ੀ ਨੁਕਸਾਨ ਪਹੁੰਚਾਇਆ ਅਤੇ ਸੈਂਕੜੇ ਨਾਗਰਿਕ ਮਾਰੇ ਗਏ। ਜਵਾਬ ਵਿੱਚ, ਈਰਾਨ ਨੇ ਕਈ ਅਮਰੀਕੀ ਅਤੇ ਇਜ਼ਰਾਈਲੀ ਟੀਚਿਆਂ 'ਤੇ ਇਸੇ ਤਰ੍ਹਾਂ ਦੇ ਹਮਲੇ ਕੀਤੇ, ਜਿਸ ਨਾਲ ਕਈ ਥਾਵਾਂ 'ਤੇ ਵਿਆਪਕ ਨੁਕਸਾਨ ਹੋਇਆ। ਸਵਾਲ ਇਹ ਹੈ ਕਿ ਇਸ ਯੁੱਧ ਦਾ ਅੰਤਮ ਉਦੇਸ਼ ਕੀ ਹੈ? ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਉਦੇਸ਼ ਫੌਜੀ ਠਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਤੋਂ ਪਰੇ ਹੈ, ਪਰ ਈਰਾਨ ਵਿੱਚ ਸੱਤਾਧਾਰੀ ਸ਼ਾਸਨ ਨੂੰ ਉਖਾੜ ਸੁੱਟਣਾ ਹੈ। ਇਹ ਸਮਝਣਾ ਮੁਸ਼ਕਲ ਹੈ ਕਿ ਜਦੋਂ ਅਮਰੀਕਾ ਈਰਾਨ 'ਤੇ ਉਸਦੇ ਪ੍ਰਮਾਣੂ ਪ੍ਰੋਗਰਾਮ 'ਤੇ ਸਮਝੌਤੇ ਲਈ ਦਬਾਅ ਪਾ ਰਿਹਾ ਹੈ, ਤਾਂ ਉਹ ਹੁਣ ਆਪਣੇ ਉਦੇਸ਼ ਨੂੰ ਮੌਜੂਦਾ ਈਰਾਨੀ ਸ਼ਾਸਨ ਨੂੰ ਉਖਾੜ ਸੁੱਟਣ ਵਜੋਂ ਦੱਸ ਰਿਹਾ ਹੈ। ਈਰਾਨ ਦੇ ਪ੍ਰਮਾਣੂ ਪ੍ਰੋਗਰਾਮ ਨੂੰ ਸੀਮਤ ਕਰਨ ਲਈ ਓਮਾਨ ਦੀ ਵਿਚੋਲਗੀ ਵਿੱਚ ਸ਼ਾਂਤੀ ਵਾਰਤਾ ਵੀ ਚੱਲ ਰਹੀ ਹੈ। ਹਾਲਾਂਕਿ ਈਰਾਨ ਨੇ ਯੁੱਧ ਤੋਂ ਬਚਣ ਦੀ ਇੱਛਾ ਪ੍ਰਗਟ ਕੀਤੀ ਹੈ, ਪਰ ਇਸਨੇ ਯੂਰੇਨੀਅਮ ਨੂੰ ਅਮੀਰ ਬਣਾਉਣ ਦੇ ਆਪਣੇ ਅਧਿਕਾਰ ਨੂੰ ਦੁਹਰਾਇਆ ਹੈ। ਹੁਣ, ਇਜ਼ਰਾਈਲ ਅਤੇ ਅਮਰੀਕਾ ਦੇ ਸਾਂਝੇ ਹਮਲੇ ਤੋਂ ਬਾਅਦ, ਇਹ ਗੱਲਬਾਤ ਅਰਥਹੀਣ ਹੋ ਗਈ ਹੈ। ਅਜਿਹੇ ਸਮੇਂ ਜਦੋਂ ਸਾਰੇ ਦੇਸ਼ ਵਿਕਾਸ ਦੇ ਨਾਅਰੇ ਨਾਲ ਬਿਹਤਰ ਭਵਿੱਖ ਲਈ ਯਤਨਸ਼ੀਲ ਹਨ, ਗੱਲਬਾਤ ਦੇ ਦਰਵਾਜ਼ੇ ਬੰਦ ਕਰਨ ਅਤੇ ਯੁੱਧ ਦਾ ਸਹਾਰਾ ਲੈਣ ਦੇ ਕੀ ਨਤੀਜੇ ਹੋਣਗੇ? ਰੂਸ ਅਤੇ ਯੂਕਰੇਨ ਵਿਚਕਾਰ ਚੱਲ ਰਹੀ ਜੰਗ ਪਹਿਲਾਂ ਹੀ ਵਿਸ਼ਵ ਸ਼ਾਂਤੀ ਲਈ ਇੱਕ ਗੁੰਝਲਦਾਰ ਚੁਣੌਤੀ ਪੇਸ਼ ਕਰ ਰਹੀ ਹੈ। ਪਾਕਿਸਤਾਨ ਅਤੇ ਅਫਗਾਨਿਸਤਾਨ ਵਿਚਕਾਰ ਹਾਲ ਹੀ ਵਿੱਚ ਹੋਈ ਖੁੱਲ੍ਹੀ ਜੰਗ ਨੇ ਵੀ ਇੱਕ ਨਵਾਂ ਮੋਰਚਾ ਖੋਲ੍ਹ ਦਿੱਤਾ ਹੈ। ਹੁਣ, ਇਜ਼ਰਾਈਲ ਅਤੇ ਅਮਰੀਕਾ ਦੇ ਸਾਂਝੇ ਹਮਲੇ ਅਤੇ ਖਾਸ ਕਰਕੇ ਖਮੇਨੀ ਦੀ ਮੌਤ ਤੋਂ ਬਾਅਦ, ਈਰਾਨ ਦੀ ਪ੍ਰਤੀਕਿਰਿਆ ਕੀ ਹੋਵੇਗੀ, ਅੰਤਰਰਾਸ਼ਟਰੀ ਗਤੀਸ਼ੀਲਤਾ ਕੀ ਹੋਵੇਗੀ, ਕਿਹੜੇ ਦੇਸ਼ ਨਵੇਂ ਟਕਰਾਅ ਵਿੱਚ ਸ਼ਾਮਲ ਹੋਣਗੇ ਅਤੇ ਯੁੱਧ ਕਿੰਨਾ ਵਿਆਪਕ ਫੈਲੇਗਾ? ਇਹ ਸਵਾਲ ਵਿਸ਼ਵਵਿਆਪੀ ਚਿੰਤਾ ਦਾ ਕੇਂਦਰ ਬਣਨ ਜਾ ਰਹੇ ਹਨ। ਇਸ ਦੇ ਮੱਦੇਨਜ਼ਰ, ਭਾਰਤ ਲਈ ਇੱਕ ਮਹੱਤਵਪੂਰਨ ਕਦਮ ਇਹ ਹੋਣਾ ਚਾਹੀਦਾ ਹੈ ਕਿ ਉਹ ਆਪਣੇ ਨਾਗਰਿਕਾਂ ਨੂੰ ਜੰਗ ਪ੍ਰਭਾਵਿਤ ਖੇਤਰਾਂ ਤੋਂ ਸੁਰੱਖਿਅਤ ਢੰਗ ਨਾਲ ਕੱਢਣ ਲਈ ਯਤਨ ਕਰੇ। ਅੱਜ, ਦੁਨੀਆ ਵਿੱਚ ਯੁੱਧ ਦੇ ਕਈ ਮੂੰਹ ਖੁੱਲ੍ਹ ਗਏ ਹਨ। ਜੇਕਰ ਇਸਨੂੰ ਨਾ ਰੋਕਿਆ ਗਿਆ, ਤਾਂ ਇੱਕ ਪੂਰੇ ਪੱਧਰ ਦੀ ਜੰਗ ਦੇ ਦੁਖਦਾਈ ਨਤੀਜੇ ਨਿਕਲਣਗੇ।

-ਜਗਜੀਤ ਸਿੰਘ ਦਰਦੀ

# ਈਰਾਨ ਤੇ ਅਮਰੀਕਾ-ਇਜ਼ਰਾਈਲ ਜੰਗ ਖਾੜੀ ਦੇਸ਼ਾਂ ਵਿੱਚ ਫੈਲੀ ਹਰ ਪਾਸੋਂ ਮੌਤ ਤੇ ਤਬਾਹੀ ਦੇ ਦ੍ਰਿਸ਼



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਈਰਾਨ ਅਤੇ ਅਮਰੀਕਾ ਵਿਚਕਾਰ ਚੱਲ ਰਹੀ ਲੜਾਈ ਨੂੰ ਖਾੜੀ ਦੇ ਦੇਸ਼ਾਂ ਤੱਕ ਫੈਲਣ, ਭਾਰਤ ਦੀ ਅਜੀਬ ਸਥਿਤੀ, ਸ਼ਾਂਤੀ ਦੀ ਦੂਰੀ ਅਤੇ ਈਰਾਨ ਦੀ ਸਦੀਆਂ ਪੁਰਾਣੀ ਸਭਿਅਤਾ ਦੀ ਤਬਾਹੀ ਦੇ ਡਰ ਨੂੰ ਬਹੁਤ ਗੰਭੀਰਤਾ ਨਾਲ ਉਠਾਇਆ ਗਿਆ ਹੈ।

ਇਸ ਲੜਾਈ ਨੂੰ ਇੱਕ ਬਦਲਦੇ ਹੋਏ ਕਾਲ (ਯੁੱਗ) ਦੇ ਹਿੱਸੇ ਵਜੋਂ ਵੇਖਦਿਆਂ ਅਤੇ ਈਰਾਨ ਦੇ ਰੈਜੀਮ ਵਿੱਚ ਬਦਲਾਅ, ਨਵੀਂ ਰਾਜਨੀਤੀ ਅਤੇ ਈਰਾਨ ਦੀ ਤਸਵੀਰ ਬਾਰੇ ਵਿਸਥਾਰ ਨਾਲ ਜਾਣਨ ਲਈ - ਮੁੱਖ ਭਾਗਾਂ ਵਿੱਚ ਵੰਡ ਕੇ, ਵਰਤਮਾਨ ਸਥਿਤੀ (ਮਾਰਚ 2026 ਦੇ ਅਧਾਰ 'ਤੇ), ਇਤਿਹਾਸਕ ਪ੍ਰਸੰਗ, ਸਭਿਅਤਕ ਨੁਕਸਾਨ, ਰੈਜੀਮ ਬਦਲਾਅ ਦੀ ਸੰਭਾਵਨਾ, ਖੇਤਰੀ ਅਸਰ ਅਤੇ ਭਵਿੱਖ ਦੀ ਤਸਵੀਰ ਨੂੰ ਕਵਰ ਕਰਦਿਆਂ ਈਰਾਨ-ਅਮਰੀਕਾ ਯੁੱਧ: ਇੱਕ ਨਵੇਂ ਯੁੱਗ ਦੀ ਸ਼ੁਰੂਆਤ (ਮਾਰਚ 2026 ਦੀ ਸਥਿਤੀ) ਫਰਵਰੀ 28, 2026 ਨੂੰ ਅਮਰੀਕਾ ਅਤੇ ਇਜ਼ਰਾਈਲ ਨੇ ਸਾਂਝੇ ਤੌਰ 'ਤੇ ਈਰਾਨ ਤੇ ਵੱਡੇ ਪੱਧਰ ਦੇ ਹਵਾਈ ਹਮਲੇ ਸ਼ੁਰੂ ਕੀਤੇ, ਜਿਸ ਨੂੰ ਆਪਰੇਸ਼ਨ ਐਪਿਕ ਫਿਊਰੀ ਜਾਂ ਆਪਰੇਸ਼ਨ ਰੋਰਿੰਗ ਲਾਇਨ ਵਰਗੇ ਨਾਂ ਨਾਲ ਜਾਣਿਆ ਜਾ ਰਿਹਾ ਹੈ।

ਅੱਜ ਇਸ ਦੇ ਨਤੀਜੇ ਵਜੋਂ ਈਰਾਨ ਦੇ ਸੁਪਰੀਮ ਲੀਡਰ ਅਯਾਤੱਲਾ ਅਲੀ ਖਾਮਨੇਈ ਸਮੇਤ ਕਈ ਸੀਨੀਅਰ ਲੀਡਰਾਂ ਦੀ ਮੌਤ ਹੋ ਗਈ। ਇਹ ਹਮਲੇ ਨਿਊਕਲੀਅਰ ਸਾਈਟਾਂ, ਬੈਲਿਸਟਿਕ ਮਿਜ਼ਾਈਲ ਬੇਸਾਂ, ਆਈਆਰਜੀਸੀ (ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ) ਦੇ ਠਿਕਾਣਿਆਂ ਅਤੇ ਕਮਾਂਡ ਸੈਂਟਰਾਂ ਨੂੰ ਨਿਸ਼ਾਨਾ ਬਣਾਉਂਦੇ ਹਨ। ਅਮਰੀਕੀ ਪ੍ਰਧਾਨ ਡੋਨਾਲਡ ਟਰੰਪ ਨੇ ਇਸ ਨੂੰ ਰੈਜੀਮ ਚੇਂਜ ਦੇ ਟੀਚੇ ਨਾਲ ਜਾਇਜ਼ ਠਹਿਰਾਇਆ ਅਤੇ ਕਿਹਾ ਕਿ ਇਹ 4-5 ਹਫ਼ਤੇ ਚੱਲ ਸਕਦਾ ਹੈ। ਅੱਜ ਈਰਾਨ ਨੇ ਜਵਾਬੀ ਹਮਲੇ ਵਿੱਚ ਇਜ਼ਰਾਈਲ ਤੇ ਸੈਂਕੜੇ ਮਿਜ਼ਾਈਲ ਅਤੇ ਡਰੋਨ ਦਾਗੇ ਹਨ, ਜਿਸ ਨਾਲ ਇਜ਼ਰਾਈਲ ਵਿੱਚ ਕੁਝ ਮੌਤਾਂ ਹੋਈਆਂ। ਪਰ ਸਭ ਤੋਂ ਵੱਡਾ ਬਦਲਾਅ ਇਹ ਹੈ ਕਿ ਈਰਾਨ ਨੇ ਖਾੜੀ ਦੇ ਦੇਸ਼ਾਂ (ਜਿਵੇਂ ਸਾਊਦੀ ਅਰਬ, ਯੂਏਈ, ਕਤਰ, ਬਹਿਰੀਨ, ਕੁਵੈਤ, ਓਮਾਨ) ਵਿੱਚ ਅਮਰੀਕੀ ਬੇਸਾਂ ਅਤੇ ਕੁਝ ਸਿਵਲੀਅਨ ਟਾਰਗੈਟਾਂ 'ਤੇ ਵੀ ਹਮਲੇ ਕੀਤੇ। ਦੁਬਈ, ਅਬੂ ਧਾਬੀ, ਮਨਾਮਾ ਵਿੱਚ ਧਮਾਕੇ ਹੋਏ, ਜਿਸ ਨਾਲ ਖਾੜੀ ਦੀ ਸੁਰੱਖਿਆ ਦੀ ਤਸਵੀਰ ਬਦਲ ਗਈ। ਇਹ ਯੁੱਧ ਹੁਣ ਇੱਕ ਖੇਤਰੀ ਯੁੱਧ ਵਿੱਚ ਬਦਲ ਚੁੱਕਾ ਹੈ, ਜਿਸ ਵਿੱਚ ਹਿਜ਼ਬੁੱਲਾਹ (ਲੈਬਨਾਨ) ਵੀ ਸ਼ਾਮਲ ਹੋ ਗਿਆ ਹੈ ਅਤੇ ਹੋਰ ਪ੍ਰਾਕਸੀ ਗਰੁੱਪ ਵੀ ਸਰਗਰਮ ਹੋ ਸਕਦੇ ਹਨ। ਭਾਰਤ ਲਈ ਸਥਿਤੀ ਅਸਲ ਵਿੱਚ ਅਜੀਬ ਅਤੇ ਚੁਣੌਤੀਪੂਰਨ ਹੈ। ਭਾਰਤ ਈਰਾਨ ਤੋਂ ਤੇਲ ਆਯਾਤ ਕਰਦਾ ਹੈ (ਚਾਬਹਾਰ ਪੋਰਟ ਪ੍ਰੋਜੈਕਟ ਵੀ ਚੱਲ ਰਿਹਾ ਹੈ), ਪਰ ਅਮਰੀਕਾ ਨਾਲ ਵੀ ਮਜ਼ਬੂਤ ਸੰਬੰਧ ਹਨ। ਭਾਰਤ ਨੇ ਆਪਣੇ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ ਕੀਤੀ ਹੈ ਅਤੇ ਹਵਾਈ ਖੇਤਰ ਬੰਦ ਹੋਣ ਨਾਲ ਵਪਾਰ ਅਤੇ ਉਡਾਣਾਂ ਪ੍ਰਭਾਵਿਤ ਹੋ ਰਹੀਆਂ ਹਨ। ਤੇਲ ਦੀਆਂ ਕੀਮਤਾਂ ਵਧਣ ਨਾਲ ਭਾਰਤੀ ਅਰਥਵਿਵਸਥਾ 'ਤੇ ਅਸਰ ਪੈ ਸਕਦਾ ਹੈ। ਅੱਜ ਭਾਰਤ ਨੇ ਅਜੇ ਤੱਕ ਨਿਰਪੱਖ ਰਹਿਣ ਦੀ ਕੋਸ਼ਿਸ਼ ਕੀਤੀ ਹੈ, ਪਰ ਇਹ ਯੁੱਧ ਲੰਮਾ ਚੱਲੇ ਤਾਂ ਦਬਾਅ ਵਧੇਗਾ।

**ਈਰਾਨ ਦੀ ਸਭਿਅਤਾ 'ਤੇ ਅਸਰ:** ਸਦੀਆਂ ਪੁਰਾਣੀ ਵਿਰਾਸਤ ਦਾ ਖਤਰਾਈਰਾਨ (ਪੁਰਾਣਾ ਪਾਰਸ) ਦੁਨੀਆ ਦੀਆਂ ਸਭ ਤੋਂ ਪੁਰਾਣੀਆਂ ਸਭਿਅਤਾਵਾਂ ਵਿੱਚੋਂ ਇੱਕ ਹੈ - ਅਕੇਮੇਨਿਡ ਸਾਮਰਾਜ (550-330 ਈਸਵੀ ਪੂਰਵ), ਸਾਸਾਨੀਅਨ ਯੁੱਗ, ਫ਼ਾਰਸੀ ਸਾਹਿਤ (ਫਿਰਦੌਸੀ ਦਾ ਸ਼ਾਹਨਾਮਾ, ਰੂਮੀ, ਹਾਫਿਜ਼, ਸਾਦੀ), ਇਸਫ਼ਹਾਨ ਦੀਆਂ ਮਸਜਿਦਾਂ, ਪਰਸੇਪੋਲਿਸ ਦੇ ਖੰਡਰ ਅਤੇ ਬਹੁਤ ਸਾਰੀਆਂ ਯੂਨੈਸਕੋ ਵਰਲਡ ਹੈਰੀਟੇਜ ਸਾਈਟਾਂ। ਇਹ ਸਭ ਈਰਾਨ ਦੀ ਪਛਾਣ ਹਨ। ਵਰਤਮਾਨ ਯੁੱਧ ਵਿੱਚ ਹਜ਼ਾਰਾਂ ਟਾਰਗੈਟਾਂ 'ਤੇ ਹਮਲੇ ਹੋ ਰਹੇ ਹਨ, ਜਿਸ ਨਾਲ ਤਹਿਰਾਨ, ਇਸਫ਼ਹਾਨ ਵਰਗੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚਾ ਤਬਾਹ ਹੋ ਰਿਹਾ ਹੈ।

ਹੁਣ ਜੇ ਯੁੱਧ ਲੰਮਾ ਚੱਲਿਆ ਤਾਂ ਸੱਭਿਆਚਾਰਕ ਸਾਈਟਾਂ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ (ਜਿਵੇਂ ਇਰਾਕ ਵਿੱਚ 2003 ਵਿੱਚ ਮਿਊਜ਼ੀਅਮ ਲੁੱਟੇ ਗਏ ਸਨ)। ਈਰਾਨੀ ਲੋਕਾਂ ਵਿੱਚ ਪਹਿਲਾਂ ਹੀ ਆਰਥਿਕ ਸੰਕਟ ਅਤੇ ਪ੍ਰਦਰਸ਼ਨਾਂ ਕਾਰਨ ਅਸੰਤੋਸ਼ ਹੈ, ਪਰ ਇਹ ਯੁੱਧ ਉਨ੍ਹਾਂ ਦੀ ਰਾਸ਼ਟਰੀ ਪਛਾਣ ਨੂੰ ਵੀ ਖਤਰੇ ਵਿੱਚ ਪਾ ਰਿਹਾ ਹੈ। ਇੱਕ ਤਰ੍ਹਾਂ ਨਾਲ ਇਹ ਲੜਾਈ ਨਾ ਸਿਰਫ਼ ਰਾਜਨੀਤਕ ਹੈ, ਸਗੋਂ ਸੱਭਿਆਚਾਰਕ ਵੀ -ਜਿੱਥੇ ਪੁਰਾਣੀ ਫ਼ਾਰਸੀ ਵਿਰਾਸਤ ਨੂੰ ਆਧੁਨਿਕ ਇਸਲਾਮਿਕ ਰੈਪਬਲਿਕ ਨਾਲ ਜੋੜ ਕੇ ਵੇਖਿਆ ਜਾਂਦਾ ਹੈ। ਰੈਜੀਮ ਬਦਲਾਅ ਅਤੇ ਆਉਣ ਵਾਲੇ ਦਿਨ ਅਮਰੀਕਾ ਦਾ ਮੁੱਖ ਟੀਚਾ ਰੈਜੀਮ ਚੇਂਜ ਲੱਗਦਾ ਹੈ - ਖਾਮਨੇਈ ਦੀ ਮੌਤ ਤੋਂ ਬਾਅਦ ਈਰਾਨ ਵਿੱਚ ਅਸਥਾਈ ਕੌਂਸਲ (ਪ੍ਰੈਜ਼ੀਡੈਂਟ, ਚੀਫ ਜੱਜ ਅਤੇ ਕਲੈਰਿਕ) ਚੱਲ ਰਹੀ ਹੈ, ਪਰ ਕਮਾਂਡ ਚੇਨ ਵਿੱਚ ਗੜਬੜੀ ਹੈ। ਕਈ ਜਨਰਲ ਅਤੇ ਅਫ਼ਸਰ ਮਾਰੇ ਜਾ ਚੁੱਕੇ ਹਨ।

ਅੱਜ ਈਰਾਨੀ ਆਰਮੀ ਅਤੇ ਆਈਆਰਜੀਸੀ ਵਿੱਚ ਵੰਡ ਵਧ ਸਕਦੀ ਹੈ।

**ਸੰਭਾਵਨਾਵਾਂ:ਰੈਜੀਮ ਬਚ ਜਾਵੇ:** ਆਈਆਰਜੀਸੀ ਦਾ ਕੰਟਰੋਲ ਮਜ਼ਬੂਤ ਹੈ ਅਤੇ ਨਵਾਂ ਸੁਪਰੀਮ ਲੀਡਰ ਚੁਣਿਆ ਜਾ ਸਕਦਾ ਹੈ। ਇਹ ਵਧੇਰੇ ਕੱਟੜਪੰਥੀ ਹੋ ਸਕਦਾ ਹੈ।

ਅੰਦਰੂਨੀ ਬਗ਼ਾਵਤ ਵਿੱਚ ਲੋਕ ਪ੍ਰਦਰਸ਼ਨ ਵਧ ਸਕਦੇ ਹਨ (ਜਿਵੇਂ 2022 ਵਿੱਚ ਮਹਿਸਾ ਅਮੀਨੀ ਮਾਮਲੇ ਵਿੱਚ), ਪਰ ਫੌਜੀ ਹਮਲੇ ਨਾਲ ਰਾਸ਼ਟਰੀ ਏਕਤਾ ਵਧ ਸਕਦੀ ਹੈ। ਅੱਜ ਸਿਵਲ ਵਾਰ ਵੱਖ-ਵੱਖ ਗਰੁੱਪ (ਕੁਰਦ, ਬਲੋਚ, ਅਜ਼ਰੀ) ਵੱਖਰੇ ਹੋ ਸਕਦੇ ਹਨ, ਜਿਵੇਂ ਲੀਬੀਆ ਜਾਂ ਸੀਰੀਆ ਵਿੱਚ ਹੋਇਆ।

**ਨਵੀਂ ਰਾਜਨੀਤੀ:** ਜੇ ਰੈਜੀਮ ਡਿੱਗਿਆ ਤਾਂ ਸੈਕੂਲਰ ਜਾਂ ਮੱਧਮਾਰਗੀ ਸਰਕਾਰ ਆ ਸਕਦੀ ਹੈ, ਪਰ ਇਹ ਲੰਮੀ ਪ੍ਰਕਿਰਿਆ ਹੋਵੇਗੀ। ਅਮਰੀਕਾ ਨੇ ਕਿਹਾ ਹੈ ਸਰਕਾਰ ਤੁਹਾਡੀ ਹੈ, ਲੈ ਲਓ ਪਰ ਇਹ ਆਸਾਨ ਨਹੀਂ।

ਅੱਜ ਈਰਾਨ ਦੀ ਨਵੀਂ ਤਸਵੀਰ ਵਿੱਚ ਯੁੱਧ ਤੋਂ ਬਾਅਦ ਈਰਾਨ ਜ਼ਖ਼ਮੀ ਹੋਵੇਗਾ - ਅਰਥਵਿਵਸਥਾ ਤਬਾਹ, ਲੋਕਾਂ ਵਿੱਚ ਗੁੱਸਾ, ਪਰ ਸ਼ਾਇਦ ਵਧੇਰੇ ਖੁੱਲ੍ਹੀ ਸਮਾਜ ਵੱਲ ਜਾਵੇ। ਖਾੜੀ ਵਿੱਚ ਸਾਊਦੀ ਅਤੇ ਯੂਏਈ ਵਰਗੇ ਦੇਸ਼ ਮਜ਼ਬੂਤ ਹੋ ਸਕਦੇ ਹਨ, ਪਰ ਤੇਲ ਦੀਆਂ ਕੀਮਤਾਂ ਅਸਥਿਰ ਰਹਿਣਗੀਆਂ, ਅੱਜ ਇੱਕ ਬਦਲਦਾ ਹੋਇਆ ਕਾਲ ਇਹ ਯੁੱਧ ਸਿਰਫ਼ ਈਰਾਨ-ਅਮਰੀਕਾ ਨਹੀਂ, ਸਗੋਂ ਮੱਧ ਪੂਰਬ ਦੇ ਨਵੇਂ ਰਾਜਨੀਤਕ ਨਕਸ਼ੇ ਦਾ ਹਿੱਸਾ ਹੈ। ਇਹ ਪੁਰਾਣੇ ਯੁੱਗ (ਇਸਲਾਮਿਕ ਰੈਵੋਲਿਊਸ਼ਨ 1979 ਤੋਂ) ਨੂੰ ਖਤਮ ਕਰਕੇ ਨਵੇਂ ਯੁੱਗ ਨੂੰ ਜਨਮ ਦੇ ਸਕਦਾ ਹੈ - ਜਿੱਥੇ ਸ਼ਾਂਤੀ ਦੀ ਬਜਾਏ ਅਸਥਿਰਤਾ ਵਧੇ, ਪਰ ਸੰਭਵ ਹੈ ਕਿ ਲੰਮੇ ਸਮੇਂ ਵਿੱਚ ਖੇਤਰ ਵਿੱਚ ਸਹਿਯੋਗ ਵਧੇ।

ਇਹ ਸੱਚ ਹੈ ਕਿ ਈਰਾਨ ਦੀ ਸਭਿਅਤਾ ਟੁੱਟੇਗੀ ਨਹੀਂ, ਸਗੋਂ ਨਵੇਂ ਰੂਪ ਵਿੱਚ ਜਿਉਂਦੀ ਰਹੇਗੀ। ਸ਼ਾਂਤੀ ਦੂਰ ਲੱਗ ਰਹੀ ਹੈ, ਪਰ ਇਤਿਹਾਸ ਸਿਖਾਉਂਦਾ ਹੈ ਕਿ ਵੱਡੇ ਸੰਕਟ ਤੋਂ ਬਾਅਦ ਨਵੀਂ ਸ਼ੁਰੂਆਤ ਹੁੰਦੀ ਹੈ। ਭਾਰਤ ਵਰਗੇ ਦੇਸ਼ਾਂ ਨੂੰ ਇਸ ਵਿੱਚ ਨਿਰਪੱਖ ਰਹਿ ਕੇ ਆਪਣੇ ਹਿੱਤ ਸੁਰੱਖਿਅਤ ਰੱਖਣੇ ਪੈਣਗੇ। ਮਾਰਚ 2026 ਦੀ ਵਰਤਮਾਨ ਸਥਿਤੀ (ਅਮਰੀਕਾ-ਇਜ਼ਰਾਈਲ ਦੇ ਹਮਲਿਆਂ ਤੋਂ ਬਾਅਦ, ਜਿਸ ਵਿੱਚ ਸੁਪਰੀਮ ਲੀਡਰ ਅਯਾਤੱਲਾ ਅਲੀ ਖਾਮਨੇਈ ਦੀ ਮੌਤ ਹੋ ਗਈ ਹੈ) ਨੂੰ ਵੇਖਦੇ ਹੋਏ, ਈਰਾਨ ਦੇ ਭਵਿੱਖ ਨੂੰ ਤਿੰਨ ਮੁੱਖ ਸੰਭਾਵਨਾਵਾਂ ਵਿੱਚ ਵੰਡ ਕੇ ਵੇਖਿਆ ਜਾ ਸਕਦਾ ਹੈ।

ਅੱਜ ਰੈਜੀਮ ਦਾ ਬਚਣਾ ਅਤੇ ਵਧੇਰੇ ਕੱਟੜਪੰਥੀ ਹੋਣਾ, ਅੰਦਰੂਨੀ ਬਦਲਾਅ ਜਾਂ ਰੈਜੀਮ ਚੇਂਜ ਅਤੇ ਲੰਮੇ ਸਮੇਂ ਵਿੱਚ ਸੰਭਾਵਿਤ ਸੁਧਾਰ ਜਾਂ ਨਵੀਂ ਰਾਜਨੀਤੀ। ਇਹਨਾਂ ਵਿੱਚੋਂ ਕੋਈ ਵੀ ਸਥਿਤੀ ਸਿੱਧੇ ਤੌਰ 'ਤੇ ਸੁਖਾਵੇਂ ਸੰਬੰਧ ਵੱਲ ਨਹੀਂ ਲੈ ਜਾਵੇਗੀ, ਸਗੋਂ ਮੁਸੀਬਤਾਂ ਦਾ ਨਵਾਂ ਦੌਰ ਜਾਂ ਤਬਾਹੀ ਵਾਲੀ ਸਥਿਤੀ ਵਧੇਰੇ ਸੰਭਾਵਿਤ ਲੱਗਦੀ ਹੈ। ਪਹਿਲੀ ਸਭ ਤੋਂ ਵੱਧ ਸੰਭਾਵਿਤ ਸਥਿਤੀ ਇਹ ਹੈ ਕਿ ਰੈਜੀਮ ਬਚ ਜਾਵੇਗਾ, ਪਰ ਬਹੁਤ ਜ਼ਿਆਦਾ ਕਮਜ਼ੋਰ ਅਤੇ ਪੈਰਾਨੋਇਡ ਹੋ ਜਾਵੇਗਾ। ਅਮਰੀਕੀ ਅਧਿਕਾਰੀਆਂ ਅਤੇ ਖੁਫੀਆ ਏਜੰਸੀਆਂ (ਜਿਵੇਂ 391 ਅਤੇ ਰੀਅਲ-ਟਾਈਮ ਅਨਾਲਿਸਿਸ) ਨੇ ਸਪੱਸ਼ਟ ਕਿਹਾ ਹੈ ਕਿ ਖਾਮਨੇਈ ਦੀ ਮੌਤ ਤੋਂ ਬਾਅਦ ਵੀ ਰੈਜੀਮ ਚੇਂਜ ਦੀ ਸੰਭਾਵਨਾ ਨੇੜੇ-ਨੇੜੇ ਨਹੀਂ ਹੈ। IRGC (ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ) ਅਤੇ ਹਾਰਡਲਾਈਨ ਕਲੈਰਿਕਸ ਨੇ ਤੁਰੰਤ ਕੰਟਰੋਲ ਸੰਭਾਲ ਲਿਆ ਹੈ।

ਅੱਜ ਇੱਕ ਅਸਥਾਈ ਕੌਂਸਲ (ਪ੍ਰੈਜ਼ੀਡੈਂਟ ਮਸੂਦ ਪੇਜ਼ੇਸ਼ਕਿਆਨ, ਜੁਡੀਸ਼ੀਅਰੀ ਹੈੱਡ ਅਤੇ ਗਾਰਡੀਅਨ ਕੌਂਸਲ ਦੇ ਮੈਂਬਰ) ਚੱਲ ਰਹੀ ਹੈ, ਅਤੇ ਨਵਾਂ ਸੁਪਰੀਮ ਲੀਡਰ ਜਲਦੀ ਚੁਣਿਆ ਜਾ ਸਕਦਾ ਹੈ - ਸੰਭਵ ਤੌਰ 'ਤੇ IRGC ਨਾਲ ਜੁੜਿਆ ਹੋਇਆ ਕੋਈ ਕੱਟੜਪੰਥੀ। ਇਸ ਸਥਿਤੀ ਵਿੱਚ ਈਰਾਨ ਦੇ ਵਿਦੇਸ਼ੀ ਸੰਬੰਧ ਵਧੇਰੇ ਵਿਨਾਸ਼ਕਾਰੀ ਹੋ ਜਾਣਗੇ। ਰੈਜੀਮ ਨੇ ਪਹਿਲਾਂ ਹੀ ਅਸਮੈਟ੍ਰਿਕ ਜਵਾਬੀ ਹਮਲੇ ਸ਼ੁਰੂ ਕਰ ਦਿੱਤੇ ਹਨ - ਇਜ਼ਰਾਈਲ 'ਤੇ ਮਿਜ਼ਾਈਲਾਂ, ਖਾੜੀ ਦੇ ਦੇਸ਼ਾਂ (ਯੂਏਈ, ਬਹਿਰੀਨ, ਕੁਵੈਤ, ਕਤਰ, ਸਾਊਦੀ) ਵਿੱਚ ਅਮਰੀਕੀ ਬੇਸਾਂ ਅਤੇ ਸਿਵਲ ਟਾਰਗੈਟਾਂ ਤੇ ਡਰੋਨ ਅਤੇ ਮਿਜ਼ਾਈਲ ਹਮਲੇ, ਤੇਲ ਟੈਂਕਰਾਂ ਨੂੰ ਨਿਸ਼ਾਨਾ ਬਣਾਉਣਾ (ਜਿਵੇਂ ਸਕਾਈਲਾਈਟ ਟੈਂਕਰ ਨੂੰ ਡੁਬੋਣ ਦੀ ਕੋਸ਼ਿਸ਼), ਅਤੇ ਹਿਜ਼ਬੁੱਲਾਹ ਵੱਲੋਂ ਲੈਬਨਾਨ ਤੋਂ ਰਾਕੇਟ ਹਮਲੇ।

ਅੱਜ ਇਹ ਸਭ ਇੱਕ ਐਟਰੀਸ਼ਨ ਵਾਰ (ਲੰਮੀ ਥਕਾਊ ਲੜਾਈ) ਵੱਲ ਇਸ਼ਾਰਾ ਕਰਦਾ ਹੈ, ਜਿੱਥੇ ਈਰਾਨ ਆਪਣੇ ਦੁਸ਼ਮਣਾਂ ਨੂੰ ਥੱਕਾਉਣ ਲਈ ਖੇਤਰ ਨੂੰ ਅਸਥਿਰ ਰੱਖੇਗਾ। ਹੁਣ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ, ਗਲੋਬਲ ਐਨਰਜੀ ਸੰਕਟ, ਹਵਾਈ ਯਾਤਰਾ ਅਤੇ ਵਪਾਰ ਵਿੱਚ ਵੱਡੀ ਰੁਕਾਵਟ (ਦੁਬਈ, ਅਬੂ ਧਾਬੀ, ਦੋਹਾ ਏਅਰਪੋਰਟ ਬੰਦ), ਅਤੇ ਸਟਰੇਟ ਆਫ਼ ਹੌਰਮੁਜ਼ ਨੂੰ ਬੰਦ ਕਰਨ ਦੀ ਧਮਕੀ - ਜੋ ਦੁਨੀਆਂ ਦੇ 20% ਤੇਲ ਨੂੰ ਪ੍ਰਭਾਵਿਤ ਕਰੇਗੀ। ਇਸ ਨਾਲ ਈਰਾਨ ਦੇ ਸੰਬੰਧ ਅਮਰੀਕਾ, ਇਜ਼ਰਾਈਲ, ਖਾੜੀ ਦੇ ਦੇਸ਼ਾਂ ਅਤੇ ਯੂਰਪ ਨਾਲ ਹੋਰ ਵਿਗੜ ਜਾਣਗੇ। ਰੈਜੀਮ ਨੂੰ ਸਕੋਰਚਡ ਅਰਥ ਪਾਲਿਸੀ ਅਪਣਾਉਣੀ ਪੈ ਸਕਦੀ ਹੈ - ਜੇ ਡਿੱਗਣ ਵਾਲਾ ਹੋਵੇ ਤਾਂ ਖੇਤਰ ਨੂੰ ਨਾਲ ਲੈ ਕੇ ਜਾਣਾ। ਇਹ ਨਵਾਂ ਦੌਰ ਤਬਾਹੀ ਵਾਲਾ ਹੋਵੇਗਾ ਅਤੇ ਵਧੇਰੇ ਮੌਤਾਂ, ਆਰਥਿਕ ਸੰਕਟ ਅਤੇ ਸਮਾਜਿਕ ਅਸਥਿਰਤਾ। ਅੰਦਰੂਨੀ ਤੌਰ 'ਤੇ ਬਸੀਜ ਅਤੇ ਪੁਲਿਸ ਫੋਰਸਾਂ 'ਤੇ ਹਮਲੇ ਨਾਲ ਰੈਜੀਮ ਦਮਨ ਵਧਾਏਗਾ, ਜਿਸ ਨਾਲ ਪ੍ਰਦਰਸ਼ਨ ਵੱਧ ਸਕਦੇ ਹਨ ਪਰ ਰੈਜੀਮ ਨੂੰ ਹਿਲਾਉਣਾ ਮੁਸ਼ਕਲ ਰਹੇਗਾ।

ਅੱਜ ਦੂਜੀ ਸੰਭਾਵਨਾ ਰੈਜੀਮ ਚੇਂਜ ਜਾਂ ਅੰਦਰੂਨੀ ਬਗ਼ਾਵਤ ਹੈ, ਜਿਸ 'ਤੇ ਅਮਰੀਕਾ (ਟਰੰਪ) ਅਤੇ ਇਜ਼ਰਾਈਲ ਦਾ ਫੋਕਸ ਹੈ। ਟਰੰਪ ਨੇ ਕਿਹਾ ਹੈ ਸਰਕਾਰ ਤੁਹਾਡੀ ਹੈ, ਲੈ ਲਓ ਅਤੇ ਈਰਾਨੀ ਲੋਕਾਂ ਨੂੰ ਉੱਠਣ ਲਈ ਕਿਹਾ ਹੈ। ਪਰ ਇਹ ਆਸਾਨ ਨਹੀਂ। ਇਰਾਨੀ ਵਿਰੋਧੀ ਤਾਕਤਾਂ ਕਮਜ਼ੋਰ ਹਨ ਅਤੇ 1979 ਤੋਂ ਚੱਲ ਰਿਹਾ ਸਿਸਟਮ (IRGC, ਬਸੀਜ, ਕਲੈਰਿਕਲ ਨੈੱਟਵਰਕ) ਬਹੁਤ ਮਜ਼ਬੂਤ ਹੈ। ਜੇ ਰੈਜੀਮ ਡਿੱਗ ਵੀ ਗਿਆ ਤਾਂ ਸਿਵਲ ਵਾਰ ਜਾਂ ਫਰੈਗਮੈਂਟੇਸ਼ਨ (ਕੁਰਦ, ਬਲੋਚ, ਅਜ਼ਰੀ ਖੇਤਰਾਂ ਵਿੱਚ ਵੰਡ) ਹੋ ਸਕਦੀ ਹੈ - ਜਿਵੇਂ ਲੀਬੀਆ ਜਾਂ ਸੀਰੀਆ ਵਿੱਚ ਹੋਇਆ। ਅੱਜ ਇਸ ਨਾਲ ਈਰਾਨ ਦੇ ਸੰਬੰਧ ਅਸਥਿਰ ਰਹਿਣਗੇ, ਨਵੀਂ ਸਰਕਾਰ ਨੂੰ ਸਥਿਰ ਹੋਣ ਵਿੱਚ ਸਾਲ ਲੱਗ ਸਕਦੇ ਹਨ ਅਤੇ ਇਸ ਦੌਰਾਨ ਤਬਾਹੀ ਵਧੇਗੀ। ਤੀਜੀ, ਲੰਮੇ ਸਮੇਂ ਵਿੱਚ (ਜੇ ਰੈਜੀਮ ਬਚ ਜਾਂਦਾ ਹੈ ਜਾਂ ਨਵੀਂ ਲੀਡਰਸ਼ਿਪ ਆਉਂਦੀ ਹੈ) ਈਰਾਨ ਨੂੰ ਸਮਝੌਤਾ ਕਰਨਾ ਪੈ ਸਕਦਾ ਹੈ। ਕੁਝ ਵਿਸ਼ਲੇਸ਼ਕਾਂ ਅਨੁਸਾਰ, ਨਵੀਂ ਲੀਡਰਸ਼ਿਪ ਅਮਰੀਕਾ ਨਾਲ ਡਿਪਲੋਮੈਟਿਕ ਰਿਸ਼ਤੇ ਬਣਾ ਸਕਦੀ ਹੈ ਅਤੇ ਇਜ਼ਰਾਈਲ ਨਾਲ ਸਾਊਦੀ ਵਰਗਾ ਰਵੱਈਆ ਅਪਣਾ ਸਕਦੀ ਹੈ (ਪੈਲੇਸਟਾਈਨ ਮੁੱਦੇ ਤੇ ਸ਼ਰਤਾਂ ਨਾਲ ਮਾਨਤਾ)। ਪਰ ਇਹ ਬਹੁਤ ਦੂਰ ਦੀ ਗੱਲ ਹੈ। ਵਰਤਮਾਨ ਵਿੱਚ ਰੈਜੀਮ ਦੀ ਸਟਰੈਟੈਜਿਕ ਪੇਸ਼ੈਂਸ ਖਤਮ ਹੋ ਗਈ ਹੈ ਅਤੇ ਇਹ ਵਧੇਰੇ ਅਨਯੋਗ ਅਤੇ ਵਿਨਾਸ਼ਕਾਰੀ ਹੋ ਗਿਆ ਹੈ।

ਹੁਣ ਸਮਾਜਿਕ ਤੇ ਰਾਜਨੀਤਕ ਬਦਲਾਅ ਵੀ ਵੱਡਾ ਹੋਵੇਗਾ। ਈਰਾਨੀ ਸਮਾਜ ਪਹਿਲਾਂ ਹੀ ਅਸੰਤੁਸ਼ਟ ਹੈ (ਮਹਿਸਾ ਅਮੀਨੀ ਪ੍ਰਦਰਸ਼ਨਾਂ, ਆਰਥਿਕ ਸੰਕਟ), ਪਰ ਯੁੱਧ ਨਾਲ ਰਾਸ਼ਟਰੀ ਏਕਤਾ ਵਧ ਸਕਦੀ ਹੈ ਜਾਂ ਵੰਡ ਵਧ ਸਕਦੀ ਹੈ। ਤਬਾਹੀ ਵਿੱਚ ਹਜ਼ਾਰਾਂ ਮੌਤਾਂ, ਬੁਨਿਆਦੀ ਢਾਂਚੇ ਦਾ ਨੁਕਸਾਨ ਅਤੇ ਸੱਭਿਆਚਾਰਕ ਵਿਰਾਸਤ 'ਤੇ ਅਸਰ ਪਵੇਗਾ। ਦੁਨੀਆਂ ਲਈ ਇਹ ਗਲੋਬਲ ਅਸਥਿਰਤਾ ਵਧਾਏਗਾ - ਤੇਲ ਸੰਕਟ, ਰਿਫਿਊਜੀ ਵੇਵ ਅਤੇ ਨਵੇਂ ਟੈਰਰ ਗਰੁੱਪਾਂ ਦਾ ਉਭਾਰ। ਸੰਖੇਪ ਵਿੱਚ, ਆਉਣ ਵਾਲੇ ਦਿਨਾਂ ਵਿੱਚ ਈਰਾਨ ਦੇ ਸੰਬੰਧ ਸੁਖਾਵੇਂ ਨਹੀਂ ਹੋਣਗੇ। ਇਹ ਮੁਸੀਬਤਾਂ ਦਾ ਨਵਾਂ ਦੌਰ ਹੈ- ਤਬਾਹੀ, ਅਸਥਿਰਤਾ ਅਤੇ ਖੇਤਰੀ ਯੁੱਧ ਦਾ ਖਤਰਾ। ਰੈਜੀਮ ਜੇ ਬਚਿਆ ਤਾਂ ਵਧੇਰੇ ਕਟੜਪੰਥੀ ਅਤੇ ਵਿਨਾਸ਼ਕਾਰੀ ਬਣੇਗਾ; ਜੇ ਡਿੱਗਿਆ ਤਾਂ ਚਾਓਸ ਅਤੇ ਲੰਮੀ ਅਸਥਿਰਤਾ। ਅੱਜ ਸੱਚੀ ਸ਼ਾਂਤੀ ਅਤੇ ਸੁਧਾਰ ਲਈ ਲੰਮਾ ਸਮਾਂ ਅਤੇ ਅੰਦਰੂਨੀ ਬਦਲਾਅ ਚਾਹੀਦਾ ਹੈ, ਜੋ ਵਰਤਮਾਨ ਵਿੱਚ ਬਹੁਤ ਦੂਰ ਲੱਗਦਾ ਹੈ। ਇਹ ਯੁੱਧ ਨਾ ਸਿਰਫ਼ ਈਰਾਨ ਲਈ, ਸਗੋਂ ਪੂਰੀ ਦੁਨੀਆਂ ਲਈ ਇੱਕ ਨਵੇਂ ਅਸਥਿਰ ਯੁੱਗ ਵਿੱਚ ਹੋਵੇਗਾ।

# ਵਿਸ਼ਵ ਜੰਗ ਦੇ ਡਰ ਨਾਲ ਦੁਨੀਆਂ ਕੰਬੀ



ਕਮਲਜੀਤ ਸਿੰਘ ਬਨਵੈਤ
98147 34035

- ਇਜ਼ਰਾਈਲ ਕੋਲ 6 ਲੱਖ ਸਰਗਰਮ ਫੌਜੀ ਹਨ ਜਦ ਕਿ ਈਰਾਨ ਦੀ ਫੌਜ ਵਿੱਚ 1.7 ਲੱਖ ਸਰਗਰਮ ਜਵਾਨ ਹਨ
- ਈਰਾਨ ਕੋਲ 220 ਨੇਵੀ ਜਹਾਜ਼ਾਂ ਦਾ ਬੇੜਾ ਹੈ ਜਦ ਕਿ ਇਜ਼ਰਾਈਲ ਕੋਲ ਇਸ ਤੋਂ ਚੌਥਾ ਹਿੱਸਾ ਨੇਵੀ ਜਹਾਜ਼ ਹਨ
- ਇਜ਼ਰਾਈਲ ਦੇ ਸਾਈਬਰ ਡਿਫੈਂਸ ਉੱਤੇ ਹਮਲਾ ਹੁੰਦਾ ਹੈ ਤਾਂ ਈਰਾਨ ਦਾ ਹੱਥ ਉੱਪਰ ਰਹਿਣ ਦੀ ਸੰਭਾਵਨਾ ਹੈ
- ਇਜ਼ਰਾਈਲ ਜੀਡੀਪੀ ਦਾ 4 ਫ਼ੀਸਦੀ ਰੱਖਿਆ ਖੇਤਰ ਉੱਤੇ ਲਾਉਂਦਾ ਹੈ ਜਦਕਿ ਇਰਾਨ ਸਿਰਫ ਦੋ ਫ਼ੀਸਦੀ ਤੱਕ
- ਦੁਬਈ ਸਰਕਾਰ ਨੇ ਸੈਲਾਨੀਆਂ ਲਈ ਹੋਟਲਾਂ ਦੇ ਦਰਵਾਜ਼ੇ ਮੁਫ਼ਤ ਖੋਲ੍ਹੇ

ਦੁਨੀਆਂ ਨੂੰ ਜਿਸ ਗੱਲ ਦਾ ਡਰ ਸੀ ਆਖ਼ਰ ਹੋ ਕੇ ਰਿਹਾ। ਅਮਰੀਕਾ ਤੇ ਈਰਾਨ ਵਿੱਚ ਕਈ ਦੌਰ ਦੀ ਪਰਮਾਣੂ ਗੱਲਬਾਤ ਅਸਫਲ ਰਹਿਣ ਤੋਂ ਪਿੱਛੋਂ ਜਾਰੀ ਤਣਾਅ ਤੇ ਲਾਮਬੰਦੀ ਵਿਚਾਲੇ ਅਮਰੀਕਾ ਤੇ ਇਜ਼ਰਾਇਲ ਨੇ ਦੋ ਦਿਨ ਪਹਿਲਾਂ ਈਰਾਨ ਉੱਤੇ ਜ਼ੋਰਦਾਰ ਹਮਲਾ ਕਰ ਦਿੱਤਾ ਸੀ। ਹਮਲੇ ਤੋਂ ਇੱਕ ਅੱਧ ਦਿਨ ਪਹਿਲਾਂ ਹੀ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਜ਼ਰਾਇਲ ਹੋ ਕੇ ਆਏ ਹਨ। ਇਸ ਤੋਂ ਬਾਅਦ ਅਮਰੀਕਾ ਨੇ ਵੀ ਪੱਛਮੀ ਏਸ਼ੀਆ ਵਿੱਚ ਮੌਜੂਦ ਆਪਣੇ ਫੌਜੀ ਟਿਕਾਣਿਆਂ 'ਤੇ ਜੰਗੀ ਬੇੜੀਆਂ ਨਾਲ ਇਰਾਨੀ ਮਿਜ਼ਾਇਲਾਂ ਤੇ ਡਰੋਨਾਂ ਨਾਲ ਹਮਲੇ ਸ਼ੁਰੂ ਕਰ ਦਿੱਤੇ। ਹਮਲੇ ਵਿੱਚ ਸ਼ੀਆ ਸੈਕਟ ਦੇ ਮੁਖੀ ਖਾਮਨੇਈ ਦੀ ਰਿਹਾਇਸ਼ ਤੇ ਰਾਸ਼ਟਰਪਤੀ ਭਵਨ ਸਮੇਤ ਫੌਜੀ ਟਿਕਾਣਿਆਂ , ਮਿਜ਼ਾਇਲੀ ਟਿਕਾਣਿਆਂ ਅਤੇ ਰਣਨੀਤਕ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਗਿਆ। ਖਾਮਨੇਈ 96 ਸਾਲਾਂ ਦੇ ਸਨ, ਉਹਨਾਂ ਦੇ ਨਾਲ ਹੀ ਉਹਨਾਂ ਦੀ ਧੀ, ਜਵਾਈ ਅਤੇ ਪੋਤਰੇ ਪੋਤਰੀਆਂ ਵੀ ਮਾਰੀਆਂ ਗਈਆਂ। ਖਾਮਨੇਈ 1979 ਤੋਂ ਸ਼ੀਆ ਸੈਕਟ ਦੀ ਅਗਵਾਈ ਕਰਦੇ ਆ ਰਹੇ ਹਨ। ਇਸੇ ਥਾਂ ਤੋਂ ਮੁਸਲਮਾਨ ਆਪਣੀ ਸੇਧ ਲੈਂਦੇ ਹਨ। ਇਸ ਸਾਰੇ ਖ਼ਤਰਨਾਕ ਵਰਤਾਰੇ ਦੇ ਚਲਦਿਆਂ ਕਈ ਪਾਸਿਆਂ ਤੋਂ ਰਾਹਤ ਦੀਆਂ ਖ਼ਬਰਾਂ ਵੀ ਆ ਰਹੀਆਂ ਹਨ। ਰਵੀ ਸਿੰਘ ਖ਼ਾਲਸਾ ਦੀ ਅਗਵਾਈ ਹੇਠਲੇ ਖਾਲਸਾ ਏਡ ਨੇ ਮਦਦ ਲਈ ਤੁਰਕੀ ਅਤੇ ਇਰਾਨ ਵਿੱਚ ਡੇਰੇ ਲਾ ਲਏ ਹਨ। ਦੁਬਈ ਵਿੱਚ ਫਸੇ ਸੈਲਾਨੀਆਂ ਦੀ ਹੋਟਲ ਰਿਹਾਇਸ਼ ਦਾ ਖ਼ਰਚਾ ਉਥੋਂ ਦੀ ਸਰਕਾਰ ਨੇ ਚੁੱਕ ਲਿਆ ਹੈ। ਕਈ ਲੋਕਾਂ ਨੇ ਉੱਥੇ ਫਸੇ ਸੈਲਾਨੀਆਂ ਲਈ ਆਪਣੇ ਘਰਾਂ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ। ਹਵਾਈ ਕੰਪਨੀਆਂ ਨੇ ਰਕਮ ਰਿਫੰਡ ਕਰਨ ਦਾ ਭਰੋਸਾ ਦਿੱਤਾ ਹੈ। ਸਭ ਤੋਂ ਵੱਧ ਬੁਰਾ ਹਾਲ ਕੈਨੇਡਾ, ਅਮਰੀਕਾ ਤੇ ਪੱਛਮੀ ਮੁਲਕਾਂ ਤੋਂ ਭਾਰਤ ਵਿੱਚ ਆ ਕੇ ਫਸੇ ਪ੍ਰਵਾਸੀਆਂ ਦਾ ਹੈ ਕਿਉਂਕਿ ਹਵਾਈ ਉਡਾਣਾਂ ਬੰਦ ਹੋ ਗਈਆਂ ਹਨ। ਭਾਰਤ ਸਰਕਾਰ ਨੇ ਹਾਲੀਆ ਘਟਨਾਕ੍ਰਮ 'ਤੇ ਡੂੰਘੀ ਚਿੰਤ ਪ੍ਰਗਟ ਕਰਦਿਆਂ ਈਰਾਨ ਅਤੇ ਖਾੜੀ ਖੇਤਰ ਵਿੱਚ ਵਾਪਰ ਰਹੀਆਂ ਘਟਨਾਵਾਂ ਉੱਤੇ ਚਿੰਤਾ ਜਤਾਈ ਹੈ ਅਤੇ ਨਾਲ ਹੀ ਸੰਜਮ ਵਰਤਣ ਅਤੇ ਤਣਾਅ ਵਧਾਉਣ ਤੋਂ ਬਚਣ ਦੀ ਅਪੀਲ ਕੀਤੀ ਹੈ। ਭਾਰਤ ਸਰਕਾਰ ਨੇ ਬਿਆਨ ਵਿੱਚ ਕਿਹਾ ਹੈ ਕਿ ਨਾਗਰਿਕਾਂ ਦੀ ਸੁਰੱਖਿਆ ਨੂੰ ਸਰਵਉੱਚ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ ਅਤੇ ਸੰਵਾਦ ਤੇ ਕੂਟਨੀਤੀ ਰਾਹੀਂ ਹੱਲ ਲੱਭਿਆ ਜਾਣਾ ਚਾਹੀਦਾ ਹੈ। ਭਾਰਤ ਨੇ ਸਪੱਸ਼ਟ ਕੀਤਾ ਹੈ ਕਿ ਖੇਤਰੀ ਪ੍ਰਭੂ ਸੱਤਾ ਤੇ ਅਖੰਡਤਾ ਦਾ ਸਨਮਾਨ ਕੀਤਾ ਜਾਣਾ ਬਣਦਾ ਹੈ। ਨਾਲ ਹੀ ਕਿਹਾ ਕਿ ਭਾਰਤੀ ਦੂਤ ਘਰ ਤੇ ਮਿਸ਼ਨ ਭਾਰਤੀ ਨਾਗਰਿਕਾਂ ਦੇ ਸੰਪਰਕ ਵਿੱਚ ਹਨ। ਇਸੇ ਦੌਰਾਨ ਖਾਮਨੇਈ ਤੇ ਉਸ ਦੇ ਪਰਿਵਾਰ ਸਮੇਤ 40 ਵੱਡੇ ਫ਼ੌਜੀ ਲੀਡਰਾਂ ਦੇ ਮਾਰੇ ਜਾਣ ਦੇ ਜੰਮੂ ਕਸ਼ਮੀਰ ਅਤੇ ਪੰਜਾਬ ਸਮੇਤ ਕਈ ਥਾਂ ਉੱਤੇ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ। ਪਾਕਿਸਤਾਨ ਵਿੱਚ ਅਮਰੀਕਾ ਦੀ ਅੰਬੈਸੀ ਮੂਹਰੇ ਪ੍ਰਦਰਸ਼ਨ ਕੀਤਾ ਗਿਆ, ਜਿਸ ਦੌਰਾਨ ਇੱਕ ਹੋਰ ਬਦਕਿਸਮਤ ਘਟਨਾ ਵਾਪਰੀ ਅਤੇ ਦਰਜਨ ਤੋਂ ਵੱਧ ਜਾਨਾਂ ਜਾਂਦੀਆਂ ਰਹੀਆਂ।

ਈਰਾਨ ਵੱਲੋਂ ਵੀ ਮਿਜ਼ਾਇਲਾਂ ਅਤੇ ਡਰੋਨਾਂ ਨਾਲ ਤਾਬੜਤੋੜ ਹਮਲੇ ਕੀਤੇ ਜਾ ਰਹੇ ਹਨ, ਜਿਸ ਵਿੱਚ ਜਾਰਡਨ, ਸਾਊਦੀ ਅਰਬ ਬਹਿਰੀਨ, ਯੂਏਈ ਸਮੇਤ ਤਮਾਮ ਦੇਸ਼ਾਂ ਦੇ ਅਹਿਮ ਸ਼ਹਿਰ ਨਿਸ਼ਾਨੇ ਉਤੇ ਰਹੇ। ਅਬੂਧਾਬੀ ਤੇ ਦੁਬਈ ਵਿੱਚ ਧਮਾਕੇ ਸੁਣੇ ਗਏ। ਇਜ਼ਰਾਇਲ ਸਮੇਤ ਪੱਛਮੀ ਏਸ਼ੀਆ ਦੇ ਸਾਰੇ ਦੇਸ਼ਾਂ ਨੇ ਆਪਣੀ ਹਵਾਈ ਰੱਖਿਆ ਪ੍ਰਣਾਲੀ ਨੂੰ ਸਰਗਰਮ ਕਰ ਦਿੱਤਾ ਹੈ। ਇਜ਼ਰਾਇਲ ਨੇ ਦਾਅਵਾ ਕੀਤਾ ਹੈ ਕਿ ਯੇਰੂਸਲਮ ਅਤੇ ਕੇਂਦਰੀ ਇਜ਼ਰਾਇਲ ਉੱਤੇ ਹੈਰਾਨੀ ਹਮਲਿਆਂ ਨੂੰ ਨਾਕਾਮ ਕਰ ਦਿੱਤਾ ਗਿਆ ਹੈ। ਇਰਾਨ 'ਤੇ ਇਜ਼ਰਾਇਲ ਦੋਵੇਂ ਆਪਣੇ ਆਪ ਨੂੰ ਮਾੜਾ ਨਹੀਂ ਸਮਝ ਰਿਹਾ ਪਰ ਸੀ ਐਸ ਆਈ.ਐਸ. ਦੀ ਰਿਪੋਰਟ ਅਨੁਸਾਰ ਈਰਾਨ ਕੋਲ ਲਗਭਗ 220 ਨੇਵੀ ਜਹਾਜ਼ ਹਨ ਹਾਲਾਂਕਿ ਉਸਦਾ ਸਮੁੰਦਰੀ ਫੌਜ ਦਾ ਬੇੜਾ ਪੂਰੀ ਤਰ੍ਹਾਂ ਆਧੁਨਿਕ ਨਹੀਂ ਜਦੋਂ ਕਿ ਇਜ਼ਰਾਇਲ ਕੋਲ ਜਹਾਜ਼ਾਂ ਦੀ ਗਿਣਤੀ ਲਗਭਗ 60 ਹੈ ਪਰ ਅਤਿ ਆਧੁਨਿਕ ਤਕਨੀਕ ਨਾਲ ਲੈਸ ਮੰਨੇ ਜਾਂਦੇ ਹਨ। ਈਰਾਨ ਕੋਲ ਲਗਭਗ 6 ਲੱਖ ਸਰਗਰਮ ਫੌਜੀ ਹਨ ਜਦੋਂ ਕੋਈ ਇਜ਼ਰਾਈਲ ਕੋਲ 1.7 ਲੱਖ ਸਰਗਰਮ ਫੌਜੀਆਂ ਦੀ ਗਿਣਤੀ ਹੈ। ਭਾਵ ਗਿਣਤੀ ਦੇ ਲਿਹਾਜ਼ ਨਾਲ ਈਰਾਨ ਅੱਗੇ ਹੈ ਪਰ ਤਕਨੀਕ ਤੇ ਰੱਖਿਆ ਬਜਟ ਵਿੱਚ ਇਜ਼ਰਾਈਲ ਮੂਹਰੇ ਦੱਸਿਆ ਜਾ ਰਿਹਾ ਹੈ। ਸਾਈਬਰ ਹਮਲਿਆਂ ਦੀ ਸਥਿਤੀ ਵਿੱਚ ਤਸਵੀਰ ਗੁੰਝਲਦਾਰ ਹੋ ਜਾਂਦੀ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਇਜ਼ਰਾਇਲ ਦੇ ਡਿਫੈਂਸ ਸਿਸਟਮ ਉਤੇ ਵੱਡਾ ਸਾਈਬਰ ਹਮਲਾ ਹੁੰਦਾ ਹੈ ਤਾਂ ਈਰਾਨ ਦਾ ਹੱਥ ਉੱਪਰ ਰਹਿ ਸਕਦਾ ਹੈ। ਈਰਾਨ ਦਾ ਰੱਖਿਆ ਬਜਟ 19 ਬਿਲੀਅਨ ਡਾਲਰ ਹੈ ਜਦ ਕਿ ਇਜ਼ਰਾਇਲ ਦਾ ਰੱਖਿਆ ਬਜਟ 7.4 ਬਿਲੀਅਨ ਡਾਲਰ ਦੱਸਿਆ ਜਾ ਰਿਹਾ ਹੈ । ਇਸੇ ਤਰ੍ਹਾਂ ਇਜ਼ਰਾਇਲ ਕੋਲ 62 ਏਅਰ ਕਰਾਫਟ ਹਨ ਜਦ ਕਿ ਈਰਾਨ ਕੋਲ 551 ਦੱਸੇ ਜਾ ਰਹੇ ਹਨ। ਇਜ਼ਰਾਇਲ ਜੀਡੀਪੀ ਦੇ ਅਨੁਪਾਤ ਵਿੱਚ ਰੱਖਿਆ ਖੇਤਰ ਉੱਤੇ 4 ਫ਼ੀਸਦੀ ਅਤੇ ਈਰਾਨ ਦੋ ਫ਼ੀਸਦੀ ਖ਼ਰਚਾ ਕਰ ਰਿਹਾ ਹੈ। ਅਮਰੀਕਾ ਵਪਾਰ ਅਤੇ ਪੈਟਰੋਲ ਦੀ ਖ਼ਾਤਰ ਕਿਸੇ ਨੂੰ ਵੀ ਲੜਾ ਸਕਦਾ ਹੈ। ਜਿਸ ਦੇਸ਼ ਵਿੱਚ ਉਸ ਦੀ ਮਰਜ਼ੀ ਦਾ ਹਾਕਮ ਨਹੀਂ ਉਹ ਮੁਲਕ ਉਸ ਨੂੰ ਫੁੱਟੀ ਅੱਖ ਨਹੀਂ ਭਾਉਂਦਾ ਹੈ। ਪਰਮਾਣੂ ਪੱਖੋਂ ਸ਼ਕਤੀਸ਼ਾਲੀ ਦੇਸ਼ ਵੀ ਉਸ ਦੀ ਅੱਖ ਵਿੱਚ ਰੜਕਣ ਲੱਗ ਪੈਂਦੇ ਹਨ। ਪੱਛਮੀ ਏਸ਼ੀਆ ਵਿੱਚ ਅਮਰੀਕਾ ਦੇ ਸੱਤ ਮੁਲਕਾਂ ਅੰਦਰ ਫੌਜੀ ਅੱਡੇ ਹਨ। ਬਹਿਰੀਨ ਅਮਰੀਕਾ ਜਲ ਸੈਨਾ ਦੇ ਪੰਜਵੇਂ ਬੇੜੇ ਦਾ ਹੈਡ ਕੁਆਰਟਰ ਹੈ। ਇਹ ਲਾਲ ਸਾਗਰ ਅਰਬ ਸਾਗਰ ਤੇ ਹਿੰਦ ਮਹਾਸਾਗਰ ਦੇ ਕੁਝ ਹਿੱਸੇ ਤੱਕ ਫੈਲਿਆ ਹੋਇਆ ਹੈ। ਦੋਹਾਂ ਦੇ ਬਾਹਰੀ ਰੇਗਿਸਤਾਨ ਵਿੱਚ ਸਥਿਤ 24 ਹੈਕਟੇਅਰ ਦਾ ਅਲ ਉਦਦ ਹਵਾਈ ਅੱਡਾ ਅਮਰੀਕੀ ਕੇਂਦਰੀ ਕਮਾਨ ਦਾ ਪ੍ਰਮੁੱਖ ਹੈਡ ਕੁਆਰਟਰ ਹੈ। ਇਹ ਪੱਛਮ ਵਿੱਚ ਮਿਸਰ ਤੋਂ ਲੈ ਕੇ ਪੂਰਬੀ ਕਜਾਕਿਸਤਾਨ ਤੱਕ ਫੈਲੇ ਇਲਾਕੇ ਵਿੱਚ ਅਮਰੀਕੀ ਫੌਜੀ ਅਭਿਆਨਾਂ ਦਾ ਸੰਚਾਲਨ ਕਰਦਾ ਹੈ। ਇੱਥੇ ਲਗਭਗ 10 ਹਜ਼ਾਰ ਅਮਰੀਕੀ ਫ਼ੌਜੀ ਤਾਇਨਾਤ ਹਨ। ਕੁਵੈਤ ਵਿੱਚ ਕਈ ਫੌਜੀ ਟਿਕਾਣੇ ਹਨ, ਜਿਨ੍ਹਾਂ ਵਿੱਚ ਅਮਰੀਕੀ ਆਰਮੀ ਸੈਂਟਰਲ ਦਾ ਪ੍ਰਮੁੱਖ ਹੈਡ ਕੁਆਰਟਰ ਕੈਂਪ ਆਰਫ ਜਾਨ ਤੇ ਅਲੀ ਅਲ ਸਲੇਮ ਏਅਰਵੇਜ਼ ਸ਼ਾਮਲ ਹਨ ਜਿਹੜਾ ਕਿ ਇਰਾਕੀ ਸਰਾਧਤ ਤੋਂ ਲਗਭਗ 40 ਕਿਲੋਮੀਟਰ ਦੂਰ ਸਥਿਤ ਹੈ। ਯੂਏਈ ਦੀ ਗੱਲ ਕਰੀਏ ਤਾਂ ਆਬੂਧਾਬੀ ਦੇ ਦੱਖਣ ਵਿੱਚ ਸਥਿਤ ਅਨ ਧਾਫਰਾ ਏਅਰ ਬੇਸ ਅਮਰੀਕੀ ਫੌਜ ਹਵਾਈ ਫੌਜ ਦਾ ਇੱਕ ਮਹੱਤਵਪੂਰਨ ਕੇਂਦਰ ਹੈ। ਏ ਯੂ ਏ ਆਈ ਹਵਾਈ ਫ਼ੌਜ ਤੇ ਅਮਰੀਕੀ ਫ਼ੌਜ ਵੱਲੋਂ ਸਾਂਝੇ ਤੌਰ 'ਤੇ ਇਸਤੇਮਾਲ ਕੀਤਾ ਜਾਂਦਾ ਹੈ। ਇੱਥੇ ਹੀ ਬੱਸ ਨਹੀਂ ਦੁਬਈ ਦੀ ਜੇ ਬੇਲ ਅਲੀ ਬੰਦਰਗਾਹ ਪੱਛਮੀ ਏਸ਼ੀਆ ਵਿੱਚ ਅਮਰੀਕੀ ਜਲ ਸੈਨਾ ਦੀ ਸਭ ਤੋਂ ਵੱਡੀ ਬੰਦਰਗਾਹ ਹੈ। ਇਰਾਕ ਵਿੱਚ ਅਮਰੀਕਾ ਪੱਛਮੀ ਅਨਬਾਰ ਸੂਬੇ ਵਿੱਚ ਐਨ ਅਲ ਅਸਦ ਹਵਾਈ ਅੱਡੇ ਤੇ ਆਪਣੀ ਹਾਜ਼ਰੀ ਬਣਾਏ ਹੋਏ ਹਨ ਜੋ ਇਰਾਕੀ ਸੁਰੱਖਿਆ ਦਾ ਸਮਰਥਨ ਕਰਦਾ ਹੈ ਅਤੇ ਨਾਟੋ ਮਿਸ਼ਨ ਵਿੱਚ ਯੋਗਦਾਨ ਦਿੰਦਾ ਹੈ। ਸਾਊਦੀ ਅਰਬ ਵਿੱਚ 2024 ਨੂੰ ਅਮਰੀਕੀ ਫੌਜੀਆਂ ਦੀ ਗਿਣਤੀ 2321 ਸੀ, ਜਿਹੜੇ ਕਿ ਫ਼ੌਜੀ ਸਾਊਦੀ ਸਰਕਾਰ ਦੇ ਨਾਲ ਤਾਲਮੇਲ ਵਿੱਚ ਕੰਮ ਕਰਦੇ ਹਨ। ਹਵਾਈ ਤੇ ਮਿਜ਼ਾਇਲ ਰੱਖਿਆ ਤਾਲਮੇਲ ਵਿੱਚ ਕੰਮ ਕਰਦੇ ਹਨ ਇਹ ਹਵਾਈ ਤੇ ਮਿਜ਼ਾਇਲ ਰੱਖਿਆ ਸਮਰੱਥਾਵਾਂ ਪ੍ਰਦਾਨ ਕਰਨ ਦੇ ਨਾਲ ਅਮਰੀਕੀ ਫੌਜੀ ਜਹਾਜ਼ਾਂ ਦਾ ਸੰਚਾਲਨ ਵਿੱਚ ਮਦਦ ਕਰਦੇ ਹਨ। ਇਹਨਾਂ ਵਿੱਚੋਂ ਕੁਝ ਫ਼ੌਜੀ ਰਿਆਦ ਤੋਂ ਲਗਭਗ 60 ਕਿਲੋਮੀਟਰ ਦੱਖਣ ਵਿੱਚ ਸਥਿਤ ਪ੍ਰਿੰਸ ਸੁਲਤਾਨ ਏਅਰ ਬੇਸ 'ਤੇ ਤਾਇਨਾਤ ਹਨ, ਜਿਨ੍ਹਾਂ ਦੀ ਜ਼ਿੰਮੇਵਾਰੀ ਅਮਰੀਕੀ ਫੌਜ ਦੀਆਂ ਜਾਇਦਾਦਾਂ ਦੀ ਸੁਰੱਖਿਆ ਹੈ। ਜਾਰਡਨ ਰਾਜਧਾਨੀ ਅਮਾਨ ਤੋਂ 100 ਕਿਲੋਮੀਟਰ ਉੱਤਰ ਪੂਰਬ ਸਥਿਤ ਅਜਰਾਕ ਵਿੱਚ ਮੁਬਫਾਕ ਅਲ ਸਾਲਟੀ ਏਅਰ ਬੇਸ ਇੱਕ ਮਹੱਤਵਪੂਰਨ ਫੌਜੀ ਹਵਾਈ ਅੱਡਾ ਹੈ। ਇੱਥੇ ਅਮਰੀਕੀ ਹਵਾਈ ਫੌਜ ਦੇ 332ਵੇਂ ਐਕਸਪੀਡੀਸ਼ਨਰੀ ਵਿੰਗ ਦੀ ਤਾਇਨਾਤੀ ਹੈ।

ਘਰ, ਪਰਿਵਾਰ ਜਾਂ ਸਮਾਜ ਹੋਵੇ ਹਰ ਬੰਦਾ ਆਪਣੇ ਆਪ ਨੂੰ ਸ਼ਕਤੀਸ਼ਾਲੀ ਸਮਝਦਾ ਹੈ ਅਤੇ ਸੁਪਰ ਵੀ। ਇਹੋ ਗਲਤ ਫਹਿਮੀ ਵਿੱਚੋਂ ਦੀ ਸਾਰਾ ਵਿਸ਼ਵ ਗੁਜ਼ਰ ਰਿਹਾ ਹੈ। ਘਰਾਂ, ਫਿਰਕਿਆਂ ਅਤੇ ਸਮਾਜ 'ਚ ਕਲੇਸ਼ ਸਭ ਨੂੰ ਲੈ ਬੈਠਦਾ ਹੈ। ਡੋਨਾਲਡ ਟਰੰਪ ਹੀ ਨਹੀਂ ਕਈ ਹੋਰ ਵੱਡੇ ਮੁਗਲ ਬਾਦਸ਼ਾਹ ਵੀ ਪੂਰੇ ਵਿਸ਼ਵ ਨੂੰ ਮੁੱਠੀ ਵਿੱਚ ਕਰ ਲੈਣਾ ਚਾਹੁੰਦੇ ਸਨ ਪਰ ਉਹ ਜਾਣ ਲੱਗੇ ਖ਼ਾਲੀ ਹੱਥ ਗਏ। ਅੰਤਲੇ ਸਮੇਂ ਪਾਪਾਂ ਦੇ ਭਾਰ ਨਾਲ ਤਾਂ ਔਰੰਗਜ਼ੇਬ ਵੀ ਕੰਬ ਉੱਠਿਆ ਸੀ। ਮਨੁੱਖਤਾ ਦਾ ਵਿਨਾਸ਼ ਕਰਨ ਵਾਲੇ ਹਾਕਮਾਂ ਦੀ ਆਪਣੀ ਜ਼ਮੀਰ ਅੱਜ ਨਹੀਂ ਤਾਂ ਕੱਲ ਨੂੰ ਜ਼ਰੂਰ ਲਾਹਨਤਾਂ ਪਾਵੇਗੀ। ਪਰ ਉਦੋਂ ਤੱਕ ਕਾਫ਼ੀ ਦੇਰ ਹੋ ਜਾਣੀ ਹੈ।



ਵਿੰਕਲਜੀਤ ਸਿੰਘ ਸਰਾ
9501477889

# ਨੈਸ਼ਨਲ ਫ਼ੋਰੈਂਸਿਕ ਸਾਇੰਸਿਜ਼ ਯੂਨੀਵਰਸਿਟੀ (NFSU)

## ਵਿਗਿਆਨ, ਸੁਰੱਖਿਆ ਅਤੇ ਨਿਆਂ ਦਾ ਵਿਸ਼ਵ-ਵਿਆਪੀ ਮਾਰਗਦਰਸ਼ਕ

**ਸੱਚ ਦੀ ਖੋਜ ਵਿੱਚ ਵਿਗਿਆਨ ਦਾ ਸਿਖਰ :** ਗੁਜਰਾਤ ਦੀ ਰਾਜਧਾਨੀ ਗਾਂਧੀ ਨਗਰ, ਜੋ ਆਪਣੀ ਹਰਿਆਵਲ ਅਤੇ ਸੁਚੱਜੇ ਸ਼ਹਿਰੀ ਢਾਂਚੇ ਲਈ ਪੂਰੇ ਭਾਰਤ ਵਿੱਚ ਮਸ਼ਹੂਰ ਹੈ, ਅੱਜ ਇੱਕ ਅਜਿਹੇ ਵਿਸ਼ਵ-ਪੱਧਰੀ ਸੰਸਥਾਨ ਦਾ ਕੇਂਦਰ ਬਣ ਚੁੱਕੀ ਹੈ, ਜਿਸ ਨੇ ਅਪਰਾਧਿਕ ਜਾਂਚ ਦੇ ਪੂਰੇ ਮਾਪਦੰਡ ਹੀ ਬਦਲ ਦਿੱਤੇ ਹਨ। ਇਹ ਸੰਸਥਾ ਹੈ ਨੈਸ਼ਨਲ ਫ਼ੋਰੈਂਸਿਕ ਸਾਇੰਸਿਜ਼ ਯੂਨੀਵਰਸਿਟੀ (NFSU)। ਪ੍ਰੈਸ ਇਨਫਰਮੇਸ਼ਨ ਬਿਊਰੋ (PIB) ਜਲੰਧਰ ਦੇ ਸਹਿਯੋਗ ਨਾਲ ਆਯੋਜਿਤ ਕੀਤੇ ਗਏ ਵਿਸ਼ੇਸ਼ ਮੀਡੀਆ ਟੂਰ ਦੌਰਾਨ ਜਦੋਂ ਪੰਜਾਬ, ਚੰਡੀਗੜ੍ਹ ਅਤੇ ਜੰਮੂ-ਕਸ਼ਮੀਰ ਤੋਂ ਆਏ ਸੀਨੀਅਰ ਪੱਤਰਕਾਰਾਂ ਦੇ ਜੱਥੇ ਨੇ ਇਸ ਕੈਂਪਸ ਵਿੱਚ ਕਦਮ ਰੱਖਿਆ ਤਾਂ ਮਹਿਸੂਸ ਹੋਇਆ ਕਿ ਅਸੀਂ ਸਿਰਫ਼ ਇੱਕ ਵਿਦਿਅਕ ਸੰਸਥਾ ਵਿੱਚ ਨਹੀਂ ਸਗੋਂ ਭਾਰਤ ਦੀ ਨਿਆਂ ਪ੍ਰਣਾਲੀ ਦੇ 'ਵਿਗਿਆਨਕ ਦਿਲ' (Scientific Heart) ਵਿੱਚ ਖੜ੍ਹੇ ਹਾਂ।

ਇੱਕ ਲੇਖਕ ਅਤੇ ਪੱਤਰਕਾਰ ਦੇ ਨਾਤੇ, ਮੇਰੇ ਲਈ ਇਹ ਯਾਤਰਾ ਕੇਵਲ ਜਾਣਕਾਰੀ ਇਕੱਠੀ ਕਰਨ ਦਾ ਜ਼ਰੀਆ ਨਹੀਂ ਸੀ ਸਗੋਂ ਇਹ ਦੇਖਣ ਦਾ ਮੌਕਾ ਸੀ ਕਿ ਕਿਵੇਂ ਅਤਿਆਧੁਨਿਕ ਤਕਨਾਲੋਜੀ ਅਤੇ ਮਨੁੱਖੀ ਬੁੱਧੀ ਮਿਲ ਕੇ ਅਪਰਾਧੀਆਂ ਦੇ ਮਨਸੂਬਿਆਂ ਨੂੰ ਨਾਕਾਮ ਕਰਦੇ ਹਨ। NFSU ਸਿਰਫ਼ ਇਮਾਰਤਾਂ ਦਾ ਸਮੂਹ ਨਹੀਂ ਹੈ, ਇਹ ਇੱਕ ਅਜਿਹਾ ਜੀਵੰਤ ਈਕੋਸਿਸਟਮ ਹੈ, ਜਿੱਥੇ ਹਰ ਟੈਸਟ ਟਿਊਬ ਅਤੇ ਹਰ ਮਾਈਕ੍ਰੋਸਕੋਪ ਨਿਆਂ ਦੀ ਗੁਹਾਰ ਲਗਾ ਰਹੀ ਹੁੰਦੀ ਹੈ।

**ਇਤਿਹਾਸਕ ਪਿਛੋਕੜ ਅਤੇ ਰਾਸ਼ਟਰੀ ਮਹੱਤਤਾ ਦਾ ਸੰਕਲਪ :** NFSU ਦਾ ਸਫ਼ਰ ਗੁਜਰਾਤ ਫ਼ੋਰੈਂਸਿਕ ਸਾਇੰਸਿਜ਼ ਯੂਨੀਵਰਸਿਟੀ ਵਜੋਂ ਸ਼ੁਰੂ ਹੋਇਆ ਸੀ ਪਰ ਇਸਦੀ ਵਧਦੀ ਅਹਿਮੀਅਤ ਅਤੇ ਵਿਸ਼ਵ-ਪੱਧਰੀ ਲੋੜ ਨੂੰ ਦੇਖਦੇ ਹੋਏ ਭਾਰਤ ਸਰਕਾਰ ਨੇ ਸੰਸਦ ਦੇ ਇੱਕ ਵਿਸ਼ੇਸ਼ ਐਕਟ ਰਾਹੀਂ ਇਸਨੂੰ ਰਾਸ਼ਟਰੀ ਮਹੱਤਤਾ ਦੇ ਸੰਸਥਾਨ (Institution of National Importance) ਦਾ ਦਰਜਾ ਦਿੱਤਾ। ਇਹ ਦੁਨੀਆਂ ਦੀ ਸਭ ਤੋਂ ਪਹਿਲੀ ਅਤੇ ਇਕਲੌਤੀ ਅਜਿਹੀ ਯੂਨੀਵਰਸਿਟੀ ਹੈ, ਜੋ ਵਿਸ਼ੇਸ਼ ਤੌਰ 'ਤੇ ਫ਼ੋਰੈਂਸਿਕ ਸਾਇੰਸ ਅਤੇ ਇਸ ਨਾਲ ਜੁੜੇ ਅਨੁਸ਼ਾਸਨਾਂ ਨੂੰ ਸਮਰਪਿਤ ਹੈ।

ਇਸ ਸੰਸਥਾ ਦੀ ਸਥਾਪਨਾ ਪਿੱਛੇ ਮੂਲ ਦ੍ਰਿਸ਼ਟੀਕੋਣ ਇਹ ਸੀ ਕਿ ਰਵਾਇਤੀ ਜਾਂਚ ਪ੍ਰਣਾਲੀ ਨੂੰ ਵਿਗਿਆਨਕ ਸਬੂਤਾਂ ਨਾਲ ਲੈਸ ਕੀਤਾ ਜਾਵੇ। ਅੱਜ ਦੇ ਦੌਰ ਵਿੱਚ ਜਿੱਥੇ ਅਪਰਾਧੀ ਹਾਈ-ਟੈਕ ਹੁੰਦੇ ਜਾ ਰਹੇ ਹਨ, ਉੱਥੇ NFSU ਇੱਕ ਅਜਿਹੀ ਢਾਲ ਵਜੋਂ ਉੱਭਰ ਕੇ ਸਾਹਮਣੇ ਆਈ ਹੈ ਜੋ ਨਾ ਸਿਰਫ਼ ਅਪਰਾਧਾਂ ਨੂੰ ਸੁਲਝਾਉਂਦੀ ਹੈ ਸਗੋਂ ਭਵਿੱਖ ਵਿੱਚ ਹੋਣ ਵਾਲੇ ਅਪਰਾਧਾਂ ਨੂੰ ਰੋਕਣ ਲਈ ਨਵੀਂ ਤਕਨੀਕ ਵੀ ਵਿਕਸਿਤ ਕਰਦੀ ਹੈ।

**ਡਾ. ਜੇ. ਐੱਮ. ਵਿਆਸ: ਇੱਕ ਮਾਰਗਦਰਸ਼ਕ ਅਤੇ ਦੂਰਅੰਦੇਸ਼ੀ ਸ਼ਖਸੀਅਤ :** ਇਸ ਦੌਰੇ ਦਾ ਸਭ ਤੋਂ ਪ੍ਰਭਾਵਸ਼ਾਲੀ ਪਹਿਲੂ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪਦਮ ਸ਼੍ਰੀ ਡਾ. ਜੇ. ਐੱਮ. ਵਿਆਸ ਨਾਲ ਹੋਈ ਮੁਲਾਕਾਤ ਸੀ। ਡਾ. ਵਿਆਸ ਦੇ ਸ਼ਬਦਾਂ ਵਿੱਚ ਉਹ ਅਨੁਭਵ ਅਤੇ ਦ੍ਰਿੜਤਾ ਝਲਕਦੀ ਹੈ ਜੋ ਦਹਾਕਿਆਂ ਦੀ ਮਿਹਨਤ ਤੋਂ ਬਾਅਦ ਹਾਸਲ ਹੁੰਦੀ ਹੈ। ਉਹਨਾਂ ਨੇ ਮੀਡੀਆ ਡੈਲੀਗੇਸ਼ਨ ਨਾਲ ਗੱਲਬਾਤ ਕਰਦਿਆਂ ਬਹੁਤ ਹੀ ਡੂੰਘਾਈ ਨਾਲ ਸਮਝਾਇਆ ਕਿ ਫ਼ੋਰੈਂਸਿਕ ਵਿਗਿਆਨ ਸਿਰਫ਼ 'ਪੋਸਟ-ਮਾਰਟਮ' ਜਾਂ 'ਫਿੰਗਰਪ੍ਰਿੰਟ' ਤੱਕ ਸੀਮਿਤ ਨਹੀਂ ਹੈ।

ਉਹਨਾਂ ਨੇ ਵਿਸ਼ੇਸ਼ ਤੌਰ 'ਤੇ ਪੰਜਾਬ ਅਤੇ ਜੰਮੂ-ਕਸ਼ਮੀਰ ਵਰਗੇ ਸਰਹੱਦੀ ਰਾਜਾਂ ਦਾ ਜ਼ਿਕਰ ਕੀਤਾ। ਉਹਨਾਂ ਅਨੁਸਾਰ ਇਹ ਖੇਤਰ ਅੱਜ 'ਹਾਈਬ੍ਰਿਡ ਵਾਰਫੇਅਰ' ਦਾ ਸਾਹਮਣਾ ਕਰ ਰਹੇ ਹਨ। ਚਾਹੇ ਉਹ ਸਰਹੱਦ ਪਾਰੋਂ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਹੋਵੇ ਜਾਂ ਡਿਜੀਟਲ ਮਾਧਿਅਮ ਰਾਹੀਂ ਫੈਲਾਇਆ ਜਾ ਰਿਹਾ ਅੱਤਵਾਦ NFSU ਇਹਨਾਂ ਚੁਣੌਤੀਆਂ ਦਾ ਵਿਗਿਆਨਕ ਤੋੜ ਪੇਸ਼ ਕਰ ਰਹੀ ਹੈ। ਡਾ. ਵਿਆਸ ਨੇ ਦੱਸਿਆ ਕਿ ਜੰਮੂ-ਕਸ਼ਮੀਰ ਵਰਗੇ ਸੰਵੇਦਨਸ਼ੀਲ ਇਲਾਕਿਆਂ ਲਈ 23 ਮੋਬਾਈਲ ਫ਼ੋਰੈਂਸਿਕ ਵੈਨਾਂ ਭੇਜੀਆਂ ਗਈਆਂ ਹਨ ਤਾਂ ਜੋ ਘਟਨਾ ਵਾਲੀ ਥਾਂ (Crime Scene) 'ਤੇ ਹੀ ਸਬੂਤਾਂ ਨੂੰ ਸੁਰੱਖਿਅਤ ਕੀਤਾ ਜਾ ਸਕੇ ਅਤੇ ਜਾਂਚ ਪ੍ਰਕਿਰਿਆ ਵਿੱਚ ਕੋਈ ਖਾਮੀ ਨਾ ਰਹੇ।

**ਡਾਇਰੈਕਟਰ ਪ੍ਰੋ. (ਡਾ.) ਐੱਸ. ਓ. ਜੁਨਾਰੇ: ਪ੍ਰਬੰਧਕੀ ਅਤੇ ਵਿੱਤੀ ਜਾਂਚ ਦੇ ਮਾਹਿਰ :** ਗੁਜਰਾਤ ਕੈਂਪਸ ਦੇ ਡਾਇਰੈਕਟਰ ਪ੍ਰੋ. (ਡਾ.) ਐੱਸ. ਓ. ਜੁਨਾਰੇ ਪੂਰੇ ਦੌਰੇ ਦੌਰਾਨ ਮੀਡੀਆ ਟੀਮ ਦੇ ਨਾਲ ਰਹੇ। ਇੱਕ ਫ਼ੋਰੈਂਸਿਕ ਅਕਾਊਂਟੈਂਟ ਅਤੇ ਬਿਹੇਵਿਅਰਲ ਇਕਾਨਾਮਿਸਟ ਹੋਣ ਦੇ ਨਾਤੇ ਉਹਨਾਂ ਨੇ ਆਰਥਿਕ ਅਪਰਾਧਾਂ ਅਤੇ ਵਿੱਤੀ ਧੋਖਾਧੜੀ ਵਿੱਚ ਫ਼ੋਰੈਂਸਿਕ ਵਿਗਿਆਨ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਸਮਝਾਇਆ। ਉਹਨਾਂ ਨੇ ਦੱਸਿਆ ਕਿ ਯੂਨੀਵਰਸਿਟੀ ਵਿੱਚ ਸਿਰਫ਼ ਪਰੰਪਰਾਗਤ ਫ਼ੋਰੈਂਸਿਕ ਵਿਗਿਆਨ ਹੀ ਨਹੀਂ, ਸਗੋਂ ਫ਼ੋਰੈਂਸਿਕ ਅਕਾਊਂਟਿੰਗ, ਬਿਜ਼ਨਸ ਲਾਅਜ਼ ਅਤੇ ਕ੍ਰਿਮੀਨਲ ਲਾਅਜ਼ ਵੀ ਪੜ੍ਹਾਏ ਜਾਂਦੇ ਹਨ। ਉਹਨਾਂ ਨੇ ਇਹ ਸਮਝਾਇਆ ਕਿ ਅੱਜ-ਕੱਲ੍ਹ ਦੇ 'ਵਾਈਟ ਕਾਲਰ ਕ੍ਰਾਈਮ' (White Collar Crimes) ਯਾਨੀ ਵਿੱਤੀ ਧੋਖਾਧੜੀ ਨੂੰ ਫੜਨਾ ਕਿੰਨਾ ਜਟਿਲ ਹੈ। ਉਹਨਾਂ ਨੇ ਦੱਸਿਆ ਕਿ NFSU ਸਿਰਫ਼ ਲੈਬਾਰਟਰੀ ਜਾਂਚ ਨਹੀਂ ਕਰਦੀ ਸਗੋਂ ਬੈਂਕਿੰਗ ਫਰਾਡ ਅਤੇ ਕਾਰਪੋਰੇਟ ਅਪਰਾਧਾਂ ਦੇ ਮਾਹਿਰ ਵੀ ਤਿਆਰ ਕਰ ਰਹੀ ਹੈ।

**ਡਾ. ਆਸਥਾ ਪਾਂਡੇ: ਖੇਡ ਜਗਤ ਅਤੇ ਨਾਰਕੋਟਿਕਸ ਜਾਂਚ ਵਿੱਚ ਮੋਹਰੀ ਭੂਮਿਕਾ :** ਇਸ ਦੌਰੇ ਦੌਰਾਨ ਡਾ. ਆਸਥਾ ਪਾਂਡੇ ਦਾ ਯੋਗਦਾਨ ਬਹੁਤ ਪ੍ਰਭਾਵਸ਼ਾਲੀ ਰਿਹਾ। ਉਹ NFSU ਵਿਖੇ 'ਸੈਂਟਰ ਆਫ ਐਕਸੀਲੈਂਸ ਇਨ ਨਿਊਟਰੀਸ਼ਨਲ ਸਪਲੀਮੈਂਟਸ ਟੈਸਟਿੰਗ ਫਾਰ ਸਪੋਰਟਸਪਰਸਨ' (CoE-NSTS) ਅਤੇ NDPS (ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟਾਂਸਿਜ਼) ਵਿਭਾਗ ਦੇ ਮੁਖੀ ਵਜੋਂ ਸੇਵਾਵਾਂ ਨਿਭਾ ਰਹੇ ਹਨ।

ਡਾ. ਪਾਂਡੇ ਨੇ ਦੱਸਿਆ ਕਿ ਇਹ ਕੇਂਦਰ ਵਿਗਿਆਨ, ਤਕਨਾਲੋਜੀ ਅਤੇ ਖੇਡਾਂ ਦੇ ਸੁਮੇਲ ਨਾਲ ਖੇਡਾਂ ਦੀ ਅਖੰਡਤਾ (Sports Integrity) ਨੂੰ ਵਧਾਉਣ ਲਈ ਵਚਨਬੱਧ ਹੈ। ਉਹਨਾਂ ਦਾ ਮੂਲ ਮੰਤਰ TConsume Fair & Play Fair SocietyU (ਸਹੀ ਖਾਓ ਅਤੇ ਨਿਰਪੱਖ ਖੇਡੋ) ਖਿਡਾਰੀਆਂ ਨੂੰ ਅਣਜਾਣੇ ਵਿੱਚ ਡੋਪਿੰਗ ਦਾ ਸ਼ਿਕਾਰ ਹੋਣ ਤੋਂ ਬਚਾਉਣ ਲਈ ਇੱਕ ਮਾਰਗਦਰਸ਼ਕ ਵਜੋਂ ਕੰਮ ਕਰਦਾ ਹੈ। ਉਹਨਾਂ ਨੇ ਹਰ ਵਿਭਾਗ ਦੀ ਕਾਰਜ-ਪ੍ਰਣਾਲੀ ਅਤੇ ਜਟਿਲ ਵਿਗਿਆਨਕ ਪ੍ਰਕਿਰਿਆਵਾਂ ਨੂੰ ਬਹੁਤ ਹੀ ਸੌਖੇ ਢੰਗ ਨਾਲ ਪੇਸ਼ ਕੀਤਾ।

**ਅਤਿਆਧੁਨਿਕ ਪ੍ਰਯੋਗਸ਼ਾਲਾਵਾਂ, ਜਿੱਥੇ ਵਿਗਿਆਨ 'ਬੋਲਦਾ' ਹੈ :** ਕੈਂਪਸ ਦੇ ਅੰਦਰ ਸਥਿਤ ਲੈਬਾਰਟਰੀਆਂ ਭਵਿੱਖ ਦੇ ਭਾਰਤ ਦੀ ਤਸਵੀਰ ਪੇਸ਼ ਕਰਦੀਆਂ ਹਨ। **ਇੱਥੇ ਹਰ ਵਿਭਾਗ ਆਪਣੀ ਵਿਸ਼ੇਸ਼ਤਾ ਵਿੱਚ ਮਾਹਿਰ ਹੈ:**

**ਡੀਐਨਏ ਪ੍ਰੋਫਾਇਲਿੰਗ ਅਤੇ ਬਾਇਓਟੈਕਨਾਲੋਜੀ:** ਇੱਥੇ ਅਤਿ-ਆਧੁਨਿਕ ਮਸ਼ੀਨਾਂ ਰਾਹੀਂ ਡੀਐਨਏ ਦਾ ਵਿਸ਼ਲੇਸ਼ਣ ਕੀਤਾ ਜਾਂਦਾ ਹੈ, ਜੋ ਕਿ ਪਛਾਣ ਸਥਾਪਤ ਕਰਨ ਦਾ ਸਭ ਤੋਂ ਪੁਖਤਾ ਸਬੂਤ ਮੰਨਿਆ ਜਾਂਦਾ ਹੈ।

**ਬੈਲਿਸਟਿਕਸ ਅਤੇ ਹਥਿਆਰ ਜਾਂਚ:** ਇਸ ਵਿਭਾਗ ਵਿੱਚ ਗੋਲੀਆਂ ਅਤੇ ਹਥਿਆਰਾਂ ਦੇ ਨਿਸ਼ਾਨਾਂ ਦਾ ਅਧਿਐਨ ਕੀਤਾ ਜਾਂਦਾ ਹੈ, ਜਿਸ ਨਾਲ ਇਹ ਪਤਾ ਲੱਗਦਾ ਹੈ ਕਿ ਫਾਇਰਿੰਗ ਕਿਸ ਕੌਣ ਤੋਂ ਅਤੇ ਕਿਸ ਦੂਰੀ ਤੋਂ ਕੀਤੀ ਗਈ ਸੀ।

**ਨਾਰਕੋਟਿਕਸ ਅਤੇ ਟੌਕਸੀਕੋਲੋਜੀ:** ਪੰਜਾਬ ਵਰਗੇ ਸੂਬੇ ਲਈ ਇਹ ਵਿਭਾਗ ਬਹੁਤ ਮਹੱਤਵਪੂਰਨ ਹੈ, ਜਿੱਥੇ ਨਸ਼ੀਲੇ ਪਦਾਰਥਾਂ ਦੀ ਰਸਾਇਣਕ ਬਣਤਰ ਦਾ ਪਤਾ ਲਗਾ ਕੇ ਉਹਨਾਂ ਦੇ ਸਰੋਤਾਂ ਤੱਕ ਪਹੁੰਚਿਆ ਜਾਂਦਾ ਹੈ।

**ਸਾਈਬਰ ਸੁਰੱਖਿਆ ਅਤੇ ਡਿਜੀਟਲ ਫ਼ੋਰੈਂਸਿਕਸ:** ਡਿਜੀਟਲ ਇੰਡੀਆ ਦੇ ਦੌਰ ਵਿੱਚ, ਸਾਈਬਰ ਅਪਰਾਧ ਸਭ ਤੋਂ ਵੱਡੀ ਚੁਣੌਤੀ ਹਨ। NFSU ਦੀ ਸਾਈਬਰ ਲੈਬ ਵਿੱਚ ਡਾਟਾ ਰਿਕਵਰੀ, ਡਾਰਕ ਵੈੱਬ ਦੀ ਨਿਗਰਾਨੀ ਅਤੇ ਕ੍ਰਿਪਟੋਕਰੰਸੀ ਨਾਲ ਜੁੜੇ ਅਪਰਾਧਾਂ ਦੀ ਜਾਂਚ ਕਰਨ ਦੀ ਬੇਮਿਸਾਲ ਸਮਰੱਥਾ ਹੈ।

**ਅਕਾਦਮਿਕ ਵਾਤਾਵਰਣ ਅਤੇ ਰਾਸ਼ਟਰੀ ਵਿਕਾਸ ਵਿੱਚ ਯੋਗਦਾਨ :** NFSU ਦਾ ਵਿਸ਼ਾਲ ਅਤੇ ਸੁਵਿਵਸਥਿਤ ਕੈਂਪਸ ਸਮਾਰਟ ਕਲਾਸਰੂਮ, ਅਮੀਰ ਲਾਇਬ੍ਰੇਰੀ ਅਤੇ ਉੱਨਤ ਖੋਜ ਕੇਂਦਰਾਂ ਨਾਲ ਲੈਸ ਹੈ। ਇੱਥੇ ਚੱਲ ਰਹੇ ਪ੍ਰਮੁੱਖ ਕੋਰਸ ਜਿਵੇਂ ਕਿ B.Sc./M.Sc. Forensic Science, Cyber Security, Forensic Psychology, ਅਤੇ Forensic Accounting ਪੁਲਿਸ ਵਿਭਾਗ, ਜਾਂਚ ਏਜੰਸੀਆਂ (CBI, NIA), ਅਦਾਲਤਾਂ ਅਤੇ ਖੋਜ ਸੰਗਠਨਾਂ ਲਈ ਉੱਚ-ਕੋਟੀ ਦੇ ਮਾਹਿਰ ਤਿਆਰ ਕਰਦੇ ਹਨ। ਇਹ ਵਿਸ਼ੇਸ਼ਗਿਆ ਭਾਰਤ ਦੀ ਨਿਆਂ ਪ੍ਰਣਾਲੀ ਨੂੰ ਵਿਗਿਆਨਕ ਆਧਾਰ ਪ੍ਰਦਾਨ ਕਰਦੇ ਹਨ।

**ਰਾਸ਼ਟਰੀ ਸੁਰੱਖਿਆ ਵਿੱਚ ਯੋਗਦਾਨ ਅਤੇ ਭਵਿੱਖ ਦੀ ਰਣਨੀਤੀ :** NFSU ਆਉਣ ਵਾਲੇ ਸਮੇਂ ਵਿੱਚ ਭਾਰਤ ਦੀ ਅੰਦਰੂਨੀ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਬਣੇਗੀ। ਕੇਂਦਰੀ ਗ੍ਰਹਿ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ, ਗੰਭੀਰ ਅਪਰਾਧਾਂ ਵਿੱਚ ਫ਼ੋਰੈਂਸਿਕ ਜਾਂਚ ਨੂੰ ਲਾਜ਼ਮੀ ਬਣਾਉਣ ਦੀ ਜੋ ਮੁਹਿੰਮ ਚੱਲ ਰਹੀ ਹੈ, ਉਸਨੂੰ ਸਿਰਫ਼ NFSU ਵਰਗੇ ਸੰਸਥਾਨ ਹੀ ਸਫ਼ਲ ਬਣਾ ਸਕਦੇ ਹਨ। ਯੂਨੀਵਰਸਿਟੀ ਵੱਲੋਂ ਵੱਖ-ਵੱਖ ਰਾਜਾਂ ਵਿੱਚ ਖੋਲ੍ਹੇ ਜਾ ਰਹੇ ਕੈਂਪਸ ਇਸ ਗੱਲ ਦਾ ਸਬੂਤ ਹਨ ਕਿ ਵਿਗਿਆਨਕ ਨਿਆਂ ਹੁਣ ਸਿਰਫ਼ ਵੱਡੇ ਸ਼ਹਿਰਾਂ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਹਰ ਥਾਣੇ ਅਤੇ ਹਰ ਅਦਾਲਤ ਤੱਕ ਪਹੁੰਚੇਗਾ।

**ਗਿਆਨ ਦਾ ਸਸ਼ਕਤ ਮੰਚ :** ਪ੍ਰੈਸ ਇਨਫਰਮੇਸ਼ਨ ਬਿਊਰੋ ਦੁਆਰਾ ਆਯੋਜਿਤ ਇਹ ਮੀਡੀਆ ਟੂਰ ਵਿਗਿਆਨ, ਤਕਨੀਕ ਅਤੇ ਨਿਆਂ ਪ੍ਰਣਾਲੀ ਦੇ ਖੇਤਰ ਵਿੱਚ ਭਾਰਤ ਦੀ ਪ੍ਰਗਤੀ ਨੂੰ ਸਮਝਣ ਦਾ ਇੱਕ ਮਹੱਤਵਪੂਰਨ ਅਵਸਰ ਰਿਹਾ। ਪੰਜਾਬ, ਚੰਡੀਗੜ੍ਹ ਅਤੇ ਜੰਮੂ-ਕਸ਼ਮੀਰ ਦੇ ਪੱਤਰਕਾਰਾਂ ਲਈ ਇਹ ਅਨੁਭਵ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਗਿਆਨਵਰਧਕ ਰਿਹਾ, ਜਿਸ ਨੇ ਸਾਨੂੰ ਦੇਸ਼ ਦੀ ਸੁਰੱਖਿਆ ਪ੍ਰਣਾਲੀ ਪ੍ਰਤੀ ਇੱਕ ਨਵੀਂ ਸੋਚ ਦਿੱਤੀ।

**ਵਿਗਿਆਨ ਅਤੇ ਨਿਆਂ ਦਾ ਅਟੁੱਟ ਮਿਲਾਪ :** ਨੈਸ਼ਨਲ ਫ਼ੋਰੈਂਸਿਕ ਸਾਇੰਸਿਜ਼ ਯੂਨੀਵਰਸਿਟੀ ਗਾਂਧੀਨਗਰ ਸਿਰਫ਼ ਇੱਕ ਯੂਨੀਵਰਸਿਟੀ ਨਹੀਂ ਸਗੋਂ ਭਾਰਤ ਦੀ ਨਿਆਂ ਪ੍ਰਣਾਲੀ ਦਾ ਵਿਗਿਆਨਕ ਭਵਿੱਖ ਹੈ। ਡਾ. ਜੇ. ਐੱਮ. ਵਿਆਸ ਦੀ ਦੂਰਅੰਦੇਸ਼ੀ ਅਤੇ ਡਾ. ਆਸਥਾ ਪਾਂਡੇ ਵਰਗੇ ਮਾਹਿਰਾਂ ਦੇ ਸਮਰਪਣ ਸਦਕਾ ਇਹ ਸੰਸਥਾ ਅਪਰਾਧ ਮੁਕਤ ਸਮਾਜ ਅਤੇ ਰਾਸ਼ਟਰੀ ਸੁਰੱਖਿਆ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਹੈ। ਇਸ ਦੌਰੇ ਨੇ ਸਾਨੂੰ ਇਹ ਵਿਸ਼ਵਾਸ ਦਿਵਾਇਆ ਕਿ ਜਦੋਂ ਵਿਗਿਆਨ ਅਤੇ ਨਿਆਂ ਇਕੱਠੇ ਚੱਲਦੇ ਹਨ, ਤਦੋਂ ਸੱਚ ਦੀ ਜਿੱਤ ਹੋਰ ਮਜ਼ਬੂਤ ਹੁੰਦੀ ਹੈ।

**ਨਿਆਂ ਦੀ ਨਵੀਂ ਪਰਿਭਾਸ਼ਾ :** ਅਪਰਾਧ ਮੁਕਤ ਸਮਾਜ ਦੀ ਸਿਰਜਣਾ ਸਿਰਫ਼ ਕਾਨੂੰਨ ਦੇ ਡਰ ਨਾਲ ਨਹੀਂ, ਸਗੋਂ ਵਿਗਿਆਨਕ ਸ਼ੁੱਧਤਾ ਨਾਲ ਹੀ ਸੰਭਵ ਹੈ। ਨੈਸ਼ਨਲ ਫ਼ੋਰੈਂਸਿਕ ਸਾਇੰਸਿਜ਼ ਯੂਨੀਵਰਸਿਟੀ, ਗਾਂਧੀਨਗਰ ਵਿੱਚ ਬਿਤਾਇਆ ਗਿਆ ਹਰ ਪਲ ਸਾਨੂੰ ਭਾਰਤ ਦੇ ਇੱਕ ਅਜਿਹੇ ਭਵਿੱਖ ਦੀ ਝਲਕ ਦਿਖਾਉਂਦਾ ਹੈ, ਜਿੱਥੇ ਕੋਈ ਅਪਰਾਧੀ ਵਿਗਿਆਨ ਦੀ ਨਜ਼ਰ ਤੋਂ ਬਚ ਨਹੀਂ ਸਕੇਗਾ।

# ਵਿਧਾਇਕ ਨੇ ਵਾਰਡ ਨੰਬਰ 31 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ



ਹੁਸ਼ਿਆਰਪੁਰ, 2 ਮਾਰਚ (ਦੀਪਕ ਅਗਨੀਹੋਤਰੀ): ਵਿਕਾਸ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 31 ਵਿਚ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਪ੍ਰੋਜੈਕਟ 'ਤੇ ਲਗਭਗ 22 ਲੱਖ ਰੁਪਏ ਦੀ ਲਾਗਤ ਆਵੇਗੀ, ਜਿਸ ਨਾਲ ਸਥਾਨਕ ਨਿਵਾਸੀਆਂ ਨੂੰ ਬਿਹਤਰ ਸਹੂਲਤਾਂ ਤੇ ਸਾਫ-ਸੁਥਰਾ ਵਾਤਾਵਰਨ ਉਪਲਬੱਧ ਹੋਵੇਗਾ। ਵਿਧਾਇਕ ਜਿੰਪਾ ਨੇ ਕਿਹਾ ਕਿ ਉਹ ਜਨਤਾ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਵਚਨਬੱਧ ਹਨ ਤੇ ਵਿਕਾਸ ਪ੍ਰੋਜੈਕਟਾਂ ਵਿੱਚ ਪਾਰਦਰਸ਼ਤਾ ਤੇ ਗੁਣਵੱਤਾ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇਗੀ।ਉਨ੍ਹਾਂ ਭਰੋਸਾ ਦਿੱਤਾ ਕਿ ਸ਼ਹਿਰ ਦੇ ਹੋਰ ਵਾਰਡਾਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਯੋਜਨਾਵਾਂ ਪੜਾਅਵਾਰ ਲਾਗੂ ਕੀਤੀਆਂ ਜਾਣਗੀਆਂ।ਸਥਾਨਕ ਨਿਵਾਸੀਆਂ ਨੇ ਇਸ ਪਹਿਲਕਦਮੀ ਦਾ ਸਵਾਗਤ ਕਰਦੇ ਹੋਏ ਵਿਧਾਇਕ ਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ।ਪ੍ਰੋਗਰਾਮ ਦੌਰਾਨ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਮੋਨਿਕਾ ਕਤਨਾ, ਬਲਵਿੰਦਰ ਕਤਨਾ, ਪੰਡਿਤ ਰਾਮਾਨੁਜ, ਮੁਕੇਸ਼ ਕੁਮਾਰ ਤੇ ਰੀਨਾ ਪਰਾਸ਼ਰ ਵੀ ਮੌਜੂਦ ਸਨ।

# ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਸੜਕ ਦਾ ਉਦਘਾਟਨ



ਫਤਹਿਗੜ੍ਹ ਚੂੜੀਆਂ, 2 ਮਾਰਚ (ਰਾਜਨ ਸ਼ਰਮਾ): ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਘਣੀਏ ਕੇ ਬਾਂਗਰ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਸੜਕ ਦਾ ਉਦਘਾਟਨ ਕੀਤਾ ਗਿਆ। ਘਣੀਏ ਕੇ ਬਾਂਗਰ ਤੋਂ ਲੈ ਕੇ ਪਾਰੋਵਾਲ ਤੱਕ ਤਕਰੀਬਨ 3 ਕਿਲੋਮੀਟਰ ਦੀ ਲੰਬਾਈ ਦਾ ਕੁੱਲ 43 ਲੱਖ ਦੀ ਲਾਗਤ ਦੇ ਨਾਲ ਕੰਮ ਸ਼ੁਰੂ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਪਿਛਲੇ ਸਾਲਾਂ ਤੋਂ ਰੁਕੇ ਹੋਏ ਕੰਮ ਵੀ ਪੂਰੇ ਕਰਨ ਦਾ ਬਲਬੀਰ ਸਿੰਘ ਪੰਨੂੰ ਨੇ ਵਾਅਦਾ ਕੀਤਾ। ਇਸ ਮੌਕੇ ਹਲਕਾ ਯੂਥ ਪ੍ਰਧਾਨ ਗੁਰਬਿੰਦਰ ਕਾਦੀਆਂ ਬਲਾਕ ਪ੍ਰਧਾਨ ਰਘਬੀਰ ਸਿੰਘ ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ ਹਰਦੀਪ ਸਿੰਘ ਬਲਾਕ ਪ੍ਰਧਾਨ ਮਲਜਿੰਦਰ ਸਿੰਘ ਸਰਪੰਚ ਕਰਮਜੀਤ ਸਿੰਘ ਜਗਮੀਤ ਸਿੰਘ ਜੱਗਾ, ਯੂਥ ਕਲੱਬ ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ, ਬਿਕਰਮਜੀਤ ਸਿੰਘ ਸ਼ੇਰਾ, ਪ੍ਰਗਟ ਸਿੰਘ, ਦਲਜੀਤ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਰਵੀ ਰੰਧਾਵਾ ਖਾਦ ਸਟੋਰ, ਸਰਬਜੀਤ ਕੌਰ, ਪਰਮਜੀਤ ਕੌਰ ਜੋਸ਼, ਹਰਪ੍ਰੀਤ ਸਿੰਘ ਹੈਪੀ, ਪੰਚ ਬਰਨਾਟ ਮਸੀਹ, ਪੰਚ ਪੂਰਨ ਸਿੰਘ, ਮਤਿਆਸ ਭੱਟੀ, ਅਵਤਾਰ ਸਿੰਘ ਰੰਧਾਵਾ, ਨਿੰਦਰ ਨਿੰਦੀ, ਸ਼ੀਦਾ ਮਸੀਹ, ਵਿੱਕੀ, ਸੁਰਜੀਤ ਸਿੰਘ ਫੌਜੀ, ਕੁਲਦੀਪ ਮਸੀਹ, ਪ੍ਰੇਮ ਮਸੀਹ, ਪਰਮਜੀਤ ਪੰਮਾ, ਜਸਮੇਰ ਸਿੰਘ ਰੰਧਾਵਾ, ਜਸਵੀਰ ਸਿੰਘ, ਕਰਨਜੀਤ ਸਿੰਘ, ਨਵਤੇਜ ਸਿੰਘ, ਭੁਪਿੰਦਰ ਸਿੰਘ ਭਿੰਦਾ ਹਾਜ਼ਰ ਰਹੇ।

# ਵਿਧਾਇਕ ਕਲਸੀ ਨੇ ਬਟਾਲਾ-ਕਾਦੀਆਂ ਰੋਡ ਤੋਂ ਚੀਮਾ ਭਿੱਟੇਵਿੰਡ ਲਿੰਕ ਸੜਕ ਦਾ ਕੰਮ ਸ਼ੁਰੂ ਕਰਵਾਇਆ

ਕਾਦੀਆਂ/ਨੁਸ਼ਹਿਰਾਂ ਮੱਝਾ ਸਿੰਘ, 2 ਮਾਰਚ (ਸਿਕੰਦਰ ਸੰਧੂ/ਡਾ. ਸਰਵਣ ਸਿੰਘ): ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਚਹੁੰਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ-ਕਾਦੀਆਂ ਰੋਡ ਤੋਂ ਚੀਮਾ ਭਿੱਟੇਵਿੰਡ ਲਿੰਕ ਸੜਕ ਦੀ ਸਪੈਸ਼ਲ ਰਿਪੇਅਰ ਦਾ ਕੰਮ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਬਟਾਲਾ ਵਿਧਾਨ ਸਭਾ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਤੇ ਉਹ ਇਸ ਕੰਮ ਲਈ ਦਿਨ-ਰਾਤ ਲੱਗੇ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਵਿਧਾਨ ਸਭਾ ਹਲਕੇ ਅੰਦਰ ਸਾਫ-ਸੁਥਰੀਆਂ ਲਿੰਕ ਸੜਕਾਂ ਦਾ ਜਾਲ ਵਿਛਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ, ਜੋ ਆਉਂਦੇ ਦਿਨਾਂ ਅੰਦਰ ਮੁਕੰਮਲ ਹੋ ਕੇ ਹਲਕੇ ਦੇ ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸਹੂਲਤਾਂ ਪ੍ਰਦਾਨ ਹੋਣਗੀਆਂ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਪਾਰਦਰਸ਼ੀ ਢੰਗ ਨਾਲ ਕੰਮ



ਕਰਵਾਏ ਜਾ ਰਹੇ ਹਨ। ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਮੈਦਾਨ ਬਣਾਏ ਗਏ ਹਨ। ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਗਏ ਹਨ ਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਨਿਪਟਾਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕੀਤਾ।

# ਆਲ ਇੰਡੀਆ ਫਰੀਡਮ ਫਾਈਟਰ ਫੈਮਲੀ ਐਸੋਸੀਏਸ਼ਨ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਮੰਗ ਪੱਤਰ ਦਿੱਤੇ



ਕਾਹਨੂੰਵਾਨ, 2 ਮਾਰਚ (ਕੁਲਜੀਤ ਸਿੰਘ ਖੋਖਰ): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀਨਾਨਗਰ ਵਿਖੇ ਸੈਣੀ ਸਮਾਜ ਦੇ ਸੱਦੇ 'ਤੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸਨ, ਜਿਥੇ ਇਸ ਸਮਾਗਮ ਵਿੱਚ ਆਲ ਇੰਡੀਆ ਫਰੀਡਮ ਫਾਈਟਰ ਐਸੋਸੀਏਸ਼ਨ ਗੁਰਦਾਸਪੁਰ ਤੇ ਪਠਾਨਕੋਟ ਨੂੰ ਉਚੇਚੇ ਤੌਰ 'ਤੇ ਬੁਲਾਇਆ ਗਿਆ ਸੀ। ਉਪਰੋਕਤ ਸੰਸਥਾ ਵੱਲੋਂ ਇਸ ਪ੍ਰੋਗਰਾਮ ਵਿੱਚ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਤੇ ਜਨਰਲ ਸਕੱਤਰ ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ ਦੀ ਰਹਿਨੁਮਾਈ ਹੇਠ 30 ਮੈਂਬਰਾਂ ਦਾ ਵਫਦ ਸ਼ਾਮਲ ਹੋਇਆ। ਇਸ ਸਮਾਗਮ ਵਿੱਚ ਪਹੁੰਚੇ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਨੂੰ ਫਰੀਡਮ ਫਾਈਟਰ ਐਸੋਸੀਏਸ਼ਨ ਵੱਲੋਂ ਸਨਮਾਨ ਚਿੰਨ੍ਹ ਤੇ ਦੁਸ਼ਾਲਾ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਉਪਰੰਤ ਨਾਇਬ ਸਿੰਘ ਸੈਣੀ ਨੂੰ ਦੋ ਮੰਗ ਪੱਤਰ ਉਪਰੋਕਤ ਸੰਸਥਾ ਵੱਲੋਂ ਦਿੱਤੇ ਗਏ, ਜਿਸ ਵਿੱਚ ਇੱਕ ਹਰਿਆਣਾ ਸਰਕਾਰ ਨਾਲ ਤੇ ਦੂਸਰਾ ਕੇਂਦਰ ਸਰਕਾਰ ਨਾਲ ਸਬੰਧਤ ਸਨ। ਹਰਿਆਣਾ ਸਰਕਾਰ ਨੂੰ ਜੋ ਮੰਗ ਪੱਤਰ ਦਿੱਤਾ ਗਿਆ ਉਸ ਵਿੱਚ ਪ੍ਰਮੁੱਖ ਤੌਰ 'ਤੇ ਹਰਿਆਣਾ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਲਈ ਟੂਲ ਪਲਾਜ਼ੇ ਫ੍ਰੀ ਕਰਨਾ, ਨੌਕਰੀਆਂ ਵਿੱਚ 2% ਦਾ ਰਾਖਵਾਂ ਕਰਨ ਨੂੰ ਵਧਾਉਣਾ, ਫਰੀਡਮ ਫਾਈਟਰ ਦੇ ਨਾਵਾਂ ਦੇ ਬੋਰਡ ਹਰ ਬੀਡੀਪੀਓ ਦਫਤਰਾਂ ਵਿੱਚ ਲਗਾਏ ਜਾਣ, ਹਰਿਆਣਾ ਰੋਡਵੇਜ਼ ਵਿੱਚ ਮੁਫਤ ਸਫਰ, ਪ੍ਰਮੁੱਖ ਮੰਗਾਂ ਸਨ। ਦੂਸਰਾ ਮੰਗ ਪੱਤਰ ਕੇਂਦਰ ਸਰਕਾਰ ਨਾਲ ਸਬੰਧਤ ਸੀ ਜਿਸ ਵਿੱਚ ਮੁੱਖ ਮੰਗਾਂ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਨੂੰ ਨੈਸ਼ਨਲ ਪਰਿਵਾਰ ਐਲਾਨਿਆ ਜਾਵੇ, ਫਰੀਡਮ ਫਾਈਟਰ ਪਰਿਵਾਰਾਂ ਨੂੰ ਬੱਸ ਸਫਰ ਪੂਰੇ ਭਾਰਤ ਵਿੱਚ ਫ੍ਰੀ ਕਰਨਾ, ਰਾਜ ਤੇ ਕੇਂਦਰ ਦੇ ਹਸਪਤਾਲਾਂ ਵਿੱਚ ਪੋਤੀ-ਪੋਤੇ ਤੱਕ ਇਲਾਜ ਮੁਫਤ ਕਰਨਾ, ਪਹਿਲੀ ਪੀੜ੍ਹੀ ਨੂੰ ਸਨਮਾਨ ਯੋਜਨਾ ਰਹਿਤ ਪੈਨਸ਼ਨ ਦੇਣਾ ਆਦਿ ਮੰਗਾਂ ਸ਼ਾਮਲ ਸਨ।ਇਸ ਮੌਕੇ ਪ੍ਰਧਾਨ ਤੇ ਸਕੱਤਰ ਤੋਂ ਇਲਾਵਾ ਤਰਸੇਮ ਸਿੰਘ ਪ੍ਰਧਾਨ ਪਠਾਨਕੋਟ, ਦਰਸ਼ਨ ਸਿੰਘ ਭੱਠੀਆਂ, ਜਸਵੰਤ ਸਿੰਘ ਅਠਵਾਲ, ਸਰਬਜੀਤ ਸਿੰਘ ਜਾਗੋਵਾਲ, ਗੁਰਨਾਮ ਸਿੰਘ, ਅਰਵਿੰਦਰ ਸਿੰਘ ਲਾਧੂਪੁਰ, ਜੁਗਰਾਜ ਸਿੰਘ, ਸਰਦਾਰੀ ਲਾਲ, ਸਾਭੀ ਲਾਧੂਪੁਰ ਤੋਂ ਇਲਾਵਾ ਬਹੁਤ ਸਾਰੇ ਫਰੀਡਮ ਫਾਈਟਰ ਮੌਜੂਦ ਸਨ।

# ਵਿਧਾਇਕ ਅਮਰਪਾਲ ਸਿੰਘ ਨੇ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਸਨਮਾਨ ਰਾਸ਼ੀ ਦੇ ਚੈਕ ਵੰਡੇ

ਸ੍ਰੀ ਹਰਿਗੋਬਿੰਦਪੁਰ ਸਾਹਿਬ, 2 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈਕ ਵੰਡੇ। ਉਨ੍ਹਾਂ ਦੱਸਿਆ ਕਿ ਸ੍ਰੀ ਬਲਾਕ ਹਰਿਗੋਬਿੰਦਪੁਰ ਸਾਹਿਬ ਦੀਆਂ ਪੰਚਾਇਤਾਂ ਨੂੰ ਸਨਮਾਨ ਰਾਸ਼ੀ ਦੇ ਚੈਕ ਵੰਡੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪਿੰਡ ਦੇ ਸਮੁੱਚੇ ਵਿਕਾਸ ਲਈ ਵਿਸ਼ੇਸ਼ ਸਨਮਾਨ ਭੱਤਾ ਮਿਲੇਗਾ।



ਸਰਕਾਰ ਇਸ ਵਚਨਬੱਧਤਾ ਨੂੰ ਪੂਰਾ ਕਰਦੇ ਹੋਏ, ਇਹ ਰਕਮ ਪੰਚਾਇਤਾਂ ਨੂੰ ਜਾਰੀ ਕੀਤੀ ਗਈ ਹੈ।ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਦੱਸਿਆ ਕਿ ਇਹ ਸਨਮਾਨ ਰਾਸ਼ੀ ਪਿੰਡ ਦੇ ਬੁਨਿਆਦੀ ਢਾਂਚੇ, ਸਫਾਈ, ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ ਦੀ ਉਸਾਰੀ, ਭਾਈਚਾਰਕ ਸਹੂਲਤਾਂ ਤੇ ਹੋਰ ਜਨਤਕ ਭਲਾਈ ਕਾਰਜਾਂ ਵਿੱਚ ਸੁਧਾਰ ਕਰਨ 'ਤੇ ਖਰਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਰਕਮ ਉਨ੍ਹਾਂ ਪੰਚਾਇਤਾਂ ਨੂੰ ਪ੍ਰਦਾਨ ਕੀਤੀ ਗਈ ਹੈ, ਜਿੱਥੇ ਹਾਲ ਹੀ ਵਿੱਚ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਵਿੱਚ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਸਨ। ਉਨ੍ਹਾਂ ਪੰਚਾਇਤ ਪ੍ਰਤੀਨਿਧੀਆਂ ਨੂੰ ਫੰਡਾਂ ਦੀ ਪਾਰਦਰਸ਼ੀ ਤੇ ਲੋਕ ਭਲਾਈ ਵਰਤੋਂ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਬਾਕੀ ਰਹਿੰਦੀਆਂ ਸਰਬਸੰਮਤੀ ਪੰਚਾਇਤਾਂ ਨੂੰ ਵੀ ਸਨਮਾਨ ਰਾਸ਼ੀ ਵੰਡੀ ਜਾਵੇਗੀ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ ਆਪਣਾ ਵਾਅਦਾ ਪੂਰਾ ਕੀਤਾ ਹੈ ਤੇ ਪੇਂਡੂ ਵਿਕਾਸ ਨੂੰ ਨਵਾਂ ਹੁਲਾਰਾ ਦਿੱਤਾ ਹੈ।

# 35ਵਾਂ ਵਿਸ਼ਾਲ ਭੰਡਾਰਾ ਤੇ ਮੂਰਤੀ ਸਥਾਪਨਾ ਸਮਾਗਮ 8 ਨੂੰ

ਰਾਹੋਂ, 2 ਮਾਰਚ (ਸੰਜੀਵ ਕੁਮਾਰ ਬੌਬੀ): ਸ਼ਿਵ ਮੰਦਰ ਚੌਕ ਪੱਟੂਆ ਰਾਹੋਂ ਵਿਖੇ 35ਵਾਂ ਵਿਸ਼ਾਲ ਭੰਡਾਰਾ ਤੇ ਸਾਲਾਨਾ ਮੂਰਤੀ ਸਥਾਪਨਾ ਸਮਾਗਮ 8 ਮਾਰਚ ਦਿਨ ਐਤਵਾਰ ਨੂੰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰੇਸ਼ ਪ੍ਰਭਾਕਰ ਦੀ ਅਗਵਾਈ ਵਿੱਚ ਸਮੂਹ ਕਮੇਟੀ ਮੈਂਬਰ ਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਕਰਵਾਇਆ ਜਾਵੇਗਾ। ਇਸ ਦੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰੇਸ਼ ਪ੍ਰਭਾਕਰ ਨੇ ਦੱਸਿਆ ਕਿ 8 ਮਾਰਚ ਨੂੰ ਐਤਵਾਰ ਸਵੇਰੇ 10 ਵਜੇ ਬਲਦੇਵ ਚੱਢਾ ਦੇ ਪਰਿਵਾਰ ਵੱਲੋਂ ਪੰਡਿਤ ਧਰਮਪਾਲ ਦੁਆਰਾ ਹਵਨ ਯੱਗ ਕਰਵਾਇਆ ਜਾਵੇਗਾ ਤੇ 11ਵਜੇ ਮਹਿਲਾ ਮੰਡਲੀ ਵੱਲੋਂ ਕੀਰਤਨ ਕੀਤਾ ਜਾਵੇਗਾ। ਚਾਹ-ਪਕੌੜਿਆਂ ਦਾ ਪ੍ਰਸ਼ਾਦ ਵਰਤਾਇਆ ਜਾਵੇਗਾ ਤੇ ਦੁਪਹਿਰ 1 ਵਜੇ ਸ਼ਿਵ ਮੰਦਰ ਵਿਖੇ ਝੰਡਾ ਚੜ੍ਹਾਉਣ ਦੀ ਰਸਮ ਮੁੱਖ ਮਹਿਮਾਨ ਚੇਅਰਮੈਨ ਸਰਬਜੀਤ ਸਿੰਘ ਪਾਹਵਾ ਕਰਨਗੇ। ਕੰਜਕ ਪੂਜਨ ਤੇ ਬ੍ਰਾਹਮਣ ਪੂਜਣ ਕਰਨ ਤੋਂ ਬਾਅਦ 1 ਵਜੇ ਭੰਡਾਰਾ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ 'ਤੇ ਰੋਹਿਤ ਸ਼ਰਮਾ, ਰਵਿੰਦਰ ਸ਼ਰਮਾ, ਰਾਹੁਲ ਸ਼ਰਮਾ, ਸ਼ੁਭਮ ਚੱਢਾ, ਨਵੀਨ ਸ਼ਰਮਾ, ਵਿਕਾਸ ਸ਼ਰਮਾ, ਸ਼ੇਖਰ ਕੱਕੜ, ਬਬਲੂ, ਵਿਸ਼ੇਸ਼ ਚੱਢਾ, ਪਵਨ ਸ਼ਰਮਾ, ਰੇਸ਼ਮ ਸ਼ਰਮਾ, ਅਵਤਾਰ ਲਾਟੀ, ਮੋਂਟੀ ਸਿੰਘ, ਜੈ ਅਰੋੜਾ, ਰਿਸ਼ਭ ਅਰੋੜਾ, ਰਾਘਵ ਸ਼ਰਮਾ, ਟੋਨੀ ਕਾਲੀਆ, ਜਾਤਿੰਨ ਯੂਕੇ, ਦਿਸ਼ਾਂਤ ਪ੍ਰਭਾਕਰ, ਪੰਡਿਤ ਚਮਨ ਲਾਲ, ਗੋਰੀ ਚੱਢਾ, ਵਿਸ਼ਾਲ ਚੋਪੜਾ, ਰਾਮ ਲਾਲ, ਅਮਰਜੀਤ ਹਿਆਲਾ ਹਾਜ਼ਰ ਸਨ।



# ਸ਼ਹੀਦ ਹੋਏ ਸਿੰਘ-ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਸਾਲਾਨਾ ਸ਼ਹੀਦੀ ਸਮਾਗਮ ਕਰਵਾਇਆ

ਚੋਗਾਵਾਂ, 2 ਮਾਰਚ (ਸੁਬੇਗ ਸਿੰਘ ਸੋਨਾ): ਮੁਗਲ ਫੌਜ ਨਾਲ ਡੱਟ ਕੇ ਮੁਕਾਬਲਾ ਕਰਕੇ ਸ਼ਹੀਦ ਹੋਏ ਸਿੰਘ-ਸਿੰਘਣੀਆਂ ਦੀ ਯਾਦ ਨੂੰ ਸਮਰਪਿਤ



ਸਾਲਾਨਾ ਸ਼ਹੀਦੀ ਸਮਾਗਮ ਗੁਰਦੁਆਰਾ ਸ਼ਹੀਦ ਸਿੰਘ ਸਿੰਘਣੀਆਂ ਪਿੰਡ ਚਵਿੰਡਾ ਕਲਾਂ, ਵਿਚਲਾ ਕਿਲ੍ਹਾ ਵਿਖੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਦੇ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸਜੇ ਸੁੰਦਰ ਦੀਵਾਨ ਵਿੱਚ ਭਾਈ ਕਰਨ ਰਾਜ ਸਿੰਘ ਦੇ ਕੀਰਤਨੀ ਜਥੇ ਨੇ ਕਥਾ ਕੀਰਤਨ ਕੀਤਾ। ਜਸਪਾਲ ਸਿੰਘ ਮੈਂਬਰ ਤੇ ਸਮੂਹ ਕਮੇਟੀ ਵੱਲੋਂ ਆਏ ਹੋਏ ਜਥੇ ਨੂੰ ਗੁਰੂਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਸੇਵਾਦਾਰਾਂ ਵੱਲੋਂ ਗੁਰੂ ਕੇ ਅਨੇਕਾਂ ਪ੍ਰਕਾਰ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਸਰਪੰਚ ਗੁਰਭੇਜ ਸਿੰਘ ਸ਼ਾਹ ਪ੍ਰਧਾਨ, ਗ੍ਰੰਥੀ ਗੁਰਸੇਵਕ ਸਿੰਘ, ਜਸਪਾਲ ਸਿੰਘ ਮੈਂਬਰ, ਬਲਦੇਵ ਸਿੰਘ, ਦਿਲਬਾਗ ਸਿੰਘ ਮੈਂਬਰ, ਗੁਰਕੀਰਤ ਸਿੰਘ, ਇਕਬਾਲ ਸਿੰਘ ਨੰਬਰਦਾਰ, ਤਰਸੇਮ ਸਿੰਘ, ਬਾਬਾ ਕੁਲਦੀਪ ਸਿੰਘ, ਸਰਜੀਤ ਸਿੰਘ ਗਿੱਲ, ਡਾ.ਗੋਪੀ, ਗ੍ਰੰਥੀ ਪਰਮਜੀਤ ਸਿੰਘ, ਜਸਪਾਲ ਸਿੰਘ ਬਾਦਲ, ਲਾਡ, ਬਲਦੇਵ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਮੇਜਰ ਸਿੰਘ ਭਿੰਡਰ, ਦਿਲਬਾਗ ਸਿੰਘ, ਬਲਦੇਵ ਸਿੰਘ, ਸਾਹਿਬ ਸਿੰਘ ਯੂ.ਪੀ., ਬਲਦੇਵ ਸਿੰਘ ਪਰਜਾਪਤ, ਗੁਰਮੁਖ ਸਿੰਘ ਮੈਂਬਰ, ਸੁਖਵੰਤ ਸਿੰਘ, ਹਰਭਜਨ ਸਿੰਘ, ਦਿਲਬਾਗ ਸਿੰਘ ਹਾਜ਼ਰ ਸਨ।

# ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਵਿਖੇ ਪੰਜਵਾਂ ਸਾਲਾਨਾ ਖੇਡ ਸਮਾਰੋਹ ਕਰਵਾਇਆ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 2 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਸੰਚਾਲਿਤ ਸੰਸਥਾ ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ ਘੁਮਾਣ ਵਿਖੇ ਪ੍ਰਿੰਸੀਪਲ ਡਾ.ਵੀ.ਕੇ ਸਿੰਘ ਦੀ ਸਰਪ੍ਰਸਤੀ ਹੇਠ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਰਾਜਵਿੰਦਰ ਸਿੰਘ ਤੇ ਸਮੂਹ ਸਟਾਫ ਦੇ ਸਹਿਯੋਗ ਸਦਕਾ ਪੰਜਵਾਂ ਖੇਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਰਿਟਾਇਰਡ ਸੂਬੇਦਾਰ ਸਬਲਦੇਵ ਸਿੰਘ ਢਿੱਲੋਂ ਤੇ ਅਮਰੀਕ ਸਿੰਘ ਕਿਸ਼ਨਕੋਟ ਨੇ ਮੁੱਖ ਮਹਿਮਾਨ ਵਜੋਂ ਤੇ ਹਰੀਸ਼ ਬਹਿਲ (ਡੀਐਸਪੀ ਸ੍ਰੀ ਹਰਿਗੋਬਿੰਦਪੁਰ ਸਾਹਿਬ), ਹਰਜਿੰਦਰ ਸਿੰਘ (ਐਸਐਚਓ ਘੁਮਾਣ), ਰਵੇਲ ਸਿੰਘ (ਐਸਐਚਓ ਸ੍ਰੀ ਹਰਿਗੋਬਿੰਦਪੁਰ) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਆਗਾਜ਼ ਕਾਲਜ ਦੇ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਨਾਲ ਕੀਤਾ ਗਿਆ ਤੇ ਇਸ ਉਪਰੰਤ ਮੁੱਖ ਮਹਿਮਾਨ ਨੇ ਝੰਡਾ ਲਹਿਰਾ ਕੇ ਖੇਡ ਸਮਾਰੋਹ ਦੀ ਸ਼ੁਰੂਆਤ ਕੀਤੀ। ਇਸ ਮੌਕੇ ਹਰੀਸ਼ ਬਹਿਲ ਨੇ ਵਿਦਿਆਰਥੀਆਂ ਦੇ ਰੂ-ਬ-ਰੂ ਹੁੰਦਿਆਂ ਹੋਇਆ ਵਿਦਿਆਰਥੀ ਜੀਵਨ ਵਿੱਚ ਖੇਡਾਂ ਦੀ ਮਹੱਤਤਾ,



ਨੌਜਵਾਨ ਪੀੜ੍ਹੀ 'ਤੇ ਪੈ ਰਹੇ ਨਸ਼ੇ ਦੇ ਬੁਰੇ ਪ੍ਰਭਾਵਾਂ ਤੋਂ ਜਾਗਰੂਕ ਕਰਦਿਆਂ ਹੋਇਆਂ ਖਿਡਾਰੀ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਸ਼ੁਭ ਇਛਾਵਾਂ ਦਿੱਤੀਆਂ। ਇਸ ਸਮੇਂ ਲੜਕੇ-ਲੜਕੀਆਂ ਦੀਆਂ 100 ਮੀਟਰ, 200 ਮੀਟਰ ਤੇ 400 ਮੀਟਰ ਦੌੜਾਂ, ਲੌਂਗ ਜੰਪ, ਬਾਟ ਪੁੱਟ, ਨਿੰਬੂ ਰੇਸ, ਬੋਰੀ ਰੇਸ, ਤਿੰਨ ਲੱਤਾਂ ਰੇਸ, ਵਾਲੀਬਾਲ ਤੇ ਰੱਸਾ-ਕੱਸੀ ਦੇ ਮੁਕਾਬਲੇ ਕਰਵਾਏ ਗਏ। ਇਸ ਤੋਂ ਇਲਾਵਾ ਸਟਾਫ ਮੈਂਬਰਾਂ ਦੇ ਬੱਚਿਆਂ ਦੀ ਸਪੈਸ਼ਲ ਦੌੜ, ਲੇਡੀਜ਼ ਸਟਾਫ ਦੀ ਚਾਟੀ ਰੇਸ, ਜੈਂਟਸ ਸਟਾਫ ਦੀ ਤਿੰਨ ਲੱਤਾਂ ਰੇਸ ਦੇ ਦਿਲਚਸਪ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਪ੍ਰੋ. ਹਰਮਨਦੀਪ ਸਿੰਘ, ਪ੍ਰੋ. ਅਮਨਦੀਪ ਸਿੰਘ, ਪ੍ਰੋ. ਸਤਬੀਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ, ਕੁਲਵਿੰਦਰ ਕੌਰ ਸਰਕਾਰੀ ਪ੍ਰਾਇਮਰੀ ਸਕੂਲ ਕਿਸ਼ਨਕੋਟ, ਸੁਖਵਿੰਦਰ ਸਿੰਘ (ਜੀ.ਪੀ.ਐਸ ਸਕੂਲ), ਸਰਪੰਚ ਕਵਲਜੀਤ ਸਿੰਘ ਨੂਰਪੁਰ, ਹਰਕੀਰਤ ਸਿੰਘ (ਸਰਪੰਚ ਲੱਧਾ ਮੁੰਡਾ), ਗੁਰਵਿੰਦਰ ਸਿੰਘ (ਸਰਪੰਚ ਵਿਨਵਾਂ), ਪਰਮਵੀਰ ਰਾਣਾ (ਜ਼ਿਲ੍ਹਾ ਮੀਡੀਆ ਇੰਚਾਰਜ ਆਮ ਆਦਮੀ ਪਾਰਟੀ), ਸੁਖਵਿੰਦਰ ਸਿੰਘ (ਬਲਾਕ ਪ੍ਰਧਾਨ ਸ੍ਰੀ ਹਰਿਗੋਬਿੰਦਪੁਰ), ਹਰਜਿੰਦਰ ਸਿੰਘ (ਹਲਕਾ ਸੰਗਠਨ ਸ੍ਰੀ ਹਰਿਗੋਬਿੰਦਪੁਰ ਸਾਹਿਬ), ਸਰਵਣ ਸਿੰਘ, ਗੁਰਜੀਤ ਸਿੰਘ ਜੰਬਾ ਘੁਮਾਣ, ਦਿਲਬਾਗ ਸਿੰਘ ਰਿਆੜ (ਨੰਗਲ), ਕਾਬਲ ਸਿੰਘ ਯੂਥ ਕੋ-ਆਰਡੀਨੇਟਰ ਖੋਖਰਵਾਲ (ਆਮ ਆਦਮੀ ਪਾਰਟੀ), ਜਗਦੀਪ ਸਿੰਘ, ਵਰਿੰਦਰ ਸਿੰਘ ਰਿਆੜ ਤੇ ਰਘਬੀਰ ਸਿੰਘ (ਸਰਪੰਚ ਮਨੋਲਾ) ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ।

# ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਵਿਖੇ ਕਰਵਾਏ ਸਮਾਗਮ ਦੌਰਾਨ ਉਦਮੀ ਮਹਿਲਾਵਾਂ ਦਾ ਸਨਮਾਨ

ਬਟਾਲਾ, 2 ਮਾਰਚ (ਬਲਵਿੰਦਰ ਸਿੰਘ ਪੰਜਗਰਾਈ/ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਹਲਕਾ ਵਿਧਾਇਕ ਬਟਾਲਾ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਵਿਖੇ ਕਰਵਾਏ ਸਮਾਗਮ ਦੌਰਾਨ ਉਦਮੀ ਮਹਿਲਾਵਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਬੀ.ਡੀ.ਪੀ.ਓ. ਬਲਜੀਤ ਸਿੰਘ, ਸੀਨੀਅਰ ਆਗੂ ਮੈਨੇਜਰ ਅਤਰ ਸਿੰਘ ਤੇ ਵੱਖ-ਵੱਖ ਉਦਮੀ ਮਹਿਲਾਵਾਂ ਮੌਜੂਦ ਸਨ।ਜ਼ਿਲ੍ਹਾ ਪੰਚਾਇਤ ਰਿਸੋਰਸ ਸੈਂਟਰ ਬਟਾਲਾ ਵਿਖੇ ਕਰਵਾਏ ਸਮਾਗਮ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਪੱਧਰ 'ਤੇ ਹੋਰ ਉਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ, ਜਿਸਦੇ ਚੱਲਦਿਆਂ ਸੈਲਫ ਹੈਲਪ ਗਰੁੱਪ ਰਾਹੀਂ ਔਰਤਾਂ ਨੂੰ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾਇਆ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਦੇ ਪੰਜਾਬ ਰਾਜ ਦਿਹਾਤੀ ਆਜੀਵੀਕਾ ਮਿਸ਼ਨ ਰਾਹੀਂ ਔਰਤਾਂ ਨੂੰ ਖੇਤ ਤੋਂ ਰਸੋਈ ਤੇ ਸੇਵਾ ਤੋਂ ਸਵੈ-ਨਿਰਭਰਤਾ ਤੋਂ ਅੱਗੇ ਵਧਾਇਆ ਹੈ। ਉਨ੍ਹਾਂ ਮਹਿਲਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਖੁਦ ਦਾ ਕਾਰੋਬਾਰ ਕਰਨ ਤੇ ਆਪਣੀ ਪਹਿਚਾਣ ਬਣਾਉਣ। ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਪੂਰੀ ਸਹਾਇਤਾ ਕੀਤੀ ਜਾ ਰਹੀ ਹੈ।ਇਸ ਮੌਕੇ ਅਮਰਪਾਲ ਸਿੰਘ ਡੀ.ਪੀ.ਐਮ, ਇੰਚਾਰਜ ਸੈਲਫ ਹੈਲਪ ਗਰੁੱਪ ਗੁਰਦਾਸਪੁਰ, ਵਰਿੰਦਰ ਸਿੰਘ ਤੇ ਸਿਮਰਨਜੀਤ ਸਿੰਘ, ਰੁਪਿੰਦਰ ਕੌਰ ਬੀ.ਐਮ.ਐਮ, ਭੁਪਿੰਦਰ ਸਿੰਘ, ਪੰਚਾਇਤ ਅਫਸਰ ਹਰਿੰਦਰਬੀਰ ਸਿੰਘ, ਮਨਮੀਤ ਕੌਰ, ਦਵਿੰਦਰ ਕੌਰ, ਰਣਜੀਤ ਸਿੰਘ, ਬਲਰਾਜ ਸਿੰਘ, ਨਰਿੰਦਰ ਕੌਰ, ਹਰਮੀਤ ਕੌਰ, ਪਰਮਜੀਤ, ਕੁਲਦੀਪ ਕੌਰ, ਰਮਨਪ੍ਰੀਤ ਕੌਰ, ਅਨੀਤਾ, ਸੋਸ਼ਲ ਵਰਕਰ ਯੁਵਿਕਾ ਹਾਜ਼ਰ ਸਨ।



# ਗੁ. ਸ਼ਹੀਦ ਸਿੰਘਾਂ ਚੌਹੜਾ ਕੋਟ ਪੱਲੀਆਂ ਵਿਖੇ ਹੋਲੇ-ਮਹੱਲੇ 'ਤੇ ਲੰਗਰ ਸ਼ੁਰੂ: ਜਥੇ. ਸਵਰਨਜੀਤ ਸਿੰਘ



ਬੰਗਾ, 2 ਮਾਰਚ (ਪ੍ਰਭਜੋਤ ਸਿੰਘ): ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਹੋਲੇ-ਮਹੱਲੇ ਦੇ ਮਹਾਨ ਪਵਿੱਤਰ ਦਿਹਾੜੇ ਮੌਕੇ ਖ਼ਾਲਸਾ ਪੰਥ ਦੇ ਜਨਮ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਹੋਲੇ-ਮਹੱਲੇ ਦੇ ਦਰਸ਼ਨ ਦੀਦਾਰ ਕਰਨ ਲਈ ਆਉਣ-ਜਾਣ ਵਾਲੀਆਂ ਸੰਗਤਾਂ ਲਈ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ ਦੀ ਅਗਵਾਈ 'ਚ ਬੰਗਾ-ਗੜ੍ਹਸ਼ੰਕਰ ਮਾਰਗ 'ਤੇ ਸਥਿਤ ਗੁਰਦੁਆਰਾ ਸ਼ਹੀਦਾਂ ਸਿੰਘਾਂ ਬਾਬਾ ਬੇਅੰਤ ਸਿੰਘ ਦੇ ਅਸਥਾਨ ਕੋਟ ਪੱਲੀਆਂ, ਚੌਹੜਾ, ਡਘਾਮ ਵਿਖੇ ਇਲਾਕਾ ਨਿਵਾਸੀ ਸਾਧ-ਸੰਗਤ ਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ 24 ਘੰਟੇ ਗੁਰੂ ਕਾ ਲੰਗਰ ਸ਼ੁਰੂ ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਦਾਰ ਸਵਰਨਜੀਤ ਸਿੰਘ ਨੇ ਦੱਸਿਆ ਕਿ ਇਹ ਲੰਗਰ 28 ਫਰਵਰੀ ਤੋਂ 6 ਮਾਰਚ ਤੱਕ ਚੱਲਣਗੇ। ਇਨ੍ਹਾਂ ਲੰਗਰਾਂ ਵਿੱਚ ਚਾਹ-ਪਕੌੜੇ, ਗਰਮਾ-ਗਰਮ ਦਾਲ, ਸਬਜ਼ੀਆਂ, ਜਲੇਬੀਆਂ ਨਾਲ ਪ੍ਰਸ਼ਾਦੇ ਲੰਗਰ ਵਰਤਾਏ ਜਾਣਗੇ ਤੇ ਗੰਨੇ ਦਾ ਰਸ ਦੇ ਲੰਗਰ ਲਗਾਏ ਜਾਣਗੇ। ਇਸ ਮਹਾਨ ਲੰਗਰ ਦੇ ਕੁੰਭ ਵਿੱਚ ਇਲਾਕੇ ਦੀ ਸਿਰਮੌਰ ਸੰਸਥਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਇੰਦਰਜੀਤ ਸਿੰਘ ਵਾਰੀਆ ਦੀ ਅਗਵਾਈ ਹੇਠ ਤੇ ਸੰਸਥਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਵੱਡਾ ਮੁੱਲਾ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸ ਮੌਕੇ ਬਾਬਾ ਹਰਨੇਕ ਸਿੰਘ, ਬਲਵੀਰ ਸਿੰਘ ਬਸਿਆਲਾ, ਬਾਬਾ ਸੇਵਾ ਸਿੰਘ, ਬਾਬਾ ਧੰਨਾ ਸਿੰਘ, ਇੰਸਪੈਕਟਰ ਤਰਲੋਚਨ ਸਿੰਘ, ਪਰਮਜੀਤ ਸਿੰਘ, ਹਰਪ੍ਰੀਤ ਸਿੰਘ ਪਠਲਾਵਾ, ਠੇਕੇਦਾਰ, ਬਾਬਾ ਫਤਿਹ ਸਿੰਘ, ਬਾਬਾ ਅਜੀਤ ਸਿੰਘ, ਬਲਦੇਵ ਸਿੰਘ ਪਾਬਲਾ, ਬਾਬਾ ਚੈਹਿਲ ਸਿੰਘ, ਬਾਬਾ ਮੇਜਰ ਸਿੰਘ, ਸਰਪੰਚ ਹਰਮੇਸ਼ ਲਾਲ ਤੇ ਸਮੂਹ ਸੇਵਾਦਾਰ ਹਾਜ਼ਰ ਸਨ।

# ਖ਼ਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ



ਧਾਰੀਵਾਲ, 2 ਮਾਰਚ (ਅਸ਼ੋਕ ਕੁਮਾਰ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਨੇ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਹਰ ਸਾਲ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿੱਚੋਂ ਵਜ਼ੀਫੇ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਕਾਲਜ ਦੇ 10+1 ਤੇ 10+2 ਦੇ ਵਿਦਿਆਰਥੀਆਂ ਨੇ ਦੂਜੇ ਦਰਜੇ ਦੀ ਧਾਰਮਿਕ ਪ੍ਰੀਖਿਆ ਵਿੱਚੋਂ ਵਧੀਆ ਨੰਬਰ ਲੈ ਕੇ 2100 ਰੁਪਏ ਵਜ਼ੀਫਾ ਹਾਸਲ ਕੀਤਾ। 10+1 ਕਲਾਸ ਦੇ ਭੁਪਿੰਦਰ ਜੀਤ ਸਿੰਘ, ਗੁਰਲੀਨ ਕੌਰ, ਹਰਨੀਤ ਕੌਰ, ਦਿਲਪ੍ਰੀਤ ਕੌਰ, ਸਿਮਰਪ੍ਰੀਤ ਕੌਰ, ਸੁਖਦੀਪ ਕੌਰ ਤੇ 10+2 ਦੇ ਧੀਰਜਪਾਲ ਸਿੰਘ, ਦਾਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਕਿਰਨਪ੍ਰੀਤ ਕੌਰ, ਜਸਪ੍ਰੀਤ ਕੌਰ, ਗੁਰਪਿੰਦਰ ਕੌਰ ਤੇ ਜਸਪ੍ਰੀਤ ਕੌਰ ਨੇ ਧਾਰਮਿਕ ਪ੍ਰੀਖਿਆ ਵਿੱਚੋਂ 2100 ਰੁਪਏ ਦੀ ਨਕਦ ਰਾਸ਼ੀ ਹਾਸਲ ਕੀਤੀ। ਬੀਬੀ ਜਸਬੀਰ ਕੌਰ ਜ਼ਫ਼ਰਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਉਚੇਚੇ ਤੌਰ 'ਤੇ ਕਾਲਜ ਪਹੁੰਚ ਕੇ ਵਿਦਿਆਰਥੀਆਂ ਨੂੰ ਇਨਾਮੀ ਰਾਸ਼ੀ ਪ੍ਰਦਾਨ ਕੀਤੀ। ਇਸ ਮੌਕੇ ਪ੍ਰਚਾਰਕ ਜਗਰੂਪ ਸਿੰਘ ਵੀ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਉਚੇਚੇ ਤੌਰ 'ਤੇ ਪਹੁੰਚੇ।ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਸਾਲਾਨਾ ਧਾਰਮਿਕ ਪ੍ਰੀਖਿਆ ਅਜੋਕੇ ਵਿਦਿਆਰਥੀ ਵਰਗ ਨੂੰ ਆਪਣੇ ਧਰਮ, ਗੁਰਬਾਣੀ, ਸਿੱਖ ਇਤਿਹਾਸ ਤੇ ਨੈਤਿਕਤਾ ਨਾਲ ਜੋੜਨ ਤੇ ਇਸ ਵਿੱਚ ਪ੍ਰਪੱਕ ਕਰਨ ਲਈ ਇੱਕ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਨੇ ਕਾਲਜ ਦੇ ਧਾਰਮਿਕ ਅਧਿਆਪਕ ਕੋਮਲਪ੍ਰੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਤੇ ਭਵਿੱਖ ਵਿੱਚ ਹੋਰ ਵਧੀਆ ਨਤੀਜਿਆਂ ਦੀ ਕਾਮਨਾ ਦੀ ਗੱਲ ਵੀ ਆਖੀ।ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਡੇਰਾ ਬਾਬਾ ਨਾਨਕ ਚੋਹਲਾ ਸਾਹਿਬ ਦੇ ਦਰਸ਼ਨਾਂ ਲਈ ਪੈਦਲ ਸੰਘ ਦਾ ਥਾਂ-ਥਾਂ 'ਤੇ ਸਵਾਗਤ

ਦਸੂਹਾ, 2 ਮਾਰਚ (ਰਜਿੰਦਰ ਸਿੰਘ ਦਸੂਹਾ): ਅੱਜ ਪਿੰਡ ਬੋਦਲਾਂ ਤੋਂ ਡੇਰਾ ਬਾਬਾ ਨਾਨਕ ਚੋਹਲਾ ਸਾਹਿਬ ਦੇ ਦਰਸ਼ਨਾਂ ਲਈ ਪੈਦਲ ਸੰਘ ਅਰਦਾਸ ਕਰਨ ਉਪਰੰਤ ਸਿੰਘ ਸਾਹਿਬ ਸੰਦੀਪ ਸਿੰਘ ਦੀ ਅਗਵਾਈ ਹੇਠ ਰਵਾਨਾ ਹੋਇਆ।ਇਹ ਸੰਘ ਬੋਦਲਾਂ ਤੋਂ ਸ਼ੁਰੂ ਹੁੰਦਾ ਹੋਇਆ ਪਿੰਡ ਖੇੜਾ ਕੋਟਲੀ, ਕਹਿਰ ਵਾਲੀ, ਦਸੂਹਾ ਸ਼ਹਿਰ 'ਚੋਂ ਲੰਘਦਾ ਹੋਇਆ ਡੇਰਾ ਬਾਬਾ ਨਾਨਕ ਵਿਖੇ ਪਹੁੰਚੇਗਾ। ਸੰਗਤ ਵੱਲੋਂ ਥਾਂ-ਥਾਂ 'ਤੇ ਲੰਗਰ ਲਗਾ ਕੇ ਸੰਘ ਦਾ ਭਰਵਾਂ ਸਵਾਗਤ ਕੀਤਾ ਗਿਆ। ਇਹ ਸੰਘ ਪਹਿਲੇ ਪਹਿਲੇ ਪੜਾਅ 'ਚ ਨਾਗਲਾ ਨਿਵਾਸ ਕਹਿਰ ਵਾਲੀ ਵਿਖੇ ਪੂਰੀ ਛੋਲਿਆਂ ਦਾ ਲੰਗਰ ਛਕਣ ਲਈ ਰੁਕਿਆ ਤੇ ਉਸ ਤੋਂ ਬਾਅਦ ਹੁਸ਼ਿਆਰਪੁਰ ਰੋਡ 'ਤੇ ਠੇਠੀ ਮੋਬਾਈਲਸ ਵੱਲੋਂ ਦੁੱਧ ਤੇ ਬ੍ਰੈਡ ਪਕੌੜਿਆਂ ਦਾ ਲੰਗਰ ਛਕਣ ਉਪਰੰਤ ਡੇਰਾ ਬਾਬਾ ਨਾਨਕ ਚੋਹਲਾ ਸਾਹਿਬ ਨੂੰ ਰਵਾਨਾ ਹੋਇਆ। ਸੰਗਤਾਂ ਵੱਲੋਂ ਰਸਤੇ ਵਿੱਚ ਫੁੱਲਾਂ ਦੀ ਵਰਖਾ ਨਾਲ ਪੰਜ ਪਿਆਰਿਆਂ ਤੇ ਸੰਘ ਦਾ ਸਵਾਗਤ ਕੀਤਾ। ਇਸ ਮੌਕੇ ਦਸੂਹਾ ਦੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਵੱਲੋਂ ਵੀ ਸੰਘ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਡਾ. ਦਿਦਾਰ ਸਿੰਘ, ਡਾ. ਸਤਵਿੰਦਰ ਸਿੰਘ, ਜਤਿੰਦਰ ਸਿੰਘਕਿਰਨ ਆਈ ਕੇਅਰ ਤੇ ਲੈਬੋਰਟਰੀ, ਬਲਰਾਜ ਸਿੰਘ, ਅਵਤਾਰ ਸਿੰਘ, ਲਖਬੀਰ ਸਿੰਘ, ਹਰਸ਼ਦੀਪ ਸਿੰਘ, ਜਸਕਰਨ ਸਿੰਘ, ਅਰਮਾਨ ਸਿੰਘ, ਰਵਿੰਦਰ ਸਿੰਘ ਭੁੱਲਰ, ਸਰਬਜੀਤ ਸਿੰਘ, ਪਰਵਿੰਦਰ ਸਿੰਘ, ਕਰਨਵੀਰ ਸਿੰਘ, ਸੁਖਦੀਪ ਸਿੰਘ, ਸੁਖਮਣ ਚੀਮਾ, ਜੋਗਿੰਦਰ ਸਿੰਘ, ਸਨੀ ਟਰਾਂਸਪੋਰਟ, ਹਰਵਿੰਦਰ ਸਿੰਘ ਕਾਹਲੋਂ, ਹਰਜੀਤ ਸਿੰਘ ਕਾਹਲੋਂ, ਜੋਗਾ ਸਿੰਘ ਸਰਜੀਤ ਸਿੰਘ ਦਵਿੰਦਰ ਸਿੰਘ ਮੌਜੂਦ ਸੀ।



# ਜਗਰੂਪ ਸਿੰਘ ਸੇਖਵਾਂ ਵੱਲੋਂ ਸਰਕਾਰੀ ਰਿਹਾਇਸ਼ੀ ਸਕੂਲ ਸੇਖਵਾਂ ਦਾ ਦੌਰਾ

ਕਾਦੀਆਂ/ਗੁਰਦਾਸਪੁਰ, 2 ਮਾਰਚ (ਤਾਰੀ/ਸੰਧੂ): ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ



ਸੇਖਵਾਂ ਵੱਲੋਂ ਸਰਕਾਰੀ ਰਿਹਾਇਸ਼ੀ ਸਕੂਲ ਸੇਖਵਾਂ ਦਾ ਦੌਰਾ ਕੀਤਾ ਤੇ ਬੱਚਿਆਂ ਨਾਲ ਬੈਠ ਕੇ ਨਾਸ਼ਤਾ ਕੀਤਾ। ਗੱਲਬਾਤ ਕਰਦਿਆਂ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਰਿਹਾਇਸ਼ੀ ਸਕੂਲ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਹਨ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਰੈਜ਼ੀਡੈਂਸ਼ੀਅਲ ਸਕੂਲ ਹੈ। ਇਥੇ ਬੱਚਿਆਂ ਨੂੰ ਖਾਣਾ ਪੌਸ਼ਟਿਕ ਤੇ ਸੁਆਦਿਸ਼ਟ ਦਿੱਤਾ ਜਾਂਦਾ ਹੈ। ਰਸੋਈ ਸਾਫ਼-ਸੁਥਰੀ ਤੇ ਬੱਚਿਆਂ ਦੇ ਕਮਰੇ ਬਹੁਤ ਵਧੀਆ ਹਨ। ਉਨ੍ਹਾਂ ਹੋਸਟਲ ਵਾਰਡਨ ਨੂੰ ਬਾਥਰੂਮਾਂ ਦੀ ਹੋਰ ਸਾਫ਼-ਸੁਫ਼ਾਈ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਇਹ ਸਕੂਲ ਮੇਰੇ ਪਿਤਾ ਸਾਬਕਾ ਸਿੱਖਿਆ ਮੰਤਰੀ ਜਥੇਦਾਰ ਸੇਵਾ ਸਿੰਘ ਸੇਖਵਾਂ ਜੀ ਦੀ ਇਲਾਕਾ ਨਿਵਾਸੀਆਂ ਲਈ ਇੱਕ ਵੱਡੀ ਦੇਣ ਹੈ ਤੇ ਬੱਚਿਆਂ ਦਾ ਭਵਿੱਖ ਹੀ ਸਾਡੀ ਅਸਲੀ ਤਾਕਤ ਹੈ।ਉਨ੍ਹਾਂ ਦੱਸਿਆ ਕਿ ਰਿਹਾਇਸ਼ੀ ਹੋਸਟਲ ਸੇਖਵਾਂ ਵਿੱਚ ਇਸ ਸਮੇਂ 52 ਵਿਦਿਆਰਥੀ ਪੜ੍ਹ ਰਹੇ ਹਨ, ਜਦਕਿ ਹੋਸਟਲ ਦੀ ਕੁੱਲ ਸਮਰੱਥਾ 100 ਵਿਦਿਆਰਥੀਆਂ ਦੀ ਹੈ। ਹੋਸਟਲ ਵਿੱਚ ਅਨਾਥ ਬੱਚੇ, ਇਕੱਲੇ ਮਾਪਿਆਂ ਵਾਲੇ ਬੱਚੇ, ਆਰਥਿਕ ਤੌਰ 'ਤੇ ਕਮਜ਼ੋਰ ਵਰਗ ਤੇ ਹੋਰ ਯੋਗ ਵਰਗਾਂ ਦੇ ਵਿਦਿਆਰਥੀਆਂ ਨੂੰ ਦਾਖ਼ਲਾ ਦਿੱਤਾ ਜਾਂਦਾ ਹੈ।

# ਹਰਸੇਵਾ ਮੈਡੀਕਲ ਟਰੱਸਟ ਨੇ ਐਨ.ਆਰ.ਆਈਜ਼ ਦੀ ਮਦਦ ਨਾਲ ਸਕੂਲ ਦੀ ਨੁਹਾਰ ਬਦਲੀ

ਗੜ੍ਹਸ਼ੰਕਰ, 2 ਮਾਰਚ (ਅਜਮੇਰ ਸਿੰਘ ਭਨੋਟ): ਜਿਥੇ ਹਰਸੇਵਾ ਮੈਡੀਕਲ ਟਰੱਸਟ ਮੋਰਾਂਵਾਲੀ ਵੱਲੋਂ ਸਿਹਤ ਸਹੂਲਤਾਂ



ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਕਾਰਜ ਕੀਤੇ ਜਾ ਰਹੇ ਹਨ। ਉਥੇ ਹੀ ਟਰੱਸਟ ਵੱਲੋਂ ਪਿੰਡ ਦੀ ਪੰਚਾਇਤ ਤੇ ਇਲਾਕੇ ਦੇ ਸਮੂਹ ਐਨ.ਆਰ.ਆਈਜ਼ ਦੀ ਮਦਦ ਨਾਲ ਪਿੰਡ ਦੇ ਐਲੀਮੈਂਟਰੀ ਸਕੂਲ ਦੀ ਵੀ ਨੁਹਾਰ ਬਦਲ ਦਿੱਤੀ ਗਈ ਹੈ।ਇਸ ਮੌਕੇ ਐਨ.ਆਰ.ਆਈਜ਼ ਦੀ ਮੌਜੂਦਗੀ ਵਿੱਚ ਡਾ. ਅਵਤਾਰ ਸਿੰਘ ਬਰਾੜ ਨੇ ਦੱਸਿਆ ਕਿ ਕੁਝ ਸਾਲ ਪਹਿਲਾਂ ਪਿੰਡ ਦੇ ਸਰਕਾਰੀ ਐਲੀਮੈਂਟਰੀ ਸਕੂਲ ਦੇ ਹਾਲਾਤ ਬਹੁਤ ਹੀ ਖਰਾਬ ਸਨ। ਕਿਉਂਕਿ ਇਥੇ ਬੱਚਿਆਂ ਦੇ ਬੈਠਣ ਲਈ ਨਾ ਤਾਂ ਕਮਰਿਆਂ ਦਾ ਪ੍ਰਬੰਧ ਸੀ ਤੇ ਨਾ ਸਕੂਲ ਦੇ ਬੱਚਿਆਂ ਲਈ ਹੋਰ ਕੋਈ ਸਹੂਲਤ ਸੀ। ਇਸ ਤੋਂ ਇਲਾਵਾ ਇਥੇ ਇੱਕ ਹੀ ਅਧਿਆਪਕ ਸੀ। ਜਿਸ ਤੋਂ ਬਾਅਦ ਟਰੱਸਟ ਵੱਲੋਂ ਇਸ ਸਕੂਲ ਦੀ ਕਾਇਆ ਕਲਪ ਦਾ ਬੀੜਾ ਚੁੱਕਿਆ ਤੇ ਜਿਥੇ ਸਕੂਲ ਵਿੱਚ ਬੱਚਿਆਂ ਲਈ ਸ਼ਾਨਦਾਰ ਕਮਰਿਆਂ ਦੀ ਉਸਾਰੀ ਕਰਵਾਈ ਗਈ। ਉਥੇ ਹੀ ਸਕੂਲ ਵਿੱਚ ਸ਼ਾਨਦਾਰ ਖੇਡ ਮੈਦਾਨ ਤੇ ਨਿੱਜੀ ਤੌਰ 'ਤੇ ਅਧਿਆਪਕਾਂ ਦਾ ਵੀ ਪ੍ਰਬੰਧ ਕਰਕੇ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਟਰੱਸਟ ਵੱਲੋਂ ਸਕੂਲ ਦੇ ਬੱਚਿਆਂ ਲਈ ਵੈਨ ਤੇ ਚਾਲਕ ਦਾ ਪ੍ਰਬੰਧ ਕਰਕੇ ਦਿੱਤਾ ਗਿਆ ਹੈ। ਡਾ. ਅਵਤਾਰ ਸਿੰਘ ਬਰਾੜ ਨੇ ਦੱਸਿਆ ਕਿ ਇਸ ਤੋਂ ਇਲਾਵਾ ਸਕੂਲ ਦੀ ਬਹਿਤਰੀ ਲਈ ਲਗਾਤਾਰ ਹੋਰ ਉਪਰਾਲੇ ਵੀ ਕੀਤੇ ਜਾ ਰਹੇ ਹਨ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਐਨ.ਆਰ.ਆਈਜ਼ ਤੇ ਹੋਰ ਮੋਹਤਬਰ ਸ਼ਖ਼ਸੀਅਤਾਂ ਹਾਜ਼ਰ ਸਨ।

# ਅਲੀਵਾਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਲਬੀਰ ਸਿੰਘ ਪੰਨੂੰ ਵੱਲੋਂ ਬੱਚਿਆਂ ਦਾ ਸਨਮਾਨ



ਫਤਹਿਗੜ੍ਹ ਚੂੜੀਆਂ, 2 ਮਾਰਚ (ਰਾਜਨ ਸ਼ਰਮਾ): ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਅਲੀਵਾਲ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਦੇ ਸਾਲਾਨਾ ਇਨਾਮ ਵੰਡ ਸਮਾਰੋਹ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਮੁੱਖ ਮਹਿਮਾਨ ਵਜੋਂ ਪਹੁੰਚੇ ਤੇ ਸ਼ਿਰਕਤ ਕਰਕੇ ਸਕੂਲ ਦੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਸਕੂਲ ਦੇ ਸਮੂਹ ਪ੍ਰਬੰਧਕ ਸਾਹਿਬਾਨਾਂ ਤੇ ਸਟਾਫ ਵੱਲੋਂ ਦਿੱਤੇ ਅਥਾਹ ਸਨੇਹ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਡਿਪਟੀ ਡੀਓ ਗੁਰਦਾਸਪੁਰ ਨਿਧ ਸ਼ਰਮਾ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਅਧਿਆਪਕ ਵੀ ਪੁੱਜੇ। ਇਸ ਮੌਕੇ ਹਲਕਾ ਯੂਥ ਪ੍ਰਧਾਨ ਗੁਰਬਿੰਦਰ ਕਾਦੀਆਂ ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂੰ ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ ਮਲਜਿੰਦਰ ਸਿੰਘ ਬਲਾਕ ਪ੍ਰਧਾਨ ਹਰਦੀਪ ਸਿੰਘ ਪ੍ਰਿੰਸੀਪਲ ਸਾਹਿਬਾਨ ਬਲਾਕ ਪ੍ਰਧਾਨ ਰਘਬੀਰ ਸਿੰਘ ਅੰਮ੍ਰਿਤ ਅੰਜਲਾ ਪਲਵਿੰਦਰ ਸਿੰਘ ਹਾਜ਼ਰ ਰਹੇ।

# ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ‘ਆਪ’ ਦੇ ਰਾਸ਼ਟਰੀ ਕਨਵੀਨਰ ਕੇਜਰੀਵਾਲ ਨੂੰ ਮਿਲ ਕੇ ਵਧਾਈ ਦਿੱਤੀ

ਮੋਗਾ, 2 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ‘ਆਪ’ ਦੇ ਰਾਸ਼ਟਰੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਮਿਲ ਕੇ ਵਧਾਈ ਦਿੱਤੀ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ‘ਆਪ’ ਸੁਪਰੀਮੋ ਅਰਵਿੰਦ ਕੇਜਰੀਵਾਲ ਸੰਘਰਸ਼ਾਂ, ਦੋਸ਼ਾਂ ਤੇ ਔਖੇ ਸਮੇਂ ਦੇ ਬਾਵਜੂਦ ਡੋਲੇ ਨਹੀਂ, ਕਿਉਂਕਿ ਉਹ ਸੱਚ ਵਿੱਚ ਵਿਸ਼ਵਾਸ ਰੱਖਦੇ ਸਨ। ਇਹ ਫੈਸਲਾ ਸਾਬਤ ਕਰਦਾ ਹੈ ਕਿ ਸੱਚ ਨੂੰ ਕੁਝ ਸਮੇਂ ਲਈ ਦਬਾਇਆ ਜਾ ਸਕਦਾ ਹੈ, ਪਰ ਇਸਨੂੰ ਹਰਾਇਆ ਨਹੀਂ ਜਾ ਸਕਦਾ। ਇਸ ਮੌਕੇ ’ਤੇ ‘ਆਪ’ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਲਈ ਧੰਨਵਾਦ ਕੀਤਾ।



# ਪੀਲੀਏ ਦੇ ਫੈਲਾਅ ਦੇ ਮੱਦੇਨਜ਼ਰ ਏ.ਡੀ.ਸੀ. ਵੱਲੋਂ 24 ਘੰਟੇ ਚੱਲਣ ਵਾਲਾ ਐਮਰਜੈਂਸੀ ਕੰਟਰੋਲ ਰੂਮ ਸਥਾਪਤ



ਫਿਰੋਜ਼ਪੁਰ, 2 ਮਾਰਚ (ਤਿਵਾੜੀ): ਬਲਾਕ ਮਮਦੋਟ ਦੇ ਪਿੰਡ ਹਜ਼ਾਰਾ ਸਿੰਘ ਵਾਲਾ ਵਿੱਚ ਪੀਲੀਏ ਦੇ ਕੇਸ ਸਾਹਮਣੇ ਆਉਣ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਵੱਲੋਂ ਸਥਿਤੀ ਨੂੰ ਕਾਬੂ ਹੇਠ ਰੱਖਣ ਤੇ ਲੋਕਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਜ਼ਿਲ੍ਹਾ ਪੱਧਰ ’ਤੇ ਇੱਕ ਵਿਸ਼ੇਸ਼ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਫਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਹ ਕੰਟਰੋਲ ਰੂਮ ਦਿਨ-ਰਾਤ (24/7) ਕੰਮ ਕਰੇਗਾ। ਕਿਸੇ ਵੀ ਹੰਗਾਮੀ ਹਾਲਤ ਜਾਂ ਜਾਣਕਾਰੀ ਲਈ ਐਮਰਜੈਂਸੀ ਹੈਲਪਲਾਈਨ ਨੰਬਰ 62391-03424 ’ਤੇ ਸੰਪਰਕ ਕੀਤਾ ਜਾ ਸਕਦਾ ਹੈ। ਏ.ਡੀ.ਸੀ. (ਵਿਕਾਸ) ਨੇ ਦੱਸਿਆ ਕਿ ਸਿਹਤ ਵਿਭਾਗ ਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀਆਂ ਟੀਮਾਂ ਨੂੰ ਪਿੰਡ ਹਜ਼ਾਰਾ ਸਿੰਘ ਵਾਲਾ ਵਿੱਚ ਤੁਰੰਤ ਪ੍ਰਭਾਵ ਨਾਲ ਤਾਇਨਾਤ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੀ ਮੁੱਖ ਤਰਜੀਹ ਪਿੰਡ ਵਾਸੀਆਂ ਨੂੰ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਤੇ ਪ੍ਰਭਾਵਿਤ ਮਰੀਜ਼ਾਂ ਦਾ ਢੁੱਕਵਾਂ ਇਲਾਜ ਕਰਨਾ ਹੈ। ਇਹ ਕੰਟਰੋਲ ਰੂਮ ਕਿਸੇ ਵੀ ਮੈਡੀਕਲ ਐਮਰਜੈਂਸੀ ਜਾਂ ਸ਼ਿਕਾਇਤ ਦਾ ਤੁਰੰਤ ਹੱਲ ਕਰਨ ਲਈ ਬਣਾਇਆ ਗਿਆ ਹੈ। **ਪ੍ਰਸ਼ਾਸਨ ਵੱਲੋਂ ਚੁੱਕੇ ਗਏ ਅਹਿਮ ਕਦਮ:** ਪਾਣੀ ਦੀ ਟੈਸਟਿੰਗ: ਪਿੰਡ ਵਿੱਚ ਪੀਣ ਵਾਲੇ ਪਾਣੀ ਦੇ ਸਾਰੇ ਸਰੋਤਾਂ ਦੇ ਸੈਂਪਲ ਲੈ ਕੇ ਟੈਸਟਿੰਗ ਲਈ ਭੇਜੇ ਗਏ ਹਨ।ਮੈਡੀਕਲ ਕੈਂਪ: ਸਿਹਤ ਵਿਭਾਗ ਵੱਲੋਂ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਹੈ ਤੇ ਜ਼ਰੂਰੀ ਦਵਾਈਆਂ ਵੰਡੀਆਂ ਜਾ ਰਹੀਆਂ ਹਨ। ਪੀਣ ਵਾਲੇ ਪਾਣੀ ਦਾ ਬਦਲਵਾਂ ਪ੍ਰਬੰਧ: ਪ੍ਰਭਾਵਿਤ ਖੇਤਰਾਂ ਵਿੱਚ ਟੈਂਕਰਾਂ ਰਾਹੀਂ ਸਾਫ਼ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ।ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਨਾ ਤੇ ਕਿਸੇ ਵੀ ਸਹਾਇਤਾ ਲਈ ਤੁਰੰਤ ਦਿੱਤੇ ਗਏ ਨੰਬਰ 62391-03424 ’ਤੇ ਸੰਪਰਕ ਕਰਨ।

# ਨਿਰਮਲ ਭੇਖ ਵੱਲੋਂ ਸਜਾਏ ਨਗਰ ਕੀਰਤਨ ਦਾ ਬਾਬਾ ਪ੍ਰੀਤਮ ਸਿੰਘ ਡੂਮੇਲੀ ਵਾਲਿਆਂ ਵੱਲੋਂ ਸਵਾਗਤ

ਸ੍ਰੀ ਅਨੰਦਪੁਰ ਸਾਹਿਬ, 2 ਮਾਰਚ (ਤਰਲੋਚਨ ਸਿੰਘ/ਹਰਪ੍ਰੀਤ ਸਿੰਘ): ਹੋਲੇ-ਮਹੱਲੇ ਦੇ ਦੂਜੇ ਪੜਾਅ ਦੀ ਆਰੰਭਤਾ ਮੌਕੇ ਸਮੂਹ ਨਿਰਮਲ ਭੇਖ ਵੱਲੋਂ ਡੇਰਾ ਗੁਰਦੁਆਰਾ ਟਿੱਬਾ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਇਸ ਨਗਰ ਕੀਰਤਨ ਦਾ ਸੰਤ ਬਾਬਾ ਪ੍ਰੀਤਮ ਸਿੰਘ ਡੂਮੇਲੀ ਸਾਹਿਬ ਵਾਲਿਆਂ ਦੀ ਅਗਵਾਈ ਵਿੱਚ ਗੁਰਦੁਆਰਾ ਡੂਮੇਲੀ ਸਾਹਿਬ ਚੱਕ ਵਿਖੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸੰਤ ਬਾਜੇਵਾਲ ਸਿੰਘ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ ਵਾਲੇ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ ਵਾਲੇ, ਸੰਤ ਬਾਬਾ ਨਾਰੰਗ ਸਿੰਘ ਹਰੀਆਂ ਵੇਲਾਂ ਵਾਲੇ ਨਵੇਂ ਸ਼ਹਿਰ ਵਾਲੇ ਜਥੇਬੰਦੀ, ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲੇ, ਬਾਬਾ ਅਜੀਤ ਸਿੰਘ ਜੌਲਾਂ ਵਾਲੇ, ਸੰਤ ਪ੍ਰੀਤਮ ਸਿੰਘ ਬਾੜੀਆਂ ਵਾਲੇ, ਸੰਤ ਬਿਕਰਮਜੀਤ ਸਿੰਘ ਨੰਗਲ ਵਾਲੇ ਸੰਤ ਮਹਾਂਪੁਰਸ਼ ਹਾਜ਼ਰ ਸਨ। ਇਸ ਮੌਕੇ ਸੰਤ ਬਾਬਾ ਪ੍ਰੀਤਮ ਸਿੰਘ ਡੂਮੇਲੀ ਵਾਲਿਆਂ ਨੇ ਦੱਸਿਆ ਕਿ ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1700 ਦੇ ਵਿੱਚ ਕਿਲ੍ਹਾ ਹੋਲਗੜ੍ਹ ਸਾਹਿਬ ਤੋਂ ਹੋਲੇ-ਮਹੱਲੇ ਦੀ ਆਰੰਭਤਾ ਕੀਤੀ ਸੀ, ਪੁਰਾਤਨ ਰਵਾਇਤਾਂ ਦੇ ਚੱਲਦਿਆਂ ਗੁਰੂ ਸਾਹਿਬ ਨੇ ਨਿਰਮਲ ਭੇਖ ਜੋ ਗੁਰੂ ਸਾਹਿਬ ਨੇ ਆਪ ਸਾਜਿਆ ਹੈ ਵੱਲੋਂ ਹੋਲੇ-ਮਹੱਲੇ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਂਦਾ ਹੈ। ਜਿਸ ਵਿੱਚ ਨਿਰਮਲ ਭੇਖ ਦੇ ਸਮੂਹ ਮਹਾਂਪੁਰਖ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਨਿਹੰਗ ਸਿੰਘ ਜਥੇਬੰਦੀਆਂ ਇਕੱਠੇ ਹੋ ਕੇ ਇਸ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਤਿਗੁਰੂ ਵੱਲੋਂ ਬਖਸ਼ਿਆ ਹੋਲਾ-ਮਹੱਲਾ ਪਵਿੱਤਰ ਤਿਉਹਾਰ ਹੈ। ਇਸ ਨੂੰ ਪਵਿੱਤਰਤਾ ਨਾਲ ਮਨਾਇਆ ਜਾਵੇ। ਇਸ ਮੌਕੇ ਪ੍ਰਿੰਸਪਲ ਨਰਿੰਜਨ ਸਿੰਘ ਰਾਣਾ, ਕੇਵਲ ਸਿੰਘ ਰਾਣਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਡੀ.ਸੀ. ਸ਼ਰਮਾ ਨੇ ਸਿਵਲ ਹਸਪਤਾਲ ਪਹੁੰਚ ਕੇ ਮਰੀਜ਼ਾਂ ਦਾ ਜਾਣਿਆ ਹਾਲ-ਚਾਲ

## ☛ਦੂਸ਼ਿਤ ਪਾਣੀ ਨਾਲ ਬਿਮਾਰ ਹੋਏ ਮਰੀਜ਼ਾਂ ਦੇ ਹਾਲਾਤ ਸਥਿਰ



ਫ਼ਿਰੋਜ਼ਪੁਰ, 2 ਮਾਰਚ (ਤਿਵਾੜੀ): ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਅੱਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਪਿੰਡ ਹਜ਼ਾਰਾ ਸਿੰਘ ਵਾਲਾ ਦੇ ਦੂਸ਼ਿਤ ਪਾਣੀ ਕਾਰਨ ਬਿਮਾਰ ਹੋਏ ਮਰੀਜ਼ਾਂ ਦਾ ਹਾਲ-ਚਾਲ ਜਾਣਿਆ ਗਿਆ। ਇਸ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ. ਲਿੰਦਿਆ ਤੇ ਸਿਵਲ ਸਰਜਨ ਰਾਜੀਵ ਪਰਾਸ਼ਰ ਵੀ ਮੌਜੂਦ ਰਹੇ। ਇਸ ਮੌਕੇ ਡਿਪਟੀ ਕਮਿਸ਼ਨ ਨੇ ਦੱਸਿਆ ਕਿ ਮਰੀਜ਼ਾਂ ਦੀ ਹਾਲਤ ਹੁਣ ਸਥਿਰ ਹੈ। ਉਨ੍ਹਾਂ ਡਾਕਟਰਾਂ ਨਾਲ ਵਿਸਥਾਰ ਵਿੱਚ ਗੱਲਬਾਤ ਕਰਕੇ ਮਰੀਜ਼ਾਂ ਦੇ ਇਲਾਜ ਸਬੰਧੀ ਜਾਣਕਾਰੀ ਹਾਸਲ ਕੀਤੀ ਤੇ ਸਿਹਤ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਇਲਾਜ ਵਿੱਚ ਕੋਈ ਵੀ ਕਮੀ ਨਾ ਰਹਿਣ ਦਿੱਤੀ ਜਾਵੇ। ਡਿਪਟੀ ਕਮਿਸ਼ਨਰ ਨੇ ਮਰੀਜ਼ਾਂ ਨੂੰ ਹਰ ਸੰਭਵ ਸਹਾਇਤਾ ਤੇ ਜ਼ਰੂਰੀ ਦਵਾਈਆਂ ਉਪਲਬਧ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਸਥਿਤੀ ’ਤੇ ਨਿਰੰਤਰ ਨਜ਼ਰ ਬਣਾਈ ਰੱਖੀ ਜਾਵੇ ਤੇ ਲੋਕਾਂ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਤੇ ਸੁਚੱਜੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਡੋਰ-ਟੂ-ਡੋਰ ਸਰਵੇ ਕੀਤਾ ਜਾ ਰਿਹਾ ਹੈ। ਪੀਣ ਵਾਲੇ ਪਾਣੀ ਦੇ ਵੀ ਸੈਂਪਲ ਦੁਬਾਰਾ ਲਏ ਗਏ ਹਨ ਤੇ ਐਸ.ਈ. ਤੇ ਐਕਸਈਅਨ ਪੰਚਾਇਤੀ ਰਾਜ ਨੂੰ ਪਿੰਡ ਵਾਸੀਆਂ ਨੂੰ ਸਾਫ਼ ਪੀਣ ਵਾਲਾ ਵਾਲਾ ਪਾਣੀ ਉਪਲੱਬਧ ਕਰਵਾਉਣ ਲਈ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਪਿੰਡ ਵਿੱਚ ਲੋਕਾਂ ਦੀ ਮੈਡੀਕਲ ਸਹੂਲਤਾਂ ਲਈ ਮੈਡੀਕਲ ਕੈਂਪ ਲਗਾਇਆ ਹੋਇਆ ਹੈ, ਜਿੱਥੇ ਮਾਹਿਰ ਡਾਕਟਰ ਉਨ੍ਹਾਂ ਦੀ ਸਹਾਇਤਾ ਲਈ ਉਪਲੱਬਧ ਹਨ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਗੱਲਬਾਤ ਕਰਕੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਘੜੀ ਵਿੱਚ ਪੂਰੀ ਤਰ੍ਹਾਂ ਉਨ੍ਹਾਂ ਦੇ ਨਾਲ ਖੜ੍ਹਾ ਹੈ ਤੇ ਹਰ ਤਰ੍ਹਾਂ ਦੀ ਮਦਦ ਯਕੀਨੀ ਬਣਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਪਿੰਡ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਟੈਂਕਰਾਂ ਰਾਹੀਂ ਮੁਹੱਈਆ ਕਰਵਾਇਆ ਪੀਣ ਵਾਲਾ ਪਾਣੀ ਹੀ ਵਰਤਿਆ ਜਾਵੇ ਤੇ ਪਾਣੀ ਨੂੰ ਉਬਾਲ ਕੇ ਹੀ ਪੀਤਾ ਜਾਵੇ।

# ਦੇਸ਼ ਭਗਤ ਯੂਨੀਵਰਸਿਟੀ ’ਚ ਕੌਮੀ ਵਿਗਿਆਨ ਦਿਵਸ-2026 ਮਨਾਇਆ

ਮੰਡੀ ਗੋਬਿੰਦਗੜ੍ਹ, 2 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਫ਼ੈਕਲਟੀ ਆਫ ਐਗਰੀਕਲਚਰ ਐਂਡ ਲਾਈਫ ਸਾਇੰਸਿਜ਼ ਦੇ ਅਗ੍ਰਿਮ ਕਲੱਬ ਨੇ ਅੰਦਰੂਨੀ ਗੁਣਵੱਤਾ ਭਰੋਸਾ ਸੈਲ ਦੇ ਸਹਿਯੋਗ ਨਾਲ ਡਾ. ਏ.ਪੀ.ਜੇ. ਅਬਦੁਲ ਕਲਾਮ ਸੈਮੀਨਾਰ ਹਾਲ ਵਿੱਚ ਰਾਸ਼ਟਰੀ ਵਿਗਿਆਨ ਦਿਵਸ-2026 ਮਨਾਇਆ।ਇਸ ਵਿੱਚ ਵੱਖ-ਵੱਖ ਵਿਭਾਗਾਂ ਦੇ 150 ਤੇ ਨੇੜਲੇ 20 ਸਕੂਲਾਂ ਦੇ ਵਿਦਿਆਰਥੀਆਂ ਦੀ ਭਾਗੀਦਾਰੀ ਨਾਲ ਵਿਗਿਆਨਕ ਸੰਵਾਦ ਤੇ ਨਵਚੇਤਨਾ ਲਈ ਸਰਗਰਮ ਮੰਚ ਤਿਆਰ ਹੋਇਆ। ਫੈਕਲਟੀ ਦੇ ਡੀਨ ਪ੍ਰੋ. (ਡਾ.) ਐਚ.ਕੇ. ਸਿੱਧੂ ਨੇ ਰਸਮੀ ਸਵਾਗਤ ਕਰਦਿਆਂ ਅਕਾਦਮਿਕ ਵਿਕਾਸ ਵਿੱਚ ਵਿਗਿਆਨਕ ਜਾਗਰੂਕਤਾ ਦੀ ਮਹੱਤਤਾ ਉਜਾਗਰ ਕੀਤੀ। ਪ੍ਰੋ. (ਡਾ.) ਅਜੈ ਗੁਪਤਾ ਨੇ ਇਸ ਸਾਲ ਦੀ ਥੀਮ ‘ਟਿਕਾਊ ਭਵਿੱਖ ਲਈ ਵਿਗਿਆਨ’ ਬਾਰੇ ਚਰਚਾ ਕਰਦਿਆਂ ਵਿਸ਼ਵ ਪੱਧਰੀ ਪਰੀਆਵਰਨਕ ਤੇ ਵਿਕਾਸੀ ਚੁਣੌਤੀਆਂ ਦੇ ਸੰਦਰਭ ਵਿੱਚ ਇਸ ਦੀ ਅਹਿਮੀਅਤ ਦਰਸਾਈ। ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਰਾਸ਼ਟਰੀ ਤੇ ਵਿਸ਼ਵ ਪੱਧਰ ’ਤੇ ਤਰੱਕੀ ਵਿੱਚ ਵਿਗਿਆਨ ਦੀ ਅਹਿਮ ਭੂਮਿਕਾ ਉਭਾਰੀ। ਉਨ੍ਹਾਂ ਕਿਹਾ ਕਿ ਵਿਗਿਆਨ ਹਰ ਤਰ੍ਹਾਂ ਦੇ ਵਿਕਾਸ ਤੇ ਤਰੱਕੀ ਦੀ ਗੀੜ੍ਹ ਦੀ ਹੱਡੀ ਹੈ। ਉਨ੍ਹਾਂ ਯੂਨੀਵਰਸਿਟੀ ਦੀ ਖੋਜ, ਨਵਚੇਤਨਾ ਤੇ ਤਕਨੀਕੀ ਉਨਤੀ ਪ੍ਰਤੀ ਵਚਨਬੱਧਤਾ ਦੁਹਰਾਈ। ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ ਨੇ ਵਿਗਿਆਨਕ ਸੋਚ ਨੂੰ ਉਤਸ਼ਾਹਿਤ ਕਰਨ ਤੇ ਨੌਜਵਾਨ ਮਨਾਂ ਨੂੰ ਖੋਜ-ਕੇਂਦਰਤਿ ਸਿੱਖਿਆ ਵੱਲ ਪ੍ਰੇਰਿਤ ਕਰਨ ਲਈ ਫੈਕਲਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਪੋਸਟਰ ਪ੍ਰਦਰਸ਼ਨ, ਪ੍ਰਸ਼ਨੋਤਰੀ ਤੇ ਪਾਵਰਪੁਆਇੰਟ ਪ੍ਰਸਤੁਤੀਆਂ ਵਰਗੀਆਂ ਰੁਚੀਕਰ ਤੇ ਭਾਗੀਦਾਰੀ ਗਤੀਵਿਧੀਆਂ ਕਰਵਾਈਆਂ ਗਈਆਂ। ਸਕੂਲਾਂ ਦੇ ਵਿਦਿਆਰਥੀਆਂ ਨੇ ਟਿਕਾਊ ਵਿਕਾਸ ਲਕਸ਼ਾਂ ਪ੍ਰਤੀ ਜਾਗਰੂਕਤਾ ਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕਰਦਿਆਂ ਨਵੀਂ ਵਿਗਿਆਨਕ ਸੋਚ ਪੇਸ਼ ਕੀਤੀ। ਡਾ. ਅਵਿਨਾਸ਼ ਕੁਮਾਰ ਭਾਟੀਆ ਨੇ ਧੰਨਵਾਦ ਕੀਤਾ।



# ਸੰਤ ਬਾਬਾ ਕਿਰਪਾ ਸਿੰਘ ਦੇ ਤਪ ਅਸਥਾਨ ਸ੍ਰੀ ਰੋਹੀਸਰ ਸਾਹਿਬ ਮਾਲੋਵਾਲ ਵਿਖੇ ਕਾਰ ਸੇਵਾ ਸ਼ੁਰੂ

## ☛ਸੰਤ ਬਾਬਾ ਦਲਵਾਰਾ ਸਿੰਘ ਵੱਲੋਂ ਸੰਗਤਾਂ ਨੂੰ ਕਾਰ ਸੇਵਾ ’ਚ ਸ਼ਾਮਲ ਹੋਣ ਦਾ ਸੱਦਾ



ਅਮਲੋਹ, 2 ਮਾਰਚ (ਜਸਵੰਤ ਸਿੰਘ): ਸੰਤ ਬਾਬਾ ਕਿਰਪਾ ਸਿੰਘ ਜੀ ਦੇ ਤਪ ਅਸਥਾਨ ਸ੍ਰੀ ਰੋਹੀਸਰ ਸਾਹਿਬ ਮਾਲੋਵਾਲ ਵਿਖੇ ਅੱਜ ਕਾਰ ਸੇਵਾ ਦਾ ਕਾਰਜ ਸੰਤ ਬਾਬਾ ਦਲਵਾਰਾ ਸਿੰਘ ਜੀ ਰੋਹੀਸਰ ਸਾਹਿਬ ਵਾਲਿਆਂ ਵੱਲੋਂ ਸ਼ੁਰੂ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਦੀ ਕਾਰ ਸੇਵਾ ਨੂੰ ਅੱਗੇ ਵਧਾਉਂਦੇ ਹੋਏ ਖਿੜਕੀਆਂ ਆਦਿ ਦੀ ਕਾਰ ਸੇਵਾ ਸ਼ੁਰੂ ਕੀਤੀ ਗਈ ਹੈ। ਇਸ ਪੁਰਾਤਨ ਅਸਥਾਨ ’ਤੇ ਸੰਤ ਬਾਬਾ ਕਿਰਪਾ ਸਿੰਘ ਜੀ ਨੇ ਲੰਬਾ ਸਮਾਂ ਤਪੱਸਿਆ ਕੀਤੀ ਤੇ ਵਿਦਿਆਰਥੀਆਂ ਨੂੰ ਗੁਰਮਤਿ ਵਿਦਿਆ ਦਿੱਤੀ।ਅੱਜ ਵੀ ਦੇਸ਼-ਵਿਦੇਸ਼ ਵਿੱਚ ਇਨ੍ਹਾਂ ਕੋਲੋਂ ਗੁਰਮਤਿ ਵਿਦਿਆ ਪ੍ਰਾਪਤ ਕਰਕੇ ਵੱਡੇ-ਵੱਡੇ ਸਿੱਖ ਵਿਦਵਾਨ ਗੁਰਮਤਿ ਦਾ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ਇਸ ਕਾਰ ਸੇਵਾ ਵਿੱਚ ਸ਼ਾਮਲ ਹੋ ਕੇ ਇਸ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਆਸ਼ੀਰਵਾਦ ਹਾਸਲ ਕਰਨ ਦੀ ਅਪੀਲ ਕੀਤੀ।

# ਮੋਗਾ ਦੇ ਅੰਮ੍ਰਿਤਸਰ ਰੋਡ ’ਤੇ ਬੱਸਾਂ ਦੇ ਤੇਜ਼ ਹਾਰਨਾਂ ਕਾਰਨ ਦੁਕਾਨਦਾਰ ਹੋਏ ਪ੍ਰੇਸ਼ਾਨ

ਮੋਗਾ, 2 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਅੰਮ੍ਰਿਤਸਰ ਰੋਡ ਉਤੇ ਬੱਸ ਸਟੈਂਡ ਹੋਣ ਕਰਕੇ ਬੱਸਾਂ ਦਾ ਆਉਣਾ-ਜਾਣਾ ਬਣਿਆ ਰਹਿੰਦਾ ਹੈ। ਹਰ ਦੋ ਮਿੰਟ ਬਾਅਦ ਬੱਸ ਆਉਂਦੀ-ਜਾਂਦੀ ਰਹਿੰਦੀ ਹੈ ਤੇ ਟਾਈਮ ਘੱਟ ਹੋਣ ਕਾਰਨ ਡਰਾਈਵਰ ਹਾਰਨ ਦੀ ਜ਼ਿਆਦਾ ਵਰਤੋਂ ਕਰਦੇ ਹਨ, ਤੇਜ਼ ਹਾਰਨ ਕਾਰਨ ਦੁਕਾਨਦਾਰ ਬਹੁਤ ਪ੍ਰੇਸ਼ਾਨ ਹੋਏ ਹਨ, ਟਾਈਮ ਘੱਟ ਹੋਣ ਕਾਰਨ ਡਰਾਈਵਰ ਬੱਸਾਂ ਤਾਂ ਚਲਾਉਂਦੇ ਹਨ ਤੇ ਨਾਲ ਹਾਰਨ ਵਜਾਈ ਤੇ ਵਜਾਈ ਜਾਂਦੇ ਹਨ, ਜਿਸ ਨਾਲ ਅੰਮ੍ਰਿਤਸਰ ਰੋਡ ਦੇ ਦੁਕਾਨਦਾਰ ਹਾਰਨ ਕਰਕੇ ਦੁਖੀ ਹੋਏ ਪਏ ਹਨ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਦੁਕਾਨਦਾਰਾਂ ਨੇ ਕਿਹਾ ਕਿ ਇੰਨੇ ਤੇਜ਼ ਹਾਰਨ ਨਾਲ ਕਿਸੇ ਵੀ ਦਿਲ ਦੇ ਮਰੀਜ਼ ਦਾ ਕਿਸੇ ਟਾਈਮ ਵੀ ਨੁਕਸਾਨ ਹੋ ਸਕਦਾ ਹੈ ਕਿਉਂਕਿ ਇਹ ਬੱਸਾਂ ਦੇ ਹਾਰਨ ਪ੍ਰੈਸ਼ਰ ਹਾਰਨ ਹੁੰਦੇ ਹਨ ਤੇ ਡਰਾਈਵਰ ਜ਼ਿਆਦਾ ਹਾਰਨ ਦੀ ਵਰਤੋਂ ਕਰਦੇ ਹਨ। ਲੋਕਾਂ ਦੀ ਪ੍ਰਸ਼ਾਸਨ ਅੱਗੇ ਮੰਗ ਹੈ ਕਿ ਬੱਸਾਂ ਦੇ ਡਰਾਈਵਰਾਂ ਨੂੰ ਚਿਤਾਵਨੀ ਦਿੱਤੀ ਜਾਵੇ ਕਿ ਸ਼ਹਿਰ ਵਿੱਚ ਨੌਰਮਲ ਹਾਰਨ ਦੀ ਵਰਤੋਂ ਕੀਤੀ ਜਾਵੇ।



# ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ




ਫਾਜ਼ਿਲਕਾ, 2 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਵੱਲੋਂ ਪ੍ਰਤਾਪ ਬਾਗ ਫਾਜ਼ਿਲਕਾ ਵਿਖੇ ਕਰਵਾਇਆ ਪੰਜਾਬ ਸਖੀ ਸ਼ਕਤੀ ਮੇਲਾ ਅੱਜ ਅਮਿੱਟ ਯਾਦਾਂ ਛੱਡਦਿਆਂ ਸੰਪੰਨ ਹੋ ਗਿਆ ਹੈ। ਇਸ ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਦਾ ਮੁੱਖ ਮਕਸਦ ਪੰਜਾਬ ਸਰਕਾਰ ਵੱਲੋਂ ਸਵੈ ਸਹਾਇਤਾ ਸਮੂਹਾਂ ਖਾਸ ਕਰਕੇ ਉਦਮੀ ਔਰਤਾਂ ਦੀ ਮਦਦ ਕਰਨ ਤੇ ਉਨ੍ਹਾਂ ਨੂੰ ਇੱਕ ਮੰਚ ਮੁਹੱਈਆ ਕਰਵਾਉਣਾ ਹੈ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਭਾਸ਼ ਚੰਦਰ ਨੇ ਮੇਲੇ ਵਿੱਚ ਸ਼ਿਰਕਤ ਕਰਨ ਲਈ ਆਏ ਵੱਖ-ਵੱਖ ਮਹਿਮਾਨਾਂ ਤੇ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਉਦਮੀ ਔਰਤਾਂ ਤੇ ਸ਼ਿਲਪਕਾਰਾਂ ਵੱਲੋਂ ਬਣਾਈਆਂ ਵਸਤਾਂ ਨੂੰ ਇੱਕੋ ਮੰਚ ਮੁਹੱਈਆ ਕਰਵਾਉਣ ਲਈ ਪਿਛਲੇ ਦੋ ਦਿਨਾਂ ਤੋਂ ਫਾਜ਼ਿਲਕਾ ਵਿਖੇ ਪੰਜਾਬ ਸਖੀ ਸ਼ਕਤੀ ਮੇਲਾ ਚੱਲ ਰਿਹਾ ਸੀ ਤੇ ਅੱਜ ਇਸ ਮੇਲੇ ਦਾ ਆਖਰੀ ਦਿਨ ਹੈ।ਇਸ ਮੌਕੇ ਉਨ੍ਹਾਂ ਦੀ ਪਤਨੀ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੀ ਅਗਵਾਈ ਹੇਠ ਆਯੋਜਿਤ ਇਸ ਮੇਲੇ ਦੇ ਆਖ਼ਰੀ ਦਿਨ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਤੇ ਲੋਕ ਗਾਇਕਾਂ ਵੱਲੋਂ ਸ਼ਬਦ ਗਾਇਨ, ਪੰਜਾਬੀ ਲੋਕ ਨਾਚ, ਗਿੱਧਾ, ਭੰਗੜਾ, ਗੀਤ, ਕਵਿਤਾਵਾਂ ਤੇ ਨਾਟਕ ਆਦਿ ਦੀ ਪੇਸ਼ਕਾਰੀ ਨੇ ਖੂਬ ਰੰਗ ਬੰਨ੍ਹਿਆ। ਇਸ ਮੇਲੇ ਵਿੱਚ ਫਾਜ਼ਿਲਕਾ ਦੇ ਐਮਆਰ ਕਾਲਜ ਵੱਲੋਂ ਸੋਲੋ ਲੋਕ ਗੀਤ, ਗਰੁੱਪ ਡਾਂਸ, ਨੁੱਕੜ ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਮੇਲੇ ਵਿੱਚ ਜਿੱਥੇ ਵੱਖ ਵੱਖ ਕਲਾਕਾਰਾਂ ਨੇ ਰੰਗ ਬੰਨ੍ਹਿਆ, ਉਥੇ ਵਿਸ਼ੇਸ਼ ਤੌਰ ’ਤੇ ਪੁੱਜੇ ਉਘੇ ਪੰਜਾਬੀ ਲੋਕ ਗਾਇਕ ਜਸਵਿੰਦਰ ਜੱਸੀ ਮਾਹੌਲ ਨੇ ਮਾਹੌਲ ਨੂੰ ਹੋਰ ਗਰਮਾਇਆ ਤੇ ਸਮੂਹ ਹਾਜ਼ਰੀਨ ਨੂੰ ਝੂਮਣ ਲਗਾਇਆ। ਇਸ ਮੌਕੇ ਮੀਨਾਕਸ਼ੀ ਗੁਪਤਾ, ਸ਼ੁਭਮ, ਨਵਨੀਤ, ਕਿਰਨ ਕੁਮਾਰ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਨੇ ਸਮਾਗਮ ਦੀ ਸਫ਼ਲਤਾ ਲਈ ਯੋਗਦਾਨ ਪਾਇਆ।

# ‘ਮੇਰੀ ਰਸੋਈ’ ਯੋਜਨਾ ਤਹਿਤ 40 ਲੱਖ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਦੇਣ ਦਾ ਐਲਾਨ ਮਾਨ ਸਰਕਾਰ ਦਾ ਇਤਿਹਾਸਕ ਫ਼ੈਸਲਾ: ਵਿਧਾਇਕ ਰਾਏ

ਸ੍ਰੀ ਫਤਹਿਗੜ੍ਹ ਸਾਹਿਬ, 2 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਵਿੱਚ ਪਹਿਲੀ ਵਾਰ ਵਿਆਪਕ ਪੱਧਰ ’ਤੇ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤੀ ਦੇਣ ਦੇ ਉਦੇਸ਼ ਨਾਲ ਇਤਿਹਾਸਕ ਪਹਿਲਕਦਮੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ‘ਮੇਰੀ ਰਸੋਈ’ ਯੋਜਨਾ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ, ਜਿਸ ਤਹਿਤ 40 ਲੱਖ ਪਰਿਵਾਰਾਂ ਨੂੰ ਅਪ੍ਰੈਲ ਤੋਂ ਤਿਮਾਹੀ ਆਧਾਰ ’ਤੇ ਮੁਫਤ ਫੂਡ ਕਿੱਟਾਂ (ਰਾਸ਼ਨ ਕਿੱਟਾਂ) ਦੀ ਵੰਡ ਸ਼ੁਰੂ ਕੀਤੀ ਜਾਵੇਗੀ। ਇਹ ਫੂਡ ਕਿੱਟਾਂ ਕੌਮੀ ਖੁਰਾਕ ਸੁਰੱਖਿਆ ਐਕਟ ਅਧੀਨ ਦਿੱਤੀ ਜਾਂਦੀ ਕਣਕ ਤੋਂ ਵੱਖਰੇ ਤੌਰ ’ਤੇ ਪ੍ਰਦਾਨ ਕੀਤੀਆਂ ਜਾਣਗੀਆਂ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਇਸ ਫੈਸਲੇ ਨੂੰ ਇਤਿਹਾਸਕ ਦੱਸਦਿਆਂ ਵਿਧਾਨ ਸਭਾ ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੇ ਹਰ ਪਰਿਵਾਰ ਲਈ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਸਬੰਧੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸੂਬਾ ਸਰਕਾਰ 40 ਲੱਖ ਪਰਿਵਾਰਾਂ ਨੂੰ ਫੂਡ ਕਿੱਟਾਂ ਪ੍ਰਦਾਨ ਕਰੇਗੀ। ਹਰੇਕ ਕਿੱਟ ਵਿੱਚ ਮਹੀਨਾਵਾਰ ਖਪਤ ਲਈ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਹੋਵੇਗਾ। ਇਹ ਫੂਡ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਵੰਡੀ ਜਾ ਰਹੀ ਕਣਕ ਤੋਂ ਵੱਖਰੇ ਤੌਰ ’ਤੇ ਪ੍ਰਦਾਨ ਕੀਤੀਆਂ ਜਾਣਗੀਆਂ।ਉਨ੍ਹਾਂ ਅੱਗੇ ਦੱਸਿਆ ਕਿ ਮਾਰਕਫੈਡ ਇਸ ਪਹਿਲਕਦਮੀ ਲਈ ਨੋਡਲ ਏਜੰਸੀ ਵਜੋਂ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਮਾਰਕਫੈਡ ਇਨ੍ਹਾਂ ਕਿੱਟਾਂ ਦੀ ਵੰਡ ਲਈ ਨੋਡਲ ਏਜੰਸੀ ਹੋਵੇਗੀ ਤੇ ਇਹ ਕਿੱਟਾਂ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੁਆਰਾ ਮੁਫਤ ’ਚ ਸਪਲਾਈ ਕੀਤੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਰਾਜ ਸਰਕਾਰ ਨੇ ਸੁਚਾਰੂ ਵੰਡ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਵਿਧੀ ਬਣਾਈ ਹੈ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਮਾਨ ਸਰਕਾਰ ਨੇ ਇਹ ਐਲਾਨ ਕੀਤਾ ਹੈ ਕਿ ਇਨ੍ਹਾਂ ਕਿੱਟਾਂ ਦੀ ਵੰਡ ਅਪ੍ਰੈਲ ਵਿੱਚ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਅਪ੍ਰੈਲ ਮਹੀਨੇ ਤੋਂ ਸ਼ੁਰੂ ਹੋ ਕੇ ਹਰ ਤਿਮਾਹੀ ਪਿੱਛੋਂ ਇਨ੍ਹਾਂ ਕਿੱਟਾਂ ਦੀ ਮੁਫਤ ਵੰਡ ਯਕੀਨੀ ਬਣਾਈ ਜਾਵੇਗੀ।



# ਬਾਵੜੀ ਸਭਾ ਦੀ ਮੀਟਿੰਗ ’ਚ ਕਈ ਫੈਸਲਿਆਂ ’ਤੇ ਵਿਚਾਰ-ਵਟਾਂਦਰਾ



ਫਾਜ਼ਿਲਕਾ, 2 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਨਗਰ ਦੀ ਸਭ ਤੋਂ ਪ੍ਰਾਚੀਨ ਸੰਸਥਾ ਸ੍ਰੀ ਸਨਾਤਨ ਧਰਮ ਬਾਵੜੀ ਸਭਾ (ਰਜਿ.) ਦੇ ਅਹੁਦੇਦਾਰਾਂ ਤੇ ਕਾਰਜਕਾਰੀ ਮੈਂਬਰਾਂ ਦੀ ਇੱਕ ਮੀਟਿੰਗ ਬਾਵੜੀ ਵਿਹੜੇ ਵਿੱਚ ਸੰਪੰਨ ਹੋਈ। ਸਭਾ ਦੇ ਪ੍ਰਧਾਨ ਨਰਿੰਦਰ ਕੋਕਨ ਜੈਨ ਦੀ ਪ੍ਰਧਾਨਗੀ ਹੇਠ ਹੋਈ, ਇਸ ਮੀਟਿੰਗ ਵਿੱਚ ਵਿਹੜੇ ਵਿੱਚ ਬਣ ਰਹੀਆਂ ਨਵੀਆਂ ਇਮਾਰਤਾਂ ਬਾਰੇ ਜਾਣਕਾਰੀ ਦਿੱਤੀ ਗਈ ਤੇ ਵਿਸ਼ਾਲ ਸ਼ੈਡ ਬਣਾਉਣ ’ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਉਨ੍ਹਾਂ ਨੇ ਬਾਵੜੀ ਵਿਹੜੇ ਵਿੱਚ ਚੱਲ ਰਹੇ ਹਫ਼ਤਾਵਾਰੀ ਤੇ ਹੋਰ ਸਮੇਂ ’ਤੇ ਚੱਲ ਰਹੇ ਲੰਗਰ ਦੀ ਸੇਵਾ ਕਰਨ ਵਾਲੇ ਦਾਨੀ ਸੱਜਣਾਂ ਦੀ ਸੂਚੀ ਪੜ੍ਹ ਕੇ ਸੁਣਾਈ ਤੇ ਉਨ੍ਹਾਂ ਦਾ ਧੰਨਵਾਦ ਕੀਤਾ। 12 ਮਾਰਚ ਨੂੰ ਇੱਕ ਲੋੜਵੰਦ ਕੰਨਿਆ ਦੇ ਵਿਆਹ ਵਿੱਚ ਸਭਾ ਵੱਲੋਂ ਦਿੱਤੇ ਜਾ ਰਹੇ ਭੋਜਨ ਤੇ ਹੋਰ ਸਮਾਨ ਲਈ ਸਾਰੇ ਮੈਂਬਰਾਂ ਨੇ ਆਰਥਿਕ ਸਹਿਯੋਗ ਦਿੱਤਾ। ਕੋਕਨ ਜੈਨ ਨੇ ਨਗਰ ਦੇ ਦਾਨੀ ਸੱਜਣਾਂ ਨੂੰ ਬਾਵੜੀ ਦੇ ਵਿਕਾਸ ਕਾਰਜਾਂ ਲਈ ਆਰਥਿਕ ਸਹਿਯੋਗ ਦੀ ਅਪੀਲ ਕੀਤੀ।

# ਦਸਮੇਸ਼ ਗਰਲਜ਼ ਕਾਲਜ ਵਿਖੇ ਸਾਹਿਤ ਸਮਾਗਮ ਦੌਰਾਨ ਡਾ. ਧਰਮਪਾਲ ਸਾਹਿਲ ਦੇ ‘ਖੋਰਾ’ ਨਾਵਲ ’ਤੇ ਵਿਚਾਰ-ਚਰਚਾ



ਮੁਕੇਰੀਆਂ, 2 ਮਾਰਚ (ਧਰਮ ਚੰਦ): ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਦੇ ਮੌਕੇ ’ਤੇ ਵਿਦਿਆਰਥਣਾਂ ਨੂੰ ਅਜੋਕੇ ਸਮੇਂ ਵਿੱਚ ਮਾਤ-ਭਾਸ਼ਾ ਦੀ ਸਿੱਖਿਆ ਪ੍ਰਾਪਤੀ ਵਿੱਚ ਮਹੱਤਤਾ ਸਬੰਧੀ ਜਾਣੂੰ ਕਰਵਾਉਣ ਲਈ ਪ੍ਰਿੰਸੀਪਲ ਡਾ. ਕਰਮਜੀਤ ਕੌਰ ਬਰਾੜ ਦੀ ਅਗਵਾਈ ਹੇਠ ਵੱਖ-ਵੱਖ ਭਾਸ਼ਾ ਵਿਭਾਗਾਂ ਵੱਲੋਂ ਸਮੂਹਿਕ ਤੌਰ ’ਤੇ ਇੱਕ ਵਿਸ਼ੇਸ਼ ਸਿੱਖਿਆਤਮਕ ਤੇ ਸਾਹਿਤਕ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਦਾ ਮੰਚ ਸੰਚਾਲਨ ਪੰਜਾਬੀ ਵਿਭਾਗ ਦੀ ਵਿਦਿਆਰਥਣ ਸਤਿੰਦਰ ਕੌਰ ਵੱਲੋਂ ਕੀਤਾ ਗਿਆ। ਮੁੱਖ ਵਕਤਾ ਡਾ. ਧਰਮਪਾਲ ਸਾਹਿਲ ਨੇ ਕੰਡੀ ਖੇਤਰ ਦੀ ਸਮਾਜਿਕ, ਭੂਗੋਲਿਕ ਤੇ ਸੱਭਿਆਚਾਰਕ ਪਿਛੋਕੜ ਬਾਰੇ ਰੋਸ਼ਨੀ ਪਾਉਂਦੇ ਹੋਏ ਆਪਣਾ ਰਚਨਾਤਮਕ ਅਨੁਭਵ ਸਾਂਝਾ ਕੀਤਾ। ਉਨ੍ਹਾਂ ਨੇ ਲਘੂ ਕਹਾਣੀ ਤੋਂ ਨਾਵਲ ਤੱਕ ਦੀ ਆਪਣੀ ਸਾਹਿਤਕ ਯਾਤਰਾ ’ਤੇ ਵਿਸਥਾਰ ਨਾਲ ਗੱਲਬਾਤ ਕੀਤੀ ਤੇ ਆਪਣੇ ਪ੍ਰਸਿੱਧ ਨਾਵਲ ‘ਖੋਰਾ’ ਦਾ ਵਿਸ਼ਲੇਸ਼ਣਾਤਮਕ ਅਧਿਐਨ ਪੇਸ਼ ਕੀਤਾ।ਇਸ ਮੌਕੇ ਡਾ. ਮਨਿੰਦਰਜੀਤ ਕੌਰ ਨੇ ‘ਖੋਰਾ’ ਨਾਵਲ ਦੇ ਮਨੋਵਿਗਿਆਨਕ ਪੱਖ ਨੂੰ ਉਜਾਗਰ ਕਰਦਿਆਂ ਲੇਖਕ ਦੀ ਰਚਨਾਤਮਕ ਪੇਸ਼ਕਾਰੀ ਤੇ ਨਾਰੀ ਦੀ ਸਮਾਜਿਕ ਸਥਿਤੀ ਦੇ ਸੰਵੇਦਨਸ਼ੀਲ ਚਿਤਰਣ ’ਤੇ ਚਰਚਾ ਕੀਤੀ। ਡਾ. ਰੀਨਾ ਕੁਮਾਰੀ ਨੇ ਡਾ. ਧਰਮਪਾਲ ਸਾਹਿਲ ਦੀਆਂ ਰਚਨਾਵਾਂ ਵਿੱਚ ਪ੍ਰਕ੍ਰਿਤੀ ਚਿਤਰਣ ਬਾਰੇ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਦੇ ਅੰਤ ’ਤੇ ਪ੍ਰਿੰਸੀਪਲ ਡਾ. ਕਰਮਜੀਤ ਕੌਰ ਵੱਲੋਂ ਮੁੱਖ ਮਹਿਮਾਨ ਡਾ. ਧਰਮਪਾਲ ਸਾਹਿਲ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਪੰਜਾਬੀ ਵਿਭਾਗ ਤੋਂ ਡਾ. ਮਨਿੰਦਰਜੀਤ ਕੌਰ, ਡਾ. ਸੁਖਵਿੰਦਰ ਕੌਰ, ਸਹਾਇਕ ਪ੍ਰੋ. ਸੋਨੀਆ ਦੇਵੀ, ਹਿੰਦੀ ਵਿਭਾਗ ਦੇ ਮੁਖੀ ਡਾ. ਰੀਨਾ ਕੁਮਾਰੀ, ਸਹਾਇਕ ਪ੍ਰੋ. ਰੂਪਾਲੀ, ਅੰਗਰੇਜ਼ੀ ਵਿਭਾਗ ਦੇ ਮੁਖੀ ਸੁਪ੍ਰੀਆ ਜੋਤੀ ਨਰਿਆਲ, ਸਹਾਇਕ ਪ੍ਰੋ. ਸਿਮਰਨ ਜੀਤ ਕੌਰ, ਸਹਾਇਕ ਪ੍ਰੋ. ਮਨਪ੍ਰੀਤ ਕੌਰ ਤੇ ਵਿਦਿਆਰਥਣਾਂ ਹਾਜ਼ਰ ਰਹੀਆਂ।

# ਰਿਮਟ ਹਸਪਤਾਲ ’ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ 5 ਨੂੰ

ਮੰਡੀ ਗੋਬਿੰਦਗੜ੍ਹ, 2 ਮਾਰਚ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 5 ਮਾਰਚ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ। ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫ੍ਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ ’ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿੱਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ੍ਹ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਵੱਲੋਂ ਲੋਕਾਂ ਨੂੰ ਪੂਰੀ ਬਾਡੀ ਦੇ ਟੈਸਟ ਕਰਵਾਉਣ ਦੀ ਵੀ ਸਹੂਲਤ ਦਿੱਤੀ ਗਈ ਹੈ।



# ਭਾਰਤ-ਪਾਕਿ ਸਰਹੱਦ ’ਤੇ ਹੋਲੀ ਉਤਸਵ ਮਨਾਇਆ



ਫਾਜ਼ਿਲਕਾ, 2 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਫਾਜ਼ਿਲਕਾ ਦੀ ਭਾਰਤ-ਪਾਕਿ ਸੀਮਾ ਦੇ ਅੰਤਰਰਾਸ਼ਟਰੀ ਸਾਦਕੀ ਬਾਰਡਰ ’ਤੇ ਦਰਸ਼ਕਾਂ ਨੇ ਹੋਲੀ ਉਤਸਵ ਮਨਾਇਆ। ਜਾਣਕਾਰੀ ਦਿੰਦੇ ਹੋਏ ਬਾਰਡਰ ਏਰੀਆ ਵਿਕਾਸ ਫਰੰਟ ਦੇ ਪ੍ਰਧਾਨ ਲੀਲਾਧਰ ਸ਼ਰਮਾ ਨੇ ਦੱਸਿਆ ਕਿ ਦਰਸ਼ਕਾਂ ਨੇ ਜਵਾਨਾਂ ’ਤੇ ਫੁੱਲਾਂ ਦੀ ਵਰਖਾ ਕਰਕੇ ਹੋਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ’ਤੇ ਆਸਟ੍ਰੇਲੀਆ ਤੋਂ ਆਏ ਅਸ਼ਵਨੀ ਸੈਣੀ, ਰਿਤੂ ਸੈਣੀ, ਅੰਬਾਲਾ ਤੋਂ ਆਏ ਜਗਦੀਸ਼ ਲਾਲ ਸਪੜਾ, ਅਮਿਤ ਸਪੜਾ, ਅਸ਼ੀਸ਼ ਤਲਵਾੜ ਤੇ ਸਰਿਤਾ ਤਲਵਾੜ ਫਾਜ਼ਿਲਕਾ ਵਾਸੀ ਨੇ ਬੀ.ਐਸ.ਐਫ. ਜਵਾਨਾਂ ਤੇ ਅਧਿਕਾਰੀਆਂ ਦਾ ਲੱਡੂਆਂ ਨਾਲ ਮਿੱਠਾ ਮੂੰਹ ਕਰਵਾ ਕੇ ਹੋਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਦਰਸ਼ਕਾਂ ਵੱਲੋਂ ਹੋਲੀ ਦੇ ਗੀਤ ਵੀ ਗਾਏ ਗਏ। ਉਧਰ ਪਾਕਿਸਤਾਨੀ ਸੀਮਾ ’ਤੇ ਬੈਠੇ ਦਰਸ਼ਕ ਵੀ ਹੋਲੀ ਦਾ ਤਿਉਹਾਰ ਦੇਖਦੇ ਦਿਖਾਈ ਦਿੱਤੇ।

# ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਲਈ ਰਜਿਸਟ੍ਰੇਸ਼ਨ ਕਰਵਾਉਣੀ ਲਾਜ਼ਮੀ: ਮੁੱਖ ਖੇਤੀਬਾੜੀ ਅਫ਼ਸਰ

ਗੁਰਦਾਸਪੁਰ, 2 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਮੁੱਖ ਖੇਤੀਬਾੜੀ ਅਫ਼ਸਰ, ਗੁਰਦਾਸਪੁਰ ਰਣਧੀਰ ਠਾਕੁਰ ਵੱਲੋਂ ਜ਼ਿਲ੍ਹੇ ਦੇ ਸਮੂਹ ਕਿਸਾਨ ਭਾਈਚਾਰੇ ਨੂੰ ਅਹਿਮ ਸੂਚਨਾ ਜਾਰੀ ਕਰਦਿਆਂ ਦੱਸਿਆ ਗਿਆ ਹੈ ਕਿ ਭਾਰਤ ਸਰਕਾਰ ਦੀ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਵਾਲੇ ਹਰੇਕ ਕਿਸਾਨ ਲਈ ‘ਫਾਰਮਰ ਰਜਿਸਟਰੀ’ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਵਾਉਣੀ ਲਾਜ਼ਮੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਨਵੀਂ ਪ੍ਰਕਿਰਿਆ ਦਾ ਮੁੱਖ ਉਦੇਸ਼ ਕਿਸਾਨਾਂ ਦਾ ਇੱਕ ਕੇਂਦਰੀ ਡਾਟਾਬੇਸ ਤਿਆਰ ਕਰਨਾ ਹੈ ਤਾਂ ਜੋ ਸਰਕਾਰੀ ਸਹਾਇਤਾ ਸਿੱਧੀ ਤੇ ਪਾਰਦਰਸ਼ੀ ਤਰੀਕੇ ਨਾਲ ਅਸਲ ਲਾਭਪਾਤਰੀਆਂ ਤੱਕ ਪਹੁੰਚਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਭਵਿੱਖ ਵਿੱਚ ਕੇਵਲ ਉਨ੍ਹਾਂ ਹੀ ਕਿਸਾਨਾਂ ਨੂੰ ਪੀ.ਐਮ. ਕਿਸਾਨ ਯੋਜਨਾ ਤਹਿਤ ਮਿਲਣ ਵਾਲੀਆਂ ਵਿੱਤੀ ਕਿਸ਼ਤਾਂ ਜਾਰੀ ਕੀਤੀਆਂ ਜਾਣਗੀਆਂ, ਜਿਨ੍ਹਾਂ ਨੇ ਆਪਣੀ ਫਾਰਮਰ ਰਜਿਸਟਰੀ ਮੁਕੰਮਲ ਕਰ ਲਈ ਹੋਵੇਗੀ। ਇਸ ਰਜਿਸਟ੍ਰੇਸ਼ਨ ਪ੍ਰਕਿਰਿਆ ਦੇ ਦੌਰਾਨ ਹਰੇਕ ਲਾਭਪਾਤਰੀ ਕਿਸਾਨ ਦੀ ਇੱਕ ਵਿਲੱਖਣ ਕਿਸਾਨ ਆਈ.ਡੀ. ਤਿਆਰ ਕੀਤੀ ਜਾਵੇਗੀ। ਇਸ ਆਈ.ਡੀ. ਨੂੰ ਕਿਸਾਨ ਦੇ ਮੌਜੂਦਾ ਪੀ.ਐਮ. ਕਿਸਾਨ ਖਾਤੇ ਨਾਲ ਲਿੰਕ ਕੀਤਾ ਜਾਵੇਗਾ, ਜਿਸ ਨਾਲ ਕਿਸਾਨ ਦੀ ਪਛਾਣ ਤੇ ਜ਼ਮੀਨੀ ਰਿਕਾਰਡ ਦੀ ਤਸਦੀਕ ਕਰਨਾ ਸੌਖਾ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਵੱਲੋਂ ਇਹ ਰਜਿਸਟ੍ਰੇਸ਼ਨ ਨਹੀਂ ਕਰਵਾਈ ਜਾਵੇਗੀ, ਉਨ੍ਹਾਂ ਦੀਆਂ ਭਵਿੱਖ ਦੀਆਂ ਸਾਰੀਆਂ ਕਿਸ਼ਤਾਂ ਰੁਕ ਸਕਦੀਆਂ ਹਨ। ਖੇਤੀਬਾੜੀ ਵਿਭਾਗ ਨੇ ਸਾਰੇ ਯੋਗ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਬਿਨਾਂ ਕਿਸੇ ਦੇਰੀ ਦੇ ਆਪਣੀ ਰਜਿਸਟ੍ਰੇਸ਼ਨ ਪ੍ਰਕਿਰਿਆ ਪੂਰੀ ਕਰਵਾਉਣ। ਕਿਸਾਨ ਆਪਣੀ ਰਜਿਸਟ੍ਰੇਸ਼ਨ ਲਈ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ ਵਿਖੇ ਜਾ ਸਕਦੇ ਹਨ ਜਾਂ ਆਪਣੇ ਸਬੰਧਤ ਬਲਾਕ ਖੇਤੀਬਾੜੀ ਅਫ਼ਸਰ ਦੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।



# ਸ਼ਿਵਾਲਿਕ ਕਿਡਜ਼ ਸਕੂਲ ਦੇ ਵਿਦਿਆਰਥੀਆਂ ਨੇ ਐਥਲੈਟਿਕਸ ਮੀਟ ’ਚ ਮਾਰੀ ਬਾਜ਼ੀ

ਜੈਤੋ, 2 ਮਾਰਚ (ਸੰਜੀਵ ਗੋਇਲ ਸੰਜੂ): ਨਹਿਰੂ ਸਟੇਡੀਅਮ, ਫਰੀਦਕੋਟ ਵਿੱਚ ਆਯੋਜਿਤ ਦੂਜੀ ਪੰਜਾਬ ਮਾਸਟਰ ਐਥਲੈਟਿਕਸ ਮੀਟ ਵਿੱਚ ਸ਼ਿਵਾਲਿਕ ਕਿਡਜ਼ ਸਕੂਲ, ਜੈਤੋ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇਹ ਮੁਕਾਬਲਾ ਬਾਬਾ ਫਰੀਦ ਮਾਸਟਰ ਐਥਲੈਟਿਕਸ ਕਲੱਬ ਵੱਲੋਂ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੇ ਭਾਗ ਲਿਆ। ਮੁਕਾਬਲੇ ਦੌਰਾਨ ਚੌਥੀ ਕਲਾਸ ਦੀ ਵਿਦਿਆਰਥਣ ਅਰਸ਼ਨੂਰ ਕੌਰ ਤੇ ਪਹਿਲੀ ਕਲਾਸ ਦੀ ਵਿਦਿਆਰਥਣ ਅਮਾਨਤ ਕੌਰ ਨੇ 1600 ਮੀਟਰ ਦੌੜ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ। ਉਨ੍ਹਾਂ ਦੀ ਇਸ ਕਾਮਯਾਬੀ ਨਾਲ ਸਕੂਲ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ।ਸਕੂਲ ਦੀ ਪ੍ਰਿੰਸੀਪਲ ਸੁਖਵਿੰਦਰ ਕੌਰ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ’ਤੇ ਖ਼ੁਸ਼ੀ ਜਤਾਉਂਦਿਆਂ ਕਿਹਾ ਕਿ ਖੇਡਾਂ ਸਿੱਖਿਆ ਦਾ ਅਹਿਮ ਹਿੱਸਾ ਹਨ ਤੇ ਇਹ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਨੇਤ੍ਰਿਤਵ ਗੁਣਾਂ ਦਾ ਵਿਕਾਸ ਕਰਦੀਆਂ ਹਨ। ਸਕੂਲ ਮੈਨੇਜਮੈਂਟ ਵੱਲੋਂ ਗੌਰਵ ਗਰਗ ਨੇ ਵਿਜੇਤਾ ਵਿਦਿਆਰਥੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਖਾਸ ਤੌਰ ’ਤੇ ਵਿਦਿਆਰਥੀਆਂ ਦੇ ਪਿਤਾ ਹੰਸਰਾਜ ਦੇ ਸਹਿਯੋਗ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਮਾਪਿਆਂ ਦਾ ਸਹਿਯੋਗ ਹੀ ਬੱਚਿਆਂ ਨੂੰ ਉਚਾਈਆਂ ਤੱਕ ਲੈ ਜਾਂਦਾ ਹੈ। ਅੰਤ ਵਿੱਚ ਸਕੂਲ ਪਰਿਵਾਰ ਵੱਲੋਂ ਵਿਦਿਆਰਥੀਆਂ ਦੇ ਉਜਵਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਤੇ ਆਸ ਜਤਾਈ ਗਈ ਕਿ ਭਵਿੱਖ ਵਿੱਚ ਵੀ ਇਹੋ ਜਿਹਾ ਪ੍ਰਦਰਸ਼ਨ ਜਾਰੀ ਰਹੇਗਾ।



# ਅਧਿਆਪਕ ਜਥੇਬੰਦੀਆਂ ਵੱਲੋਂ ਕੈਬਨਿਟ ਮੰਤਰੀ ਅਰੋੜਾ ਦੇ ਦਫ਼ਤਰ ਦਾ ਘਿਰਾਓ




ਲੁਧਿਆਣਾ, 2 ਮਾਰਚ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹੇ ਦੀਆਂ ਅਨੇਕਾਂ ਅਧਿਆਪਕ ਜਥੇਬੰਦੀਆਂ ਨੇ ਸਿਵਲ ਸਕੱਤਰੇਤ ਲੁਧਿਆਣਾ ਦੇ ਬਾਹਰ ਇਕੱਠੇ ਹੋ ਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਦਫਤਰ ਤੱਕ ਵਿਸ਼ਾਲ ਰੋਸ ਮਾਰਚ ਕੱਢਿਆ ਅਤੇ ਮੰਤਰੀ ਦੇ ਦਫਤਰ ਦਾ ਘਿਰਾਓ ਕੀਤਾ। ਇਸ ਵਿਸ਼ਾਲ ਰੋਸ ਧਰਨੇ ਨੂੰ ਅਧਿਆਪਕ ਆਗੂਆਂ ਹਰਜੀਤ ਸਿੰਘ ਸੁਧਾਰ, ਗੁਰਦੀਪ ਸਿੰਘ ਚੀਮਾ, ਟਹਿਲ ਸਿੰਘ ਸਰਾਭਾ, ਰਮਨਦੀਪ ਸਿੰਘ ਸੰਧੂ, ਬਲਵਿੰਦਰ ਸਿੰਘ ਲਤਾਲਾ, ਨਵਦੀਪ ਸਿੰਘ, ਅਜੀਤ ਪਾਲ ਸਿੰਘ ਜੱਸੋਵਾਲ, ਧੰਨਾ ਸਿੰਘ ਸਵੱਦੀ, ਦਵਿੰਦਰ ਸਿੰਘ ਸਿੱਧੂ, ਸਰਬਜੀਤ ਸਿੰਘ ਚੌਕੀਮਾਨ, ਪ੍ਰਭਦਿਆਲ ਸਿੰਘ, ਜਗਜੀਤ ਸਿੰਘ ਝਾਂਡੇ, ਸੰਜੀਵ ਕੁਮਾਰ ਅਤੇ ਅਰਵਿੰਦਰ ਸਿੰਘ ਭੰਗੂ ਆਦਿ ਨੇ ਸੰਬੋਧਨ ਕੀਤਾ। ਆਪਣੇ ਸੰਬੋਧਨ ਵਿੱਚ ਅਧਿਆਪਕ ਆਗੂਆਂ ਨੇ ਕਿਹਾ ਕਿ ਸੂਬਾ ਸਰਕਾਰ ਟੀਈਟੀ ਦੇ ਨਾਮ 'ਤੇ ਅਧਿਆਪਕਾਂ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕਰ ਰਹੀ ਹੈ। ਉਹਨਾਂ ਆਖਿਆ ਕਿ 2011 ਤੋਂ ਪਹਿਲਾਂ ਭਰਤੀ ਹੋਏ ਅਧਿਆਪਕਾਂ ਉੱਤੇ ਸਿੱਖਿਆ ਵਿਭਾਗ ਵੱਲੋਂ ਧੱਕੇ ਨਾਲ ਟੀ ਈ ਟੀ ਦੀ ਸ਼ਰਤ ਥੋਪੀ ਜਾ ਰਹੀ ਹੈ। ਉਹਨਾਂ ਕਿਹਾ ਕਿ 7 ਫਰਵਰੀ 2026 ਨੂੰ ਮਾਸਟਰ ਕਾਡਰ ਦੀਆਂ ਪਦ ਉਨਤੀਆਂ ਲਈ ਟੀਈਟੀ ਲਾਜ਼ਮੀ ਕਰਨ ਦੀ ਸ਼ਰਤ ਲਗਾ ਦਿੱਤੀ ਗਈ ਹੈ। 22 ਫਰਵਰੀ ਨੂੰ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸੂਬਾ ਪੱਧਰੀ ਵਿਸ਼ਾਲ ਰੋਸ ਰੈਲੀ ਕਰਨ ਤੋਂ ਬਾਅਦ ਪੰਜਾਬ ਦੇ ਸਿੱਖਿਆ ਮੰਤਰੀ ਵੱਲੋਂ 27 ਫਰਵਰੀ ਦਾ ਸਮਾਂ ਦਿੱਤਾ ਗਿਆ ਸੀ ਅਤੇ ਗੱਲਬਾਤ ਤੋਂ ਭੱਜ ਕੇ ਹੁਣ 6 ਮਾਰਚ ਦਾ ਸਮਾਂ ਦਿੱਤਾ ਗਿਆ ਹੈ। ਅਧਿਆਪਕਾਂ ਨੂੰ ਟੀਈਟੀ ਦੀ ਬੇਲੋੜੀ ਸ਼ਰਤ ਲਗਾ ਕੇ ਤਰੱਕੀਆਂ ਤੋਂ ਵਾਂਝੇ ਕਰਨ ਦੇ ਖਿਲਾਫ ਅਧਿਆਪਕਾਂ ਨੇ ਰੋਸ ਮਾਰਚ ਕੀਤਾ ਹੈ।ਉਹਨਾਂ ਕਿਹਾ ਕਿ ਸਰਕਾਰ ਨੂੰ ਸੁਪਰੀਮ ਕੋਰਟ ਦੇ ਇਸ ਫੈਸਲੇ ਵਿਰੁੱਧ ਅਪੀਲ ਪਾਉਣ ਅਤੇ ਵਿਧਾਨ ਸਭਾ ਵਿੱਚ ਇਸਦੇ ਵਿਰੁੱਧ ਮਤਾ ਲਿਆਉਣ ਦੀ ਮੰਗ ਕੀਤੀ ਜਾਂਦੀ ਹੈ ਨਹੀਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਦਰਸ਼ਨ ਸਿੰਘ ਡਾਂਗੋ, ਮਨਰਾਜ ਸਿੰਘ, ਪਰਮਜੀਤ ਸਿੰਘ, ਸੁਖਵਿੰਦਰ ਸਿੰਘ ਲੀਲ, ਗੁਰਦੀਪ ਸਿੰਘ ਹੇਰਾਂ, ਜੋਗਿੰਦਰ ਆਜ਼ਾਦ, ਮਨਜਿੰਦਰ ਸਿੰਘ ਅਤੇ ਜਸਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# ਪੀ ਐਮ. ਸ੍ਰੀ ਸਰਕਾਰੀ ਹਾਈ ਸਕੂਲ ਬੇਗੋਵਾਲ ਦੇ ਬੱਚਿਆਂ ਵੱਲੋਂ ਜੈਪੁਰ ਦੀ ਯਾਤਰਾ



ਸਾਹਨੇਵਾਲ/ਕੁਹਾੜਾ, 2 ਮਾਰਚ (ਕੁਲਦੀਪ ਸਿੰਘ ਕੁਹਾੜਾ) : ਪਿਛਲੇ ਦਿਨੀ ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਬੇਗੋਵਾਲ ਜ਼ਿਲ੍ਹਾ ਲੁਧਿਆਣਾ ਦੇ ਵੱਖ-ਵੱਖ ਜਮਾਤਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਿੱਖਿਆ ਵਿਭਾਗ ਪੰਜਾਬ ਵੱਲੋਂ ਜੈਪੁਰ ਦੀ ਯਾਤਰਾ ਕਰਵਾਈ ਗਈ । ਮੁੱਖ ਅਧਿਆਪਕਾਂ ਸ੍ਰੀਮਤੀ ਬਲਜੀਤ ਕੌਰ ਨੇ ਸਾਹਨੇਵਾਲ ਵਿਖੇ ਇੱਕ ਪ੍ਰੈੱਸ ਮਿਲਣੀ ਦੌਰਾਨ ਦੱਸਿਆ ਕਿ ਇਹ ਯਾਤਰਾ ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਬੇਗੋਵਾਲ ਦੇ ਬੱਚਿਆਂ ਨੂੰ ਦੂਸਰੇ ਰਾਜਾਂ ਵਿੱਚ ਯਾਤਰਾ ਮਦ ਅਧੀਨ ਕਰਵਾਈ ਗਈਹੈ, ਜਿਸਦਾ ਸਾਰਾ ਖਰਚ ਸਿੱਖਿਆ ਵਿਭਾਗ,ਪੰਜਾਬ ਵੱਲੋਂ ਕੀਤਾ ਗਿਆ। ਬੱਚਿਆਂ ਨੂੰ ਸਕੂਲ ਤੋਂ ਜੈਪੁਰ ਜਾਣ ਲਈ ਵੋਲਵੋ ਏ ਸੀ ਡੀਲਕਸ ਸਲੀਪਰ ਬੱਸ ਦਾ ਪ੍ਰਬੰਧ ਕੀਤਾ ਗਿਆ ਸੀ । ਬੱਚਿਆਂ ਦਾ ਠਹਿਰਾ ਚਾਰ ਸਟਾਰ ਹੋਟਲ ਵਿੱਚ ਕੀਤਾ ਗਿਆ। ਜੈਪੁਰ ਯਾਤਰਾ ਲਈ ਵੀ ਵਧੀਆ ਬੱਸਾਂ ਦਾ ਪ੍ਰਬੰਧ ਸੀ । ਵੱਖ-ਵੱਖ ਸਥਾਨ ਜਿਵੇਂ ਜੰਤਰ ਮੰਤਰ, ਹਵਾ ਮਹਿਲ, ਜਲ ਮਹਿਲ, ਅਮੇਰ ਕਿਲਾ, ਨਾਰਗੜ ਦਾ ਕਿਲਾ, ਐਲਬਰਟ ਮਿਊਜ਼ੀਅਮ, ਜੈਪੁਰ ਬਾਜ਼ਾਰ ,ਚੋਖੀ ਢਾਣੀ ਬਿਰਲਾ ਟੈਂਪਲ ਅਤੇ ਪੱਤਰਕਾ ਗੇਟ ਦੇ ਦਰਸ਼ਨ ਕੀਤੇ ਗਏ। ਇਸ ਯਾਤਰਾ ਵਿੱਚ ਇੱਕ ਗਾਈਡ ਦਾ ਵੀ ਪ੍ਰਬੰਧ ਕੀਤਾ ਗਿਆ ਸੀ ਤਾਂਕਿ ਬੱਚਿਆਂ ਨੂੰ ਵੱਖ-ਵੱਖ ਸਥਾਨਾਂ ਦੀ ਪੂਰੀ ਜਾਣਕਾਰੀ ਮਿਲ ਸਕੇ। ਜੈਪੁਰ ਦੀ ਇਹ ਯਾਤਰਾ ਬੱਚਿਆਂ ਲਈ ਬਹੁਤ ਹੀ ਗਿਆਨ ਵਧਾਉਣ ਵਾਲੀ ਅਤੇ ਆਨੰਦਮਈ ਸਾਬਤ ਹੋਈ। ਸਭ ਤੋਂ ਵੱਧ ਰੌਚਕ ਬੱਚਿਆਂ ਲਈ ਜੈਪੁਰ ਤੋਂ ਚੰਡੀਗੜ੍ਹ ਦਾ ਹਵਾਈ ਸਫਰ ਰਿਹਾ, ਜਿਸ ਦਾ ਸਾਰੇ ਬੱਚਿਆਂ ਨੇ ਬਹੁਤ ਆਨੰਦ ਮਾਣਿਆ ਨਾਲ ਹੀ ਉਹਨਾਂ ਨੂੰ ਏਅਰਪੋਰਟ ਵਿੱਚ ਦਾਖਲ ਹੋਣ ਤੋਂ ਲੈ ਕੇ ਜਹਾਜ ਚੜ੍ਹਨ, ਜਹਾਜ ਉਤਰਨ ਅਤੇ ਬਾਹਰ ਆਉਣ ਤੱਕ ਦੇ ਵੱਖ-ਵੱਖ ਪੜਾਵਾਂ ਦੀ ਜਾਣਕਾਰੀ ਵੀ ਦਿੱਤੀ ਗਈ। ਸਮੂਹ ਸਟਾਫ ਅਤੇ ਬੱਚਿਆਂ ਵੱਲੋਂ ਸਿੱਖਿਆ ਵਿਭਾਗ ਪੰਜਾਬ ਦਾ ਇਸ ਵਿਸ਼ੇਸ਼ ਯਾਤਰਾ ਲਈ ਧੰਨਵਾਦ ਕੀਤਾ ਗਿਆ।

# ਸੋਖੀ ਵੱਲੋਂ ਬਹੁ ਗਿਣਤੀ ਪਰਿਵਾਰ ਅਕਾਲੀ ਦਲ 'ਚ ਸ਼ਾਮਿਲ



ਲੁਧਿਆਣਾ, 2 ਮਾਰਚ (ਰਵਿੰਦਰ ਸਿੰਘ ਨਿੱਝਰ)- ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਦੀ ਪ੍ਰੇਰਨਾ ਸਦਕਾ ਹਲਕੇ ਅਧੀਨ ਆਉਂਦੇ ਵਾਰਡ ਨੰਬਰ 41 ਨਿਊ ਸ਼ਿਮਲਾਪੁਰੀ, ਗੋਬਿੰਦ ਨਗਰ ਤੋਂ ਲਖਵਿੰਦਰ ਸਿੰਘ ਗਿੱਲ ਦੀ ਅਗਵਾਈ ਵਿੱਚ ਰਖੀ ਮੀਟਿੰਗ ਦੌਰਾਨ ਕਾਂਗਰਸ ਅਤੇ ਆਪ ਨੂੰ ਛੱਡਣ ਵਾਲੇ ਬਹੁ ਗਿਣਤੀ ਪਰਿਵਾਰਾਂ ਨੇ ਅਕਾਲੀ ਦਲ ਦਾ ਪੱਲਾ ਫੜਿਆ। ਇਸ ਮੌਕੇ ਜਗਬੀਰ ਸਿੰਘ ਸੋਖੀ ਨੇ ਸਾਰਿਆਂ ਨੂੰ ਪਾਰਟੀ ਦੇ ਵਿੱਚ ਸ਼ਾਮਿਲ ਕਰਦੇ ਹੋਏ ਜਿੱਥੇ ਜੀ ਆਇਆ ਕਿਹਾ ਉੱਥੇ ਹੀ ਲਖਵਿੰਦਰ ਸਿੰਘ ਗਿੱਲ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਉਹਨਾਂ ਨੂੰ ਵਾਰਡ ਪ੍ਰਧਾਨ ਦਾ ਨਿਯੁਕਤੀ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਤਰਲੋਕ ਸਿੰਘ, ਗੁਰਮੇਲ ਸਿੰਘ, ਸਰਵਣ ਸਿੰਘ, ਮਨਜੀਤ ਸਿੰਘ ਮੱਲ, ਇੰਦਰਜੀਤ ਸਿੰਘ ਮਠਾੜੂ ਆਦਿ ਪਰਿਵਾਰਾਂ ਨੇ ਆਪ ਅਤੇ ਗੁਰਮੀਤ ਸਿੰਘ ਜੀਤਾ, ਪੂਨਮ ਅਰੋੜਾ ਅਭੀ ਅਰੋੜਾ ਆਦਿ ਨੇ ਕਾਂਗਰਸ ਦਾ ਪੱਲਾ ਛੱਡਣ ਸਮੇਤ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣ ਵਾਲੇ ਨੌਜਵਾਨਾਂ ਨੇ ਵੀ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਦੇ ਉੱਪਰ ਮੋਹਰ ਲਾਈ। ਇਸ ਦੌਰਾਨ ਆਪਣੇ ਸੰਬੋਧਨ ਸਮੇਂ ਜਗਬੀਰ ਸੋਖੀ ਨੇ ਕਿਹਾ ਕਿ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਸਤਾਏ ਹੋਏ ਲੋਕ, ਜਿੱਥੇ ਆਪਣੀ ਹਮਦਰਦ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਜੁੜ ਰਹੇ ਹਨ। ਉੱਥੇ ਹੀ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਦਾ ਵੀ ਬੇਸਬਰੀ ਦੇ ਨਾਲ ਇੰਤਜ਼ਾਰ ਕਰ ਰਹੇ ਹਨ ਤਾਂ ਜੋ ਸੂਬੇ ਦੀ ਬਾਗਡੋਰ ਸੁਖਬੀਰ ਸਿੰਘ ਬਾਦਲ ਦੇ ਹੱਥਾਂ ਵਿੱਚ ਦੇਖ ਕੇ ਫਿਰ ਤੋਂ ਅਮਨ ਸ਼ਾਂਤੀ ਵਾਲਾ ਮਾਹੌਲ ਕਾਇਮ ਕਰਦੇ ਹੋਏ, ਸਹੀ ਮਾਇਨਿਆਂ ਦੇ ਵਿੱਚ ਹੱਸਦਾ ਵਸਦਾ ਪੰਜਾਬ ਬਣਾਇਆ ਜਾ ਸਕੇ।ਇਸ ਮੌਕੇ ਉਨ੍ਹਾਂ ਦੇ ਨਾਲ ਬੁਲਾਰਾ ਯੂਥ ਅਕਾਲੀ ਦਲ ਪੰਜਾਬ ਜਤਿੰਦਰ ਸਿੰਘ ਖਾਲਸਾ, ਸਰਕਲ ਜਥੇਦਾਰ ਪ੍ਰਵੀਨ ਭਾਰਤੀ, ਬਾਬਾ ਗੁਰਮੇਲ ਸਿੰਘ, ਸੁਖਵਿੰਦਰ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਅਮਰਦੀਪ ਦੀਪੀ ਆਦਿ ਸਮੇਤ ਵੱਡੀ ਗਿਣਤੀ ਵਿੱਚ ਹੋਰ ਸਾਥੀ ਸਾਹਿਬਾਨ ਅਤੇ ਵਾਰਡ ਵਾਸੀ ਹਾਜ਼ਰ ਸਨ।

# ਅਮਰੀਕਾ-ਇਜ਼ਰਾਈਲ ਦੁਆਰਾ ਈਰਾਨ ਉੱਪਰ ਕੀਤੇ ਹਮਲੇ ਖ਼ਿਲਾਫ਼ ਟਰੰਪ ਦਾ ਪੁਤਲਾ ਫੂਕਿਆ



ਲੁਧਿਆਣਾ, 2 ਮਾਰਚ (ਰਵਿੰਦਰ ਸਿੰਘ ਨਿੱਝਰ): ਅੱਜ ਸਥਾਨਕ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਅਮਰੀਕਾ ਤੇ ਇਜ਼ਰਾਇਲ ਵੱਲੋਂ ਇਰਾਨ ਤੇ ਕੀਤੇ ਹਮਲੇ ਦੀ ਜ਼ੋਰਦਾਰ ਸ਼ਬਦਾਂ ਨਿਖੇਧੀ ਕਰਦਿਆਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟ੍ਰੰਪ ਦੀ ਅਰਥੀ ਫੂਕੀ ਗਈ।

ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਵੱਖ-ਵੱਖ ਜੱਥੇਬੰਦੀਆਂ ਜਿਹਨਾਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ, ਲੋਕ ਮੋਰਚਾ ਪੰਜਾਬ,ਇਨਕਲਾਬੀ ਕੇਂਦਰ ਪੰਜਾਬ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਦੇ ਨੁਮਾਇੰਦਿਆਂ ਨੇ ਕਿਹਾ ਇਹ ਸਾਂਝਾ ਹਮਲਾ ਇਰਾਨ ਵੱਲੋਂ ਸੰਭਾਵਤ ਖਤਰੇ ਨੂੰ ਬਹਾਨਾ ਬਣਾ ਕੇ ਕੀਤਾ ਗਿਆ ਹੈ। ਇਸ ਹਮਲੇ 'ਚ ਇਰਾਨ ਦਾ ਸੁਪਰੀਮ ਲੀਡਰ ਆਇਤ ਉਲ ਅਲੀ ਖੁਮੀਨੀ, ਰੱਖਿਆ ਮੰਤਰੀ, ਰੈਵੋਲੂਸ਼ਨਰੀ ਗਾਰਡ, ਕਮਾਂਡਰ ਅਤੇ ਸੈਂਕੜੇ ਲੋਕ ਮਾਰੇ ਗਏ ਹਨ ਅਤੇ ਇਰਾਨ ਵਿੱਚ ਰਾਜ ਪਲਟਾ ਕੀਤੇ ਜਾਣ ਦਾ ਐਲਾਨ ਕੀਤਾ। ਅਮਰੀਕਾ ਇਹ ਸਾਰੀ ਗੁੰਡਾਗਰਦੀ ਇਰਾਨ ਦੇ ਤੇਲ ਭੰਡਾਰਾਂ ਅਤੇ ਰੂਟਾਂ ਉੱਪਰ ਕਬਜਾ ਕਰਨ ਲਈ ਕਰ ਰਿਹਾ ਹੈ। ਅਮਰੀਕਾ ਸੰਸਾਰ ਚੌਧਰ ਮੁੜ ਸਥਾਪਿਤ ਕਰਨ ਲਈ ਵੱਖਰੇ-ਵੱਖਰੇ ਦੇਸ਼ਾਂ ਨੂੰ ਡਰਾਉਣ ਧਮਕਾਉਣ, ਰਾਜ ਪਲਟੇ ਕਰਵਾਉਣ ਅਤੇ ਲੋਕਾਂ ਵੱਲੋਂ ਚੁਣੇ ਗਏ ਮੁਖੀਆਂ ਨੂੰ ਮਾਰਨ ਜਾਂ ਗ੍ਰਿਫਤਾਰ ਕਰਨ ਦੀ ਮੁਹਿੰਮ ਵਿੱਚ ਜੁਟਿਆ ਹੋਇਆ ਹੈ। ਪਿਛਲੇ ਸਮੇਂ ਵਿੱਚ ਟਰੰਪ ਵੱਲੋਂ ਵੈਨੇਜ਼ੁਵੇਲਾ ਦੇ ਰਾਸ਼ਟਰਪਤੀ ਮਾਦੂਰੋ ਨੂੰ ਪਤਨੀ ਸਮੇਤ ਹੱਥਕੜੀਆਂ ਵਿੱਚ ਜਕੜ ਕੇ ਅਮਰੀਕਾ ਲਿਜਾਇਆ ਗਿਆ ਅਤੇ ਆਪਣੇ ਆਪ ਨੂੰ ਵੈਨੇਜ਼ੁਵੇਲਾ ਦਾ ਕਾਰਜਕਾਰੀ ਰਾਸ਼ਟਰਪਤੀ ਹੋਣ ਦਾ ਐਲਾਨ ਕਰਕੇ ਉਥੋਂ ਦੇ ਤੇਲ ਭੰਡਾਰ ਵੇਚਣ ਦਾ ਅਧਿਕਾਰ ਆਪਣੇ ਹੱਥ ਵਿੱਚ ਲੈਣ ਦਾ ਐਲਾਨ ਕਰ ਦਿੱਤਾ। ਇਸ ਤੋਂ ਪਹਿਲਾਂ ਵੀ ਇਰਾਕ ਵਿੱਚ ਜਨਤਕ ਤਬਾਹੀ ਦੇ ਹਥਿਆਰ ਜਮ੍ਹਾਂ ਕਰਨ ਦਾ ਇਲਜ਼ਾਮ ਲਾ ਕੇ ਇਰਾਕ ਉੱਪਰ ਹਮਲਾ ਕੀਤਾ ਗਿਆ ਅਤੇ ਸੱਦਾਮ ਹੁਸੈਨ ਨੂੰ ਫਾਂਸੀ ਲਾਇਆ ਗਿਆ।

ਇਸ ਅਰਥੀ ਫੂਕ ਪ੍ਰਦਰਸ਼ਨ ਦੌਰਾਨ ਵੱਖ-ਵੱਖ ਜੱਥੇਬੰਦੀਆਂ ਵੱਲੋਂ ਜਸਵੰਤ ਜ਼ੀਰਖ, ਕਸਤੂਰੀ ਲਾਲ, ਰਾਕੇਸ਼ ਆਜ਼ਾਦ, ਡਾ ਮੋਹਣ, ਤਰਲੋਚਨ ਸਿੰਘ, ਬਲਵਿੰਦਰ ਲਾਲਬਾਗ ਸਮੇਤ ਹੋਰ ਕਾਰਕੁੰਨ ਹਾਜ਼ਰ ਸਨ।

# ਪੰਜਾਬ ਦੀ ਧਰਤੀ ਨੇ ਹਮੇਸ਼ਾਂ ਆਪਸੀ ਸਾਂਝ, ਭਾਈਚਾਰੇ ਅਤੇ ਪਿਆਰ ਦਾ ਸੰਦੇਸ਼ ਦਿੱਤਾ : ਸੌਂਦ

ਲੁਧਿਆਣਾ, 2 ਮਾਰਚ (ਵਿਸ਼ਾਲ ਸ਼ਰਮਾ): ਦੁਸਹਿਰਾ ਗਰਾਊਂਡ ਵਿਖੇ 21 ਫਰਵਰੀ ਤੋਂ ਲਗਾਤਾਰ ਚੱਲ ਰਹੇ ਪੰਜਾਬ ਸਖੀ ਸ਼ਕਤੀ ਮੇਲਾ 2026 ਦੇ ਨੌਵੇਂ ਦਿਨ ਰਿਕਾਰਡ ਤੋੜ ਭੀੜ ਦੇਖਣ ਨੂੰ ਮਿਲੀ। ਸਵੇਰ ਤੋਂ ਹੀ ਮੇਲੇ ਵਿੱਚ ਲੋਕਾਂ ਦੀ ਆਵਾਜਾਈ ਸ਼ੁਰੂ ਹੋ ਗਈ ਸੀ, ਜੋ ਦੇਰ ਰਾਤ ਤੱਕ ਜਾਰੀ ਰਹੀ। ਮੇਲੇ ਦੀਆਂ ਰੌਣਕਾਂ ਨੇ ਪੂਰੇ ਸ਼ਹਿਰ ਨੂੰ ਉਤਸ਼ਾਹ, ਖੁਸ਼ੀ ਅਤੇ ਸੱਭਿਆਚਾਰਕ ਮਾਹੌਲ ਨਾਲ ਭਰ ਦਿੱਤਾ। ਹਰ ਪਾਸੇ ਸਟਾਲਾਂ, ਖਾਣ-ਪੀਣ ਦੇ ਕੋਨਿਆਂ, ਖੇਡਾਂ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਦੀ ਧੂਮ ਸੀ। ਪਰਿਵਾਰਾਂ ਸਮੇਤ ਆਏ ਲੋਕਾਂ ਨੇ ਮੇਲੇ ਦਾ ਪੂਰਾ ਆਨੰਦ ਮਾਣਿਆ ਅਤੇ ਇਸਨੂੰ ਇੱਕ ਯਾਦਗਾਰ ਦਿਨ ਵਜੋਂ ਸੰਭਾਲ ਕੇ ਰੱਖਿਆ। ਮੇਲੇ ਦੇ ਇਸ ਖਾਸ ਦਿਨ ਦੌਰਾਨ ਸਟਾਰ ਨਾਇਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਗਾਇਕ ਆਰ. ਨੇਤ ਨੇ ਆਪਣੀ ਸ਼ਾਨਦਾਰ ਗਾਇਕੀ ਨਾਲ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਉਨ੍ਹਾਂ ਦੇ ਮਸ਼ਹੂਰ ਗੀਤਾਂ 'ਤੇ ਨੌਜਵਾਨਾਂ ਤੋਂ ਲੈ ਕੇ ਬਜ਼ੁਰਗ ਤੱਕ ਭੰਗੜਾ ਪਾਉਂਦੇ ਦਿਖਾਈ ਦਿੱਤੇ। ਸਟੇਜ ਦੇ ਸਾਹਮਣੇ ਅਤੇ ਆਲੇ ਦੁਆਲ਼ੇ ਖੜ੍ਹੀ ਭੀੜ ਦਾ ਉਤਸ਼ਾਹ ਤਾੜੀਆਂ ਅਤੇ ਹੂਟਿੰਗ ਖੁਦ ਬਿਆਨ ਕਰ ਰਹੀ ਸੀ ਕਿ ਖੰਨਾ ਦੇ ਲੋਕ ਸੱਭਿਆਚਾਰ ਅਤੇ ਸੰਗੀਤ ਨਾਲ ਕਿੰਨਾ ਪਿਆਰ ਕਰਦੇ ਹਨ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਮੰਤਰੀ ਸੌਂਦ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਦੀ ਸੱਭਿਆਚਾਰਕ ਧਰੋਹਰ ਸਾਡੀ ਸਭ ਤੋਂ ਵੱਡੀ ਪਛਾਣ ਹੈ ਅਤੇ ਅਜਿਹੇ ਮੇਲੇ ਇਸ ਵਿਰਾਸਤ ਨੂੰ ਜਿੰਦਾ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਹਮੇਸ਼ਾਂ ਸਾਂਝ, ਭਾਈਚਾਰੇ ਅਤੇ ਪਿਆਰ ਦਾ ਸੰਦੇਸ਼ ਦਿੱਤਾ ਹੈ ਅਤੇ ਅੱਜ ਦੇ ਸਮੇਂ ਵਿੱਚ ਇਹ ਹੋਰ ਵੀ ਜ਼ਰੂਰੀ ਹੋ ਗਿਆ ਹੈ ਕਿ ਅਸੀਂ ਆਪਣੇ ਨੌਜਵਾਨਾਂ ਨੂੰ ਨਸ਼ੇ, ਹਿੰਸਾ ਅਤੇ ਗਲਤ ਰਾਹਾਂ ਤੋਂ ਦੂਰ ਰੱਖ ਕੇ ਚੰਗੀ ਸੋਚ ਵੱਲ ਪ੍ਰੇਰਿਤ ਕਰੀਏ। ਮੰਤਰੀ ਸੌਂਦ ਨੇ ਸਮਾਜ ਨੂੰ ਸੇਧ ਦੇਣ ਵਾਲਾ ਬਿਆਨ ਦਿੰਦਿਆਂ ਕਿਹਾ ਕਿ ਔਰਤ ਸਸ਼ਕਤੀਕਰਨ, ਨਾਰੀ ਸਨਮਾਨ ਅਤੇ ਬੇਟੀਆਂ ਦੀ ਸੁਰੱਖਿਆ ਅਜਿਹੇ ਮੁੱਦੇ ਹਨ, ਜਿਨ੍ਹਾਂ 'ਤੇ ਸਰਕਾਰ ਨੇ ਪੂਰੀ ਗੰਭੀਰਤਾ ਨਾਲ ਕੰਮ ਕੀਤਾ ਤੇ ਅੱਗੇ ਵੀ ਕਰ ਰਹੀ ਹੈ।




# ਡਾ. ਸੁਰਜੀਤ ਦੀ ਅਗਵਾਈ ਹੇਠ ਆਧਾਰ ਕਾਰਡ ਬਣਾਉਣ ਦਾ ਕੈਂਪ ਲੱਗਾ



ਲੁਧਿਆਣਾ, 2 ਮਾਰਚ (ਰਵਿੰਦਰ ਸਿੰਘ ਨਿੱਝਰ): ਸਥਾਨਕ ਡਾ. ਅੰਬੇਦਕਰ ਨਗਰ ਵਿਖੇ ਉੱਘੇ ਸਮਾਜ ਸੇਵਕ ਡਾ ਸੁਰਜੀਤ ਸਿੰਘ ਦੀ ਅਗਵਾਈ ਹੇਠ ਵਿਮੈਨ ਐਂਡ ਚਿਲਡਰਨ ਵੈਲਫੇਅਰ ਸੋਸਾਇਟੀ ਵੱਲੋਂ ਨਵੇਂ ਆਧਾਰ ਕਾਰਡ ਬਣਾਉਣ ਅਤੇ ਪੁਰਾਣੇ ਆਧਾਰ ਕਾਰਡਾਂ ਵਿੱਚ ਤਬਦੀਲੀ ਕਰਨ ਸਬੰਧੀ ਦੋ ਦਿਨਾਂ ਕੈਂਪ ਲਗਾਇਆ ਗਿਆ। ਕੈਂਪ ਦੇ ਪਹਿਲੇ ਦਿਨ ਮਾਡਲ ਟਾਊਨ ਡਾਕਖਾਨੇ ਵਿੱਚੋਂ ਮਿਸ ਰੇਖਾ ਨੇ ਲਗਭਗ 40 ਵਿਅਕਤੀਆਂ ਦੇ ਨਵੇਂ ਆਧਾਰ ਕਾਰਡ ਬਣਾਏ ਅਤੇ ਪੁਰਾਣਿਆਂ ਵਿੱਚ ਤਬਦੀਲੀਆਂ ਕੀਤੀਆਂ। ਕੈਂਪ ਦੇ ਦੂਸਰੇ ਦਿਨ ਕੇਂਦਰੀ ਡਾਕ ਘਰ ਦੀ ਮੁਲਾਜ਼ਮ ਜੋਤੀ ਨੇ ਚਾਰ ਦਰਜਨ ਦੇ ਕਰੀਬ ਨਵੇਂ ਆਧਾਰ ਕਾਰਡ ਬਣਾਏ ਅਤੇ ਪੁਰਾਣਿਆਂ ਵਿੱਚ ਤਬਦੀਲੀਆਂ ਕੀਤੀਆਂ।ਕੈਂਪ ਦੌਰਾਨ ਆਗਿਆਪਾਲ ਸਿੰਘ ਨੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ। ਚੇਤੇ ਰਹੇ ਕਿ ਡਾ ਸੁਰਜੀਤ ਸਿੰਘ ਵੱਲੋਂ ਲੋਕ ਸੇਵਾ ਤੇ ਪਹਿਰਾ ਦਿੰਦਿਆਂ ਅਕਸਰ ਹੀ ਅਜਿਹੇ ਕੈਂਪ ਲਗਾਏ ਜਾਂਦੇ ਹਨ। ਉਹਨਾਂ ਦੱਸਿਆ ਕਿ ਭਵਿੱਖ ਵਿੱਚ ਅਗਲਾ ਕੈਂਪ ਜਲਦੀ ਹੀ ਲਗਾਇਆ ਜਾਵੇਗਾ।

# ਦੋ ਦਿਨਾਂ ਮੁਫ਼ਤ ਆਕੂਪੰਕਚਰ ਕੈਂਪ ਲੱਗਾ




ਲੁਧਿਆਣਾ, 2 ਮਾਰਚ (ਰਵਿੰਦਰ ਸਿੰਘ ਨਿੱਝਰ): ਲੁਧਿਆਣਾ ਐਕਿਊਪੰਕਚਰ ਮੈਡੀਕਲ ਕਾਲਜ ਅਤੇ ਹਸਪਤਾਲ, ਸਲੇਮ ਟਾਬਰੀ ਦੇ ਸੰਸਥਾਪਕ ਮਹਾਨ ਡਾਕਟਰ ਦੁਆਰਾ ਰਾਸ਼ਟਰੀ ਐਕਿਊਪੰਕਚਰ ਦਿਵਸ ਦੇ ਮੌਕੇ 'ਤੇ ਭਾਰਤ ਵਿੱਚ ਐਕਿਊਪੰਕਚਰ ਸੰਸਥਾ ਦੇ ਸੰਸਥਾਪਕ, ਮਹਾਨ ਡਾਕਟਰ ਡਾ. ਵਿਜੇ ਕੁਮਾਰ ਬਾਸੂ ਨੂੰ ਸਮਰਪਿਤ ਦੋ ਦਿਨਾਂ ਮੁਫ਼ਤ ਐਕਿਊਪੰਕਚਰ ਅਤੇ ਦੰਦਾਂ ਦਾ ਕੈਂਪ ਸਫਲਤਾਪੂਰਵਕ ਸਮਾਪਤ ਹੋਇਆ। ਕੈਂਪ ਦਾ ਉਦਘਾਟਨ ਕੌਂਸਲਰ ਅਮਨ ਬੱਗਾ ਖੁਰਾਨਾ ਅਤੇ ਆਸਟ੍ਰੇਲੀਆ ਤੋਂ ਐਕਿਊਪੰਕਚਰ ਮਾਹਿਰ ਡਾ. ਤਿਲਕ ਰਾਜ ਕਾਲੜਾ ਨੇ ਸਾਂਝੇ ਤੌਰ 'ਤੇ ਕੀਤਾ। ਪਹਿਲੇ ਦਿਨ 75 ਮਰੀਜ਼ਾਂ ਦਾ ਇਲਾਜ ਕੀਤਾ ਗਿਆ, ਜਦੋਂ ਕਿ ਦੂਜੇ ਅਤੇ ਆਖਰੀ ਦਿਨ, ਲੱਗਭੱਗ 142 ਇਲਾਜ ਸੈਸ਼ਨ ਕੀਤੇ ਗਏ।ਕੈਂਪ ਵਿੱਚ ਡਾ. ਇੰਦਰਜੀਤ ਸਿੰਘ (ਡਾਇਰੈਕਟਰ, ਡਾ. ਕੋਟਨੀਸ ਹਸਪਤਾਲ), ਦੰਦਾਂ ਦੇ ਮਾਹਿਰ ਡਾ. ਸੁਨੀਲ ਸ਼ਰਮਾ ਅਤੇ ਸੀਨੀਅਰ ਡਾਕਟਰਾਂ ਡਾ. ਰਘੁਵੀਰ ਸਿੰਘ ਅਤੇ ਡਾ. ਬਲਜਿੰਦਰ ਸਿੰਘ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ।ਕੈਂਪ ਵਿੱਚ ਅਨੇਕਾਂ ਬਿਮਾਰੀਆਂ ਦਾ ਇਲਾਜ ਬਿਨਾਂ ਦਵਾਈ ਅਤੇ ਬਿਨਾਂ ਆਪ੍ਰੇਸ਼ਨ ਦੇ ਕੀਤਾ ਗਿਆ। ਮੁਫ਼ਤ ਟੈਸਟਿੰਗ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਗਈਆਂ। ਸਮਾਪਤੀ ਸਮਾਰੋਹ ਵਿੱਚ, ਅਸ਼ਵਨੀ ਵਰਮਾ, ਅਨੁ ਚਾਵਲਾ, ਗਗਨ ਭਾਟੀਆ, ਮਨੀਸ਼ਾ, ਤਰਸੇਮ ਲਾਲ, ਰਾਜਨ, ਰਿਤੂ, ਰਵਦੀਪ, ਸੋਨੀਆ ਅਤੇ ਪ੍ਰਵੇਸ਼ ਸਮੇਤ ਪਤਵੰਤੇ ਮੌਜੂਦ ਸਨ।

# ਸਪਤਾਹਿਕ ਗੁਰਮਤਿ ਸਮਾਗਮ ਕਰਵਾਇਆ



ਲੁਧਿਆਣਾ, 2 ਮਾਰਚ ( ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼ਹੀਦਾਂ ਫੇਰੂਮਾਨ (ਢੋਲੇਵਾਲ) ਵਿਖੇ ਸਪਤਾਹਿਕ ਧਾਰਮਿਕ ਗੁਰਮਤਿ ਸਮਾਗਮ ਬੀਤੀ ਰਾਤ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ । ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਲਗਵਾਈ ਅਤੇ ਗੁਰੂ ਜਸ ਸਰਵਣ ਕੀਤਾ। ਇਸ ਮੌਕੇ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਪਰਮਵੀਰ ਸਿੰਘ, ਭਾਈ ਗੁਰਸ਼ਰਨ ਸਿੰਘ ਕੋਮਲ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਤਜਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਸਾਹਿਬ ਵਾਲਿਆਂ ਅਤੇ ਉਨ੍ਹਾਂ ਦੇ ਜੱਥੇ ਨੇ ਕੀਰਤਨ ਦੀ ਸੇਵਾ ਨਿਭਾਈ। ਕਥਾ ਵਾਚਕ ਗਿਆਨੀ ਅਮਨਦੀਪ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ । ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤਾਂ ਦਾ ਧੰਨਵਾਦ ਕੀਤਾ। ਸੰਗਤਾਂ ਵਿਚੋਂ ਬੀਬੀਆਂ ਨੇ ਰਾਗੀ ਜਥਿਆਂ ਨੂੰ ਸਿਰਪਾਓ ਭੇਟ ਕੀਤੇ। ਗੁਰੂ ਦੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਲਾਇਲਪੁਰੀ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੂਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਸੁਰਜੀਤ ਸਿੰਘ ਮਠਾੜੂ, ਅਰਜੁਨ ਸਿੰਘ ਚੀਮਾ, ਦਵਿੰਦਰ ਸਿੰਘ ਸਿੱਬਲ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ ਆਦਿ ਹਾਜ਼ਰ ਸਨ।

# ਭਾਜਪਾ ਆਤਮ ਨਗਰ ਮੰਡਲ/ਸਰਕਲ ਪ੍ਰਧਾਨ ਭਮਰਾ ਨੇ ਆਪਣੀ ਟੀਮ ਐਲਾਨੀ



ਲੁਧਿਆਣਾ, 2 ਮਾਰਚ (ਰਵਿੰਦਰ ਸਿੰਘ ਨਿੱਝਰ): ਭਾਜਪਾ ਆਤਮ ਨਗਰ ਮੰਡਲ/ਸਰਕਲ ਪ੍ਰਧਾਨ ਗੁਰਵਿੰਦਰ ਸਿੰਘ ਭਮਰਾ ਨੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਵਿਧਾਨ ਸਭਾ ਇੰਚਾਰਜ ਸੁਰੇਂਦਰ ਕੌਸ਼ਲ ਅਤੇ ਮੰਡਲ ਇੰਚਾਰਜ ਮੁਕੇਸ਼ ਸਾਹਨੀ ਦੀ ਪ੍ਰਵਾਨਗੀ ਨਾਲ ਆਤਮ ਨਗਰ ਮੰਡਲ ਟੀਮ ਦਾ ਐਲਾਨ ਕੀਤਾ। ਇਸ ਮੌਕੇ ਸੀਨੀਅਰ ਭਾਜਪਾ ਨੇਤਾ ਸੁਭਾਸ਼ ਡਾਬਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੰਡਲ ਟੀਮ ਵਿੱਚ ਸੰਜੇ ਸ਼ਰਮਾ, ਹਰਜੋਤ ਸਿੰਘ, ਸਰਧਾ ਨੀਤੂ ਅਤੇ ਬਲਕਾਰ ਸਿੰਘ ਮੰਡਲ ਉਪ ਪ੍ਰਧਾਨ, ਜਗਨ ਅਗਰਵਾਲ ਅਤੇ ਨਵੀਨ ਸਿੰਘੀ ਮੰਡਲ ਜਨਰਲ ਸਕੱਤਰ, ਮੁਕੇਸ਼ ਕੁਮਾਰ, ਜੈਦੀਪ ਸ਼ਰਮਾ, ਮੁਨੀਸ਼ ਗੁਪਤਾ ਅਤੇ ਸ਼ਰਨ ਪ੍ਰੀਤ ਸਿੰਘ ਮੰਡਲ ਸਕੱਤਰ, ਚਰਨਜੀਤ ਸਿੰਘ ਖਜ਼ਾਨਚੀ, ਰਾਹੁਲ ਸ਼ਰਮਾ ਸੋਸ਼ਲ ਮੀਡੀਆ ਸਕੱਤਰ, ਸੰਜੀਵ ਕੁਮਾਰ ਪ੍ਰੈਸ ਸਕੱਤਰ ਅਤੇ ਭਾਵਿਆ ਆਈਟੀ ਸੈੱਲ ਕੋਆਰਡੀਨੇਟਰ ਸ਼ਾਮਲ ਸਨ।

# ਗਲਾਡਾ ਵੱਲੋਂ ਵਿੱਢੀ ਰਿਕਵਰੀ ਮੁਹਿੰਮ ਦੇ ਉਤਸ਼ਾਹਜਨਕ ਨਤੀਜੇ ਆਏ ਸਾਹਮਣੇ



ਲੁਧਿਆਣਾ, 2 ਮਾਰਚ (ਵਿਸ਼ਾਲ ਸ਼ਰਮਾ): ਗਲਾਡਾ ਦੇ ਸੀਨੀਅਰ ਅਧਿਕਾਰੀ ਵੱਲੋਂ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਸਾਲ 2025-26 (01/04/2025 ਤੋਂ 28/02/2026) ਤੱਕ ਅਲਾਟੀਆਂ/ਕਲੋਨੀਕਾਰਾਂ ਪਾਸੋਂ ਰਿਕਵਰੀ ਕਰਨ ਲਈ ਵਿਸ਼ੇਸ ਮੁਹਿੰਮ ਸ਼ੁਰੂ ਕੀਤੀ ਗਈ ਸੀ, ਸਿੱਟੇ ਵਜੋਂ ਉਤਸਾਹਜਨਕ ਨਤੀਜੇ ਪ੍ਰਾਪਤ ਹੋਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਦਫ਼ਤਰ ਵੱਲੋਂ ਅਪ੍ਰੈਲ 2025 ਤੋਂ ਫਰਵਰੀ 2026 ਤੱਕ ਕੁੱਲ 208 ਕਰੋੜ ਰੁਪਏ ਦੇ ਕਰੀਬ ਰਕਮ ਪ੍ਰਾਪਤ ਕੀਤੀ ਗਈ ਜੋ ਕਿ ਗਲਾਡਾ ਦੇ ਮਿੱਥੇ ਬਜਟ 175 ਕਰੋੜ ਤੋਂ ਲੱਗਭੱਗ 33 ਕਰੋੜ ਰੁਪਏ ਜ਼ਿਆਦਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਦਫ਼ਤਰ ਵੱਲੋਂ ਲੱਗਭੱਗ 34 ਕਰੋੜ ਰੁਪਏ ਦੀ ਹੋਰ ਰਕਮ ਵੀ ਵੱਖ-ਵੱਖ ਹੈਡਜ ਅਧੀਨ ਪ੍ਰਾਪਤ ਕੀਤੀ ਗਈ। ਇੱਥੇ ਇਹ ਵੀ ਦੱਸਣਾ ਯੋਗ ਹੋਵੇਗਾ ਕਿ ਪੰਜਾਬ ਸਰਕਾਰ ਵੱਲੋਂ ਅਨੋਮੈਸਟੀ ਸਕੀਮ ਵੀ ਲਾਂਚ ਕੀਤੀ ਗਈ ਸੀ ਜਿਸ ਵਿੱਚ ਅਲਾਟੀਆਂ ਨੂੰ ਪੁਰਾਣੇ ਡਿਊਜ 'ਤੇ ਬਣਦੇ ਵਿਆਜ ਅਤੇ ਨਾ ਉਸਾਰੀ ਵਿੱਚ ਛੋਟ ਦਿੱਤੀ ਗਈ ਸੀ। ਹੁਣ ਸਰਕਾਰ ਦੀ ਇਹ ਸਕੀਮ ਮੁੜ ਲਾਂਚ ਕੀਤੀ ਗਈ ਹੈ ਜੋਕਿ 31 ਮਾਰਚ, 2026 ਤੱਕ ਜਾਰੀ ਰਹੇਗੀ ਜਿਸਦਾ ਅਲਾਟੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

ਉਕਤ ਤੋਂ ਇਲਾਵਾ ਕਲੋਨੀਕਾਰਾ ਪਾਸੋਂ ਅਤੇ ਵੱਖ-ਵੱਖ ਪ੍ਰੋਜੈਕਟਾਂ ਤੋਂ ਈ.ਡੀ.ਸੀ. ਵਜੋਂ ਇਸ ਸਮੇਂ ਦੌਰਾਨ 243 ਕਰੋੜ ਰੁਪਏ ਦੇ ਕਰੀਬ ਅਤੇ ਲਾਇਸੰਗ ਫੀਸ ਵਜੋਂ ਲੱਗਭੱਗ 35 ਕਰੋੜ ਦੇ ਕਰੀਬ ਰਕਮ ਪ੍ਰਾਪਤ ਕੀਤੀ ਗਈ ਹੈ। ਇਹ ਰਕਮ ਵੀ ਗਲਾਡਾ ਵੱਲੋਂ ਮਿੱਥੇ ਗਏ ਬਜਟ 150 ਕਰੋੜ ਤੋਂ ਕਾਫੀ ਜ਼ਿਆਦਾ ਹੈ। ਇਸ ਤੋਂ ਇਲਾਵਾ ਅਣ-ਅਧਿਕਾਰਿਤ ਕਲੋਨੀ ਦੇ ਪਲਾਟਾਂ ਅਤੇ ਬਿਲਡਿੰਗ ਨੂੰ ਰੈਗੂਲਰ ਕਰਕੇ ਐਨ.ਓ.ਸੀ. ਜਾਰੀ ਕਰਨ ਲਈ 9.50 ਕਰੋੜ ਦੇ ਕਰੀਬ ਰਕਮ ਪ੍ਰਾਪਤ ਕੀਤੀ ਗਏ। ਗਲਾਡਾ ਵੱਲੋਂ ਇਹ ਸਾਰੀਆਂ ਪ੍ਰਾਪਤੀਆਂ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਦੇ ਯੋਗ ਦਿਸ਼ਾ ਨਿਰਦੇਸ਼ਾਂ ਕਾਰਨ ਹੀ ਸੰਭਵ ਹੋ ਸਕੀਆਂ ਹਨ।

# ਖੇਡ ਵਿਭਾਗ ਵੱਲੋਂ ਖਿਡਾਰੀਆਂ ਦੇ ਟਰਾਇਲ



ਲੁਧਿਆਣਾ, 2 ਮਾਰਚ (ਵਿਸ਼ਾਲ ਸ਼ਰਮਾ) ਖੇਡ ਵਿਭਾਗ ਵੱਲੋਂ ਲੁਧਿਆਣਾ 'ਚ ਐਥਲੈਟਿਕਸ, ਬਾਸਕਟਬਾਲ, ਹਾਕੀ ਅਤੇ ਵਾਲੀਬਾਲ ਦੇ ਉਮਰ ਵਰਗ ਅੰ 14, ਅੰ 17, ਅੰ 19, ਅੰ 21 ਅਤੇ 21 ਪਲੱਸ ਗਰੁੱਪ ਵਿੱਚ ਚੋਣ ਲਈ ਟਰਾਇਲ ਕਰਵਾਏ ਗਏ। ਟਰਾਇਲ ਦੌਰਾਨ ਕੁੱਲ 667 ਖਿਡਾਰੀਆਂ ਨੇ ਭਾਗ ਲਿਆ ਜਿਨ੍ਹਾਂ ਵਿੱਚ 600 ਲੜਕੇ ਅਤੇ 67 ਲੜਕੀਆਂ ਸ਼ਾਮਲ ਸਨ। ਇਸ ਮੌਕੇ ਖੇਡ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਗੁਰਦੀਪ ਕੌਰ ਅਤੇ ਡਾਇਰੈਕਟਰ ਟਰੇਨਿੰਗ (ਪੀ.ਆਈ.ਐਸ) ਦਰੋਣਾਚਾਰੀਆ ਐਵਾਰਡੀ ਜੀਵਨਜੋਤ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਇਸ ਸਬੰਧੀ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਖੇਡ ਵਿਭਾਗ ਵੱਲੋਂ 28 ਫਰਵਰੀ ਤੋਂ 1 ਮਾਰਚ 2026 ਤੱਕ ਲੁਧਿਆਣਾ ਵਿਖੇ ਪੰਜਾਬ ਸਟੇਟ ਇੰਸਟੀਚਿਊਟ ਆਫ ਸਪੋਰਟਸ ਸਕੀਮ ਅਧੀਨ ਸਾਲ 2026-27 ਦੇ ਸੈਸ਼ਨ ਦੌਰਾਨ ਵੱਖ-ਵੱਖ ਖੇਡਾਂ ਵਿੱਚ ਸਿਲੈਕਸ਼ਨ ਟਰਾਇਲ ਕਰਵਾਏ ਗਏ ਹਨ। ਟਰਾਇਲ ਦੌਰਾਨ ਐਥਲੈਟਿਕਸ (ਲੜਕੇ/ਲੜਕੀਆਂ) ਵਿੱਚ 93 ਖਿਡਾਰੀਆਂ ਨੇ ਹਿੱਸਾ ਲਿਆ ਜਦਕਿ ਬਾਸਕਟਬਾਲ (ਲੜਕੇ/ਲੜਕੀਆਂ) ਵਿੱਚ 150, ਹਾਕੀ (ਲੜਕੇ) 223 ਅਤੇ ਵਾਲੀਬਾਲ (ਲੜਕੇ) ਵਿੱਚ 201 ਖਿਡਾਰੀ ਸ਼ਾਮਲ ਹੋਏ। ਜ਼ਿਲ੍ਹਾ ਖੇਡ ਅਫਸਰ ਕੁਲਦੀਪ ਚੁੱਘ ਨੇ ਅੱਗੇ ਦੱਸਿਆ ਕਿ ਐਥਲੈਟਿਕਸ ਅਤੇ ਬਾਸਕਟਬਾਲ ਖੇਡ ਦੇ ਟਰਾਇਲ ਸਥਾਨਕ ਗੁਰੂ ਨਾਨਕ ਸਟੇਡੀਅਮ, ਹਾਕੀ ਦੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਵਾਲੀਬਾਲ ਦੇ ਟਰਾਇਲ ਐਸ ਸੀ ਡੀ ਸਰਕਾਰੀ ਕਾਲਜ (ਲੜਕੇ) ਵਿਖੇ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚ ਚੁਣੇ ਗਏ ਖਿਡਾਰੀਆਂ ਨੂੰ ਪੰਜਾਬ ਸਰਕਾਰ ਵੱਲੋਂ ਮੁਫ਼ਤ ਡਾਈਟ, ਰਿਹਾਇਸ਼, ਖੇਡ ਸਮਾਨ ਅਤੇ ਉੱਚ ਪੱਧਰ ਦੀ ਕੋਚਿੰਗ ਮੁਹੱਈਆ ਕਰਵਾਈ ਜਾਵੇਗੀ।

# ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਗਊਸ਼ਾਲਾ ਵਿੱਚ ਹੋਲੀ ਮਨਾਈ



ਜਗਰਾਓਂ, '2 ਮਾਰਚ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ)- ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ, ਜਗਰਾਓਂ ਦੇ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਗੋਸ਼ਾਲਾ ਵਿੱਚ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਹੋਲੀ ਮਨਾਈ।ਇਸ ਮੌਕੇ ਵਿਦਿਆਰਥੀਆਂ ਨੇ ਫੁੱਲਾਂ ਅਤੇ ਕੁਦਰਤੀ ਰੰਗਾਂ ਨਾਲ ਹੋਲੀ ਖੇਡੀ ਅਤੇ ਪਿਆਰ, ਸਾਂਝ ਅਤੇ ਪਸ਼ੂਆਂ ਦੀ ਸੰਭਾਲ ਦਾ ਸੰਦੇਸ਼ ਦਿੱਤਾ।ਨੰਨੇ-ਮੁੰਨੇ ਬੱਚਿਆਂ ਨੇ ਭਗਤੀਮਈ ਭਜਨਾਂ 'ਤੇ ਸੁੰਦਰ ਨ੍ਰਿਤ ਪ੍ਰਸਤੁਤੀਆਂ ਦਿੱਤੀਆਂ, ਜਿਸ ਨਾਲ ਮਾਹੌਲ ਖੁਸ਼ਗਵਾਰ ਅਤੇ ਤਿਉਹਾਰਮਈ ਬਣ ਗਿਆ। ਸਾਰੇ ਵਿਦਿਆਰਥੀਆਂ ਲਈ ਨਾਸ਼ਤੇ ਦੀ ਵੀ ਵਿਵਸਥਾ ਕੀਤੀ ਗਈ। ਬੱਚਿਆਂ ਨੇ ਇਸ ਰੰਗੀਲੇ ਅਤੇ ਅਰਥਪੂਰਨ ਸਮਾਰੋਹ ਦਾ ਪੂਰਾ ਆਨੰਦ ਲਿਆ ਅਤੇ ਇਹ ਦਿਨ ਸਭ ਲਈ ਯਾਦਗਾਰ ਬਣ ਗਿਆ।

# ਸ਼੍ਰੋਮਣੀ ਲਿਖਾਰੀ ਬੋਰਡ ਵੱਲੋਂ ਹੋਲੀ ਮਿਆਰੀ ਰੰਗਾਂ ਨਾਲ ਖੇਡਣ ਦੀ ਅਪੀਲ



ਲੁਧਿਆਣਾ, 2 ਮਾਰਚ ( ਰਵਿੰਦਰ ਸਿੰਘ ਨਿੱਝਰ ) ਸਥਾਨਕ ਗਿੱਲ ਰੋਡ ਸਥਿਤ ਕੈਰੀਅਰ ਕਾਲਜ ਦੇ ਦਫਤਰ ਵਿਖੇ ਸ਼੍ਰੋਮਣੀ ਲਿਖਾਰੀ ਬੋਰਡ ਪੰਜਾਬ ਦੇ ਪ੍ਰਧਾਨ ਪ੍ਰਭ ਕਿਰਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮਹੀਨਾਵਾਰ ਸਾਹਿਤਕ ਮਿਲਣੀ ਦੌਰਾਨ ਹੋਲੀ/ਹੋਲਾ ਮਹੱਲਾ ਦੇ ਤਿਉਹਾਰਾਂ ਦੇ ਸ਼ੁਭ ਅਵਸਰ ਤੇ ਸਿਰਫ ਸੁੱਕੇ ਅਤੇ ਮਿਆਰੀ ਰੰਗਾਂ ਨਾਲ ਹੀ ਮਨਾਉਣ ਦੀ ਅਪੀਲ ਕੀਤੀ ਗਈ ਕਿਉਂਕਿ ਮੌਸਮ ਦੀ ਨਜ਼ਾਕਤ ਦੇ ਮੱਦੇਨਜ਼ਰ ਪਾਣੀ ਵਾਲੇ ਰੰਗਾਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।ਉਪਰੰਤ ਗੀਤਕਾਰਾਂ, ਕਵੀਆਂ ਅਤੇ ਕਹਾਣੀਕਾਰਾਂ ਨੇ ਆਪਣੇ ਆਪਣੇ ਅੰਦਾਜ਼ ਵਿੱਚ ਤਰ੍ਹਾਂ ਤਰ੍ਹਾਂ ਦੇ ਰੰਗ ਸਾਹਿਤਕ ਰੰਗ ਬਿਖੇਰੇ । ਸਾਹਿਤਕ ਮਿਲਣੀ ਦਾ ਆਗਾਜ਼ ਕਰਦਿਆਂ ਮਿਲਣੀ ਦੇ ਸੰਚਾਲਕ ਪ੍ਰਮਿੰਦਰ ਸਿੰਘ ਅਲਬੇਲਾ ਨੇ ÷ਛੱਡ ਦੇ ਮਰਨ ਮਰਾਉਣ ਦੀ ਗੱਲ ਸੱਜਣਾ÷ ਨਾਲ ਕੀਤੀ ਤੇ ਲੰਬੀ ਹੇਕ ਨਾਲ ਸਵਿੱਤਰੀ ਬਾਈ ਫੂਲੇ ਨੂੰ ਸਮਰਪਿਤ ਗੀਤ ਗਾ ਕੇ ਗੀਤਕਾਰ ਦਲਬੀਰ ਕਲੇਰ ਨੇ ਖੂਬ ਰੰਗ ਬੰਨ੍ਹਿਆ ।ਪੰਮੀ ਹਬੀਬ ਨੇ ਆਪਣੀ ਮਿੰਨੀ ਕਹਾਣੀ @ਗਾਹੇ ਕੁਰਾਹੇ@ ਰਾਹੀਂ ਅਖੌਤੀ ਡੇਰਾਵਾਦ ਵਿਚ ਫੈਲੇ ਪਖੰਡ ਦਾ ਚਿਹਰਾ ਨੰਗਾ ਕੀਤਾ । ਸਿਮਰਨ ਧੁੱਗਾ ਨੇ ਆਪਣੇ ਗੀਤ ਰਾਹੀਂ ਸਮਾਜ ਦੀ ਤਲਖ ਹਕੀਕਤ ਪੇਸ਼ ਕੀਤੀ ਜਦਕਿ ਸੁਰਜੀਤ ਸਿੰਘ ਜੀਤ, ਹਰਦੇਵ ਸਿੰਘ ਕਲਸੀ ਅਤੇ ਇੰਦਰਜੀਤ ਕੌਰ ਲੋਟੇ ਨੇ ਬਸੰਤ ਰੁੱਤ ਤੇ ਅਧਾਰਿਤ ਕਵਿਤਾਵਾਂ ਪੜ੍ਹ ਕੇ ਹਾਜ਼ਰੀ ਲਗਵਾਈ । ਗਾਇਕ ਜਗਪਾਲ ਸਿੰਘ ਜੱਗਾ ਜਮਾਲਪੁਰੀ ਨੇ ਕਲਯੁਗ ਵਿੱਚ ਵਾਪਰ ਰਹੀਆਂ ਘਟਨਾਵਾਂ ਤੇ ਅਧਾਰਤ ਗੀਤ ਗਾਇਆ । ਚਰਨਜੀਤ ਸਿੰਘ ਚੰਨ ਨੇ ਹੋਲੇ ਮਹੱਲੇ ਦੀ ਮਹੱਤਤਾ ਦਰਸਾਉਂਦੀ ਕਵਿਤਾ ਸੁਣਾ ਕੇ ਮਹੌਲ ਭਾਵਪੂਰਤ ਬਣਾ ਦਿੱਤਾ ।


ਈ-ਨਿਲਾਮੀ ਵਿਕਰੀ ਸੂਚਨਾ 25.03.2026 11.00 ਵਜੇ ਤੋਂ 16.00 ਵਜੇ

SBI ਸਟੇਟ ਬੈਂਕ ਆਫ ਇੰਡੀਆ

ਸਟਰੈਸਡ ਸੰਪੱਤੀ ਵਸੂਲੀ ਸ਼ਾਖਾ, ਜ਼ਮੀਨੀ ਤਲ, ਜ਼ੋਨਲ ਬਿਜਨਸ ਦਫਤਰ ਬਿਲਡਿੰਗ, ਫਾਊਨਟੇਨ ਚੌਕ, ਸਿਵਲ ਲਾਈਨਜ਼, ਲੁਧਿਆਣਾ 141001

ਈ-ਨਿਲਾਮੀ ਵਿਕਰੀ ਸੂਚਨਾ 25.03.2026 11.00 ਵਜੇ ਤੋਂ 16.00 ਵਜੇ

**25.03.2026 ਨੂੰ ਚੱਲ/ਅਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਲਈ ਜਨਤਕ ਨੋਟਿਸ 11.00 ਵਜੇ ਤੋਂ 16.00 ਵਜੇ ਤੱਕ,**
**ਈ-ਨਿਲਾਮੀ ਬੰਦ ਹੋਣ 'ਤੇ ਜਾਂ ਇਸ ਤੋਂ ਪਹਿਲਾਂ ਈਐਮਡੀ ਅਤੇ ਦਸਤਾਵੇਜ਼ ਜਮ੍ਹਾਂ ਕਰਨ ਦੀ ਆਖਰੀ ਮਿਤੀ ਅਤੇ ਸਮਾਂ,**
**ਮੈਸ. ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਕੋਲ ਆਪਣੀ ਈ-ਨਿਲਾਮੀ ਸਾਈਟ 'ਤੇ ਰਜਿਸਟਰਡ ਆਪਣੇ ਖੁਦ ਦੇ ਵਾਲਿਟ ਰਾਹੀਂ ਬੋਲੀਕਾਰ : https://baanknet.com ਆਰਟੀਜੀਐਸ/ਐਨਈਐਫਟੀ ਦੇ ਜ਼ਰੀਏ**

**ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ** ਕਾਨੂੰਨ, 2002 ਦੇ ਤਹਿਤ ਅਚੱਲ/ਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ, ਜਿਸ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8 (6) ਅਤੇ 9 (1) ਦੇ ਉਪਬੰਧ ਦੇ ਨਾਲ ਪੜ੍ਹਿਆ ਜਾਂਦਾ ਹੈ। ਇਸ ਦੁਆਰਾ ਆਮ ਤੌਰ 'ਤੇ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਜ਼ਾਮਨਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੇ ਗਏ ਅਚੱਲ ਜਾਇਦਾਦਾਂ ਜੋ **ਸਟੇਟ ਬੈਂਕ ਆਫ਼ ਇੰਡੀਆ (ਸੁਰੱਖਿਅਤ ਕਰਜ਼ਦਾਤਾ)** ਨੂੰ ਗਿਰਵੀ ਰੱਖੀਆਂ ਗਈਆਂ ਹਨ, ਇਹਨਾਂ ਜਾਇਦਾਦਾਂ ਦਾ ਉਸਾਰੂ/ਭੌਤਿਕ ਕਬਜ਼ਾ ਸਟੇਟ ਬੈਂਕ ਆਫ਼ ਇੰਡੀਆ (ਸੁਰੱਖਿਅਤ ਕਰਜ਼ਦਾਤਾ) ਦੇ ਅਧਿਕਾਰਤ ਅਧਿਕਾਰੀਆਂ ਦੁਆਰਾ ਲਿਆ ਗਿਆ ਹੈ, 25.03.2026 ਨੂੰ **"ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ"**, ਅਤੇ **"ਜੋ ਕੁਝ ਵੀ ਉਥੇ ਹੈ"** ਦੇ ਆਧਾਰ 'ਤੇ ਵੇਚਿਆ ਜਾਵੇਗਾ, ਹੇਠਾਂ ਦੱਸੇ ਗਏ ਕਰਜ਼ਦਾਰਾਂ/ਜ਼ਾਮਨਾਂ ਤੋਂ ਸਟੇਟ ਬੈਂਕ ਆਫ਼ ਇੰਡੀਆ (ਸੁਰੱਖਿਅਤ ਕਰਜ਼ਦਾਤਾ) ਦੇ ਬਕਾਇਆ ਬੈਂਕ ਬਕਾਏ + ਵਿਆਜ (ਜਿਵੇਂ ਕਿ ਜਾਇਦਾਦਾਂ ਦੇ ਵਿਰੁੱਧ ਹੇਠਾਂ ਦੱਸਿਆ ਗਿਆ ਹੈ) ਦੀ ਵਸੂਲੀ ਲਈ। ਰਿਜ਼ਰਵ ਕੀਮਤ ਅਤੇ ਜਮ੍ਹਾਂ ਬਿਆਨਾ ਰਕਮ ਜਾਇਦਾਦਾਂ ਦੇ ਵਿਰੁੱਧ ਹੇਠਾਂ ਦੱਸੇ ਅਨੁਸਾਰ ਹੋਵੇਗਾ। ਸਾਰੇ ਕਾਨੂੰਨੀ/ਗੈਰ-ਕਾਨੂੰਨੀ ਬਕਾਏ, ਟੈਕਸ, ਦਰਾਂ, ਮੁਲਾਂਕਣ, ਖਰਚੇ, ਫੀਸ ਆਦਿ ਦਾ ਭੁਗਤਾਨ ਕਿਸੇ ਵੀ ਵਿਅਕਤੀ ਦੇ ਕਾਰਨ ਸਿਰਫ਼ ਸਫਲ ਬੋਲੀਕਾਰ ਦੀ ਜ਼ਿੰਮੇਵਾਰੀ ਹੋਵੇਗੀ। ਸਫਲ ਬੋਲੀਕਾਰ ਦੁਆਰਾ ਵਿਕਰੀ ਕੀਮਤ ਦੀ ਕਿਸੇ ਵੀ ਰਕਮ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿਣ 'ਤੇ ਉਸ ਵੱਲੋਂ ਜਮ੍ਹਾਂ ਕਰਵਾਈ ਗਈ ਰਕਮ ਜ਼ਬਤ ਕਰ ਲਈ ਜਾਵੇਗੀ। **ਵਿਕਰੀ ਦੇ ਵੇਰਵੇ ਨਿਯਮ ਅਤੇ ਸ਼ਰਤਾਂ ਹੇਠਾਂ ਦਿੱਤੀਆਂ ਗਈਆਂ ਹਨ/ਵੇਬਸਾਈਟ ਵੇਖੋ: (a) https:sbi.co.in/(b) https://baanknet.com**

ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ

| ਕਰਜ਼ਦਾਰ (ਾਂ)/ ਜ਼ਾਮਨ (ਾਂ) ਦੇ ਨਾਮ | ਬਕਾਇਆ ਰਕਮ | ਸੰਪੱਤੀ/ਆਂ ਦੇ ਵੇਰਵੇ | ਰਾਖਵੀਂ ਕੀਮਤ / ਜਮ੍ਹਾਂ ਬਿਆਨਾ ਰਕਮ / ਬੋਲੀ ਵਾਧਾ ਰਕਮ | ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ | ਅਧਿਕਾਰਤ ਅਧਿਕਾਰੀ/ਸੰਪਰਕ ਨੰ. |
|---|---|---|---|---|---|
| 1. 1. ਮੈਸ. ਬਜਾਜ ਐਂਡ ਕੰਪਨੀ, ਰਾਹੀਂ ਇਸਦੇ ਪ੍ਰੋਪ. ਸ੍ਰੀ ਰਾਕੇਸ਼ ਕੁਮਾਰ ਬਜਾਜ ਸਪੁੱਤਰ ਸ੍ਰੀ ਪਿਆਰੇ ਲਾਲ, ਨੇੜੇ ਸ਼ਿਵ ਮੰਦਰ, ਮੁੱਖ ਬਜ਼ਾਰ ਮੱਖੂ, ਜ਼ਿਲ੍ਹਾ ਫਿਰੋਜ਼ਪੁਰ 2. ਰਾਕੇਸ਼ ਕੁਮਾਰ ਬਜਾਜ ਸਪੁੱਤਰ ਸ੍ਰੀ ਪਿਆਰੇ ਲਾਲ, ਵਾਰਡ ਨੰ. 3, ਨਵੀਂ ਗਲੀ, ਮੱਖੂ, ਜ਼ਿਲ੍ਹਾ ਫਿਰੋਜ਼ਪੁਰ। | ਰੁ. 28,61,364.21/- (ਰੁਪਏ ਅਠਾਈ ਲੱਖ ਇਕਾਹਠ ਹਜ਼ਾਰ ਤਿੰਨ ਸੌ ਚੌਂਹਠ ਅਤੇ ਇੱਕੀ ਪੈਸੇ ਕੇਵਲ) 12.04.2022 ਨੂੰ ਜਮ੍ਹਾਂ ਇਸ 'ਤੇ ਭਾਵੀ ਵਿਆਜ ਅਤੇ ਖਰਚੇ। | ਸੰਪੱਤੀ ਆਈਡੀ : **SBIN0527100315:** ਵਸੀਕਾ ਨੰਬਰ 1741 ਮਿਤੀ 20.03.2006 ਦੇ ਅਧੀਨ ਸਬ ਰਜਿਸਟਰਾਰ ਮੱਖੂ ਕੋਲ ਪੰਜੀਕ੍ਰਿਤ ਪ੍ਰੋਪ. ਸ੍ਰੀ ਰਾਕੇਸ਼ ਕੁਮਾਰ ਬਜਾਜ ਸਪੁੱਤਰ ਸ੍ਰੀ ਪਿਆਰੇ ਲਾਲ ਦੇ ਨਾਮ 'ਤੇ ਦਰਜ ਮੁੱਖ ਬਜ਼ਾਰ ਮੱਖੂ ਵਿਖੇ ਸਥਿਤ 11'x35' ਭਾਵ 385 ਵਰਗ ਫੁੱਟ ਮਾਪ ਵਾਲੀ ਦੁਕਾਨ ਦੀ ਨਿਆਂਸੰਗਤ ਗਿਰਵੀ। | ਰੁ. 17,90,000/- / ਰੁ. 1,79,000/- / ਰੁ. 20,000/- | 18.03.2026 12.00 ਵਜੇ ਤੋਂ 13.00 ਵਜੇ ਤੱਕ | ਨਾਮ : ਸ੍ਰੀ ਸੁਸ਼ੀਲ ਸ੍ਰੀਵਾਸਤਵ (ਸੀਐਲਓ) ਸੰਪਰਕ ਨੰ. 82192-39766 |

ਇਹ ਪ੍ਰਕਾਸ਼ਨ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਦੇ ਨਿਯਮ 9 (1) ਦੇ ਤਹਿਤ ਉਪਰੋਕਤ ਕਰਜ਼ਦਾਰ(ਾਂ) ਅਤੇ ਜ਼ਾਮਨ(ਾਂ) ਨੂੰ 15 ਦਿਨਾਂ ਦਾ ਨੋਟਿਸ ਵੀ ਹੈ।

ਸਰਫਾਇਸੀ ਐਕਟ 2, 2002 ਦੇ ਉਪਬੰਧਾਂ ਦੇ ਅਨੁਸਾਰ, ਹੁਣ ਬੈਂਕ ਦੇ ਕਬਜ਼ੇ ਵਿੱਚ ਅਚੱਲ ਸੰਪਤੀਆਂ ਨੂੰ ਜਨਤਕ ਈ-ਨਿਲਾਮੀ ਰਾਹੀਂ ਵੇਚਣ ਦਾ ਪ੍ਰਸਤਾਵ ਹੈ ਜੋ **https://baanknet.com** ਰਾਹੀਂ ਹੋਵੇਗੀ। ਵਿਕਰੀ ਦੀਆਂ ਵਿਸਤ੍ਰਿਤ ਸ਼ਰਤਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਵੈੱਬਸਾਈਟਾਂ ਵੇਖੋ: **https://baanknet.com**

ਮਿਤੀ : 02.03.2026 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ, ਸਟੇਟ ਬੈਂਕ ਆਫ ਇੰਡੀਆ

## ਸਿਰਲੇਖਵਾਰ ਇਸ਼ਤਿਹਾਰ /Classified Advertisement

**In the Court of Sh. Sukhmandeep Singh**
**Judicial Magistrate First Class-3, Abohar**
CNR No.PPBFZE1-0020262025
Next Date : 21.04.2026
NACT/778/2025
Cholamandlam Investment and finance company Ltd
Versus
Sandeep Singh
Detail of offence:- 138 NACT
Notice to: Sandeep Singh S/O Jaj Singh R/O Vpo Sri Karanpur Tehsil Distt Sri Ganganagar
In above titled case the accused could not be served. It is orderded that accused should appear in person or through counsel on **21.**04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 26-02-2026
**Sd/- Judicial Magistrate First Class-3, Abohar**

---

**In the Court of Sh. Sukhmandeep Singh**
**Judicial Magistrate First Class-3, Abohar**
CNR No.PPBFZE1-002693-2025
Next Date : 21.04.2026
NACT/821/2025
Chomalmandlam Investment and Finance Company ltd
Versus
Umesh Das
Detail of offence: 138 Ni Act
Notice to: Umesh Das S/O Inderdev Das R/O New Dana Mandi Gogia Di Basti Sri Mukhtsar Sahib Tehsil And Distt Muktsar Sahib
In above titled case the accused could not be served. It is orderded that accused should appear in person or through counsel on **21.**04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 26-02-2026
**Sd/- Judicial Magistrate First Class-3, Abohar**

---

**In the Court of Sh. Sukhmandeep Singh**
**Judicial Magistrate First Class-3, Abohar**
CNR No.PPBFZE1-002692-2025
Next Date : 21.04.2026
NACT/822/2025
Chomalmandlam Investment and Finance Company ltd
Versus
Hardev Singh
Detail of offence: 138 Ni Act
Notice to: Hardev Singh S/O Jarnail Singh R/O Bholu Wala Road Gobind Nagar Near Bsf Back Side Faridkot Tehsil And Dist Faridkot
In above titled case the accused could not be served. It is orderded that accused should appear in person or through counsel on **21.**04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 26-02-2026
**Sd/- Judicial Magistrate First Class-3, Abohar**

---

**(U/o 5 Rule 20 CPC)**
**In the Court of Sh. Daleep Kumar Additional Civil Judge (Senior Division), Sunam**
CNR No.PBSGA0-001350-2024
Next Date : 19.03.2026
State Bank of India
Versus
Baljit Kaur W/o Bhadur Singh
Notice to: Baljit Kaur W/O Bhadur Singh :- Ward No. 7 Near Vishwas Hospital, Kacha Paha Preet Nagar Sunam, Distt. Sangrur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **19.**03.20026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 27-02-2026
**Sd/- Additional Civil Judge (Senior Division), Sunam**

---

**(U/o 5 Rule 20 CPC)**
**In the Court of Ms. Balvinder Kaur Dhaliwal**
**Addditional Civil Judge (Senior Division), Jagraon**
CNR No.PBLDB0-000945-2025
Next Date : 23.03.2026
State Bank of India
Versus
Bikkar Singh
Notice to: Bikkar Singh S/O Pritam Singh R/O House No 150, Vill. Ramgarh Sibia, Tehsil Raikot, Distt. Ludhiana
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **23.**03.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated this day of 23-02-2026
**Sd/- Addditional Civil Judge (Senior Division), Jagraon**

---

**(U/o 5 Rule 20 CPC)**
**In the Court of Ms. Balvinder Kaur Dhaliwal**
**Additional Civil Judge (Senior Division), Jagraon**
CNR No.PBLDB0-000946-2025
Next Date : 23.03.2026
State bank of India
Versus
Sarmukh Singh
Notice to: Sarmukh Singh S/O Ajaib Singh R/O Vill. Kutba, Tehsil Mehel Kalan, Distt. Barnala
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **23.**03.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated this day of 23-02-2026
**Sd/- Additional Civil Judge (Senior Division), Jagraon**

---

**(U/o 5 Rule 20 CPC)**
**In the Court of Sh. Hardip Singh Additional District and Sessions Judge-1, Mohali**
CNR No.PBSA01-001246-2026
Next Date : 27.03.2026
Jaswinder Singh alias Satwinder singh
Versus
General Public
Appeal against Judgment Dated 02.01.2026 by Sh. Tanveer Singh Madhav CJJD, Kharar
Notice to: General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?mod=district_notice&district=mohali
Dated this day of 07-02-2026
**Sd/- Additional District and Sessions Judge-1, Mohali**

---

**(U/o 5 Rule 20 CPC)**
**In the Court of Sh. Rahul Garg Civil Judge Senior Division, Chandigarh**
CNR No.CHCH02-001517-2025
Next Date : 02.04.2026
Neetu Singh
Versus
General Public
Petition u/s 7 of Guardian And Wards Act
Notice to: Deepak Kumar Father:- Bhajan Singh R.o Sargundi Road, Goraya, Distt. Jalandhar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **02.**04.2026 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 27-02-2026
**Sd/- Civil Judge Senior Division, Chandigarh**

---

**(U/o 5 Rule 20 CPC)**
**In the Court of Sh. Sumit Bhalla Additional Principal Judge Family Court, Camp Court Batala**
CNR No.PBGDF2-0000755-2025
Next Date : 27.03.2026
MNT125/126/2024
1. Gurpinder Kaur Aged 33 Yrs Wife Of Kushwant Singh D/O Late Kuldeep Singh R/O Village Teja Kalan Tehsil Batala, District Gurdaspur 2. Samardeep Singh (Minor) Aged 12 Years Son Of Kushwant Singh Through His Mother And Next Friend Applicant No.1 No.1 Namely Gurpinder Kaur
Versus
Kushwant Singh Son Of Sewa Singh Bearing 1637/Jalandhar/Rural Posted At Police Station Sadar, Nakodar, Dist Jalandhar
Notice to: Kushwant Singh Son Of Sewa Singh Bearing 1637/Jalandhar/Rural Posted At Police Station Sadar, Nakodar, Dist Jalandhar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?trs=district_notice&district=Gurdaspur
Dated this day of 04-02-2026
**Sd/- Additional Principal Judge Family Court, Camp Court Batala**

---

**(U/o 5 Rule 20 CPC)**
**In the Court of Sh. Jatinder Pal Singh**
**Additional District and Sessions Judge, Bathinda**
CNR No. PBBT01-000296-2024
Next Date : 27.03.2026
CA/10/24
Sohan Singh Son Of Surjan Singh Son Of Bhan Singh @ Bhagwan Singh R/O Village Bhairupa Teh Phul Distt Bathinda
Versus
General Public And Others
Civil Appeal
Notice to: General Public BTI
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?mod=district_notice&district=Bathinda
Dated this day of 05-02-2026
**Sd/- Additional District and Sessions Judge, Bathinda**

---

**(U/o 5 Rule 20 CPC)**
**In the Court of Ms. Chinu Sharma Civil Judge Jr.Div.,Chandigarh**
CNR No.CHCH02-003764-2025
Next Date : 20.03.2026
Poonam Kumari
Versus
General Public
Suit for Declaration
Notice to: General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **20.**03.2026 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 07-02-2026
**Sd/- Civil Judge Jr.Div.,Chandigarh**

# ਅਧਿਆਪਕਾਂ ਨੇ ਟੈੱਟ ਦੀ ਸ਼ਰਤ ਲਗਾਉਣ ਖ਼ਿਲਾਫ਼ ਆਮ ਆਦਮੀ ਪਾਰਟੀ ਦੇ ਮੁੱਖ ਦਫ਼ਤਰ ਮੂਹਰੇ ਕੀਤਾ ਰੋਸ ਪ੍ਰਦਰਸ਼ਨ

ਫ਼ਿਰੋਜ਼ਪੁਰ 2 ਮਾਰਚ (ਤਿਵਾੜੀ ) ਅਧਿਆਪਕਾਂ ਦੇ ਸੇਵਾ ਵਿੱਚ ਬਣੇ ਰਹਿਣ ਅਤੇ ਤਰੱਕੀਆਂ @ਤੇ ਟੀ.ਈ.ਟੀ. ਦੀ ਸ਼ਰਤ ਲਗਾਉਣ ਖ਼ਿਲਾਫ ਪੰਜਾਬ ਦੀਆਂ ਸਮੂਹ ਸੰਘਰਸ਼ੀ ਅਧਿਆਪਕ ਜਥੇਬੰਦੀਆਂ ਦੇ ਸੱਦੇ @ਤੇ ਅੱਜ ਫਿਰੋਜ਼ਪੁਰ ਦੇ ਮੁੱਖ ਦਫ਼ਤਰ ਆਮ ਆਦਮੀ ਪਾਰਟੀ, ਬਾਈਪਾਸ ਸਤੀਏਵਾਲਾ, ਜ਼ੀਰਾ ਰੋਡ ਵਿਖੇ ਰੋਸ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਪੰਜਾਬ ਦੇ ਨਾਂ @ਰੋਸ ਪੱਤਰ@ ਦਿੱਤਾ ਗਿਆ ਅਤੇ ਮੰਗ ਕੀਤੀ ਗਈ ਕਿ ਇਸ ਮਾਮਲੇ ਵਿੱਚ ਅਧਿਆਪਕਾਂ ਦਾ ਭਵਿੱਖ ਸੁਰੱਖਿਅਤ ਕਰਨ ਲਈ ਪੰਜਾਬ ਵਿਧਾਨ ਸਭਾ ਵਿੱਚ ਬਿੱਲ/ਮਤਾ ਪਾਸ ਕੀਤਾ ਜਾਵੇ ਅਤੇ ਸੁਪਰੀਮ ਕੋਰਟ ਦੇ ਗੈਰ ਵਾਜਿਬ ਫੈਸਲੇ ਵਿਰੁੱਧ ਰਿਵਿਊ ਪਟੀਸ਼ਨ ਦਾਇਰ ਕਰਦੇ ਹੋਏ ਪੈਂਡਿੰਗ ਤਰੱਕੀਆਂ ਮੁਕੰਮਲ ਕੀਤੀਆਂ ਜਾਣ। ਇਸ ਮੌਕੇ ਅਧਿਆਪਕ ਆਗੂਆਂ ਬਲਰਾਮ ਸ਼ਰਮਾ, ਸੁਖਜਿੰਦਰ ਸਿੰਘ ਖਾਨਪੁਰ, ਜਗਸੀਰ ਸਿੰਘ ਗਿੱਲ, ਮਲਕੀਤ ਸਿੰਘ ਹਰਾਜ, ਪਰਮਜੀਤ ਸਿੰਘ ਪੰਮਾ, ਹਰਦੀਪ ਸਿੰਘ ਤੂਰ ਨੇ ਦੱਸਿਆ ਕਿ ਸੁਪਰੀਮ ਕੋਰਟ ਨੇ ਐਨ ਸੀ ਟੀ ਈ ਦੇ ਨੋਟੀਫਿਕੇਸ਼ਨ ਦੀ ਅਣਦੇਖੀ ਕਰਦਿਆਂ 01.09.2025 ਦੇ ਫੈਸਲੇ ਕਾਰਨ ਸਭ ਅਧਿਆਪਕਾਂ @ਤੇ ਬੇਲੋੜੀ ਟੈੱਟ ਦੀ ਸ਼ਰਤ ਥੋਪ ਦਿੱਤੀ ਗਈ ਹੈ। ਇਸ ਸਮੇਂ ਦੌਰਾਨ ਸਿੱਖਿਆ ਮੰਤਰੀ, ਮੁੱਖ ਮੰਤਰੀ ਜਾਂ ਪੰਜਾਬ



ਸਰਕਾਰ ਵੱਲੋਂ ਇਸ ਗੈਰ ਸੰਵਿਧਾਨਿਕ ਫੈਸਲੇ ਵਿਰੁੱਧ ਨਾ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਪਾਈ ਗਈ ਹੈ ਅਤੇ ਨਾ ਹੀ ਵਿਧਾਨ ਸਭਾ ਵਿੱਚ ਬਿੱਲ ਪਾਸ ਕਰਕੇ ਅਧਿਆਪਕਾਂ ਨੂੰ ਰਾਹਤ ਦਿੱਤੀ ਗਈ ਹੈ। ਸਗੋਂ ਕੁਝ ਕੈਟਾਗਰੀਆਂ ਨੂੰ 2017 ਦੇ ਇੱਕ ਪੱਤਰ ਅਨੁਸਾਰ ਪਦਉਨਤੀਆਂ ਸਮੇਂ ਟੈੱਟ ਤੋਂ ਛੋਟ ਦਿੱਤੀ ਗਈ ਸੀ, ਉਹ ਪੱਤਰ ਵੀ ਸੁਪਰੀਮ ਕੋਰਟ ਦੇ ਫੈਸਲੇ ਉਪਰੰਤ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਵਾਪਸ ਲੈ ਲਿਆ ਗਿਆ ਹੈ ਅਤੇ ਅਧਿਆਪਕਾਂ ਦੀਆਂ ਪਦਉਨਤੀਆਂ ਤੇ ਰੋਕ ਲਗਾ ਦਿੱਤੀ ਗਈ ਹੈ। ਇਸ ਧੱਕੇ ਵਿਰੁੱਧ ਅਧਿਆਪਕ ਜਥੇਬੰਦੀਆਂ ਵੱਲੋਂ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ, ਉਪਰੰਤ 27 ਫਰਵਰੀ ਨੂੰ ਸਿੱਖਿਆ ਮੰਤਰੀ ਪੰਜਾਬ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ। ਇਸ ਮਹੱਤਵਪੂਰਨ ਮੀਟਿੰਗ ਨੂੰ ਸਿੱਖਿਆ ਮੰਤਰੀ ਵਲੋਂ ਗੈਰ ਗੰਭੀਰਤਾ ਵਿਖਾਉਂਦੇ ਹੋਏ ਇੱਕ ਦਿਨ ਪਹਿਲਾਂ ਮੁਲਤਵੀ ਕਰਕੇ ਅੱਗੇ ਪਾ ਦਿੱਤਾ ਗਿਆ। ਜਿਸ ਕਾਰਨ ਪੰਜਾਬ ਦੇ ਸਮੁੱਚੇ ਜਿਲ੍ਹਿਆਂ ਵਿੱਚ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਦੀਆਂ ਰਿਹਾਇਸ਼ਾਂ ਅੱਗੇ ਰੋਸ ਪ੍ਰਦਰਸ਼ਨ / ਘਿਰਾਓ ਕਰਕੇ ਮੁੱਖ ਮੰਤਰੀ ਦੇ ਨਾਂ ਰੋਸ ਪੱਤਰ / ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ ਸੀ। ਉਨ੍ਹਾਂ ਮੰਗਾਂ ਦਾ ਜਿਕਰ ਕਰਦਿਆਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਵੱਲੋਂ ਐਨ ਸੀ ਟੀ ਈ ਦੇ ਨੋਟੀਫਿਕੇਸ਼ਨ ਦੀ ਅਣਦੇਖੀ ਕਰਕੇ 01.09.2025 ਨੂੰ ਸਾਰੇ ਅਧਿਆਪਕਾਂ ਤੇ ਥੋਪੇ ਟੈੱਟ ਦੇ ਗੈਰ ਸੰਵਿਧਾਨਿਕ ਫੈਸਲੇ ਨੂੰ ਰੋਕਣ ਲਈ ਪੰਜਾਬ ਵਿਧਾਨ ਸਭਾ ਵਿੱਚ ਬਿੱਲ ਪਾਸ ਕੀਤਾ ਜਾਵੇ, ਟੈੱਟ ਲਾਗੂ ਹੋਣ ਤੋਂ ਪਹਿਲਾਂ ਐਨ ਸੀ ਟੀ ਈ ਵੱਲੋਂ ਨਿਰਧਾਰਿਤ ਕੀਤੀਆਂ ਯੋਗਤਾਵਾਂ ਅਤੇ ਸਮੇਂ ਸਮੇਂ ਤੇ ਵੱਖ-ਵੱਖ ਟੈਸਟਾਂ ਦੀ ਮੈਰਿਟ ਅਨੁਸਾਰ ਨਿਯੁਕਤ ਕੀਤੇ ਗਏ ਅਧਿਆਪਕਾਂ ਨੂੰ ਇਨਸਾਫ ਦਵਾਉਣ ਲਈ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਦਾਖਲ ਕੀਤੀ ਜਾਵੇ, ਟੈੱਟ ਲਾਗੂ ਹੋਣ ਤੋਂ ਪਹਿਲਾਂ ਉਪਰੋਕਤ ਪ੍ਰਕਿਰਿਆ ਰਾਹੀਂ ਨਿਯੁਕਤ ਅਧਿਆਪਕਾਂ ਦੀਆਂ ਤੁਰੰਤ ਪਦਉਨਤੀਆਂ ਕੀਤੀਆਂ ਜਾਣ, ਟੈੱਟ ਲਾਗੂ ਹੋਣ ਤੋਂ ਪਹਿਲਾਂ ਉਪਰੋਕਤ ਪ੍ਰਕਿਰਿਆ ਰਾਹੀਂ ਨਿਯੁਕਤ ਅਧਿਆਪਕਾਂ @ਤੇ 8 ਮਾਰਚ ਦੇ ਜਬਰੀ ਥੋਪੇ ਟੈੱਟ ਦਾ ਟੈਸਟ ਰੱਦ ਕੀਤਾ ਜਾਵੇ ਅਤੇ ਇਹਨਾਂ ਅਧਿਆਪਕਾਂ @ਤੇ 15 ਮਾਰਚ ਨੂੰ ਮੁਢਲੀ ਨਿਯੁਕਤੀ ਲਈ ਲਿਆ ਜਾ ਰਿਹਾ ਟੈੱਟ ਥੋਪਣਾ ਬੰਦ ਕੀਤਾ ਜਾਵੇ।

# ਬਰਨਾਲਾ ਵਿਖੇ ਹੋਈ ਮਹਾਂ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਸਮੂਹ ਵਰਕਰਾਂ ਅਤੇ ਆਗੂਆਂ ਦਾ ਦਿਲੋਂ ਧੰਨਵਾਦ: ਕੁਲਜੀਤ ਸਿੰਘ ਨਾਗਰਾ

ਫ਼ਤਿਹਗੜ੍ਹ ਸਾਹਿਬ:2 ਮਾਰਚ (ਨਰਿੰਦਰ ਸਿੰਘ) ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਬਰਨਾਲਾ ਵਿਖੇ ਹੋਈ ਮਹਾਂ ਰੈਲੀ ਨੂੰ ਇਤਿਹਾਸਕ ਅਤੇ ਸਫਲ ਬਣਾਉਣ ਲਈ ਸਮੂਹ ਕਾਂਗਰਸ ਆਗੂਆਂ, ਵਰਕਰਾਂ ਅਤੇ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਮਹਾਂ ਰੈਲੀ ਕੇਂਦਰ ਸਰਕਾਰ ਦੀਆਂ ਕਿਸਾਨ, ਮਜ਼ਦੂਰ ਅਤੇ ਨੌਜਵਾਨ ਵਿਰੋਧੀ ਨੀਤੀਆਂ ਖ਼ਿਲਾਫ਼ ਲੋਕਾਂ ਦੇ ਗੁੱਸੇ ਦਾ ਪ੍ਰਤੀਕ ਹੈ। ਨਾਗਰਾ ਨੇ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮਨਰੇਗਾ (MNREGA) ਵਰਗੀ ਗਰੀਬ ਅਤੇ ਮਜ਼ਦੂਰ ਵਰਗ ਲਈ ਜੀਵਨ ਰੇਖਾ ਬਣੀ ਯੋਜਨਾ ਨੂੰ ਜਾਣਬੁੱਝ ਕੇ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਲਈ ਯਥੋਚਿਤ ਫੰਡ ਜਾਰੀ ਨਹੀਂ ਕੀਤੇ ਜਾ ਰਹੇ, ਜਿਸ ਕਾਰਨ ਮਜ਼ਦੂਰਾਂ ਨੂੰ ਸਮੇਂ ਸਿਰ ਕੰਮ ਅਤੇ ਉਨ੍ਹਾਂ ਦੀ ਮਿਹਨਤ ਦੀ ਮਜ਼ਦੂਰੀ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪਿੰਡਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਬਣਾਈ ਗਈ ਸੀ, ਪਰ ਕੇਂਦਰ ਸਰਕਾਰ ਦੀ ਬੇਰੁਖ਼ੀ ਕਾਰਨ ਇਹ ਯੋਜਨਾ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਵਪਾਰਕ ਸਮਝੌਤੇ ਵੀ ਦੇਸ਼ ਦੇ ਕਿਸਾਨਾਂ ਅਤੇ ਛੋਟੇ ਵਪਾਰੀਆਂ ਲਈ ਘਾਤਕ ਸਾਬਤ ਹੋ ਸਕਦੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਸਮਝੌਤਿਆਂ ਨਾਲ ਵਿਦੇਸ਼ੀ ਕੰਪਨੀਆਂ ਨੂੰ ਫਾਇਦਾ ਪਹੁੰਚਾਇਆ ਜਾ ਰਿਹਾ ਹੈ, ਜਦਕਿ ਦੇਸ਼ ਦੇ ਕਿਸਾਨਾਂ ਅਤੇ ਛੋਟੇ ਉਦਯੋਗਪਤੀਆਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਇਸ ਨਾਲ ਖੇਤੀਬਾੜੀ ਖੇਤਰ ਅਤੇ ਸਥਾਨਕ ਮੰਡੀ ਪ੍ਰਣਾਲੀ 'ਤੇ ਨਕਾਰਾਤਮਕ ਅਸਰ ਪੈਣ ਦਾ ਖ਼ਤਰਾ ਹੈ। ਨਾਗਰਾ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਕਿਸਾਨਾਂ ਦੀ ਆਮਦਨ ਵਧਣ ਦੀ ਬਜਾਏ ਘਟ ਰਹੀ ਹੈ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਵੀ ਘਟਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਮਨਰੇਗਾ ਵਰਗੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਮਜ਼ਬੂਤ ਕਰਨ ਅਤੇ ਕਿਸਾਨਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀ ਆਵਾਜ਼ ਬਣ ਕੇ ਕੇਂਦਰ ਸਰਕਾਰ ਦੀਆਂ



ਲੋਕ ਵਿਰੋਧੀ ਨੀਤੀਆਂ ਦਾ ਡੱਟ ਕੇ ਵਿਰੋਧ ਕਰੇਗੀ ਅਤੇ ਕਿਸਾਨਾਂ, ਮਜ਼ਦੂਰਾਂ ਅਤੇ ਹਰ ਵਰਗ ਦੇ ਹੱਕਾਂ ਲਈ ਸੰਘਰਸ਼ ਜਾਰੀ ਰੱਖੇਗੀ। ਅੰਤ ਵਿੱਚ ਨਾਗਰਾ ਨੇ ਸਮੂਹ ਵਰਕਰਾਂ ਅਤੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਰਕਰਾਂ ਦੇ ਸਹਿਯੋਗ ਨਾਲ ਹੀ ਪਾਰਟੀ ਹੋਰ ਮਜ਼ਬੂਤ ਬਣਦੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਲੋਕਾਂ ਦੀ ਸੇਵਾ ਜਾਰੀ ਰੱਖੀ ਜਾਵੇਗੀ।

# ਬਰੂਦ ਦੇ ਢੇਰ 'ਤੇ ਮਨੁੱਖਤਾ: ਇਰਾਨ 'ਚ ਮਾਸੂਮਾਂ ਦੇ ਘਾਣ ਖ਼ਿਲਾਫ਼ ਬਠਿੰਡਾ ਦੀਆਂ ਸੜਕਾਂ @ਤੇ ਰੋਸ ਪ੍ਰਦਰਸ਼ਨ

ਬਠਿੰਡਾ, 2 ਮਾਰਚ ( ਦੀਪਕ ਸ਼ਰਮਾ) ਲੋਕ ਮੋਰਚਾ ਪੰਜਾਬ ਅਤੇ ਇਨਕਲਾਬੀ ਕੇਂਦਰ ਪੰਜਾਬ ਨੇ ਮੱਧ-ਪੂਰਬ ਵਿੱਚ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਇਰਾਨ ਦੇ ਆਮ ਲੋਕਾਂ @ਤੇ ਥੋਪੀ ਗਈ ਜੰਗ ਅਤੇ ਵੱਡੇ ਮੁਲਕਾਂ ਵੱਲੋਂ ਛੋਟੇ ਮੁਲਕਾਂ ਨਾਲ ਕੀਤੇ ਜਾ ਰਹੇ @ਧੱਕੇ@ ਖ਼ਿਲਾਫ਼ ਬਠਿੰਡਾ ਵਿੱਚ ਰੋਸ ਪ੍ਰਦਰਸ਼ਨ ਕੀਤਾ । ਸਥਾਨਕ ਜਨਤਕ ਜਥੇਬੰਦੀਆਂ ਨੇ ਜੰਗਬਾਜ਼ ਤਾਕਤਾਂ ਦੀ ਇਸ ਧੌਂਸ ਵਿਰੁੱਧ ਇੱਕਜੁੱਟ ਹੋ ਕੇ ਹੋਕਾ ਦਿੱਤਾ ਕਿ ਮਨੁੱਖੀ ਖ਼ੂਨ ਨਾਲ ਲਿਖੀ ਜਾ ਰਹੀ ਇਹ ਇਬਾਰਤ ਹੁਣ ਹੋਰ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

'ਲੋਕ ਮੋਰਚਾ ਪੰਜਾਬ' ਅਤੇ 'ਇਨਕਲਾਬੀ ਕੇਂਦਰ ਪੰਜਾਬ' ਦੀ ਅਗਵਾਈ ਹੇਠ ਸ਼ਹਿਰ ਵਿੱਚ ਕੱਢੇ ਗਏ ਰੋਸ ਮਾਰਚ ਦੌਰਾਨ ਬੁਲਾਰਿਆਂ ਨੇ ਭਰੇ ਮਨ ਨਾਲ ਦੱਸਿਆ ਕਿ ਕਿਵੇਂ ਇੱਕ ਸਕੂਲ ਨੂੰ ਨਿਸ਼ਾਨਾ ਬਣਾ ਕੇ 100 ਤੋਂ ਵੱਧ ਮਾਸੂਮ ਵਿਦਿਆਰਥੀਆਂ ਦਾ ਕਤਲੇਆਮ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਟੀਚਰਜ਼ ਹੋਮ ਵਿਖੇ ਹੋਏ ਭਰਵੇਂ ਇਕੱਠ ਵਿੱਚ ਜਗਮੇਲ ਸਿੰਘ, ਮੁਖਤਿਆਰ ਪੂਹਲਾ ਅਤੇ ਸੁਰਿੰਦਰ ਕੁਮਾਰੀ ਕੋਚਰ ਨੇ ਗਰਜਦਿਆਂ ਕਿਹਾ ਕਿ ਅਮਰੀਕਾ ਸਿਰਫ਼ ਆਪਣੀ ਲੁੱਟ ਜਾਰੀ ਰੱਖਣ ਲਈ ਕੌਮਾਂਤਰੀ ਕਾਨੂੰਨਾਂ ਨੂੰ ਪੈਰਾਂ ਹੇਠ ਲਤਾੜ ਰਿਹਾ ਹੈ। ਉਨ੍ਹਾਂ ਕਿਹਾ ਕਿ ਇਰਾਨ ਵਰਗੇ ਦੇਸ਼ ਜਿਹੜੇ ਅਮਰੀਕੀ ਦਬਾਅ ਅੱਗੇ ਨਹੀਂ ਝੁਕਦੇ, ਉਨ੍ਹਾਂ @ਤੇ ਆਰਥਿਕ ਪਾਬੰਦੀਆਂ ਅਤੇ ਸਿੱਧੇ ਹਮਲੇ ਕਰਨਾ ਬੇਹੱਦ ਸ਼ਰਮਨਾਕ ਹੈ। ਪ੍ਰਦਰਸ਼ਨਕਾਰੀਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਭਾਰਤ ਸਰਕਾਰ ਇਨ੍ਹਾਂ ਹਮਲਾਵਰ ਮੁਲਕਾਂ ਨਾਲ ਕੀਤੇ ਗਏ ਸਾਰੇ ਵਪਾਰਕ ਤੇ ਜੰਗੀ ਸਮਝੌਤੇ ਤੁਰੰਤ ਰੱਦ ਕਰੇ। ਮਾਰਚ ਦੌਰਾਨ ਜਿੱਥੇ ਇਰਾਨੀ ਲੋਕਾਂ ਨਾਲ ਇੱਕਜੁੱਟਤਾ ਦਿਖਾਈ ਗਈ, ਉੱਥੇ ਹੀ ਗੁਰਦਾਸਪੁਰ ਵਿਖੇ ਹੋਏ ਕਥਿਤ ਪੁਲਿਸ ਮੁਕਾਬਲੇ ਦਾ ਮੁੱਦਾ ਚੁੱਕਦਿਆਂ ਇਸ ਦੀ ਉੱਚ ਪੱਧਰੀ ਜਾਂਚ ਦੀ ਮੰਗ ਵੀ ਕੀਤੀ ਗਈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਅੰਡਰਗ੍ਰੈਜੂਏਟ ਵਿਦਿਆਰਥੀਆਂ ਨੂੰ ਕੈਂਪਸ ਡਰਾਈਵ ਵਿੱਚ ਸਾਲਾਨਾ ਆਮਦਨ ਦੇ ਆਫ਼ਰ

ਫਤਿਹਗੜ੍ਹ ਸਾਹਿਬ, 2 ਮਾਰਚ (ਹਰਪ੍ਰੀਤ ਕੌਰ ਟਿਵਾਣਾ) ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਵੱਲੋਂ ਆਈਸੀਆਈਸੀਆਈ ਬੈਂਕ ਲਿਮਿਟਿਡ, ਜੋ ਭਾਰਤ ਅਤੇ ਵਿਦੇਸ਼ਾਂ ਵਿੱਚ ਆਪਣੇ ਵਿਸ਼ਾਲ ਜਾਲ ਲਈ ਪ੍ਰਸਿੱਧ ਨਿੱਜੀ ਖੇਤਰ ਦਾ ਅਗੇਤੜ ਬੈਂਕ ਹੈ, ਦੇ ਸਹਿਯੋਗ ਨਾਲ ਸਫਲ ਔਨ-ਕੈਂਪਸ ਭਰਤੀ ਮੁਹਿੰਮ ਆਯੋਜਿਤ ਕੀਤੀ ਗਈ। ਚੋਣ ਪ੍ਰਕਿਰਿਆ ਵਿੱਚ ਬੈਂਕ ਦੇ ਐਸਪਾਇਰ ਪ੍ਰੋਗਰਾਮ ਹੇਠ ਸੇਲਜ਼ ਐਗਜ਼ਿਕਿਊਟਿਵ ਦੇ ਪਦ ਲਈ ਫੇਸ-ਟੂ-ਫੇਸ ਇੰਟਰਵਿਊ ਸ਼ਾਮਲ ਸਨ। ਬੀਬੀਏ, ਬੀ.ਕਾਮ., ਬੀ.ਏ. ਅਤੇ ਬੀ.ਸੀ.ਏ ਦੇ ਅੰਡਰਗ੍ਰੈਜੂਏਟ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ ਅਤੇ ਮਜ਼ਬੂਤ ਤਿਆਰੀ ਦਾ ਪ੍ਰਦਰਸ਼ਨ ਕੀਤਾ। ਮੁੰਬਈ ਸਥਿਤ ਮੁੱਖ ਦਫ਼ਤਰ ਵਾਲਾ ਆਈਸੀਆਈਸੀਆਈ ਬੈਂਕ ਦੇਸ਼ ਭਰ ਵਿੱਚ 7,000 ਤੋਂ ਵੱਧ ਸ਼ਾਖਾਵਾਂ ਦਾ ਜਾਲ ਸੰਭਾਲਦਾ ਹੈ ਅਤੇ 1.25 ਲੱਖ ਤੋਂ ਵੱਧ ਕਰਮਚਾਰੀ ਨਾਲ ਵਿੱਤੀ ਅਤੇ ਡਿਜ਼ਿਟਲ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਦਾ ਹੈ। ਚੁਣੇ ਗਏ ਅੰਡਰਗ੍ਰੈਜੂਏਟ ਵਿਦਿਆਰਥੀਆਂ ਨੂੰ ਸਾਲਾਨਾ ?5 ਲੱਖ ਦੇ ਆਕਰਸ਼ਕ ਸੀਟੀਸੀ ਦੇ ਨਾਲ ਟ੍ਰੇਨਿੰਗ ਦੌਰਾਨ ਪ੍ਰਤੀ ਮਹੀਨਾ ?18,000 ਵਜੋਂ ਸਟਾਈਪੈਂਡ ਦੀ ਪੇਸ਼ਕਸ਼ ਕੀਤੀ ਗਈ। ਇਹ ਮੌਕਾ ਨਵੇਂ ਗ੍ਰੈਜੂਏਟ ਵਿਦਿਆਰਥੀਆਂ ਨੂੰ ਬੈਂਕਿੰਗ ਖੇਤਰ ਵਿੱਚ ਪ੍ਰਵੇਸ਼ ਦਾ ਮਜ਼ਬੂਤ ਮੰਚ ਪ੍ਰਦਾਨ ਕਰਦਾ ਹੈ, ਜਿਸ ਵਿੱਚ ਗਾਹਕ ਪ੍ਰਾਪਤੀ, ਰਿਸ਼ਤਾ ਪ੍ਰਬੰਧਨ, ਵਿਕਰੀ ਟਾਰਗੇਟ ਪ੍ਰਾਪਤੀ, ਰੇਗੂਲੇਟਰੀ ਕੰਪਲਾਇੰਸ ਅਤੇ ਵਿੱਤੀ ਕਾਰਵਾਈਆਂ ਵਿੱਚ ਹੱਥ-ਅਨੁਭਵ ਸ਼ਾਮਲ ਹਨ, ਜੋ ਦੇਸ਼ ਭਰ ਦੇ ਕੇਂਦਰਾਂ @ਤੇ ਉਪਲੱਬਧ ਹੋਣਗੇ।



ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਜੀ ਨੇ ਕਿਹਾ ਕਿ ਆਈਸੀਆਈਸੀਆਈ ਬੈਂਕ ਵਰਗੀਆਂ ਸੰਸਥਾਵਾਂ ਨਾਲ ਭਾਈਚਾਰੇ ਯਤਨ ਯੂਨੀਵਰਸਿਟੀ ਵੱਲੋਂ ਅਕਾਦਮਿਕ ਤਾਲੀਮ ਨੂੰ ਉਦਯੋਗਿਕ ਲੋੜਾਂ ਨਾਲ ਜੋੜਨ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ। ਅਜਿਹੀਆਂ ਪਲੇਸਮੈਂਟ ਮੁਹਿੰਮਾਂ ਨਾਲ ਵਿਦਿਆਰਥੀਆਂ ਦਾ ਆਤਮ-ਵਿਸ਼ਵਾਸ ਵਧਦਾ ਹੈ ਅਤੇ ਉਨ੍ਹਾਂ ਲਈ ਕਾਰਪੋਰੇਟ ਖੇਤਰ ਵਿੱਚ ਚੰਗੇ ਮੌਕੇ ਉਪਲੱਬਧ ਹੁੰਦੇ ਹਨ। ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੀ ਇੰਚਾਰਜ ਡਾ. ਕਮਲਜੀਤ ਕੌਰ ਨੇ ਦੱਸਿਆ ਕਿ ਸੈੱਲ ਵੱਲੋਂ ਦੇਸ਼ ਦੇ ਪ੍ਰਮੁੱਖ ਰਿਕਰੂਟਰਾਂ ਨੂੰ ਯੂਨੀਵਰਸਿਟੀ ਨਾਲ ਜੁੜਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਅਤੇ ਵਿਦਿਆਰਥੀਆਂ ਨੂੰ ਸਕਿਲ ਡਿਵੈਲਪਮੈਂਟ, ਕਮਿਊਨਿਕੇਸ਼ਨ ਟ੍ਰੇਨਿੰਗ ਅਤੇ ਉਦਯੋਗ-ਤਿਆਰੀ ਦੀਆਂ ਸਰਗਰਮੀਆਂ ਰਾਹੀਂ ਮੁਕਾਬਲੇਯੋਗ ਬਣਾਇਆ ਜਾ ਰਿਹਾ ਹੈ। ਅੰਡਰਗ੍ਰੈਜੂਏਟ ਵਿਦਿਆਰਥੀਆਂ ਲਈ ਇਹ ?5 ਐਲਪੀਏ ਦਾ ਆਫ਼ਰ ਯੂਨੀਵਰਸਿਟੀ ਦੇ ਮਜ਼ਬੂਤ ਪਲੇਸਮੈਂਟ ਰਿਕਾਰਡ ਨਾਲ ਮਿਲਦਾ-ਜੁਲਦਾ ਹੈ, ਜਿਸ ਤਹਿਤ ਪਹਿਲਾਂ ਵੀ ਵਿਦਿਆਰਥੀ ?6 ਲੱਖ ਸਾਲਾਨਾ ਆਮਦਨ ਤੱਕ ਦੇ ਪੈਕੇਜ ਪ੍ਰਾਪਤ ਕਰ ਚੁੱਕੇ ਹਨ, ਜਦਕਿ ਸਮੁੱਚੀਆਂ ਪਲੇਸਮੈਂਟਾਂ ਵਿੱਚ ਵੱਖ-ਵੱਖ ਪ੍ਰੋਗਰਾਮਾਂ ਰਾਹੀਂ ?14 ਲੱਖ ਸਾਲਾਨਾ ਆਮਦਨ ਤੱਕ ਦੇ ਪੈਕੇਜ ਵੀ ਦਰਜ਼ ਕੀਤੇ ਗਏ ਹਨ। ਯੂਨੀਵਰਸਿਟੀ ਆਈਸੀਆਈਸੀਆਈ ਬੈਂਕ ਲਿਮਿਟਿਡ ਦਾ ਤਹਿ-ਦਿਲੋਂ ਧੰਨਵਾਦ ਕਰਦੀ ਹੈ ਕਿ ਉਸਨੇ ਵਿਦਿਆਰਥੀਆਂ ਨੂੰ ਇਹ ਮਹੱਤਵਪੂਰਨ ਕਰੀਅਰ ਮੌਕੇ ਪ੍ਰਦਾਨ ਕੀਤੇ। ਯੂਨੀਵਰਸਿਟੀ ਭਵਿੱਖ ਵਿੱਚ ਵੀ ਅਜਿਹੀਆਂ ਉਦਯੋਗਿਕ ਭਾਈਚਾਰਕ ਸਾਂਝਾਂ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ।

# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ ਰਾਸ਼ਟਰੀ ਸਾਇੰਸ ਦਿਹਾੜਾ



ਤਲਵੰਡੀ ਸਾਬੋ, 2 ਮਾਰਚ (ਜਗਸੀਰ ਭੁੱਲਰ) ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਹਿਊਮੈਨਟੀਜ਼ ਐਂਡ ਲੈਂਗੂਏਜ਼ਸ ਦੇ ਸਾਇੰਸ ਵਿਭਾਗ ਵੱਲੋਂ ਰਾਸ਼ਟਰੀ ਸਾਇੰਸ ਦਿਹਾੜਾ ਸੈਮੀਨਾਰ ਦਾ ਆਯੋਜਨ ਕੀਤਾ। ਇਸ ਮੌਕੇ ਨੈਸ਼ਨਲ ਅਵਾਰਡੀ ਸਿੱਖਿਆ ਰਤਨ ਡਾ. ਜਸਵਿੰਦਰ ਸਿੰਘ ਨੇ ਮੁੱਖ ਮਹਿਮਾਨ ਅਤੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਸੈਮੀਨਾਰ ਵਿੱਚ ਡੀਨ ਡਾ. ਅਮਿਤ ਟੁਟੇਜਾ, ਅਧਿਆਪਕ ਅਤੇ 200 ਤੋਂ ਵੱਧ ਵਿਦਿਆਰਥੀ ਹਾਜ਼ਰ ਹੋਏ। ਮੁੱਖ ਬੁਲਾਰੇ ਡਾ. ਸਿੰਘ ਨੇ ਕਿਹਾ ਕਿ ਵਿਗਿਆਨ ਅਤੇ ਸਾਡੇ ਆਲੇ ਦੁਆਲੇ ਦਾ ਜੀਵਨ ਤੇ ਬਹੁਤ ਪ੍ਰਭਾਵ ਪੈਂਦਾ ਹੈ। ਉਨ੍ਹਾਂ ਗੁਰਬਾਨੀ ਵਿੱਚ ਦਿੱਤੇ ਗਏ ਵਿਗਿਆਨਿਕ ਤੱਥਾਂ ਦੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਬਾਣੀ ਵਿੱਚ ਆਧੁਨਿਕ ਵਿਗਿਆਨਕ ਕਾਢਾਂ ਬਾਰੇ ਬਹੁਤ ਪਹਿਲਾਂ ਹੀ ਲਿਖਿਆ ਜਾ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਵਿਗਿਆਨ ਅਤੇ ਗਣਿਤ ਦਾ ਸਾਡੇ ਜੀਵਨ ਵਿੱਚ ਮਹੱਤਵਪੂਰਨ ਭੌਤਿਕ ਅਤੇ ਆਤਮਿਕ ਮਹੱਤਵ ਹੈ। ਵਿਸ਼ੇਸ਼ਕਰ ਉਨ੍ਹਾਂ ਇਕ ਓਅੰਕਾਰ(੧ਓ) ਤੇ 108 ਦੇ ਫਲਸਫੇ ਦਾ ਮੂਲ ਦਰਸ਼ਨ ਵਿਦਿਆਰਥੀਆਂ ਨੂੰ ਸਮਝਾਇਆ ਤੇ ਕਿਹਾ ਕਿ ਇਨ੍ਹਾਂ ਦਾ ਵਿਗਿਆਨਕ ਅਸਰ ਹੈ। ਡਾ. ਟੁਟੇਜਾ ਨੇ ਡਾ. ਸੀ. ਵੀ. ਰਮਨ ਅਤੇ ਮੁੱਖ ਬੁਲਾਰੇ ਦੇ ਜੀਵਨ ਅਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਵਿਗਿਆਨਿਕ ਜਾਣਕਾਰੀ ਰਾਹੀ ਅਸੀਂ ਅੰਧ ਵਿਸ਼ਵਾਸਾਂ ਤੋਂ ਪਰੇ ਜਾ ਸਕਦੇ ਹਾਂ।

ਉਨ੍ਹਾਂ ਮੁੱਖ ਬੁਲਾਰੇ ਵੱਲੋਂ ਪੇਸ਼ ਕੀਤੀਆਂ ਗਈਆਂ ਵਿਗਿਆਨਿਕ ਟ੍ਰਿਕਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਜਦੋਂ ਸਾਨੂੰ ਕਿਸੇ ਚੀਜ਼ ਦੀ ਜਾਣਕਾਰੀ ਨਹੀਂ ਹੁੰਦੀ ਤਾਂ ਸਾਨੂੰ ਇਹ ਜਾਦੂ ਜਾਪਦੀ ਹੈ। ਜਦਕਿ ਇਹ ਸਭ ਵਿਗਿਆਨਿਕ ਤੱਥਾਂ ਦੇ ਆਧਾਰਿਤ ਹੁੰਦੀ ਹੈ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਨੂੰ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।

# ਕੁਦਰਤੀ ਖੇਤੀ ਪ੍ਰਣਾਲੀ ਤੋਂ ਇਲਾਵਾ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਉਣ ਬਾਰੇ ਦਿੱਤੀ ਗਈ ਜਾਣਕਾਰੀ



ਬਠਿੰਡਾ, 2 ਮਾਰਚ (ਜਗਸੀਰ ਭੁੱਲਰ) ਮੁੱਖ ਖੇਤੀਬਾੜੀ ਅਫਸਰ ਬਠਿੰਡਾ ਡਾ. ਹਰਬੰਸ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਪ੍ਰੋਜੈਕਟ ਡਾਇਰੈਕਟਰ ਆਤਮਾ ਬਠਿੰਡਾ ਡਾ. ਤੇਜਦੀਪ ਕੌਰ ਬੋਪਾਰਾਏ ਦੀ ਅਗਵਾਈ ਹੇਠ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਅਤੇ ਆਤਮਾ ਸਕੀਮ ਅਧੀਨ ਰਿਜਨਰੇਟਿਵ ਐਗ੍ਰੀਕਲਚਰ-ਇਕ ਕੁਦਰਤੀ ਖੇਤੀ ਪੱਧਤੀ ਵਿਸ਼ੇ 'ਤੇ 4 ਦਿਨਾਂ ਦਾ ਸਿਖ਼ਲਾਈ ਪ੍ਰੋਗਰਾਮ ਸਥਾਨਕ ਖੇਤੀ ਭਵਨ ਵਿਖੇ ਕਰਵਾਇਆ ਗਿਆ।

ਇਸ ਦੌਰਾਨ ਮੁੱਖ ਖੇਤੀਬਾੜੀ ਅਫਸਰ ਡਾ. ਹਰਬੰਸ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਅਤੇ ਕੁਦਰਤੀ ਖੇਤੀ ਪ੍ਰਣਾਲੀਆਂ ਬਾਰੇ ਜਾਗਰੂਕ ਕਰਨਾ, ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਉਣਾ ਅਤੇ ਖੇਤੀ ਨੂੰ ਟਿਕਾਊ ਅਤੇ ਲਾਭਕਾਰੀ ਬਣਾਉਣਾ ਸੀ। ਸਿਖ਼ਲਾਈ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਰ ਡਾ. ਤੇਜਬੀਰ ਸਿੰਘ ਬੁੱਟਰ, ਡਾ. ਪ੍ਰੀਤਪਾਲ ਸਿੰਘ, ਡਾ. ਨਵਨੀਤ ਕੌਰ, ਡਾ. ਜਸਰੀਤ ਕੌਰ ਅਤੇ ਡਾ. ਗੁਰਦੀਪ ਸਿੰਘ ਵੱਲੋਂ ਰਿਜਨਰੇਟਿਵ ਖੇਤੀ ਦੇ ਸੰਕਲਪ ਅਤੇ ਸਿਧਾਂਤ, ਮਿੱਟੀ ਦੀ ਸਿਹਤ ਅਤੇ ਮਿੱਟੀ ਜੀਵ ਵਿਗਿਆਨ, ਸੋਇਲ ਹੈਲਥ ਕਾਰਡ ਦੀ ਸਮਝ, ਫ਼ਸਲ ਯੋਜਨਾ, ਜੈਵਿਕ ਪੋਸ਼ਕ ਪ੍ਰਬੰਧਨ (ਜੀਵਾਮ੍ਰਿਤ, ਬੀਜਾਮ੍ਰਿਤ, ਵਰਮੀਕੰਪੋਸਟ), ਕੁਦਰਤੀ ਕੀਟ ਅਤੇ ਰੋਗ ਪ੍ਰਬੰਧਨ ਅਤੇ ਰਿਜਨਰੇਟਿਵ ਖੇਤੀ ਦੇ ਅਰਥਸ਼ਾਸ਼ਤ੍ਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਮਾਗਮ ਦੇ ਆਖਰੀ ਦਿਨ ਭਾਗੀਦਾਰਾਂ ਨੂੰ ਸੋਹਨਗੜ੍ਹ ਕੁਦਰਤੀ ਫਾਰਮ ਦਾ ਦੌਰਾ ਕਰਵਾਇਆ ਗਿਆ, ਜਿੱਥੇ ਉਨ੍ਹਾਂ ਨੇ ਕੁਦਰਤੀ ਖੇਤੀ ਦੇ ਸਫਲ ਮਾਡਲਾਂ ਦਾ ਮੌਕੇ 'ਤੇ ਅਧਿਐਨ ਕੀਤਾ। ਇਸ ਮੌਕੇ ਸਟੇਜ ਸੰਚਾਲਨ ਡੀ.ਪੀ.ਡੀ. ਆਤਮਾ ਨਰੇਂਦਰ ਗੋਦਾਰਾ ਅਤੇ ਬੀ.ਟੀ.ਐਮ. ਕੰਵਲਜੀਤ ਸਿੰਘ ਵੱਲੋਂ ਕੀਤਾ ਗਿਆ। ਇਸ ਦੇ ਨਾਲ ਹੀ ਬੀ.ਟੀ.ਐਮ. ਮਨਦੀਪ ਕੌਰ ਅਤੇ ਨਵਜੀਤ ਸਿੰਘ (ਕੰਪਿਊਟਰ ਆਪਰੇਟਰ) ਵੀ ਹਾਜ਼ਰ ਸਨ।

**ਜ਼ਰੂਰੀ ਸੂਚਨਾ**
ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਮੋਹਾਲੀ ਦੇ ਸੀਪੀ67 ਮਾਲ ਵਿੱਚ ਭਗਤੀਮਈ ਮਾਹੌਲ, ਭਵਿਆ ਸੁੰਦਰਕਾਂਡ ਪਾਠ ਦਾ ਆਯੋਜਨ

ਮੋਹਾਲੀ,2 ਮਾਰਚ (ਹਰਦੀਪ ਕੌਰ): ਮੋਹਾਲੀ ਦੇ ਪ੍ਰਮੁੱਖ ਵਪਾਰਕ ਕੇਂਦਰ ਸੀਪੀ 67 ਮਾਲ ਵਿੱਚ ਕੱਲ੍ਹ ਆਸਥਾ ਅਤੇ ਭਗਤੀ ਦਾ ਵਿਲੱਖਣ ਦਰਸ਼ਨ ਹੋਇਆ, ਜਦੋਂ ਪ੍ਰਸਿੱਧ ਕਥਾਵਾਚਕ ਰਸਰਾਜ ਮਹਾਰਾਜ ਦੀ ਹਾਜ਼ਰੀ ਵਿੱਚ ਭਵਿਆ ਸੁੰਦਰਕਾਂਡ ਪਾਠ ਦਾ ਆਯੋਜਨ ਕੀਤਾ ਗਿਆ। ਸੈਂਕੜਿਆਂ ਸ਼ਰਧਾਲੂਆਂ ਦੀ ਹਾਜ਼ਰੀ ਵਿੱਚ ਰਾਮ ਨਾਮ ਦੀ ਗੂੰਜ ਨਾਲ ਸਾਰਾ ਪਰਿਸਰ ਭਗਤੀ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ। ਸਮੂਹਕ ਪਾਠ, ਮੰਤ੍ਰੋਚਾਰ ਅਤੇ ਭਜਨਾਂ ਦੀ ਸੁਰੀਲੀ ਪੇਸ਼ਕਸ਼ ਨੇ ਮਾਹੌਲ ਨੂੰ ਆਧਿਆਤਮਿਕ ਉਰਜਾ ਨਾਲ ਭਰ ਦਿੱਤਾ। ਹਾਜ਼ਰ ਸ਼ਰਧਾਲੂ ਪੂਰੇ ਸਮੇਂ ਭਾਵ-ਭੀਨੇ ਹੋ ਕੇ ਪਾਠ ਵਿੱਚ ਲੀਨ ਰਹੇ। ਆਯੋਜਕਾਂ ਅਨੁਸਾਰ, ਇਸ ਤਰ੍ਹਾਂ ਦੇ ਧਾਰਮਿਕ ਅਤੇ



ਸੱਭਿਆਚਾਰਕ ਸਮਾਗਮ ਸਮਾਜ ਵਿੱਚ ਏਕਤਾ ਅਤੇ ਸਕਾਰਾਤਮਕਤਾ ਦਾ ਸੰਦੇਸ਼ ਦੇਂਦੇ ਹਨ। ਸਮਾਗਮ ਦਾ ਸਮਾਪਨ ਆਰਤੀ ਅਤੇ ਪ੍ਰਸ਼ਾਦ ਵੰਡ ਨਾਲ ਕੀਤਾ ਗਿਆ।

## ਉੱਤਰ ਰੇਲਵੇ

**ਨਿਵਿਦਾ ਸੂਚਨਾ**

ਚੀਫ ਮੈਡੀਕਲ ਸੁਪਰਟੈਂਡੈਂਟ, ਉਤਰ ਰੇਲਵੇ, ਅੰਬਾਲਾ ਕੈਂਟ, ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਹੇਠਾਂ ਲਿਖਤ ਕੰਮ ਦੇ ਲਈ ਤੈਅ ਫਾਰਮ ਤੇ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕਰਦੇ ਹਨ।

| | | |
|---|---|---|
| 1. | ਟੈਂਡਰ ਨੰ. | ਨੰ. ਐਲਪੀ-ਮੇਡ-01-ਐਸਡੀਐਚ-ਐਸਆਰਈ, ਐਲਪੀ-ਮੇਡ-01-ਐਚਯੂ-ਬੀਟੀਆਈ |
| 2. | ਕੰਮ ਦਾ ਨਾਮ | ਉੱਤਰ ਰੇਲਵੇ ਐਸਡੀਐਚ ਸਹਾਰਨਪੁਰ ਅਤੇ ਸਿਹਤ ਇਕਾਈ ਬਠਿੰਡਾ, ਦੋ ਸਾਲ ਦੇ ਲਈ ਸਮੇਂ-ਸਮੇਂ ਤੇ ਜਾਰੀ ਦਵਾ ਖਰੀਦ ਨੀਤੀ ਅਤੇ ਆਈਆਰਪੀ ਦੇ ਅਨੁਸਾਰ ਦਵਾਈ, ਸਰਜੀਕਲ ਆਈਟਮ ਅਤੇ ਉਪਭੋਗ ਸਮਗਰੀਆਂ ਆਦਿ ਦੀ ਦਿਨ-ਪ੍ਰਤੀਦਿਨ ਦੀ ਖੁਦਰਾ ਸਥਾਨਕ ਖਰੀਦ ਦੇ ਲਈ ਖੁਦਰਾ ਸਪਲਾਈਕਰਤਾ ਦਾ ਪੈਨਲ। |
| 3. | ਬਿਆਨਾ ਰਾਸ਼ੀ/ ਸਹਾਰਨਪੁਰ | ਨਿਵਿਦਾ ਨੰਬਰ:- ਐਲਪੀ-ਮੇਡ-01-ਐਸਡੀਐਚ-ਐਸਆਰਈ ਦੇ ਲਈ ਆਈਆਰਈਪੀਐਸ ਪੋਰਟਲ ਉਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਦੇ ਮਾਧਿਅਮ ਨਾਲ 36,000/- ਰੁਪਏ |
| | ਬਿਆਨਾ ਰਾਸ਼ੀ/ ਬਠਿੰਡਾ | ਨਿਵਿਦਾ ਨੰਬਰ:- ਐਲਪੀ-ਮੇਡ-01-ਐਚਯੂ-ਬੀਟੀਆਈ ਦੇ ਲਈ ਆਈਆਰਈਪੀਐਸ ਪੋਰਟਲ ਉਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਦੇ ਮਾਧਿਅਮ ਨਾਲ 36,000/- ਰੁਪਏ |
| 4. | ਪੂਰਾ ਸਮਾਂ | ਦੋ ਸਾਲ |
| 5. | ਟੈਂਡਰ ਜਮ੍ਹਾ ਕਰਨ ਅਤੇ ਖੋਹਲਣ ਦਾ ਅੰਤਮ ਮਿਤੀ ਅਤੇ ਸਮਾਂ | 24.02.2026 ਨੂੰ 15.00 ਵਜੇ ਤਕ ਅਤੇ ਟੈਂਡਰ ਮਿਤੀ 24.03.2026 ਨੂੰ 15.10 ਵਜੇ ਚੀਫ ਮੈਡੀਕਲ ਸੁਪਰਟੈਂਡੈਂਟ ਉਤਰ ਰੇਲਵੇ ਅੰਬਾਲਾ ਛਾਉਣੀ ਦੇ ਦਫਤਰ ਵਿਚ ਖੋਹਲਿਆ ਜਾਵੇਗਾ। |
| 6. | ਉਤਰ ਰੇਲਵੇ ਵੈਬਸਾਈਟ | https://ireps.gov.in ਨਿਵਿਦਾਕਰਤਾ ਆਪਣੇ ਖੁਦ ਦੇ ਰਿਸਕ ਤੇ ਬੋਲੀ ਸ਼ੁਰੂ ਕਰ ਸਕਦੇ ਹਨ। |

ਨੰ. ਐਲਪੀ-ਮੇਡ-01-ਐਸਡੀਐਚ-ਐਸਆਰਈ, ਐਲਪੀ-ਮੇਡ-01-ਐਚਯੂ-ਬੀਟੀਆਈ
ਮਿਤੀ: 28.02.2026 702/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**OFFICE OF THE CIVIL JUDGE (SENIOR DIVISION), PATHANKOT**
**AUCTION NOTICE**
NO.224/COC Dated : 02.03.2026
Sealed applications are invited from the eligible contenders upto 13.03.2026 till 04.00 PM for auction of the canteen, one Photostat Shop and Public parking on lease at the New Judicial Courts Complex, Pathankot for the period from 01.04.2026 to 31.03.2027. The auction will be held on 16.03.2026 at 1:30 pm. The details /terms & Conditions can be viewed on the website https://pathankot.dcourts.gov.in/#tenders till 13.03.2026. The Successful lessee shall have to deposit 25% of the lease money at the time of auction. For further query, office of the undersigned can be contacted.
Dated:02.03.2026
**Sd/- Prabhjot kaur**
**Addl.Civil Judge (Senior Division),Pathankot.**

**Office of The District and Sessions Judge , Shaheed Bhagat Singh Nagar**
**Tender Notice**
Sealed Separate tenders are invited from willing out-sourcing registered organaizations/agencies for allotment of contract of work of housekeeping,cleaning and sweeping (Sweepers) and greenery and plantation work (Malis) service in the premises of the judicial courts complex, Shaheed Bhagat Singh Nagar having area of 2,25,020, sq. feet of covered area of court Block, 3595.65 sq Feet of public entry,24816 sq feet of Roads/foot paths, 75011 sq feet of parking area ,81958 sq feet of green area and 48121.44 sqm.of Boundary area as such , Total Area comes to 11.90 acre for the period from 01.04.2026 to 31.03.2027 which can be extended further by the competent authority subject to satisfactory performance of services .
The agency/organization shell deploy sweepers and malis (at the approved rates of Deputy commissioner , shaheed Bhagat Singh Nagar) for managing the intended work. The agency has to engage suitable number of female workers for Cleaning and Sleeping of ladies washrooms,said organization/agency shall ensure proper and efficient cleaning of the premises twice a day on all the days of the week except sundays of this complex which includes entrance lounges, corridors , rooms, officer's chambers, cleaning of windows , panes and room doors lavatories including all sanitary filling viz. urinals ,wash hand basins , glazed tiles, sinks, water coolers etc.and swabbing them with water mixed detergent and liquid phenyls etc. it shall also ensure proper maintenance and developement of complete plantation work which includes watering plants, shrubs,saplings,trees daily (except on rainy days) preferably in the morning & evening , weeding and hoeing of the planted area. filling up the gaps/mortalities ,pruning/trimming of plants,shrubs , herbs,hedges & beds etc. manuring of plants and trees as and when required spraying of appropriate insecticides , pesticides , fungicide etc. removing the dead leaves, cleaning the area including disposal of waste, twigs, garbage on day to day basis, making bunds of the plants wherever required ,adding fertile soil and manure to the roots of the plants necessary and other maintenance work which may be essential
The tender shall be accompanied by the necessary documents required under relevant law/rules for said purpose and also for ascertaining the financial status of the tenderer . The agency/ firm specifically and separately mention details of GST in their tender and renders shall not be entertained without specific details of GST. complete details/terms and conditions can be downloaded from the website https://sbsnagar.dcourts.gov.in/ of this office from 03.03.2026 onwards .The agency may also visit the concerned venue to make assessment regarding the work to be allotted at own level. The last date for receipt of tenders will be 09.03.2026 and tenders will be opened in the presence of tenderers or their authorized representatives in the surveillance of District Level Building Maintenance Committee in the meeting room of New Judicial Courts Complex, who Choose to attend the opening of tenders on 09.03.2026 at 3:00PM. the form(s) must be accompanied by refundable earnest money of Rs . 50,000/- in the shape of bank draft drawn on any schedule bank in favour of the District and Sessions Judge , SBS Nagar. This office will not take any responsibility for any postal delay and tenders received after due date will not be accepted

**Sd/- Komple Dhanjal** Addl. Civil judge (SD) SBS Nagar
**Sd/- Baljinder Singh Maan** Principal Judge, Family Court SBS Nagar
**Sd/- Harish Anand** Addl. District & Sessions Judge, SBS Nagar

**ਦਫਤਰ ਸਿਵਿਲ ਜੱਜ (ਸੀਨੀਅਰ ਡਵੀਜ਼ਨ), ਹੁਸ਼ਿਆਰਪੁਰ**
ਜਨਤਕ ਨਿਲਾਮੀ ਸੂਚਨਾ ਮਿਤੀ 02/03/2026
ਇਸ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਮਰਾ ਨੰਬਰ 134, ਪਹਿਲੀ ਮੰਜ਼ਿਲ, ਬਲਾਕ-ਡੀ ਨਿਊ ਜ਼ਿਲ੍ਹਾ ਅਤੇ ਸੈਸ਼ਨਜ ਕੋਰਟ ਕੰਪਲੈਕਸ,ਹੁਸ਼ਿਆਰਪੁਰ ਵਿਖੇ ਜਨਤਕ ਸੁਵਿਧਾਵਾਂ ਦੀ ਬੋਲੀ ਮਿਤੀ 20.03.2026 ਸਮਾਂ ਸਵੇਰੇ 11.30 ਵਜੇ ਹੋਣ ਜਾ ਰਹੀ ਹੈ। ਜਿਸ ਅਨੁਸਾਰ ਨਿਊ ਜ਼ਿਲ੍ਹਾ ਅਤੇ ਸੈਸ਼ਨਜ ਕੋਰਟ ਕੰਪਲੈਕਸ, ਹੁਸ਼ਿਆਰਪੁਰ ਵਿਖੇ ਸਥਿਤ ਕੰਨਟੀਨ, ਸਾਇਕਲ/ਸਕੂਟਰ/ਕਾਰ ਪਾਰਕਿੰਗ, ਇਕ ਦੁਕਾਨ ਪੈਕੇਜਡ ਫੂਡ ਆਇਟਮ/ਵੇਰਕਾ/ਮਾਰਕਫੈਡ ਅਤੇ ਦੁਕਾਨ ਨੰ. 2,3,4 ਫੋਟੋਸਟੇਟ/ਕੰਪਿਊਟਰ ਟਾਈਪਿੰਗ/ਪ੍ਰਿੰਟਿੰਗ/ਇੰਟਰਨੈਟ ਅਤੇ ਸਟੇਸ਼ਨਰੀ ਆਦਿ ਅਤੇ ਕੋਰਟ ਕੰਪਲੈਕਸ ਦਸੂਹਾ ਵਿਖੇ ਸਥਿਤ ਕੰਨਟੀਨ,ਸਾਇਕਲ/ਸਕੂਟਰ/ਕਾਰ ਪਾਰਕਿੰਗ ਇਕ ਫੋਟੋਸਟੇਟ ਦੁਕਾਨ, ਇਕ ਸੰਡਰੀ ਵਰਕਸ ਅਤੇ ਕੰਪਿਊਟਰ ਟਾਈਪਿਸਟ ਲਈ ਅਤੇ ਨਿਊ ਜੂਡੀਸ਼ੀਅਲ ਕੋਰਟ ਕੰਪਲੈਕਸ ਮੁਕੇਰੀਆਂ ਵਿਖੇ ਸਥਿਤ ਕੰਨਟੀਨ , ਦੁਕਾਨ ਨੰਬਰ 1,2,3,4 ਫੋਟੋਸਟੇਟ/ਕੰਪਿਊਟਰ/ਟਾਈਪਿੰਗ/ਪ੍ਰਿੰਟਿੰਗ/ਇੰਟਰਨੈਟ ਅਤੇ ਸਟੇਸ਼ਨਰੀ ਲਈ ਮਿਤੀ 01.04.2026 ਤੋਂ 31.03.2027 ਤੱਕ ਠੇਕੇ ਲਈ ਜਨਤਕ ਨਿਲਾਮੀ ਕੀਤੀ ਜਾਵੇਗੀ। ਇਸ ਸਬੰਧੀ ਵੇਰਵੇ ਸਾਹਿਤ ਨਿਯਮਾਂ ਅਤੇ ਸ਼ਰਤਾਂ ਇਕ ਕੋਰਟ ਦੀ ਹੇਠਾਂ ਲਿਖੀ ਵੈਬਸਾਈਟ 'ਤੇ ਦੇਖੀਆਂ ਜਾ ਸਕਦੀਆਂ ਹਨ।
https://ecourts.gov.in/hoshiarpur/
**ਸਹੀ/- ਸਿਵਿਲ ਜੱਜ (ਸੀਨੀਅਰ ਡਵੀਜ਼ਨ) ਹੁਸ਼ਿਆਰਪੁਰ**

**ਦਫਤਰ ਸੀਨੀਅਰ ਮੈਡੀਕਲ ਅਫਸਰ ਇੰ: ਸਿਵਲ ਹਸਪਤਾਲ ਸਮਾਣਾ**
**ਜਨਤਕ ਸੂਚਨਾ**
ਨੰ: 369 ਮਿਤੀ 02/03/2026
ਇਸ ਇਸ਼ਤਿਹਾਰ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਿਵਲ ਹਸਪਤਾਲ ਸਮਾਣਾ ਦੇ ਸਾਇਕਲ ਸਟੈਂਡ ਦੇ ਠੇਕੇ ਸੰਬਧੀ ਟੈਂਡਰ ਫਾਰਮ ਅਤੇ ਸ਼ਰਤਾਂ 1000 ਰੁਪਏ ਵਿਚ ਐਸ.ਐਮ.ਓ. ਸਮਾਣਾ ਦੇ ਦਫਤਰ ਤੋਂ ਮਿਤੀ 3.3.2026 ਤੋਂ 11.3.2026 ਦੁਪਹਿਰ 1.00 ਵਜੇ ਤੱਕ ਕਿਸੇ ਵੀ ਕੰਮ ਕਾਜ ਵਾਲੇ ਦਿਨ ਪ੍ਰਾਪਤ ਕੀਤੇ ਜਾ ਸਕਦੇ ਹਨ ਅਤੇ ਟੈਂਡਰ ਫਾਰਮ ਮਿਤੀ 12.3.2026 ਨੂੰ ਸਵੇਰੇ 10.00 ਵਜੇ ਤੱਕ ਜਮ੍ਹਾ ਕਰਵਾਏ ਜਾ ਸਕਦੇ ਹਨ।
**ਸਹੀ/- ਸੀਨੀਅਰ ਮੈਡੀਕਲ ਅਫਸਰ ਇੰਚ. ਸਿਵਲ ਹਸਪਤਾਲ ਸਮਾਣਾ**

# ਯੁੱਧ ਕਾਰਨ ਪੂਰੀ ਦੁਨੀਆਂ ਵਿੱਚ ਤੇਲ ਦੀ ਟੈਨਸ਼ਨ

## ਮੱਚ ਸਕਦੀ ਹੈ ਗਲੋਬਲ ਮਾਰ-ਧਾੜ



ਜੰਗ ਵਿਸ਼ਵ ਪੱਧਰ 'ਤੇ ਉਥਲ-ਪੁਥਲ ਦਾ ਕਾਰਨ ਇਹ ਹੈ ਕਿ ਈਰਾਨ ਕੋਲ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਾਬਤ ਤੇਲ ਭੰਡਾਰ ਹੈ। 2024-25 ਵਿੱਤੀ ਸਾਲ ਦੇ ਅਨੁਮਾਨਾਂ ਤੋਂ ਪਤਾ ਚੱਲਦਾ ਹੈ ਕਿ ਈਰਾਨ 208-209 ਬਿਲੀਅਨ ਬੈਰਲ ਤੇਲ ਦੇ ਖਜ਼ਾਨੇ 'ਤੇ ਬੈਠਾ ਹੈ।

ਈਰਾਨ 'ਤੇ ਇਜ਼ਰਾਈਲੀ-ਅਮਰੀਕੀ ਹਮਲੇ ਨੇ ਵਿਸ਼ਵ ਤਣਾਅ ਵਧਾ ਦਿੱਤਾ ਹੈ। ਅਮਰੀਕਾ-ਇਜ਼ਰਾਈਲ-ਇਰਾਨ ਯੁੱਧ ਦੇ ਹੁਣ ਤੱਕ ਦੇ ਅਪਡੇਟਸ ਨੂੰ ਦੇਖਦੇ ਹੋਏ, ਈਰਾਨ ਦੇ ਸੁਪਰੀਮ ਲੀਡਰ, ਅਯਾਤੁੱਲਾ ਅਲੀ ਖਮੇਨੀ ਦੀ ਮੌਤ ਹੋ ਗਈ ਹੈ।

ਟਰੰਪ ਅਤੇ ਇਜ਼ਰਾਈਲ ਦੇ ਦਾਅਵਿਆਂ ਤੋਂ ਬਾਅਦ, ਈਰਾਨੀ ਫੌਜ (IRGC), ਸਰਕਾਰੀ ਨਿਊਜ਼ ਏਜੰਸੀ IRNA, ਅਤੇ ਮੁੱਖ ਨਿਊਜ਼ ਚੈਨਲ ਪ੍ਰੈਸ ਟੀਵੀ ਨੇ ਅਧਿਕਾਰਤ ਤੌਰ 'ਤੇ ਇਸਦੀ ਪੁਸ਼ਟੀ ਕੀਤੀ ਹੈ। ਹਾਲਾਂਕਿ, ਖਮੇਨੀ ਦੀ ਮੌਤ ਤੋਂ ਬਾਅਦ ਵੀ ਹਮਲੇ ਜਾਰੀ ਹਨ, ਜਿਸ ਨਾਲ ਕੱਚੇ ਤੇਲ ਦੀ ਸਪਲਾਈ ਬਾਰੇ ਵਿਸ਼ਵਵਿਆਪੀ ਚਿੰਤਾਵਾਂ ਵਧਦੀਆਂ ਜਾ ਰਹੀਆਂ ਹਨ। ਇਸ ਦੇ ਪਿੱਛੇ ਮੁੱਖ ਕਾਰਨ ਇਹ ਹੈ ਕਿ ਈਰਾਨ ਤੇਲ ਦੇ ਖਜ਼ਾਨੇ 'ਤੇ ਬੈਠਾ ਹੈ, ਅਤੇ ਕੋਈ ਵੀ ਵਿਘਨ ਚੀਨ ਸਮੇਤ ਕਈ ਵੱਡੇ ਦੇਸ਼ਾਂ ਵਿੱਚ ਦਹਿਸ਼ਤ ਦਾ ਕਾਰਨ ਬਣ ਸਕਦਾ ਹੈ। ਆਓ ਜਾਣਦੇ ਹਾਂ ਕਿਵੇਂ? ਅਮਰੀਕਾ-ਇਜ਼ਰਾਈਲ-ਈਰਾਨ ਯੁੱਧ ਨੇ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧੇ ਦੀ ਸੰਭਾਵਨਾ ਵਧਾ ਦਿੱਤੀ ਹੈ। ਕਈ ਰਿਪੋਰਟਾਂ ਅਗਲੇ ਹਫ਼ਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧੇ ਦੀ ਭਵਿੱਖਬਾਣੀ ਕਰਦੀਆਂ ਹਨ। ਹੋਰਮੁਜ਼ ਜਲਡਮਰੂ ਵਿੱਚ ਜਹਾਜ਼ਾਂ ਦੀ ਨਾਕਾਬੰਦੀ ਅਤੇ ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲੀ ਹਮਲਿਆਂ ਦੇ ਨਾਲ ਲਗਾਤਾਰ ਨਾਕਾਬੰਦੀ ਨੇ ਮੱਧ ਪੂਰਬ ਤੋਂ ਤੇਲ ਸਪਲਾਈ ਨੂੰ ਲੈ ਕੇ ਤਣਾਅ ਵਧਾ ਦਿੱਤਾ ਹੈ। ਕੱਚੇ ਤੇਲ ਦੀਆਂ ਕੀਮਤਾਂ ਯੁੱਧ ਸ਼ੁਰੂ ਹੋਣ ਤੋਂ ਪਹਿਲਾਂ ਹੀ ਵਧਣੀਆਂ ਸ਼ੁਰੂ ਹੋ ਗਈਆਂ ਸਨ, ਅਤੇ ਪਿਛਲੇ ਸ਼ੁੱਕਰਵਾਰ ਨੂੰ, ਬ੍ਰੈਂਟ ਕੱਚੇ ਤੇਲ ਦੀਆਂ ਕੀਮਤਾਂ 2.87% ਵਧ ਕੇ ਲਗਭਗ $73 ਪ੍ਰਤੀ ਬੈਰਲ ਤੱਕ ਪਹੁੰਚ ਗਈਆਂ।

ਹੁਣ, ਭਿਆਨਕ ਯੁੱਧ ਦੇ ਵਿਚਕਾਰ, ਮਾਹਰ ਅਗਲੇ ਹਫ਼ਤੇ ਕੀਮਤਾਂ ਵਿੱਚ ਤੇਜ਼ੀ ਨਾਲ ਵਾਧੇ ਦੀ ਭਵਿੱਖਬਾਣੀ ਕਰ ਰਹੇ ਹਨ। ਸੈਂਟਰ ਫਾਰ ਸਟ੍ਰੈਟੇਜਿਕ ਐਂਡ ਇੰਟਰਨੈਸ਼ਨਲ ਸਟੱਡੀਜ਼ ਦੇ ਅਨੁਸਾਰ, ਜੇਕਰ ਈਰਾਨ ਯੁੱਧ ਕਾਰਨ ਟੈਂਕਰ ਆਵਾਜਾਈ ਵਿੱਚ ਵਿਘਨ ਪਾਉਂਦਾ ਹੈ, ਤਾਂ ਬ੍ਰੈਂਟ ਕੱਚਾ ਤੇਲ $90 ਪ੍ਰਤੀ ਬੈਰਲ ਤੋਂ ਵੱਧ ਹੋ ਸਕਦਾ ਹੈ। ਇਸ ਦੌਰਾਨ, ਜੇਪੀ ਮੋਰਗਨ ਚੇਜ਼ ਦੁਆਰਾ ਇੱਕ ਵਿਸ਼ਲੇਸ਼ਣ ਸੁਝਾਅ ਦਿੰਦਾ ਹੈ ਕਿ ਮੱਧ ਪੂਰਬ ਵਿੱਚ ਗੰਭੀਰ ਵਿਘਨ ਦੀ ਸਥਿਤੀ ਵਿੱਚ ਕੱਚੇ ਤੇਲ ਦੀਆਂ ਕੀਮਤਾਂ $100 ਪ੍ਰਤੀ ਬੈਰਲ ਤੋਂ ਵੱਧ ਹੋ ਸਕਦੀਆਂ ਹਨ। 28 ਫਰਵਰੀ ਨੂੰ ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲੀ ਹਮਲੇ, ਜਿਸ ਤੋਂ ਬਾਅਦ ਤਹਿਰਾਨ ਦੀਆਂ ਜਵਾਬੀ ਕਾਰਵਾਈਆਂ ਨੇ ਇੱਕ ਵਾਰ ਫਿਰ ਮੱਧ ਪੂਰਬ ਨੂੰ ਸੰਕਟ ਦੇ ਕੰਢੇ 'ਤੇ ਧੱਕ ਦਿੱਤਾ ਹੈ।

ਜਦੋਂ ਕਿ ਧਿਆਨ ਫੌਜੀ ਕਾਰਵਾਈਆਂ 'ਤੇ ਹੈ, ਇਸਦਾ ਪ੍ਰਭਾਵ ਵਿਸ਼ਵ ਊਰਜਾ ਬਾਜ਼ਾਰਾਂ 'ਤੇ ਡੂੰਘਾ ਹੋ ਸਕਦਾ ਹੈ। ਵਿਸ਼ਵਵਿਆਪੀ ਉਥਲ-ਪੁਥਲ ਈਰਾਨ ਦੇ ਤੀਜੇ ਸਭ ਤੋਂ ਵੱਡੇ ਸਾਬਤ ਤੇਲ ਭੰਡਾਰਾਂ ਤੋਂ ਪੈਦਾ ਹੁੰਦੀ ਹੈ। ਵਿੱਤੀ ਸਾਲ 2024-25 ਦੇ ਅਨੁਮਾਨ ਦਰਸਾਉਂਦੇ ਹਨ ਕਿ ਈਰਾਨ ਕੋਲ 208-209 ਬਿਲੀਅਨ ਬੈਰਲ ਤੇਲ ਹੈ। ਇਹ ਵਿਸ਼ਵਵਿਆਪੀ ਤੇਲ ਭੰਡਾਰਾਂ ਦਾ ਲਗਭਗ 12% ਅਤੇ ਮੱਧ ਪੂਰਬ ਦੇ ਕੁੱਲ ਭੰਡਾਰਾਂ ਦਾ ਲਗਭਗ ਇੱਕ ਚੌਥਾਈ ਹਿੱਸਾ ਦਰਸਾਉਂਦਾ ਹੈ।

ਸਾਲਾਂ ਦੀਆਂ ਪਾਬੰਦੀਆਂ ਅਤੇ ਸੀਮਤ ਵਿਦੇਸ਼ੀ ਨਿਵੇਸ਼ ਦੇ ਬਾਵਜੂਦ, ਈਰਾਨ ਇੱਕ ਬਹੁਤ ਹੀ ਸੰਤੁਲਿਤ ਤੇਲ ਬਾਜ਼ਾਰ ਵਿੱਚ ਇੱਕ ਮੁੱਖ ਸਪਲਾਇਰ ਬਣਿਆ ਹੋਇਆ ਹੈ। ਈਰਾਨ ਵਰਤਮਾਨ ਵਿੱਚ ਰੋਜ਼ਾਨਾ ਲਗਭਗ 3.3 ਤੋਂ 3.5 ਮਿਲੀਅਨ ਬੈਰਲ ਕੱਚਾ ਤੇਲ ਪੈਦਾ ਕਰਦਾ ਹੈ, ਜੋ ਕਿ ਵਿਸ਼ਵਵਿਆਪੀ ਸਪਲਾਈ ਦਾ ਲਗਭਗ 3% ਹੈ। ਦੇਸ਼ ਪ੍ਰਤੀ ਦਿਨ ਲਗਭਗ 1.3 ਮਿਲੀਅਨ ਬੈਰਲ ਕੰਡੈਂਸੇਟ ਅਤੇ ਹੋਰ ਤਰਲ ਪਦਾਰਥ ਵੀ ਪੈਦਾ ਕਰਦਾ ਹੈ। OPEC ਵਿੱਚ ਤੀਜੇ ਸਭ ਤੋਂ ਵੱਡੇ ਉਤਪਾਦਕ ਵਜੋਂ, ਈਰਾਨ ਵਿਸ਼ਵਵਿਆਪੀ ਤੇਲ ਸਪਲਾਈ ਦਾ ਲਗਭਗ 4.5% ਯੋਗਦਾਨ ਪਾਉਂਦਾ ਹੈ। 1974 ਵਿੱਚ ਆਪਣੇ ਸਿਖਰ 'ਤੇ, ਈਰਾਨ ਨੇ ਪ੍ਰਤੀ ਦਿਨ ਲਗਭਗ 6 ਮਿਲੀਅਨ ਬੈਰਲ ਉਤਪਾਦਨ ਕੀਤਾ।

ਓਪੇਕ ਦੇ ਅੰਕੜਿਆਂ ਅਨੁਸਾਰ, ਉਤਪਾਦਨ ਉਦੋਂ ਤੋਂ ਘਟ ਕੇ ਲਗਭਗ 3.1 ਮਿਲੀਅਨ ਬੈਰਲ ਪ੍ਰਤੀ ਦਿਨ ਰਹਿ ਗਿਆ ਹੈ, ਪਰ ਦੇਸ਼ ਊਰਜਾ ਬਾਜ਼ਾਰਾਂ ਵਿੱਚ ਇੱਕ ਮਹੱਤਵਪੂਰਨ ਸ਼ਕਤੀ ਬਣਿਆ ਹੋਇਆ ਹੈ। ਪਾਬੰਦੀਆਂ ਤੋਂ ਬਾਅਦ ਵੀ, ਈਰਾਨ ਰੋਜ਼ਾਨਾ 1.5 ਮਿਲੀਅਨ ਬੈਰਲ ਤੇਲ ਦਾ ਉਤਪਾਦਨ ਜਾਰੀ ਰੱਖਦਾ ਹੈ। ਸਲਾਹਕਾਰ ਫਰਮ FGE ਦੇ ਅਨੁਸਾਰ, ਈਰਾਨ ਦੀ ਘਰੇਲੂ ਰਿਫਾਇਨਿੰਗ ਸਮਰੱਥਾ ਲਗਭਗ 2.6 ਮਿਲੀਅਨ ਬੈਰਲ ਪ੍ਰਤੀ ਦਿਨ ਹੈ।

2025 ਵਿੱਚ, ਈਰਾਨ ਨੇ ਲਗਭਗ 820,000 ਬੈਰਲ ਪ੍ਰਤੀ ਦਿਨ ਬਾਲਣ ਉਤਪਾਦ ਨਿਰਯਾਤ ਕੀਤੇ, ਜਿਸ ਵਿੱਚ LPG ਵੀ ਸ਼ਾਮਲ ਹੈ, ਜੋ ਕਿ 2024 ਦੇ ਪੱਧਰ ਤੋਂ ਥੋੜ੍ਹਾ ਘੱਟ ਹੈ। ਈਰਾਨ ਦੀਆਂ ਪ੍ਰਮੁੱਖ ਰਿਫਾਇਨਰੀਆਂ ਵਿੱਚ ਅਬਾਦਾਨ ਸ਼ਾਮਲ ਹਨ, ਜੋ ਕਿ ਮੱਧ ਪੂਰਬ ਵਿੱਚ ਸਭ ਤੋਂ ਪੁਰਾਣੀਆਂ ਅਤੇ ਸਭ ਤੋਂ ਵੱਡੀਆਂ ਵਿੱਚੋਂ ਇੱਕ ਹੈ, ਨਾਲ ਹੀ ਤਹਿਰਾਨ, ਇਸਫਹਾਨ, ਬੰਦਰ ਅੱਬਾਸ, ਅਰਕ ਅਤੇ ਤਬਰੀਜ਼। ਈਰਾਨ ਦੇ ਕੱਚੇ ਤੇਲ ਦੇ ਨਿਰਯਾਤ ਦਾ ਲਗਭਗ 90% ਹੋਰਮੁਜ਼ ਜਲਡਮਰੂ ਵਿੱਚੋਂ, ਖਾਰਗ ਟਾਪੂ ਰਾਹੀਂ ਲੰਘਦਾ ਹੈ।

ਇੱਕ ਤੰਗ ਸਮੁੰਦਰੀ ਰਸਤਾ ਵਿਸ਼ਵਵਿਆਪੀ ਚਿੰਤਾ ਦਾ ਕੇਂਦਰ ਬਣ ਗਿਆ ਹੈ। ਅਤੇ ਸਹੀ ਵੀ, ਕਿਉਂਕਿ ਲਗਭਗ 20% ਵਿਸ਼ਵਵਿਆਪੀ ਤੇਲ ਸਪਲਾਈ ਹਰਮੁਜ਼ ਜਲਡਮਰੂ ਵਿੱਚੋਂ ਲੰਘਦੀ ਹੈ। ਇਸ ਲਾਂਘੇ ਰਾਹੀਂ ਕੱਚਾ ਤੇਲ ਮੁੱਖ ਤੌਰ 'ਤੇ ਖਾੜੀ ਉਤਪਾਦਕ ਦੇਸ਼ਾਂ ਸਾਊਦੀ ਅਰਬ, ਇਰਾਕ, ਸੰਯੁਕਤ ਅਰਬ ਅਮੀਰਾਤ, ਕੁਵੈਤ ਅਤੇ ਕਤਰ ਤੋਂ ਆਉਂਦਾ ਹੈ, ਅਤੇ ਚੀਨ, ਭਾਰਤ, ਜਾਪਾਨ ਅਤੇ ਦੱਖਣੀ ਕੋਰੀਆ ਵਰਗੇ ਪ੍ਰਮੁੱਖ ਏਸ਼ੀਆਈ ਬਾਜ਼ਾਰਾਂ ਤੱਕ ਪਹੁੰਚਦਾ ਹੈ। ਜਿਵੇਂ ਕਿ ਦੱਸਿਆ ਗਿਆ ਹੈ, ਪਾਬੰਦੀਆਂ ਨੇ ਈਰਾਨ ਦੀ ਤੇਲ ਵੇਚਣ ਦੀ ਸਮਰੱਥਾ ਨੂੰ ਸੀਮਤ ਕਰ ਦਿੱਤਾ ਹੈ,

ਪਰ ਦੇਸ਼ ਰੋਜ਼ਾਨਾ ਲਗਭਗ 1.3 ਤੋਂ 1.5 ਮਿਲੀਅਨ ਬੈਰਲ ਕੱਚਾ ਤੇਲ ਨਿਰਯਾਤ ਕਰਨਾ ਜਾਰੀ ਰੱਖਦਾ ਹੈ। ਈਰਾਨ ਦਾ ਸ਼ੁੱਧ ਤੇਲ ਨਿਰਯਾਤ ਮਾਲੀਆ 2023 ਵਿੱਚ $53 ਬਿਲੀਅਨ ਤੱਕ ਪਹੁੰਚਣ ਦਾ ਅਨੁਮਾਨ ਹੈ, ਜੋ ਕਿ 2021 ਵਿੱਚ $37 ਬਿਲੀਅਨ ਸੀ। ਇਸ ਵਿੱਚੋਂ ਜ਼ਿਆਦਾਤਰ ਚੀਨ (ਚੀਨ ਤੇਲ ਆਯਾਤ ਈਰਾਨ ਤੋਂ) ਨੂੰ ਜਾਂਦਾ ਹੈ, ਜੋ ਕਿ ਇਸਦਾ ਸਭ ਤੋਂ ਵੱਡਾ ਗਾਹਕ ਹੈ। ਰਿਪੋਰਟਾਂ ਦਰਸਾਉਂਦੀਆਂ ਹਨ ਕਿ ਚੀਨ ਪ੍ਰਤੀ ਦਿਨ 1 ਮਿਲੀਅਨ ਬੈਰਲ ਤੋਂ ਵੱਧ ਆਯਾਤ ਕਰਦਾ ਹੈ, ਜੋ ਕਿ ਈਰਾਨ ਦੇ ਕੁੱਲ ਨਿਰਯਾਤ ਦਾ ਲਗਭਗ 85-90% ਬਣਦਾ ਹੈ। ਈਰਾਨੀ ਤੇਲ ਵਿੱਚ ਰੁਕਾਵਟ ਚੀਨ ਨੂੰ ਸਭ ਤੋਂ ਵੱਧ ਪ੍ਰਭਾਵਿਤ ਕਰ ਸਕਦੀ ਹੈ।

# ਮੁਖਬਰ ਜਾਂ ਟਰੈਕਿੰਗ ਸਿਸਟਮ..

## ਅਮਰੀਕਾ ਅਤੇ ਇਜ਼ਰਾਈਲ ਨੂੰ ਖਮੇਨੇਈ ਦੇ ਸਹੀ ਟਿਕਾਣੇ ਦੀ ਜਾਣਕਾਰੀ ਕਿਸਨੇ ਲੀਕ ਕੀਤੀ?



. ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਸਾਂਝੇ ਹਮਲੇ ਨੇ ਮੱਧ ਪੂਰਬ ਵਿੱਚ ਤਣਾਅ ਵਧਾ ਦਿੱਤਾ ਹੈ। ਈਰਾਨ ਦਾ ਕਹਿਣਾ ਹੈ ਕਿ "ਇਸਲਾਮੀ ਇਨਕਲਾਬ ਦੇ ਨੇਤਾ ਅਯਾਤੁੱਲਾ ਸਈਦ ਅਲੀ ਖਮੇਨੀ ਨੂੰ ਮਾਰਨ ਦਾ ਅਪਰਾਧ ਸਜ਼ਾ ਤੋਂ ਬਿਨਾਂ ਨਹੀਂ ਬਚੇਗਾ।" ਈਰਾਨ ਦੇ ਸਰਵਉੱਚ ਨੇਤਾ, ਜਿਸਨੂੰ ਈਰਾਨ ਅਤੇ ਦੁਨੀਆ ਦੇ ਸਾਰੇ ਮੁਸਲਮਾਨਾਂ ਦਾ ਨੇਤਾ ਮੰਨਿਆ ਜਾਂਦਾ ਹੈ, ਅਤੇ ਜਿਨ੍ਹਾਂ ਦੇ ਸਮਰਥਕ ਇਸਲਾਮੀ ਪ੍ਰਣਾਲੀ ਦਾ ਸਭ ਤੋਂ ਮਜ਼ਬੂਤ ਗੜ੍ਹ ਮੰਨਦੇ ਸਨ, ਅਯਾਤੁੱਲਾ ਅਲੀ ਖਮੇਨੀ ਨੂੰ ਇੱਕ ਮਿੰਟ ਦੇ ਹਮਲੇ ਦੇ 30 ਸਕਿੰਟਾਂ ਦੇ ਅੰਦਰ ਮਾਰ ਦਿੱਤਾ ਗਿਆ। ਅਮਰੀਕੀ ਮਿਜ਼ਾਈਲਾਂ ਅਤੇ ਇਜ਼ਰਾਈਲੀ ਹਵਾਈ ਸੈਨਾ ਦੇ ਲੜਾਕੂ ਜਹਾਜ਼ਾਂ ਨੇ 30 ਸਕਿੰਟਾਂ ਵਿੱਚ 30 ਧਮਾਕੇ ਕੀਤੇ। ਚਿੱਟੇ ਧੂੰਏਂ ਦਾ ਇੱਕ ਗੁਬਾਰ ਇਸ ਤਰ੍ਹਾਂ ਦਿਖਾਈ ਦਿੱਤਾ ਜਿਵੇਂ ਈਰਾਨ ਨੇ ਕਦੇ ਵੀ ਇਸ ਤੋਂ ਵੱਡੀ ਤਬਾਹੀ ਨਹੀਂ ਝੱਲੀ ਹੋਵੇ। ਇਹ ਸੱਚਾਈ ਹੈ। ਇਨ੍ਹਾਂ ਧਮਾਕਿਆਂ ਨੇ ਈਰਾਨ ਨੂੰ ਖਮੇਨੀ ਦੀ ਸਰਪ੍ਰਸਤੀ ਤੋਂ ਵਾਂਝਾ ਕਰ ਦਿੱਤਾ ਹੈ।

ਖ਼ਮੇਨੀ ਦਾ ਟਿਕਾਣਾ ਕਿਵੇਂ ਲੀਕ ਹੋਇਆ?

ਸਵਾਲ ਇਹ ਉੱਠਦਾ ਹੈ: ਇਜ਼ਰਾਈਲ ਨੂੰ ਖਮੇਨੀ ਦੇ ਟਿਕਾਣੇ ਦਾ ਕਿਵੇਂ ਪਤਾ ਸੀ? ਕੀ ਖਮੇਨੀ ਦੀ ਗਲਤੀ ਨੇ ਉਸਦੀ ਜਾਨ ਲੈ ਲਈ, ਜਾਂ ਖਮੇਨੀ ਦਾ ਟਿਕਾਣਾ ਲੀਕ ਹੋ ਗਿਆ? ਤਹਿਰਾਨ ਵਿੱਚ ਖਮੇਨੀ ਦੇ ਹੈੱਡਕੁਆਰਟਰ 'ਤੇ 30 ਸਕਿੰਟਾਂ ਵਿੱਚ ਤੀਹ ਬੰਬ ਸੁੱਟੇ ਗਏ, ਜਿਸ ਨਾਲ ਸੁਪਰੀਮ ਲੀਡਰ ਦੇ ਦਫ਼ਤਰ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਗਿਆ, ਜਿਸ ਕਾਰਨ ਟਰੰਪ ਨੇ ਸੋਸ਼ਲ ਮੀਡੀਆ 'ਤੇ ਲਿਖਿਆ, "ਇਤਿਹਾਸ ਦੇ ਸਭ ਤੋਂ ਬੇਰਹਿਮ ਲੋਕਾਂ ਵਿੱਚੋਂ ਇੱਕ ਖਮੇਨੀ ਮਰ ਗਿਆ ਹੈ।"

**ਉਸਨੂੰ ਸਿਰਫ਼ 30 ਸਕਿੰਟਾਂ ਵਿੱਚ ਕਿਵੇਂ ਖਤਮ ਕਰ ਦਿੱਤਾ ਗਿਆ?**

ਹੁਣ ਸਵਾਲ ਇਹ ਉੱਠਦਾ ਹੈ: ਖਮੇਨੀ, ਜਿਸਨੂੰ ਅਮਰੀਕਾ ਅਤੇ ਇਜ਼ਰਾਈਲ ਪਿਛਲੇ ਕਈ ਦਹਾਕਿਆਂ ਤੋਂ ਵਾਰ-ਵਾਰ ਹਮਲਿਆਂ ਦੇ ਬਾਵਜੂਦ ਕਦੇ ਛੂਹ ਵੀ ਨਹੀਂ ਸਕੇ, ਨੂੰ ਸਿਰਫ਼ 30 ਸਕਿੰਟਾਂ ਵਿੱਚ ਕਿਵੇਂ ਖਤਮ ਕਰ ਦਿੱਤਾ ਗਿਆ? ਇਸ ਦਾ ਜਵਾਬ ਇਜ਼ਰਾਈਲ ਅਤੇ ਅਮਰੀਕਾ ਦੇ ਦਾਅਵਿਆਂ ਵਿੱਚ ਹੈ। ਉਹ ਦਾਅਵਾ ਕਰਦੇ ਹਨ ਕਿ ਉਨ੍ਹਾਂ ਕੋਲ ਖਮੇਨੀ ਦੇ ਸਹੀ ਟਿਕਾਣੇ ਬਾਰੇ ਜਾਣਕਾਰੀ ਸੀ। ਇਹ ਦਾਅਵਾ ਕੀਤਾ ਜਾਂਦਾ ਹੈ ਕਿ ਇਜ਼ਰਾਈਲੀ ਲੜਾਕੂ ਜਹਾਜ਼ਾਂ ਦੁਆਰਾ ਤਹਿਰਾਨ ਵਿੱਚ 30 ਬੰਬ ਸੁੱਟੇ ਗਏ ਸਨ। ਇਹ ਹਮਲਾ ਉਦੋਂ ਹੋਇਆ ਜਦੋਂ ਖਮੇਨੀ ਚੋਣਵੇਂ ਉੱਚ-ਪੱਧਰੀ ਅਧਿਕਾਰੀਆਂ ਨਾਲ ਮੁਲਾਕਾਤ ਕਰ ਰਹੇ ਸਨ। ਜਾਣਕਾਰੀ ਮਿਲਣ 'ਤੇ, ਹਮਲਾ, ਜੋ ਬਾਅਦ ਵਿੱਚ ਹੋਣ ਵਾਲਾ ਸੀ, ਤੁਰੰਤ ਕੀਤਾ ਗਿਆ, ਜਿਸ ਵਿੱਚ ਖਮੇਨੀ ਦੀ ਮੌਤ ਹੋ ਗਈ। ਸਵਾਲ ਇਹ ਹੈ ਕਿ ਕੀ ਇਸ ਮੌਤ ਲਈ ਅਮਰੀਕਾ ਅਤੇ ਇਜ਼ਰਾਈਲ ਇਕੱਲੇ ਜ਼ਿੰਮੇਵਾਰ ਹਨ, ਜਿਸ ਨੇ ਈਰਾਨ ਸਮੇਤ ਦੁਨੀਆ ਭਰ ਦੇ ਖਮੇਨੀ ਪੱਖੀ ਮੁਸਲਮਾਨਾਂ ਵਿੱਚ ਰੋਸ ਪੈਦਾ ਕਰ ਦਿੱਤਾ ਹੈ? ਜਾਂ ਕੀ ਈਰਾਨ ਵਿੱਚ ਕੋਈ ਅਜਿਹਾ ਸੀ ਜਿਸਨੇ ਖਮੇਨੀ ਦੇ ਸਹੀ ਸਥਾਨ ਬਾਰੇ ਜਾਣਕਾਰੀ ਲੀਕ ਕੀਤੀ ਸੀ?

ਖ਼ਮੇਨੀ ਦੀ ਮੌਤ ਤੋਂ ਉਠਾਏ ਗਏ ਪੰਜ ਸਵਾਲ

ਸਵਾਲ ਇਹ ਹੈ ਕਿ ਕੀ ਖਮੇਨੀ ਦੇ ਨੇੜੇ ਕੋਈ ਜਾਸੂਸ ਸੀ। ਕੀ ਕੋਈ ਅਜਿਹਾ ਸੀ ਜੋ ਅਮਰੀਕਾ ਅਤੇ ਇਜ਼ਰਾਈਲ ਨੂੰ ਈਰਾਨ ਦੇ ਸੁਪਰੀਮ ਲੀਡਰ ਦੇ ਆਖਰੀ ਸਥਾਨ ਦਾ ਖੁਲਾਸਾ ਕਰ ਸਕਦਾ ਸੀ? ਇਸ ਸਵਾਲ 'ਤੇ ਇਸ ਸਮੇਂ ਹਰ ਜਗ੍ਹਾ ਚਰਚਾ ਹੋ ਰਹੀ ਹੈ। ਕਾਰਨ ਸਮਝੋ। ਨਿਊਜ਼ ਏਜੰਸੀ ਰਾਇਟਰਜ਼ ਦੀ ਇੱਕ ਰਿਪੋਰਟ ਦੇ ਅਨੁਸਾਰ, ਇੱਕ ਅਮਰੀਕੀ ਸਰੋਤ ਨੇ ਕਿਹਾ ਕਿ ਸ਼ੁਰੂ ਵਿੱਚ ਇਹ ਉਮੀਦ ਕੀਤੀ ਜਾ ਰਹੀ ਸੀ ਕਿ ਖਮੇਨੀ ਸ਼ਨੀਵਾਰ ਸ਼ਾਮ ਨੂੰ ਤਹਿਰਾਨ ਵਿੱਚ ਇੱਕ ਮੀਟਿੰਗ ਕਰਨਗੇ। ਹਾਲਾਂਕਿ, ਇਜ਼ਰਾਈਲੀ ਖੁਫੀਆ ਜਾਣਕਾਰੀ ਨੂੰ ਸ਼ਨੀਵਾਰ ਸਵੇਰੇ ਇੱਕ ਮੀਟਿੰਗ ਬਾਰੇ ਪਤਾ ਲੱਗਾ, ਅਤੇ ਹਮਲਾ ਮੁਲਤਵੀ ਕਰ ਦਿੱਤਾ ਗਿਆ। ਜੇਕਰ ਇਹ ਸੱਚ ਹੈ, ਤਾਂ ਸਵਾਲ ਇਹ ਹੈ: ਇਜ਼ਰਾਈਲ ਨੂੰ ਕਿਵੇਂ ਪਤਾ ਲੱਗਾ ਕਿ ਸ਼ਨੀਵਾਰ ਸ਼ਾਮ ਦੀ ਮੀਟਿੰਗ ਹੁਣ ਸਵੇਰੇ ਹੋ ਰਹੀ ਹੈ? ਕੀ ਕਿਸੇ ਜਾਸੂਸ ਨੇ ਉਨ੍ਹਾਂ ਨੂੰ ਇਸ ਬਾਰੇ ਸੂਚਿਤ ਕੀਤਾ? ਦੂਜਾ ਸਵਾਲ ਇਹ ਹੈ ਕਿ ਅਮਰੀਕਾ ਅਤੇ ਇਜ਼ਰਾਈਲ ਨੂੰ ਉਸ ਮੀਟਿੰਗ ਬਾਰੇ ਕਿਵੇਂ ਪਤਾ ਲੱਗਾ ਜਿਸ ਤੋਂ ਬਾਅਦ ਖਮੇਨੀ ਨੂੰ ਭੂਮੀਗਤ ਹੋਣਾ ਚਾਹੀਦਾ ਸੀ, ਅਤੇ ਉਹ ਵੀ ਉਸਦੇ ਸਹੀ ਸਥਾਨ ਦੇ ਨਾਲ। ਤੀਜਾ ਸਵਾਲ ਇਹ ਹੈ ਕਿ ਕੀ ਅਮਰੀਕਾ ਅਤੇ ਇਜ਼ਰਾਈਲ ਨੇ ਸਿਰਫ਼ ਉੱਨਤ ਟਰੈਕਿੰਗ ਪ੍ਰਣਾਲੀਆਂ ਅਤੇ ਖੁਫੀਆ ਜਾਣਕਾਰੀ ਰਾਹੀਂ ਹੀ ਖਮੇਨੀ ਨੂੰ ਲੱਭਿਆ ਸੀ। ਕਿਉਂਕਿ ਟਰੰਪ ਨੇ ਅੱਜ ਕਿਹਾ ਹੈ ਕਿ ਖਮੇਨੀ ਅਮਰੀਕੀ ਖੁਫੀਆ ਜਾਣਕਾਰੀ ਅਤੇ ਬਹੁਤ ਹੀ ਉੱਨਤ ਟਰੈਕਿੰਗ ਪ੍ਰਣਾਲੀਆਂ ਤੋਂ ਬਚ ਨਹੀਂ ਸਕਦੇ ਸਨ। ਇਸ ਲਈ, ਚੌਥਾ ਸਵਾਲ ਇਹ ਹੈ: ਜੇਕਰ ਉਹ ਉਸਨੂੰ ਟਰੈਕਿੰਗ ਪ੍ਰਣਾਲੀਆਂ ਜਾਂ ਖੁਫੀਆ ਜਾਣਕਾਰੀ ਰਾਹੀਂ ਲੱਭ ਸਕਦੇ ਸਨ, ਤਾਂ ਉਹ ਪਹਿਲਾਂ ਕਿਉਂ ਨਹੀਂ ਲੱਭ ਸਕਦੇ ਸਨ? ਪੰਜਵਾਂ ਸਵਾਲ ਇਹ ਹੈ: ਕੀ ਖਮੇਨੀ ਹਮਲੇ ਤੋਂ ਪਹਿਲਾਂ ਕਿਸੇ ਨਾਲ ਮਿਲੇ ਸਨ, ਜਿਸ ਕਾਰਨ ਉਸਦੀ ਸਥਿਤੀ ਦਾ ਪਤਾ ਲੱਗਿਆ?

ਸਾਬਕਾਰਾਸ਼ਟਰਪਤੀਵੀਮਰਗਿਆ

ਇਸ ਦੌਰਾਨ, ਈਰਾਨ ਨੂੰ ਇੱਕ ਹੋਰ ਵੱਡਾ ਝਟਕਾ ਲੱਗਾ ਹੈ। ਸੂਤਰਾਂ ਅਨੁਸਾਰ, ਇਜ਼ਰਾਈਲ ਸਾਬਕਾ ਈਰਾਨੀ ਰਾਸ਼ਟਰਪਤੀ ਅਹਿਮਦੀਨੇਜਾਦ ਨੂੰ ਮਾਰਨ ਵਿੱਚ ਵੀ ਸਫਲ ਹੋ ਗਿਆ ਹੈ। ਈਰਾਨ ਅਜੇ ਆਪਣੇ ਸੁਪਰੀਮ ਨੇਤਾ ਖਮੇਨੀ ਦੀ ਮੌਤ ਦੇ ਸੋਗ ਤੋਂ ਉਭਰਿਆ ਨਹੀਂ ਸੀ ਜਦੋਂ ਅਹਿਮਦੀਨੇਜਾਦ ਦੀ ਮੌਤ ਦੀ ਖ਼ਬਰ ਵੀ ਆਈ, ਜਿਸ ਨਾਲ ਈਰਾਨ ਨੇਤਾਹੀਣ ਹੋਣ ਦੇ ਕੰਢੇ 'ਤੇ ਪਹੁੰਚ ਗਿਆ।

# ਕਿਵੇਂ ਬਣੇ ਸ਼ਕਤੀਸ਼ਾਲੀ ਲੀਡਰ ਖਮੇਨੇਈ?

## 36 ਸਾਲਾਂ ਵਿੱਚ ਕਿਵੇਂ ਈਰਾਨ ਉੱਤੇ ਸਖਤ ਪਕੜ ਬਣਾਈ



ਅਮਰੀਕਾ ਅਤੇ ਇਜ਼ਰਾਈਲ ਨੇ ਮਿਲ ਕੇ ਈਰਾਨ 'ਤੇ ਹਮਲਾ ਕੀਤਾ ਹੈ, ਜਿਸ ਨਾਲ ਮੱਧ ਪੂਰਬ ਵਿੱਚ ਇੱਕ ਹੋਰ ਯੁੱਧ ਸ਼ੁਰੂ ਹੋ ਗਿਆ ਹੈ। ਈਰਾਨੀ ਮੀਡੀਆ ਨੇ ਵੀ ਸੁਪਰੀਮ ਲੀਡਰ ਅਲੀ ਖੋਮੇਨੀ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਇਸ ਤਣਾਅਪੂਰਨ ਮਾਹੌਲ ਵਿੱਚ, ਅਸੀਂ ਤੁਹਾਡੇ ਲਈ ਅਲੀ ਖਮੇਨੀ ਦੀ ਕਹਾਣੀ ਲੈ ਕੇ ਆਏ ਹਾਂ - ਇਹ ਨਾ ਸਿਰਫ਼ ਇੱਕ ਧਾਰਮਿਕ ਨੇਤਾ ਦਾ ਉਭਾਰ ਸੀ, ਸਗੋਂ ਰਾਜਨੀਤਿਕ ਰਣਨੀਤੀ, ਟਕਰਾਅ ਅਤੇ ਸ਼ਕਤੀ ਸੰਤੁਲਨ ਦੀ ਇੱਕ ਗੁੰਝਲਦਾਰ ਯਾਤਰਾ ਸੀ। 1963 ਵਿੱਚ ਜੇਲ੍ਹ ਦੇ ਤਸ਼ੱਦਦ ਤੋਂ ਲੈ ਕੇ ਇਨਕਲਾਬ ਅਤੇ ਯੁੱਧ ਤੱਕ, ਅਲੀ ਖਮੇਨੀ ਨੇ ਹੌਲੀ-ਹੌਲੀ ਆਪਣੇ ਆਪ ਨੂੰ ਈਰਾਨੀ ਰਾਜਨੀਤੀ ਦੇ ਕੇਂਦਰ ਵਿੱਚ ਸਥਾਪਿਤ ਕੀਤਾ। 1989 ਵਿੱਚ, ਅਯਾਤੁੱਲਾ ਰੂਹੁੱਲਾ ਖੋਮੇਨੀ ਦੀ ਮੌਤ ਤੋਂ ਬਾਅਦ ਸੰਵਿਧਾਨਕ ਤਬਦੀਲੀਆਂ ਦੇ ਵਿਚਕਾਰ, ਸੁਪਰੀਮ ਲੀਡਰ ਵਜੋਂ ਉਨ੍ਹਾਂ ਦਾ ਚੜ੍ਹਤ ਬਹੁਤ ਸਾਰੇ ਲੋਕਾਂ ਲਈ ਹੈਰਾਨੀਜਨਕ ਸੀ। ਆਓ ਤੁਹਾਨੂੰ ਸੁਪਰੀਮ ਲੀਡਰ ਵਜੋਂ ਉਨ੍ਹਾਂ ਦੇ ਉਭਾਰ ਦੀ ਕਹਾਣੀ ਦੱਸਦੇ ਹਾਂ ਅਤੇ ਕਿਵੇਂ ਉਨ੍ਹਾਂ ਨੇ ਪਿਛਲੇ 36 ਸਾਲਾਂ ਵਿੱਚ ਈਰਾਨ 'ਤੇ ਸ਼ਾਸਨ ਕੀਤਾ ਹੈ।

ਖਮੇਨੀ ਕਿਵੇਂ ਸੁਪਰੀਮ ਲੀਡਰ ਬਣੇ

1963 ਵਿੱਚ, ਸ਼ਾਹ ਦੇ ਸ਼ਾਸਨ ਦੌਰਾਨ ਖੋਮੇਨੀ ਨੂੰ ਆਪਣੀਆਂ ਰਾਜਨੀਤਿਕ ਗਤੀਵਿਧੀਆਂ ਲਈ ਕੈਦ ਅਤੇ ਤਸੀਹੇ ਦਿੱਤੇ ਗਏ ਸਨ। ਈਰਾਨੀ ਇਨਕਲਾਬ ਤੋਂ ਬਾਅਦ, ਉਹ ਸੁਪਰੀਮ ਲੀਡਰ ਅਯਾਤੁੱਲਾ ਰੂਹੁੱਲਾ ਖੋਮੇਨੀ ਦੇ ਅਧੀਨ ਉਪ ਰੱਖਿਆ ਮੰਤਰੀ ਬਣੇ ਅਤੇ 1980-88 ਦੇ ਈਰਾਨ-ਇਰਾਕ ਯੁੱਧ ਦੌਰਾਨ ਸੁਰੱਖਿਆ ਬਲਾਂ ਦੇ ਨੇੜੇ ਹੋ ਗਏ। ਜੂਨ 1981 ਵਿੱਚ, ਉਹ ਤਹਿਰਾਨ ਦੀ ਅਬੂਜ਼ਾਰ ਮਸਜਿਦ ਵਿੱਚ ਇੱਕ ਟੇਪ ਰਿਕਾਰਡਰ ਬੰਬ ਨਾਲ ਗੰਭੀਰ ਜ਼ਖਮੀ ਹੋ ਗਏ ਸਨ। ਉਨ੍ਹਾਂ ਦਾ ਸੱਜਾ ਹੱਥ ਅਧਰੰਗ ਕਾਰਨ ਨਕਾਰਾ ਹੋ ਗਿਆ ਅਤੇ ਉਨ੍ਹਾਂ ਨੇ ਇੱਕ ਕੰਨ ਵਿੱਚ ਸੁਣਨ ਦੀ ਸ਼ਕਤੀ ਗੁਆ ਦਿੱਤੀ ਸੀ। ਉਹ ਸਾਰਿਆਂ ਦੀਆਂ ਨਜ਼ਰਾਂ ਵਿੱਚ ਇਨਕਲਾਬ ਦੇ ਇੱਕ ਜ਼ਿੰਦਾ ਸ਼ਹੀਦ ਬਣ ਗਏ, ਅਤੇ ਇਸ ਨਾਲ ਉਨ੍ਹਾਂ ਦੀ ਛਵੀ ਮਜ਼ਬੂਤ ਹੋ ਗਈ। ਕੁਝ ਮਹੀਨਿਆਂ ਦੇ ਅੰਦਰ, ਰੂਹੁੱਲਾ ਦੇ ਸਮਰਥਨ ਨਾਲ, ਉਹ ਈਰਾਨ ਦੇ ਰਾਸ਼ਟਰਪਤੀ ਚੁਣੇ ਗਏ।

ਜੂਨ 1989 ਵਿੱਚ ਆਇਤੁੱਲਾ ਰੂਹੁੱਲਾ ਖੋਮੇਨੀ ਦੀ ਮੌਤ ਤੋਂ ਬਾਅਦ, ਮਾਹਿਰਾਂ ਦੀ ਸਭਾ (ਧਾਰਮਿਕ ਵਿਦਵਾਨਾਂ ਦੀ ਇੱਕ ਕੌਂਸਲ) ਨੇ ਅਲੀ ਖੋਮੇਨੀ ਨੂੰ ਨਵਾਂ ਸੁਪਰੀਮ ਲੀਡਰ ਚੁਣਿਆ। ਮਹੱਤਵਪੂਰਨ ਗੱਲ ਇਹ ਹੈ ਕਿ ਖੋਮੇਨੀ ਅਜੇ ਸ਼ੀਆ ਮੌਲਵੀਆਂ ਵਿੱਚ ਸਭ ਤੋਂ ਉੱਚੇ ਧਾਰਮਿਕ ਅਹੁਦੇ 'ਤੇ ਨਹੀਂ ਪਹੁੰਚੇ ਸਨ, ਜਿਸਨੂੰ ਸੰਵਿਧਾਨ ਨੇ ਸੁਪਰੀਮ ਲੀਡਰ ਬਣਨ ਲਈ ਲਾਜ਼ਮੀ ਕੀਤਾ ਸੀ। ਸਿਰਫ਼ ਇੱਕ "ਮਰਜਾ-ਏ-ਤਕਲੀਦ" (ਸਭ ਤੋਂ ਉੱਚ ਧਾਰਮਿਕ ਮਾਰਗਦਰਸ਼ਕ) ਜਾਂ ਗ੍ਰੈਂਡ ਆਯਤੁੱਲਾ ਹੀ ਸੁਪਰੀਮ ਲੀਡਰ ਬਣ ਸਕਦੇ ਸਨ।

ਇਸ ਸਮੱਸਿਆ ਨੂੰ ਠੀਕ ਕਰਨ ਲਈ, ਸੰਵਿਧਾਨ ਵਿੱਚ ਸੋਧ ਕੀਤੀ ਗਈ, ਜਿਸ ਵਿੱਚ ਇਹ ਸ਼ਰਤ ਰੱਖੀ ਗਈ ਸੀ ਕਿ ਸਰਵਉੱਚ ਨੇਤਾ ਕੋਲ "ਇਸਲਾਮੀ ਗਿਆਨ" ਹੋਣਾ ਚਾਹੀਦਾ ਹੈ। ਇਸ ਨਾਲ ਖਮੇਨੀ ਦੀ ਚੋਣ ਆਸਾਨ ਹੋ ਗਈ। ਉਸਨੂੰ ਰਾਤੋ-ਰਾਤ ਹੋਜਤ ਅਲ-ਇਸਲਾਮ ਤੋਂ ਅਯਾਤੁੱਲਾ ਬਣਾਇਆ ਗਿਆ।

ਸ਼ੁਰੂ ਵਿੱਚ, ਬਹੁਤ ਸਾਰੇ ਲੋਕ ਅਲੀ ਖੋਮੇਨੀ ਨੂੰ ਕਮਜ਼ੋਰ ਸਮਝਦੇ ਸਨ। ਉਨ੍ਹਾਂ ਨੂੰ ਲੱਗਦਾ ਸੀ ਕਿ ਉਹ ਇਸਲਾਮੀ ਗਣਰਾਜ ਦੇ ਸੰਸਥਾਪਕ ਅਯਾਤੁੱਲਾ ਰੂਹੁੱਲਾ ਖੋਮੇਨੀ ਦਾ ਸਹੀ ਉੱਤਰਾਧਿਕਾਰੀ ਨਹੀਂ ਹੈ। ਉਸ ਸਮੇਂ ਪ੍ਰਚਲਿਤ ਈਰਾਨੀ ਪ੍ਰਣਾਲੀ ਨੂੰ ਦੇਖਦੇ ਹੋਏ, ਖੋਮੇਨੀ ਲਈ ਧਾਰਮਿਕ ਅਧਿਕਾਰ ਰਾਹੀਂ ਸੱਤਾ ਚਲਾਉਣਾ ਮੁਸ਼ਕਲ ਸੀ। ਲੰਬੇ ਸਮੇਂ ਤੱਕ, ਉਸਨੇ ਆਪਣੇ ਗੁਰੂ, ਖੋਮੇਨੀ ਦੇ ਪਰਛਾਵੇਂ ਤੋਂ ਉਭਰਨ ਲਈ ਸੰਘਰਸ਼ ਕੀਤਾ। ਪਰ ਬਾਅਦ ਵਿੱਚ ਉਸਨੇ ਆਪਣੇ ਪ੍ਰਤੀ ਵਫ਼ਾਦਾਰ ਇੱਕ ਮਜ਼ਬੂਤ ਸੁਰੱਖਿਆ ਯੰਤਰ ਬਣਾਇਆ ਅਤੇ ਇਸ ਨਾਲ, ਈਰਾਨ 'ਤੇ ਆਪਣੀ ਪਕੜ ਮਜ਼ਬੂਤ ਕੀਤੀ।

ਖੋਮੇਨੀ ਪੱਛਮੀ ਦੇਸ਼ਾਂ, ਖਾਸ ਕਰਕੇ ਸੰਯੁਕਤ ਰਾਜ ਅਮਰੀਕਾ 'ਤੇ ਅਵਿਸ਼ਵਾਸ ਕਰਦਾ ਸੀ। ਉਸਨੇ ਲੰਬੇ ਸਮੇਂ ਤੋਂ ਅਮਰੀਕਾ 'ਤੇ ਉਸਨੂੰ ਸੱਤਾ ਤੋਂ ਹਟਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ ਹੈ। ਜਨਵਰੀ ਦੇ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਇੱਕ ਭਾਸ਼ਣ ਵਿੱਚ, ਉਸਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਵੀ ਅਸ਼ਾਂਤੀ ਲਈ ਜ਼ਿੰਮੇਵਾਰ ਠਹਿਰਾਉਂਦੇ ਹੋਏ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਈਰਾਨੀ ਲੋਕਾਂ ਦੁਆਰਾ ਹੋਏ ਨੁਕਸਾਨ ਅਤੇ ਮੌਤਾਂ ਲਈ ਜ਼ਿੰਮੇਵਾਰ ਹਨ।

ਖੋਰਨੀ ਇੰਨਾ ਸ਼ਕਤੀਸ਼ਾਲੀ ਕਿਵੇਂ ਬਣ ਗਿਆ?

ਆਪਣੇ 36 ਸਾਲਾਂ ਦੇ ਕਾਰਜਕਾਲ ਦੌਰਾਨ, ਜਦੋਂ ਵੀ ਦਬਾਅ ਵਧਦਾ ਸੀ, ਖਮੇਨੀ ਅਕਸਰ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ (IRGC) ਅਤੇ ਬਾਸੀਜ ਵਜੋਂ ਜਾਣੀ ਜਾਂਦੀ ਅਰਧ ਸੈਨਿਕ ਬਲ ਦੀ ਮਦਦ ਲੈਂਦੇ ਸਨ। ਦੋਵੇਂ ਈਰਾਨ ਦੇ ਅੰਦਰ ਅਸਹਿਮਤੀ ਨੂੰ ਦਬਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹੇ ਹਨ। ਇਨ੍ਹਾਂ ਤਾਕਤਾਂ ਨੇ 2009 ਵਿੱਚ ਚੋਣ ਧੋਖਾਧੜੀ ਦੇ ਦੋਸ਼ਾਂ ਤੋਂ ਬਾਅਦ ਵਿਰੋਧ ਪ੍ਰਦਰਸ਼ਨਾਂ ਨੂੰ ਕੁਚਲ ਦਿੱਤਾ ਸੀ। ਉਨ੍ਹਾਂ ਨੇ 2022 ਵਿੱਚ ਮਹਸਾ ਅਮੀਨੀ ਦੀ ਹਿਰਾਸਤ ਵਿੱਚ ਮੌਤ ਤੋਂ ਬਾਅਦ ਹੋਏ ਪ੍ਰਦਰਸ਼ਨਾਂ 'ਤੇ ਵੀ ਸਖ਼ਤੀ ਕੀਤੀ। ਇਨ੍ਹਾਂ ਹੀ ਤਾਕਤਾਂ ਨੇ ਜਨਵਰੀ ਵਿੱਚ ਹਾਲ ਹੀ ਵਿੱਚ ਹੋਏ ਵਿਰੋਧ ਪ੍ਰਦਰਸ਼ਨਾਂ ਨੂੰ ਦਬਾ ਦਿੱਤਾ।

ਖੋਮੇਨੀ ਦੀ ਸ਼ਕਤੀ ਦਾ ਇੱਕ ਹੋਰ ਵੱਡਾ ਕਾਰਕ "ਸੇਤਾਦ" ਨਾਮਕ ਇੱਕ ਵਿਸ਼ਾਲ ਆਰਥਿਕ ਨੈੱਟਵਰਕ ਹੈ, ਜੋ ਸਿੱਧੇ ਤੌਰ 'ਤੇ ਉਨ੍ਹਾਂ ਦੇ ਨਿਯੰਤਰਣ ਵਿੱਚ ਹੈ। ਇਸਦੀ ਕੀਮਤ ਅਰਬਾਂ ਡਾਲਰ ਹੋਣ ਦਾ ਅਨੁਮਾਨ ਹੈ ਅਤੇ ਸੁਰੱਖਿਆ ਬਲਾਂ ਵਿੱਚ ਭਾਰੀ ਨਿਵੇਸ਼ ਕੀਤਾ ਹੈ।

ਵਿਸ਼ੇਸ਼ ਤੌਰ 'ਤੇ, ਖੋਰਨੀ ਨੇ ਸੁਪਰੀਮ ਲੀਡਰ ਦਾ ਅਹੁਦਾ ਸੰਭਾਲਣ ਤੋਂ ਬਾਅਦ ਈਰਾਨ ਨਹੀਂ ਛੱਡਿਆ ਹੈ। ਰਾਸ਼ਟਰਪਤੀ ਹੁੰਦਿਆਂ ਉਨ੍ਹਾਂ ਦੀ ਆਖਰੀ ਵਿਦੇਸ਼ ਯਾਤਰਾ 1989 ਵਿੱਚ ਉੱਤਰੀ ਕੋਰੀਆ ਦੀ ਸੀ।

ਖੋਮੇਨੀ ਨੇ ਗੱਲਬਾਤ ਕਦੋਂ ਕੀਤੀ?

2013 ਵਿੱਚ, ਉਨ੍ਹਾਂ ਨੇ "ਬਹਾਦਰੀ ਵਾਲੀ ਲਚਕਤਾ" ਦੀ ਗੱਲ ਕੀਤੀ। ਇਸਦਾ ਮਤਲਬ ਸੀ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਜ਼ਰੂਰੀ ਹੋਣ 'ਤੇ ਰਣਨੀਤਕ ਸਮਝੌਤੇ ਕਰਨੇ। ਇਹ ਉਸੇ ਤਰ੍ਹਾਂ ਸੀ ਜਿਵੇਂ ਉਸਦੇ ਸਲਾਹਕਾਰ, ਖੋਮੇਨੀ ਨੇ 1988 ਵਿੱਚ ਇਰਾਕ ਨਾਲ ਅੱਠ ਸਾਲਾਂ ਦੀ ਜੰਗ ਤੋਂ ਬਾਅਦ ਜੰਗਬੰਦੀ ਨੂੰ ਸਵੀਕਾਰ ਕੀਤਾ ਸੀ।

2015 ਵਿੱਚ, ਈਰਾਨ ਨੇ ਛੇ ਵੱਡੀਆਂ ਸ਼ਕਤੀਆਂ ਨਾਲ ਇੱਕ ਪ੍ਰਮਾਣੂ ਸਮਝੌਤਾ ਕੀਤਾ। ਖੋਮੇਨੀ ਨੇ ਸਾਵਧਾਨੀ ਨਾਲ ਇਸਦਾ ਸਮਰਥਨ ਕੀਤਾ, ਇਹ ਮੰਨਦੇ ਹੋਏ ਕਿ ਪਾਬੰਦੀਆਂ ਹਟਾਉਣ ਨਾਲ ਆਰਥਿਕਤਾ ਵਿੱਚ ਸੁਧਾਰ ਹੋਵੇਗਾ ਅਤੇ ਉਸਦੀ ਸ਼ਕਤੀ ਮਜ਼ਬੂਤ ਹੋਵੇਗੀ। ਹਾਲਾਂਕਿ, ਟਰੰਪ ਨੇ 2018 ਵਿੱਚ ਸੰਯੁਕਤ ਰਾਜ ਅਮਰੀਕਾ ਨੂੰ ਸਮਝੌਤੇ ਤੋਂ ਪਿੱਛੇ ਕਰ ਲਿਆ ਅਤੇ ਈਰਾਨ 'ਤੇ ਸਖ਼ਤ ਪਾਬੰਦੀਆਂ ਦੁਬਾਰਾ ਲਗਾ ਦਿੱਤੀਆਂ। ਜਵਾਬ ਵਿੱਚ, ਈਰਾਨ ਨੇ ਹੌਲੀ-ਹੌਲੀ ਆਪਣੇ ਪ੍ਰਮਾਣੂ ਪ੍ਰੋਗਰਾਮ ਦੀਆਂ ਸ਼ਰਤਾਂ ਦੀ ਉਲੰਘਣਾ ਕਰਨੀ ਸ਼ੁਰੂ ਕਰ ਦਿੱਤੀ।





# ਅਗਨੀਵੀਰ ਦੀ ਭਰਤੀ 'ਚ ਲਿਖਤੀ ਪੇਪਰ ਦੀ ਮੁਫ਼ਤ ਤਿਆਰੀ

ਲੁਧਿਆਣਾ,2 ਮਾਰਚ (ਵਿਸ਼ਾਲ ਸ਼ਰਮਾ) ਸੀ-ਪਾਈਟ ਕੈਂਪ ਲੁਧਿਆਣਾ ਵਿਖੇ ਅਗਨੀਵੀਰ (ਫੌਜ) ਦੇ ਲਿਖਤੀ ਪੇਪਰ (ਸੀ.ਈ.ਐਫ) ਦੀ ਮੁਫ਼ਤ ਸਿਖਲਾਈ ਸ਼ੁਰੂ ਕੀਤੀ ਗਈ ਹੈ। ਸੀ-ਪਾਈਟ ਕੈਂਪ ਲੁਧਿਆਣਾ ਦੇ ਟ੍ਰੇਨਿੰਗ ਅਫਸਰ ਇੰਦਰਜੀਤ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਗਨੀਵੀਰ (ਫੌਜ) ਦਾ ਲਿਖਤੀ ਪੇਪਰ (ਸੀ.ਈ.ਐਫ) ਅਪ੍ਰੈਲ 2026 ਵਿੱਚ ਹੋਣ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਹੜੇ ਨੌਜਵਾਨਾਂ ਦੀ ਰਜਿਸਟਰੇਸ਼ਨ ਹੋ ਚੁੱਕੀ ਹੈ ਉਹ ਸੀ-ਪਾਈਟ ਕੈਂਪ, ਆਈ.ਟੀ.ਆਈ., ਗਿੱਲ ਰੋਡ, ਲੁਧਿਆਣਾ ਵਿਖੇ ਲਿਖਤੀ ਪੇਪਰ ਦੀ ਤਿਆਰੀ ਲਈ ਟ੍ਰੇਨਿੰਗ ਦਾ ਲਾਭ ਲੈ ਸਕਦੇ ਹਨ। ਲਿਖਤੀ ਪੇਪਰ ਦੀ ਤਿਆਰੀ ਲਈ ਜਰੂਰੀ ਦਸਤਾਵੇਜਾਂ ਨਾਲ ਕੈਂਪ ਵਿੱਚ ਰਿਪੋਰਟ ਕੀਤੀ ਜਾ ਸਕਦੀ ਹੈ

# ਸਿਹਤ ਬੀਮਾ ਯੋਜਨਾ ਸਕੀਮ ਦੇਸ਼ 'ਚ ਇੱਕ ਨਵਾਂ ਕੀਰਤੀਮਾਨ : ਸੰਗੋਵਾਲ



ਲੁਧਿਆਣਾ/ਖੰਨਾ, 2 ਮਾਰਚ, (ਸੰਜੀਵ ਲਹਿਲ) : ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਅੱਜ ਬਾਬਾ ਦੀਪ ਸਿੰਘ ਨਗਰ ਵਿਚ ਮੁਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡ ਦਾ ਕੈਂਪ ਵਿਧਾਨ ਸਭਾ ਹਲਕਾ ਗਿੱਲ ਤੋਂ ਵਿਧਾਇਕ ਸਰਦਾਰ ਜੀਵਨ ਸਿੰਘ ਸੰਗੋਵਾਲ ਦੀ ਰਹਿਨੁਮਾਈ ਹੇਠ ਲਗਾਇਆ ਗਿਆ ।ਇਸ ਕੈਂਪ ਦਾ ਮੁਹੱਲੇ ਦੇ ਲ਼ੋਕਾਂ ਨੇ ਪੂਰਾ ਲਾਭ ਉਠਾਇਆ । ਇਸ ਸਮੇਂ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਵਿਧਾਨ ਸਭਾ ਹਲਕਾ ਗਿੱਲ ਤੋਂ ਵਿਧਾਇਕ ਸਰਦਾਰ ਜੀਵਨ ਸਿੰਘ ਸੰਗੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਸਕੀਮ ਜੋ ਕਿ 10 ਲੱਖ ਰੁਪਏ ਤੱਕ ਦੀ ਕੈਸ਼ਲੈਸ ਸਕੀਮ ਹੈ ਇਹ ਦੇਸ਼ ਵਿੱਚ ਇੱਕ ਨਵਾਂ ਕੀਰਤੀਮਾਨ ਪੰਜਾਬ ਸਰਕਾਰ ਵੱਲੋਂ ਸਥਾਪਿਤ ਕੀਤਾ ਗਿਆ ਹੈ ਉਹਨਾਂ ਕਿਹਾ ਕਿ ਪੂਰੇ ਦੇਸ਼ ਵਿੱਚ ਕਿਸੇ ਵੀ ਸਰਕਾਰ ਵੱਲੋਂ 10 ਲੱਖ ਤੱਕ ਦਾ ਬੀਮਾ ਆਪਣੇ ਸੂਬਾ ਵਾਸੀਆਂ ਲਈ ਨਹੀਂ ਦਿੱਤਾ ਗਿਆ ਇਹ ਕੇਵਲ ਤੇ ਕੇਵਲ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਸਿਹਤ ਮੰਤਰੀ ਸਰਦਾਰ ਡਾਕਟਰ ਬਲਵੀਰ ਸਿੰਘ ਜੀ ਦੀ ਸੁਚੱਜੀ ਸੋਚ ਸਦਕਾ ਸੰਭਵ ਹੋ ਸਕਿਆ ਹੈ ਉਹਨਾਂ ਕਿਹਾ ਕਿ ਅੱਜ ਦੀਪ ਨਗਰ ਵਿੱਚ ਜਿਹੜੇ ਲਾਭਪਾਤਰੀਆਂ ਵੱਲੋਂ ਸਿਹਤ ਕਾਰਡ ਬਣਵਾਏ ਗਏ ਹਨ ਉਹਨਾਂ ਲਈ ਪਹਿਲਾਂ ਤਾਂ ਇਹ ਉਹਨਾਂ ਦੇ ਪਰਿਵਾਰਾਂ ਲਈ ਮਹਾਰਾਜ ਅੱਗੇ ਅਰਦਾਸ ਕਰਦੇ ਹਨ ਕਿ ਪਰਮਾਤਮਾ ਕਿਸੇ ਨੂੰ ਵੀ ਹਸਪਤਾਲ ਵਿੱਚ ਜਾਣ ਦਾ ਮੌਕਾ ਨਾ ਦਵੇ ਇਸੇ ਤਰ੍ਹਾਂ ਹੀ ਤੰਦਰੁਸਤ ਦੀ ਬਖਸ਼ੇ ਪਰ ਜੇਕਰ ਕਿਸੇ ਵੀ ਬੰਦੇ ਨੂੰ ਕਿਸੇ ਬਿਮਾਰੀ ਕਾਰਨ ਜਾਣਾ ਪੈਂਦਾ ਹੈ ਤਾਂ ਹਸਪਤਾਲਾਂ ਦੀ ਉਹ ਲਿਸਟ ਦਿੱਤੀ ਜਾਵੇਗੀ ਜੋ ਕਿ ਪ੍ਰਾਈਵੇਟ ਹਸਪਤਾਲ ਪੈਟਰਨ ਤੇ ਹਨ ਅਤੇ ਇਹਨਾਂ ਹਸਪਤਾਲਾਂ ਵਿੱਚ ਕਿਸੇ ਵੀ ਕਿਸਮ ਦੀ ਕਿਸੇ ਵੀ ਵਿਅਕਤੀ ਨੂੰ ਦਿੱਕਤ ਫੇਸ ਨਹੀਂ ਕਰਨੀ ਪਵੇਗੀ।ਇਸ ਕੈਂਪ ਮੌਕੇ ਸਰਪੰਚ ਹਰਮੇਸ਼ ਸਿੰਘ ,ਪ੍ਰਭਜੋਤ ਸਿੰਘ(ਪੰਚ), ਸੁਰਿੰਦਰ ਸ਼ਰਮਾ(ਪੰਚ), ਦਵਿੰਦਰ ਸਿੰਘ (ਪੰਚ),ਚੰਦਨ ਕੁਮਾਰ, ਸੁਖਦੀਪ ਸਿੰਘ ਅਤੇ ਯੂਥ ਕਲੱਬ ਦੇ ਪ੍ਰਧਾਨ ਹਨਦੀਪ ਸ਼ਰਮਾ ਮੌਜੂਦ ਰਹੇ। ਕੈਂਪ ਵਿਚ ਆਏ ਲੋਕਾਂ ਨੇ ਮੁਖ ਮੰਤਰੀ ਸਰਦਾਰ ਭਗਵੰਤ ਮਾਨ ਅਤੇ ਹਲਕੇ ਦੇ ਐਮ ਐਲ ਏ ਜੀਵਨ ਸਿੰਘ ਸੰਗੋਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ ।ਇਸ ਕੈਂਪ ਵਿਚ ਸਪੋਰਟਸ ਵਿੰਗ ਲੁਧਿਆਣਾ ਦੀ ਪ੍ਰਧਾਨ ਸੋਨੀਆ ਮੈਡਮ ਵੱਲੋਂ ਵਿਧਾਇਕ ਜੀਵਨ ਸਿੰਘ ਸੰਗੋਵਾਲ ਉਨਾਂ ਦੇ ਨਿੱਜੀ ਸਲਾਹਕਾਰ ਜਸਵਿੰਦਰ ਸਿੰਘ ਜੱਸੀ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਗਿਆ ਕਿ ਉਹਨਾਂ ਦੇ ਇੱਕ ਵਾਰ ਕਹਿਣ ਤੇ ਹੀ ਉਹਨਾਂ ਵੱਲੋਂ ਤੁਰੰਤ ਇਸ ਕੈਂਪ ਨੂੰ ਉਹਨਾਂ ਦੇ ਮਹੱਲੇ ਵਿੱਚ ਲਗਾਇਆ ਗਿਆ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੁੱਗਰੀ ਵਿਖੇ ਗੁਰਮਤਿ ਕੀਰਤਨ ਸਮਾਗਮ



ਲੁਧਿਆਣਾ, 2 ਮਾਰਚ, (ਕਰਨੈਲ ਸਿੰਘ ਐੱਮ.ਏ.) ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਗੁਰਮਤਿ ਕੀਰਤਨ ਸਮਾਗਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ । ਸਮਾਗਮਾਂ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ । ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ।ਗੁਰੂ ਘਰ ਦੇ ਹਜ਼ੂਰੀ ਕੀਰਤਨੀ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ । ਗਿਆਨੀ ਹਰਪ੍ਰੀਤ ਸਿੰਘ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ । ਸ਼ਾਮ ਦੇ ਪ੍ਰੋਗਰਾਮ ਵਿੱਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਸੋਦਰ ਰਹਿਰਾਸ ਦੀ ਚੌਂਕੀ ਤੋਂ ਬਾਅਦ ਭਾਈ ਤਰਨਜੀਤ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਣ ਕਰਵਾਇਆ । ਭਾਰੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫਲਾ ਕੀਤਾ । ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਕੰਵਲਜੀਤ ਸਿੰਘ ਅਤੇ ਗੁਰਦੀਪ ਸਿੰਘ ਕਾਲੜਾ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਭਾਈ ਤਰਨਜੀਤ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੂੰ ਸਨਮਾਨਿਤ ਕੀਤਾ । ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸਮੇਂ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਨਣ ਅਤੇ ਆਪਣਾ ਜੀਵਨ ਸਫਲਾ ਕਰਨ। ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਸੀਨੀਅਰ ਮੈਂਬਰ ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸ਼ਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰ ਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਹਰਨੇਕ ਸਿੰਘ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਕ੍ਰਿਪਾਲ ਸਿੰਘ ਕਾਲੜਾ, ਜਗਜੀਵਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ, ਤਰਲੋਕ ਸਿੰਘ, ਮਨਿੰਦਰ ਸਿੰਘ, ਜਸਵਿੰਦਰ ਸਿੰਘ, ਹਰਪਾਲ ਸਿੰਘ, ਚਮਨ ਸਿੰਘ, ਕਰਮ ਸਿੰਘ, ਤਜਿੰਦਰ ਸਿੰਘ ਹਾਜ਼ਰ ਸਨ।

# ਨੀਤੂ ਬਹਿਲ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ



ਅੰਮ੍ਰਿਤਸਰ, 2 ਮਾਰਚ (ਬਬਲੂ ਮਹਾਜਨ)ਪੱਤਰਕਾਰ ਜੋਤੀ ਬਹਿਲ ਦੀ ਪਤਨੀ ਨੀਤੂ ਬਹਿਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਗਈ। ਨੀਤੂ ਬਹਿਲ ਦਾ ਅੰਤਿਮ ਸਸਕਾਰ ਸ੍ਰੀ ਦੁਰਗਿਆਣਾ ਮੰਦਿਰ ਨਜਦੀਕ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਇਸ ਮੌਕੇ ਧਾਰਮਿਕ, ਸਿਆਸੀ ਤੇ ਸਮਾਜਿਕ ਸਖ਼ਸ਼ੀਅਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਦਸਣਯੋਗ ਹੈ ਕਿ 28 ਫਰਵਰੀ ਨੂੰ ਨੀਤੂ ਬਹਿਲ ਦਾ ਦੇਹਾਂਤ ਹੋ ਗਿਆ। ਉਹ ਆਪਣੇ ਪਿੱਛੇ ਆਪਣੇ ਪੁੱਤਰ ਮਾਨਵ ਬਹਿਲ ਅਤੇ ਧੀ ਆਸ਼ਨਾ ਬਹਿਲ ਛੱਡ ਗਏ ਹਨ। ਇਸ ਮੌਕੇ ਹਰਵਿੰਦਰ ਸਿੰਘ ਸੰਧੂ, ਸਰਬਜੀਤ ਸਿੰਘ ਸ਼ੈਂਟੀ ਪਰਿਵਾਰਕ ਮੈਂਬਰ ਤੇ ਸਾਕ ਸਬੰਧੀ ਮੌਜੂਦ ਸਨ।

# ਐਸ.ਐਸ.ਐਫ. ਦੇ ਗਠਨ ਤੋਂ ਬਾਅਦ ਸੜਕ ਹਾਦਸਿਆਂ 'ਚ ਹੁੰਦੀਆਂ ਮੌਤਾਂ ਦੀ ਦਰ 'ਚ 48 ਫੀਸਦੀ ਕਮੀ ਆਈ : ਡਾ. ਨਿੱਜ਼ਰ



ਅੰਮ੍ਰਿਤਸਰ,2 ਮਾਰਚ (ਬਬਲੂ ਮਹਾਜਨ) - ਪੰਜਾਬ ਵਿੱਚ ਸੜਕ ਸੁਰੱਖਿਆ ਫੋਰਸ (ਐੱਸ.ਐੱਸ.ਐੱਫ.) ਦੇ ਗਠਨ ਤੋਂ ਬਾਅਦ ਸੜਕ ਸੁਰੱਖਿਆ ਵਿਵਸਥਾ ਵਿੱਚ ਵਿਆਪਕ ਸੁਧਾਰ ਦਰਜ ਕੀਤਾ ਗਿਆ ਹੈ। ਹਾਦਸੇ ਵਾਲੀਆਂ ਥਾਵਾਂ 'ਤੇ ਐਸ.ਐਸ.ਐਫ. ਦਾ ਫੌਰੀ ਪਹੁੰਚਣਾ, ਪੀੜਤਾਂ ਨੂੰ ਮੁਢਲੀ ਸਹਾਇਤਾ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਮੌਤ ਦਰ 'ਚ 48 ਫੀਸਦੀ ਕਮੀ ਆਈ ਹੈ। ਕਿਸੇ ਸਮੇਂ ਸੜਕ ਹਾਦਸਿਆਂ ਵਿੱਚ ਹੁੰਦੀਆਂ ਮੌਤਾਂ ਲਈ ਪੰਜਾਬ ਦਾ ਨਾਮ ਦੇਸ਼ ਦੇ ਸਿਖਰਲੇ ਤਿੰਨ ਸੂਬਿਆਂ ਵਿੱਚ ਸ਼ੁਮਾਰ ਸੀ ਪਰ ਪੰਜਾਬ ਵਿੱਚ ਇਹ ਸਥਿਤੀ ਪੂਰੀ ਤਰ੍ਹਾਂ ਬਦਲ ਚੁੱਕੀ ਹੈ ਅਤੇ ਪੀੜਤਾਂ ਨੂੰ ਫੌਰੀ ਹਸਪਤਾਲ ਪਹੁੰਚਾਉਣ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਕੀਮਤੀ ਮਨੁੱਖੀ ਜ਼ਿੰਦਗੀਆਂ ਬਚ ਰਹੀਆਂ ਹਨ।ਇਸ ਵਿਆਪਕ ਸੁਧਾਰ ਦਾ ਜ਼ਿਕਰ ਕਰਦਿਆਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਦੇਸ਼ ਦੇ ਹੋਰ ਸੂਬਿਆਂ ਨੇ ਸੜਕ ਸੁਰੱਖਿਆ ਫੋਰਸ ਦੇ ਇਸ ਮਾਡਲ ਪ੍ਰਤੀ ਦਿਲਚਸਪੀ ਜ਼ਾਹਰ ਕੀਤੀ ਹੈ ਅਤੇ ਇੱਥੋਂ ਤੱਕ ਕਿ ਪ੍ਰਧਾਨ ਮੰਤਰੀ ਨੇ ਵੀ ਬੀਤੇ ਸਮੇਂ 'ਮਨ ਕੀ ਬਾਤ' ਵਿੱਚ ਦੇਸ਼ ਲਈ ਸੜਕ ਸੁਰੱਖਿਆ ਦਾ ਜ਼ਿਕਰ ਕੀਤਾ ਹੈ।ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਪੰਜਾਬ ਵਿੱਚ ਸੜਕ ਹਾਦਸਿਆਂ ਵਿੱਚ ਮੌਤਾਂ ਦੀ ਦਰ 'ਚ 48 ਫੀਸਦੀ ਕਮੀ ਆਈ ਹੈ ਜਿਸ ਕਰਕੇ ਇਸ ਮਾਡਲ ਪ੍ਰਤੀ ਹੋਰ ਸੂਬਿਆਂ ਨੇ ਦਿਲਚਸਪੀ ਦਿਖਾਈ ਹੈ।ਉਨ੍ਹਾਂ ਕਿਹਾ ਕਿ ਬਹੁਤ ਸਾਰੇ ਸੂਬਿਆਂ ਨੇ ਆਪੋ-ਆਪਣੇ ਸੂਬੇ ਵਿੱਚ ਜਨਤਕ ਸੁਰੱਖਿਆ ਵਾਲੇ ਇਸ ਨਿਵੇਕਲੇ ਉਪਰਾਲੇ ਨੂੰ ਲਾਗੂ ਕਰਨ ਲਈ ਪੰਜਾਬ ਸਰਕਾਰ ਨਾਲ ਸੰਪਰਕ ਕਾਇਮ ਕੀਤਾ ਹੈ। ਡਾ. ਨਿੱਜਰ ਨੇ ਦੱਸਿਆ ਕਿ ਐੱਸ.ਐੱਸ.ਐੱਫ. ਦੇ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ 1,597 ਕਰਮਚਾਰੀ ਐੱਸ.ਐੱਸ.ਐੱਫ. ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰ ਰਹੇ ਹਨ ਅਤੇ ਇਨ੍ਹਾਂ ਨੂੰ ਨਵੀਨਤਮ ਤੇ ਪੂਰੀ ਤਰ੍ਹਾਂ ਲੈਸ 144 ਵਾਹਨ ਪ੍ਰਦਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪਛਲੇ ਸਾਲ ਫਰਵਰੀ ਵਿੱਚ ਇਸ ਦੀ ਸ਼ੁਰੂਆਤ ਤੋਂ ਬਾਅਦ ਇਸ ਫੋਰਸ ਦੇ ਗਠਿਤ ਹੋਣ ਨਾਲ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੀ ਦਰ ਵਿੱਚ 48 ਫ਼ੀਸਦ ਕਮੀ ਆਈ ਹੈ। ਇਸ ਤੋਂ ਇਲਾਵਾ ਸੜਕ ਹਾਦਸਿਆਂ ਵਿੱਚ ਜ਼ਖਮੀ ਹੋਏ ਲੋਕਾਂ ਦੀਆਂ ਕੀਮਤੀ ਚੀਜ਼ਾਂ ਅਤੇ ਪੈਸੇ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਇਆ ਹੈ।ਉਨ੍ਹਾਂ ਕਿਹਾ ਕਿ ਇਹ ਫੋਰਸ 4,200 ਕਿਲੋਮੀਟਰ ਲੰਬੇ ਹਾਈਵੇਅ 'ਤੇ ਤਾਇਨਾਤ ਕੀਤੀ ਗਈ ਹੈ ਜਿੱਥੇ ਟ੍ਰੈਫਿਕ ਹਾਦਸਿਆਂ ਦੀ ਸੰਭਾਵਨਾ ਵੱਧ ਹੁੰਦੀ ਹੈ। ਆਪਣੇ ਨਿਰਧਾਰਤ ਖੇਤਰਾਂ ਵਿੱਚ ਗਸ਼ਤ ਕਰਨ ਤੋਂ ਇਲਾਵਾ, ਐੱਸ.ਐੱਸ.ਐੱਫ. ਟ੍ਰੈਫਿਕ ਉਲੰਘਣਾਵਾਂ ਵਿਰੁੱਧ ਮਜ਼ਬੂਤ ਰੋਕਥਾਮ ਵਜੋਂ ਵੀ ਕੰਮ ਕਰਦਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਕਿਸੇ ਵੀ ਸਰਕਾਰਾਂ ਨੇ ਅਜਿਹੇ ਗੰਭੀਰ ਮੁੱਦਿਆਂ ਵੱਲ ਧਿਆਨ ਨਹੀਂ ਦਿੱਤਾ, ਜਿਸ ਕਾਰਨ ਪੰਜਾਬ ਪਹਿਲਾਂ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੇ ਮਾਮਲੇ ਵਿੱਚ ਚੋਟੀ ਦੇ ਤਿੰਨ ਰਾਜਾਂ ਵਿੱਚ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਹੁਣ ਹਾਦਸੇ ਦੇ ਪੀੜਤਾਂ ਨੂੰ ਹਸਪਤਾਲਾਂ ਵਿੱਚ ਤੁਰੰਤ ਮੁੱਢਲੀ ਸਹਾਇਤਾ ਅਤੇ ਸਹੀ ਇਲਾਜ ਮਿਲ ਰਿਹਾ ਹੈ। ਸੜਕ ਸੁਰੱਖਿਆ ਫੋਰਸ ਦੀ ਕਾਮਯਾਬੀ ਲਈ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਮੁੱਚੀ ਪੰਜਾਬ ਸਰਕਾਰ ਨੂੰ ਵਧਾਈ ਦਿੱਤੀ ਹੈ।

# ਸ੍ਰੀ ਦੁਰਗਿਆਨਾ ਤੀਰਥ ਵਿਖੇ ਹੋਲੀ ਦੇ ਦਿਹਾੜੇ 'ਤੇ ਰੌਣਕ ਦੇਖਣ ਨੂੰ ਮਿਲੀ



ਅੰਮ੍ਰਿਤਸਰ : 2 ਮਾਰਚ (ਬਬਲੂ ਮਹਾਜਨ)ਅੰਮ੍ਰਿਤਸਰ ਦੇ ਪ੍ਰਾਚੀਨ ਮੰਦਰ ਸ੍ਰੀ ਦੁਰਗਿਆਨਾ ਤੀਰਥ ਵਿਖੇ ਹੋਲੀ ਦੇ ਦਿਹਾੜੇ ਇਕ ਅਲੌਕਿਕ ਰੌਣਕ ਦੇਖਣ ਨੂੰ ਮਿਲੀ ਹੈ। ਇਸ ਮੌਕੇ ਭਗਵਾਨ ਸ਼੍ਰੀ ਗਿਰੀਰਾਜ ਦੇ ਨਾਲ-ਨਾਲ ਲੋਕਾਂ ਨੇ ਇੱਕ ਦੂਜੇ ਦੇ ਉਪਰ ਸੁੱਕੇ ਰੰਗਾਂ ਅਤੇ ਫੁੱਲਾਂ ਦੇ ਨਾਲ ਹੋਲੀ ਖੇਡੀ ਗਈ। ਇਸ ਮੌਕੇ ਸ਼ਰਧਾਲੂਆਂ ਵੱਲੋਂ ਹੋਲੀ ਦੇ ਤਿਉਹਾਰ ਦਾ ਪੂਰਾ ਆਨੰਦ ਮਾਣਿਆ ਗਿਆ। ਉਥੇ ਹੀ ਦੁਰਗਿਆਣਾ ਮੰਦਿਰ ਦੇ ਪੁਜਾਰੀ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਸੰਸਾਰ ਭਰ ਦੇ ਲੋਕਾਂ ਨੂੰ ਦੁਰਗਿਆਣਾ ਤੀਰਥ ਵੱਲੋਂ ਕੀ ਇਸ ਪਾਵਨ ਤਿਉਹਾਰ ਦੀ ਵਧਾਈ ਦਿੰਦੇ ਹਾਂ। ਉਨ੍ਹਾਂ ਕਿਹਾ ਕਿ ਹੌਲੀ ਦਾ ਇਹ ਤਿਉਹਾਰ ਪਿਆਰ ਦੇ ਪ੍ਰਤੀਕ ਤਿਉਹਾਰ ਹੈ। ਹੌਲੀ ਦੇ ਇਹ ਰੰਗ ਆਪਸੀ ਭਾਈਚਾਰਕ ਸਾਂਝ ਦੇ ਸੰਦੇਸ਼ ਦਿੰਦੇ ਹਨ ਉਨ੍ਹਾਂ ਕਿਹਾ ਕਿ ਹੋਲੀ ਦਾ ਤਿਉਹਾਰ ਸਾਡੇ ਦੇਸ਼ ਵਿੱਚ ਧਾਰਮਿਕ ਤੇ ਪੁਰਾਣੀਕ ਅਤੇ ਜੈਵਿਕ-ਵਿਗਿਆਨਕ ਮਹੱਤਵ ਰੱਖਦਾ ਹੈ। ਉਨ੍ਹਾਂ ਕਿਹਾ ਕਿ ਫੁੱਲਾਂ ਦੇ ਰੰਗ ਸਾਡੀ ਸ਼ਰੀਰ ਦੀ ਚਮੜੀ ਦੇ ਲਈ ਵੀ ਠੀਕ ਹਨ ਉਹਨਾ ਕਿਹਾ ਕਿ ਸ਼ਰਧਾਲੂ ਵਰਿੰਦਾਵਨ ਵਿੱਚ ਠਾਕੁਰ ਜੀ ਦੇ ਨਾਲ ਹੋਲੀ ਖੇਡਨ ਲਈ ਜਾਂਦੇ ਹਨ।ਕਾਂਗਰਸੀ ਸਾਂਸਦ ਨੇ ਭੇਦ ਭਾਵ ਨਾ ਕਰਨ ਦੀ ਕੀਤੀ ਅਪੀਲ਼: ਇਸ ਮੌਕੇ ਕਾਂਗਰਸੀ ਸਾਂਸਦ ਗੁਰਜੀਤ ਸਿੰਘ ਔਜਲਾ ਵੀ ਦੁਰਗਿਆਣਾ ਮੰਦਿਰ ਵਿੱਚ ਸ਼ਰਧਾਲੂਆਂ ਦੇ ਨਾਲ ਹੌਲੀ ਖੇਡਣ ਦੇ ਲਈ ਪਹੁੰਚੇ। ਗੁਰਜੀਤ ਸਿੰਘ ਓਹਲਾ ਨੇ ਕਿਹਾ ਕਿ ਹੋਲੀ ਦਾ ਤਿਉਹਾਰ ਪਿਆਰ ਦੇ ਰੰਗਾਂ ਦਾ ਪ੍ਰਤੀਕ ਹੈ। ਸਾਨੂੰ ਮਿਲ ਕੇ ਇਹ ਤਿਹਾਰ ਮਨਾਉਣੇ ਚਾਹੀਦੇ ਹਨ ਤੇ ਵੈਰ ਵਿਰੋਧ ਭੁਲਾ ਕੇ ਇੱਕ ਦੂਜੇ ਦੇ ਨਾਲ ਮਿਲ ਕੇ ਕੰਮ ਕਰਨੇ ਚਾਹੀਦੇ ਹਨ। ਉਹਨਾਂ ਕਿਹਾ ਕਿ ਅੱਜ ਇਹ ਹੋਲੀ ਦਾ ਤਿ ਅਨੰਦਪੁਰ ਸਾਹਿਬ ਦੇ ਵਿੱਚ ਵੀ ਮਨਾਇਆ ਜਾ ਰਿਹਾ ਹੈ। ਉੱਥੇ ਹੀ ਅਸੀਂ ਅੰਮ੍ਰਿਤਸਰ ਵਿੱਚ ਦੁਰਗਿਆਣਾ ਤੀਰਥ ਦੇ ਵਿੱਚ ਇਹ ਤਿਓਹਾਰ ਮਨਾ ਰਹੇ ਹਾਂ। ਉਥੇ ਹੀ ਦੁਰਗਿਆਣਾ ਮੰਦਿਰ ਵਿੱਚ ਹੋਲੀ ਖੇਡਣ ਆਏ ਸ਼ਰਧਾਲੂਆਂ ਦਾ ਕਹਿਣਾ ਸੀ ਕਿ ਅੱਜ ਹੋਲੀ ਵਾਲੇ ਦਿਨ ਇਥੇ ਆ ਕੇ ਠਾਕੁਰ ਜੀ ਦੇ ਨਾਲ ਹੋਲੀ ਖੇਡ ਕੇ ਮਨ ਨੂੰ ਬਹੁਤ ਖੁਸ਼ੀ ਮਿਲੀ ਹੈ।ਬੇਹੱਦ ਖੁਸ਼ ਨਜ਼ਰ ਆਏ ਸ਼ਰਧਾਲੂ: ਇਸ ਮੌਕੇ ਆਏ ਹੋਏ ਸ਼ਰਧਾਲੂਆਂ ਨੇ ਵੀ ਠਾਕੁਰ ਜੀ ਦੇ ਸੰਗ ਹੋਲੀ ਵੀ ਖੇਡੀ। ਸ਼ਰਧਾਲੂਆਂ ਨੇ ਕਿਹਾ ਕਿ ਲੋਕ ਹੋਲੀ ਮਨਾਉਣ ਵਾਸਤੇ ਲੋਕ ਇਥ ਪਹੁੰਚੇ ਹਨ ਜੋ ਕਿ ਜਿਹੜੇ ਰੰਗ ਸਰੀਰ ਦੀ ਚਮੜੀ ਨੂੰ ਖਰਾਬ ਕਰਦੇ ਹਨ ਉਹਨਾਂ ਨਾਲ ਹੋਲੀ ਕੇਢਣ ਦੀ ਬਜਾਏ,ਅਸੀਂ ਇੱਥੇ ਆ ਕੇ ਠਾਕੁਰ ਜੀ ਦੇ ਨਾਲ ਸੁੱਕੇ ਰੰਗਾਂ ਦੇ ਨਾਲ ਹੋਲੀ ਖੇਡਦੇ ਹਾਂ। ਸਾਨੂੰ ਇਨਾਂ ਮਜ਼ਾ ਕੀਤੇ ਹੋਰ ਨਹੀਂ ਆਉਂਦਾ। ਉਹਨਾਂ ਕਿਹਾ ਕਿ ਅਸੀਂ ਵਰਿੰਦਾਵਨ ਤੇ ਨਹੀਂ ਜਾ ਸਕਦੇ। ਪਰ ਵਰਿੰਦਾਵਨ ਵਰਗਾ ਨਜ਼ਾਰਾ ਸਾਨੂੰ ਇੱਥੇ ਵੇਖਣ ਨੂੰ ਮਿਲਿਆ ਹੈ। ਠਾਕੁਰ ਜੀ ਦੀ ਸ਼ੋਭਾ ਯਾਤਰਾ ਚ ਸ਼ਾਮਿਲ ਹੋ ਕੇ ਅਸੀਂ ਅੱਜ ਠਾਕੁਰ ਜੀ ਦੇ ਨਾਲ ਹੋਲੀ ਖੇਡ ਰਹੇ ਹਾਂ ।ਇੱਕ ਦੂਜੇ ਤੇ ਰੰਗ ਲਾ ਕੇ ਪਿਆਰ ਦਾ ਪ੍ਰਤੀਕ ਹੋਲੀ ਦਾ ਤਿਉਹਾਰ ਮਨਾ ਰਹੇ ਹਾਂ।

# ਭੁੱਟਾ ਤੇ ਬਰਾਸ ਨੂੰ ਪਿੰਡ ਭਗੜਾਣਾ ਤੇ ਝਾਂਮਪੁਰ ਵਿਖੇ ਕੀਤਾ ਗਿਆ ਸਨਮਾਨਿਤ

ਫਤਹਿਗੜ੍ਹ ਸਾਹਿਬ, 1 ਮਾਰਚ (ਹਰਪ੍ਰੀਤ ਕੌਰ ਟਿਵਾਣਾ)ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਜਿੱਥੋਂ ਦੁਨੀਆਂ ਭਰ ਨੂੰ ਆਪਸੀ ਮਿਲਵਰਤਨ ਤੇ ਹਮੇਸ਼ਾਂ ਅਮਨ ਸ਼ਾਂਤੀ ਨਾਲ ਰਹਿਣ ਦਾ ਸੱਦਾ ਦਿੱਤਾ ਹੈ ਪ੍ਰੰਤੂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਥੋਂ ਦੇ ਅਮਨ ਸ਼ਾਂਤੀ ਭਲੇ ਮਾਹੌਲ ਨੂੰ ਰੋਲ ਕੇ ਰੱਖ ਦਿੱਤਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਨੇ ਪਿੰਡ ਝਾਮਪੁਰ ਤੇ ਭਗੜਾਣਾ ਵਿਖੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਪਿੰਡ ਭਗੜਾਣਾ ਤੇ ਝਾਂਮਪੁਰ ਵਿਖੇ ਪਿੰਡ ਦੇ ਲੋਕਾਂ ਵੱਲੋਂ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਤੇ ਖੇੜਾ ਸਰਕਲ ਦੇ ਨਵੇਂ ਬਣੇ ਪ੍ਰਧਾਨ ਸੁਖਵਿੰਦਰ ਸਿੰਘ ਬਰਾਸ ਦੇ ਸਨਮਾਨ ਵਿੱਚ ਕਰਵਾਏ ਸਮਾਗਮ ਦੌਰਾਨ ਸਰਦਾਰ ਭੁੱਟਾ ਨੇ ਇਹ ਗੱਲ ਆਖੀ।ਪਿੰਡ ਭਗੜਾਣਾ ਦੇ ਨੌਵੀਂ ਪਾਤਸ਼ਾਹੀ ਗੁਰਦੁਆਰਾ ਸਾਹਿਬ ਵਿਖੇ ਗੱਲਬਾਤ ਕਰਦਿਆਂ ਸ. ਭੁੱਟਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਮੁੱਦਿਆਂ ਤੋਂ ਭਟਕ ਗਈ ਹੈ ਅਤੇ ਅੱਜ ਪੰਜਾਬ ਦੇ ਅਮਨ ਸ਼ਾਂਤੀ ਦਾ ਮਾਹੌਲ ਇਹ ਹੈ ਕਿ ਰੋਜ਼ਾਨਾ ਗੈਂਗ ਵਾਰ ਦੀਆਂ ਖਬਰਾਂ ਸਾਹਮਣੇ ਆਉਂਦੀਆਂ ਹਨ ਜਿਸ ਤੋਂ ਸੂਬੇ ਦੇ ਅਮਨ ਸ਼ਾਂਤੀ ਨੂੰ ਵੱਡਾ ਖਤਰਾ ਪੈਦਾ ਹੋ ਗਿਆ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਸੂਬੇ ਅੰਦਰ ਅਮਨ ਸ਼ਾਂਤੀ ਦਾ ਮਾਹੌਲ ਕਾਇਮ ਰੱਖਿਆ ਹੈ ਅਤੇ ਸੂਬੇ ਨੂੰ ਸਰਬਪੱਖੀ ਵਿਕਾਸ ਦੀਆਂ ਲੀਹਾਂ ਤੇ ਤੋਰਿਆ ਹੈ।ਉਹਨਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਸਮੇਂ ਪਿੰਡਾਂ ਅਤੇ ਸ਼ਹਿਰਾਂ ਦਾ ਵੱਡੇ ਪੱਧਰ ਤੇ ਵਿਕਾਸ ਹੋਇਆ ਹੈ ਤੇ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਵੱਡੇ ਪੱਧਰ ਤੇ ਬਿਨਾਂ ਭੇਤ ਭਾਵ ਤੋ ਪੰਜਾਬ ਦਾ ਵਿਕਾਸ ਕੀਤਾ ਜਾਵੇਗਾ । ਹੁਣ ਇਹ ਵੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਜਥੇਬੰਦੀ ਵਿੱਚ ਵਰਕਰ ਅਤੇ ਆਗੂਆਂ ਨੂੰ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਜਸਵੰਤ ਸਿੰਘ ਸਾਬਕਾ ਮੈਨੇਜਰ,ਰਾਮ ਸਿੰਘ ਸੀਨੀਅਰ ਅਕਾਲੀ ਆਗੂ ਭਗੜਾਣਾ,ਸਤਵਿੰਦਰ ਸਿੰਘ ਬਡਾਲੀ ਮਾਈ ਕੀ,ਭੁਪਿੰਦਰ ਸਿੰਘ ਬਡਾਲੀ ਅੱਲਾ ਸਿੰਘ,ਸਤਪਾਲ ਸਿੰਘ ਸਲੇਮਪੁਰ,ਦਿਲਬਾਗ ਸਿੰਘ ਸੋਹੀ,ਗੁਰਮੀਤ ਸਿੰਘ ਨੰਬਰਦਾਰ ਭਗੜਾਣਾ,ਬਲਜਿੰਦਰ ਸਿੰਘ ਬਰਾਸ ਮੈਂਬਰ ਬਲਾਕ ਸੰਮਤੀ,ਅਵਤਾਰ ਸਿੰਘ ਬਰਾਸ,ਸੋਨੀ ਭਗੜਾਣਾ,ਇਕਬਾਲ ਸਿੰਘ,ਭਾਗ ਸਿੰਘ ਦਾਦੂ ਮਾਜਰਾ,ਹਰਿੰਦਰ ਸਿੰਘ ਮਹਿਤਾਬਗੜ,ਸੰਦੀਪ ਸਿੰਘ ਮਹਿਤਾਬਗੜ੍ਹ,ਦਿਲਬਰ ਸਿੰਘ ਤਿੰਬਰਪੁਰ,ਗੁਰਮੀਤ ਸਿੰਘ ਕਵੀਸ਼ਰ ਝਮਪੁਰ,ਦਰਸ਼ਨ ਸਿੰਘ ਭਗੜਾਣਾ,ਬਲਕਾਰ ਸਿੰਘ ਨਰੈਣਾ ਨੰਬਰਦਾਰ ਗੁਰਮੀਤ ਸਿੰਘ ਭੂਆ ਖੇੜੀ,ਈਸ਼ਰ ਸਿੰਘ,ਰਾਣਾ,ਪ੍ਰੀਤਮ ਸਿੰਘ ਦਾਦੂ ਮਾਜਰਾ ਅਤੇ ਪਿੰਡ ਝਾਮਪੁਰ ਤੋਂ ਬਲਵਿੰਦਰ ਸਿੰਘ ਰੰਧਾਵਾ,ਸੁਖਵਿੰਦਰ ਸਿੰਘ ਗੋਰਾ,ਦਰਸ਼ਨ ਸਿੰਘ ਡੇਰਾ,ਹਰਨੇਕ ਸਿੰਘ,ਸੁਖਵਿੰਦਰ ਸਿੰਘ ਦੋਧੀ,ਗੁਰਵਿੰਦਰ ਸਿੰਘ,ਲਾਭ ਸਿੰਘ,ਹਰਭਜਨ ਸਿੰਘ,ਸੁਖਰਾਜ ਸਿੰਘ,ਰਣਜੀਤ ਸਿੰਘ,ਮਨਪ੍ਰੀਤ ਸਿੰਘ,ਅਮਰੀਕ ਸਿੰਘ,ਗੁਰਸਿਮਰਨ ਸਿੰਘ,ਤੇਜਿੰਦਰ ਸਿੰਘ ਫੌਜੀ,ਗੁਰਮੇਲ ਸਿੰਘ,ਜਸਵੰਤ ਸਿੰਘ ਕਵੀਸ਼ਰ,ਪਾਲ ਸਿੰਘ,ਅਮਨ ਸਿੰਘ,ਮਨਜੀਤ ਸਿੰਘ,ਗਿਆਨ ਸਿੰਘ ਆਦਿ ਹਾਜ਼ਰ ਸਨ।

# ਮਾਤਾ ਗੁਜਰੀ ਦੇ ਜ਼ੂਆਲੋਜੀ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਵਿੱਦਿਅਕ ਦੌਰਾ



ਫ਼ਤਹਿਗੜ੍ਹ ਸਾਹਿਬ, 2 ਮਾਰਚ (ਹਰਪ੍ਰੀਤ ਕੌਰ ਟਿਵਾਣਾ)ਮਾਤਾ ਗੁਜਰੀ ਕਾਲਜ ਦੇ ਜ਼ੂਆਲੋਜੀ ਵਿਭਾਗ ਵੱਲੋਂ ਰੋਹਾਂਡਾ, ਹਿਮਾਚਲ ਪ੍ਰਦੇਸ਼ ਵਿਖੇ ਦੋ ਰੋਜ਼ਾ ਵਿਸ਼ੇਸ਼ ਵਿੱਦਿਅਕ ਦੌਰਾ ਆਯੋਜਿਤ ਕਰਵਾਇਆ ਗਿਆ ਜਿਸ ਵਿੱਚ ਕਾਲਜ ਦੇ ਜ਼ੂਆਲੋਜੀ ਅਤੇ ਖੇਤੀਬਾੜੀ ਵਿਭਾਗ ਦੇ ਕੁੱਲ 23 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕੁਦਰਤ ਦੀ ਕਦਰ ਕਰਨਾ, ਵਾਤਾਵਰਣ ਦੀ ਸਮਝ ਪ੍ਰਦਾਨ ਕਰਨਾ ਅਤੇ ਜੈਵਿਕ ਵਿਭਿੰਨਤਾ ਸਬੰਧੀ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਜਿੱਥੇ ਸਥਾਨਕ ਵਿਰਾਸਤ ਅਤੇ ਖੇਤੀਬਾੜੀ ਦੀਆਂ ਵੱਖ-ਵੱਖ ਪ੍ਰਣਾਲੀਆਂ ਬਾਰੇ ਵਡਮੁੱਲੀ ਜਾਣਕਾਰੀ ਹਾਸਲ ਕੀਤੀ, ਉਥੇ ਨਾਲ ਹੀ ਟ੍ਰੈਕਿੰਗ ਅਤੇ ਆਫ-ਰੋਡਿੰਗ ਆਦਿ ਰੋਚਕ ਗਤੀਵਿਧੀਆਂ ਦਾ ਅਨੁਭਵ ਵੀ ਕੀਤਾ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ, ਕਿਉਂਕਿ ਇਹ ਕਿਤਾਬੀ ਗਿਆਨ ਦੇ ਨਾਲ-ਨਾਲ ਵਿਦਿਆਰਥੀਆਂ ਦੇ ਵਿਹਾਰਕ ਗਿਆਨ ਵਿੱਚ ਵੀ ਵਾਧਾ ਹੁੰਦਾ ਹੈ। ਜ਼ੂਆਲੋਜੀ ਵਿਭਾਗ ਦੇ ਮੁਖੀ ਪ੍ਰੋ. ਪਰਦੀਪ ਕੌਰ ਸੰਧੂ ਨੇ ਦੱਸਿਆ ਕਿ ਇਸ ਦੌਰੇ ਦਾ ਉਦੇਸ਼ ਵਿਦਿਆਰਥੀਆਂ ਨੂੰ ਕੁਦਰਤ ਨਾਲ ਜੋੜਨਾ, ਲੀਡਰਸ਼ਿਪ ਦੇ ਗੁਣ, ਆਪਸੀ ਸਹਿਯੋਗ, ਅਤੇ ਟੀਮ ਪ੍ਰਬੰਧਨ ਦੀ ਭਾਵਨਾ ਪੈਦਾ ਕਰਨਾ ਸੀ। ਇਸ ਦੌਰੇ ਦੌਰਾਨ ਵਿਭਾਗ ਦੇ ਡਾ. ਹਰਸਿਮਰਨਜੀਤ ਸਿੰਘ ਅਤੇ ਪ੍ਰੋ. ਪਰਵੀਨ ਨੇ ਵਿਦਿਆਰਥੀਆ ਦਾ ਮਾਰਗਦਰਸ਼ਨ ਕੀਤਾ।

# ਡਿਪਟੀ ਕਮਿਸ਼ਨਰ ਸਿਵਲ ਹਸਪਤਾਲ ਵਿਖੇ ਮਰੀਜ਼ਾਂ ਨੂੰ ਮਿਲੇ



ਫ਼ਿਰੋਜ਼ਪੁਰ, 2 ਮਾਰਚ:ਤਿਵਾੜੀ :ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਅੱਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਪਿੰਡ ਹਜ਼ਾਰਾ ਸਿੰਘ ਵਾਲਾ ਦੇ ਦੂਸ਼ਿਤ ਪਾਣੀ ਕਾਰਨ ਬੀਮਾਰ ਹੋਏ ਮਰੀਜ਼ਾਂ ਦਾ ਹਾਲ-ਚਾਲ ਜਾਣਿਆ ਗਿਆ। ਇਸ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ. ਲਿੰਦਿਯਾ ਅਤੇ ਸਿਵਲ ਸਰਜਨ ਰਾਜੀਵ ਪਰਾਸ਼ਰ ਵੀ ਮੌਜੂਦ ਰਹੇ। ਇਸ ਮੌਕੇ ਡਿਪਟੀ ਕਮਿਸ਼ਨ ਨੇ ਦੱਸਿਆ ਕਿ ਮਰੀਜ਼ਾਂ ਦੀ ਹਾਲਤ ਹੁਣ ਸਥਿਰ ਹੈ। ਉਨ੍ਹਾਂ ਡਾਕਟਰਾਂ ਨਾਲ ਵਿਸਥਾਰ ਵਿੱਚ ਗੱਲਬਾਤ ਕਰਕੇ ਮਰੀਜ਼ਾਂ ਦੇ ਇਲਾਜ ਸੰਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਸਿਹਤ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਇਲਾਜ ਵਿੱਚ ਕੋਈ ਵੀ ਕਮੀ ਨਾ ਰਹਿਣ ਦਿੱਤੀ ਜਾਵੇ। ਡਿਪਟੀ ਕਮਿਸ਼ਨਰ ਨੇ ਮਰੀਜ਼ਾਂ ਨੂੰ ਹਰ ਸੰਭਵ ਸਹਾਇਤਾ ਅਤੇ ਜ਼ਰੂਰੀ ਦਵਾਈਆਂ ਉਪਲਬਧ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਸਥਿਤੀ ਤੇ ਨਿਰੰਤਰ ਨਜ਼ਰ ਬਣਾਈ ਰੱਖੀ ਜਾਵੇ ਅਤੇ ਲੋਕਾਂ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਸੁਚੱਜੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਡੋਰ ਟੂ ਡੋਰ ਸਰਵੇ ਕੀਤਾ ਜਾ ਰਿਹਾ ਹੈ। ਪੀਣ ਵਾਲੇ ਪਾਣੀ ਦੇ ਵੀ ਸੈਂਪਲ ਦੁਬਾਰਾ ਲਏ ਗਏ ਹਨ ਅਤੇ ਐਸ.ਈ. ਅਤੇ ਐਕਸ.ਈ.ਐਨ. ਪੰਚਾਇਤੀ ਰਾਜ ਨੂੰ ਪਿੰਡ ਵਾਸੀਆਂ ਨੂੰ ਸਾਫ਼ ਪੀਣ ਵਾਲਾ ਵਾਲਾ ਪਾਣੀ ਉਪਲੱਬਧ ਕਰਵਾਉਣ ਲਈ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਪਿੰਡ ਵਿਚ ਲੋਕਾਂ ਦੀ ਮੈਡੀਕਲ ਸਹੂਲਤਾਂ ਲਈ ਮੈਡੀਕਲ ਕੈਂਪ ਲਗਾਇਆ ਹੋਇਆ ਹੈ ਜਿੱਥੇ ਮਾਹਿਰ ਡਾਕਟਰ ਉਨ੍ਹਾਂ ਦੀ ਸਹਾਇਤਾ ਲਈ ਉਪਲੱਬਧ ਹਨ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਗੱਲਬਾਤ ਕਰਕੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਘੜੀ ਵਿੱਚ ਪੂਰੀ ਤਰ੍ਹਾਂ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਹਰ ਤਰ੍ਹਾਂ ਦੀ ਮਦਦ ਯਕੀਨੀ ਬਣਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਪਿੰਡ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਟੈਂਕਰਾਂ ਰਾਹੀਂ ਮੁਹੱਈਆ ਕਰਵਾਇਆ ਪੀਣ ਵਾਲਾ ਪਾਣੀ ਹੀ ਵਰਤਿਆ ਜਾਵੇ ਅਤੇ ਪਾਣੀ ਨੂੰ ਉਬਾਲ ਕੇ ਹੀ ਪੀਤਾ ਜਾਵੇ।

# ਵਿਧਾਇਕ ਦਹੀਯਾ ਨੇ ਸਿਵਲ ਹਸਪਤਾਲ ਪਹੁੰਚ ਕੇ ਜਾਣਿਆ ਮਰੀਜ਼ਾਂ ਦਾ ਹਾਲ-ਚਾਲ

ਫ਼ਿਰੋਜ਼ਪੁਰ, 2 ਮਾਰਚ: ਤਿਵਾੜੀ : ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਸ਼੍ਰੀ ਰਜਨੀਸ਼ ਕੁਮਾਰ ਦਹੀਯਾ ਵੱਲੋਂ ਅੱਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਪਿੰਡ ਹਜ਼ਾਰਾ ਸਿੰਘ ਵਾਲਾ ਦੇ ਵਾਸੀ ਜੋ ਦੂਸ਼ਿਤ ਪਾਣੀ ਪੀਣ ਕਾਰਨ ਬੀਮਾਰ ਹੋਏ ਹਨ ਦਾ ਹਾਲ-ਚਾਲ ਜਾਣਿਆ ਗਿਆ। ਇਸ ਦੌਰਾਨ ਸਿਵਲ ਸਰਜਨ ਡਾ.ਰਾਜੀਵ ਪਰਾਸ਼ਰ ਵੀ ਹਾਜ਼ਰ ਸਨ। ਵਿਧਾਇਕ ਰਜਨੀਸ਼ ਕੁਮਾਰ ਦਹੀਯਾ ਨੇ ਇਸ ਮੌਕੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਦਾ ਹਾਲ ਜਾਣਿਆ, ਉਹਨਾਂ ਨੇ ਇਸ ਦੌਰਾਨ ਡਾਕਟਰਾਂ ਨਾਲ ਗੱਲਬਾਤ ਕਰਕੇ ਮਰੀਜ਼ਾਂ ਦੇ ਹੋ ਰਹੇ ਇਲਾਜ ਸਬੰਧੀ ਜਾਣਕਾਰੀ ਲਈ ਅਤੇ ਉਹਨਾਂ ਨੂੰ ਨਿਰਦੇਸ਼ ਵੀ ਦਿੱਤੇ ਕਿ ਇਹਨਾਂ ਮਰੀਜ਼ਾਂ ਦੇ ਇਲਾਜ ਵਿੱਚ ਕਿਸੇ ਤਰ੍ਹਾਂ ਦੀ ਕਮੀ ਨਹੀਂ ਰਹਿਣੀ ਚਾਹੀਦੀ। ਇਸ ਮੌਕੇ ਵਿਧਾਇਕ ਦਹੀਆ ਨੇ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਗੱਲਬਾਤ ਕੀਤੀ ਅਤੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਅਤੇ ਸਿਹਤ ਪ੍ਰਸ਼ਾਸਨ ਇਸ ਘੜੀ ਵਿੱਚ ਪੂਰੀ ਤਰ੍ਹਾਂ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਮਰੀਜ਼ਾਂ ਦੇ ਇਲਾਜ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

# ਮਰੀਜ਼ਾਂ ਨੇ ਸਾਂਝੇ ਕੀਤੇ ਤਜਰਬੇ, ਮੁੱਖ ਮੰਤਰੀ ਸਿਹਤ ਯੋਜਨਾ ਨੇ ਦਿੱਤੀ ਨਵੀਂ ਜ਼ਿੰਦਗੀ



ਲੁਧਿਆਣਾ,2 ਮਾਰਚ (ਵਿਸ਼ਾਲ ਸ਼ਰਮਾ) ਅਚਾਨਕ ਸਿਹਤ ਐਮਰਜੈਂਸੀ ਦੀ ਲਪੇਟ ਵਿੱਚ ਅਣਗਿਣਤ ਪੰਜਾਬ ਦੇ ਪਰਿਵਾਰ ਕਦੇ ਡਾਕਟਰੀ ਬਿੱਲਾਂ ਦੇ ਡਰ ਵਿੱਚ ਰਹਿੰਦੇ ਸਨ ਜੋ ਉਨ੍ਹਾਂ ਨੂੰ ਵਿੱਤੀ ਤਬਾਹੀ ਵਿੱਚ ਧੱਕ ਦਿੰਦੇ ਸਨ। ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਮੁੱਖ ਮੰਤਰੀ ਸਿਹਤ ਯੋਜਨਾ ਜੋ ਕਿ 22 ਜਨਵਰੀ, 2026 ਨੂੰ ਯੂਨੀਵਰਸਲ ਹੈਲਥਕੇਅਰ ਵੱਲ ਇੱਕ ਇਤਿਹਾਸਕ ਕਦਮ ਵਜੋਂ ਸ਼ੁਰੂ ਕੀਤੀ ਗਈ ਸੀ ਜਿਸ ਦਾ ਹੁਣ ਹਰ ਨਿਵਾਸੀ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਨਕਦੀ ਰਹਿਤ, ਉੱਚ-ਗੁਣਵੱਤਾ ਵਾਲੇ ਇਲਾਜ ਤੱਕ ਪਹੁੰਚ ਪ੍ਰਾਪਤ ਕਰਦਾ ਹੈ, ਜਿਸ ਵਿੱਚ ਕੋਈ ਆਮਦਨ ਸੀਮਾ ਜਾਂ ਛੋਟ ਨਹੀਂ ਹੈ। ਲੁਧਿਆਣਾ ਦੇ ਬੀ.ਆਰ.ਐਸ ਨਗਰ ਦੇ ਵਸਨੀਕ ਵਰੁਣ ਸ਼ਰਮਾ (40) ਨੂੰ ਕਈ ਦਿਨਾਂ ਤੱਕ ਬਿਮਾਰ ਰਹਿਣ ਤੋਂ ਬਾਅਦ ਗੰਭੀਰ ਖ਼ੂਨ ਦੀ ਲਾਗ ਅਤੇ ਸੰਬੰਧਿਤ ਪੇਚੀਦਗੀਆਂ ਦਾ ਸਾਹਮਣਾ ਕਰਨਾ ਪਿਆ। ਡਾਕਟਰਾਂ ਨੇ ਹਸਪਤਾਲ ਵਿੱਚ ਭਰਤੀ ਹੋਣ ਦੀ ਸਲਾਹ ਦਿੱਤੀ, ਜਿਸ ਨਾਲ ਉਹ ਆਪਣੇ ਪਰਿਵਾਰ ਲਈ ਇਕਲੌਤਾ ਕਮਾਊ ਹੋਣ ਕਰਕੇ ਬਹੁਤ ਚਿੰਤਤ ਹੋ ਗਿਆ। ਸ਼ਰਮਾ ਨੇ ਮੈਂ ਇਹ ਸੋਚ ਕੇ ਪੂਰੀ ਤਰ੍ਹਾਂ ਟੁੱਟ ਗਿਆ ਸੀ ਕਿ ਮੈਂ ਵੱਡੇ ਖਰਚਿਆਂ ਦਾ ਪ੍ਰਬੰਧ ਕਿਵੇਂ ਕਰਾਂਗਾ। ਫਿਰ ਉਸ ਨੇ ਇਸ ਸਕੀਮ ਵਿੱਚ ਤੁਰੰਤ ਨਾਮ ਦਰਜ ਕਰਵਾਇਆ ਜਿਸ ਨਾਲ ਉਸਦੀ ਸਥਿਤੀ ਬਦਲ ਗਈ। ਉਸਨੇ ਸੂਚੀਬੱਧ ਸ਼੍ਰੀ ਰਘੂਨਾਥ ਹਸਪਤਾਲ ਵਿੱਚ ਪੂਰਾ ਨਕਦ ਰਹਿਤ ਇਲਾਜ ਕਰਵਾਇਆ। ਉਨ੍ਹਾਂ ਨੇ ਕਿਹਾ, ਮੇਰੀ ਜੇਬ ਵਿੱਚੋਂ ਇੱਕ ਵੀ ਰੁਪਿਆ ਨਹੀਂ ਨਿਕਲਿਆ। ਉਨ੍ਹਾਂ ਨੇ ਅੱਗੇ ਕਿਹਾ ਕਿ ਉਹ ਹੁਣ ਪੂਰੀ ਤਰ੍ਹਾਂ ਠੀਕ ਹੋ ਗਿਆ ਹੈ, ਆਪਣੀ ਨੌਕਰੀ ਤੇ ਵਾਪਸ ਆ ਗਿਆ ਹੈ ਅਤੇ ਦੁਬਾਰਾ ਸਿਹਤਮੰਦ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕਰਨ ਲਈ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਨੇ ਸੱਚਮੁੱਚ ਮੇਰੇ ਵਰਗੇ ਪਰਿਵਾਰਾਂ ਨੂੰ ਬਰਬਾਦੀ ਤੋਂ ਬਚਾਇਆ ਹੈ। ਇਸੇ ਤਰ੍ਹਾਂ ਚੂਹੜਪੁਰ ਰੋਡ, ਹੈਬੋਵਾਲ ਕਲਾਂ ਦੇ ਰਾਹੁਲ ਰਾਣਾ (26) ਨੇ ਆਪਣਾ ਸਕਾਰਾਤਮਕ ਅਨੁਭਵ ਸਾਂਝਾ ਕਰਦਿਆਂ ਦੱਸਿਆ ਕਿ ਪਿਛਲੇ ਹਫ਼ਤੇ ਉਸ ਨੇ ਦੋ ਦਿਨ ਸੂਚੀਬੱਧ ਵਰੁਣ ਸਿੰਗਲਾ ਹਸਪਤਾਲ ਵਿੱਚ ਦਾਖਲ ਰਹਿ ਕੇ ਗੁਰਦੇ ਦੀ ਪੱਥਰੀ ਲਈ ਸਫਲ ਸਰਜਰੀ ਕਰਵਾਈ ਹੈ। ਇਹ ਕਹਾਣੀਆਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਪਰਿਵਰਤਨਸ਼ੀਲ ਸ਼ਕਤੀ ਨੂੰ ਦਰਸਾਉਂਦੀਆਂ ਹਨ ਜੋ ਕਿ ਇੱਕ ਵਿਆਪਕ ਯੋਜਨਾ ਹੈ ਜੋ ਪੰਜਾਬ ਅਤੇ ਇਸ ਤੋਂ ਬਾਹਰ ਸੈਂਕੜੇ ਸੂਚੀਬੱਧ ਹਸਪਤਾਲਾਂ (ਸਰਕਾਰੀ ਅਤੇ ਨਿੱਜੀ) ਵਿੱਚ 2,500 ਤੋਂ ਵੱਧ ਡਾਕਟਰੀ ਪ੍ਰਕਿਰਿਆਵਾਂ ਨੂੰ ਕਵਰ ਕਰਦੀ ਹੈ ਜਿਸ ਵਿੱਚ ਸਰਜਰੀਆਂ, ਆਈ.ਸੀ.ਯੂ ਦੇਖਭਾਲ, ਡਾਇਗਨੌਸਟਿਕਸ ਅਤੇ ਹੋਰ ਬਹੁਤ ਕੁਝ ਸ਼ਾਮਲ ਹੈ। ਆਮਦਨ ਦੇ ਮਾਪਦੰਡਾਂ ਅਤੇ ਕਾਮਨ ਸਰਵਿਸ ਸੈਂਟਰਾਂ ਵਿੱਚ ਆਧਾਰ ਅਤੇ ਵੋਟਰ ਆਈ.ਡੀ ਰਾਹੀਂ ਸਧਾਰਨ ਨਾਮਾਂਕਣ ਦੇ ਬਿਨਾਂ, ਇਹ ਯੋਜਨਾ ਯਕੀਨੀ ਬਣਾਉਂਦੀ ਹੈ ਕਿ ਹਰ ਪੰਜਾਬੀ ਪਰਿਵਾਰ ਸਿਹਤ ਅਤੇ ਵਿੱਤੀ ਸੁਰੱਖਿਆ ਵਿੱਚੋਂ ਇੱਕ ਦੀ ਚੋਣ ਕੀਤੇ ਬਿਨਾਂ ਸਿਹਤ ਸੰਭਾਲ ਤੱਕ ਪਹੁੰਚ ਕਰ ਸਕਦਾ ਹੈ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਲੋਕਾਂ ਨੂੰ ਇਸ ਯੋਜਨਾ ਦੇ ਤਹਿਤ ਨਾਮ ਦਰਜ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਮੁਹਿੰਮਾਂ ਨੂੰ ਤਰਜੀਹ ਦੇਣ ਦੇ ਨਿਰਦੇਸ਼ ਵੀ ਦਿੱਤੇ।***ਮੁੱਖ ਮੰਤਰੀ ਸਿਹਤ ਯੋਜਨਾ***22 ਜਨਵਰੀ ਨੂੰ ਲਾਂਚ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਭਾਰਤ ਵਿੱਚ ਪਹਿਲਾ ਸਥਾਨ ਰੱਖਦੀ ਹੈ ਜਿਸ ਤਹਿਤ ਬਿਨਾਂ ਕਿਸੇ ਆਮਦਨ ਸੀਮਾ ਦੇ ਵਿਆਪਕ ਕਵਰੇਜ ਦੀ ਪੇਸ਼ਕਸ਼ ਕਰਦੀ ਹੈ ਅਤੇ ਇਹ ਯਕੀਨੀ ਬਣਾਉਂਦੀ ਹੈ ਕਿ ਕਿਸੇ ਵੀ ਪੰਜਾਬੀ ਪਰਿਵਾਰ ਨੂੰ ਡਾਕਟਰੀ ਐਮਰਜੈਂਸੀ ਦੌਰਾਨ ਜੇਬ ਤੋਂ ਬਾਹਰ ਦੇ ਖਰਚਿਆਂ ਦਾ ਸਾਹਮਣਾ ਨਾ ਕਰਨਾ ਪਵੇ। ***ਨਕਦੀ ਰਹਿਤ ਅਤੇ ਕਾਗਜ਼ ਰਹਿਤ ਪ੍ਰਕਿਰਿਆ***ਲਾਭਪਾਤਰੀਆਂ ਨੂੰ ਪੈਨਲ ਵਾਲੇ ਸਰਕਾਰੀ ਹਸਪਤਾਲਾਂ, ਨਿੱਜੀ ਹਸਪਤਾਲਾਂ ਅਤੇ ਵਿਸ਼ੇਸ਼ ਕੇਂਦਰਾਂ (800+ ਤੋਂ ਵੱਧ ਸਹੂਲਤਾਂ ਵਾਲੇ ਜਿਨ੍ਹਾਂ ਵਿੱਚ ਪੰਜਾਬ ਅਤੇ ਪੰਜਾਬ ਤੋਂ ਬਾਹਰ ਦੇ ਵਿਕਲਪਾਂ ਦੀ ਚੋਣ ਕੀਤੀ ਜਾ ਸਕਦੀ ਹੈ) ਵਿੱਚ ਬਿਨਾਂ ਕਿਸੇ ਅਗਾਊਂ ਭੁਗਤਾਨ ਦੇ ਇਲਾਜ ਮਿਲਦਾ ਹੈ। ਇਸ ਸਕੀਮ ਤੋਂ ਨਿਰਵਿਘਨ ਲਾਭ ਲੈਣ ਲਈ ਆਧਾਰ ਕਾਰਡ ਨਾਲ ਲਿੰਕ ਕੀਤਾ ਗਿਆ ਹੈ। ਵੱਧ ਤੋਂ ਵੱਧ ਪਹੁੰਚ ਅਤੇ ਪਹੁੰਚ ਦੀ ਸੌਖ ਨੂੰ ਯਕੀਨੀ ਬਣਾਉਣ ਲਈ, ਰਾਜ ਸਰਕਾਰ ਨੇ ਹਾਲ ਹੀ ਵਿੱਚ ਨਾਮਾਂਕਣ ਪ੍ਰਕਿਰਿਆ ਨੂੰ ਸਰਲ ਬਣਾਇਆ ਹੈ। ਨਿਵਾਸੀ ਹੁਣ ਸਿਰਫ਼ ਆਧਾਰ ਅਤੇ ਵੋਟਰ ਆਈ.ਡੀ ਦੀ ਵਰਤੋਂ ਕਰਕੇ ਕਿਸੇ ਵੀ ਕਾਮਨ ਸਰਵਿਸ ਸੈਂਟਰ ਜਾਂ ਮਨੋਨੀਤ ਕੈਂਪ ਵਿੱਚ ਮੌਕੇ ਤੇ ਰਜਿਸਟਰ ਕਰ ਸਕਦੇ ਹਨ।


ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
ਰਜਿਸਟਰਡ ਆਫਿਸ : ਪੰ:ਰਾ:ਬਿ:ਬੋ:ਹੈਡ ਆਫਿਸ, ਦੀ ਮਾਲ ਪਟਿਆਲਾ-147001
ਕਾਰਪੋਰੇਸ਼ਨ ਆਈਡੈਂਟੀ ਨੰਬਰ: U40109PB2010SGC033813 ਵੈਬ ਸਾਈਟ www.pspcl.in
(ਮੋਬਾਇਲ ਨੰ:- 96461-10861) xen-civil-works-mkt1@pspcl.in

ਟੈਂਡਰ ਇੰਨਕੁਆਰੀ ਨੰ 32/CWD/MKS/2025-26 Date 02.03.2026
ਸੀਨੀਅਰ ਕਾਰਜਕਾਰੀ ਇੰਜੀਨੀਅਰ/ ਸਿਵਲ ਨਿਰਮਾਣ ਮੰਡਲ, 132 ਕੇ ਵੀ. ਗਰਿੰਡ ਕੰਪਲੈਕਸ ਪੀ ਐਸ. ਪੀ ਸੀ ਐਲ. ਸ੍ਰੀ ਮੁਕਤਸਰ ਸਾਹਿਬ, 152026 ਦੇ ਦਫਤਰ ਵੱਲੋਂ 66 ਕੇਵੀ ਸ/ਸ ਰੁਪਾਣਾ (ਅਧੀਨ ਵੰਡ ਹਲਕਾ, ਸ੍ਰੀ ਮੁਕਤਸਰ ਸਾਹਿਬ) ਵਿਖੇ ਵਾਧੂ ਟ/ਫ ਪਲਿੰਥ ਅਤੇ ਸਬੰਧਤ ਸਿਵਲ ਵਰਕਸ ਦੇ ਉਸਾਰੀ ਦੇ ਕੰਮਾ ਸਬੰਧੀ ਓਪਨ ਈ- ਟੈਂਡਰ (ਸਾਰਟ ਟਰਮ) ਮੰਗੇ ਜਾਦੇ ਹਨ।
ਵਿਸਤ੍ਰਿਤ ਟੈਂਡਰ ਮੰਗ ਨੋਟਿਸ ਅਤੇ ਟੈਂਡਰ ਸਪੈਸੀਫਿਕੇਨਾ ਵੈਬਸਾਈਟ "https://eproc.punjab.gov.in" ਉਪਰ ਮਿਤੀ: 03:03:2026 03:00 PM ਵਜੇ ਤੋਂ ਦੇਖੇ ਜਾ ਸਕਦੇ ਹਨ।
ਨੋਟ- ਸੰਧ ਸਬੰਧੀ ਵੇਰਵੇ ਜੇਕਰ ਕੋਈ ਹੋਏ, ਤਾਂ ਵੈਬਸਾਈਟ https://eproc.punjab.gov.in. ਤੇ ਵੇਖੋ "ਜਾਣ।
C 326/26
Ro No. Advt No. 1079/12/2025-26/9004/Dated CHD : 2/3/2026



PSPCL Punjab State Power Corporation Limited
Regd Office PSEB Head Office, The Mall, Patiala-147001
Corporate Identity No. U40109PB2010SGC033813 Website www.pspcl.in
Office of: Dy.Chief Engineer/DS Circle Bathinda 96461-14509
D-313, Block-D, Thermal Colony, Bathinda-151001 Phone NO. 0164-2274474, Email:sedsbti@gmail.com

ਟੈਂਡਰ ਇਨਕੁਆਰੀ ਨੰਬਰ. 09/SE/DS/BTI/2026-27 ਮਿਤੀ:- 28.02.2026
ਉਪ ਮੁੱਖ ਇੰਜੀਨੀਅਰ ਵੰਡ ਹਲਕਾ ਪੀ.ਐਸ.ਪੀ.ਸੀ.ਐਲ. ਬਠਿੰਡਾ ਅਧੀਨ ਵਿੱਤੀ ਸਾਲ 2026-27 ਲੇਬਰ ਆਊਟਸੋਰਸਿੰਗ ਰਾਹੀਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੰਡ ਮੰਡਲ ਭਗਤਾ ਭਾਈਕਾ ਅਧੀਨ ਪੈਂਦੇ 5 ਨੰ: ਯੂ.ਐਲ.ਬੀ ਭਗਤਾਂ, ਮਲੂਕਾ, ਕੋਠਾਗੁਰੂ, ਭਾਈਰੂਪਾ ਅਤੇ ਨਥਾਣਾ ਅਧੀਨ ਸੜਕ ਅਤੇ ਸਟ੍ਰੀਟ ਕਰਾਸਿੰਗਾਂ ਤੇ ਨੀਵੀਆਂ ਪੀਵੀਸੀ ਕੇਬਲਾਂ ਨੂੰ ਠੀਕ ਕਰਨ ਲਈ ਪਾਇਲਟ ਪ੍ਰੋਜੈਕਟ ਤਹਿਤ ਲੇਬਰ ਆਉਣ ਦੇ ਕੰਮਾਂ ਨੂੰ ਕਰਵਾਉਣ ਹਿੱਤ ਸਮੇਤ ਫੁਟਕਲ ਕੰਮ ਲੇਬਰ ਰੇਟ ਤੇ ਕਰਨ ਬਾਰੇ ਡਿਟੇਲਡ ਵੇਰਵੇ ਪੰਜਾਬ ਸਰਕਾਰ ਦੀ ਵੈਬਸਾਈਟ https://eproc.punjab.gov.in ਵਿੱਚੋਂ ਮਿਤੀ 28.02.2026 ਸਮਾਂ ਸਵੇਰੇ 11.00 ਵਜੇ ਤੋ ਡਾਊਨਲੋਡ ਕੀਤੇ ਜਾ ਸਕਦੇ ਹਨ ।
ਨੋਟ :-ਟੈਂਡਰ ਸਬੰਧੀ ਸੋਧ (ਜੇਕਰ ਕੋਈ ਹੋਵੇ) ਪੰਜਾਬ ਸਰਕਾਰ ਦੀ ਵੈਬਸਾਈਟ https://eproc.punjab.gov.in ਤੇ ਹੀ ਪ੍ਰਕਾਸ਼ਿਤ ਕੀਤੀ ਜਾਵੇਗੀ।
C 318/26
Ro No. Advt No. 1079/12/2025-26/8980/Dated CHD : 2/3/2026



ਪੰਜਾਬ ਸਰਕਾਰ
ਟੈਂਡਰ/ਆਰਐਫਪੀ ਹਵਾਲਾ ਨੰ. ਈ-ਟੈਂਡਰ/ਐਮਸੀ/ਲੌਂਗੋਵਾਲ/2025-26/17
ਨਗਰ ਕੌਂਸਲ, ਲੌਂਗੋਵਾਲ ਦੇ ਵਿਭਾਗ ਵੱਲੋਂ ਲੌਂਗੋਵਾਲ ਵਿਖੇ ਇੰਟਰਲਾਕਿੰਗ ਟਾਈਲਾਂ ਦੀ ਵਿਵਸਥਾ/ਸਥਾਪਨਾ ਅਤੇ ਡਰੇਨਾਂ, ਚੈਂਬਰ, ਫਰੇਮ ਸਮੇਤ ਐਮ.ਐਚ. ਕਵਰ ਦੇ ਨਿਰਮਾਣ ਅਤੇ ਪੀਸੀ ਕੰਮ ਦੇ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।
ਬੰਦ ਹੋਣ ਦੀ ਮਿਤੀ ਅਤੇ ਸਮਾਂ : 11.03.2026 ਨੂੰ ਸਵੇਰੇ 11.00 ਵਜੇ
ਵੇਰਵਿਆਂ ਲਈ ਲਾਗ ਆਨ ਕਰੋ : www.eproc.punjab.gov.in
ਸੂਚਨਾ : ਟੈਂਡਰ/ਆਰਐਫਪੀ ਸੂਚਨਾ ਸੰਬੰਧੀ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।
ਸਹੀ/- ਪ੍ਰਧਾਨ, ਨਗਰ ਕੌਂਸਲ, ਲੌਂਗੋਵਾਲ
ਸਹੀ/- ਕਾਰਜਕਾਰੀ ਅਧਿਕਾਰੀ, ਨਗਰ ਕੌਂਸਲ, ਲੌਂਗੋਵਾਲ
RO.No.PR-Advt.No.1256/12/2025-26/8968/CHD : 02/03/2026



ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
ਸੋਧ
04.02.2026 ਨੂੰ ਇਸ ਅਖ਼ਬਾਰ ਵਿਚ ਪ੍ਰਕਾਸ਼ਿਤ ਜਨਤਕ ਸੂਚਨਾ, ਜਿਸ ਵਿਚ ਵਿਕ੍ਰੇਤਾ ਦਾ ਨਾਮ ਸ੍ਰੀਮਤੀ ਸੁਸ਼ਮਿਤ ਠਾਕੁਰ ਦਰਸਾਇਆ ਗਿਆ ਸੀ, ਨੂੰ ਸ੍ਰੀਮਤੀ ਸੁਸ਼ਮਿਤਾ ਠਾਕੁਰ ਵਜੋਂ ਪੜ੍ਹਿਆ ਜਾਵੇ ਅਤੇ ਬਾਕੀ ਵੇਰਵੇ ਵਾਸੀ ਡੀਯੂ ਨੰ. 41-2, ਸੈਕਟਰ 41-ਏ, ਚੰਡੀਗੜ੍ਹ ਵਿਚ ਪਹਿਲਾਂ ਵਾਲੇ ਹੀ ਰਹਿਣਗੇ।
ਸਕੱਤਰ
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ



ਪੰਜਾਬ ਸਰਕਾਰ
ਟੈਂਡਰ ਸੂਚਨਾ ਹਵਾਲਾ ਨੰਬਰ 2026/3107 ਅਤੇ 2026/3108 ਮਿਤੀ 26.02.2026
ਐਸਪੀਓ ਵਿਭਾਗ, ਪੀਏਯੂ, ਲੁਧਿਆਣਾ ਵੱਲੋਂ ਨਿਮਨਲਿਖਤ ਖਰੀਦ ਦੇ ਲਈ ਆਨਲਾਈਨ ਈ-ਟੈਂਡਰ ਮੰਗੇ ਜਾਂਦੇ ਹਨ:

| | |
|---|---|
| 1. | ਪੀਏਯੂ ਲੁਧਿਆਣਾ ਦੇ ਐਂਟੋਮੋਲਾਜੀ ਵਿਭਾਗ ਲਈ ਤਰਲ ਕ੍ਰੋਮੈਟੋਗ੍ਰਾਫ ਟ੍ਰਿਪਲ ਕੋਆਡਰੂਪੋਲ ਮਾਸ ਸਪੈਕਟ੍ਰੋਮੀਟਰ ਸਿਸਟਮ (ਐਲਸੀਐਮਐਸ/ਐਮਐਸ) ਦੀ ਖਰੀਦ। |
| 2. | ਪੀਏਯੂ ਲੁਧਿਆਣਾ ਦੇ ਪਲਾਂਟ ਪੈਥਾਲੋਜੀ ਵਿਭਾਗ ਦੇ ਇਮੇਜਿੰਗ ਸਿਸਟਮ ਨਾਲ ਫੇਜ਼ ਕੰਟਰਾਸਟ ਮਾਈਕ੍ਰੋਸਕੋਪ ਦੀ ਖਰੀਦ |

ਬੰਦ ਹੋਣ ਦੀ ਮਿਤੀ ਅਤੇ ਸਮਾਂ : 12.03.2026 ਨੂੰ ਸਵੇਰੇ 11.00 ਵਜੇ ਅਤੇ 18.03.2026 ਨੂੰ ਸਵੇਰੇ 11.00 ਵਜੇ
ਵੇਰਵਿਆਂ ਲਈ ਲਾਗ ਆਨ ਕਰੋ : www.eproc.punjab.gov.in ਅਤੇ www.pau.edu
ਨੋਟ : ਈ-ਟੈਂਡਰ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।
ਸਹੀ/-ਪ੍ਰਬੰਧਕੀ ਸਹਿ ਲੇਖਾ ਅਧਿਕਾਰੀ, ਸਟੋਰ ਖਰੀਦ ਸੰਗਠਨ
ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ
(ਈ-ਮੇਲ : spoaao@pau.edu)
RO.No.PR-Advt.No. 1627/12/2025-26/8974/Dated CHD : 02/03/2026

# ਗੁਰੂ ਗੋਬਿੰਦ ਸਿੰਘ ਪ੍ਰੀਵਾਰ ਟਰੱਸਟ ਨੇ ਗੁਰਮਤਿ ਸੰਗੀਤ ਅਕੈਡਮੀ ਦਾ ਨੀਂਹ ਪੱਥਰ ਰੱਖਿਆ

## ਭਾਈ ਲਖਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਨੇ ਨੀਂਹ ਪੱਥਰ ਦੀ ਰਸਮ ਅਦਾ ਕੀਤੀ












ਪਟਿਆਲਾ, 2 ਮਾਰਚ (ਗੁਰਮੁਖ ਰੁਪਾਣਾ) : ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਸਾਹਿਬ ਭਾਈ ਲਖਵਿੰਦਰ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪਟਿਆਲਾ ਨੇੜਲੇ ਪਿੰਡ ਭੱਠਲਾਂ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਰਿਵਾਰ ਟਰਸਟ ਦੀ ਗੁਰਮਤਿ ਸੰਗੀਤ ਅਕੈਡਮੀ ਦੀ ਨਵੀਂ ਬਿਲਡਿੰਗ ਦਾ ਨੀਂਹ ਪੱਥਰ ਰੱਖਿਆ। ਜਿਸ ਸਮੇਂ ਡਾ ਜਗਜੀਤ ਸਿੰਘ ਦਰਦੀ (ਪਦਮਸ੍ਰੀ), ਸਰਦਾਰਨੀ ਜਸਵਿੰਦਰ ਕੌਰ ਦਰਦੀ, ਗਿਆਨੀ ਪ੍ਰਣਾਮ ਸਿੰਘ ਜੀ, ਗਿਆਨੀ ਹਰਵਿੰਦਰ ਸਿੰਘ ਜੀ, ਗਿਆਨੀ ਅਵਤਾਰ ਸਿੰਘ ਜੀ, ਸ ਰਾਜ ਸਿੰਘ ਖਾਲਸਾ ਨਿਹੰਗ ਸਿੰਘ ਤਰਨਾ ਦਲ, ਸ ਹਰਪ੍ਰੀਤ ਸਿੰਘ ਦਰਦੀ,ਗਿਆਨੀ ਪ੍ਰਿਤਪਾਲ ਸਿੰਘ ਜੀ, ਪ੍ਰਭਜੀਤ ਸਿੰਘ ਚੌਧਰੀ ਸਮੇਤ ਹੋਰ ਸਖਸ਼ੀਅਤਾਂ ਹਾਜਰ ਸਨ। ਮਹਾਨ ਕੀਰਤਨ ਸਮਾਗਮ ਮੌਕੇ ਭਾਈ ਸਾਹਿਬ ਭਾਈ ਲਖਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸੁਰਿੰਦਰ ਸਿੰਘ ਹਜ਼ੂਰੀ ਰਾਗੀ, ਭਾਈ ਨਛੱਤਰ ਸਿੰਘ, ਭਾਈ ਗੁਰਭੇਜ ਸਿੰਘ, ਭਾਈ ਜਗਤੇਸ਼ਵਰ ਸਿੰਘ, ਭਾਈ ਸਾਹਿਬ ਸਿੰਘ, ਭਾਈ ਰਾਜਕਰਨ ਸਿੰਘ, ਭਾਈ ਜਗਜੀਤ ਸਿੰਘ, ਭਾਈ ਨਿਰਮਲ ਸਿੰਘ ਖਾਲਸਾ, ਭਾਈ ਜਗਜੀਤ ਸਿੰਘ ਸਮੇਤ ਹੋਰ ਜਥਿਆਂ ਨੇ ਹਾਜਰੀ ਭਰੀ। ਇਸ ਦੌਰਾਨ ਸੇਵਾ ਕਰਨ ਵਾਲਿਆਂ ਸਖਸ਼ੀਅਤਾਂ ਅਤੇ ਸੇਵਾਦਾਰਾਂ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਗੁਰਮਤਿ ਸੰਗੀਤ ਅਕੈਡਮੀ ਜੋ ਪਿਛਲੇ ਸਾਲਾਂ ਤੋਂ ਟਿਕਾਣਾ ਭਾਈ ਰਾਮ ਕ੍ਰਿਸ਼ਨ ਜੀ ਸ਼ੇਰਾ ਵਾਲਾ ਗੇਟ ਵਿਖੇ ਸ਼ੁਰੂ ਕੀਤੀ ਹੋਈ ਹੈ। ਹੁਣ ਤੱਕ 250 ਦੇ ਕਰੀਬ ਗਰੀਬ ਲੋੜਵੰਦ ਅਤੇ ਸੂਰਮੇ ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ। ਮੌਜੂਦਾ ਅਸਥਾਨ ਤੇ ਥਾਂ ਦੀ ਘਾਟ ਹੋਣ ਕਾਰਨ ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਗੜ੍ਹ-ਰਾਏਪੁਰ ਰੋਡ ਉੱਤੇ ਪਿੰਡ ਭੱਠਲਾ ਵਿਖੇ ਬੱਚਿਆਂ ਦੀ ਰਿਹਾਇਸ਼ ਅਤੇ ਅਕੈਡਮੀ ਲਈ ਨਵੀਂ ਇਮਾਰਤ ਦੀ ਉਸਾਰੀ ਲਈ ਸੇਵਾ ਕੀਤੀ ਗਈ ਹੈ। ਜਿਥੇ ਕੇ ਹੁਣ ਇਨ੍ਹਾਂ ਬੱਚਿਆਂ ਦੇ ਰਹਿਣ, ਸਹਿਣ, ਸੰਗੀਤ ਸਿਖਲਾਈ ਲਈ ਸ਼ਾਨਦਾਰ ਬਿਲਡਿੰਗ ਤਿਆਰ ਕੀਤੀ ਜਾਣੀ ਹੈ। ਇਸ ਮੌਕੇ ਕੁਲਵਿੰਦਰਪਾਲ ਸਿੰਘ, ਹਰਪਾਲ ਸਿੰਘ, ਰਮਨਦੀਪ ਸਿੰਘ, ਗੁਰਿੰਦਰ ਸਿੰਘ, ਸੁਖਦੇਵ ਸਿੰਘ ਥਿੰਦ, ਪਰਮਜੀਤ ਸਿੰਘ, ਦਮਨਦੀਪ ਸਿੰਘ ਵੀ ਮੌਜੂਦ ਸਨ।



ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਦੀ ਸਪੁੱਤਰੀ ਦੇ ਵਿਆਹ ਮੌਕੇ ਸਮੁੱਚੇ ਤੌਰ 'ਤੇ ਪੁੱਜੇ 'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ ਨਾਲ ਦਿਖਾਈ ਦੇ ਰਹੇ ਹਨ ਚੜ੍ਹਦੀਕਲਾ ਟਾਈਮ ਟੀ.ਵੀ. ਦਿੱਲੀ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ।




ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਵਿਚਾਰ ਸਾਂਝੇ ਕਰਦੇ ਹੋਏ 'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ ਚੇਅਰਮੈਨ ਚੜ੍ਹਦੀਕਲਾ ਗਰੁੱਪ, ਨਾਲ ਨਜ਼ਰ ਆ ਰਹੇ ਬਾਬਾ ਬਲਜੀਤ ਸਿੰਘ ਦਾਦੂਵਾਲ, ਚੜ੍ਹਦੀਕਲਾ ਟਾਈਮ ਟੀ.ਵੀ. ਦਿੱਲੀ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ।



ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਹਰਿਆਣਾ ਬਜਟ ਉੱਤੇ ਚੜ੍ਹਦੀਕਲਾ ਟਾਈਮ ਟੀ.ਵੀ. ਦਿੱਲੀ ਡਾਇਰੈਕਟਰ ਅੰਮ੍ਰਿਤਪਾਲ ਸਿੰਘ ਨਾਲ ਵਿਚਾਰ ਚਰਚਾ ਕਰਦੇ ਹੋਏ।

# 'ਸ਼ਸ਼ਕਤੀ ਨਾਰੀ ਸਮ੍ਰਿੱਧੀ ਦਿੱਲੀ' ਪ੍ਰੋਗਰਾਮ ਵਿੱਚ ਭਾਰਤ ਦੇ ਰਾਸ਼ਟਰਪਤੀ ਨੇ ਕੀਤੀ ਸ਼ਿਰਕਤ



ਨਵੀਂ ਦਿੱਲੀ, 2 ਮਾਰਚ (ਅੰਮ੍ਰਿਤਪਾਲ ਸਿੰਘ) : ਮੈਨੂੰ ਅੱਜ ਤੁਹਾਡੇ ਵਿਚਕਾਰ ਮਹਿਲਾ ਸਸ਼ਕਤੀਕਰਨ 'ਤੇ ਇਸ ਮਹੱਤਵਪੂਰਨ ਸਮਾਗਮ ਵਿੱਚ ਮੌਜੂਦ ਹੋ ਕੇ ਖੁਸ਼ੀ ਹੋ ਰਹੀ ਹੈ। ਇਸ ਸਮਾਗਮ ਦਾ ਵਿਸ਼ਾ, ਸਸ਼ਕਤ ਔਰਤਾਂ, ਖੁਸ਼ਹਾਲ ਦਿੱਲੀ ਬਹੁਤ ਹੀ ਢੁਕਵਾਂ ਹੈ। ਮੈਨੂੰ ਖੁਸ਼ੀ ਹੈ ਕਿ ਇਸ ਮੌਕੇ 'ਤੇ, ਮੇਰੀ ਪੂੰਜੀ ਮੇਰਾ ਅਧਿਕਾਰ, ਸਹੇਲੀ ਪਿੰਕ ਸਮਾਰਟ ਕਾਰਡ, ਅਤੇ ਦਿਲੀ ਲਖਪਤੀ ਬਿਟੀਆ ਵਰਗੇ ਮਹਿਲਾ ਸਸ਼ਕਤੀਕਰਨ ਪ੍ਰੋਗਰਾਮ ਸ਼ੁਰੂ ਕੀਤੇ ਜਾ ਰਹੇ ਹਨ। ਮੈਨੂੰ ਵਿਸ਼ਵਾਸ ਹੈ ਕਿ ਇਹ ਸਾਰੀਆਂ ਭਲਾਈ ਯੋਜਨਾਵਾਂ ਦਿੱਲੀ ਦੀਆਂ ਭੈਣਾਂ ਅਤੇ ਧੀਆਂ ਨੂੰ ਸਸ਼ਕਤ ਬਣਾਉਣਗੀਆਂ ਅਤੇ ਇੱਕ ਖੁਸ਼ਹਾਲ ਦਿੱਲੀ ਬਣਾਉਣ ਦੇ ਟੀਚੇ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੀਆਂ। ਮੈਂ ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ ਅਤੇ ਉਨ੍ਹਾਂ ਦੀ ਪੂਰੀ ਟੀਮ ਦੀ ਇਨ੍ਹਾਂ ਜਨਤਕ ਭਲਾਈ ਪਹਿਲਕਦਮੀਆਂ ਨੂੰ ਸ਼ੁਰੂ ਕਰਨ ਲਈ ਪ੍ਰਸ਼ੰਸਾ ਕਰਦੀ ਹਾਂ। ਔਰਤਾਂ ਸਮਾਜ ਦਾ ਇੱਕ ਅਨਿੱਖੜਵਾਂ ਅੰਗ ਹਨ। ਉਨ੍ਹਾਂ ਦਾ ਸਤਿਕਾਰ ਅਤੇ ਸਸ਼ਕਤੀਕਰਨ ਇੱਕ ਸੱਭਿਅਕ ਸਮਾਜ ਦੇ ਚਿੰਨ੍ਹ ਹਨ। ਅਸੀਂ ਔਰਤਾਂ ਨੂੰ ਦੁਰਗਾ, ਸਰਸਵਤੀ ਅਤੇ ਲਕਸ਼ਮੀ ਵਜੋਂ ਪੂਜਦੇ ਹਾਂ, ਸ਼ਕਤੀ, ਗਿਆਨ ਅਤੇ ਖੁਸ਼ਹਾਲੀ ਦੇ ਪ੍ਰਤੀਕ। ਭਾਰਤ ਦਾ ਇਤਿਹਾਸ ਔਰਤਾਂ ਦੀ ਹਿੰਮਤ, ਬਹਾਦਰੀ, ਕੁਰਬਾਨੀ ਅਤੇ ਆਤਮ-ਤਿਆਗ ਦੀਆਂ ਅਣਗਿਣਤ ਕਹਾਣੀਆਂ ਨਾਲ ਭਰਿਆ ਹੋਇਆ ਹੈ। ਲੋਕਮਾਤਾ ਦੇਵੀ ਅਹਿਲਿਆਬਾਈ ਹੋਲਕਰ ਦੇ ਕੁਸ਼ਲ ਪ੍ਰਸ਼ਾਸਨ, ਨਿਆਂ-ਮੁਖੀ ਅਤੇ ਭਲਾਈ ਕਾਰਜਾਂ ਦੀ ਅਜੇ ਵੀ ਪ੍ਰਸ਼ੰਸਾ ਕੀਤੀ ਜਾਂਦੀ ਹੈ। ਮਾਤ ਭੂਮੀ ਲਈ ਰਾਣੀ ਲਕਸ਼ਮੀਬਾਈ ਦੀ ਹਿੰਮਤ ਅਤੇ ਕੁਰਬਾਨੀ ਸਾਨੂੰ ਸਾਰਿਆਂ ਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ। ਸਾਵਿਤਰੀਬਾਈ ਫੂਲੇ ਨੇ ਔਰਤਾਂ ਦੀ ਸਿੱਖਿਆ ਦਾ ਦੀਵਾ ਜਗਾਇਆ। ਰਾਣੀ ਗੈਦਿਨਲਿਊ ਅਤੇ ਸਰੋਜਨੀ ਨਾਇਡੂ ਵਰਗੀਆਂ ਮਹਿਲਾ ਆਜ਼ਾਦੀ ਘੁਲਾਟੀਆਂ ਨੇ ਭਾਰਤ ਮਾਤਾ ਦੀ ਸ਼ਾਨ ਵਧਾਈ ਹੈ।

ਅੱਜ, ਔਰਤਾਂ ਹਰ ਖੇਤਰ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਅੱਗੇ ਵਧ ਰਹੀਆਂ ਹਨ। ਸਿਪਾਹੀਆਂ ਦੇ ਰੂਪ ਵਿੱਚ, ਉਹ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰ ਰਹੀਆਂ ਹਨ। ਵਿਗਿਆਨੀਆਂ ਦੇ ਰੂਪ ਵਿੱਚ, ਉਹ ਪ੍ਰਯੋਗਸ਼ਾਲਾਵਾਂ ਵਿੱਚ ਖੋਜ ਕਰ ਰਹੀਆਂ ਹਨ। ਖੇਡ ਮੁਕਾਬਲਿਆਂ ਵਿੱਚ, ਉਹ ਅੰਤਰਰਾਸ਼ਟਰੀ ਪਲੇਟਫਾਰਮਾਂ @ਤੇ ਭਾਰਤੀ ਝੰਡਾ ਬੁਲੰਦ ਕਰ ਰਹੀਆਂ ਹਨ। ਔਰਤਾਂ ਸਾਰੇ ਖੇਤਰਾਂ ਵਿੱਚ ਨਵੀਆਂ ਉਚਾਈਆਂ @ਤੇ ਪਹੁੰਚ ਰਹੀਆਂ ਹਨ - ਰਾਜਨੀਤੀ, ਸਮਾਜ ਸੇਵਾ, ਪ੍ਰਸ਼ਾਸਨ ਅਤੇ ਕਾਰੋਬਾਰ। ਦੇਸ਼ ਭਰ ਵਿੱਚ ਕਨਵੋਕੇਸ਼ਨਾਂ ਵਿੱਚ ਡਿਗਰੀਆਂ ਅਤੇ ਤਗਮੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਕੁੜੀਆਂ ਦੀ ਵੱਧਦੀ ਗਿਣਤੀ ਮੇਰੇ ਲਈ ਇੱਕ ਪ੍ਰੇਰਨਾਦਾਇਕ ਦ੍ਰਿਸ਼ ਪੇਸ਼ ਕਰਦੀ ਹੈ। ਪਰ ਇਹ ਵੀ ਇੱਕ ਤੱਥ ਹੈ ਕਿ ਔਰਤਾਂ ਨੂੰ ਅਜੇ ਵੀ ਹਿੰਸਾ, ਆਰਥਿਕ ਅਸਮਾਨਤਾ, ਸਮਾਜਿਕ ਰੂੜ੍ਹੀਵਾਦੀ ਧਾਰਨਾਵਾਂ ਅਤੇ ਸਿਹਤ ਸੰਬੰਧੀ ਅਣਗਹਿਲੀ ਦਾ ਸਾਹਮਣਾ ਕਰਨਾ ਪੈਂਦਾ ਹੈ। ਔਰਤਾਂ ਦੇ ਸਸ਼ਕਤੀਕਰਨ ਦਾ ਟੀਚਾ ਇਨ੍ਹਾਂ ਰੁਕਾਵਟਾਂ ਨੂੰ ਦੂਰ ਕਰਕੇ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ। ਇੱਕ ਔਰਤ ਸੱਚਮੁੱਚ ਉਦੋਂ ਸਸ਼ਕਤ ਹੁੰਦੀ ਹੈ ਜਦੋਂ ਉਸ ਕੋਲ ਸੁਤੰਤਰ ਫੈਸਲੇ ਲੈਣ, ਸਵੈ-ਮਾਣ ਨਾਲ ਜੀਵਨ ਜਿਊਣ ਦੀ ਸਮਰੱਥਾ ਹੋਵੇ, ਅਤੇ ਬਰਾਬਰ ਮੌਕੇ ਅਤੇ ਸੁਰੱਖਿਆ ਤੱਕ ਪਹੁੰਚ ਹੋਵੇ। ਇੱਕ ਸਸ਼ਕਤ ਔਰਤ ਨਾ ਸਿਰਫ਼ ਆਪਣੀ ਜ਼ਿੰਦਗੀ ਬਦਲ ਸਕਦੀ ਹੈ, ਸਗੋਂ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਦਿਸ਼ਾ ਵੀ ਬਦਲ ਸਕਦੀ ਹੈ।

# ਯੂਟੀ ਚੰਡੀਗੜ੍ਹ ਨੇ ਸਕੂਲਾਂ ਲਈ ਮਰੇ ਹੋਏ/ਖਤਰਨਾਕ ਅਤੇ ਖੋਖਲੇ ਰੁੱਖਾਂ 'ਤੇ ਤਕਨੀਕੀ ਵਰਕਸ਼ਾਪ

ਚੰਡੀਗੜ੍ਹ, 2 ਮਾਰਚ (ਅੰਮ੍ਰਿਤਪਾਲ ਸਿੰਘ) : ਜੰਗਲਾਤ ਅਤੇ ਜੰਗਲੀ ਜੀਵ ਵਿਭਾਗ, ਯੂਟੀ ਚੰਡੀਗੜ੍ਹ ਨੇ ਸਕੂਲ ਦੇ ਅਹਾਤੇ ਵਿੱਚ ਸਥਿਤ ਮਰੇ ਹੋਏ, ਖਤਰਨਾਕ ਅਤੇ ਖੋਖਲੇ ਰੁੱਖਾਂ ਦੀ ਵਿਗਿਆਨਕ ਪਛਾਣ ਅਤੇ ਜੋਖਮ ਮੁਲਾਂਕਣ @ਤੇ ਇੱਕ ਤਕਨੀਕੀ ਵਰਕਸ਼ਾਪ ਦਾ ਆਯੋਜਨ ਕੀਤਾ। ਵਰਕਸ਼ਾਪ ਦਾ ਮੁੱਖ ਉਦੇਸ਼ ਤੇਜ਼ ਹਵਾਵਾਂ, ਭਾਰੀ ਬਾਰਿਸ਼ ਅਤੇ ਅਤਿਅੰਤ ਮੌਸਮੀ ਸਥਿਤੀਆਂ ਦੌਰਾਨ ਰੁੱਖਾਂ ਦੇ ਡਿੱਗਣ ਨੂੰ ਰੋਕਣ ਲਈ ਸੰਸਥਾਗਤ ਪੱਧਰ @ਤੇ ਰੁੱਖਾਂ ਦੇ ਯੋਜਨਾਬੱਧ ਜੋਖਮ ਮੁਲਾਂਕਣ ਲਈ ਸ਼ੁਰੂਆਤੀ ਪਛਾਣ ਵਿਧੀਆਂ ਨੂੰ ਮਜ਼ਬੂਤ ਕਰਨਾ ਅਤੇ ਸਮਰੱਥਾ ਵਿਕਸਤ ਕਰਨਾ ਸੀ। ਵਿਚਾਰ-ਵਟਾਂਦਰੇ ਦੌਰਾਨ ਆਰਬੋਰੀਕਲਚਰ-ਅਧਾਰਤ ਮੁਲਾਂਕਣ ਤਕਨੀਕਾਂ, ਢਾਂਚਾਗਤ ਨੁਕਸ ਪਛਾਣ, ਅਤੇ ਵਿਜ਼ੂਅਲ ਟ੍ਰੀ ਅਸੈਸਮੈਂਟ (ੜ"1)



ਵਿਧੀ @ਤੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਤਕਨੀਕੀ ਸੈਸ਼ਨ ਭੌਤਿਕ ਅਤੇ ਢਾਂਚਾਗਤ ਰੁੱਖਾਂ ਦੇ ਗਿਰਾਵਟ ਦੇ ਸੂਚਕਾਂ ਦੀ ਪਛਾਣ ਕਰਨ @ਤੇ ਕੇਂਦ੍ਰਿਤ ਸੀ, ਜਿਸ ਵਿੱਚ ਤਾਜ ਸੁੱਕਣਾ, ਸੱਕ ਦਾ ਨਿਰਲੇਪਤਾ, ਫੰਗਲ ਫਲ ਦੇਣ ਵਾਲੇ ਸਰੀਰ ਦੀ ਮੌਜੂਦਗੀ, ਤਣੇ ਵਿੱਚ ਗੁਫਾਵਾਂ, ਚੀਰ, ਜੜ੍ਹ ਪ੍ਰਣਾਲੀ ਦੀ ਅਸਥਿਰਤਾ ਅਤੇ ਅਸਧਾਰਨ ਮੋੜ ਸ਼ਾਮਲ ਹਨ। ਭਾਗੀਦਾਰਾਂ ਨੂੰ ਮਰੇ ਹੋਏ ਸ਼ਾਖਾਵਾਂ ਅਤੇ ਢਾਂਚਾਗਤ ਤੌਰ @ਤੇ ਕਮਜ਼ੋਰ ਸ਼ਾਖਾਵਾਂ ਵਿੱਚ ਫਰਕ ਕਰਨ ਅਤੇ ਬਾਹਰੀ ਦ੍ਰਿਸ਼ਟੀਗਤ ਸੰਕੇਤਾਂ ਦੇ ਅਧਾਰ @ਤੇ ਖੋਖਲੇ ਤਣੇ ਅਤੇ ਅੰਦਰੂਨੀ ਸੜਨ ਦਾ ਮੁਲਾਂਕਣ ਕਰਨ ਲਈ ਸਿਖਲਾਈ ਦਿੱਤੀ ਗਈ ਸੀ। ਰੁੱਖਾਂ ਦੀ ਸਥਿਰਤਾ ਦਾ ਮੁਲਾਂਕਣ ਕਰਨ ਵਿੱਚ ਭਾਰ ਵੰਡ, ਛੱਤਰੀ ਸੰਤੁਲਨ ਅਤੇ ਜੜ੍ਹਾਂ ਦੇ ਲੰਗਰ ਨੂੰ ਸਮਝਣ @ਤੇ ਵੀ ਜ਼ੋਰ ਦਿੱਤਾ ਗਿਆ।

## ਜਨਮ ਦਿਨ ਮੁਬਾਰਕ



ਜਸ਼ਨ, ਪਟਿਆਲਾ



ਗੁਰਸਿਮਰਤ ਕੌਰ




# ਪ੍ਰੀਖਿਆ ਦੌਰਾਨ ਅੰਮ੍ਰਿਤਧਾਰੀ ਬੱਚੀ ਦੀ ਦਸਤਾਰ ਤੇ ਕਿਰਪਾਨ ਲੁਹਾਉਣਾ ਮੰਦਭਾਗਾ : ਐਡਵੋਕੇਟ ਧਾਮੀ

ਅੰਮ੍ਰਿਤਸਰ, 2 ਮਾਰਚ (ਗੁਰਦਿਆਲ ਸਿੰਘ) : ਮੱਧ ਪ੍ਰਦੇਸ਼ ਦੇ ਰਤਲਾਮ ਵਿਖੇ ਬੀਤੇ ਕੱਲ੍ਹ ਲੋਕ ਸੇਵਾ ਕਮਿਸ਼ਨ ਵੱਲੋਂ ਲਈ ਗਈ ਪ੍ਰੀਖਿਆ ਦੌਰਾਨ ਅੰਮ੍ਰਿਤਧਾਰੀ ਸਿੱਖ ਪ੍ਰੀਖਿਆਰਥੀ ਬੱਚੀ ਦੀ ਦਸਤਾਰ ਅਤੇ ਕਿਰਪਾਨ ਲੁਹਾਉਣ ਦੇ ਮਾਮਲੇ ’ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਜਤਾਇਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੇ ਸਿਧਾਂਤਾਂ ਅਤੇ ਰਵਾਇਤਾਂ ਤੋਂ ਸਾਰੇ ਦੇਸ਼ ਦੇ ਲੋਕ ਚੰਗੀ ਤਰ੍ਹਾਂ ਜਾਣੂ ਹਨ ਅਤੇ ਸਿੱਖ ਕਕਾਰਾਂ ਤੋਂ ਵੀ ਲੋਕਾਂ ਨੂੰ ਕਿਸੇ ਕਿਸਮ ਦੀ ਅਗਿਆਨਤਾ ਨਹੀਂ ਹੈ। ਪ੍ਰੰਤੂ ਇਸ ਦੇ ਬਾਵਜੂਦ ਵੀ ਕਕਾਰਾਂ ’ਤੇ ਸਵਾਲ ਚੁੱਕਣੇ ਦੁਖਦਾਈ ਹਨ। ਵਾਰ-ਵਾਰ ਸਿੱਖ ਬੱਚਿਆਂ ਨੂੰ ਪ੍ਰੀਖਿਆਵਾਂ ਵਿਚ ਕਕਾਰ ਪਹਿਨਣ ਤੋਂ ਰੋਕਣਾ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ ਅਤੇ ਸਿੱਖਾਂ ਨੂੰ ਆਪਣੇ ਹੀ ਦੇਸ਼ ਅੰਦਰ ਬੇਗਾਨਗੀ ਦਾ ਅਹਿਸਾਸ ਕਰਾਉਣ ਵਾਂਗ ਹੈ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਭਾਵੇਂ ਕਿ ਪ੍ਰੀਖਿਆ ਸਟਾਫ਼ ਵੱਲੋਂ ਮੁਆਫ਼ੀ ਮੰਗ ਲਈ ਗਈ ਹੈ, ਪ੍ਰੰਤੂ ਅਜਿਹਾ ਵਾਪਰਨ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜੀ ਹੈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ



ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੀਆਂ ਘਟਨਾਵਾਂ ਪ੍ਰਤੀ ਆਪਣੇ ਜਨਰਲ ਇਜਲਾਸ ਦੌਰਾਨ ਵਿਸ਼ੇਸ਼ ਮਤੇ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਜਾਂਦੇ ਹਨ, ਜਿਸ ’ਤੇ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਹਰ ਸੂਬੇ ਦੀ ਸਰਕਾਰ ਨੂੰ ਸਿੱਖਾਂ ਦੇ ਕਕਾਰਾਂ ਅਤੇ ਧਾਰਮਿਕ ਚਿੰਨ੍ਹਾਂ ਬਾਰੇ ਇਹ ਆਦੇਸ਼ ਜਾਰੀ ਕਰੇ ਕਿ ਕਿਸੇ ਵੀ ਪ੍ਰੀਖਿਆ ਦੌਰਾਨ ਸਿੱਖ ਕਕਾਰਾਂ ਦਾ ਸਨਮਾਨ ਬਹਾਲ ਰੱਖਿਆ ਜਾਵੇ ਅਤੇ ਜੇ ਕੋਈ ਇਸ ਦੀ ਉਲੰਘਣਾ ਕਰੇ ਤਾਂ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

# ਟਾਂਡਾ ਦੇ ਚੌਕਾਂ ਵਿੱਚ ਟ੍ਰੈਫਿਕ ਲਾਈਟਾਂ ਲਗਾਵੇ ਸਰਕਾਰ ਨਹੀਂ ਤਾਂ ਸ਼ਿਵ ਸੈਨਾ ਕਰੇਗੀ ਸੰਘਰਸ਼ : ਰਾਹੁਲ ਖੰਨਾ





ਟਾਂਡਾ ਉੜਮੁੜ, 2 ਮਾਰਚ (ਅਰਜੁਨ ਜੈਨ) : ਟਾਂਡਾ ਸ੍ਰੀ ਹਰਗੋਬਿੰਦਪੁਰ ਤੇ ਪੈਂਦੇ ਬਿਆਸ ਦਰਿਆ ਪੁਲ ਬਣ ਜਾਣ ਉਪਰੰਤ ਅੰਮ੍ਰਿਤਸਰ, ਬਟਾਲਾ ਅਤੇ ਗੁਰਦਾਸਪੁਰ ਤੋਂ ਹੁਸ਼ਿਆਰਪੁਰ, ਮਾਤਾ ਚਿੰਤਪੁਰਨੀ ਆਦਿ ਸਥਾਨਾਂ ’ਤੇ ਜਾਣ ਵਾਲੇ ਵਾਹਨਾਂ ਕਾਰਨ ਟਾਂਡਾ ਸ਼ਹਿਰ ਵਿੱਚ ਭਾਰੀ ਟਰੈਫਿਕ ਦਾ ਵਾਧਾ ਹੋ ਗਿਆ ਹੈ। ਭਾਵੇਂ ਕਿ ਟਾਂਡਾ ਟਰੈਫਿਕ ਪੁਲਿਸ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣ ਦੇ ਹਰ ਸੰਭਵ ਯਤਨ ਕਰਦੇ ਹਨ ਪਰ ਟਰੈਫਿਕ ਜ਼ਿਆਦਾ ਹੋਣ ਕਾਰਨ ਲੱਖੀ ਸਿਨੇਮਾ ਚੌਂਕ, ਸਰਕਾਰੀ ਹਸਪਤਾਲ ਚੌਂਕ ਅਤੇ ਜਾਜਾ ਬਾਈਪਾਸ ਚੌਂਕ ਵਿੱਚ ਅਕਸਰ ਜਾਮ ਲੱਗ ਜਾਂਦੇ ਹਨ, ਜਿਸ ਕਾਰਨ ਆਮ ਜਨਤਾ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਮ ਜਨਤਾ ਦੀਆਂ ਇਨ੍ਹਾਂ ਪਰੇਸ਼ਾਨੀਆਂ ਨੂੰ ਮੁੱਖ ਰੱਖਦੇ ਹੋਏ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਅੱਜ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ਼ਿਵ ਸੈਨਾ ਦੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢਿੰਗਰਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਯੂਥ ਸਿਟੀ ਪ੍ਰਧਾਨ ਗੁਰਨਾਮ ਸਿੰਘ ਗੋਨੀ, ਬਲਾਕ ਪ੍ਰਧਾਨ ਗੌਰਵ ਬੇਦੀ, ਸਿਟੀ ਚੇਅਰਮੈਨ ਹਰਦੀਪ ਸਿੰਘ, ਸਰਕਲ ਪ੍ਰਧਾਨ ਪਰਮਜੀਤ ਸਿੰਘ, ਵਾਈਸ ਚੇਅਰਮੈਨ ਬਬਲੂ ਕੁਮਾਰ, ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ, ਮਨੀਸ਼ ਕੁਮਾਰ, ਸੰਨੀ ਮਾਹਲਾ, ਅਮਨ ਮਾਹੱਲਾ, ਸੰਨੀ ਖੋਸਲਾ, ਨਿਤਿਨ ਚੌਹਾਨ, ਸ਼ੇਰਾ ਅਤੇ ਹੋਰ ਸ਼ਿਵ ਸੈਨਾ ਵਰਕਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਟਾਂਡਾ ਸ਼ਹਿਰ ਦੇ ਸਿਨੇਮਾ ਘਰ ਚੌਕ, ਹਸਪਤਾਲ ਚੌਕ ਅਤੇ ਜਾਜਾ ਬਾਈਪਾਸ ਚੌਕ ਵਿਖੇ ਟਰੈਫਿਕ ਲਾਈਟਾਂ ਲਗਾਉਣ ਲਈ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਜਾ ਚੁੱਕੀ ਹੈ ਤਾਂ ਜੋ ਲੋਕਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਅਕਸਰ ਸਕੂਲ ਆਉਣ ਅਤੇ ਵਾਪਸ ਜਾਣ ਸਮੇਂ ਸਕੂਲ ਦੀਆਂ ਬੱਸਾਂ ਇਨ੍ਹਾਂ ਚੌਂਕਾਂ ਵਿੱਚ ਟਰੈਫਿਕ ਦੇ ਵਾਧੇ ਕਾਰਨ ਫਸ ਜਾਂਦੀਆਂ ਹਨ ਜਿਸ ਕਾਰਨ ਛੋਟੇ-ਛੋਟੇ ਸਕੂਲੀ ਬੱਚਿਆਂ ਨੂੰ ਕਾਫ਼ੀ ਔਕੜਾਂ ਦਾ ਸਾਹਮਣਾ ਕਰਨਾ ਪੈ ਜਾਂਦਾ ਹੈ। ਉਨਾਂ ਕਿਹਾ ਕਿ ਇਨ੍ਹਾਂ ਚੌਂਕਾਂ ਵਿੱਚ ਕਈ ਵਾਰ ਮਰੀਜ਼ਾਂ ਨੂੰ ਲੈ ਕੇ ਜਾ ਰਹੀਆਂ ਐਂਬੂਲੈਂਸਾਂ ਵੀ ਟਰੈਫਿਕ ਜਾਮ ਵਿੱਚ ਫਸ ਜਾਂਦੀਆਂ ਹਨ ਜਿਸਦੇ ਸਦਕਾ ਮਰੀਜ਼ਾਂ ਦੀਆਂ ਜ਼ਿੰਦਗੀਆਂ ਜਾਣ ਦਾ ਵੀ ਖਦਸ਼ਾ ਪੈਦਾ ਹੋ ਜਾਂਦਾ ਹੈ। ਉਨ੍ਹਾਂ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਇਨ੍ਹਾਂ ਚੌਂਕਾਂ ਵਿੱਚ ਟਰੈਫਿਕ ਲਾਈਟਾਂ ਲਗਾਉਣ ਦਾ ਜਲਦ ਠੋਸ ਉਪਰਾਲਾ ਨਹੀਂ ਕੀਤਾ ਅਤੇ ਆਮ ਜਨਤਾ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦਾ ਹੱਲ ਨਹੀਂ ਕੀਤਾ ਤਾਂ ਸ਼ਿਵ ਸੈਨਾ ਹਿੰਦੁਸਤਾਨ ਟਾਂਡਾ ਇਲਾਕੇ ਦੀਆਂ ਸਾਰੀਆਂ ਸੰਸਥਾਵਾਂ ਦੇ ਸਹਿਯੋਗ ਨਾਲ ਸੰਘਰਸ਼ ਤੇਜ਼ ਕਰ ਦੇਵੇਗੀ।

# ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿੱਚ 6 ਨੂੰ ਅਰਦਾਸ ਦਿਵਸ ਅਤੇ ਸਾਲਾਨਾ ਇਨਾਮ ਵੰਡ ਸਮਾਗਮ

## ਪ੍ਰਧਾਨ ਐਡਵੋਕੇਟ ਧਾਮੀ ਅਤੇ ਸਕੱਤਰ ਵਿੱਦਿਆ ਸੁਖਵਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਕੀਤਾ ਜਾਵੇਗਾ ਸਨਮਾਨਿਤ





ਅੰਮ੍ਰਿਤਸਰ, 2 ਮਾਰਚ (ਬਬਲੂ ਮਹਾਜਨ) : ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਅੰਮ੍ਰਿਤਸਰ ਸਾਹਿਬ ਵੱਲੋਂ ਅਰਦਾਸ ਦਿਵਸ ਅਤੇ ਸਲਾਨਾ ਇਨਾਮ ਵੰਡ ਸਮਾਗਮ 6 ਮਾਰਚ ਸਵੇਰੇ 10 ਵਜੇ ਕਾਲਜ ਪ੍ਰਾਂਗਣ ਵਿੱਚ ਕਰਵਾਇਆ ਜਾਵੇਗਾ। ਇਹ ਸਮਾਗਮ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਾਲ ਭਰ ਦੀ ਅਕਾਦਮਿਕ, ਸਾਂਸਕ੍ਰਿਤਿਕ ਅਤੇ ਖੇਡ ਪ੍ਰਾਪਤੀਆਂ ਲਈ ਸਨਮਾਨਿਤ ਕਰਨਾ ਹੈ ਅਤੇ ਉਨ੍ਹਾਂ ਵਿੱਚ ਹੋਰ ਉਤਸ਼ਾਹ ਪੈਦਾ ਕਰਨਾ ਹੈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹਾਜ਼ਰੀ ਭਰਨਗੇ। ਉਨ੍ਹਾਂ ਦੇ ਨਾਲ ਸਕੱਤਰ ਵਿੱਦਿਆ ਸਰਦਾਰ ਸੁਖਵਿੰਦਰ ਸਿੰਘ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਰਹਿਣਗੇ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਅਤੇ ਸਨਮਾਨ ਪੱਤਰ ਪ੍ਰਦਾਨ ਕਰਨਗੇ। ਪ੍ਰਿੰਸੀਪਲ ਡਾਕਟਰ ਕੁਲਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅਰਦਾਸ ਦਿਵਸ ਦੇ ਸੰਬੰਧ ਵਿੱਚ ਧਾਰਮਿਕ ਸਮਾਗਮ ਵੀ ਆਯੋਜਿਤ ਕੀਤਾ ਜਾਵੇਗਾ, ਜਿਸ ਦੌਰਾਨ ਗੁਰੂ ਸਾਹਿਬ ਦੀ ਬਾਣੀ ਦਾ ਪਾਠ ਅਤੇ ਅਰਦਾਸ ਕੀਤੀ ਜਾਵੇਗੀ। ਇਸ ਸਮਾਗਮ ਵਿੱਚ ਅਧਿਆਪਕ ਵਰਗ, ਮਾਪੇ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੀ ਸ਼ਿਰਕਤ ਕਰਨਗੀਆਂ। ਕਾਲਜ ਪਰਿਵਾਰ ਵੱਲੋਂ ਸਮੂਹ ਸੰਗਤ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ।

ਇਸ ਸਮਾਗਮ ਵਿੱਚ ਅਧਿਆਪਕ ਵਰਗ, ਮਾਪੇ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੀ ਸ਼ਿਰਕਤ ਕਰਨਗੀਆਂ। ਕਾਲਜ ਪਰਿਵਾਰ ਵੱਲੋਂ ਸਮੂਹ ਸੰਗਤ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ।

### ਖਟਾਰਾ ਏਅਰ ਐਂਬੂਲੈਂਸ ਨੇ ਨਿਗਲੀਆਂ ਸੱਤ ਜ਼ਿੰਦਗੀਆਂ

# ਸਾਂਸਦ ਔਜਲਾ ਨੇ ਸ਼ਹਿਰੀ ਹਵਾਬਾਜ਼ੀ ਮੰਤਰੀ ਨੂੰ ਲਿਖਿਆ ਪੱਤਰ; ਪੁਰਾਣੇ ਜਹਾਜ਼ਾਂ ਅਤੇ ਸੁਰੱਖਿਆ ਨਿਯਮਾਂ ’ਤੇ ਚੁੱਕੇ ਗੰਭੀਰ ਸਵਾਲ

ਅੰਮ੍ਰਿਤਸਰ, 2 ਮਾਰਚ (ਗੁਰਦਿਆਲ ਸਿੰਘ ) : ਝਾਰਖੰਡ ਦੇ ਸੰਘਣੇ ਜੰਗਲਾਂ ਵਿੱਚ ਰੈੱਡਬਰਡ ਏਅਰਵੇਜ਼ ਦੇ ਏਅਰ ਐਂਬੂਲੈਂਸ ਹਾਦਸੇ ਵਿੱਚ ਸੱਤ ਲੋਕਾਂ ਦੀ ਦਰਦਨਾਕ ਮੌਤ ਤੋਂ ਬਾਅਦ ਦੇਸ਼ ਦੇ ਸ਼ਹਿਰੀ ਹਵਾਬਾਜ਼ੀ ਖੇਤਰ ਵਿੱਚ ਸੁਰੱਖਿਆ ਮਾਪਦੰਡਾਂ ਨੂੰ ਲੈ ਕੇ ਇੱਕ ਵੱਡਾ ਵਿਵਾਦ ਖੜ੍ਹਾ ਹੋ ਗਿਆ ਹੈ। ਅੰਮ੍ਰਿਤਸਰ ਤੋਂ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਇਸ ਹਾਦਸੇ ਤੇ ਡੂੰਘੇ ਦੁੱਖ ਅਤੇ ਸਖ਼ਤ ਰੋਸ ਦਾ ਪ੍ਰਗਟਾਵਾ ਕਰਦਿਆਂ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਸ੍ਰੀ ਕਿੰਜਰਾਪੂ ਰਾਮਮੋਹਨ ਨਾਇਡੂ ਨੂੰ ਇੱਕ ਵਿਸਥਾਰਪੂਰਵਕ ਪੱਤਰ ਲਿਖ ਕੇ ਵਿਭਾਗ ਦੀ ਕਾਰਜਪ੍ਰਣਾਲੀ ਤੇ ਸਵਾਲ ਦਾਗੇ ਹਨ। ਔਜਲਾ ਨੇ ਇਸ ਪੂਰੀ ਘਟਨਾ ਨੂੰ ਸਿਰਫ਼ ਇੱਕ ਹਾਦਸਾ ਨਹੀਂ, ਸਗੋਂ ਹਵਾਬਾਜ਼ੀ ਰੈਗੂਲੇਟਰੀ ਸੰਸਥਾਵਾਂ ਦੀ ਗੰਭੀਰ ਲਾਪਰਵਾਹੀ ਦਾ ਨਤੀਜਾ



ਕਰਾਰ ਦਿੱਤਾ ਹੈ।ਸਾਂਸਦ ਔਜਲਾ ਨੇ ਆਪਣੇ ਪੱਤਰ ਵਿੱਚ ਖ਼ੁਲਾਸਾ ਕੀਤਾ ਕਿ ਜਿਹੜਾ ਬੀਚਕ੍ਰਾਫਟ 390 ਜਹਾਜ਼ ਹਾਦਸੇ ਦਾ ਸ਼ਿਕਾਰ ਹੋਇਆ, ਉਹ ਕਰੀਬ 39 ਸਾਲ ਪੁਰਾਣਾ ਸੀ ਅਤੇ ਉਸ ਨੇ 6,600 ਘੰਟਿਆਂ ਤੋਂ ਵੱਧ ਦੀ ਉਡਾਣ ਭਰੀ ਸੀ। ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਇੰਨੀ ਪੁਰਾਣੀ ਅਤੇ ਤਕਨੀਕੀ ਤੌਰ ’ਤੇ ਪਛੜ ਚੁੱਕੀ ਮਸ਼ੀਨਰੀ ਨੂੰ ਜੀਵਨ ਰੱਖਿਅਕ ਐਂਬੂਲੈਂਸ ਵਜੋਂ ਵਰਤਣ ਦੀ ਇਜਾਜ਼ਤ ਕਿਵੇਂ ਦਿੱਤੀ ਗਈ। ਉਨ੍ਹਾਂ ਇਹ ਵੀ ਉਜਾਗਰ ਕੀਤਾ ਕਿ ਇਸ ਜਹਾਜ਼ ਵਿੱਚ ਬਲੈਕ ਬਾਕਸ (ਫਲਾਈਟ ਡੇਟਾ ਰਿਕਾਰਡਰ) ਜਾਂ ਕਾਕਪਿਟ ਵਾਇਸ ਰਿਕਾਰਡਰ ਤੱਕ ਨਹੀਂ ਸੀ, ਜੋ ਕਿਸੇ ਵੀ ਹਾਦਸੇ ਦੇ ਕਾਰਨਾਂ ਦੀ ਜਾਂਚ ਲਈ ਲਾਜ਼ਮੀ ਹੁੰਦਾ ਹੈ। ਡੀਜੀਸੀਏ (4731) ਦੇ ਪੁਰਾਣੇ ਹੋ ਚੁੱਕੇ ਨਿਯਮਾਂ ਕਾਰਨ ਇਸ ਜਹਾਜ਼ ਨੂੰ ਬਿਨਾਂ ਇਨ੍ਹਾਂ ਉਪਕਰਨਾਂ ਦੇ ਉਡਾਣ ਭਰਨ ਦੀ ਛੋਟ ਮਿਲੀ ਹੋਈ ਸੀ, ਜਿਸ ਕਾਰਨ ਹੁਣ ਇਸ ਤ੍ਰਾਸਦੀ ਦੀ ਤਹਿ ਤੱਕ ਪਹੁੰਚਣਾ ਲਗਭਗ ਅਸੰਭਵ ਹੋ ਗਿਆ ਹੈ।ਹਾਦਸੇ ਦੀ ਭਿਆਨਕਤਾ ਬਾਰੇ ਗੱਲ ਕਰਦਿਆਂ ਸਾਂਸਦ ਨੇ ਕਿਹਾ ਕਿ ਰਾਂਚੀ ਤੋਂ ਦਿੱਲੀ ਜਾ ਰਹੇ ਮਰੀਜ਼ ਸੰਜੇ ਕੁਮਾਰ ਦੇ ਪਰਿਵਾਰ ਨੇ ਆਪਣੀ ਪੂਰੀ ਜਮ੍ਹਾ-ਪੂੰਜੀ ਅਤੇ ਲੱਖਾਂ ਰੁਪਏ ਦਾ ਕਰਜ਼ਾ ਲੈ ਕੇ ਇਹ ਉਮੀਦ ਕੀਤੀ ਸੀ ਕਿ ਉਹ ਆਪਣਿਆਂ ਦੀ ਜਾਨ ਬਚਾ ਸਕਣਗੇ, ਪਰ ਸਿਸਟਮ ਦੀ ਅਣਦੇਖੀ ਨੇ ਪੂਰੇ ਪਰਿਵਾਰ, ਇੱਕ ਸਮਰਪਿਤ ਡਾਕਟਰ ਅਤੇ ਦੋ ਪਾਇਲਟਾਂ ਸਮੇਤ ਸੱਤ ਜ਼ਿੰਦਗੀਆਂ ਨੂੰ ਇੱਕ ਝਟਕੇ ਵਿੱਚ ਖ਼ਤਮ ਕਰ ਦਿੱਤਾ। ਉਨ੍ਹਾਂ ਮੰਤਰੀ ਤੋਂ ਤਿੱਖੇ ਸਵਾਲ ਪੁੱਛਦਿਆਂ ਕਿਹਾ ਕਿ ਕੀ ਭਾਰਤ ਦਾ ਹਵਾਈ ਸੁਰੱਖਿਆ ਢਾਂਚਾ ਲੋਕਾਂ ਦੀ ਜਾਨ ਦੀ ਕੀਮਤ ਤੇ ਸਸਤੇ ਅਤੇ ਪੁਰਾਣੇ ਕਬਾੜ ਜਹਾਜ਼ਾਂ ਨੂੰ ਚਲਾਉਣ ਦੀ ਇਜਾਜ਼ਤ ਦੇਣ ਲਈ ਬਣਿਆ ਹੈ ? ਔਜਲਾ ਨੇ ਮੰਤਰਾਲੇ ਤੋਂ ਮੰਗ ਕੀਤੀ ਹੈ ਕਿ ਅਗਲੇ 30 ਦਿਨਾਂ ਦੇ ਅੰਦਰ ਦੇਸ਼ ਦੇ ਪੂਰੇ ਏਅਰ ਐਂਬੂਲੈਂਸ ਬੇੜੇ ਦਾ ਵਿਆਪਕ ਆਡਿਟ ਕੀਤਾ ਜਾਵੇ ਅਤੇ ਸੁਰੱਖਿਆ ਮਾਪਦੰਡਾਂ ਵਿੱਚ ਤੁਰੰਤ ਸੋਧ ਕਰਕੇ ਇੱਕ ਜਵਾਬਦੇਹ ਕਾਰਜ ਯੋਜਨਾ ਪੇਸ਼ ਕੀਤੀ ਜਾਵੇ।

# ਮਿਸ਼ਨ ਲਾਈਫ ਪ੍ਰੋਗਰਾਮ ਅਧੀਨ ਵਰਕਸ਼ਾਪ ਲਗਾਈ

ਨਵਾਂ ਸ਼ਹਿਰ , 2 ਮਾਰਚ (ਸੁਖਦੇਵ ਸਿੰਘ ਉੜਾਪੜ) :ਭਾਰਤ ਸਰਕਾਰ ਦੇ ਵਾਤਾਵਰਨ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਸੈਂਟਰ ਫਾਰ ਸਾਇੰਸ ਨਵੀਂ ਦਿੱਲੀ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਰਾਜ ਦੀ ਨੋਡਲ ਏਜੰਸੀ ਪੰਜਾਬ ਸਟੇਟ ਕੌਂਸਲ ਫੋਰ ਸਾਇੰਸ ਐਂਡ ਟੈਕਨੋਲੋਜੀ ਚੰਡੀਗੜ੍ਹ ਦੇ ਹੁਕਮ ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਵਾਤਾਵਰਨ ਸਿੱਖਿਆ ਅਤੇ ਗਰੀਨ ਸਕੂਲ ਪ੍ਰੋਗਰਾਮ ਤਹਿਤ ਗਤੀਵਿਧੀਆਂ ਕਰਵਾਉਣ ਲਈ ਜ਼ਿਲ੍ਹੇ ਦੇ ਈਕੋ ਕਲੱਬ ਇੰਚਾਰਜਾਂ ਦੀ ਮਿਸ਼ਨ ਲਾਈਵ ਤਹਿਤ ਸਕੂਲ ਆਫ ਐਮੀਨੈਂਸ ਨਵਾਂ ਸ਼ਹਿਰ ਵਿਖੇ ਵਰਕਸ਼ਾਪ ਲਗਾਈ ਗਈ ਅਤੇ ਵਾਤਾਵਰਨ ਸਬੰਧੀ ਵਿਦਿਆਰਥੀਆਂ ਦੇ ਵੱਖ ਵੱਖ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਅਨੀਤਾ ਸ਼ਰਮਾ ਅਤੇ ਉਪ ਜਿਲਾ ਸਿੱਖਿਆ ਅਫਸਰ ਲਖਬੀਰ ਸਿੰਘ ਦੇ ਆਦੇਸ਼ਾ ਅਤੇ ਜ਼ਿਲਾ ਵਾਤਾਵਰਨ ਸਿੱਖਿਆ ਪ੍ਰੋਗਰਾਮ ਦੇ ਕੋਆਰਡੀਨੇਟਰ ਸਤਨਾਮ ਸਿੰਘ ਅਤੇ ਪ੍ਰਿੰਸੀਪਲ ਸਰਬਜੀਤ ਸਿੰਘ ਦੀ ਯੋਗ ਅਗਵਾਈ ਹੇਠ ਸਕੂਲ ਆਫ ਐਮੀਨੈਂਸ ਨਵਾਂ ਸ਼ਹਿਰ ਵਿਖੇ ਜ਼ਿਲ੍ਹੇ ਦੇ 70 ਸਕੂਲਾਂ ਦੀ ਸਕੂਲਾਂ ਵਿੱਚ ਵਰਮੀ ਕੰਪੋਸਟਿੰਗ ਖਾਦ ਕਿਵੇਂ ਤਿਆਰ ਕਰੀਏ ਦੇ ਸਿਰਲੇਖ ਹੇਠ ਵਰਕਸ਼ਾਪ ਲਗਾਈ ਗਈ ਜਿਸ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਵਿਸ਼ੇਸ਼ ਤੌਰ ਤੇ ਰਿਸੋਰਸ ਪਰਸਨ ਅਸ਼ੋਕ ਕੁਮਾਰ ਕਾਲੀਆ ਜਿਲਾ ਕੋ ਆਰਡੀਨੇਟਰ ,ਜਗਜੀਤ ਸਿੰਘ ਲੈਕਚਰਰ ਕਮਿਸਟਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਮਾਹੀ ਦੇਵੀ ਅਤੇ ਡਾਕਟਰ ਹਰਦੀਪ ਕੁਮਾਰ ਲੈਕਚਰਰ ਕਮਿਸਟਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੰਦਵਾਲ ਨੂੰ ਵਿਸ਼ੇਸ਼ ਤੌਰ ਤੇ ਬੁਲਾਇਆ ਗਿਆ। ਰਿਸੋਰਸ ਪਰਸਨ ਦੁਆਰਾ ਸਮੂਹ ਈਕੋ ਕਲੱਬ ਇੰਚਾਰਜ ਨੂੰ ਵਾਤਾਵਰਨ ਸਬੰਧੀ ਗਤੀਵਿਧੀਆਂ ਕਰਵਾਉਣ ਹਿੱਤ ਵਰਮੀ ਕੰਪੋਸਟਿੰਗ ਨੂੰ ਤਿਆਰ ਕਰਨ ਲਈ ਪ੍ਰਯੋਗੀ ਤੌਰ ’ਤੇ ਵਰਮੀ ਕੰਪੋਸਟਿੰਗ ਨੂੰ ਤਿਆਰ ਕਰਨ ਦੀ ਟਰੇਨਿੰਗ ਦਿੱਤੀ ਗਈ, ਜਿਸ ਨੂੰ ਸਮੂਹ ਈਕੋ ਕਲੱਬ ਇੰਚਾਰਜਾਂ ਨੇ ਬਾਖੂਬੀ ਸਿੱਖਿਆ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਅਨੀਤਾ ਸ਼ਰਮਾ ਨੇ ਕਿਹਾ ਕਿ ਆਉਣ ਵਾਲੀਆਂ ਪੀੜੀਆਂ ਅੱਗੇ ਨੂੰ ਬਚਾਉਣ ਲਈ ਸਾਨੂੰ ਵਾਤਾਵਰਨ ਪ੍ਰਤੀ ਸੁਚੇਤ ਹੋਣਾ ਅਤੀ ਜ਼ਰੂਰੀ ਹੈ ਅਤੇ ਵਿਦਿਆਰਥੀ ਉਸ ਸਾਧਨ ਹਨ ਜਿਨਾਂ ਨੂੰ ਜਾਗਰੂਕ ਕਰਕੇ ਅਸੀਂ ਆਪਣੇ ਭਵਿੱਖ ਨੂੰ ਬਚਾ ਸਕਦੇ ਹਾਂ। ਇਸ ਮੌਕੇ ਜਸਵੀਰ ਚੰਦ ,ਸੰਦੀਪ ਕੁਮਾਰ, ਕਮਲਦੀਪ ਸਲਣ, ਮੋਨਿਕਾ ਵਰਮਾ, ਸਰਬਜੀਤ ਸਿੰਘ, ਲਾਲੀ ਜੋਸ਼ੀ ਆਦਿ ਹਾਜ਼ਰ ਸਨ।




# ਧਾਮੀ ਸੰਤ ਭੂਰੀ ਵਾਲਿਆਂ ਵੱਲੋਂ ਲਗਾਏ ਲੰਗਰ ਵਿੱਚ ਪੁੱਜੇ

## ਸੰਤ ਭੂਰੀ ਵਾਲਿਆਂ ਵੱਲੋਂ ਐਡਵੋਕੇਟ ਧਾਮੀ ਦਾ ਸਨਮਾਨ

ਅੰਮਿਤਸਰ, 2 ਮਾਰਚ (ਬਬਲੂ ਮਹਾਜਨ) :ਖ਼ਾਲਸਾ ਪੰਥ ਦੀ ਚੜ੍ਹਦੀਕਲਾ ਦੇ ਪ੍ਰਤੀਕ ਕੌਮੀ ਜੋੜ-ਮੇਲਾ ਹੋਲਾ-ਮਹੱਲਾ ਦੇ ਇਸ ਪਵਿੱਤਰ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਵੱਲੋਂ ਲਗਾਏ ਗਏ ਲੰਗਰ ਵਿੱਚ ਪਹੁੰਚ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਹਾਂਪੁਰਸ਼ਾਂ ਨਾਲ ਹੋਲੇ ਮਹੱਲੇ ਤੇ ਲੰਗਰ ਦੇ ਪ੍ਰਬੰਧਾਂ ਸਬੰਧੀ ਭਾਵਪੂਰਤ ਵਿਚਾਰ-ਵਟਾਂਦਰਾ ਕੀਤਾ।ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਦੀ ਮਹਾਨ ਸੇਵਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਾਬਾ ਜੀ ਨਾ ਸਿਰਫ਼ ਲੰਗਰਾਂ ਦੀ ਸੇਵਾ ਕਰਦੇ ਹਨ, ਬਲਕਿ ਅਨੰਦਪੁਰ ਸਾਹਿਬ ਸ਼ਹਿਰ ਦੀ ਸਫਾਈ, ਲੱਖਾਂ ਦੀ ਤਾਦਾਦ ਵਿੱਚ ਪੁੱਜਣ ਵਾਲੀ ਸੰਗਤ ਲਈ ਰਿਹਾਇਸ਼ ਅਤੇ ਵਿਸ਼ਾਲ ਲੰਗਰ ਪ੍ਰਬੰਧਾਂ ਵਿੱਚ ਵੀ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਹਨ। ਖਾਸ ਕਰਕੇ ਸ਼ਤਾਬਦੀ ਸਮਾਗਮਾਂ ਸਮੇਂ ਬਾਬਾ ਜੀ ਵੱਲੋਂ ਲੰਗਰ ਦੇ ਕੀਤੇ ਵਿਸ਼ਾਲ ਪ੍ਰਬੰਧਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹਨਾਂ ਦੀ ਇਹ ਅਨਮੋਲ ਧਾਰਮਿਕ ਸੇਵਾ ਸੰਗਤ ਲਈ ਇੱਕ ਉਦਾਹਰਣ ਹੈ। ਗੁਰੂ ਘਰ ਦੀਆਂ ਇਹਨਾਂ ਸੇਵਾਵਾਂ ਰਾਹੀਂ ਧਰਮ ਭਾਵਨਾਵਾਂ ਨੂੰ ਹੋਰ ਉਜਾਗਰ ਕੀਤਾ ਜਾ ਰਿਹਾ ਹੈ ਅਤੇ ਲੱਖਾਂ ਸੰਗਤਾਂ ਇਸ ਤੋਂ ਪ੍ਰੇਰਣਾ ਲੈ ਰਹੀਆਂ ਹਨ। ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਅਮਰਜੀਤ ਸਿੰਘ ਚਾਵਲਾ, ਬਾਵਾ ਸਿੰਘ ਗੁਮਾਨਪੁਰਾ ਅਤੇ ਤਖਤ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ, ਐਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਵੀ ਧਾਮੀ ਸਾਹਿਬ ਦੇ ਨਾਲ ਮੌਜੂਦ ਰਹੇ। ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਸਰਦਾਰ ਧਾਮੀ ਤੇ ਹੋਰ ਮਾਣਯੋਗ ਸ਼ਖਸੀਅਤਾਂ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਭੂਰੀ ਵਾਲੇ, ਬਾਬਾ ਗੁਰਵਿੰਦਰ ਸਿੰਘ ਖਟਨਾ ਸਾਹਿਬ, ਬਾਬਾ ਗੁਰਨਾਮ ਸਿੰਘ, ਬਾਬਾ ਅਵਤਾਰ ਸਿੰਘ, ਸ. ਪ੍ਰਗਟ ਸਿੰਘ ਬਟਾਲਾ, ਸ. ਰਾਮ ਸਿੰਘ ਭਿੰਡਰ, ਨਵਤੇਜ ਸਿੰਘ ਵੇਰਕਾ, ਪ੍ਰੋਫੈਸਰ ਸਰਦਾਰਾ ਸਿੰਘ ਹੁੰਦਲ, ਤਲਵਿੰਦਰ ਸਿੰਘ ਬੁਟਰ, ਹਰਵਿੰਦਰ ਸਿੰਘ ਗੁੱਲੂ, ਮਨਿੰਦਰ ਪਾਲ ਸਿੰਘ ਮਨੀ,ਬਾਬਾ ਬਲਵੰਤ ਸਿੰਘ, ਬਾਬਾ ਪ੍ਰਦੀਪ ਸਿੰਘ, ਬਾਬਾ ਯਾਦਵਿੰਦਰ ਸਿੰਘ, ਬਾਬਾ ਜਗਜੀਤ ਸਿੰਘ, ਸੁੱਖ ਗਵਾਲੀਅਰ ,ਬਾਬਾ ਕਾਬਲ ਸਿੰਘ, ਕਾਲਾ ਸਿੰਘ, ਬਾਬਾ ਲਸ਼ਕਰ ਸਿੰਘ, ਗੁਰਬੀਰ ਸਿੰਘ ਚੱਬਾ , ਦਿਲਬਾਗ ਸਿੰਘ ਚੱਬਾ ਆਦਿ ਵੀ ਮੌਜੂਦ ਸਨ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਭੂਰੀ ਵਾਲੇ, ਬਾਬਾ ਗੁਰਵਿੰਦਰ ਸਿੰਘ ਖਟਨਾ ਸਾਹਿਬ, ਬਾਬਾ ਗੁਰਨਾਮ ਸਿੰਘ, ਬਾਬਾ ਅਵਤਾਰ ਸਿੰਘ, ਸ. ਪ੍ਰਗਟ ਸਿੰਘ ਬਟਾਲਾ, ਸ. ਰਾਮ ਸਿੰਘ ਭਿੰਡਰ, ਨਵਤੇਜ ਸਿੰਘ ਵੇਰਕਾ, ਪ੍ਰੋਫੈਸਰ ਸਰਦਾਰਾ ਸਿੰਘ ਹੁੰਦਲ, ਤਲਵਿੰਦਰ ਸਿੰਘ ਬੁਟਰ, ਹਰਵਿੰਦਰ ਸਿੰਘ ਗੁੱਲੂ, ਮਨਿੰਦਰ ਪਾਲ ਸਿੰਘ ਮਨੀ,ਬਾਬਾ ਬਲਵੰਤ ਸਿੰਘ, ਬਾਬਾ ਪ੍ਰਦੀਪ ਸਿੰਘ, ਬਾਬਾ ਯਾਦਵਿੰਦਰ ਸਿੰਘ, ਬਾਬਾ ਜਗਜੀਤ ਸਿੰਘ, ਸੁੱਖ ਗਵਾਲੀਅਰ ,ਬਾਬਾ ਕਾਬਲ ਸਿੰਘ, ਕਾਲਾ ਸਿੰਘ, ਬਾਬਾ ਲਸ਼ਕਰ ਸਿੰਘ, ਗੁਰਬੀਰ ਸਿੰਘ ਚੱਬਾ , ਦਿਲਬਾਗ ਸਿੰਘ ਚੱਬਾ ਆਦਿ ਵੀ ਮੌਜੂਦ ਸਨ।



# ਵਿਕਾਸ ਕਰਦੇ ਸਮੇਂ ਮਨੁੱਖਤਾ ਨੂੰ ਕੁਦਰਤ ਨਾਲ ਸੁਰ ਮਿਲਾ ਕੇ ਚੱਲਣਾ ਜ਼ਰੂਰੀ : ਵਾਈਸ ਚਾਂਸਲਰ

ਅੰਮ੍ਰਿਤਸਰ, 2 ਮਾਰਚ (ਗੁਰਦਿਆਲ ਸਿੰਘ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਟਿਕਾਊ ਵਿਕਾਸ, ਵਾਤਾਵਰਨ ਸੰਤੁਲਨ ਅਤੇ ਸਮਾਜਿਕ ਮਜ਼ਬੂਤੀ ਦੇ ਉਦੇਸ਼ ਨਾਲ ਪੈਦਾ ਹੋ ਰਹੇ ਨਵੇਂ ਪਦਾਰਥਾਂ ਅਤੇ ਤਕਨਾਲੋਜੀਆਂ ਸੰਬੰਧੀ ਦੋ ਦਿਨਾਂ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਭੌਤਿਕ ਵਿਭਾਗ ਵੱਲੋਂ ਕਰਵਾਈ ਗਈ ਇਹ ਕਾਨਫਰੰਸ ਵਿਗਿਆਨਕ ਖੋਜ ਨੂੰ ਸਾਫ਼ ਊਰਜਾ, ਵਾਤਾਵਰਨ ਸੁਰੱਖਿਆ ਅਤੇ ਲੋਕ-ਸਿਹਤ ਲਈ ਵਰਤੋਂਯੋਗ ਹੱਲਾਂ ਵਿੱਚ ਬਦਲਣ ਲਈ ਇੱਕ ਮਹੱਤਵਪੂਰਨ ਮੰਚ ਬਣਿਆ। ਵਿਦਵਾਨਾਂ ਨੇ ਇਸ ਗੱਲ ਉੱਤੇ ਜ਼ੋਰ ਦਿੱਤਾ ਕਿ ਨਵੇਂ ਪਦਾਰਥ ਬਣਾਉਣ ਤੋਂ ਲੈ ਕੇ ਉਨ੍ਹਾਂ ਦੀ ਦੁਬਾਰਾ ਵਰਤੋਂ ਤੱਕ ਪੂਰੇ ਜੀਵਨ-ਚੱਕਰ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ ਤਾਂ ਜੋ ਮਨੁੱਖੀ ਸਿਹਤ ਅਤੇ ਪਰਿਆਵਰਣ ਦੀ ਰੱਖਿਆ ਹੋ ਸਕੇ।ਉਦਘਾਟਨੀ ਸਮਾਰੋਹ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿੱਚ ਹੋਇਆ, ਜਿਸ ਵਿੱਚ ਮੁੱਖ ਸਰਪ੍ਰਸਤ ਅਤੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਕਿਹਾ ਕਿ ਮਨੁੱਖੀ ਸੱਭਿਆਚਾਰ ਦਾ ਭਵਿੱਖ ਉਹਨਾਂ ਪਦਾਰਥਾਂ ਨਾਲ ਜੁੜਿਆ ਹੈ ਜੋ ਅਸੀਂ ਤਿਆਰ ਕਰਦੇ ਹਾਂ। ਉਨ੍ਹਾਂ ਜ਼ੋਰ ਦਿੱਤਾ ਕਿ ਵਿਕਾਸ ਕਰਦੇ ਸਮੇਂ ਮਨੁੱਖਤਾ ਨੂੰ ਕੁਦਰਤ ਨਾਲ ਸੁਰ ਮਿਲਾ ਕੇ ਚੱਲਣਾ ਹੋਵੇਗਾ ਅਤੇ ਅਜਿਹੀਆਂ ਖੋਜਾਂ ਕਰਨੀ ਚਾਹੀਦੀਆਂ ਹਨ, ਜੋ ਧਰਤੀ ਉੱਤੇ ਬੋਝ ਘਟਾਉਣ। ਵਿਗਿਆਨ ਤੇ ਤਕਨਾਲੋਜੀ ਦੇ ਸੰਦਰਭ ਵਿਚ ਉਨ੍ਹਾਂ ਕਿਹਾ ਕਿ ਕੁਦਰਤ ਦੇ ਨਾਲ ਸੁਰ ਨਾਲ ਸੁਰ ਰਲਾ ਕੇ ਚੱਲਣਾ ਆਪਣੇ ਆਪ ਵਿਚ ਧਰਮ ਕਮਾਉਣ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਅਸੀਂ ਜਿੰਨਾ ਕੁਦਰਤ ਦੀ ਸੰਭਾਲ ਕਰਦਿਆਂ ਆਪਣੀ ਤਰੱਕੀ ਕਰਾਂਗੇ ਉਨ੍ਹਾਂ ਹੀ ਕੁਦਰਤ ਸਾਡੀ ਅਤੇ ਆਉਣ ਵਾਲੀ ਪੀੜ੍ਹੀ ਦੀ ਸੰਭਾਲ ਕਰੇਗੀ ਮੁੱਖ ਮਹਿਮਾਨ ਡਾ. ਡੀ.ਕੇ. ਅਸਵਾਲ ਨੇ ਟਿਕਾਊ ਵਿਕਾਸ ਅਤੇ ਆਫ਼ਤ ਜੋਖਮ ਘਟਾਉਣ ਵਿੱਚ ਨਵੇਂ ਪਦਾਰਥਾਂ ਦੀ ਭੂਮਿਕਾ ਉਜਾਗਰ ਕਰਦਿਆਂ ਕਿਹਾ ਕਿ ਮੌਜੂਦਾ ਵਾਤਰਵਰਨ ਅਤੇ ਉਦਯੋਗਿਕ ਚੁਣੌਤੀਆਂ ਨਾਲ ਨਿਪਟਣ ਲਈ ਰਵਾਇਤੀ ਢੰਗ ਕਾਫ਼ੀ ਨਹੀਂ ਹਨ ਅਤੇ ਅਗਾਊਂ ਪਛਾਣ ਤੇ ਤੁਰੰਤ ਕਾਰਵਾਈ ਲਈ ਆਧੁਨਿਕ ਬੁੱਧੀਮਾਨ ਤਕਨਾਲੋਜੀਆਂ ਨੂੰ ਅਪਣਾਉਣਾ ਲਾਜ਼ਮੀ ਹੈ।ਮੁੱਖ ਵਿਆਖਿਆਨ ਪੇਸ਼ ਕਰਦਿਆਂ ਇੰਸਟੀਚਊਟ ਆਫ ਨੈਨੋ ਸਾਇੰਸ ਐਂਡ ਟੈਕਨਾਲੋਜੀ, ਪ੍ਰੋ. ਅਨਨਿਆਂ ਦੱਤਾ ਨੇ ਅਣੂ ਪੱਧਰ ਉੱਤੇ ਰੋਸ਼ਨੀ ਅਤੇ ਪਦਾਰਥ ਦੇ ਪਰਸਪਰ ਪ੍ਰਭਾਵ ਦੀ ਵਿਆਖਿਆ ਕਰਦਿਆਂ ਇਸ ਦੀ ਵਰਤੋਂ ਅਗਲੀ ਪੀੜ੍ਹੀ ਦੀ ਸੂਰਜੀ ਊਰਜਾ ਅਤੇ ਪ੍ਰਕਾਸ਼ ਆਧਾਰਿਤ ਉਪਕਰਣਾਂ ਵਿੱਚ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ।




# ਕੈਨੇਡੀਅਨ ਕ੍ਰਿਕਟ ਸਟਾਰ ਯੁਵਰਾਜ ਸਿੰਘ ਸਮਰਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਨਤਮਸਤਕ



ਅੰਮ੍ਰਿਤਸਰ, 2 ਮਾਰਚ (ਬਬਲੂ ਮਹਾਜਨ) :ਕੈਨੇਡਾ ਦੀ ਰਾਸ਼ਟਰੀ ਕ੍ਰਿਕਟ ਟੀਮ ਦੇ ਉੱਭਰਦੇ ਸਿਤਾਰੇ ਅਤੇ ਪੰਜਾਬੀ ਮੂਲ ਦੇ ਖਿਡਾਰੀ ਯੁਵਰਾਜ ਸਿੰਘ ਸਮਰਾ ਅੱਜ ਗੁਰੂ ਨਗਰੀ ਅੰਮ੍ਰਿਤਸਰ ਵਿਖੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਗੁਰੂ ਚਰਨਾਂ ਵਿੱਚ ਸੀਸ ਨਿਵਾਇਆ ਅਤੇ ਵਿਸ਼ਵ ਕੱਪ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ।ਮੀਡੀਆ ਨਾਲ ਗੱਲਬਾਤ ਕਰਦਿਆਂ ਯੁਵਰਾਜ ਨੇ ਕਿਹਾ ਕਿ ਵਰਲਡ ਕੱਪ ਵਿੱਚ ਖੇਡਣਾ ਉਨ੍ਹਾਂ ਦਾ ਅਤੇ ਉਨ੍ਹਾਂ ਦੇ ਪਰਿਵਾਰ ਦਾ ਇੱਕ ਵੱਡਾ ਸੁਪਨਾ ਸੀ, ਜੋ ਹੁਣ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਉਹ ਹਰ ਸਾਲ ਗੁਰੂ ਨਗਰੀ ਆਉਂਦੇ ਹਨ, ਪਰ ਇਸ ਵਾਰ ਦੀ ਫੇਰੀ ਬੇਹੱਦ ਖਾਸ ਹੈ, ਕਿਉਂਕਿ ਉਹ ਆਪਣੀ ਕਾਮਯਾਬੀ ਦਾ ਸ਼ੁਕਰਾਨਾ ਕਰਨ ਆਏ ਹਨ। ਸ੍ਰੀ ਦਰਬਾਰ ਸਾਹਿਬ ਵਿਖੇ ਮਹਿਸੂਸ ਹੋਣ ਵਾਲੀ ਰੂਹਾਨੀ ਸ਼ਾਂਤੀ ਬਾਰੇ ਬੋਲਦਿਆਂ ਉਨ੍ਹਾਂ ਕਿਹਾ, ਇੱਥੇ ਆ ਕੇ ਜੋ ਸਕੂਨ ਮਿਲਦਾ ਹੈ, ਉਹ ਹੋਰ ਕਿਤੇ ਨਹੀਂ ਮਿਲ ਸਕਦਾ।ਆਪਣੀਆਂ ਜੜ੍ਹਾਂ ਨਾਲ ਜੁੜੇ ਹੋਣ ਦਾ ਮਾਣ ਮਹਿਸੂਸ ਕਰਦਿਆਂ ਯੁਵਰਾਜ ਨੇ ਦੱਸਿਆ ਕਿ ਉਨ੍ਹਾਂ ਦੇ ਦਾਦਾ-ਦਾਦੀ ਅੰਮ੍ਰਿਤਸਰ ਨਾਲ ਸਬੰਧ ਰੱਖਦੇ ਹਨ, ਇਸ ਲਈ ਇਹ ਸ਼ਹਿਰ ਉਨ੍ਹਾਂ ਦੇ ਦਿਲ ਦੇ ਬੇਹੱਦ ਕਰੀਬ ਹੈ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਭਾਰਤੀ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਭਾਰਤ ਇਸ ਸਮੇਂ ਬਹੁਤ ਮਜ਼ਬੂਤ ਕ੍ਰਿਕਟ ਖੇਡ ਰਿਹਾ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਭਾਰਤ ਫਾਈਨਲ ਵਿੱਚ ਜ਼ਰੂਰ ਪਹੁੰਚੇਗਾ।ਵਿਦੇਸ਼ੀ ਧਰਤੀ (ਕੈਨੇਡਾ) ਵੱਲੋਂ ਖੇਡਦਿਆਂ ਆਪਣੇ ਪੰਜਾਬ ਆਉਣ ’ਤੇ ਉਨ੍ਹਾਂ ਕਿਹਾ ਕਿ ਕੈਨੇਡੀਅਨ ਖਿਡਾਰੀ ਵਜੋਂ ਭਾਰਤ ਵਿੱਚ ਖੇਡਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਦੇ ਪੂਰੇ ਪਰਿਵਾਰ ਵਿੱਚ ਇਸ ਗੱਲ ਨੂੰ ਲੈ ਕੇ ਬੇਹੱਦ ਖੁਸ਼ੀ ਅਤੇ ਉਤਸ਼ਾਹ ਪਾਇਆ ਜਾ ਰਿਹਾ ਹੈ।

# ਕਮਲਜੀਤ ਸਿੰਘ ਦੀ ਯਾਦ ਵਿੱਚ ਪਹਿਲਾ ਖ਼ੂਨਦਾਨ ਕੈਂਪ 8 ਮਾਰਚ ਨੂੰ

ਗੜ੍ਹਦੀਵਾਲਾ, 2 ਮਾਰਚ (ਗੌਰਵ) : ਗੜ੍ਹਦੀਵਾਲਾ ਵਿਖੇ ਸਵ. ਕਮਲਜੀਤ ਸਿੰਘ ਜੀ ਯਾਦ ਵਿੱਚ ਪਹਿਲਾ ਖ਼ੂਨਦਾਨ ਕੈਂਪ 8 ਮਾਰਚ ਨੂੰ ਲਗਾਇਆ ਜਾ ਰਿਹਾ। ਇਸ ਮੌਕੇ ’ਤੇ ਕਮਲ ਦੀਪ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਲੱਡ ਡੋਨਰ ਸੁਸਾਇਟੀ ਦਸੂਆ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਹ ਖ਼ੂਨਦਾਨ ਕੈਂਪ ਅੱਡਾ ਧੂਤਾ ਦੋਸੜਕਾ, ਕਮਲ ਸੀਮੈਂਟ ਸਟੋਰ ਤੇ ਲਗਾਇਆ ਜਾ ਰਿਹਾ ਹੈ। ਇਸ ਮੌਕੇ ਕੁਲਦੀਪ ਪੰਡਤ ਜੀ, ਦੀਪਾ ਟੈਂਟਪਾਲਾ, ਨਵਦੀਪ ਸਿੰਘ ਦੀਪਾ,ਸੰਜੀਵ ਪੰਡਤ, ਦਿਪੀ ਸਹਿਜੋਵਾਲ,ਕਾਕਾ ਮਾਛੀਆਂ,ਅਸ਼ਵਨੀ ਸਿੱਧੂ,ਬੰਟੀ ਕੋਟਲੀ, ਲਾਡੀ ਗਿੱਲਾ, ਦਾਰਾ ਧੂਤ ,ਜੌਲੀ,ਅਮਨ ਸਰਪੰਚ ਗਿੱਲਾ ਆਦੀ ਜਾਣਕਾਰੀ ਦਿੰਦੇ ਹਾਜ਼ਰ ਸਨ।

# ਮਾਘੀ ਮੈਮੋਰੀਅਲ ਕਾਲਜ ਵਿੱਚ ‘ਕੈਰੀਅਰ ਟਾਕ’ ਦਾ ਆਯੋਜਨ

ਫਤਹਿਗੜ੍ਹ ਸਾਹਿਬ ਸਾਹਿਬ, 2 ਮਾਰਚ (ਹਰਪ੍ਰੀਤ ਕੌਰ ਟਿਵਾਣਾ) :ਜ਼ਿਲ੍ਹਾ ਰੋਜਗਾਰ ਅਫਸਰ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਕਰੀਅਰ ਗਾਈਡੈਂਸ ਸਬੰਧੀ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਸੇ ਲੜੀ ਤਹਿਤ ਮਾਘੀ ਮੈਮੋਰੀਅਲ ਕਾਲਜ, ਫਤਹਿਗੜ੍ਹ ਸਾਹਿਬ ਵਿਖੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਅਤੇ ਸਹੀ ਕਿੱਤੇ ਦੀ ਚੋਣ ਕਰਨ ਵਿੱਚ ਮਦਦ ਕਰਨ ਲਈ ਵਿਸ਼ੇਸ਼ ਕੈਰੀਅਰ ਟਾਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ 75 ਵਿਦਿਆਰਥੀਆਂ ਵੱਲੋ ਭਾਗ ਲਿਆ ਗਿਆ

# ਬੁੱਢਾ ਦਲ ਵੱਲੋਂ ਇੰਟਰਨੈਸ਼ਨਲ ਦੋ ਰੋਜ਼ਾ ਗੱਤਕਾ ਮੁਕਾਬਲੇ ਅਰੰਭ ਅੱਜ ਵਿਸ਼ੇਸ਼ ਪੰਜ ਸ਼ਖਸੀਅਤਾਂ ਦਾ ਹੋਵੇਗਾ ਸਨਮਾਨ

ਸ੍ਰੀ ਅਨੰਦਪੁਰ ਸਾਹਿਬ, 2 ਮਾਰਚ (ਤਰਲੋਚਨ ਸਿੰਘ ) : ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁੱਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿਚ ਬੁੱਢਾ ਦਲ ਵੱਲੋਂ ਹੋਲੇ ਮਹੱਲੇ ਦੇ ਮੌਕੇ ਗੁਰਦੁਆਰਾ ਗੁਰੂ ਕਾ ਬਾਗ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਵਿਖੇ ਕਰਵਾਏ ਜਾ ਰਹੇ ਦੋ ਰੋਜ਼ਾ ਵਿਰਸਾ ਸੰਭਾਲ ਇੰਟਰ ਨੈਸ਼ਨਲ ਗਤਕਾ ਮੁਕਾਬਲਿਆਂ ਦੀ ਅਰੰਭਤਾ ਅੱਜ ਖਾਲਸਾਈ ਸ਼ਾਨੋ-ਸ਼ੌਕਤ ਨਾਲ ਭਾਈ ਸੁਖਵਿੰਦਰ ਸਿੰਘ ਮੌਰ ਵੱਲੋ ਅਰਦਾਸ ਕਰਨ ਉਪਰੰਤ ਕੀਤੀ ਗਈ। ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਤੇ ਹੋਰ ਸ਼ਖਸੀਅਤਾਂ ਨੇ ਗਤਕਾ ਮੁਕਾਬਲਿਆਂ ਦੀ ਰਸਮੀ ਸ਼ੁਰੂਆਤ ਕਰਵਾਈ। ਸਿੱਖ ਪ੍ਰੰਪਰਾਵਾਂ ਨੂੰ ਰੂਪਮਾਨ ਕਰਦੀ ਇਸ ਜੰਗਜੂ ਕਲਾ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ ।ਇਨ੍ਹਾਂ ਮੁਕਾਬਲਿਆਂ ਵਿਚ ਜੇਤੂ ਟੀਮਾਂ ਨੂੰ ਸਮਾਪਤੀ ਸਮੇਂ ਵਿਸ਼ੇਸ਼ ਮੈਡਲ ਸਨਮਾਨ ਦੇ ਕੇ ਨਿਵਾਜਿਆ ਜਾਵੇਗਾ। ਇਸ ਮੌਕੇ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਗਤਕਾ ਗੁਰੂ ਸਾਹਿਬ ਵੱਲੋਂ ਬਖਸ਼ੀ ਜੰਗਜੂ ਕਲਾ ਹੈ ਅਤੇ ਗੁਰੂ ਸਾਹਿਬ ਵੱਲੋਂ ਬਖਸ਼ੀ ਗਤਕੇ ਦੀ ਇਸ ਸ਼ਸ਼ਤਰ ਕਲਾ ਨੂੰ ਉਹ ਲੋਕ ਹੀ ਅਪਨਾਉਣ ਜੋ ਸਿੱਖੀ ਸਰੂਪ ਵਿਚ ਪ੍ਰਪੱਕ ਹਨ।ਇਸੇ ਦੌਰਾਨ ਬੁੱਢਾ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਨੇ ਦਸਿਆ ਕਿ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਪਿਛਲੇ 15 ਸਾਲਾਂ ਤੋਂ ਵੱਧ ਵਿਰਸਾ ਸੰਭਾਲ ਇੰਟਰ ਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਜਾ ਰਹੇ ਹਨ ਜੋ ਇਸ ਵਾਰ ਵੀ ਦੋ ਰੋਜ਼ਾ ਵਿਰਸਾ ਸੰਭਾਲ ਇੰਟਰਨੈਸ਼ਨਲ ਗਤਕਾ ਮੁਕਾਬਲੇ ਅੱਜ ਤੇ ਕੱਲ ਨੂੰ ਹੋ ਰਹੇ ਹਨ। ਉਨ੍ਹਾਂ ਕਿਹਾ ਪਿਛਲੀ ਰਵਾਇਤ ਮੁਤਾਬਕ ਹੀ ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ 5 ਸਖਸ਼ੀਅਤਾਂ ਇਸ ਵਾਰ ਵੀ ਬੁੱਢਾ ਦਲ ਵੱਲੋਂ ਸਨਮਾਨਿਤ ਹੋ ਰਹੀਆਂ ਹਨ। ਜਿਨਾਂ ਵਿਚ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਹੈਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਭਾਈ ਹਰਜਿੰਦਰ ਸਿੰਘ ਸ੍ਰੀ ਨਗਰ ਵਾਲੇ, ਗਿਆਨੀ ਗੁਰਦੇਵ ਸਿੰਘ ਅਸਟ੍ਰੇਲੀਆ, ਸੰਤ ਗਿਆਨੀ ਹਰੀ ਸਿੰਘ ਰੰਧਾਵੇ ਵਾਲੇ, ਬਾਬਾ ਜਸਵਿੰਦਰ ਸਿੰਘ ਜੱਸੀ ਇੰਚਾਰਜ਼ ਬੁੱਢਾ ਦਲ ਅਮਰੀਕਾ ਨੂੰ ਬੁੱਢਾ ਦਲ ਦੇ ਤੀਸਰੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਨਵਾਬ ਕਪੂਰ ਸਿੰਘ ਜੀ ਯਾਦਗਾਰੀ ਐਵਾਰਡ, ਬਾਬਾ ਜੱਸਾ ਸਿੰਘ ਜੀ ਆਹਲੂਵਾਲੀਆ ਯਾਦਗਾਰੀ ਐਵਾਰਡ ਨਾਲ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਕ, ਬਾਬਾ ਗੁਰਮੇਲ ਸਿੰਘ ਕਨੇਡਾ, ਬਾਬਾ ਮਨਮੋਹਣ ਸਿੰਘ ਬਾਰਨ ਵਾਲੇ, ਸ. ਭਗਵਾਨ ਸਿੰਘ ਜੌਹਲ, ਸ. ਇੰਦਰਪਾਲ ਸਿੰਘ ਫੌਜੀ, ਬਾਬਾ ਮਲੂਕ ਸਿੰਘ ਲਾਡੀ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਸ਼ੇਰ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਕ, ਬਾਬਾ ਗੁਰਮੇਲ ਸਿੰਘ ਕਨੇਡਾ, ਬਾਬਾ ਮਨਮੋਹਣ ਸਿੰਘ ਬਾਰਨ ਵਾਲੇ, ਸ. ਭਗਵਾਨ ਸਿੰਘ ਜੌਹਲ, ਸ. ਇੰਦਰਪਾਲ ਸਿੰਘ ਫੌਜੀ, ਬਾਬਾ ਮਲੂਕ ਸਿੰਘ ਲਾਡੀ, ਭਾਈ ਸਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਨਿਹੰਗ ਸਿੰਘ ਤੇ ਸੰਗਤਾਂ ਹਾਜ਼ਰ ਸਨ।



# ਭੋਗਪੁਰ ’ਚ ਅੱਜ ਫਿਰ ਵਾਪਰਿਆ ਹਾਦਸਾ







ਭੋਗਪੁਰ, 2 ਮਾਰਚ (ਜੰਡੀਰ ਸੈਣੀ) : ਭੋਗਪੁਰ ਟੀ ਪੁਆਇੰਟ ’ਤੇ ਅੱਜ ਫਿਰ ਵਾਪਰਿਆ ਭਿਆਨਕ ਹਾਦਸਾ.ਟਰੈਫਿਕ ਦੀ ਵਜਹਾ ਕਾਰਨ ਭੋਗਪੁਰ ਸ਼ਹਿਰ ਵਿੱਚ ਲਗਾਤਾਰ ਹਾਦਸੇ ਵਾਪਰ ਰਹੇ ਹਨ। 25 ਦਿਨਾਂ ਵਿੱਚ 35 ਹਾਦਸੇ ਵਾਪਰੇ ਹਨ। ਚੜ੍ਹਦੀਕਲਾ ਟਾਈਮ ਟੀਵੀ ’ਤੇ ਵਾਰ ਵਾਰ ਖਬਰਾਂ ਲੱਗੀਆਂ ਦਾ ਅਸਰ ਦੇਖਣ ਨੂੰ ਮਿਲਿਆ ਟੀ ਪੁਇੰਟ ਭੋਗਪੁਰ ਵਿੱਚ ਟਰੈਫਿਕ ਲਾਈਟਾਂ ਲਗਾ ਦਿੱਤੀਆਂ ਗਈਆਂ ਪਰ ਅੱਜ 2 ਹਫਤੇ ਬੀਤ ਜਾਣ ’ਤੇ ਵੀ ਟਰੈਫਿਕ ਲਾਈਟਾਂ ਚਾਲੂ ਨਹੀਂ ਹੋਈਆਂ. ਤੇ ਅੱਜ ਟਰੱਕ ਤੇ ਕਾਰ ਦਾ ਭਿਆਨਕ ਹਾਦਸਾ ਵਾਪਰਿਆ ਕਾਰ ਨੰਬਰ ਪੀਬੀ06 ਏਐਫ 0 282.ਜਲੰਧਰ ਸਾਈਡ ਤੋਂ ਗੁਰਦਾਸਪੁਰ ਨੂੰ ਜਾ ਰਹੀ ਸੀ ਅਤੇ ਟਰੱਕ ਨੰਬਰ ਜੇਕੇ 18 ਏ 0 485 ਜਲੰਧਰ ਸਾਈਡ ਤੋਂ ਜੰਮੂ ਨੂੰ ਜਾ ਰਿਹਾ ਸੀ। ਜਦ ਭੋਗਪੁਰ ਟੀ ਪੁਆਇੰਟ ’ਤੇ ਪਹੁੰਚੇ ਤਾਂ ਇਹ ਵੀ ਹਮੇਸ਼ਾ ਦੀ ਤਰ੍ਹਾਂ ਹਾਦਸੇ ਦਾ ਸ਼ਿਕਾਰ ਹੋ ਗਏ ਨਜ਼ਦੀਕ ਖਲੋਤੇ ਲੋਕਾਂ ਦਾ ਅਤੇ ਟਰੱਕ ਡਰਾਈਵਰਾਂ ਦਾ ਕਹਿਣਾ ਸੀ ਕੇ ਟਰੈਫਿਕ ਲਾਈਟਾਂ ਨਾ ਜਗਣ ਕਰਕੇ ਹਾਦਸਾ ਵਾਪਰਿਆ ਹੈ। ਆਦਮਪੁਰ ਰੋਡ ਵੱਲੋਂ ਕੋਈ ਮੋਟਰਸਾਈਕਲ ਸਿੱਧਾ ਟੀ ਪੁਆਇੰਟ ਚੌਂਕ ਵਿੱਚ ਆ ਬੜਿਆ ਕਾਰ ਤੇ ਟਰੱਕ ਨੂੰ ਚੱਕ ਦਮ ਬ੍ਰੇਕ ਮਾਰਨੀ ਪਈ ਤਾਂ ਦਾ ਹਾਦਸਾ ਵਾਪਰ ਗਿਆ ਕਾਰ ਦਾ ਕਾਫੀ ਨੁਕਸਾਨ ਹੋਇਆ ਮੌਕੇ ਤੇ ਥਾਣਾ ਭੋਗਪੁਰ ਦੀ ਪਹੁੰਚੀ ਪੁਲਿਸ ਦੋਨਾਂ ਗੱਡੀਆਂ ਨੂੰ ਥਾਣੇ ਲੈ ਗਈ ਅਗਲੀ ਕਾਰਵਾਈ ਉਹੀ ਜੋ ਹਮੇਸ਼ਾ ਭੋਗਪੁਰ ਵਿੱਚ ਹੁੰਦੀ ਹੈ...

# ਬਠਿੰਡਾ 'ਚ ਗੁਟਕਾ ਸਾਹਿਬ ਦੀ ਬੇਅਦਬੀ

ਬਠਿੰਡਾ, 2 ਮਾਰਚ (ਦੀਪਕ ਸ਼ਰਮਾ): ਸ਼ਹਿਰ ਦੇ ਬਾਬਾ ਦੀਪ ਸਿੰਘ ਨਗਰ ਵਿੱਚ ਗੁਰਦੁਆਰਾ ਸਾਹਿਬ ਦੇ ਨੇੜੇ ਗੁਟਕਾ ਸਾਹਿਬ ਦੀ ਬੇਅਦਬੀ ਹੋਣ ਦਾ ਬੇਹੱਦ ਮੰਦਭਾਗਾ ਮਾਮਲਾ ਸਾਹਮਣੇ ਆਇਆ ਹੈ। ਕਿਸੇ ਸ਼ਰਾਰਤੀ ਅਨਸਰ ਵੱਲੋਂ ਗੁਟਕਾ ਸਾਹਿਬ ਦੇ ਪਵਿੱਤਰ ਅੰਗ ਪਾੜ ਕੇ ਇੱਧਰ-ਉੱਧਰ ਸੁੱਟ ਦਿੱਤੇ ਗਏ, ਜਿਸ ਕਾਰਨ ਸੰਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ ਐਤਵਾਰ ਸਵੇਰੇ ਜਦੋਂ ਸੰਗਤ ਗੁਰਦੁਆਰਾ ਸਾਹਿਬ ਨਤਮਸਤਕ ਹੋਣ ਲਈ ਪਹੁੰਚੀ ਤਾਂ ਉਨ੍ਹਾਂ ਨੇ ਸੜਕ ਕਿਨਾਰੇ ਪਵਿੱਤਰ ਅੰਗ ਖਿੰਡੇ ਹੋਏ ਦੇਖੇ, ਜਿਸ ਦੀ ਸੂਚਨਾ ਤੁਰੰਤ ਗੁਰਦੁਆਰਾ ਕਮੇਟੀ ਨੂੰ ਦਿੱਤੀ ਗਈ। ਗੁਰਦੁਆਰਾ ਬਾਬਾ ਦੀਪ ਸਿੰਘ ਜੀ ਦੇ ਪ੍ਰਧਾਨ ਜਗਦੇਵ ਸਿੰਘ ਨੇ ਦੱਸਿਆ ਕਿ 28 ਫਰਵਰੀ ਨੂੰ ਉਹ ਸ਼ਾਮ ਸਾਢੇ ਸੱਤ ਵਜੇ ਅਰਦਾਸ ਤੋਂ ਬਾਅਦ ਘਰ ਚਲੇ ਗਏ ਸਨ। ਕੁਝ ਸਮੇਂ ਬਾਅਦ ਉਨ੍ਹਾਂ ਨੂੰ ਗ੍ਰੰਥੀ ਸਿੰਘ ਦਾ ਫ਼ੋਨ ਆਇਆ ਕਿ ਸੰਗਤ ਨੂੰ ਗੁਰਦੁਆਰਾ ਸਾਹਿਬ ਤੋਂ ਕੁਝ ਦੂਰੀ 'ਤੇ ਗੁਟਕਾ ਸਾਹਿਬ ਦੇ ਅੰਗ ਫਟੇ ਹੋਏ ਮਿਲੇ ਹਨ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਪੁਲਿਸ ਦੀ ਮੌਜੂਦਗੀ ਵਿੱਚ ਗੁਟਕਾ ਸਾਹਿਬ ਦੇ ਪਵਿੱਤਰ ਅੰਗਾਂ ਨੂੰ ਪੂਰੀ ਸ਼ਰਧਾ ਅਤੇ ਮਰਿਆਦਾ ਸਹਿਤ ਇਕੱਤਰ ਕਰਕੇ



ਗੁਰਦੁਆਰਾ ਸਾਹਿਬ ਪਹੁੰਚਾਇਆ ਗਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜੱਥੇਦਾਰ ਸਾਹਿਬ ਨੂੰ ਵੀ ਸੂਚਿਤ ਕੀਤਾ ਗਿਆ, ਜਿਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇੱਕ ਵਿਸ਼ੇਸ਼ ਟੀਮ ਤਲਵੰਡੀ ਸਾਬੋ ਤੋਂ ਮੌਕੇ ਦਾ ਜਾਇਜ਼ਾ ਲੈਣ ਬਠਿੰਡਾ ਪਹੁੰਚੀ।

ਇਸ ਮੌਕੇ ਥਾਣਾ ਕੈਨਾਲ ਦੇ ਮੁਖੀ ਹਰਜੋਤ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਦੋਸ਼ੀਆਂ ਦੀ ਭਾਲ ਲਈ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਮੁਲਜ਼ਮਾਂ ਨੂੰ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਫਿਲਹਾਲ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਲਈ ਪੁਲਿਸ ਬਲ ਤਾਇਨਾਤ ਕੀਤਾ ਗਿਆ ਹੈ ਅਤੇ ਸੰਗਤ ਨੇ ਪ੍ਰਸ਼ਾਸਨ ਤੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

# ਭੱਦਲਵੱਡ ਦਾ 50 ਲੱਖ ਦੀ ਲਾਗਤ ਨਾਲ ਕੀਤਾ ਜਾ ਰਿਹਾ ਸਰਵਪੱਖੀ ਵਿਕਾਸ : ਓ.ਐਸ.ਡੀ.

ਧੂਰੀ, 2 ਮਾਰਚ (ਰਾਜੇਸ਼ਵਰ ਪਿੰਟੂ): ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਚਰਨ ਛੋਹ ਪ੍ਰਾਪਤ ਪਿੰਡ ਭੱਦਲਵੱਡ ਵਿਖੇ ਪਿੰਡ ਦੇ ਸਰਬਪੱਖੀ ਵਿਕਾਸ ਲਈ 50 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਇਸੇ ਲੜੀ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਯਾਦ ਵਿੱਚ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਗੇਟ ਤੇ ਕੰਮ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਮੌਕੇ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਗੁਰੂ ਸਾਹਿਬ ਜੀ ਦੇ ਚਰਨ ਛੋਹ ਪਿੰਡਾਂ ਵਿੱਚ 50-50 ਲੱਖ ਰੁਪਏ ਨਾਲ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਪਿੰਡ ਭੱਦਲਵੱਡ ਬਹੁਤ ਹੀ ਇਤਿਹਾਸਿਕ ਪਿੰਡ ਹੈ ਜਿੱਥੇ ਤਿੰਨ ਗੁਰੂ ਸਾਹਿਬਾਨਾਂ ਵੱਲੋਂ ਆਪਣੇ ਚਰਨ ਪਾਏ ਗਏ ਹਨ। ਉਹਨਾਂ ਦੱਸਿਆ ਕਿ ਇੱਥੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵੱਲੋਂ ਚਰਨ ਪਾਏ ਗਏ ਹਨ।



ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਪਿੰਡ ਵਿੱਚ ਕੁੱਲ 50 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਪ੍ਰਾਜੈਕਟ ਕੀਤੇ ਜਾ ਰਹੇ ਹਨ। ਇਨ੍ਹਾਂ ਵਿੱਚ 5 ਲੱਖ ਰੁਪਏ ਬੱਸ ਅੱਡੇ ਲਈ, 10 ਲੱਖ ਰੁਪਏ ਗੁਰਦੁਆਰਾ ਸਾਹਿਬ ਨੂੰ ਜਾਂਦੇ ਰਸਤੇ ਦੇ ਨਵੀਨੀਕਰਨ ਲਈ, 5 ਲੱਖ ਰੁਪਏ ਪੰਚਾਇਤ ਘਰ ਲਈ ਅਤੇ 20 ਲੱਖ ਰੁਪਏ ਖੇਡ ਮੈਦਾਨ ਦੇ ਵਿਕਾਸ ਲਈ ਖਰਚ ਕੀਤੇ ਜਾਣਗੇ। ਇਸ ਮੌਕੇ ਪੁਸ਼ਪਿੰਦਰ ਸ਼ਰਮਾ, ਕਰਮਜੀਤ ਸਿੰਘ, ਤੀਰਥ ਸਿੰਘ, ਸੋਹਣ ਸਿੰਘ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

# ਬਠਿੰਡਾ 'ਚ ਪਾਣੀ ਬਚਾਓ ਪ੍ਰਦਰਸ਼ਨੀ ਰਾਹੀਂ ਲੋਕਾਂ ਨੂੰ ਕੈਂਸਰ ਵਰਗੀਆਂ ਬਿਮਾਰੀਆਂ ਪ੍ਰਤੀ ਕੀਤਾ ਜਾਗਰੂਕ

ਬਠਿੰਡਾ, 2 ਮਾਰਚ (ਦੀਪਕ ਸ਼ਰਮਾ): ਮਾਲਵਾ ਖੇਤਰ ਦੇ ਧਰਤੀ ਹੇਠਲੇ ਪਾਣੀ ਵਿੱਚ ਲਗਾਤਾਰ ਵਧ ਰਹੀ ਯੂਰੇਨੀਅਮ ਦੀ ਮਾਤਰਾ ਅਤੇ ਇਸ ਕਾਰਨ ਫੈਲ ਰਹੀਆਂ ਕੈਂਸਰ ਵਰਗੀਆਂ ਭਿਆਨਕ ਬੀਮਾਰੀਆਂ ਨੇ ਲੋਕਾਂ ਦੀ ਚਿੰਤਾ ਵਧਾ ਦਿੱਤੀ ਹੈ। ਇਸ ਗੰਭੀਰ ਮੁੱਦੇ ਨੂੰ ਮੁੱਖ ਰੱਖਦਿਆਂ ਸ੍ਰੀ ਸਨਾਤਨ ਮੰਚ ਵੱਲੋਂ "ਆਰਟ ਆਫ ਲਿਵਿੰਗ" ਬਠਿੰਡਾ ਤੇ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸਹਿਯੋਗ ਨਾਲ "ਲਾਰਡ ਰਾਮਾ ਹਾਲ" ਦੇ ਵਿਹੜੇ ਵਿੱਚ ਇੱਕ ਵਿਸ਼ੇਸ਼ "ਪਾਣੀ ਬਚਾਓ" ਪ੍ਰਦਰਸ਼ਨੀ ਲਗਾਈ ਗਈ। ਇਸ ਮੌਕੇ ਵਾਤਾਵਰਣ ਪ੍ਰੇਮੀ ਰਮੇਸ਼ ਗੁਪਤਾ, ਵੀਨਾ ਰਾਣੀ ਤੇ ਅਸ਼ੋਕ ਮਿੱਤਲ ਨੇ ਖੁਲਾਸਾ ਕੀਤਾ ਕਿ ਬਠਿੰਡਾ ਜ਼ਿਲ੍ਹੇ ਵਿੱਚ ਲਏ ਗਏ ਪਾਣੀ ਦੇ 136 ਸੈਂਪਲਾਂ ਵਿੱਚੋਂ 51 ਫੀਸਦੀ ਸੈਂਪਲ ਫੇਲ੍ਹ ਪਾਏ ਗਏ ਹਨ, ਜੋ ਕਿ ਬੇਹੱਦ ਚਿੰਤਾਜਨਕ ਅੰਕੜਾ ਹੈ। ਪ੍ਰਦਰਸ਼ਨੀ ਦੌਰਾਨ ਮਾਹਿਰਾਂ ਨੇ ਦੱਸਿਆ ਕਿ ਪਾਣੀ ਵਿੱਚ ਯੂਰੇਨੀਅਮ ਦਾ ਪੱਧਰ ਤੈਅ ਮਾਪਦੰਡਾਂ ਨਾਲੋਂ 10 ਗੁਣਾ ਜ਼ਿਆਦਾ ਹੈ, ਜਿਸ ਕਾਰਨ ਜਲ ਸੰਭਾਲ ਅਤੇ ਪ੍ਰਦੂਸ਼ਣ



ਰੋਕਣਾ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ। ਇਸ ਦੌਰਾਨ ਲੋਕਾਂ ਨੂੰ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਜਿਵੇਂ ਸ਼ੈਂਪੂ, ਟੂਥਪੇਸਟ ਅਤੇ ਡਿਟਰਜੈਂਟ ਦੀ ਸੀਮਤ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ। ਮਾਹਿਰਾਂ ਨੇ ਆਰ.ਓ. ਤੋਂ ਨਿਕਲਣ ਵਾਲੇ ਵਾਧੂ ਪਾਣੀ ਨੂੰ ਪੌਦਿਆਂ ਜਾਂ ਫ਼ਰਸ਼ ਦੀ ਸਫਾਈ ਲਈ ਵਰਤਣ ਅਤੇ ਚਲਦੀਆਂ ਟੂਟੀਆਂ ਨਾਲ ਵਾਹਨ ਨਾ ਧੋਣ ਜਿਹੇ ਨੁਕਤੇ ਵੀ ਸਾਂਝੇ ਕੀਤੇ। ਇਸ ਤੋਂ ਇਲਾਵਾ, 80 ਫੀਸਦੀ ਪਾਣੀ ਬਚਾਉਣ ਲਈ "ਸਵੈ-ਸਿੰਚਿਤ" ਗਮਲਿਆਂ ਦੀ ਵਰਤੋਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵਾਤਾਵਰਣ ਪ੍ਰੇਮੀ ਅਸ਼ੋਕ ਮਿੱਤਲ ਨੇ ਮਾਡਲਾਂ ਅਤੇ ਪੋਸਟਰਾਂ ਰਾਹੀਂ "ਰੇਨ ਵਾਟਰ ਹਾਰਵੈਸਟਿੰਗ" ਤੇ ਜੈਵਿਕ ਖੇਤੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇੱਕ ਦਿਨ ਚੱਲੀ ਇਸ ਪ੍ਰਦਰਸ਼ਨੀ ਵਿੱਚ ਲਗਭਗ ਇੱਕ ਹਜ਼ਾਰ ਲੋਕਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿੱਚੋਂ 101 ਵਿਅਕਤੀਆਂ ਨੇ ਮੌਕੇ 'ਤੇ ਹੀ ਪਾਣੀ ਬਚਾਉਣ ਦਾ ਸੰਕਲਪ ਲਿਆ। ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਰਬਜੀਤ ਸਿੰਘ, ਅਨਿਲ ਸਿੰਗਲਾ, ਆਸ਼ੀਸ਼, ਦਿਨੇਸ਼ ਗੋਇਲ ਤੇ ਹੋਰਨਾਂ ਮੈਂਬਰਾਂ ਨੇ ਸਰਗਰਮ ਭੂਮਿਕਾ ਨਿਭਾਈ।

# ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਨਸ਼ਿਆਂ ਵਿਰੁੱਧ ਜਾਗਰੂਕ ਸਬੰਧੀ ਮੀਟਿੰਗ

ਸ੍ਰੀ ਮੁਕਤਸਰ ਸਾਹਿਬ, 2 ਮਾਰਚ (ਐਚ ਐਸ ਕਪੂਰ): ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਮੰਤਵ ਨਾਲ ਵੱਖ-ਵੱਖ ਸੰਸਥਾਵਾਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨੌਜਵਾਨਾਂ ਨੂੰ ਵਧੀਆ ਸੁਨੇਹਾ ਮਿਲ ਰਿਹਾ ਹੈ ਅਤੇ ਉਨ੍ਹਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਮੀਟਿੰਗ ਦੌਰਾਨ ਵੱਖ-ਵੱਖ ਵਿਦਿਅਕ ਸੰਸਥਾਵਾਂ, ਐਨ.ਜੀ.ਓਜ਼ ਤੇ ਸਿਹਤ ਵਿਭਾਗ ਨੂੰ ਹਦਾਇਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਕੂਲਾਂ, ਕਾਲਜਾਂ ਵਿੱਚ ਵੱਖ-ਵੱਖ ਟੀਮਾਂ ਬਣਾਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇ, ਜਿਸ ਨਾਲ ਵਿਦਿਆਰਥੀ ਆਪਣੇ ਮਾਪਿਆਂ ਨੂੰ ਵੀ ਇਸ ਬਾਰੇ ਜਾਣੂੰ ਕਰਵਾਉਣਗੇ। ਉਨ੍ਹਾਂ (ਜ) ਡੈਵੀ ਗੋਇਲ ਹੋਣਗੇ। ਉਨ੍ਹਾਂ ਐਂਟੀ ਡਰੱਗ ਅਵੇਅਰਨੈਸ ਕੰਪੇਨ ਟੀਮ ਦੇ ਮੈਂਬਰ ਰੁਪਿੰਦਰ ਸਿੰਘ ਨੂੰ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਯੂਨੀਵਰਸਿਟੀ ਵੱਧ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡੈਵੀ ਗੋਇਲ, ਸਹਾਇਕ ਕਮਿਸ਼ਨਰ (ਸਿਖਲਾਈ ਅਧੀਨ) ਸ਼ਿਵਾਂਸ਼



ਕਿਹਾ ਕਿ ਹਰ ਕਾਲਜ ਤੋਂ ਇੱਕ 10-10 ਮੈਂਬਰਾਂ ਦੀ ਟੀਮ ਬਣਾਈ ਜਾਵੇ ਅਤੇ ਉਸ ਟੀਮ ਦੀ ਵਰਕਸ਼ਾਪ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਸਮੁੱਚੀ ਮੁਹਿੰਮ ਦੇ ਇੰਚਾਰਜ ਵਧੀਕ ਡਿਪਟੀ ਕਮਿਸ਼ਨਰ ਦੇ ਸਾਈਕਲੋਜੀ ਵਿਭਾਗ ਨਾਲ ਮਿਲ ਕੇ ਪ੍ਰੋਗਰਾਮ ਤਿਆਰ ਕਰਨਗੇ ਅਤੇ ਨਸ਼ਿਆਂ ਸਬੰਧੀ ਜਾਗਰੂਕ ਕਰਨ ਲਈ ਸ਼ਡਿਊਲ ਤਿਆਰ ਕਰਨ ਤਾਂ ਜੋ ਨਸ਼ਿਆਂ ਸਬੰਧੀ ਜਾਗਰੂਕਤਾ ਅਭਿਆਨ ਸਬੰਧੀ ਵੱਧ ਤੋਂ ਅਸਥਾਨਾ, ਸਿਵਲ ਸਰਜਨ ਸੁਨੀਲ ਬਾਂਸਲ ਤੋਂ ਇਲਾਵਾ ਵੱਖ-ਵੱਖ ਵਿਦਿੱਅਕ ਸੰਸਥਾਵਾਂ ਦੇ ਪ੍ਰਿੰਸੀਪਲ, ਐਨ.ਜੀ.ਓਜ਼ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

# ਨਹਿਰ 'ਚ ਗੱਡੀ ਸੁੱਟ ਕੇ ਨੌਜਵਾਨ ਨੂੰ ਮੌਤ ਦੇ ਘਾਟ ਉਤਾਰਨ ਦੀ ਸਾਜਿਸ਼ ਤਹਿਤ ਦੋ ਕਾਬੂ

ਬਠਿੰਡਾ, 2 ਮਾਰਚ (ਦੀਪਕ ਸ਼ਰਮਾ): ਬਠਿੰਡਾ ਦੇ ਬੱਲਾ ਰਾਮ ਨਗਰ ਇਲਾਕੇ ਦੇ ਇੱਕ 32 ਸਾਲਾ ਨੌਜਵਾਨ ਦੇ ਲਾਪਤਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਥਰਮਲ ਦੀ ਪੁਲਿਸ ਨੇ ਨੌਜਵਾਨ ਨੂੰ ਮਾਰਨ ਦੀ ਸਾਜ਼ਿਸ਼ ਰਚਣ ਦੇ ਦੋਸ਼ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਕਥਿਤ ਦੋਸ਼ੀਆਂ ਖਿਲਾਫ ਕਤਲ ਦਾ ਮੁਕਦਮਾ ਦਰਜ ਕੀਤਾ ਗਿਆ ਹੈ। ਇਹ ਕਾਰਵਾਈ ਲਾਪਤਾ ਹੋਏ ਨੌਜਵਾਨ ਦੀ ਭੈਣ ਦੀ ਸ਼ਿਕਾਇਤ ਮਿਲਣ ਤੇ ਅਮਲ ਵਿੱਚ ਲਿਆਂਦੀ ਗਈ ਹੈ। ਦੂਜੇ ਪਾਸੇ ਸਰਹੰਦ ਨਹਿਰ ਵਿੱਚ ਸ਼ੱਕੀ ਹਾਲਾਤ ਵਿੱਚ ਡਿੱਗੀ ਇੱਕ ਐਕਸਯੂਵੀ ਗੱਡੀ ਨੇ ਕਤਲ ਦੀ ਸਾਜ਼ਿਸ਼ ਵੱਲ ਇਸ਼ਾਰਾ ਕੀਤਾ ਹੈ। ਜਿਸ ਦੇ ਕਾਰਨ ਪੀੜਤ ਲੜਕੀ ਨੇ ਉਸਦੇ ਭਰਾ ਦੇ ਕਤਲ ਹੋਣ ਦਾ ਖਦਸ਼ਾ ਜਾਹਿਰ ਕੀਤਾ ਹੈ।



ਜਿਸ ਦੇ ਚਲਦੇ ਪੁਲਿਸ ਵੱਲੋਂ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਹੈ ਤਾਂ ਕਿ ਸੱਚਾਈ ਦੀ ਤਹਿ ਤੱਕ ਪਹੁੰਚਿਆ ਜਾ ਸਕੇ।

ਮਿਲੀ ਜਾਣਕਾਰੀ ਅਨੁਸਾਰ, ਸ਼ਿਕਾਇਤਕਰਤਾ ਰਮਨਦੀਪ ਕੌਰ ਨੇ ਪੁਲਿਸ ਨੂੰ ਦੱਸਿਆ ਕਿ ਬੀਤੀ 28 ਫਰਵਰੀ ਨੂੰ ਉਹ ਆਪਣੇ ਭਰਾ ਰਾਮ ਕ੍ਰਿਸ਼ਨ ਨਾਲ ਗੋਪਾਲ ਨਗਰ ਵਿਖੇ ਕਥਿਤ ਦੋਸ਼ੀ ਸੁਖਵੀਰ ਦੀ ਭੈਣ ਦੇ ਘਰ ਗਏ ਸਨ। ਉੱਥੇ ਮੌਜੂਦ ਸੁਖਵੀਰ,ਗੁਰਪ੍ਰੀਤ ਸਿੰਘ ਤੇ ਰਾਮ ਕ੍ਰਿਸ਼ਨ ਨੇ ਸ਼ਰਾਬ ਪੀਤੀ, ਜਿਸ ਦੌਰਾਨ ਸੁਖਬੀਰ ਸਿੰਘ ਨਾਮਕ ਵਿਅਕਤੀ ਨਾਲ ਉਨ੍ਹਾਂ ਦੀ ਤਕਰਾਰ ਹੋ ਗਈ। ਰਮਨਦੀਪ ਅਨੁਸਾਰ, ਸੁਖਬੀਰ ਉਸ ਨੂੰ ਆਪਣੀ ਗੱਡੀ ਵਿੱਚ ਬਿਠਾ ਕੇ ਘਰ ਛੱਡਣ ਆਇਆ ਅਤੇ ਉੱਥੇ ਉਸ ਦੀ ਕੁੱਟਮਾਰ ਵੀ ਕੀਤੀ। ਘਟਨਾ ਨੇ ਨਵਾਂ ਮੋੜ ਉਦੋਂ ਲਿਆ ਜਦੋਂ 1 ਮਾਰਚ ਨੂੰ ਸੁਖਵੀਰ ਦੇ ਪਿਤਾ ਨੇ ਫ਼ੋਨ ਕਰਕੇ ਸੂਚਨਾ ਦਿੱਤੀ ਕਿ ਸੁਖਵੀਰ ਅਤੇ ਰਾਮ ਕ੍ਰਿਸ਼ਨ ਦੀ ਗੱਡੀ ਸਰਹਿੰਦ ਨਹਿਰ ਵਿੱਚ ਜਾ ਡਿੱਗੀ ਹੈ। ਹਾਦਸੇ ਤੋਂ ਬਾਅਦ

ਸੁਖਵੀਰ ਤੇ ਉਸ ਦਾ ਸਾਥੀ ਗੁਰਪ੍ਰੀਤ ਤਾਂ ਨਹਿਰ ਵਿੱਚੋਂ ਸਹੀ-ਸਲਾਮਤ ਬਾਹਰ ਨਿਕਲ ਆਏ, ਪਰ 32 ਸਾਲਾ ਰਾਮ ਕ੍ਰਿਸ਼ਨ ਦਾ ਅਜੇ ਤੱਕ ਕੋਈ ਸੁਰਾਗ ਨਹੀਂ ਮਿਲ ਸਕਿਆ। ਪੀੜਤ ਭੈਣ ਨੇ ਦੋਸ਼ ਲਾਇਆ ਹੈ ਕਿ ਮੁਲਜ਼ਮਾਂ ਨੇ ਉਸ ਦੇ ਭਰਾ ਦਾ ਕਤਲ ਕਰਕੇ ਸਬੂਤ ਮਿਟਾਉਣ ਦੀ ਨੀਅਤ ਨਾਲ ਗੱਡੀ ਨੂੰ ਜਾਣਬੁੱਝ ਕੇ ਨਹਿਰ ਵਿੱਚ ਸੁੱਟਿਆ ਹੈ। ਥਾਣਾ ਥਰਮਲ ਦੇ ਸਬ-ਇੰਸਪੈਕਟਰ ਮੇਜਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਦੋਵਾਂ ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਤੇ ਉਨ੍ਹਾਂ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਸੱਚਾਈ ਸਾਹਮਣੇ ਆ ਸਕੇ। ਦੂਜੇ ਪਾਸੇ ਨਹਿਰ ਵਿੱਚ ਰਾਮ ਕ੍ਰਿਸ਼ਨ ਦੀ ਭਾਲ ਜਾਰੀ ਹੈ।

# ਪਿੰਡ ਗੰਢੂਆਂ ਦਾ ਕਬੱਡੀ ਕੱਪ ਸ਼ਾਨੋ-ਸ਼ੌਕਤ ਨਾਲ ਸਮਾਪਤ

ਧਰਮਗੜ੍ਹ, 2 ਮਾਰਚ (ਗੁਰਪ੍ਰੀਤ ਸਿੰਘ ਲਿੱਟ): ਸ਼ਹੀਦ ਸੂਬੇਦਾਰ ਗੁਰਦਿਆਲ ਸਿੰਘ ਸਪੋਰਟਸ ਕਲੱਬ ਪਿੰਡ ਗੰਢੂਆਂ ਵੱਲੋਂ ਸ਼ਾਨਦਾਰ ਕਬੱਡੀ ਟੂਰਨਾਮੈਂਟ ਅਤੇ ਟਰਾਲੀ ਬੈਕ ਮੁਕਾਬਲੇ ਕਰਵਾਏ ਗਏ। ਇਸ ਟੂਰਨਾਮੈਂਟ ਉੱਪਰ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀਆਂ ਨੇ ਕਬੱਡੀ ਦੇ ਜੌਹਰ ਦਿਖਾਏ। ਪਹਿਲੇ ਦਿਨ ਕਬੱਡੀ ਟਰਾਲੀ ਬੈਕ ਮੁਕਾਬਲੇ ਅਤੇ ਕਬੱਡੀ 45 ਕਿੱਲੋ ਭਾਰ ਵਰਗ ਦੇ ਮੁਕਾਬਲੇ ਕਰਵਾਏ ਜਿਸ ਵਿੱਚ ਕਬੱਡੀ 45 ਕਿੱਲੋ ਭਾਰ ਵਰਗ ਵਿੱਚ ਰੰਘੜਿਆਲ ਦੀ ਟੀਮ ਨੇ ਪਹਿਲਾ ਸਥਾਨ ਅਤੇ ਖੜਿਆਲ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਕਬੱਡੀ 75 ਕਿੱਲੋ ਭਾਰ ਵਰਗ ਵਿੱਚ ਫਲੇੜਾ ਪਿੰਡ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਬਹਾਦਰਪੁਰ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਜਿਸ ਵਿੱਚ ਸ਼ੇਰੋ ਵਾਲਾ ਰਾਮ ਬੈਸਟ ਰੇਡਰ ਰਿਹਾ ਅਤੇ ਬੈਸਟ ਜਾਫੀ ਫਲੇੜੇ ਵਾਲਾ ਸੇਬੀ ਰਿਹਾ। ਕਬੱਡੀ ਇੱਕ ਪਿੰਡ ਓਪਨ ਵਿੱਚ ਜਲਵੇੜਾ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਧੂਹੜ ਦੇ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਕੁਲਵਿੰਦਰ ਜਲਵੇੜਾ ਬੈਸਟ ਰੇਡਰ ਤੇ ਬੈਸਟ ਜਾਫੀ ਅੰਮ੍ਰਿਤ ਫਤਿਹਗੜ੍ਹ ਛੰਨਾ ਰਿਹਾ। ਫਿਲਮੀ ਅਦਾਕਾਰ ਅਤੇ ਗਾਇਕ ਕਰਮਜੀਤ ਅਨਮੋਲ ਵਿਸ਼ੇਸ਼ ਤੌਰ ਤੇ ਆਪਣੇ ਪਿੰਡ ਦੇ ਕਬੱਡੀ ਕੱਪ ਉੱਪਰ ਪਹੁੰਚੇ ਅਤੇ ਉਹਨਾਂ ਨਾਲ ਹੋਰ ਵੀ ਪ੍ਰਸਿੱਧ ਸ਼ਖ਼ਸੀਅਤਾਂ ਪਹੁੰਚੀਆਂ। ਕਬੱਡੀ ਕਮੈਂਟੇਟਰ ਧਰਮਾਂ ਹਰਿਆਊ, ਵੱਲੋਂ ਨਿਭਾਈ ਗਈ। ਅੰਤਰਰਾਸ਼ਟਰੀ



ਕਰਮਜੀਤ ਅਨਮੋਲ ਵੱਲੋਂ ਆਪਣੇ ਪਿੰਡ ਦੇ ਜਰੂਰਤਬੰਦ ਵਿਅਕਤੀ ਦੀ ਇਕ ਲੱਖ ਰੁਪਏ ਦੀ ਨਗਦ ਰਾਸ਼ੀ ਨਾਲ ਸਹਾਇਤਾ ਕੀਤੀ ਗਈ।ਸਮੂਹ ਕਲੱਬ ਦੇ ਅਹੁਦੇਦਾਰਾਂ ਵੱਲੋਂ ਪਹੁੰਚੇ ਹੋਏ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ ਅਤੇ ਕਰਮਜੀਤ ਅਨਮੋਲ ਦਾ ਸੁੰਦਰ ਟਰਾਫੀ ਨਾਲ ਸਨਮਾਨ ਵੀ ਕੀਤਾ ਗਿਆ। ਸਟੇਜ ਸੈਕਟਰੀ ਦੀ ਕਾਰਵਾਈ ਗੁਰਤੇਜ ਕੋਟੜਾ ਸਤਪਾਲ ਮਾਹੀ ਖੜਿਆਲ, ਬੱਬੂ ਗਿਦੜਿਆਣੀ, ਬੱਬੂ ਲਦਾਲ, ਲਖਵਿੰਦਰ ਮਾਲੂ ਕਣਕਵਾਲ ਆਦਿ ਨੇ ਕਬੱਡੀ ਲਈ ਸੋਹਣੇ ਬੋਲ ਬੋਲੇ। ਇਸ ਮੌਕੇ ਪਵਿੱਤਰ ਸਿੰਘ ਸਾਬਕਾ ਸਰਪੰਚ ਜ਼ਿਲ੍ਹਾ ਪਰਿਸ਼ਦ ਮੈਂਬਰ, ਮਾਸਟਰ ਕਰਮਜੀਤ ਸਿੰਘ , ਸਰਬਜੀਤ ਸਿੰਘ ਖੁਰਮੀ, ਮਾਸਟਰ ਜਗਸੀਰ ਸਿੰਘ ਅਤੇ ਸਮੂਹ ਨਗਰ ਵਾਸੀ ਗੰਢੂਆਂ ਤੇ ਕਬੱਡੀ ਖਿਡਾਰੀ ਮੌਜੂਦ ਸਨ।

# ਖ਼ਾਲਸਾ ਕਾਲਜ ਵਿਖੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਪੁਸਤਕ ਰੀਵਿਊ

ਭਗਤਾ ਭਾਈ ਕਾ 2 ਮਾਰਚ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ ਪੰਜਾਬ ਤੇ ਆਨਰੇਰੀ ਸਕੱਤਰ ਕਾਲਜ) ਦੀ ਰਹਿਨੁਮਾਈ ਤੇ ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਦੀ ਸੁਯੋਗ ਅਗਵਾਈ ਹੇਠ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈਕਾ ਵਲੋਂ ਕਾਲਜ ਪ੍ਰਿੰਸੀਪਲ ਡਾ: ਸਤਿੰਦਰ ਕੌਰ ਮਾਨ ਦੀ ਅਗਵਾਈ ਹੇਠ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ ਲਾਇਬਰੇਰੀ ਵਿਚ ਪੁਸਤਕ ਰੀਵਿਊ ਸਮਾਗਮ ਹੋਇਆ। ਇਸ ਸਮਾਗਮ ਵਿਚ ਲਾਇਬਰੇਰੀਅਨ ਕਿਰਨਜੀਤ ਕੌਰ ਨੇ ਦੱਸਿਆ ਕਿ ਇਸ ਵਿਚ ਪ੍ਰੋਫੈਸਰਾਂ ਤੇ ਵਿਦਿਆਰਥੀਆਂ ਵਲੋਂ ਵੱਖ-ਵੱਖ ਵਿਸ਼ਿਆਂ ਨਾਲ ਸਬੰਧਤ ਪੁਸਤਕਾਂ ਦੀ ਚਰਚਾ ਤੇ ਸਮੀਖਿਆ ਪੇਸ਼ ਕੀਤੀ ਜਾਂਦੀ ਹੈ। ਇਸ ਰੀਵਿਊ ਵਿਚ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵਲੋਂ ਆਈ ਕਿਊ ਏ ਸੀ ਦੇ ਸਹਿਯੋਗ ਨਾਲ ਪੁਸਤਕ ਰੀਵਿਊ ਪੇਸ਼ ਕੀਤਾ ਗਿਆ। ਇਸ ਤੋਂ ਬਾਅਦ ਪ੍ਰੋ. ਰਮਨਦੀਪ ਕੌਰ ਵੱਲੋਂ 'ਦਿ ਸੀਕਰੇਟ' (ਲੇਖਕ ਰੌਂਡਾ ਬਾਇਰਨ) ਦੀ ਪੁਸਤਕ ਬਾਰੇ ਰਿਵਿਊ ਕੀਤਾ ਗਿਆ। ਜਿਸ ਬਾਰੇ ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਉਹ ਸਾਰੀਆਂ ਚੀਜ਼ਾਂ ਜੋ ਤੁਹਾਡੀ ਜ਼ਿੰਦਗੀ ਵਿੱਚ ਆ ਰਹੀਆਂ ਹਨ, ਤੁਸੀਂ ਉਹਨਾਂ ਨੂੰ



ਆਪਣੀ ਜ਼ਿੰਦਗੀ ਵਿੱਚ ਖ਼ੁਦ ਆਕਰਸ਼ਿਤ ਕਰਦੇ ਹੋ।ਜੋ ਤੁਹਾਡੇ ਦਿਮਾਗ ਵਿੱਚ ਆਪਣੇ ਵਿਚਾਰਾਂ ਨਾਲ ਬਣਾਉਂਦੇ ਹੋ।ਇਸ ਲਈ ਮਨਪਸੰਦ ਚੀਜਾਂ ਤੇ ਜੀਵਨ ਵਿਚ ਖੁਸ਼ੀ ਪ੍ਰਾਪਤ ਕਰਨ ਲਈ, ਤੁਹਾਨੂੰ ਆਪਣੇ ਦਿਮਾਗ ਵਿਚ ਸਹੀ ਵਿਚਾਰ ਲਿਆਉਣਾ ਪਵੇਗਾ। ਇਸ ਸਮੇਂ ਪ੍ਰੋ. ਰੀਮਾ ਰਾਣੀ ਵਲੋਂ 'ਦੇਵ ਦੈਂਤ ਤੇ ਰੂਹਾਂ' ਲੇਖਕ ਅਬ੍ਰਾਹਮ ਟੀ. ਕੋਵੂਰ(ਅਨੁਵਾਦ ਮੇਘ ਰਾਜ ਮਿੱਤਰ, ਸਰਜੀਤ ਤਲਵਾਰ ਅਤੇ ਹਰਦੀਪ ਟੱਲੇਵਾਲੀਆ) ਦੀ ਕਿਤਾਬ ਦਾ ਪੁਸਤਕ ਰਿਵਿਊ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਪੁਸਤਕ ਦਾ ਉਦੇਸ਼ ਲੋਕਾਂ ਨੂੰ ਅਖੌਤੀ ਚਮਤਕਾਰਾਂ ਦੇ ਪਿੱਛੇ ਛੁਪੀ ਧੋਖਾਧੜੀ ਬਾਰੇ ਜਾਗਰੂਕ ਕਰਨਾ ਤੇ ਵਿਗਿਆਨਕ ਸੋਚ ਨੂੰ ਪ੍ਰਫੁੱਲਿਤ ਕਰਨਾ ਹੈ। ਇਸ ਤੋਂ ਬਾਅਦ ਕਾਲਜ ਵਿਦਿਆਰਥਣ ਨਵਜੋਤ ਕੌਰ (ਬੀ.ਏ ਭਾਗ ਦੂਜਾ) ਵੱਲੋਂ 'ਬੰਦ ਘੜੀ ਵਰਗੀ ਜ਼ਿੰਦਗੀ' ਹਰਜੀਤ ਕੌਰ ਵਿਰਕ ਦੇ ਨਾਵਲ ਦਾ ਰਿਵਿਊ ਪੇਸ਼ ਕੀਤਾ ਗਿਆ। ਜਿਸ ਵਿੱਚ ਉਸਨੇ ਦੱਸਿਆ ਕਿ ਇਹ ਨਾਵਲ ਔਰਤ ਦੀ ਜ਼ਿੰਦਗੀ ਦੇ ਸੰਵੇਦਨਸ਼ੀਲ ਪਹਿਲੂਆਂ, ਸੰਘਰਸ਼ਾਂ ਤੇ ਸਮਾਜਿਕ ਬੰਧਨਾਂ ਵਿੱਚ ਰੁਕੀ ਹੋਈ ਜ਼ਿੰਦਗੀ ਨੂੰ ਦਰਸਾਉਂਦਾ ਹੈ। ਇਹ ਨਾਵਲ ਇੱਕ ਔਰਤ ਦੇ ਜਜ਼ਬਾਤਾਂ ਤੇ ਉਸਦੀ ਮਾਨਸਿਕ ਸਥਿਤੀ 'ਤੇ ਕੇਂਦਰਿਤ ਹੈ, ਜੋ ਬੰਦ ਘੜੀ ਵਾਂਗ ਠਹਿਰਾਅ ਮਹਿਸੂਸ ਕਰਦੀ ਹੈ। ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਇਸ ਕਾਰਜਕ੍ਰਮ ਨੂੰ ਸਲਾਹਿਆ ਤੇ ਕਿਹਾ ਕਿ ਇਸ ਤਰ੍ਹਾਂ ਦੇ ਪੁਸਤਕ ਰਿਵਿਊ ਵਿਦਿਆਰਥੀਆਂ ਨੂੰ ਗਿਆਨਵਾਨ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਪਾਠਕ ਬਣਾਉਣ ਵੱਲ ਪ੍ਰੇਰਿਤ ਕਰਦੇ ਹਨ। ਇਸ ਮੌਕੇ ਪ੍ਰੋ. ਜਸਬੀਰ ਕੌਰ,ਧਾਰਮਿਕ ਅਧਿਆਪਕ ਅਰਸ਼ਦੀਪ ਸਿੰਘ ਤੇ ਵਿਦਿਆਰਥੀ ਹਾਜ਼ਰ ਸਨ।

# ਗੁਰੂ ਨਾਨਕ ਕਾਲਜ ਵਿਖੇ 'ਸਿੰਗਲ ਵਿੰਡੋ' ਵਿਦਿਆਰਥੀ ਸੁਵਿਧਾ ਕੇਂਦਰ ਦੀ ਸ਼ੁਰੂਆਤ

ਬੁਢਲਾਡਾ, 2 ਮਾਰਚ (ਜੀਵਨ ਕੁਮਾਰ): ਉੱਤਰੀ ਭਾਰਤ ਦੀ ਨਾਮਵਰ ਵਿੱਦਿਅਕ ਅਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ, ਬੁਢਲਾਡਾ ਵੱਲੋਂ ਵਿਦਿਆਰਥੀ ਪੱਖੀ ਪਹਿਲਕਦਮੀ ਕਰਦਿਆਂ ਅੱਜ ਕਾਲਜ ਕੈਂਪਸ ਵਿੱਚ ਸਿੰਗਲ ਵਿੰਡੋ 'ਵਿਦਿਆਰਥੀ ਸੁਵਿਧਾ ਕੇਂਦਰ' ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਜਪੁਜੀ ਸਾਹਿਬ ਦਾ ਪਾਠ ਉਪਰੰਤ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਪਹੁੰਚੇ ਮਹਿਮਾਨ ਸਿਕੰਦਰ ਸਿੰਘ ਚੀਮਾ, ਡੀਐੱਸਪੀ ਬੁਢਲਾਡਾ ਨੂੰ ਜੀ ਆਇਆਂ ਕਿਹਾ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਕਿਹਾ ਕਿ ਅਕਸਰ ਵਿਦਿਆਰਥੀਆਂ ਨੂੰ ਆਪਣੇ ਪੁਰਾਣੇ ਅਕਾਦਮਿਕ ਰਿਕਾਰਡ, ਨਤੀਜਿਆਂ ਦੀਆਂ ਦਰੁਸਤੀਆਂ ਜਾਂ ਡਿਗਰੀਆਂ/ਡੀ.ਐਮ.ਸੀ. ਸਬੰਧੀ ਜਾਣਕਾਰੀ ਲੈਣ ਲਈ ਯੂਨੀਵਰਸਿਟੀ ਦੇ ਵੱਖ-ਵੱਖ ਦਫ਼ਤਰਾਂ ਤੋਂ ਖਿੜਕੀਆਂ ਦੇ ਚੱਕਰ ਲਗਾਉਣੇ ਪੈਂਦੇ ਸਨ। ਵਿਦਿਆਰਥੀਆਂ ਦੇ ਇਸ ਕੀਮਤੀ ਸਮੇਂ ਅਤੇ ਖੱਜਲ-ਖੁਆਰੀ ਨੂੰ ਬਚਾਉਣ ਲਈ ਕਾਲਜ ਵਿਖੇ 'ਸਿੰਗਲ ਵਿੰਡੋ' ਪ੍ਰਣਾਲੀ ਸ਼ੁਰੂ ਕੀਤੀ ਗਈ ਹੈ। ਹੁਣ ਕੋਈ ਵੀ ਮੌਜੂਦਾ ਜਾਂ ਪੁਰਾਣਾ ਵਿਦਿਆਰਥੀ ਆਪਣੀ ਕਿਸੇ ਵੀ ਪ੍ਰਬੰਧਕੀ ਮੁਸ਼ਕਿਲ ਲਈ ਸਿੱਧਾ ਇਸ ਕੇਂਦਰ ਵਿੱਚ ਪਹੁੰਚ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ "ਜੀ.ਐਨ.ਸੀ. ਬੁਢਲਾਡਾ" ਨਾਮ ਦੀ ਐਪਲੀਕੇਸ਼ਨ ਪਲੇਅ ਸਟੋਰ ਤੇ ਜਾਰੀ ਕੀਤੀ ਗਈ ਅਤੇ ਹੈਲਪਲਾਈਨ ਨੰਬਰ 76580-53146 ਵੀ ਜਾਰੀ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਕਾਲਜ ਵਿਚੋਂ ਪਾਸ ਆਊਟ ਵਿਦਿਆਰਥੀ ਆਪਣੇ ਪੁਰਾਣੇ ਡੀ.ਐਮ.ਸੀ., ਕਰੈਕਟਰ ਸਰਟੀਫਿਕੇਟ ਜਾਂ ਹੋਰ ਦਸਤਾਵੇਜ਼ਾਂ ਬਾਰੇ ਇੱਥੋਂ ਤੁਰੰਤ ਜਾਣਕਾਰੀ ਅਤੇ ਸਹਾਇਤਾ ਲੈ ਸਕਦੇ ਹਨ। ਜੇਕਰ ਕਿਸੇ ਵਿਦਿਆਰਥੀ ਦੇ ਨਤੀਜੇ ਵਿੱਚ ਕੋਈ ਦੇਰੀ ਹੈ, 'ਲੋਅਰ ਰਿਜ਼ਲਟ' ਜਾਂ 'ਰਿਜ਼ਲਟ ਲੇਟ' ਵਰਗੀਆਂ ਸਮੱਸਿਆਵਾਂ ਹਨ, ਤਾਂ ਵਿਦਿਆਰਥੀ ਸੁਵਿਧਾ ਕੇਂਦਰ ਦੇ ਕਰਮਚਾਰੀ ਯੂਨੀਵਰਸਿਟੀ ਪੱਧਰ 'ਤੇ ਤਾਲਮੇਲ ਕਰਕੇ ਇਸ ਦਾ ਹੱਲ ਕਰਵਾਉਣਗੇ। ਮਹਿਮਾਨ ਸਿਕੰਦਰ ਸਿੰਘ ਚੀਮਾ ਨੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਇਸ ਸਮੇਂ ਦੀ ਲੋੜ ਹੈ। ਗੁਰੂ ਨਾਨਕ ਕਾਲਜ ਹਮੇਸ਼ਾ ਹੀ ਵਿਦਿਆਰਥੀਆਂ ਸੁਵਿਧਾਵਾਂ ਲਈ ਵਚਨਬੱਧ ਹੈ। ਇਸ ਮੌਕੇ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਵਿਦਿਆਰਥੀਆਂ ਨੇ ਇਸ ਸੁਵਿਧਾ ਨੂੰ ਕਾਲਜ ਵੱਲੋਂ ਮਿਲਿਆ ਇੱਕ ਵੱਡਾ ਤੋਹਫ਼ਾ ਕਰਾਰ ਦਿੱਤਾ।

# ਉੱਘੇ ਲਿਖਾਰੀ ਡਾ. ਵਿਜੈ ਗਰਗ 'ਸੁਰਜੀਤ ਪਾਤਰ ਪੁਰਸਕਾਰ' ਨਾਲ ਸਨਮਾਨਤ



ਮਲੋਟ, 2 ਮਾਰਚ (ਅਮਨਦੀਪ ਸਿੰਘ ਮਹਿਰਾ): ਸਾਹਿਤਕ ਤੇ ਕਲਾਤਮਕ ਖੇਤਰ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ ਉੱਘੇ ਲਿਖਾਰੀ ਡਾ. ਵਿਜੈ ਗਰਗ ਨੂੰ ਲੁਧਿਆਣਾ ਵਿਖੇ ਆਯੋਜਿਤ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵੱਕਾਰੀ 'ਸੁਰਜੀਤ ਪਾਤਰ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸਮਾਰੋਹ 'ਇਡੀਅਟ ਕਲੱਬ ਪੰਜਾਬ' (ਜੱਸਪਾਲ ਭੱਟੀ ਅਵਾਰਡ) ਵੱਲੋਂ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ 'ਸੁਰਜੀਤ ਪਾਤਰ ਪੁਰਸਕਾਰ' ਵਿਸ਼ੇਸ਼ ਤੌਰ 'ਤੇ ਉਹਨਾਂ ਸ਼ਖ਼ਸੀਅਤਾਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਲੇਖਣੀ ਦੇ ਖੇਤਰ ਵਿੱਚ ਵਿਸ਼ੇਸ਼ ਪਛਾਣ ਬਣਾਈ ਹੋਵੇ। ਡਾ. ਵਿਜੈ ਗਰਗ ਨੂੰ ਇਹ ਮਾਣ ਉਨ੍ਹਾਂ ਦੀਆਂ ਸ਼ਾਨਦਾਰ ਸਾਹਿਤਕ ਰਚਨਾਵਾਂ ਅਤੇ ਲੰਬੇ ਸਮੇਂ ਦੀ ਸਾਹਿਤ ਸੇਵਾ ਲਈ ਪ੍ਰਦਾਨ ਕੀਤਾ ਗਿਆ। ਸਮਾਗਮ ਦੌਰਾਨ ਡਾ. ਗਰਗ ਸਮੇਤ ਵੱਖ-ਵੱਖ ਕਲਾਵਾਂ ਨਾਲ ਜੁੜੇ 10 ਪ੍ਰਮੁੱਖ ਕਲਾਕਾਰਾਂ ਨੂੰ ਵੀ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਅਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਉਪਰੰਤ ਡਾ. ਵਿਜੈ ਗਰਗ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮਹਾਨ ਸ਼ਾਇਰ ਸੁਰਜੀਤ ਪਾਤਰ ਜੀ ਦੇ ਨਾਮ 'ਤੇ ਅਵਾਰਡ ਮਿਲਣਾ ਉਨ੍ਹਾਂ ਲਈ ਬੇਹੱਦ ਮਾਣ ਤੇ ਪ੍ਰੇਰਣਾ ਦੀ ਗੱਲ ਹੈ। ਸਵਰਗੀ ਜਸਪਾਲ ਭੱਟੀ ਦੀ ਯਾਦ ਵਿੱਚ ਸਰਗਰਮ 'ਇਡੀਅਟ ਕਲੱਬ ਪੰਜਾਬ' ਹਰ ਸਾਲ ਵੱਖ-ਵੱਖ ਖੇਤਰਾਂ ਵਿੱਚ ਸਮਾਜ ਨੂੰ ਸੇਧ ਦੇਣ ਵਾਲੇ ਕਲਾਕਾਰਾਂ ਅਤੇ ਲਿਖਾਰੀਆਂ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਇਹ ਸਮਾਗਮ ਆਯੋਜਿਤ ਕਰਦਾ ਹੈ। ਇਸ ਵਾਰ ਵੀ ਇਹ ਸਮਾਗਮ ਕਲਾ ਪ੍ਰੇਮੀਆਂ ਲਈ ਖਾਸ ਖਿੱਚ ਦਾ ਕੇਂਦਰ ਬਣਿਆ ਰਿਹਾ।

# ਸੁਨਾਮ ਦੀ ਧਰਤੀ 'ਤੇ ਦੇਸ਼ ਪ੍ਰੇਮ ਦੀ ਝਲਕ 'ਪਦਮ ਸ਼੍ਰੀ' ਸਰਦਾਰਾ ਸਿੰਘ ਨਾਲ ਖ਼ਾਸ ਮੁਲਾਕਾਤ

ਸੁਨਾਮ ਊਧਮ ਸਿੰਘ ਵਾਲਾ 2 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) ਸੁਨਾਮ, ਜੋ ਸ਼ਹੀਦ-ਏ-ਆਜ਼ਮ ਊਧਮ ਸਿੰਘ ਦੀ ਪਵਿੱਤਰ ਧਰਤੀ ਵਜੋਂ ਜਾਣਿਆ ਜਾਂਦਾ ਹੈ, ਪਿਛਲੇ ਦਿਨੀਂ ਇੱਕ ਵਿਲੱਖਣ ਪਲ ਦਾ ਗਵਾਹ ਬਣਿਆ। ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਤੇ ਪਦਮ ਸ੍ਰੀ ਸਨਮਾਨਿਤ ਸਰਦਾਰਾ ਸਿੰਘ ਜਦੋਂ ਇੱਕ ਨਿੱਜੀ ਸਮਾਗਮ ਦੌਰਾਨ ਇੱਥੇ ਪਹੁੰਚੇ, ਤਾਂ ਮਾਹੌਲ ਵਿੱਚ ਦੇਸ਼ਭਗਤੀ ਤੇ ਗੌਰਵ ਦੀ ਖਾਸ ਲਹਿਰ ਮਹਿਸੂਸ ਕੀਤੀ ਗਈ। ਸਰਦਾਰਾ ਸਿੰਘ ਨੇ ਸਭ ਤੋਂ ਪਹਿਲਾਂ ਸ਼ਹੀਦ ਊਧਮ ਸਿੰਘ ਦੀ ਧਰਤੀ ਨੂੰ ਨਮਨ ਕੀਤਾ। ਉਨ੍ਹਾਂ ਦੇ ਚਿਹਰੇ 'ਤੇ ਦੇਸ਼ ਪ੍ਰੇਮ ਅਤੇ ਸ਼ਹੀਦਾਂ ਲਈ ਸਤਿਕਾਰ ਦੀ ਭਾਵਨਾ ਸਪਸ਼ਟ ਝਲਕ ਰਹੀ ਸੀ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਧਰਤੀ 'ਤੇ ਆ ਕੇ ਉਹ ਖੁਦ ਨੂੰ ਮਾਣਵਾਂ ਮਹਿਸੂਸ ਕਰਦੇ ਹਨ, ਕਿਉਂਕਿ ਇਹ ਮਿੱਟੀ ਕੁਰਬਾਨੀ, ਹਿੰਮਤ ਤੇ ਅਟੱਲ ਦੇਸ਼ਭਗਤੀ ਦੀ ਪ੍ਰਤੀਕ ਹੈ। 15 ਜੁਲਾਈ 1986 ਨੂੰ ਹਰਿਆਣਾ ਦੇ ਸਿਰਸਾ ਜ਼ਿਲ੍ਹੇ ਵਿੱਚ ਜਨਮੇ ਸਰਦਾਰਾ ਸਿੰਘ ਨੇ ਭਾਰਤੀ ਹਾਕੀ ਨੂੰ ਨਵੀਂ ਉਚਾਈਆਂ ਤੱਕ ਪਹੁੰਚਾਇਆ। ਉਹ ਤਿੰਨ ਓਲੰਪਿਕ ਖੇਡਾਂ '2008 ਬੀਜਿੰਗ, 2012 ਲੰਡਨ ਅਤੇ 2016 ਰਿਓ' ਵਿੱਚ ਭਾਰਤ



ਦੀ ਨੁਮਾਇੰਦਗੀ ਕਰ ਚੁੱਕੇ ਹਨ। 2014 ਏਸ਼ੀਆਈ ਖੇਡਾਂ ਵਿੱਚ ਸੋਨੇ ਦਾ ਤਗਮਾ ਜਿੱਤਣ ਵਾਲੀ ਟੀਮ ਦੇ ਕਪਤਾਨ ਵਜੋਂ ਉਨ੍ਹਾਂ ਨੇ ਇਤਿਹਾਸ ਰਚਿਆ। ਕਾਮਨਵੈਲਥ ਖੇਡਾਂ ਅਤੇ ਕਈ ਅੰਤਰਰਾਸ਼ਟਰੀ ਟੂਰਨਾਮੈਂਟਾਂ ਵਿੱਚ ਉਨ੍ਹਾਂ ਦੀ ਭੂਮਿਕਾ ਭਾਰਤ ਲਈ ਮਾਣਯੋਗ ਰਹੀ। 2015 ਵਿੱਚ ਉਨ੍ਹਾਂ ਨੂੰ ਪਦਮ ਸ੍ਰੀ ਤੇ ਅਰਜੁਨ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ, ਜੋ ਉਨ੍ਹਾਂ ਦੀ ਖੇਡ ਪ੍ਰਤੀ ਸਮਰਪਣ ਦੀ ਸਰਕਾਰੀ ਪਹਿਚਾਣ ਹੈ। ਸਰਦਾਰਾ ਸਿੰਘ ਦੀ ਖਾਸੀਅਤ ਸਿਰਫ਼ ਉਨ੍ਹਾਂ ਦੀ ਖੇਡ ਨਹੀਂ, ਸਗੋਂ ਉਨ੍ਹਾਂ ਦੀ ਸੋਚ ਤੇ ਸਾਦਗੀ ਵੀ ਹੈ। ਉਹ ਆਪਣੀ ਖੇਡ ਨੂੰ ਮਾਂ ਵਰਗਾ ਸਤਿਕਾਰ ਤੇ ਪਿਆਰ ਦਿੰਦੇ ਹਨ। ਮੈਦਾਨ ਵਿੱਚ ਉਨ੍ਹਾਂ ਦਾ ਜੋਸ਼, ਅਗਵਾਈ ਤੇ ਟੀਮ ਸਪਿਰਟ ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਹੈ। ਇਸ ਦੌਰੇ ਦੌਰਾਨ ਸਾਬਕਾ ਰੋਟਰੀ ਗਵਰਨਰ ਘਨਸ਼ਾਮ ਕਾਂਸਲ ਅਤੇ ਰੋਟਰੀ ਦੇ ਸਾਬਕਾ ਜ਼ਿਲ੍ਹਾ ਜਨਰਲ ਸਕੱਤਰ ਦਵਿੰਦਰ ਪਾਲ ਸਿੰਘ ਰਿੰਪੀ ਨੇ ਉਨ੍ਹਾਂ ਨਾਲ ਮੁਲਾਕਾਤ ਕਰਦੇ ਹੋਏ ਤਹਿ-ਦਿਲੋਂ ਸਵਾਗਤ ਕੀਤਾ। ਭਾਵੇਂ ਇਹ ਮੁਲਾਕਾਤ ਕੁਝ ਘੰਟਿਆਂ ਦੀ ਸੀ, ਪਰ ਗੱਲਬਾਤ ਦੇ ਉਹ ਪਲ ਯਾਦਗਾਰ ਬਣ ਗਏ। ਉਨ੍ਹਾਂ ਦੀ ਨਿਮਰਤਾ ਅਤੇ ਉੱਚੇ ਵਿਚਾਰਾਂ ਨੇ ਸਾਨੂੰ ਗਹਿਰਾਈ ਨਾਲ ਪ੍ਰਭਾਵਿਤ ਕੀਤਾ। ਸਰਦਾਰਾ ਸਿੰਘ ਵਰਗੇ ਖਿਡਾਰੀ ਸਿਰਫ਼ ਮੈਡਲ ਨਹੀਂ ਜਿੱਤਦੇ, ਸਗੋਂ ਉਹ ਦੇਸ਼ ਦੇ ਨੌਜਵਾਨਾਂ ਦੇ ਦਿਲਾਂ ਵਿੱਚ ਸੁਪਨੇ ਤੇ ਹੌਸਲੇ ਵੀ ਜਗਾਉਂਦੇ ਹਨ। ਸੁਨਾਮ ਦੀ ਇਸ ਯਾਦਗਾਰ ਮੁਲਾਕਾਤ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਜਦੋਂ ਖੇਡ ਅਤੇ ਦੇਸ਼ ਪ੍ਰੇਮ ਇਕੱਠੇ ਹੋ ਜਾਣ, ਤਾਂ ਉਹ ਪਲ ਇਤਿਹਾਸ ਬਣ ਜਾਂਦੇ ਹਨ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਰੈਲੀ 10 ਨੂੰ



ਸੰਗਰੂਰ, 2 ਮਾਰਚ (ਅਮਨਦੀਪ ਸਿੰਘ ਮਾਝਾ): ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਸੰਗਰੂਰ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸ ਵਿੱਚ ਵੱਖ ਵੱਖ ਪਿੰਡਾਂ ਤੋਂ ਕਿਸਾਨ ਆਗੂ ਸਾਮਲ ਹੋਏ। ਮੀਟਿੰਗ ਵਿੱਚ ਕਿਸਾਨੀ ਮੁੱਦਿਆਂ ਤੇ ਵਿਚਾਰਾਂ ਕਰਦਿਆਂ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਭਾਰਤ ਤੇ ਅਮਰੀਕਾ ਦਾ ਵਪਾਰਕ ਸਮਝੌਤੇ ਦੇ ਖਿਲਾਫ 10 ਮਾਰਚ ਨੂੰ ਬਰਨਲਾ ਦਾਣਾ ਮੰਡੀ ਵਿਖੇ ਐਸ ਕੇ ਐਮ ਵਲੋਂ ਰੱਖੀ ਮਹਾਂਰੈਲੀ ਵਿੱਚ ਸਾਰੀਆਂ ਜਥੇਬੰਦੀਆਂ ਸਮੇਤ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਧ ਤੋਂ ਵੱਧ ਸਮੂਲੀਅਤ ਕਰੇਗੀ। ਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਤੇ ਬੁੱਧੀਜੀਵੀ ਸਮੇਤ ਭਾਰਤ ਤੇ ਅਮਰੀਕਾ ਸਮਝੌਤਾ ਤੇ ਪਰਦੂਸ਼ਿਤ ਹੋ ਰਹੇ ਪਾਣੀਆਂ ਸੰਬੰਧੀ 17 ਮਾਰਚ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਕਾਨਫਰੰਸ ਕੀਤੀ ਜਾਵੇਗੀ। ਪੰਜਾਬ ਸਰਕਾਰ ਦੇ ਅਦੇਸਾਂ ਤੇ ਐਸ ਐਸ ਪੀ ਬਠਿੰਡਾ ਵਲੋਂ ਜਿਉਂਦ ਪਿੰਡ ਵਿਖੇ ਸ਼ਾਂਤਮਈ ਢੰਗ ਨਾਲ ਅੰਦੋਲਨ ਕਰ ਰਹੀ ਉਗਰਾਹਾ ਜਥੇਬੰਦੀ ਦੇ ਵਰਕਰਾਂ ਤੇ ਕੀਤੇ ਤਸੱਦਦ ਦੀ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਜੱਥੇਬੰਦੀ ਵਲੋਂ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਮੀਟਿੰਗ ਵਿੱਚ ਹੋਰਨਾ ਤੋਂ ਇਲਾਵਾ ਮਲਕੀਤ ਸਿੰਘ ਲੱਖਮੀਰਵਾਲਾ, ਰੋਹੀ ਸਿੰਘ ਮੰਗਵਾਲ, ਗੁਰਜੀਤ ਸਿੰਘ ਭੜੀ, ਬਲਵਿੰਦਰ ਸਿੰਘ ਜੱਖਲਾ, ਗੁਰਜੰਟ ਸਿੰਘ ਮੰਗਵਾਲ, ਗੁਰਮੇਲ ਸਿੰਘ ਗਿਦੜਿਆਣੀ, ਦਰਸਨ ਕੁਮਾਰ ਲਿੱਦੜਾ, ਕੁਲਵਿੰਦਰ ਸਿੰਘ ਮਾਝਾ, ਮਨਜਿੰਦਰ ਸਿੰਘ ਘਾਬਦਾਂ, ਪ੍ਰੀਤਮ ਸਿੰਘ ਬਾਦਸ਼ਾਹਪੁਰ, ਅਮਰਜੀਤ ਸਿੰਘ ਖਨਾਲ ਕਲਾਂ, ਬਲਵਿੰਦਰ ਸਿੰਘ ਘੋੜੇਨਵ, ਜਸਵਿੰਦਰ ਸਿੰਘ ਚੰਗਾਲ, ਪ੍ਰੀਤਇੰਦਰ ਸਿੰਘ ਗਰੇਵਾਲ, ਭਰਭੂਰ ਸਿੰਘ ਬਡਰੁੱਖਾਂ, ਯਾਦਵਿੰਦਰ ਸਿੰਘ ਘਰਾਚੋ, ਸੁਖਵਿੰਦਰ ਸਿੰਘ ਕਪਿਆਲ, ਕੁਲਤਾਰ ਸਿੰਘ ਘਰਾਚੋਂ, ਮੱਖਣ ਸਿੰਘ ਆਦਿ ਨੇ ਸੰਬੋਧਨ ਕੀਤਾ।

# ਲਾਇਨਜ਼ ਕਲੱਬ ਨੇ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ ਲਗਵਾਇਆ

ਬਾਜਾਖਾਨਾ, 2 ਮਾਰਚ (ਗੁਰਪ੍ਰੀਤ ਸਿੱਧੂ): ਕਸਬਾ ਬਾਜਾਖਾਨਾ ਵਿਖੇ ਲੋੜਵੰਦਾਂ ਦੀ ਸਹੂਲਤ ਲਈ ਲਾਇਨਜ਼ ਕਲੱਬ ਬਾਜਾਖਾਨਾ ਵੱਲੋਂ ਵਿਸ਼ਾਲ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾਕਟਰ ਅਕ੍ਰਿਤੀ ਸਿੰਗਲਾ ਆਈ ਸਪੈਸਲਿਸਟ ਦੀ ਅਗਵਾਈ ਹੇਠ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਲੋੜਵੰਦ ਇਲਾਕਾ ਨਿਵਾਸੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਦੱਸਿਆ ਕਿ ਚੈਕ ਅੱਪ ਕੀਤੇ ਗਏ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦਾ ਅਪ੍ਰੇਸ਼ਨ ਲਾਇਨਜ ਆਈ ਕੇਅਰ ਸੈਂਟਰ ਜੈਤੋਂ ਵਿਖੇ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਸੁਖਦੇਵ ਸਿੰਘ ਰਿਟਾਇਰਡ ਐਸ ਡੀ ਓ,ਲਾਇਨ ਜੀਵਨ ਗਰਗ ਪੀ ਆਰ ਓ, ਭਗਤ ਸਿੰਘ ਚਹਿਲ,ਡਾ ਲਖਵਿੰਦਰ ਸਿੰਘ ਸੇਖਾ ਵਾਲੇ, ਰਣਜੀਤ ਸਿੰਘ ਔਲਖ ਸਾਬਕਾ ਚੇਅਰਮੈਨ, ਗੁਰਮੇਲ ਸਿੰਘ ਜੇਈ ਕੈਂਪ ਚੇਅਰਮੈਨ, ਕ੍ਰਿਸ਼ਨ ਮਿੱਤਲ ਸਕੱਤਰ, ਰਾਜਿੰਦਰ ਸਿੰਘ ਐਸ ਡੀ ਓ, ਸੰਦੀਪ ਗੋਦਾਰਾ, ਡਾ ਮੁਹੰਮਦ ਰੂਪ, ਖਜਾਨਚੀ ਡਾ ਸੱਤਪਾਲ ਰੋਮਾਣਾ, ਸੁਰਿੰਦਰਪਾਲ ਸਿੰਘ ਜੇਈ, ਪਰਗਟ ਸਿੰਘ ਬਰਾੜ, ਡਾ ਜਗਰੂਪ ਸਿੰਘ ਰੋਮਾਣਾ, ਤਰਸੇਮ ਧਨੋਆ ਆਦਿ ਲਾਇਨਜ਼ ਕਲੱਬ ਦੇ ਮੈਂਬਰ ਹਾਜ਼ਰ ਰਹੇ।

# ਸੂਬਾ ਸਰਕਾਰ ਹਰ ਫਰੰਟ 'ਤੇ ਰਹੀ ਫ਼ੇਲ੍ਹ : ਵਿਰਕ

ਮੂਨਕ, 2 ਮਾਰਚ (ਸਮਸੇਰ ਸਿੰਘ ਭੁਟਾਲ): ਸੂਬੇ ਅੰਦਰ ਦਿਨੋਂ ਦਿਨ ਵਿਗੜ ਰਹੇ ਹਾਲਾਤ ਤੇ ਆਏ ਦਿਨ ਵਾਪਰ ਰਹੀਆਂ ਕਤਲੋਗਾਰਤ ਦੀਆਂ ਘਟਨਾਵਾਂ ਕਾਰਨ ਪੰਜਾਬ ਦੇ ਲੋਕ ਬੁਰੀ ਤਰਾਂ ਸਹਿਮੇ ਹੋਏ ਹਨ ਤੇ ਭਗਵੰਤ ਮਾਨ ਸਰਕਾਰ ਹਰ ਫਰੰਟ ਤੇ ਫੇਲ੍ਹ ਨਜ਼ਰ ਆ ਰਹੀ ਹੈ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਵਿਰਕ ਨੇ ਮੂਣਕ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਅਸਫਲ ਰਹੇ ਹਨ ਭਾਵੇਂ ਉਹ ਨਸ਼ੇ ਦਾ ਮਾਮਲਾ ਹੋਵੇ, ਚਾਹੇ ਨੌਜਵਾਨਾਂ ਨੂੰ ਨੌਕਰੀ ਦੇਣ ਦਾ ਮਾਮਲਾ ਹੋਵੇ ਤੇ ਚਾਹੇ ਪੰਜਾਬ ਵਿੱਚ ਫੈਲ ਰਹੇ ਗੈਂਗਸਟਰਵਾਦ ਤੇ ਕਾਬੂ ਪਾਉਣ ਦਾ ਮਾਮਲਾ ਹੋਵੇ ਸੂਬਾ ਸਰਕਾਰ ਪੂਰੀ ਤਰ੍ਹਾਂ ਫੇਲ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਢਾਹ ਲਾਉਣ ਦੀ ਨੀਅਤ ਨਾਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਬਿਕਰਮ ਸਿੰਘ ਮਜੀਠੀਆ ਤੇ ਝੂਠੇ ਮਾਮਲੇ ਦਰਜ ਕਰਕੇ ਜੇਲ੍ਹ ਵਿੱਚ ਬੰਦ ਕੀਤਾ ਪਰ ਮਾਣਯੋਗ ਸੁਪਰੀਮ ਕੋਰਟ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਜ਼ਮਾਨਤ ਦੇ ਕੇ ਸੂਬਾ ਸਰਕਾਰ ਦੇ ਧੱਕੇਸ਼ਾਹੀ ਦੀ ਪੋਲ ਖੋਲ ਦਿੱਤੀ ਹੈ।

# 15 ਤੱਕ ਆਂਗਨਵਾੜੀ ਕੇਂਦਰਾਂ 'ਚ ਮਨਾਇਆ ਜਾ ਰਿਹੈ "ਸਵੱਛਤਾ ਪਖਵਾੜਾ"

ਖਨੌਰੀ, 2 ਮਾਰਚ (ਓਮਪ੍ਰਕਾਸ਼ ਮੁਆਲ): ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਹੁਕਮਾਂ ਅਨੁਸਾਰ 1 ਤੋਂ 15 ਮਾਰਚ 2026 ਤੱਕ ਸੂਬੇ ਦੇ ਆਂਗਣਵਾੜੀ ਕੇਂਦਰਾਂ ਵਿੱਚ 'ਸਵੱਛਤਾ ਪਖਵਾੜਾ' ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਸੰਗਰੂਰ ਵਿੱਚ ਵੀ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਦੀ ਯੋਗ ਅਗਵਾਈ 'ਚ ਵਿਸਥਾਰਪੂਰਵਕ ਗਤੀਵਿਧੀਆਂ ਕੀਤੀਆਂ ਜਾਣਗੀਆਂ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਸੰਗਰੂਰ ਪ੍ਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਇਸ ਪਖਵਾੜੇ ਦੌਰਾਨ ਆਂਗਣਵਾੜੀ ਕੇਂਦਰਾਂ ਵਿੱਚ ਸਫਾਈ ਅਤੇ ਸਿਹਤ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਪਹਿਲੇ ਹਫ਼ਤੇ ਦੌਰਾਨ ਕੇਂਦਰਾਂ ਦੀਆਂ ਫਰਸ਼ਾਂ, ਕੰਧਾਂ, ਖਿੜਕੀਆਂ ਤੇ ਸਟੋਰੇਜ ਸ਼ੈਲਫ਼ਾਂ ਦੀ ਸਫਾਈ, ਬੇਕਾਰ ਸਮੱਗਰੀ ਦੀ ਹਟਾਉਣ, ਜਿੱਥੇ ਸੰਭਵ ਹੋਵੇ ਉਥੇ ਚੂਨਾ/ਰੰਗ-ਰੋਗਨ, ਕੂੜੇ ਦੀ ਛਾਂਟੀ ਤੇ ਪਲਾਸਟਿਕ-ਮੁਕਤ ਆਂਗਣਵਾੜੀ ਬਣਾਉਣ ਲਈ ਉਪਰਾਲੇ ਕੀਤੇ ਜਾਣਗੇ। ਇਸ ਤੋਂ ਇਲਾਵਾ ਪਾਣੀ ਵਾਲੇ ਭਾਂਡਿਆਂ ਅਤੇ ਸੁਰੱਖਿਅਤ ਖੁਰਾਕ ਸੰਭਾਲ ਸਬੰਧੀ ਡੈਮੋਨਸਟਰੇਸ਼ਨ ਵੀ ਕਰਵਾਈ ਜਾਵੇਗੀ। ਦੂਜੇ ਹਫ਼ਤੇ ਦੌਰਾਨ ਬੱਚਿਆਂ ਅਤੇ ਮਾਵਾਂ ਵਿੱਚ ਸਿਹਤ ਅਤੇ ਸਫਾਈ ਪ੍ਰਤੀ ਜਾਗਰੂਕਤਾ ਵਧਾਉਣ ਲਈ ਵਿਸ਼ੇਸ਼ ਸੈਸ਼ਨ ਆਯੋਜਿਤ ਕੀਤੇ ਜਾਣਗੇ। ਮਹਿਲਾ ਦਿਵਸ ਦੇ ਮੌਕੇ 'ਤੇ ਘਰੇਲੂ ਸਫਾਈ ਸਬੰਧੀ ਵਿਸ਼ੇਸ਼ ਬੈਠਕਾਂ, ਟਾਇਲਟ ਅਤੇ ਹੋਰ ਪਾਣੀ ਵਾਲੇ ਖੇਤਰਾਂ ਦੀ ਸਫਾਈ, ਪਾਣੀ ਦੀ ਉਪਲਬਧਤਾ ਯਕੀਨੀ ਬਣਾਉਣਾ, ਬੱਚਿਆਂ ਨੂੰ ਸਹੀ ਤਰੀਕੇ ਨਾਲ ਹੱਥ ਧੋਣ ਦੀ ਪ੍ਰਕਿਰਿਆ ਸਿਖਾਉਣਾ, ਸਫਾਈ ਵਿਸ਼ੇ 'ਤੇ ਡਰਾਇੰਗ/ਕਲਰਿੰਗ ਮੁਕਾਬਲੇ ਅਤੇ ਰਾਈਮਜ਼ ਤੇ ਕਹਾਣੀਆਂ ਰਾਹੀਂ ਜਾਗਰੂਕਤਾ ਫੈਲਾਈ ਜਾਵੇਗੀ।

ਜ਼ਿਲ੍ਹਾ ਪ੍ਰੋਗਰਾਮ ਅਫਸਰ ਪ੍ਰਦੀਪ ਸਿੰਘ ਗਿੱਲ ਨੇ ਕਿਹਾ ਕਿ ਸਾਰੇ ਬਲਾਕਾਂ ਦੇ ਸੀ.ਡੀ.ਪੀ.ਓਜ਼ ਅਤੇ ਆਂਗਣਵਾੜੀ ਵਰਕਰ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਯੋਗਦਾਨ ਪਾਉਣ ਅਤੇ ਰੋਜ਼ਾਨਾ ਗਤੀਵਿਧੀਆਂ ਦੀਆਂ ਤਸਵੀਰਾਂ ਅਤੇ ਰਿਪੋਰਟ ਭੇਜਣ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਸਵੱਛਤਾ ਤੇ ਸਿਹਤਮੰਦ ਆਦਤਾਂ ਬੱਚਿਆਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਜ਼ਰੂਰੀ ਹਨ ਤੇ ਇਸ ਪਖਵਾੜੇ ਦਾ ਮੁੱਖ ਉਦੇਸ਼ ਬੱਚਿਆਂ ਅਤੇ ਮਾਵਾਂ ਵਿੱਚ ਸਫਾਈ ਪ੍ਰਤੀ ਚੇਤਨਾ ਪੈਦਾ ਕਰਨਾ ਹੈ।

# ਡਾ. ਦੇਵ ਰਾਜ ਡੀ.ਏ.ਵੀ.ਪਬਲਿਕ ਸਕੂਲ ਵੱਲੋਂ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਦਾ ਸਨਮਾਨ

ਲਹਿਰਾਗਾਗਾ, 2 ਮਾਰਚ (ਰਾਮੇਸ਼ਵਰ ਸ਼ਰਮਾ/ਖੁਸ਼ਵਿੰਦਰ ਸ਼ਰਮਾ/ਗੁਰਦੀਪ ਸਿੰਘ): ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ



ਲਹਿਰਾਗਾਗਾ ਵੱਲੋਂ ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਦਾ ਸਨਮਾਨਤ ਕਰਨ ਸਬੰਧੀ ਇੱਕ ਸਨਮਾਣ ਸਮਾਰੋਹ ਜਿਸਦੇ ਮੁੱਖ ਮਹਿਮਾਨ ਨਗਰ ਕੌਂਸਲ ਲਹਿਰਾਗਾਗਾ ਦੇ ਪ੍ਰਧਾਨ ਕਾਂਤਾ ਗੋਇਲ ਸਨ। ਇਸ ਸਮੇਂ ਕਾਂਤਾ ਗੋਇਲ ਨੇ ਕਿਹਾ ਕਿ ਮੈਨੂੰ ਇਸ ਗੱਲ ਦੀ ਬੜੀ ਖੁਸ਼ੀ ਹੈ ਕਿ ਡੀ.ਏ.ਵੀ. ਸਕੂਲ ਨੇ ਮੈਨੂੰ ਆਪਣੇ ਇਸ ਪ੍ਰੋਗਰਾਮ ਦੀ ਹਿੱਸਾ ਬਣਾਇਆ ਹੈ ਤੇ ਮੈਂ ਇਸ ਸਕੂਲ 'ਤੇ ਬੜਾ ਮਾਣ ਮਹਿਸੂਸ ਕਰਦੀ ਹਾਂ ਕਿ ਇੱਥੋਂ ਪੜ੍ਹ ਰਹੇ ਵਿਦਿਆਰਥੀ ਵੱਖ-ਵੱਖ ਖੇਤਰਾਂ ਜਿਵੇਂ ਪੜ੍ਹਾਈ, ਖੇਡਾਂ, ਸੱਭਿਆਚਾਰਕ ਤੇ ਵਿਗਿਆਨ ਦੇ ਖੇਤਰ ਵਿੱਚ ਪੰਜਾਬ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਮੋਹਰੀ ਸਥਾਨ ਪ੍ਰਾਪਤ ਕਰਕੇ ਸ਼ਹਿਰ ਤੇ ਸਕੂਲ ਦਾ ਨਾਮ ਉੱਚਾ ਕਰ ਰਹੇ ਹਨ। ਸਕੂਲ ਪ੍ਰਬੰਧਕ ਕਮੇਟੀ ਨੇ ਸਕੂਲ ਦੀ ਸ਼ੁਰੂਆਤੀ ਸਮੇਂ ਦੀ ਪਹਿਲੀ ਵਿਦਿਆਰਥਣ ਪ੍ਰੀਤੀ ਕੌਸ਼ਲ ਦਾ ਸਨਮਾਣ ਕਰਨ ਦੇ ਨਾਲ-ਨਾਲ ਸਕੂਲ ਵਿੱਚੋਂ ਸਿੱਖਿਆ ਗ੍ਰਹਿਣ ਕਰਕੇ ਜਾ ਚੁੱਕੇ ਡਾ. ਟਿਪਸੀ ਤੇ ਹਰਮਨਦੀਪ ਸ਼ਰਮਾ ਸਪੁੱਤਰ ਤੇਜਿੰਦਰ ਸ਼ਰਮਾਂ ਦਾ ਜੇ.ਈ.ਈ. ਮੇਨ ਵਿੱਚੋਂ 98.75% ਅੰਕ ਪ੍ਰਾਪਤ ਕਰਨ ਬਦਲੇ ਸਨਮਾਣ ਕਰਨ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਰਹਿਮਤ ਸਿੰਘ ਸਪੁੱਤਰ ਮਨਪ੍ਰੀਤ ਸਿੰਘ ਨੇ ਡਿਸਕਸ ਥ੍ਰੋ ਦੇ ਪੰਜਾਬ ਪੱਧਰ ਦੇ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਬਦਲੇ, ਰਾਹੁਲ ਕੁਮਾਰ ਸਪੁੱਤਰ ਵਿਜੈ ਕੁਮਾਰ ਵੱਲੋਂ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲੇ ਵਿੱਚੋਂ ਮੋਹਰੀ ਸਥਾਨ ਪ੍ਰਾਪਤ ਕਰਨ ਕਰਕੇ, ਪੁਨੀਤ ਕੌਰ ਸਪੁੱਤਰੀ ਮਲਕੀਤ ਸਿੰਘ, ਮਨਜੋਤ ਕੌਰ ਸਪੁੱਤਰੀ ਬੂਟਾ ਸਿੰਘ, ਅਭੀ ਗੋਇਲ ਸਪੁੱਤਰ ਮੁਕੇਸ਼ ਗੋਇਲ, ਅੰਸ਼ ਕੁਮਾਰ ਸਪੁੱਤਰ ਵਿਜੈ ਕੁਮਾਰ ਵੱਲੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚੋਂ ਅਗਲੇਰੀਆਂ ਪੁਜ਼ੀਸ਼ਨਾਂ ਹਾਸਲ ਕਰਨ ਤੇ ਸੁਖਪ੍ਰੀਤ ਕੌਰ ਸਪੁੱਤਰੀ ਕਰਮਜੀਤ ਸਿੰਘ ਵੱਲੋਂ ਡੀ.ਟੀ.ਐੱਫ਼ ਪ੍ਰੀਖਿਆ ਵਿੱਚੋਂ ਮੋਹਰੀ ਸਥਾਨ ਪ੍ਰਾਪਤ ਕਰਨ ਬਦਲੇ ਸਨਮਾਣ ਕੀਤਾ ਗਿਆ। ਇਸ ਮੌਕੇ ਨੰਬਰਦਾਰ ਅਵਤਾਰ ਸਿੰਘ, ਮਨਪ੍ਰੀਤ ਸਿੰਘ (ਮੋਨੂੰ ਕੋਚ), ਹੈਡ ਮਾ. ਕਰਨੈਲ ਸਿੰਘ ਖੰਡੇਬਾਦ, ਭੁਪਿੰਦਰ ਪਾਲ ਸ਼ਰਮਾ ਐਕਸੀਅਨ (ਸੇਵਾ ਮੁਕਤ), ਭੁਪਿੰਦਰ ਸਿੰਘ ਸੁਨਾਮ ਤੋਂ ਇਲਾਵਾ ਵੱਖ-ਵੱਖ ਅਖਬਾਰਾਂ ਦੇ ਪੱਤਰਕਾਰ ਸ਼ੰਭੂ ਰਾਮ ਗੋਇਲ, ਵਰਿੰਦਰ ਕੁਮਾਰ ਸਿੰਗਲਾ, ਸੁਰੇਸ਼ ਕੁਮਾਰ ਜਵਾਹਰਵਾਲਾ, ਰਾਜ ਸਿੰਗਲਾ, ਸ਼ਿੰਦਾ ਖਾਨ, ਦੀਪੂ ਗਰਗ ਸਮੇਤ ਹੋਰਨਾਂ ਸਖਸ਼ੀਅਤਾਂ ਦਾ ਸਨਮਾਣ ਵੀ ਕੀਤਾ ਗਿਆ। ਇਸ ਸਮੇਂ ਅਸ਼ੋਕ ਸ਼ਰਮਾ ਜੇ.ਈ. (ਸੇਵਾ ਮੁਕਤ), ਜਗਜੀਤ ਸਿੰਘ ਭੁਟਾਲ, ਜ਼ਿਲ੍ਹਾ ਪ੍ਰਧਾਨ ਜਮੂਹਰੀ ਅਧਿਕਾਰ ਸਭਾ, ਐਡਵੋਕੇਟ ਪ੍ਰੇਮਪਾਲ ਅਲੀਸ਼ੇਰ, ਲਛਮਣ ਸਿੰਘ ਅਲੀਸ਼ੇਰ, ਮਹਿੰਦਰ ਸਿੰਘ ਸ਼ੋਸ਼ਲ ਵਰਕਰ, ਰਾਜੀਵ ਸ਼ਰਮਾ ਸਟੇਸ਼ਨ ਮਾਸਟਰ, ਗੁਰਪਿਆਰ ਸਿੰਘ ਕਾਲਵੰਜਾਰਾ ਆਦਿ ਅਹਿਮ ਸਖਸ਼ੀਅਤਾਂ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਪਰਲਜ਼ ਦੇ ਵੱਡੇ ਕਲੇਮ ਆਉਣ ਨਾਲ ਖਾਤੇਦਾਰਾਂ ਵਿੱਚ ਖੁਸ਼ੀ ਦਾ ਮਾਹੌਲ

ਬਾਜਾਖਾਨਾ, 2 ਮਾਰਚ (ਅਵਤਾਰ ਸਿੰਘ ਮੱਲਾ): ਨਿਵੇਸ਼ਕਾਂ ਦੇ ਜਮ੍ਹਾਂ ਪੈਸੇ ਜੋ ਸਾਲਾਂ ਤੋ ਪਰਲਜ਼ ਕੰਪਨੀ ਵਿੱਚ ਫਸੇ ਸਨ ਹੋਲੀ ਹੋਲੀ ਵਾਪਿਸ ਆਉਣੇ ਸ਼ੁਰੂ ਹੋ ਚੁੱਕੇ ਹਨ, ਮਾਣਯੋਗ ਸੁਪਰੀਮ ਕੋਰਟ ਵਲੋ ਨਿਯੁਕਤ ਕੀਤੇ ਸਾਬਕਾ ਚੀਫ ਜਸਟਿਸ ਆਰ ਐਮ ਲੋਡਾ ਦੀ ਕਮੇਟੀ ਵਲੋ ਹਾਲ ਹੀ ਵਿੱਚ ਕੁਝ ਚੁਣਵੀਆਂ 50000



ਤੋ 100000 ਤੱਕ ਦੀਆ ਪੇਮੈਂਟਾਂ ਦੀ ਵਾਪਿਸੀ ਸ਼ੁਰੂ ਕਰ ਦਿੱਤੀ ਹੈ। ਪਰ ਇਹ ਉਹ ਪਾਲਸੀਆ ਦੀ ਪੇਮੈਂਟ ਹੀ ਵਾਪਿਸ ਆ ਰਹੀ ਹੈ ਜੋ ਸਿਰਫ 2022 ਵਿੱਚ ਆਣਲਾਈਨ ਹੋਈਆ ਸਨ! ਉਪਰੋਕਤ ਜਾਣਕਾਰੀ ਪੀੜਤਾਂ ਲਈ ਸੰਘਰਸ਼ ਲੜ ਰਹੀ ਜਥੇਬੰਦੀ "ਇਨਸਾਫ ਦੀ ਲਹਿਰ ਖਾਤੇਦਾਰ ਵੈੱਲਫੇਅਰ ਸੁਸਾਇਟੀ ਪੰਜਾਬ ਦੇ ਚੇਅਰਮੈਨ ਗੁਰਬੇਜ ਸਿੰਘ ਸੰਧੂ ਵਲੋ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਦਿੱਤੀ ।ਚੇਅਰਮੈਨ ਸੰਧੂ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਸਾਲਾਂ ਬੱਧੀ ਕੀਤੇ ਸੰਘਰਸ਼ ਨੂੰ ਬੂਰ ਤਾ ਜਰੂਰ ਪਿਆ ਹੈ ਪਰ ਅਫ਼ਸੋਸ ਇਸ ਗੱਲ ਦਾ ਹੈ ਕਿ 2015 ਤੋ ਲੈ ਕੇ 2022 ਤੱਕ ਜੋ ਪਾਲਸੀਆ ਦਫਤਰਾਂ ਵਿੱਚ ਜਮਾ ਕਰਵਾਈਆ ਗਈਆ ਸਨ, ਉਸ ਬਾਰੇ ਸੇਬੀ ਦਫ਼ਤਰ ਕੋਈ ਕਾਰਵਾਈ ਨਹੀ ਕਰ ਰਿਹਾ ਜਦੋ ਕਿ ਪਿੰਡਾਂ ਦੇ ਖਾਤੇਦਾਰਾ ਨੂੰ ਆਨਲਾਇੰਨ ਬਾਰੇ ਬਹੁਤੀ ਜਾਣਕਾਰੀ ਨਹੀਂ ਸੀ ਤੇ ਹੁਣ ਅਨਲਾਈਨ ਕਰਨ ਲਈ ਜੋ ਸਾਈਟ ਸੇਬੀ ਨੇ ਦਿੱਤੀ ਹੈ ਉਹ ਪਿਛਲੇ ਤਿੰਨ ਸਾਲ ਤੋ ਬੰਦ ਪਈ ਹੈ।

ਚੇਅਰਮੈਨ ਸੰਧੂ ਨੇ ਦੱਸਿਆ ਕਿ ਉਹਨਾਂ ਸੇਬੀ ਦਫ਼ਤਰ ਨੂੰ ਪੱਤਰ ਲਿਖ ਕੇ ਅਨਲਾਈਨ ਹੋਇਆਂ ਪਾਲਸੀਆਂ ਦੀਆਂ ਤਰੁੱਟੀਆਂ ਸਹੀ ਕਰਨ ਤੇ ਜੋ ਪਾਲਸੀਆ ਅਨਲਾਈਨ ਨਹੀ ਹੋਈਆ ਉਹਨਾ ਨੂੰ ਅਨਲਾਈਨ ਕਰਨ ਲਈ ਸੇਬੀ ਦੀ ਸਾਈਟ ਖੋਲ੍ਹਣ ਲਈ ਬੇਨਤੀ ਕੀਤੀ।

# ਸੰਘੇੜਾ ਕਾਲਜ ਦੀ 54ਵੀਂ ਸਾਲਾਨਾ ਐਥਲੈਟਿਕਸ ਮੀਟ ਨੇ ਛੱਡੀਆਂ ਅਮਿੱਟ ਯਾਦਾਂ



ਬਰਨਾਲਾ, 2 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ 54ਵੀਂ ਦੋ ਰੋਜ਼ਾ ਸਲਾਨਾ ਅਥਲੈਟਿਕਸ ਮੀਟ ਸੰਸਥਾ ਪ੍ਰਧਾਨ ਭੋਲਾ ਸਿੰਘ ਵਿਰਕ ਦੀ ਰਹਿਨੁਮਾਈ ਹੇਠ ਅਤੇ ਪ੍ਰਿੰਸੀਪਲ ਡਾ ਸਰਬਜੀਤ ਸਿੰਘ ਕੁਲਾਰ ਦੀ ਯੋਗ ਅਗਵਾਈ ਹੇਠ ਫਿਜੀਕਲ ਵਿਭਾਗ ਮੁਖੀ ਪ੍ਰੋ ਕੁਲਵੀਰ ਸਿੰਘ ਦੀ ਦੇਖ ਰੇਖ ਵਿੱਚ ਕਰਵਾਈ ਗਈ, ਜਿਸ ਦੇ ਪਹਿਲੇ ਦਿਨ ਉਦਘਾਟਨੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸੰਸਥਾ ਪ੍ਰਿੰਸੀਪਲ ਡਾ ਸਰਬਜੀਤ ਸਿੰਘ ਕੁਲਾਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਖੇਡਾਂ ਦਾ ਉਦਘਾਟਨ ਕੀਤਾ। ਆਏ ਮਹਿਮਾਨਾਂ ਨੂੰ ਜੀ ਆਇਆਂ ਪ੍ਰੋ ਮਿੱਠੂ ਪਾਠਕ ਨੇ ਕਿਹਾ ਅਤੇ ਧੰਨਵਾਦ ਡਾਕਟਰ ਗੁਰਪ੍ਰੀਤ ਕੌਰ ਰਾਣੂੰ ਨੇ ਕੀਤਾ। ਇਹਨਾਂ ਖੇਡਾਂ ਲਈ ਵਿਦਿਆਰਥੀਆਂ ਨੂੰ ਵੱਖ ਵੱਖ ਗਰੁੱਪਾਂ ਵਿੱਚ ਵੰਡ ਕੇ ਜਿਵੇਂ ਕਿ ਸਾਹਿਬਜ਼ਾਦਾ ਅਜੀਤ ਸਿੰਘ, ਸਾਹਿਬਜ਼ਾਦਾ ਜੁਝਾਰ ਸਿੰਘ, ਸਾਹਿਬਜ਼ਾਦਾ ਜੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਗਰੁੱਪਾਂ ਵਿੱਚ ਵੰਡ ਕੇ ਐਨ ਸੀ ਸੀ ਆਰਮੀ ਕੈਡਿਟਸ ਅਤੇ ਨੇਵੀ ਕੈਡਿਟਸ ਦੀਆਂ ਟੁਕੜੀਆ ਸਮੇਤ ਮਾਰਚ ਪਾਸਟ ਕਰਵਾਇਆ ਗਿਆ ਅਤੇ ਮੁੱਖ ਮਹਿਮਾਨ ਦੁਆਰਾ ਸਲਾਮੀ ਲਈ ਗਈ ਅਤੇ ਝੰਡਾ ਲਹਿਰਾਉਣ, ਅਤੇ ਗੁਬਾਰੇ ਤੇ ਕਬੂਤਰ ਉਡਾਉਣ ਦੀ ਰਸਮ ਅਦਾ ਕਰਕੇ ਖੇਡਾਂ ਦਾ ਅਗਾਜ ਕਰਨ ਦੀ ਇਜਾਜਤ ਦਿੱਤੀ ਗਈ ਵਿਦਿਆਰਥੀਆਂ ਵੱਲੋਂ ਖੇਡਾਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਸਹੁੰ ਚੁੱਕ ਅਤੇ ਮਸਾਲ ਦੀ ਰਸਮ ਅਦਾ ਕੀਤੀ ਗਈ। ਅਥਲੈਟਿਕਸ ਮੀਟ ਦੇ ਦੋਵੇਂ ਦਿਨ ਵੱਖ ਵੱਖ ਈਵੈਂਟ ਕਰਵਾਏ ਗਏ। ਖੇਡਾਂ ਦੇ ਦੂਜੇ ਦਿਨ ਮੁੱਖ ਮਹਿਮਾਨ ਵਜੋਂ ਸੰਸਥਾ ਦੇ ਵਾਈਸ ਪ੍ਰਧਾਨ ਭੋਲਾ ਸਿੰਘ ਗਿੱਲ ਅਤੇ ਕਮੇਟੀ ਮੈਂਬਰ ਬਲਦੇਵ ਸਿੰਘ, ਗੁਰਪ੍ਰੀਤ ਸਿੰਘ ਨੇ ਸਿਰਕਤ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ । ਆਏ ਮਹਿਮਾਨਾਂ ਨੂੰ ਆਇਆਂ ਵਾਇਸ ਪ੍ਰਿੰਸੀਪਲ ਮੈਡਮ ਮਨਦੀਪ ਕੌਰ ਨੇ ਕਿਹਾ ਅਤੇ ਧੰਨਵਾਦ ਸਕੂਲ ਪ੍ਰਿੰਸੀਪਲ ਡਾ ਰਵਿੰਦਰ ਕੌਰ ਜਵੰਧਾ ਕੀਤਾ। ਇਸ ਤੋਂ ਇਲਾਵਾ ਅਧਿਆਪਕ ਸਹਿਬਾਨਾਂ ਦੇ ਵੀ ਰੱਸਾਕਸੀ ਦੇ ਮੁਕਾਬਲੇ ਅਤੇ ਸਪੂਨ ਲੈਮਨ ਰੇਸ ਕਰਵਾਈ ਗਈ, ਜਿਨ੍ਹਾਂ ਵਿੱਚੋਂ ਸਾਹਿਬਜ਼ਾਦਾ ਅਜੀਤ ਸਿੰਘ ਗਰੁੱਪ ਨੇ ਪਹਿਲਾਂ ਸਥਾਨ ਹਾਸਿਲ ਕੀਤਾ ਅਤੇ ਸਪੂਨ ਲੈਮਨ ਰੇਸ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਅਤੇ ਸਾਹਿਬਜ਼ਾਦਾ ਜੁਝਾਰ ਸਿੰਘ ਗਰੁੱਪ ਦੇ ਇੰਚਾਰਜ ਪ੍ਰੋ ਮਨਦੀਪ ਕੌਰ ਅਤੇ ਪ੍ਰੋ ਮਿੱਠੂ ਪਾਠਕ ਨੇ ਪਹਿਲਾ ਪਹਿਲਾ ਸਥਾਨ ਹਾਸਿਲ ਕੀਤਾ। ਬੈਸਟ ਅਥਲੀਟ ਦਾ ਖਿਤਾਬ ਲੜਕਿਆਂ ਵਿੱਚੋਂ ਸਾਹਿਬਜਾਦਾ ਅਜੀਤ ਸਿੰਘ ਗਰੁੱਪ ਦੇ ਵਿਦਿਆਰਥੀ ਕ੍ਰਿਸ (ਬੀ ਏ ਭਾਗ ਪਹਿਲਾ ਨੇ ਜਿੱਤਿਆ ਅਤੇ ਲੜਕੀਆਂ ਵਿੱਚੋਂ ਵਿੱਚੋਂ ਬੈਸਟ ਅਥਲੀਟ ਦਾ ਖਿਤਾਬ ਬੇਟੀ ਕੋਮਲਪ੍ਰੀਤ ਕੌਰ (ਬੀ ਏ ਭਾਗ ਦੂਜਾ ਸਾਹਿਬਜਾਦਾ ਜੁਝਾਰ ਸਿੰਘ ਗਰੁੱਪ ਨੇ ਜਿੱਤਿਆ। ਓਵਰਾਲ ਟਰਾਫੀ ਵੀ ਸਾਹਿਬਜ਼ਾਦਾ ਅਜੀਤ ਸਿੰਘ ਗਰੁੱਪ ਨੇ ਜਿੱਤੀ। ਸਟੇਜ ਸਕੱਤਰ ਦੀ ਭੂਮਿਕਾ ਪ੍ਰੋ ਮਿੱਠੂ ਪਾਠਕ,ਪ੍ਰੋ ਮਨਦੀਪ ਕੌਰ ਅਤੇ ਡਾ ਗੁਰਪ੍ਰੀਤ ਕੌਰ ਰਾਣੂੰ ਨੇ ਬਾਖੂਬੀ ਨਿਭਾਈ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

## ਭਾਜਪਾ ਦੀ ਮੋਗਾ ਰੈਲੀ 'ਚ ਸ਼ਮੂਲੀਅਤ ਕਰਨ ਲਈ ਵਰਕਰਾਂ 'ਚ ਭਾਰੀ ਉਤਸ਼ਾਹ : ਧਰਮ ਸਿੰਘ ਫ਼ੌਜੀ

### 14 ਮਾਰਚ ਦੀ ਰੈਲੀ ਬਦਲੇਗੀ ਪੰਜਾਬ ਦੀ ਰਾਜਸੀ ਦਿਸ਼ਾ : ਜਸਬੀਰ ਗੱਖੀ, ਗੋਨੀ



ਬਰਨਾਲਾ, 2 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਜ਼ਿਲ੍ਹਾ ਬਰਨਾਲਾ ਦੇ ਸੀਨੀਅਰ ਭਾਜਪਾ ਆਗੂ ਅਤੇ ਐਸ ਸੀ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਧਰਮ ਸਿੰਘ ਫ਼ੌਜੀ, ਬੀ ਸੀ ਮੋਰਚੇ ਦੇ ਜਸਬੀਰ ਸਿੰਘ ਗੱਖੀ ਅਤੇ ਹਰਬਖਸ਼ੀਸ਼ ਸਿੰਘ ਗੋਨੀ ਨੇ ਕਿਹਾ ਕਿ 14 ਮਾਰਚ ਨੂੰ ਮੋਗਾ ਵਿਖੇ ਹੋਣ ਜਾ ਰਹੀ ਭਾਜਪਾ ਦੀ ਵਿਸ਼ਾਲ ਰੈਲੀ ਦੀਆਂ ਸੰਬੰਧੀ ਤਿਆਰੀਆਂ ਆਰੰਭ ਕਰ ਦਿੱਤੀਆਂ ਹਨ। ਇਸ ਮੌਕੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਕਿਹਾ ਕਿ 14 ਮਾਰਚ ਦੀ ਮੋਗਾ ਰੈਲੀ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਲੈ ਕੇ ਆਵੇਗੀ। ਉਨ੍ਹਾਂ ਸਮੂਹ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਵਿਚਾਰ ਸੁਣਨ ਲਈ ਵੱਧ ਤੋਂ ਵੱਧ ਗਿਣਤੀ ਵਿੱਚ ਹੁੰਮ-ਹੁੰਮਾ ਕੇ ਪਹੁੰਚਿਆ ਜਾਵੇ। ਉਨ੍ਹਾਂ ਭਾਜਪਾ ਦੀ ਕੇਂਦਰੀ ਲੀਡਰਸਿਪ ਵੱਲੋਂ ਪੰਜਾਬ ਲਈ ਉਲੀਕੀ ਗਈ ਵਿਉਂਤਬੰਦੀ ਬਾਰੇ ਚਰਚਾ ਕਰਦਿਆਂ ਕਿਹਾ ਕਿ ਭਾਜਪਾ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਧਰਮ ਸਿੰਘ ਫ਼ੌਜੀ ਨੇ ਕਿਹਾ ਕਿ ਨੌਜਵਾਨਾਂ ਲਈ ਰੁਜਗਾਰ ਅਤੇ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ ਪਾਰਟੀ ਦੀ ਮੁੱਖ ਤਰਜੀਹ ਹੈ। ਉਹਨਾਂ ਕਿਹਾ ਕਿ ਭਾਜਪਾ ਵੱਲੋਂ ਮੋਗਾ ਵਿੱਚ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਪੰਜਾਬ ਦੀ ਰਾਜਸੀ ਦਿਸ਼ਾ ਬਦਲੇਗੀ। ਅੱਜ ਪੰਜਾਬ ਦੇ ਜੋ ਹਾਲਾਤ ਹਨ, ਸਭ ਜਾਣਦੇ ਹਨ। ਦਿਨ ਬ ਦਿਨ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਗੰਭੀਰ ਬਣ ਰਹੀ ਹੈ, ਜਿਸ ਨਾਲ ਲੋਕਾਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਮਨ ਸਾਂਤੀ ਅਤੇ ਭਾਈਚਾਰਕ ਸਾਂਝ ਸਿਰਫ਼ ਭਾਜਪਾ ਹੀ ਮਜ਼ਬੂਤ ਕਰ ਸਕਦੀ ਹੈ। ਇਸ ਮੌਕੇ ਧਰਮ ਸਿੰਘ ਫ਼ੌਜੀ, ਜਸਬੀਰ ਸਿੰਘ ਗੱਖੀ ਅਤੇ ਹਰਬਖਸ਼ੀਸ਼ ਸਿੰਘ ਗੋਨੀ ਨੇ ਆਉਣ ਵਾਲੇ ਹੋਲੀ ਦੇ ਪਵਿੱਤਰ ਤਿਓਹਾਰ ਦੀ ਵਧਾਈ ਦਿੰਦਿਆਂ ਲੋਕਾਂ ਨੂੰ ਵਾਤਾਵਰਨ ਪੱਖੀ ਹੋਲੀ ਮਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਇਸ ਵਾਰ ਕੁਦਰਤ ਦੇ ਨਜ਼ਦੀਕ ਰਹਿ ਕੇ ਫੁੱਲਾਂ ਦੀ ਹੋਲੀ ਖੇਡਣ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ, ਤਾਂ ਜੋ ਸਾਡੀ ਸਿਹਤ ਅਤੇ ਵਾਤਾਵਰਨ ਦੋਵੇਂ ਸੁਰੱਖਿਅਤ ਰਹਿ ਸਕਣ।

## 'ਹੋਲੀ ਦਾ ਤਿਉਹਾਰ ਹਰਬਲ ਅਤੇ ਆਰਗੈਨਿਕ ਰੰਗਾਂ ਨਾਲ ਮਨਾ ਕੇ ਵੰਡੋ ਖ਼ੁਸ਼ੀਆਂ ਅਤੇ ਖੇੜੇ' ਵਿਸ਼ੇ 'ਤੇ ਕਰਵਾਈ ਗੋਸ਼ਟੀ



ਬਰਨਾਲਾ 2 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਹੋਲੀ ਦੌਰਾਨ ਚਮੜੀ ਅਤੇ ਵਾਲਾਂ ਤੇ ਰਸਾਇਣਿਕ ਰੰਗਾਂ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਅਤੇ ਹਰਬਲ ਰੰਗਾਂ ਦੀ ਵਰਤੋਂ ਕਰਨ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਕਾਰਵਾਈ ਗੋਸ਼ਟੀ ਦੌਰਾਨ ਬੋਲਦਿਆਂ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਨੇ ਕਿਹਾ ਕਿ ਹੋਲੀ ਸਾਨੂੰ ਆਪਸੀ ਪਿਆਰ, ਮਿਲਵਰਤਨ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੰਦੀ ਹੈ। ਹੋਲੀ ਦਾ ਤਿਉਹਾਰ ਮਾਨਸਿਕ ਅਤੇ ਸਰੀਰਕ ਸਿਹਤ ਲਈ ਵੀ ਲਾਭਕਾਰੀ ਹੈ । ਰੰਗ ਅਤੇ ਸੰਗੀਤ ਲੋਕਾਂ ਨੂੰ ਤਨਾਅ ਤੇ ਚਿੰਤਾ ਤੋਂ ਰਾਹਤ ਦਿੰਦੇ ਹਨ । ਰੰਗਾਂ ਨਾਲ ਖੇਡਣ ਦੇ ਨਾਲ ਮਨ ਖੁਸ਼ ਹੁੰਦਾ ਹੈ। ਉਨ੍ਹਾਂ ਲੋਕਾਂ ਨੂੰ ਹਰਬਲ ਰੰਗਾਂ ਨਾਲ ਹੋਲੀ ਮਨਾਉਣ ਦੀ ਅਪੀਲ ਕੀਤੀ। ਸਮਾਜ ਸੇਵੀ ਧੰਨਾ ਸਿੰਘ ਗਰੇਵਾਲ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਹੋਲੀ ਖੇਡਦੇ ਸਮੇਂ ਸਾਨੂੰ ਹਰਬਲ ਜਾਂ ਔਰਗੈਨਿਕ ਰੰਗਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਰਸਾਇਣਿਕ ਰੰਗਾਂ ਨਾਲ ਚਮੜੀ ਦੀਆਂ ਸਮੱਸਿਆਂਵਾਂ ਪੈਦਾ ਹੋ ਜਾਂਦੀਆਂ ਹਨ। ਕੋਪਲ ਪੈਸਟੀਸਾਈਡਜ਼ ਕੰਪਨੀ ਦੇ ਐੱਮ ਡੀ ਸੰਜੀਵ ਬਾਂਸਲ ਨੇ ਕਿਹਾ ਕਿ ਕੈਮਿਕਲ ਵਾਲੇ ਰੰਗਾਂ ਨਾਲ ਚਮੜੀ ਦੀਆਂ ਬਿਮਾਰੀਆਂ, ਅੱਖਾਂ ਦੀ ਜਲਣ ਆਦਿ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਇਨ੍ਹਾਂ ਤੋਂ ਬਚਣ ਲਈ ਫੁੱਲਾਂ ਨਾਲ ਹੋਲੀ ਖੇਡਣੀ ਸਭ ਤੋਂ ਵਧੀਆ ਹੈ। ਡਾਕਟਰ ਰਾਹੁਲ ਰੁਪਾਲ ਨੇ ਆਪਣੀ ਰਾਇ ਪ੍ਰਗਟ ਕਰਦਿਆਂ ਕਿਹਾ ਕਿ ਮਿਲਾਵਟੀ ਰੰਗਾਂ ਦੀ ਜਾਂ ਕੈਮੀਕਲ ਰੰਗਾਂ ਦੀ ਪਹਿਚਾਣ ਬਾਰੇ ਕਿਹਾ ਕਿ ਇਹ ਰੰਗ ਚਮਕਦਾਰ ਅਤੇ ਗੂੜ੍ਹੇ ਹੁੰਦੇ ਹਨ। ਇਨ੍ਹਾਂ ਰੰਗਾਂ 'ਚ ਕੱਚ ਦਾ ਪਾਊਡਰ, ਬਰੀਕ ਰੇਤ, ਪਾਰਾ ਸਲਫਾਈਡ ਆਦਿ ਮਿਲਾਇਆ ਜਾਂਦਾ ਹੈ , ਬਲਤੇਜ ਸਿੰਘ ਮੈਕਲਾਈਫ ਵਾਲਿਆਂ ਨੇ ਕਿਹਾ ਕਿ ਕੁਦਰਤੀ ਰੰਗਾਂ ਦੀ ਖੁਸ਼ਬੂ ਕਦੇ ਵੀ ਤੇਜ਼ ਨਹੀਂ ਹੁੰਦੀ। ਕੈਮੀਕਲ ਰੰਗਾਂ ਤੋਂ ਚਮੜੀ ਅਤੇ ਵਾਲਾਂ ਨੂੰ ਹੋਣ ਵਾਲੇ ਨੁਕਸਾਨ ਤੋਂ ਬਚਾਉਣ ਲਈ ਸਰ੍ਹੋਂ ਦਾ ਜਾਂ ਨਾਰੀਅਲ ਦਾ ਤੇਲ ਚੰਗੀ ਤਰ੍ਹਾਂ ਲਗਾਓ। ਰੰਗਾਂ ਦੇ ਰਸਾਇਣਕ ਪ੍ਰਭਾਵ ਤੋਂ ਬਚਣ ਲਈ ਫੁੱਲ ਸਲੀਵ ਵਾਲੀ ਟੀ ਸ਼ਰਟ ਪਹਿਣੋ। ਘੱਟੋ ਘੱਟ ਸਕਿਨ ਬਾਹਰ ਨਾ ਹੋਵੇ, ਕਾਟਨ ਦੇ ਕੱਪੜੇ ਪਹਿਣੋ। ਜੇਕਰ ਚਮੜੀ ਤੇ ਖੁਰਕ ਹੋਵੇ ਤਾਂ ਗੁਲਾਬ ਦਾ ਜਲ ਅਤੇ ਐਲੋਵੀਰਾ ਮਿਲਾ ਕੇ ਲਗਾਓ, ਐਲਰਜੀ ਅਤੇ ਖੁਜਲੀ ਹਟ ਜਾਵੇਗੀ। ਸਰੀਰ ਤੋਂ ਰੰਗ ਨੂੰ ਉਤਾਰਣ ਲਈ ਵੇਸਣ ਅਤੇ ਦਹੀਂ ਦੇ ਪੇਸਟ ਦੀ ਵਰਤੋਂ ਕਰੋ। ਠੰਡੇ ਜਾਂ ਕੋਸੇ ਪਾਣੀ ਨਾਲ ਨਹਾਉ।

# ਵਾਤਾਵਰਨ ਅਤੇ ਭੋਜਨ ਸੁਰੱਖਿਆ ਤੋਂ ਬਿਨਾਂ ਕੋਈ ਰਾਸ਼ਟਰੀ ਸੁਰੱਖਿਆ ਸੰਭਵ ਨਹੀਂ



ਸ਼ੇਰਪੁਰ, 2 ਮਾਰਚ (ਬਲਜੀਤ ਸਿੰਘ ਟਿੱਬਾ) : ਕੁਦਰਤ-ਮਾਨਵ ਕੇਂਦਰਿਤ ਲੋਕ ਲਹਿਰ, ਇਕਾਈ ਸ਼ੇਰਪੁਰ ਵੱਲੋਂ ਅੱਜ ਸਥਾਨਕ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਮਰਹੂਮ ਸਾਥੀ ਗੁਰਦਿਆਲ ਸ਼ੀਤਲ ਦੀ ਛੇਵੀਂ ਬਰਸੀ ਮੌਕੇ ਸੈਮੀਨਾਰ ਕਰਵਾਇਆ ਗਿਆ, ਜਿਸ ਦਾ ਏਜੰਡਾ ਸੀ, 'ਕੁਦਰਤੀ ਸਹਿਕਾਰੀ ਖੇਤੀ ਜਲਵਾਯੂ' ਤਬਦੀਲੀ ਦਾ ਮੁਕਾਬਲਾ ਕਰਨ ਅਤੇ ਭੋਜਨ ਸੁਰੱਖਿਆ ਦੀ ਗਰੰਟੀ ਲਈ ਸਭ ਤੋਂ ਉਚਿਤ ਬਦਲ। ਇਸ ਏਜੰਡੇ 'ਤੇ ਚਰਚਾ ਕਰਦਿਆਂ ਉੱਘੇ ਵਿਦਵਾਨ ਸੁਖਦੇਵ ਸਿੰਘ ਭੁਪਾਲ ਨੇ ਕਿਹਾ ਕਿ ਵਾਤਾਵਰਨ ਸੁਰੱਖਿਆ ਅਤੇ ਭੋਜਨ ਸੁਰੱਖਿਆ ਤੋਂ ਬਿਨਾਂ ਕੋਈ ਰਾਸ਼ਟਰੀ ਸੁਰੱਖਿਆ ਸੰਭਵ ਨਹੀਂ। ਇਸ ਲਈ ਅਸੀਂ ਆਪਣੀ ਹੋਂਦ ਬਚਾਉਣ ਦੀ ਲੜਾਈ ਲੜ ਰਹੇ ਹਾਂ। ਵਧ ਰਹੀ ਆਲਮੀ ਤਪਸ਼ ਦਾ ਪ੍ਰਭਾਵ ਹਰ ਕੋਈ ਮਹਿਸੂਸ ਕਰ ਰਿਹਾ ਹੈ। ਹਾਲ ਹੀ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਿਗਿਆਨੀਆਂ ਵੱਲੋਂ ਕਿਹਾ ਗਿਆ ਕਿ ਫ਼ਰਵਰੀ ਮਹੀਨੇ ਵਿੱਚ 2-4 ਡਿਗਰੀ ਸੈਲਸੀਅਸ ਤਾਪਮਾਨ ਦਾ ਵਧਣਾ ਸਾਡੀ ਕਣਕ ਦੀ ਪੈਦਾਵਾਰ ਉੱਤੇ ਮਾੜੂ ਅਸਰ ਪਾਵੇਗਾ। ਮਨੁੱਖੀ ਜੀਵਨ ਲਈ ਸ਼ੁੱਧ ਹਵਾ, ਪੀਣ ਵਾਲਾ ਸਾਫ਼ ਪਾਣੀ, ਜ਼ਹਿਰ ਮੁਕਤ ਪੌਸ਼ਟਿਕ ਭੋਜਨ ਅਤੇ ਵਾਤਾਵਰਨੀ-ਮਨੁੱਖੀ ਕਦਰਾਂ ਕੀਮਤਾਂ ਸਭ ਤੋਂ ਬੁਨਿਆਦੀ ਲੋੜ੍ਹ ਹਨ, ਜੋ ਸਾਰੇ ਹੀ ਪ੍ਰਦੂਸ਼ਿਤ ਹੋ ਚੁੱਕੇ ਹਨ। ਇਸ ਵਿਚਾਰ ਚਰਚਾ ਵਿੱਚ ਪ੍ਰੇਮ ਸਿੰਘ ਕਾਲੇਕੇ, ਪ੍ਰਿੰਸੀਪਲ ਅਮਰੀਕ ਸਿੰਘ ਖੋਖਰ, ਬਲਵੀਰ ਚੰਦ ਲੌਂਗੋਵਾਲ, ਡਾ. ਸੋਹਣ ਸਿੰਘ ਮਾਝੀ, ਸੁਖਜੀਤ ਸਿੰਘ ਰਟੋਲ, ਦਰਸ਼ਨ ਸਿੰਘ ਬਾਜਵਾ, ਡਾ. ਜਗਤਾਰ ਸਿੰਘ ਜੋਗਾ, ਗੁਰਮੇਲ ਸਿੰਘ ਮੇਘ, ਗੁਰਪ੍ਰੀਤ ਸਿੰਘ ਦੁੱਲਟ ਆਦਿ ਨੇ ਹਿੱਸਾ ਲਿਆ। ਇਕਾਈ ਦੇ ਕਨਵੀਨਰ ਸੰਦੀਪ ਸਿੰਘ ਗਰੇਵਾਲ ਦੀ ਅਗਵਾਈ ਵਿੱਚ ਹੋਏ ਇਸ ਸਫਲ ਪ੍ਰੋਗਰਾਮ ਵਿੱਚ ਕੇਸਰ ਸਿੰਘ ਗਰੇਵਾਲ, ਅਜਮੇਰ ਸਿੰਘ ਅਕਲੀਆ ਅਤੇ ਸ਼ਮਿੰਦਰ ਸਿੰਘ ਲੌਂਗੋਵਾਲ ਨੇ ਅਗਾਂਹ ਵਧੂ ਗੀਤ ਗਾ ਕੇ ਰੰਗ ਬੰਨ੍ਹਿਆ। ਚੇਅਰਮੈਨ ਰਾਜਵਿੰਦਰ ਸਿੰਘ ਸ਼ੇਰਪੁਰ, ਮੈਂਬਰ ਪੰਚਾਇਤ ਹਰਦੀਪ ਸਿੰਘ ਅਤੇ ਉੱਘੇ ਇਨਕਲਾਬੀ ਕਵੀ ਮਿੰਦਰਪਾਲ ਭੱਠਲ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਕਾਈ ਦੇ ਸਮੁੱਚੇ ਮੈਂਬਰਾਂ, ਅਮਰਜੀਤ ਸਿੰਘ ਜੱਸੀ, ਹਰਗੋਬਿੰਦ ਸ਼ੇਰਪੁਰ, ਰਣਜੀਤ ਸਿੰਘ ਕਾਲਾ ਬੂਲਾ, ਹਰਨੇਕ ਸਿੰਘ ਖੇੜੀ ਕਲਾਂ, ਮਾ. ਦਿਆਲ ਸਿੰਘ, ਮਾ. ਈਸ਼ਰ ਸਿੰਘ ਕੁਠਾਲਾ, ਮਹਿੰਦਰ ਪ੍ਰਤਾਪ, ਕਰਮਜੀਤ ਕੌਰ ਪਤਨੀ ਗੁਰਦਿਆਲ ਸਿੰਘ ਸ਼ੀਤਲ ਅਤੇ ਸਮੱਚਾ ਪਰਿਵਾਰ, ਗਮਦੂਰ ਕੌਰ, ਪਰਮਜੀਤ ਕੌਰ ਜੋਧਪੁਰ, ਦਰਸ਼ਨ ਸਿੰਘ ਚਾਂਗਲੀ, ਕਰਮਿੰਦਰ ਸਿੰਘ ਹੇੜੀਕੇ, ਬਲਦੇਵ ਸਿੰਘ ਘਨੌਰੀ, ਸੁਖਚੈਨ ਸਿੰਘ ਕਲੇਰਾਂ, ਸੁਰਿੰਦਰ ਚਹਿਲ ਖੇੜੀ , ਬਲਵਿੰਦਰ ਸਿੰਘ ਬਿੰਦਾ, ਮਾ. ਹਰਬੰਸ ਸਿੰਘ ਸ਼ੇਰਪੁਰ, ਭਾਨ ਸਿੰਘ ਜੱਸੀ ਪੇਧਨੀ, ਬਾਬਾ ਸੁਰਿੰਦਰ ਸਿੰਘ ਹੇੜੀਕੇ ਅਤੇ ਮਾ. ਰਣਜੀਤ ਸਿੰਘ ਬੜਿੰਗ ਆਦਿ ਹਾਜ਼ਰ ਸਨ।

## ਵਾਈ.ਐਸ. ਪਬਲਿਕ ਸਕੂਲ ਵਿੱਚ ਮੈਜਿਕ ਆਫ਼ ਮਾਈਂਡਜ਼ ਬਰਥਡੇ ਬੈਸ਼ ਮਨਾਇਆ



ਬਰਨਾਲਾ, 2 ਮਾਰਚ (ਬਘੇਲ ਸਿੰਘ ਧਾਲੀਵਾਲ) : ਵਾਈਐਸ ਪਬਲਿਕ ਸਕੂਲ, ਜੋ ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਿਲ ਹੈ , ਵੱਲੋਂ ਜਨਵਰੀ ਅਤੇ ਫ਼ਰਵਰੀ ਮਹੀਨੇ ਵਿੱਚ ਜਨਮੇ ਵਿਦਿਆਰਥੀਆਂ ਲਈ ਇੱਕ ਰੰਗਾਰੰਗ ਅਤੇ ਯਾਦਗਾਰ ਜਨਮਦਿਨ ਸਮਾਰੋਹ ਆਯੋਜਿਤ ਕੀਤਾ ਗਿਆ। ਮੈਜਿਕ ਆਫ ਮਾਈਂਡਜ਼ ਬਰਥਡੇ ਬੈਸ਼ ਥੀਮ ਹੇਠ ਮਨਾਇਆ ਗਿਆ। ਇਹ ਸਮਾਗਮ ਰਾਸ਼ਟਰੀ ਵਿਗਿਆਨ ਦਿਵਸ ਨੂੰ ਸਮਰਪਿਤ ਸੀ, ਜਿਸ ਵਿੱਚ ਮਨੋਰੰਜਨ ਦੇ ਨਾਲ-ਨਾਲ ਸਿੱਖਿਆ ਦਾ ਸੁੰਦਰ ਮੇਲ ਵੇਖਣ ਨੂੰ ਮਿਲਿਆ। ਪ੍ਰੀ-ਨਰਸਰੀ ਤੋਂ ਦੂਜੀ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਨੰਨੇ-ਮੁੰਨ੍ਹੇ ਵਿਦਿਆਰਥੀਆਂ ਨੇ ਪੂਰੇ ਆਤਮ-ਵਿਸ਼ਵਾਸ ਨਾਲ ਰੈਂਪ ਵਾਕ ਕੀਤਾ ਅਤੇ ਆਪਣੇ ਬਾਰੇ ਜਾਣ ਪਹਿਚਾਣ ਕਾਰਵਾਈ, ਜਿਸ ਨੇ ਸਭ ਦਾ ਦਿਲ ਜਿੱਤ ਲਿਆ। ਇਸ ਸਮਾਗਮ ਵਿੱਚ ਮਾਪਿਆਂ ਦੀ ਹਾਜ਼ਰੀ ਨੇ ਸਮਾਰੋਹ ਨੂੰ ਹੋਰ ਵੀ ਖ਼ਾਸ ਬਣਾਇਆ। ਵਿਦਿਆਰਥੀਆਂ ਨੇ ਜੋਸ਼ੀਲਾ ਡਾਂਸ ਪ੍ਰਦਰਸ਼ਨ ਕਰਕੇ ਮਾਹੌਲ ਨੂੰ ਖੁਸ਼ੀ ਅਤੇ ਉਤਸਾਹ ਨਾਲ ਭਰ ਦਿੱਤਾ। ਮਾਪਿਆਂ ਨੇ ਵੀ ਸਕੂਲ ਵੱਲੋਂ ਆਯੋਜਿਤ ਦਿਲਚਸਪ ਖੇਡਾਂ ਵਿੱਚ ਭਾਗ ਲੈ ਕੇ ਸਮਾਰੋਹ ਦਾ ਪੂਰਾ ਆਨੰਦ ਲਿਆ, ਜਿਸ ਨਾਲ ਆਪਸੀ ਸਾਂਝ ਅਤੇ ਏਕਤਾ ਦੀ ਭਾਵਨਾ ਮਜ਼ਬੂਤ ਹੋਈ। ਕੇਕ ਕਟਿੰਗ ਸਮਾਰੋਹ ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਰਿਹਾ, ਜਿੱਥੇ ਸਾਰੇ ਜਨਮਦਿਨ ਵਾਲੇ ਵਿਦਿਆਰਥੀਆਂ ਨੇ ਤਾਲੀਆਂ ਅਤੇ ਵਧਾਈਆਂ ਦੇ ਦਰਮਿਆਨ ਇਕੱਠੇ ਕੇਕ ਕੱਟ ਕੇ ਆਪਣਾ ਖ਼ਾਸ ਦਿਨ ਮਨਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਨਵੀਨਤਮ ਸਮਾਰੋਹ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਐਸੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਦੇ ਹਨ ਅਤੇ ਮਾਪੇ-ਅਧਿਆਪਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਂਦੇ ਹਨ। ਇਕ ਮਜ਼ਬੂਤ ਮਾਪੇ-ਅਧਿਆਪਕ ਭਾਗੀਦਾਰੀ ਹੀ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਦੀ ਨੀਂਹ ਹੈ। ਸਮਾਗਮ ਦਾ ਸਮਾਪਨ ਖੁਸ਼ਗਵਾਰ ਮਾਹੌਲ ਵਿੱਚ ਹੋਇਆ ਅਤੇ ਇਹ ਪ੍ਰੋਗਰਾਮ ਸਭ ਲਈ ਮਿੱਠੀਆਂ ਯਾਦਾਂ ਛੱਡ ਗਿਆ, ਨਾਲ ਹੀ ਸਕੂਲ ਦੀ ਅਕਾਦਮਿਕ ਅਤੇ ਸਹ-ਪਾਠਕ੍ਰਮ ਗਤੀਵਿਧੀਆਂ ਵਿੱਚ ਉਤਕ੍ਰਿਸ਼ਟਤਾ ਪ੍ਰਤੀ ਵਚਨਬੱਧਤਾ ਨੂੰ ਦੁਹਰਾਇਆ।

# ਬੀ. ਕੇ. ਯੂ. ਕਾਦੀਆਂ ਦੇ ਐਡਵੋਕੇਟ ਧਰਮਪਾਲ ਸਿੰਘ ਜ਼ਿਲ੍ਹਾ ਲੀਗਲ ਐਡਵਾਈਜ਼ਰ ਨਿਯੁਕਤ



ਬਰਨਾਲਾ,2 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਗੁਰਦੁਆਰਾ ਸਾਹਿਬ ਬੀਬੀ ਪ੍ਰਧਾਨ ਕੌਰ ਬਰਨਾਲਾ ਵਿਖੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਕਿਸਾਨੀ ਮੰਗਾਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਸੀਰਾ ਛੀਨੀਵਾਲ ਦੀ ਪ੍ਰਧਾਨਗੀ ਹੇਠ ਹੋਈ, ਮੀਟਿੰਗ ਵਿੱਚੋਂ ਜ਼ਿਲ੍ਹੇ 'ਚੋਂ ਕਿਸਾਨ ਮਰਦ-ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ।ਇਸ ਮੌਕੇ ਭਰਵੀਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਕਿਸਾਨਾਂ ਦੀਆਂ ਜ਼ਮੀਨਾਂ ਹੱਥਿਆਉਣਾ ਚਾਹੁੰਦੀ ਹੈ ਪਰ ਜਥੇਬੰਦੀ ਕਿਸਾਨਾਂ ਦੀਆਂ ਜ਼ਮੀਨਾਂ ਉੱਤੇ ਕਿਸੇ ਦਾ ਵੀ ਕਬਜ਼ਾ ਨਹੀਂ ਹੋਣ ਦੇਵੇਗੀ। ਭਾਰਤ ਦਾ ਅਮਰੀਕਾ ਨਾਲ ਮੁਫ਼ਤ ਵਪਾਰ ਸਮਝੌਤਾ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋ ਸਕਦਾ ਕਿਉਂਕਿ ਅਮਰੀਕਾ ਦੇ ਕਿਸਾਨ ਅਤੇ ਭਾਰਤ ਦੇ ਕਿਸਾਨਾਂ ਵਿੱਚ ਵੱਡਾ ਫਰਕ ਹੈ ਅਮਰੀਕਾ ਆਪਣੇ ਕਿਸਾਨਾਂ ਨੂੰ ਸਬਸਿਡੀ ਦਿੰਦਾ ਹੈ ਤੇ ਭਾਰਤ ਵਿੱਚ ਸਰਕਾਰਾਂ ਦੀ ਅਣਦੇਖੀ ਕਾਰਨ ਕਿਸਾਨਾਂ ਦੀ ਆਰਥਿਕ ਸਥਿਤੀ ਕਾਫੀ ਨਾਜ਼ੁਕ ਹੈ। ਉਹਨਾਂ ਦੱਸਿਆ ਕਿ ਪੰਜਾਬ ਵਿੱਚ ਹਾਲੇ ਤੱਕ ਨਕਲੀ ਦੁੱਧ ਦੀ ਵਿਕਰੀ ਵੱਡੀ ਪੱਧਰ 'ਤੇ ਹੋ ਰਹੀ ਹੈ ਜੋ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦਾ ਰਾਹ ਪੱਧਰਾ ਕਰ ਰਹੀ ਹੈ। ਪੰਜਾਬ ਵਿੱਚ 60 ਫੀਸਦੀ ਹੀ ਅਸਲ ਦੁੱਧ ਪੈਦਾ ਹੁੰਦਾ ਹੈ ਅਤੇ 40 ਫੀਸਦੀ ਨਕਲੀ ਦੁੱਧ ਦੀ ਵਿਕ ਰਿਹਾ ਹੈ! ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਹੀ ਕਿਸਾਨੀ ਅਤੇ ਡੇਅਰੀ ਫ਼ਾਰਮਿੰਗ ਘਾਟੇ ਦਾ ਵਣਜ ਬਣਦੀ ਜਾ ਰਹੀ ਹੈ। ਉਨ੍ਹਾਂ ਸਾਰੇ ਕਿਸਾਨਾਂ ਭਰਾਵਾਂ ਨੂੰ ਇੱਕ ਮੰਚ ਤੇ ਇਕੱਠੇ ਹੋ ਕੇ ਸਰਕਾਰ ਦੀਆਂ ਮਾੜੀਆਂ ਨੀਤੀਆਂ ਖ਼ਿਲਾਫ਼ ਇੱਕਜੁੱਟ ਹੋਣ ਦੀ ਅਪੀਲ ਕੀਤੀ।ਮੀਟਿੰਗ ਉਪਰੰਤ ਪੰਜਾਬ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਅਤੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਵੱਲੋਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦਾ ਐਡਵੋਕੇਟ ਧਰਮਪਾਲ ਸਿੰਘ ਦੇ ਬੈਜ ਲਗਾ ਅਤੇ ਸਿਰੋਪਾਓ ਭੇਂਟ ਕਰਕੇ ਜ਼ਿਲ੍ਹਾ ਲੀਗਲ ਐਡਵਾਈਜ਼ਰ ਨਿਯੁਕਤ ਕੀਤਾ ਗਿਆ। ਉਨ੍ਹਾਂ ਦੇ ਸੀਨੀਅਰ ਵਕੀਲ ਐਡਵੋਕੇਟ ਧਰਮਿੰਦਰ ਸਿੰਘ ਧਾਲੀਵਾਲ ਨੇ ਇਸ ਮੌਕੇ ਉਨ੍ਹਾਂ ਨੂੰ ਵਧਾਈ ਵੀ ਦਿੱਤੀ। ਐਡਵੋਕੇਟ ਧਰਮਪਾਲ ਸਿੰਘ ਦੱਸਿਆ ਕਿ ਉਨ੍ਹਾਂ ਦੇ ਸੀਨੀਅਰ ਵਕੀਲ ਧਰਮਿੰਦਰ ਸਿੰਘ ਧਾਲੀਵਾਲ ਪਹਿਲਾਂ ਵੀ ਕਿਸਾਨੀ ਮੋਰਚੇ ਨਾਲ ਜੁੜੇ ਰਹੇ ਹਨ ਅਤੇ ਦਿੱਲੀ ਸਮੇਤ ਹੋਰਨਾਂ ਥਾਵਾਂ ਉੱਪਰ ਵੀ ਉਹ ਕਿਸਾਨਾਂ ਦੇ ਸਮਰਥਨ ਲਈ ਹਮੇਸ਼ਾ ਤਿਆਰ ਰਹਿੰਦੇ ਹਨ ਅਤੇ ਹੁਣ ਉਹ ਵੀ ਆਪਣੇ ਸੀਨੀਅਰ ਵਕੀਲ ਦੀ ਅਗਵਾਈ ਹੇਠ ਕਿਸਾਨ ਜਥੇਬੰਦੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸੂਬਾ ਆਗੂ ਮਹਿੰਦਰ ਸਿੰਘ ਵੜੈਚ, ਗੁਰਨਾਮ ਸਿੰਘ ਠੀਕਰੀਵਾਲਾ, ਬਲਾਕ ਪ੍ਰਧਾਨ ਸਹਿਣਾ ਜਸਵੀਰ ਸਿੰਘ, ਜਸਮੇਲ ਸਿੰਘ ਕਾਲੇਕੇ, ਭੁਪਿੰਦਰ ਸਿੰਘ ਬਿੱਟੂ ਜਲੂਰ, ਰਣਧੀਰ ਸਿੰਘ ਸੇਖਾ ਅੱਛਰਾ ਸਿੰਘ ਸੇਖਾ, ਗਗਨਦੀਪ ਸਿੰਘ ਸਹਿਜੜਾ, ਬਲਵਿੰਦਰ ਸਿੰਘ ਦੁੱਗਲ, ਚੇਅਰਮੈਨ ਯਾਦਵਿੰਦਰ ਸਿੰਘ ਰਾਜਗੜ੍ਹ ਤੋਂ ਇਲਾਵਾ ਹੋਰ ਵੀ ਆਗੂ/ਵਰਕਰ ਹਾਜ਼ਰ ਸਨ।

## ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ ਨੇ ਪਲੇਅ-ਵੇਅ ਬੱਚਿਆਂ ਲਈ 'ਐਨੀਮਲ ਵਾਕ' ਗਤੀਵਿਧੀ ਕਰਵਾਈ



ਬਰਨਾਲਾ, 2 ਮਾਰਚ (ਇਸੇਨ ਕੰਗ) : ਬੀਵੀਐਮ ਇੰਟਰਨੈਸ਼ਨਲ ਸਕੂਲ, ਬਰਨਾਲਾ ਨੇ ਛੋਟੇ ਬੱਚਿਆਂ ਲਈ ਇੱਕ ਵਿਲੱਖਣ ਅਤੇ ਮਨੋਰੰਜਕ ÷ਐਨੀਮਲ ਵਾਕ÷ ਗਤੀਵਿਧੀ ਦਾ ਆਯੋਜਨ ਕੀਤਾ। ਇਸ ਗਤੀਵਿਧੀ ਦਾ ਉਦੇਸ਼ ਬੱਚਿਆਂ ਨੂੰ ਵੱਖ-ਵੱਖ ਜਾਨਵਰਾਂ ਦੀਆਂ ਹਰਕਤਾਂ ਅਤੇ ਵਿਵਹਾਰ ਤੋਂ ਜਾਣੂ ਕਰਵਾਉਣਾ ਸੀ। ਇਸਦਾ ਉਦੇਸ਼ ਉਨ੍ਹਾਂ ਦੇ ਤੁਰਨ ਦੇ ਢੰਗ ਰਾਹੀਂ ਸਰੀਰਕ ਸੰਤੁਲਨ, ਮੋਟਰ ਹੁਨਰ ਅਤੇ ਕੁਦਰਤੀ ਬੁੱਧੀ ਨੂੰ ਵਿਕਸਤ ਕਰਨਾ ਸੀ। ਇਹ ਗਤੀਵਿਧੀ ਰੰਗੀਨ ਪੋਸਟਰਾਂ ਅਤੇ ਜਾਨਵਰਾਂ ਦੀਆਂ ਤਸਵੀਰਾਂ ਨਾਲ ਸ਼ੁਰੂ ਹੋਈ। ਬੱਚਿਆਂ ਨੂੰ ਖਰਗੋਸ਼ ਵਾਂਗ ਛਾਲ ਮਾਰਨੀ, ਡੱਡੂ ਵਾਂਗ ਛਾਲ ਮਾਰਨੀ, ਬੱਤਖ ਵਾਂਗ ਤੁਰਨਾ, ਸੱਪ ਵਾਂਗ ਰੀਂਗਣਾ ਅਤੇ ਹਾਥੀ ਵਾਂਗ ਰੀਂਗਣਾ ਸਿਖਾਇਆ ਗਿਆ। ਰੈਕੂਨ ਵਾਂਗ ਭਾਰੀ ਕਦਮ ਕਿਵੇਂ ਚੁੱਕਣੇ ਹਨ। ਬੱਚਿਆਂ ਨੇ ਇਸ ਗਤੀਵਿਧੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਵੱਖ-ਵੱਖ ਜਾਨਵਰਾਂ ਦੀ ਨਕਲ ਕਰਦੇ ਹੋਏ ਜ਼ਮੀਨ @ਤੇ ਘੁੰਮਦੇ ਰਹੇ। ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀਮਤੀ ਗੀਤਾ ਅਰੋੜਾ, ਸ਼੍ਰੀ ਨਿਖਿਲ ਅਰੋੜਾ ਅਤੇ ਸ਼੍ਰੀਮਤੀ ਨੇਹੁਲ ਅਰੋੜਾ ਨੇ ਇਸ ਨਵੀਨਤਾਕਾਰੀ ਯਤਨ ਦੀ ਸ਼ਲਾਘਾ ਕੀਤੀ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਕਿਹਾ, ਅਜਿਹੀਆਂ ਗਤੀਵਿਧੀਆਂ ਨਾ ਸਿਰਫ਼ ਬੱਚਿਆਂ ਦੇ ਸਰੀਰਕ ਵਿਕਾਸ ਵਿੱਚ ਮਦਦ ਕਰਦੀਆਂ ਹਨ ਬਲਕਿ ਉਨ੍ਹਾਂ ਦੀ ਕਲਪਨਾ ਅਤੇ ਸਮਾਜਿਕ ਹੁਨਰ ਨੂੰ ਵੀ ਉਤਸ਼ਾਹਿਤ ਕਰਦੀਆਂ ਹਨ। ਸਕੂਲ ਦੇ ਅਧਿਆਪਕਾਂ ਨੇ ਵੀ ਬੱਚਿਆਂ ਨੂੰ ਹਰੇਕ ਜਾਨਵਰ ਦੀਆਂ ਹਰਕਤਾਂ ਨੂੰ ਸਹੀ ਢੰਗ ਨਾਲ ਦਿਖਾਉਣ ਵਿੱਚ ਸਹਾਇਤਾ ਕੀਤੀ। ਬੱਚਿਆਂ ਦੀ ਮੁਸਕਰਾਹਟ ਅਤੇ ਖੁਸ਼ੀ ਭਰੀ ਭਾਗੀਦਾਰੀ ਨੇ ਪੂਰੇ ਮਾਹੌਲ ਨੂੰ ਜੀਵਨ ਵਿੱਚ ਬਦਲ ਦਿੱਤਾ।

# ਐਸ.ਵੀ.ਐਸ. ਗਰੁੱਪ ਆਫ਼ ਕਾਲਜ ਅਤੇ ਸ੍ਰੀ ਗੁਰੂ ਰਵਿਦਾਸ ਵੈੱਲਫ਼ੇਅਰ ਟਰੱਸਟ (ਰਜਿ:) ਨੇ ਲੋੜਵੰਦ ਲੜਕੀਆਂ ਦੇ ਵਿਆਹ ਕਰਵਾਏ



ਬਰਨਾਲਾ, 2 ਮਾਰਚ (ਹਮੀਰ ਸਿੰਘ ਬਰਨਾਲਾ) : : ਸ੍ਰੀ ਗੁਰੂ ਰਵਿਦਾਸ ਜੀ ਦੇ 649 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤੀਸਰਾ ਸਮੂਹਿਕ ਵਿਆਹ ਪ੍ਰੋਗਰਾਮ ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਟਰੱਸਟ ਬਰਨਾਲਾ ਅਤੇ ਸੁਸ਼ੀਲ ਕੁਮਾਰ ਚੇਅਰਮੈਨ ਪੰਜਾਬ ਫਾਰਮੇਸੀ ਕੌਂਸਲ ਅਤੇ ਐਸ ਬੀ ਐਸ ਗਰੁੱਪ ਆਫ ਕਾਲਜ ਅਤੇ ਮਾਲਵਾ ਕਾਲਜ ਮਹਿਲ ਕਲਾਂ ਦੇ ਸਹਿਯੋਗ ਨਾਲ ਤੀਸਰਾ ਸਮੂਹਿਕ ਵਿਆਹ ਪ੍ਰੋਗਰਾਮ ਕਾਲਜ ਕੈਂਪਸ ਵਿੱਚ ਬੜੀ ਧੂਮਧਾਮ ਨਾਲ ਕੀਤਾ ਗਿਆ ਇਸ ਮੌਕੇ 10 ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਆਨੰਦ ਕਾਰਜ ਕੀਤੇ ਗਏ । ਸੰਤ ਮਹਾਂਪੁਰਸ਼ਾਂ ਵੱਲੋਂ ਰੱਬੀ ਬਾਣੀ ਦੇ ਕੀਰਤਨ ਕੀਤੇ ਗਏ ਜਿਸ ਵਿੱਚ ਸੰਤ ਦਵਿੰਦਰ ਹੀਰਾ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਖੁਰਾਲਗੜ੍ਹ ਵਾਲੇ,ਬਾਬਾ ਰਾਜਵਰਿੰਦ ਸਿੰਘ ਜੀ ਟਿੱਬਾ, ਬਾਬਾ ਦਾਰਾ ਸਿੰਘ ਖਾਲਸਾ, ਸੰਤ ਬਾਬਾ ਕਾਹਨ ਸਿੰਘ ਲੁਧਿਆਣਾ, ਬਾਬਾ ਹੀਰਾ ਫੌਜੀ ਲੁਧਿਆਣਾ, ਬਾਬਾ ਹੰਸਪਾਲ ਜੀ ਖੁਰਾਲਗੜ੍ਹ ਸਾਹਿਬ,ਬਾਬਾ ਸ਼ੇਰ ਸਿੰਘ, ਮਨਪ੍ਰੀਤ ਸਿੰਘ ਜੀ ਖਾਲਸਾ ਅਲੀਪੁਰ ਵਾਲੇ, ਬਾਬਾ ਗੁਰਪ੍ਰੀਤ ਸਿੰਘ ਬਰਨਾਲੇ ਵਾਲੇ, ਭਾਈ ਸੁਖਵਿੰਦਰ ਸਿੰਘ ਜੀ ਗਹਿਲਾਂ, ਵਾਲਿਆਂ ਵੱਲੋਂ ਸਿੱਖ ਇਤਿਹਾਸ ਨਾਲ ਜੋੜਿਆ ਗਿਆ ਇਸ ਮੌਕ ਕੁਲਦੀਪ ਸਿੰਘ ਕਾਲਾ ਢਿੱਲੋ ਐਮ ਐਲ ਏ ਹਲਕਾ ਬਰਨਾਲਾ, ਰਾਮ ਤੀਰਥ ਮੰਨਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਬਰਨਾਲਾ, ਗੁਰਦੀਪ ਸਿੰਘ ਬਾਠ ਸਮਾਜਸੇਵੀ ਸਰਪੰਚ ਨਾਥ ਸਿੰਘ ਹਮੀਦੀ ਸ਼੍ਰੋਮਣੀ ਅਕਾਲੀ ਦਲ ਬਾਦਲਵਿਸ਼ੇਸ਼ ਤੌਰ ਤੇ ਬੱਚਿਆਂ ਨੂੰ ਆਸ਼ੀਰਵਾਦ ਦੇਣ ਲਈ ਪਹੁੰਚੇ ਜਨਰਲ ਸਕੱਤਰ ਅਵਤਾਰ ਸਿੰਘ ਢਿੱਲੋ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ 10 ਲੋੜਵੰਦ ਲੜਕਿਆਂ ਦੇ ਵਿਆਹ ਕੀਤੇ ਟਰੱਸਟ ਦੇ ਪ੍ਰਧਾਨ ਜਗਤਾਰ ਸਿੰਘ ਕੌਲਧਾਰ, ਖਜਾਨਚੀ ਬੂਟਾ ਸਿੰਘ ਧਾਲੀਵਾਲ, ਮੇਜਰ ਸਿੰਘ, ਬਾਬੂ ਸਿੰਘ ਕੁੰਭੜਵਾਲ, ਸਵਰਨ ਸਿੰਘ ਸਹਿੜਾ, ਹਰਜਿੰਦਰ ਸਿੰਘ ਘੁਮਾਣ ,ਡਾਕਟਰ ਜਗਦੀਸ਼ ਸਿੰਘ, ਦੁਖਵਿੰਦਰ ਸਿੰਘ ਸਹਿਜੜਾ ,ਗੁਰਦੀਪ ਸਿੰਘ ਨੰਗਲ, ਪ੍ਰੇਮੀ ਕਰਮਜੀਤ ਸਿੰਘ ਬਾਬਾ ਸੁਰਜੀਤ ਸਿੰਘ, ਪ੍ਰੇਮੀ ਰਹਿਮਤ ਸਿੰਘ, ਬਹਾਦਰ ਸਿੰਘ ਫੌਜੀ, ਬਲੌਰ ਸਿੰਘ ਸੇਖਾ, ਤਰਸੇਮ ਸਿੰਘ ਅਤੇ ਟਰੱਸਟ ਦੀਆਂ ਔਰਤ ਅਹੁਦੇਦਾਰਾ ਦਾ ਬਹੁਤ ਵੱਡਾ ਯੋਗਦਾਨ ਰਿਹਾ ਜੋ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਾਜ ਦੇ ਸਮਾਨ ਨੂੰ ਤਰਤੀਬ ਬੰਧ ਕਰਕੇ ਆਪਣਾ ਕੀਮਤੀ ਸਮਾਂ ਘਰੇਲੂ ਕੰਮਾਂ ਵਿੱਚੋਂ ਕੱਢ ਕੇ ਟਰੱਸਟ ਦੇ ਲੇਖੇ ਲਾਉਂਦੀਆਂ ਹਨ ਇਸ ਤੋਂ ਇਲਾਵਾ ਐਸਬੀਐਸ ਗਰੁੱਪ ਆਫ ਕਾਲਜਸ ਦੇ ਸਟਾਫ ਵੱਲੋਂ ਪੂਰੀ ਤਨਦੇਹੀ ਨਾਲ ਕੰਮ ਕੀਤੇ ਗਏ ਕਾਲਜ ਦੇ ਐਮਡੀ ਸੁਸ਼ੀਲ ਕੁਮਾਰ ਬਾਂਸਲ ਅਤੇ ਉਹਨਾਂ ਦੇ ਪਿਤਾ ਲਾਜਪਤ ਰਾਏ ਬਾਸਲ ਭਰਾ ਅਤੇ ਪੂਰਾ ਪਰਿਵਾਰ ਆਏ ਮਹਿਮਾਨਾਂ ਦੀ ਆਓ ਭਗਤ ਲਈ ਲੱਗੇ ਰਹੇ ਪ੍ਰਬੰਧਾਂ ਵਿੱਚ ਕੋਈ ਵੀ ਕਮੀ ਨਹੀਂ ਸੀ ਇਸ ਤਰ੍ਹਾਂ ਦੇ ਪ੍ਰੋਗਰਾਮ ਹੋਣੇ ਬਹੁਤ ਜ਼ਰੂਰੀ ਹਨ ਸੋ ਸੰਸਥਾਵਾਂ ਨੂੰ ਅਜਿਹੇ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਂਪਾਂ ਵਿੱਚ ਰਜਿਸਟ੍ਰੇਸ਼ਨ ਕਰਵਾਉਣ ਜ਼ਿਲ੍ਹਾ ਵਾਸੀ : ਡੀ. ਸੀ.



ਬਰਨਾਲਾ, 2 ਮਾਰਚ (ਬਘੇਲ ਸਿੰਘ ਧਾਲੀਵਾਲ) : ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹਾ ਬਰਨਾਲਾ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਵਾਰਡਾਂ ਵਿਚ ਕੈਂਪ ਲਗਾਤਾਰ ਲਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਸਿਵਲ ਹਸਪਤਾਲ ਬਰਨਾਲਾ, ਸਬ-ਡਿਵੀਜ਼ਨਲ ਹਸਪਤਾਲ ਤਪਾ, ਸੀ.ਐਚ.ਸੀ ਧਨੌਲਾ, ਸੀ.ਐਚ.ਸੀ ਮਹਿਲ ਕਲਾਂ, ਸੀ.ਐਚ.ਸੀ ਭਦੌੜ, ਸੀ.ਐਚ.ਸੀ ਚੰਨਣਵਾਲ ਤੋਂ ਇਲਾਵਾ 9 ਪ੍ਰਾਈਵੇਟ ਹਸਪਤਾਲ ਸੂਚੀਬੱਧ ਕੀਤੇ ਗਏ ਹਨ ਜਿਨ੍ਹਾਂ ਵਿਚ ਤੱਥਗੁਰੂ ਹਸਪਤਾਲ, ਡਾ. ਪਰਦੀਪ ਸ਼ਰਮਾ ਹਸਪਤਾਲ, ਡਾ. ਨਰੇਸ਼ ਹਸਪਤਾਲ ਅਤੇ ਹਾਰਟ ਸੈਂਟਰ, ਪੰਜਾਬ ਆਈ ਹਸਪਤਾਲ, ਤ੍ਰਿਲੋਕੀ ਆਈ ਹਸਪਤਾਲ ਅਤੇ ਰੈਟੀਨਾ ਸੈਂਟਰ, ਲਾਈਫਲਾਈਨ ਮਲਟੀ ਸਪੈਸ਼ਲਿਟੀ ਹਸਪਤਾਲ, ਗੁਰੂ ਨਾਨਕ ਡਾਇਲਸਿਸ ਸੈਂਟਰ, ਹਰੀਓਮ ਹਸਪਤਾਲ, ਭੀਮ ਨਰਸਿੰਗ ਹੋਮ ਸ਼ਾਮਲ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ਅੱਜ 3 ਮਾਰਚ ਨੂੰ ਰਜਿਸਟ੍ਰੇਸ਼ਨ ਕੈਂਪ ਵਾਰਡ ਨੰਬਰ 23 ਬਰਨਾਲਾ, ਵਾਰਡ ਨੰਬਰ 44 (ਨਿਊ) ਬਰਨਾਲਾ, ਵਾਰਡ ਨੰਬਰ 10 ਬਰਨਾਲਾ, ਵਾਰਡ ਨੰਬਰ 12 ਬਰਨਾਲਾ, ਵਾਰਡ ਨੰਬਰ 11 ਧਨੌਲਾ, ਵਾਰਡ ਨੰਬਰ 5 ਧਨੌਲਾ, ਵਾਰਡ ਨੰਬਰ 12 ਹੰਡਿਆਇਆ, ਪਿੰਡ ਬਖਤਗੜ੍ਹ, ਕੈਰੇ, ਗੁਰਮ, ਗੁੰਮਟੀ, ਮਨਾਲ, ਕੁਰੜ, ਮੌੜ ਨਾਭਾ, ਕਾਹਨੇਕੇ, ਉਗੋਕੇ, ਰਾਮਗੜ੍ਹ, ਖਿਆਲੀ, ਬੁਰਜ ਫਤਿਹਗੜ੍ਹ, ਰੂੜੇਕੇ ਖੁਰਦ ਅਤੇ ਧਰਮਪੁਰਾ ਵਿਚ ਲਗੇ ਅਤੇ 6 ਦਿਨ ਚੱਲਣਗੇ।

# ਭਦੌੜ ਦੀ ਧੀ ਖੁਸ਼ਬੂ ਗੁਪਤਾ ਅਤੇ ਪਤੀ ਤੇਲੰਗਾਨਾ ਵਿੱਚ ਬਣੇ ਡਿਪਟੀ ਕਮਿਸ਼ਨਰ





ਭਦੌੜ, 2 ਮਾਰਚ (ਸੁਖਵਿੰਦਰ ਪਲਾਹਾ) : ਭਦੌੜ ਦੇ ਪ੍ਰਸਿੱਧ ਸਮਾਜਸੇਵੀ ਡਾਕਟਰ ਵਿਪਨ ਗੁਪਤਾ ਦੀ ਸਪੁੱਤਰੀ ਖੁਸ਼ਬੂ ਗੁਪਤਾ ਭਾਰਤੀ ਪ੍ਰਸ਼ਾਸਨਿਕ ਸੇਵਾ ਅਧਿਕਾਰੀ ਅਤੇ ਉਹਨਾਂ ਦੇ ਪਤੀ ਦੀਪਕ ਤਿਵਾੜੀ ਭਾਰਤੀ ਪ੍ਰਸ਼ਾਸਨਿਕ ਸੇਵਾ ਅਧਿਕਾਰੀ ਨੇ ਤੇਲੰਗਾਨਾ ਰਾਜ ਵਿੱਚ ਡਿਪਟੀ ਕਮਿਸ਼ਨਰ ਵਜੋਂ ਕਾਰਜਭਾਰ ਸੰਭਾਲ ਲਿਆ ਹੈ। ਇਸ ਸਫਲਤਾ ਦੀ ਸੂਚਨਾ ਮਿਲਦਿਆਂ ਹੀ ਡਾਕਟਰ ਵਿਪਨ ਗੁਪਤਾ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ ਹੈ ਅਤੇ ਲੋਕ ਪਰਿਵਾਰ ਦੀ ਇਸ ਪ੍ਰਾਪਤੀ 'ਤੇ ਮਾਣ ਮਹਿਸੂਸ ਕਰ ਰਹੇ ਹਨ। ਖੁਸ਼ਬੂ ਗੁਪਤਾ ਨੂੰ ਮਹਿਬੂਬ ਨਗਰ ਜ਼ਿਲ੍ਹੇ ਦਾ ਡੀ.ਸੀ. ਨਿਯੁਕਤ ਕੀਤਾ ਗਿਆ ਹੈ, ਜਦਕਿ ਉਹਨਾਂ ਦੇ ਪਤੀ ਦੀਪਕ ਤਿਵਾੜੀ ਨੇ ਵਿਕਾਰਾਬਾਦ ਜ਼ਿਲ੍ਹੇ ਦੇ ਡੀ.ਸੀ. ਵਜੋਂ ਅਹੁਦਾ ਸੰਭਾਲਿਆ ਹੈ। ਇਹ ਦੋਵੇਂ ਜ਼ਿਲ੍ਹੇ ਤੇਲੰਗਾਨਾ ਦੀ ਰਾਜਧਾਨੀ ਹੈਦਰਾਬਾਦ ਦੇ ਬਹੁਤ ਨਜ਼ਦੀਕ ਸਥਿਤ ਹਨ ਅਤੇ ਪ੍ਰਸ਼ਾਸਨਿਕ ਨਜ਼ਰੀਏ ਤੋਂ ਬਹੁਤ ਮਹੱਤਵਪੂਰਨ ਮੰਨੇ ਜਾਂਦੇ ਹਨ। ਵਿਸ਼ੇਸ਼ ਗੱਲ ਇਹ ਹੈ ਕਿ ਵਿਕਾਰਾਬਾਦ ਜ਼ਿਲ੍ਹਾ ਉੱਥੋਂ ਦੇ ਮੁੱਖ ਮੰਤਰੀ ਦਾ ਵਿਧਾਨ ਸਭਾ ਖੇਤਰ ਹੋਣ ਕਾਰਨ ਖ਼ਾਸ ਅਹਿਮੀਅਤ ਰੱਖਦਾ ਹੈ। ਇੱਕੋ ਪਰਿਵਾਰ ਦੇ ਦੋ ਮੈਂਬਰਾਂ ਦਾ ਇੰਨੇ ਉੱਚ ਪ੍ਰਸ਼ਾਸਨਿਕ ਅਹੁਦਿਆਂ 'ਤੇ ਪਹੁੰਚਣਾ ਭਦੌੜ ਵਰਗੇ ਛੋਟੇ ਸ਼ਹਿਰ ਲਈ ਬਹੁਤ ਵੱਡੀ ਉਪਲੱਬਧੀ ਹੈ। ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਖੁਸ਼ਬੂ ਗੁਪਤਾ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਇਹ ਮੁਕਾਮ ਹਾਸਿਲ ਕਰਕੇ ਹੋਰਨਾਂ ਧੀਆਂ ਲਈ ਮਿਸਾਲ ਪੈਦਾ ਕੀਤੀ ਹੈ। ਸ਼ਹਿਰ ਦੇ ਪਤਵੰਤੇ ਸੱਜਣਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਸਮੇਤ ਨਾਗਰਿਕਾਂ ਨੇ ਡਾਕਟਰ ਵਿਪਨ ਗੁਪਤਾ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਹਨ ਅਤੇ ਇਸ ਨੂੰ ਇਲਾਕੇ ਦੀ ਵੱਡੀ ਕਾਮਯਾਬੀ ਦੱਸਿਆ ਹੈ। ਧੀ ਅਤੇ ਜਵਾਈ ਦੀ ਇਸ ਸ਼ਾਨਦਾਰ ਨਿਯੁਕਤੀ ਨੇ ਭਦੌੜ ਦੇ ਮਾਣ-ਸਨਮਾਨ ਨੂੰ ਪੂਰੇ ਦੇਸ਼ ਵਿੱਚ ਵਧਾਇਆ ਹੈ। ਜਿਕਰਯੋਗ ਹੈ ਕਿ ਸਮਾਜ ਸੇਵੀ ਡਾਕਟਰ ਵਿਪਨ ਗੁਪਤਾ ਸਮੇਂ ਸਮੇਂ ਤੇ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਨੂੰ ਸਹੀ ਸੇਧ ਦੇਣ ਲਈ ਹਰ ਹਰ ਸਮੇਂ ਤਤਪਰ ਰਹਿੰਦੇ ਹਨ ਅਤੇ ਉਹਨਾਂ ਨੂੰ ਸਹੀ ਰਸਤਾ ਚੁਣਨ ਤੇ ਤਰੱਕੀ ਵੱਲ ਵੱਧਣ ਦਾ ਸਟੀਕ ਰਸਤਾ ਦੱਸਦੇ ਰਹਿੰਦੇ ਹਨ।

## ਸਿਰਜਣਾ ਮੇਲਾ-3 ਸਫ਼ਲਤਾਪੂਰਵਕ : ਔਰਤਾਂ ਦਾ ਸੰਤਾਪ ਹਰ ਸਮੇਂ ਵੱਖਰਾ ਹੁੰਦਾ ਹੈ, ਜੂਝਣਾ, ਚੇਤੰਨ ਹੋਣਾ ਹੀ ਔਰਤਾਂ ਦਾ ਅਸਲ ਵਿਕਾਸ ਹੈ : ਡਾ. ਨਵਦੀਪ ਕੌਰ



ਬਰਨਾਲਾ, 2 ਮਾਰਚ (ਹਮੀਰ ਸਿੰਘ ਬਰਨਾਲਾ/ਇਸ਼ੇਨ ਕੰਗ) : ਸਿਰਜਣਾ ਅਤੇ ਸੰਵਾਦ ਸਾਹਿਤ ਸਭਾ ਰਜਿ: ਬਰਨਾਲ੍ਹਾ ਦੇ ਪ੍ਰਧਾਨ ਅੰਜਨਾ ਮੈਨਨ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ 25ਵਾਂ ਸਾਹਿਤਕ ਸਮਾਗਮ ਅਤੇ ਸਿਰਜਣਾ ਮੇਲਾ- 3 ਮਿਤੀ 1-3-2026 ਨੂੰ ਐੱਸ. ਡੀ. ਕਾਲਜ ਆਫ ਐਜੂਕੇਸ਼ਨ ਬਰਨਾਲ੍ਹਾ ਵਿਖੇ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਡਾ. ਨਵਦੀਪ ਕੌਰ ਮੁਖੀ ਪੋਸਟ ਗਰੇਜੂਏਟ ਸਟੱਡੀਸ ਵਿਭਾਗ ਪੰਜਾਬੀ ਯੂਨੀਵਰਸਿਟੀ ਰਿਜਨਲ ਸੈਂਟਰ ਬਠਿੰਡਾ ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤੀ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਰੁਪਿੰਦਰ ਰੂਪੀ ਪੰਜਾਬੀ ਫ਼ਿਲਮ ਅਦਾਕਾਰਾ ਸਨ। ਪਹਿਲੇ ਸੈਸ਼ਨ ਦੀ ਸ਼ੁਰੂਆਤ ਸਭਾ ਦੀ ਮੀਤ ਪ੍ਰਧਾਨ ਮਨਦੀਪ ਕੌਰ ਭਦੌੜ ਵੱਲੋਂ ਸਭ ਨੂੰ ਜੀ ਆਇਆ ਨੂੰ ਕਹਿਣ ਤੋਂ ਬਾਅਦ ਪ੍ਰੋ ਹਰਪ੍ਰੀਤ ਕੌਰ ਨੇ ਲਿੰਗ ਸੰਵੇਦਨਾ ਅਤੇ ਭਾਰਤੀ ਸਮਾਜ ਵਿਸ਼ੇ ਉਤੇ ਆਪਣੇ ਵਿਚਾਰ ਪ੍ਰਗਟ ਕਰਕੇ ਕੀਤੀ। ਦੂਸਰੇ ਬੁਲਾਰੇ ਇਕਬਾਲ ਕੌਰ ਉਦਾਸੀ ਜੀ ਨੇ ਭਾਰਤੀ ਸਮਾਜ ਵਿੱਚ ਦੋਹਰੇ ਮਾਪਦੰਡ ਦੀ ਸੋਚ ਨੂੰ ਨਕਾਰਦਿਆਂ ਔਰਤਾਂ ਨੂੰ ਕਰੇ ਅਤੇ ਕੰਮ ਦੇ ਥਾਵਾਂ ਉੱਤੇ ਇੱਕ ਇਨਸਾਨ ਸਮਝਣ ਅਤੇ ਸਨਮਾਨ ਦੇਣ ਦੀ ਪ੍ਰੋੜਤਾ ਕੀਤੀ। ਮੁੱਖ ਬੁਲਾਰੇ ਡਾ. ਕੁਲਦੀਪ ਸਿੰਘ ਦੀਪ ਨੇ ਸੰਸਾਰ ਵਿੱਚ ਫੈਲੀ ਐਪਸਟੀਨ ਫਾਈਲ ਦੀ ਭਿਆਨਕ ਤ੍ਰਾਸਦੀ ਬਾਰੇ ਦੱਸਦਿਆਂ ਛੋਟੀਆਂ ਕੁੜੀਆਂ ਅਤੇ ਔਰਤਾਂ ਦੀ ਸੁਰੱਖਿਆ ਸਬੰਧੀ ਵਿਸ਼ੇਸ਼ ਚਿੰਤਾ ਜ਼ਾਹਰ ਕੀਤੀ। ਉਹਨਾਂ ਨੇ ਭਾਸ਼ਾ ਲਿੰਗ ਵਿਤਕਰੇ ਨਾਲ ਨਵੀਂ ਚੇਤਨਾ ਛੋਹੀ। ਡਾ ਭੁਪਿੰਦਰ ਸਿੰਘ ਬੇਦੀ, ਗੁਰਮੇਲ ਸਿੰਘ ਬੌਡੇ, ਪ੍ਰਸ਼ੋਤਮ ਪੱਤੋ ਅਤੇ ਚਰਨਜੀਤ ਕੌਰ ਨੇ ਵੀ ਇਸ ਸਾਰਥਕ ਚਰਚਾ ਵਿੱਚ ਆਪਣੇ ਵਿਚਾਰ ਪੇਸ਼ ਕੀਤੇ। ਦੂਸਰੇ ਸੈਸ਼ਨ ਵਿੱਚ ਪੰਜਾਬ ਭਰ ਤੋਂ ਕਵੀਆਂ ਦੀ ਚੋਣ ਕੀਤੀ ਗਈ ਸੀ ਜਿਸ ਵਿਚੋਂ ਸਿਮਰਜੀਤ ਕੌਰ ਗਰੇਵਾਲ, ਦੀਪ ਲੁਧਿਆਣਵੀ, ਜਸਵਿੰਦਰ ਕੌਰ ਜੱਸੀ, ਸਰਬਜੀਤ ਕੌਰ ਢਿੱਲੋਂ, ਰਾਜਵਿੰਦਰ ਜਟਾਣਾ, ਪੂਜਾ ਪੁੰਡਰਕ, ਮਨਦੀਪ ਕੌਰ ਖਹਿਰਾ, ਗੁਰਜੀਤ ਕੌਰ ਰਾਣੂ, ਅਮਰਦੀਪ ਕੌਰ ਸੰਘਾ, ਪ੍ਰਿੰ.ਸੁਰਿੰਦਰਪਾਲ ਕੌਰ ਪਨੂੰ, ਕਿਰਨਦੀਪ ਕੌਰ ਭਾਈਰੂਪਾ, ਅਰਸ਼ਪ੍ਰੀਤ ਕੌਰ ਪਟਿਆਲਾ , ਮਨਦੀਪ ਕੌਰ ਧਰਮਕੋਟ, ਸੁਖਦਰਸ਼ਨ ਕੌਰ ਬਰਨਾਲਾ, ਕਿਰਨ ਲਤਾ, ਨਿਰਮਲ ਕੌਰ, ਰੁਪਿੰਦਰ ਕੌਰ ਸ਼ਹਿਣਾ, ਗੁਰਬਿੰਦਰ ਕੌਰ ਗਿੱਲ ਬੱਧਨੀ ਨੇ ਆਪਣੀਆਂ ਖੂਬਸੂਰਤ ਕਵਿਤਾਵਾਂ ਨਾਲ ਹਾਜ਼ਰੀ ਲਵਾਈ। ਇਸ ਉਪਰੰਤ ਸਭਾ ਵੱਲੋਂ ਚਾਰ 'ਸਿਰਜਣਹਾਰੀ ਪੁਰਸਕਾਰ' ਵੀ ਭੇਂਟ ਕੀਤੇ ਗਏ।ਜਿਨਾ ਵਿੱਚੋਂ ਪਹਿਲਾ ਡਾ. ਸਰਬਜੀਤ ਕੌਰ ਬਰਾੜ (ਪ੍ਰਧਾਨ ਸਿਰਜਣਾ ਅਤੇ ਸੰਵਾਦ ਸਾਹਿਤ ਸਭਾ ਮੋਗਾ ਇਕਾਈ, ਸਮਾਜਸੇਵੀ ਅਤੇ ਕਵਿਤਰੀ) ਦੂਸਰਾ ਮੈਡਮ ਰਵੀਨਾ ਖਾਨ (ਪ੍ਰੈਜ਼ੀਡੈਂਟ ਕਾਫ਼ਿਲਾ- ਏ- ਮੀਰ ਆਲ ਇੰਡੀਆ ਰਜਿ: ਪਟਿਆਲਾ ਅਤੇ ਸਮਾਜਸੇਵੀ ) ਤੀਸਰਾ ਬੇਅੰਤ ਕੌਰ ਨਿਹਾਲ ਸਿੰਘ ਵਾਲਾ (ਨਾਟਕਕਾਰਾ ਅਤੇ ਅਲੋਚਕ) ਚੌਥਾ ਜਸਵੀਰ ਕੌਰ (ਪ੍ਰੈੱਸ ਸਕੱਤਰ ਇਸਤਰੀ ਜਾਗ੍ਰਤੀ ਮੰਚ ਪੰਜਾਬ) ਜੀ ਨੂੰ ਭੇਂਟ ਕੀਤਾ ਗਿਆ। ਪੱਤਰਕਾਰ ਭਾਈਚਾਰੇ ਵਿੱਚੋਂ ਸਹਿਯੋਗ ਦੇਣ ਲਈ ਨਿਰਮਲ ਸਿੰਘ ਪੰਡੋਰੀ ਅਤੇ ਬਘੇਲ ਸਿੰਘ ਧਾਲੀਵਾਲ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਅਤੇ ਤਿੰਨ ਸਾਹਿਤਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਵਿੱਚ ਆਏ ਸਾਰੇ ਪ੍ਰਧਾਨਗੀ ਮੰਡਲ ਅਤੇ ਕਵੀ ਜਨਾ ਦਾ ਸਭਾ ਵੱਲੋਂ ਇੱਕ ਸਨਮਾਨ ਚਿੰਨ ਅਤੇ ਤਿੰਨ ਤਿੰਨ ਸਾਹਿਤਕ ਪੁਸਤਕਾਂ ਨਾਲ ਸਨਮਾਨ ਕੀਤਾ ਗਿਆ।

ਇਸ ਮੌਕੇ ਬਲਵੀਰ ਕੌਰ, ਜਸਪ੍ਰੀਤ ਕੌਰ ਬੱਬੂ, ਜਸਵੀਰ ਕੌਰ ਬਾਵਾ, ਰਜਿੰਦਰ ਕੌਰ, ਸ਼ਰਨਜੀਤ ਕੌਰ, ਮਨੀਸ਼ਾ, ਆਸ਼ਾ ਕੌਰ, ਵੀਰਪਾਲ ਕੌਰ, ਰੁਪਿੰਦਰ ਕੌਰ, ਮਹਿਰਪ੍ਰੀਤ, ਮਨਦੀਪ ਕੌਰ, ਹਰਨੀਤ ਕੌਰ, ਚਰਨਜੀਤ ਕੌਰ, ਸਰਗਮ, ਡਾ.ਜੀਤ ਕੌਰ, ਡਾ. ਰਿਪੂਜੋਤ, ਹਰਨੀਤ ਕੌਰ, ਸਰਬਜੀਤ ਕੌਰ ਢਿੱਲੋ, ਡਾ.ਤੇਜਾ ਸਿੰਘ ਤਿਲਕ, ਸੰਪੂਰਨ ਸਿੰਘ ਟੱਲੇਵਾਲ, ਅਮਨਦੀਪ ਸਿੰਘ ਟੱਲੇਵਾਲ, ਹਾਕਮ ਸਿੰਘ ਰੂੜੇਕੇ, ਰਘਵੀਰ ਸਿੰਘ ਗਿੱਲ ਕੱਟੂ, ਬਿਰਜ ਲਾਲ ਗੋਇਲ, ਤੇਜਿੰਦਰ ਸਿੰਘ ਚੰਡਿਹੋਕ, ਚਰਨ ਸਿੰਘ ਭਦੌੜ, ਹਰਮੇਲ ਸਿੰਘ, ਜਗਜੀਤ ਸਿੰਘ, ਸੁਹੇਲ ਖਾਨ, ਜਸਵੀਰ ਸਿੰਘ, ਬਲਦੇਵ ਸਿੰਘ, ਜੁਗਰਾਜ ਚੰਦ ਰਾਏਸਰ, ਹੰਸ ਸਿੰਘ ਸੋਹੀ ਭਗਤਾ, ਮਨਜੀਤ ਸਿੰਘ ਰਾਣੂ ਏਕਮਜੋਤ ਸਿੰਘ ਰਾਣੂ, ਈਸ਼ਾਨ, ਜਸਪਾਲ ਸਿੰਘ, ਅਵਤਾਰ ਸਿੰਘ, ਹਰਪ੍ਰੀਤ ਸਿੰਘ ਮੋਗਾ, ਤਰਨਦੀਪ ਸਿੰਘ, ਗੁਰਵਿੰਦਰ ਸਿੰਘ, ਹਮੀਰ ਸਿੰਘ ਆਦਿ ਨੇ ਸ਼ਿਰਕਤ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਉਰਵਸ਼ੀ ਗੁਪਤਾ ਜੀ ਨੇ ਬਾਖੂਬੀ ਨਿਭਾਈ। ਸਭ ਲਈ ਚਾਹ ਪਾਣੀ ਅਤੇ ਖਾਣੇ ਦਾ ਪ੍ਰਬੰਧ ਕੀਤਾ ਗਿਆ ਸੀ।



# ਪਟਿਆਲਾ-ਆਸ/ਪਾਸ



*ਅਦਾਲਤ ਦੇ ਫੈਸਲੇ 'ਤੇ ਖੁਸ਼ੀ ਦੀ ਲਹਿਰ*

## ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਵਧਾਈ



ਸਨੌਰ, 2 ਮਾਰਚ (ਪ੍ਰਥਮ ਕੁਮਾਰ) : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਮਾਣਯੋਗ ਅਦਾਲਤ ਵੱਲੋਂ ਸ਼ਰਾਬ ਘੁਟਾਲਾ ਮਾਮਲੇ ਵਿੱਚ ਬਰੀ ਕੀਤੇ ਜਾਣ ਤੋਂ ਬਾਅਦ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ ਹੈ। ਇਸ ਸਬੰਧੀ ਕਨਵੇਅਰ ਵਿਭਾਗ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਅਤੇ ਖੁਸ਼ੀ ਸਾਂਝੀ ਕੀਤੀ ਗਈ। ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਅਦਾਲਤ ਦੇ ਫ਼ੈਸਲੇ ਨਾਲ ਸੱਚਾਈ ਦੀ ਜਿੱਤ ਹੋਈ ਹੈ ਅਤੇ ਇਹ ਫ਼ੈਸਲਾ ਰਾਜਨੀਤੀ ਵਿੱਚ ਇਮਾਨਦਾਰੀ ਦੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਚੱਲ ਰਹੇ ਇਸ ਮਾਮਲੇ ਕਾਰਨ ਪਾਰਟੀ ਅਤੇ ਉਸਦੇ ਆਗੂਆਂ ਨੂੰ ਬੇਵਜ੍ਹਾ ਨਿਸ਼ਾਨਾ ਬਣਾਇਆ ਗਿਆ, ਪਰ ਹੁਣ ਅਦਾਲਤ ਦੇ ਫ਼ੈਸਲੇ ਨਾਲ ਸਾਰੇ ਦੋਸ਼ ਨਿਰਾਧਾਰ ਸਾਬਤ ਹੋ ਗਏ ਹਨ। ਸੰਧੂ ਨੇ ਕਿਹਾ ਕਿ ਇਹ ਫ਼ੈਸਲਾ ਲੋਕਾਂ ਦੇ ਭਰੋਸੇ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਪਾਰਟੀ ਹੋਰ ਜੋਸ਼ ਨਾਲ ਲੋਕ ਸੇਵਾ ਵਿੱਚ ਜੁਟੇਗੀ। ਇਸ ਮੌਕੇ ਸੰਧੂ ਨੇ ਸੁਨੀਤਾ ਕੇਜਰੀਵਾਲ ਨੂੰ ਵੀ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਮੁਸ਼ਕਲ ਸਮੇਂ ਦੌਰਾਨ ਉਨ੍ਹਾਂ ਨੇ ਪਰਿਵਾਰ ਅਤੇ ਪਾਰਟੀ ਦਾ ਹੌਸਲਾ ਬਣਾਈ ਰੱਖਿਆ। ਉਨ੍ਹਾਂ ਕਿਹਾ ਕਿ ਇਹ ਸਮਾਂ ਪਾਰਟੀ ਲਈ ਨਵੀਂ ਊਰਜਾ ਨਾਲ ਅੱਗੇ ਵਧਣ ਦਾ ਹੈ ਅਤੇ ਆਮ ਆਦਮੀ ਪਾਰਟੀ ਲੋਕ-ਹਿਤ ਨੀਤੀਆਂ ਨੂੰ ਹੋਰ ਤਾਕਤ ਨਾਲ ਅੱਗੇ ਲੈ ਕੇ ਜਾਵੇਗੀ। ਸੰਧੂ ਨੇ ਅੱਗੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪਾਰਟੀ ਨੇ ਹਮੇਸ਼ਾ ਸਿੱਖਿਆ, ਸਿਹਤ ਅਤੇ ਲੋਕ ਭਲਾਈ ਦੇ ਮੁੱਦਿਆਂ ਨੂੰ ਤਰਜੀਹ ਦਿੱਤੀ ਹੈ ਅਤੇ ਭਵਿੱਖ ਵਿੱਚ ਵੀ ਇਹ ਯਤਨ ਜਾਰੀ ਰਹਿਣਗੇ।

## ਸਮਾਣਾ ਬੰਦ ਨੂੰ ਮਿਲਿਆ ਭਰਵਾਂ ਹੁੰਗਾਰਾ

### ➢ਧਰਮ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਦੀ ਮੰਗ





ਸਮਾਣਾ, 2 ਮਾਰਚ (ਵਿਜੇ ਕੁਮਾਰ/ਨਿਖਿਲ ਗਰਗ/ਸੁਖਜਿੰਦਰ/ਜਵੰਦਾ/ਅਮਿਤ ਸ਼ਰਮਾ): ਧਰਮ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਵਿੱਚ ਲਗਾਏ ਗਏ ਧਰਨੇ ਦੇ ਸੱਤਵੇਂ ਦਿਨ ਧਰਮ ਯੁੱਧ ਮੋਰਚਾ ਦੀ ਕਮੇਟੀ ਵੱਲੋਂ ਸੋਮਵਾਰ ਨੂੰ ਦਿੱਤਾ ਗਿਆ 'ਸਮਾਣਾ ਬੰਦ' ਦਾ ਸੱਦਾ ਪੂਰੀ ਤਰ੍ਹਾਂ ਸਫਲ ਰਿਹਾ। ਬੰਦ ਦੌਰਾਨ ਸ਼ਹਿਰ ਦੇ ਸਾਰੇ ਬਾਜ਼ਾਰ ਅਤੇ ਦੁਕਾਨਾਂ ਮੁਕੰਮਲ ਰੂਪ ਵਿੱਚ ਬੰਦ ਰਹੀਆਂ।ਇਸ ਮੌਕੇ ਕਮੇਟੀ ਦੀ ਅਗਵਾਈ ਹੇਠ ਸਿੱਖ ਜਥੇਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਇੱਕ ਰੋਸ ਮਾਰਚ ਕੱਢਿਆ ਗਿਆ। ਇਸ ਰੋਸ ਮਾਰਚ ਵਿੱਚ ਸੈਂਕੜੇ ਮਰਦ ਅਤੇ ਔਰਤਾਂ ਧਰਮ ਯੁੱਧ ਮੋਰਚਾ ਦੀ ਛਾਪ ਵਾਲੇ ਬਸੰਤੀ ਰੰਗ ਦੇ ਝੰਡੇ ਲੈ ਕੇ ਸ਼ਾਮਲ ਹੋਏ। ਬਾਬਾ ਬੰਦਾ ਸਿੰਘ ਬਹਾਦਰ ਚੌਕ ਤੋਂ ਸ਼ੁਰੂ ਹੋਇਆ ਇਹ ਰੋਸ ਮਾਰਚ ਸ਼ਹਿਰ ਦੀਆਂ ਮੁੱਖ ਸੜਕਾਂ ਅਤੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਵਾਪਸ ਧਰਨਾ ਸਥਾਨ 'ਤੇ ਪਹੁੰਚ ਕੇ ਸਮਾਪਤ ਹੋਇਆ। ਰੋਸ ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟ ਕੀਤਾ।ਧਰਨੇ ਨੂੰ ਸੰਬੋਧਨ ਕਰਦਿਆਂ ਮੋਰਚਾ ਕਮੇਟੀ ਦੇ ਕੋ-ਆਰਡੀਨੇਟਰ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਸਮਾਣਾ ਨਿਵਾਸੀਆਂ ਨੇ ਮੁਕੰਮਲ ਬੰਦ ਰੱਖ ਕੇ ਅਤੇ ਰੋਸ ਮਾਰਚ ਵਿੱਚ ਸ਼ਾਮਲ ਹੋ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਉਹ ਬੇਅਦਬੀ ਵਿਰੁੱਧ ਕਾਨੂੰਨ ਬਣਾਉਣ ਦੀ ਮੰਗ ਦਾ ਪੂਰਨ ਸਮਰਥਨ ਕਰਦੇ ਹਨ। ਪਿਛਲੇ 520 ਦਿਨਾਂ ਤੋਂ 400 ਫੁੱਟ ਉੱਚੇ ਬੀ.ਐਸ.ਐਨ.ਐਲ. ਟਾਵਰ 'ਤੇ ਬੈਠੇ ਗੁਰਜੀਤ ਸਿੰਘ ਖਾਲਸਾ ਦੀ ਮੰਗ ਜਾਇਜ਼ ਹੈ ਅਤੇ ਪੰਜਾਬ ਸਰਕਾਰ ਨੂੰ ਹੁਣ ਬਿਨਾਂ ਕਿਸੇ ਦੇਰੀ ਦੇ ਸਖ਼ਤ ਕਾਨੂੰਨ ਬਣਾਉਣਾ ਚਾਹੀਦਾ ਹੈ।ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਡੀ.ਐਸ.ਪੀ. ਸਮਾਣਾ ਫਤਿਹ ਸਿੰਘ ਬਰਾੜ ਦੀ ਅਗਵਾਈ ਹੇਠ ਭਾਰੀ ਪੁਲਿਸ ਫੋਰਸ ਤਾਇਨਾਤ ਰਹੀ।

## ਕਾਰ ਦੀ ਟੱਕਰ ਨਾਲ ਬਾਈਕ ਸਵਾਰ ਦੀ ਮੌਤ



ਸਮਾਣਾ, 2 ਮਾਰਚ (ਵਿਜੇ ਕੁਮਾਰ) : ਸਮਾਣਾ-ਚੀਕਾ ਰੋਡ 'ਤੇ ਇੱਕ ਤੇਜ਼ ਰਫ਼ਤਾਰ ਕਾਰ ਦੀ ਟੱਕਰ ਵੱਜਣ ਕਾਰਨ ਬਾਈਕ ਸਵਾਰ ਕਿਸਾਨ ਦੀ ਮੌਤ ਹੋ ਗਈ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ ਹੈ।ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐਸ.ਆਈ. ਰਾਜਕੁਮਾਰ ਸ਼ਰਮਾ ਨੇ ਦੱਸਿਆ ਕਿ ਮ੍ਰਿਤਕ ਤੇਜਿੰਦਰ ਸਿੰਘ (51) ਦੇ ਪਿਤਾ ਸੁਖਵੰਤ ਸਿੰਘ, ਨਿਵਾਸੀ ਪਿੰਡ ਰਾਮਨਗਰ ਵੱਲੋਂ ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ ਅਨੁਸਾਰ 28 ਫਰਵਰੀ ਦੀ ਸ਼ਾਮ ਨੂੰ ਤੇਜਿੰਦਰ ਸਿੰਘ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਮਾਣਾ ਵੱਲ ਜਾ ਰਿਹਾ ਸੀ, ਜਦੋਂ ਉਹ ਪਿੰਡ ਕਮਾਲਪੁਰ ਨੇੜੇ ਪਹੁੰਚਿਆ ਤਾਂ ਇੱਕ ਤੇਜ਼ ਰਫ਼ਤਾਰ ਕਾਰ ਚਾਲਕ ਨੇ ਲਾਪਰਵਾਹੀ ਨਾਲ ਆਪਣੀ ਗੱਡੀ ਉਸ ਵਿੱਚ ਮਾਰ ਦਿੱਤੀ।ਟੱਕਰ ਕਾਰਨ ਉਹ ਸੜਕ 'ਤੇ ਡਿੱਗ ਗਿਆ ਅਤੇ ਗੰਭੀਰ ਜ਼ਖ਼ਮੀ ਹੋ ਗਿਆ, ਜਦੋਂ ਉਸ ਨੂੰ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਅਧਿਕਾਰੀ ਮੁਤਾਬਕ ਅਣਪਛਾਤੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ ਅਤੇ ਦੋ ਧੀਆਂ ਛੱਡ ਗਿਆ ਹੈ।

*ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲਾ*

## ਆਖਰੀ ਦਿਨ ਬੇਬੀ ਸ਼ੋਅ 'ਚੋਂ ਮੰਨਤ ਤੇ ਜਸਕੀਰਤ ਕੌਰ ਰਹੀਆਂ ਮੋਹਰੀ



ਪਟਿਆਲਾ, 2 ਮਾਰਚ (ਚ.ਨ.ਸ.) : ਇੱਥੇ ਸ਼ੀਸ਼ ਮਹਿਲ ਵਿਖੇ ਪੰਜਾਬ ਸਰਕਾਰ ਦੀ ਅਗਵਾਈ 'ਚ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਸ੍ਰੀ ਵਰਜੀਤ ਵਾਲੀਆ ਦੀ ਸਰਪ੍ਰਸਤੀ 'ਚ ਲਗਾਏ ਗਏ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਦੇ ਆਖਰੀ ਦਿਨ ਬੇਬੀ ਸ਼ੋਅ ਕਰਵਾਇਆ ਗਿਆ। ਵਧੀਕ ਡਿਪਟੀ ਕਮਿਸ਼ਨਰ ਕਮ ਮੇਲਾ ਅਫ਼ਸਰ ਦਮਨਜੀਤ ਸਿੰਘ ਮਾਨ, ਸਹਾਇਕ ਮੇਲਾ ਅਫ਼ਸਰ ਨਮਨ ਮੜਕਨ ਐਸ.ਡੀ.ਐਮ. ਰਾਜਪੁਰਾ ਤੇ ਅਸ਼ੋਕ ਕੁਮਾਰ ਐਸ.ਡੀ.ਐਮ. ਪਾਤੜਾ ਦੀ ਦੇਖ-ਰੇਖ 'ਚ ਹੋਏ ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਪ੍ਰਦਰਸ਼ਨੀ (ਗੈਸਟ ਆਈਟਮ) ਦੇ ਤੌਰ 'ਤੇ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ। ਜੇਤੂਆਂ ਨੂੰ ਇਨਾਮ ਵੰਡਣ ਦੀ ਰਸਮ ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ, ਲੀਗਲ ਅਫ਼ਸਰ ਰਣਜੀਤ ਕੌਰ, ਭਾਸ਼ਾ ਵਿਭਾਗ ਪੰਜਾਬ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਪ੍ਰਿੰ. ਮਨਦੀਪ ਕੌਰ, ਹੈਡਮਿਸਟ੍ਰੈਸ ਰਪਿੰਦਰ ਗਰੇਵਾਲ ਤੇ ਡਾ. ਨਰਿੰਦਰ ਸਿੰਘ ਤੇਜਾ ਨੇ ਅਦਾ ਕੀਤੀ। ਬੇਬੀ ਸ਼ੋਅ ਦੌਰਾਨ ਪੰਜ ਸਾਲ ਤੋਂ ਘੱਟ ਉਮਰ ਵਰਗ ਦੇ ਬੱਚਿਆਂ 'ਚੋਂ ਜਸਕੀਰਤ ਕੌਰ ਪਹਿਲੇ, ਸ਼ਾਨਮੀਤ ਕੌਰ ਦੂਸਰੇ ਤੇ ਤਾਨਵੀ ਤੀਸਰੇ ਸਥਾਨ 'ਤੇ ਰਹੀ।ਪੰਜ ਸਾਲ ਤੋਂ ਵੱਧ ਉਮਰ ਵਰਗ ਦੇ ਬੱਚਿਆਂ 'ਚੋਂ ਮੰਨਤ ਪਹਿਲੇ, ਜਸ਼ਨਨੀਤ ਸਿੰਘ ਤੇ ਮਨਸ਼ੀਸਪਾਲ ਸਿੰਘ ਦੂਸਰੇ, ਅਰਸ਼ਨੂਰ ਸਿੰਘ ਤੇ ਅਵਿਰਾਜ ਸਿੰਘ ਤੀਸਰੇ ਸਥਾਨ 'ਤੇ ਰਹੇ। ਦਿਵਾਂਸ਼ੀ ਨੂੰ ਸਰਵੋਤਮ ਪੇਸ਼ਕਾਰ ਤੇ ਅਮਨਨੂਰ ਕੌਰ ਨੂੰ ਸਭ ਤੋਂ ਵੱਧ ਸਵੈਵਿਸ਼ਵਾਸੀ ਕਲਾਕਾਰ ਚੁਣਿਆ ਗਿਆ। ਇਨ੍ਹਾਂ ਮੁਕਾਬਲਿਆਂ 'ਚ ਵੱਡੀ ਗਿਣਤੀ 'ਚ ਬੱਚਿਆਂ ਨੇ ਹਿੱਸਾ ਲਿਆ ਅਤੇ ਕਲਾ ਦੀਆਂ ਵੱਖ-ਵੱਖ ਵੰਨਗੀਆਂ ਦਿਖਾਈਆਂ। ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਪ੍ਰੋ. ਮਮਤਾ ਸ਼ਰਮਾ ਤੇ ਜਗਪ੍ਰੀਤ ਕੌਰ ਨੇ ਕੀਤੀ। ਸ੍ਰੀਮਤੀ ਰੂਪਵੰਤ ਕੌਰ ਦੀ ਨਿਗਰਾਨੀ ਹੇਠ ਹੋਏ ਇਸ ਸਮਾਗਮ ਦਾ ਮੰਚ ਸੰਚਾਲਨ ਡਾ. ਨਰਿੰਦਰ ਸਿੰਘ ਤੇਜਾ ਤੇ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਬਾਖੂਬੀ ਕੀਤਾ।

## ਟੈਲੀ-ਮਾਨਸ ਮਾਨਸਿਕ ਸਿਹਤ ਸੇਵਾ 'ਚ ਕ੍ਰਾਂਤੀਕਾਰੀ ਕਦਮ : ਸਿਵਲ ਸਰਜਨ



ਮਲੇਰਕੋਟਲਾ, 2 ਮਾਰਚ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਟੈਲੀ-ਮਾਨਸ ਪ੍ਰੋਜੈਕਟ ਦਾ ਮਕਸਦ ਲੋਕਾਂ ਨੂੰ ਲੋੜ ਪੈਣ 'ਤੇ ਜਲਦ ਤੋਂ ਜਲਦ ਮੁਫ਼ਤ ਮਾਨਸਿਕ ਸਿਹਤ ਸਲਾਹ ਪ੍ਰਦਾਨ ਕਰਨਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਮਾਲੇਰਕੋਟਲਾ ਡਾ. ਰਮਨਦੀਪ ਸਿੰਗਲਾ ਨੇ ਦੱਸਿਆ ਕਿ ਇਹ ਸੇਵਾ ਪੰਜਾਬ ਵਿੱਚ 20 ਤੋਂ ਵੱਧ ਭਾਸ਼ਾਵਾਂ ਵਿੱਚ 24 ਘੰਟੇ ਉਪਲੱਬਧ ਹੈ, ਤਾਂ ਜੋ ਲੋੜ ਪੈਣ 'ਤੇ ਹਰ ਵਰਗ ਦੇ ਲੋਕ ਇਸ ਦਾ ਲਾਭ ਲੈ ਸਕਣ।ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ ਮਾਨਸਿਕ ਤਣਾਅ, ਡਿਪ੍ਰੈਸ਼ਨ, ਚਿੰਤਾ, ਘਬਰਾਹਟ, ਨਸ਼ੇ ਦੀ ਆਦਤ, ਪਰਿਵਾਰਕ ਸਮੱਸਿਆਵਾਂ ਜਾਂ ਹੋਰ ਮਨੋਵਿਗਿਆਨਕ ਦਿੱਕਤਾਂ ਸਬੰਧੀ ਮਦਦ ਲਈ ਟੋਲ-ਫ੍ਰੀ ਨੰਬਰ 1800-89-14416 ਜਾਂ 14416 'ਤੇ ਸੰਪਰਕ ਕਰ ਸਕਦਾ ਹੈ। ਕਾਲ ਕਰਨ ਵਾਲੇ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ ਅਤੇ ਸਿੱਖਿਅਤ ਕੌਂਸਲਰ ਤੁਰੰਤ ਸਲਾਹ ਅਤੇ ਮਾਰਗਦਰਸ਼ਨ ਪ੍ਰਦਾਨ ਕਰਦੇ ਹਨ।ਡਾ. ਸਿੰਗਲਾ ਨੇ ਕਿਹਾ ਕਿ ਟੈਲੀ-ਮਾਨਸ ਸੇਵਾ ਨਾਲ ਹੁਣ ਤੱਕ ਪੰਜਾਬ ਵਿੱਚ 35,000 ਤੋਂ ਵੱਧ ਲੋਕ ਲਾਭਾਨਵਿਤ ਹੋ ਚੁੱਕੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਮਾਨਸਿਕ ਸਿਹਤ ਵੀ ਸਰੀਰਕ ਸਿਹਤ ਜਿਤਨੀ ਹੀ ਮਹੱਤਵਪੂਰਨ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਮਨੋਵਿਗਿਆਨਕ ਪਰੇਸ਼ਾਨੀ ਦੌਰਾਨ ਹਿੰਮਤ ਨਾ ਹਾਰਦੇ ਹੋਏ ਟੈਲੀ-ਮਾਨਸ ਸੇਵਾ ਦਾ ਲਾਭ ਲੈਣ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੀਮਾ ਜੱਸਲ, ਐਸ.ਐਮ.ਓ ਅਹਿਮਦਗੜ੍ਹ ਡਾ. ਜੋਤੀ ਕਪੂਰ , ਮਾਨਸਿਕ ਰੋਗਾਂ ਦੇ ਮਾਹਿਰ ਡਾ. ਅਸ਼ੋਕ, ਮਾਸ ਮੀਡੀਆ ਵਿੰਗ ਤੋਂ ਰਣਬੀਰ ਸਿੰਘ ਢੰਡੇ ਹਾਜ਼ਰ ਰਹੇ।

## ਕੁੱਟਮਾਰ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਸਬੰਧੀ ਮਾਮਲਾ ਦਰਜ

ਘਨੌਰ, 2 ਮਾਰਚ (ਮਦਨ ਲਾਲ) : ਥਾਣਾ ਗੰਡਾ ਖੇੜੀ ਪੁਲਿਸ ਕੋਲ ਸੀਮਾ ਦੇਵੀ ਪਤਨੀ ਜਸਪਾਲ ਸਿੰਘ ਵਾਸੀ ਪਿੰਡ ਉਲਾਣਾ ਨੇ ਕਥਿਤ ਦੋਸ਼ੀਆਂ ਪ੍ਰਵੀਨ ਕੁਮਾਰ ਕ੍ਰਿਸ਼ਨ ਕੁਮਾਰ ਵਾਸੀ ਪਿੰਡ ਸਨੌਲੀਆ ਅਤੇ 2 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਪਤੀ ਫੌਜ ਵਿੱਚ ਨੌਕਰੀ ਕਰਦਾ ਹੈ, ਤੇ ਉਸਨੇ ਸਾਲ 2022 ਵਿੱਚ ਪਿੰਡ ਸਨੌਲੀਆ ਦੇ ਰਕਬਾ ਵਿੱਚ 6 ਵਿਘੇ 12 ਵਿਸਵੇ ਜ਼ਮੀਨ ਦੀ ਖਰੀਦ ਕੀਤੀ ਸੀ, ਹੁਣ ਅਸੀਂ ਸਰੋਂ ਦੀ ਫਸਲ ਬੀਜੀ ਹੋਈ ਹੈ ਜਦੋਂ ਮੁਦੈਲਾ ਫਸਲ ਦੇਖਣ ਗਈ ਤਾਂ ਦੇਖਿਆ ਕਿ ਉਕਤ ਦੋਸ਼ੀ ਉਸਦੀ ਫਸਲ ਨੂੰ ਕੱਟ ਰਿਹਾ ਸੀ ਅਤੇ ਜਮੀਨ ਦੀ ਵੱਟ ਪਰ ਲੱਕੜ ਦੀਆਂ ਬੱਲੀਆਂ ਅਤੇ ਕੰਡਾਂ ਤਾਰ ਪੁੱਟ ਕੇ ਚੋਰੀ ਕਰਕੇ ਲੈ ਗਿਆ। ਜਦੋਂ ਉਸ ਨੇ ਅਜਿਹਾ ਕਰਨ ਤੋਂ ਰੋਕਿਆਂ ਤਾਂ ਉਸ ਨਾਲ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115,79 329(3), 303, 351, 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨਟਾਸ ਵੱਲੋਂ 283ਵਾਂ ਮਾਸਿਕ ਗਾਰਡਨ ਨਾਟਕ ਮੇਲਾ



ਪਟਿਆਲਾ, 2 ਮਾਰਚ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਦਮਪਤੀ ਪਦਮਸ਼੍ਰੀ ਪ੍ਰਾਣ ਸੱਭਰਵਾਲ, ਸ਼੍ਰੀਮਤੀ ਸੁਨੀਤਾ ਸੱਭਰਵਾਲ ਸਟੇਟ ਅਵਾਰਡੀ ਨੇ ਸਰਬੱਤ ਦਾ ਭਲਾ ਚੈਰੀਟੇਬਲ ਟ੍ਰੱਸਟ ਦੇ ਸਹਿਯੋਗ ਨਾਲ ਆਪਣਾ 283ਵਾਂ ਮਾਸਿਕ ਗਾਰਡਨ ਨਾਟਕ ਮੇਲਾ ਬਤੌਰ ਮਹਿੰਦਰ ਸਿੰਘ ਰੰਧਾਵਾ ਉਤਸਵ ਬਾਰਾਂਦਰੀ ਬਾਗ ਵਿਖੇ ਆਯੋਜਿਤ ਕੀਤਾ। ਰਾਜ ਦੀਆਂ ਪ੍ਰਸਿੱਧ ਸਮਾਜਿਕ ਸ਼ਖਸੀਅਤਾਂ ਰੋਟੇਰੀਅਨ ਸ਼੍ਰੀ ਭਗਵਾਨ ਦਾਸ ਗੁਪਤਾ, ਬਾਨੀ ਅਤੇ ਪੈਟ੍ਰਨ 'ਦੋਸਤ' ਪੰਜਾਬ ਸਰਕਾਰ ਜ਼ਿਲਾ ਪ੍ਰਮਾਣ ਪੱਤਰ ਅਵਾਰਡੀ, ਸ੍ਰ. ਜਸਬੀਰ ਸਿੰਘ ਓਬਰਾਏ, ਥੀਏਟਰ ਕਲਾ ਪ੍ਰੋਮਟਰ, ਸ੍ਰ. ਅਮਰਜੀਤ ਸਿੰਘ ਅਰੋੜਾ ਉਹਨਾਂ ਦੇ ਸਪੁੱਤਰ ਸ.ਬਿਕਰਮਜੀਤ ਸਿੰਘ ਅਰੋੜਾ, ਪ੍ਰਾਣ ਸੱਭਰਵਾਲ ਅਤੇ ਕਲਾਕਾਰਾਂ ਨੇ ਉਦਘਾਟਨ ਵਿੱਚ ਭਾਗ ਲਿਆ ਅਤੇ ਸਵ: ਮਹਿੰਦਰ ਸਿੰਘ ਰੰਧਾਵਾ ਨੂੰ ਸ਼ਰਧਾਂਜਲੀ ਭੇਟ ਕੀਤੀ। ਨਟਾਸ ਦੇ ਮੁੱਖ ਸਰਪ੍ਰਸਤ ਵਿਸ਼ਵ ਪ੍ਰਸਿੱਧ ਦਾਨਵੀਰ, ਪਰਉਪਕਾਰੀ ਡਾ. ਐਸ.ਪੀ. ਸਿੰਘ ਓਬਰਾਏ ਨੇ ਆਪਣੇ ਉਦਘਾਟਨੀ ਸੰਦੇਸ਼ ਵਿੱਚ ਸ੍ਰ. ਰੰਧਾਵਾ ਨੂੰ ਸਤਿਕਾਰ ਭੇਂਟ ਕਰਦਿਆਂ ਨਟਾਸ ਪ੍ਰਧਾਨ ਸ੍ਰ. ਜੀ.ਐਸ. ਕੱਕੜ, ਡਾਇਰੈਕਟਰ ਪ੍ਰਾਣ ਸੱਭਰਵਾਲ ਤੇ ਕਲਾਕਾਰਾਂ ਨੂੰ ਸ਼੍ਰੀ ਰੰਧਾਵਾਂ ਜੀ ਨੂੰ ਯਾਦ ਕਰਨ ਦੇ ਉਦਮ ਲਈ ਵਧਾਈ ਦਿੱਤੀ। ਉਹਨਾਂ ਨੇ ਕਿਹਾ ਕਿ ਸ਼੍ਰੀ ਰਣਧਾਵਾ ਨੇ ਆਪਣੇ ਮਹੱਤਵਪੂਰਨ ਅਤੇ ਲਾਸਾਨੀ ਜੀਵਨ ਨੂੰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਹਿੱਤਾਂ ਨੂੰ ਸਮਰਪਿਤ ਕੀਤਾ। ਸ਼੍ਰੀ ਸੱਭਰਵਾਲ ਨੇ ਦੱਸਿਆ ਕਿ ਵਿਸ਼ਵ ਪ੍ਰਸਿੱਧ ਪੰਜਾਬੀ ਸਪੂਤ ਸ੍ਰ. ਰਣਧਾਵਾ ਜੀ ਦਾ ਜਨਮ ਦੁਆਬੇ ਦੇ ਇੱਕ ਪਿੰਡ ਵਿੱਚ ਹੋਇਆ। ਉਹ ਇਕ ਕੁਸ਼ਲ ਪ੍ਰਸ਼ਾਸਕ ਅਤੇ ਭਾਰਤ ਦੇ ਪਹਿਲੇ ਆਈ.ਸੀ.ਐਸ. ਅਫਸਰ ਸਨ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਪੰਜਾਬ ਗੌਰਵ ਸ਼ਖਸੀਅਤ ਭਗਵਾਨ ਦਾਸ ਗੁਪਤਾ ਨੇ ਸਰਵਾਲ ਪਰਿਵਾਰ ਵੱਲੋਂ ਪਿੱਛਲੀ 6 ਦਹਾਕਿਆਂ ਤੋਂ ਜਾਰੀ ਸਮਾਜ ਸੇਵਾ ਅਤੇ ਰੰਗਮੰਚ ਵੱਲ ਪਾਏ ਜਾ ਰਹੇ ਬੜਮੁੱਲੇ ਯੋਗਦਾਨ ਨਾਲ ਉਹ ਸ਼ਮਿਲ ਰਹੇ ਹਨ । ਉਹਨਾਂ ਨੇ ਐਲਾਨ ਕੀਤਾ ਕਿ ਉਹ ਇਕ ਪੁਸਤਕ 'ਵਿੱਲਖਣ ਸ਼ਖਸ਼ੀਅਤ ਪ੍ਰਾਣ ਸੱਭਰਵਾਲ, ਛੱਪਣ ਲਈ ਤਿਆਰ ਹੈ। ਨਟਾਸ ਪ੍ਰਧਾਨ ਜੀ.ਐਸ. ਕੱਕੜ ਅਤੇ ਕਲਾਕਾਰਾਂ ਵਲੋਂ ਪ੍ਰਾਣ ਸੱਭਰਵਾਲ ਨੇ ਮਹਿਮਾਨ ਹਸਤੀਆਂ ਨੂੰ ਸਨਮਾਨਿਤ ਕੀਤਾ ਅਤੇ ਕਲਾਕਾਰਾਂ ਸੁਭਾਸ਼ ਭਗਤ, ਪਰਮਜੀਤ ਕੌਰ, ਸਿਮਰਨ ਸਰਨਾ, ਸਿਮਰਨ (ਪੰਜਾਬੀ ਯੂਨੀਵਰਸਿਟੀ), ਤਨੀਸ਼ਾ, (ਲਾਅ ਕਾਲਿਜ) ਖੁਸ਼ਦੀਪ ਕੌਰ, ਅਮ੍ਰਿਤ ਪਾਲ ਸਿੰਘ, ਬਲਜੀਤ ਚੰਦ, ਹਰਪਾਲ ਮਾਨ, ਅਕਸ਼ਤ ਖੰਨਾ, ਸੰਜੀਵ ਕੁਮਾਰ, ਬਲਵਿੰਦਰ ਸਿੰਘ ਨੂੰ ਕੈਸ਼ ਅਵਾਰਡ ਚੈਕ ਭੇਂਟ ਕਰਕੇ ਸਨਮਾਨਿਤ ਕੀਤਾ।

## ਘੇਰ ਕੇ ਕੁੱਟਮਾਰ ਕਰਨ ਸਬੰਧੀ ਮਾਮਲਾ ਦਰਜ

ਪਟਿਆਲਾ, 2 ਮਾਰਚ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਅਮਰੀਸ਼ ਕੁਮਾਰ ਪੁੱਤਰ ਜੈਨ ਕੁਮਾਰ ਵਾਸੀ ਦਾਲ ਦਲੀਆ ਚੌਂਕ ਮੋਰਾ ਵਾਲੀ ਗਲੀ ਪਟਿਆਲਾ ਨੇ ਕਥਿਤ ਦੋਸ਼ੀਆਂ ਜਗਤਾਰ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਨੇੜੇ ਗਗਨ ਚੌਂਕ ਅਮੀਰ ਕਲੋਨੀ ਰਾਜਪੁਰਾ ਅਤੇ ਕਾਕਾ ਝਿਊਰ ਟੈਂਪੂ ਵਾਲਾ ਵਾਸੀ ਰਾਜਪੁਰਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਪਿੰਡ ਮੁਰਾਦਪੁਰ ਪਾਸ ਜਾ ਰਿਹਾ ਸੀ ਤਾਂ ਕਥਿਤ ਦੋਸ਼ੀਆਂ ਨੇ ਉਸ ਨੂੰ ਰੋਕ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਉਸ ਦਾ ਮੋਬਾਇਲ ਤੇ ਪਰਸ ਖੋਹ ਕੇ ਫਰਾਰ ਹੋ ਗਏ, ਜੋ ਪਰਸ ਵਿੱਚ 12,000 ਰੁਪਏ ਸਨ ਅਤੇ ਬਾਅਦ ਵਿੱਚ ਕਥਿਤ ਦੋਸ਼ੀਆਂ ਨੇ ਉਸ ਦੇ ਮੋਬਾਇਲ ਤੋ ਯੂ.ਪੀ.ਆਈ ਰਾਹੀ 18 ਹਜਾਰ ਰੁਪਏ ਹੋਰ ਕਢਵਾ ਲਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਨਾਭਾ ਵਿਖੇ 4 ਨੂੰ ਹੋ ਰਹੀ ਅਕਾਲੀ ਦਲ ਦੀ ਰੈਲੀ ਸਬੰਧੀ ਮੀਟਿੰਗ



ਨਾਭਾ, 2 ਮਾਰਚ (ਬਲਜਿੰਦਰ ਮਾਨ) : ਨਾਭਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਵਿੱਚ ਗੁਰਦੁਆਰਾ ਸਾਹਿਬ ਸ੍ਰੀ ਅਕਾਲਗੜ੍ਹ ਸਾਹਿਬ ਵਿਖੇ 4 ਅਪ੍ਰੈਲ ਨੂੰ ਹੋਣ ਜਾ ਰਹੀ ਰੈਲੀ ਸਬੰਧੀ ਕੀਤੀਆਂ ਅਹਿਮ ਵਿਚਾਰਾਂ । ਇਸ ਰੈਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਇਲਾਵਾ ਸਮੁੱਚੀ ਅਕਾਲੀ ਦਲ ਦੀ ਲੀਡਰਸ਼ਿਪ ਪਹੁੰਚ ਰਹੀ ਹੈ। ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਰੈਲੀ ਸਬੰਧੀ ਦੇ ਪ੍ਰਬੰਧਾਂ ਲਈ ਰੂਪ ਰੇਖਾ ਤਿਆਰ ਕਰਨ ਲਈ ਵੱਡੀ ਮੀਟਿੰਗ ਕੀਤੀ ਗਈ, ਜਿਸ ਵਿੱਚ ਨਾਭਾ ਹਲਕੇ ਦੇ ਸਮੁੱਚੇ ਹੀ ਪਿੰਡਾਂ ਦੇ ਵਿੱਚੋਂ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਸਾਹਿਬਾਨ ਪਹੁੰਚੇ ਹੋਏ ਸਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜੋ ਲਹਿਰ ਹੈ, 2027 ਸਬੰਧੀ ਜੋ ਰੈਲੀਆਂ ਹੋ ਰਹੀਆਂ ਹਨ ਜੋ ਕਿ ਸਾਰੇ ਹੀ ਪੰਜਾਬ ਵਿੱਚ ਹੋ ਰਹੀਆਂ ਹਨ । ਇਸੇ ਸਬੰਧੀ ਨਾਭਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਦੀ ਅਗਵਾਈ ਦੇ ਵਿੱਚ ਨਾਭਾ ਦੀ ਦਾਣਾ ਮੰਡੀ ਵਿਖੇ 4 ਅਪ੍ਰੈਲ ਨੂੰ ਵੱਡੀ ਰੈਲੀ ਹੋ ਰਹੀ ਹੈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਮਾਨਇੰਦਰ ਸਿੰਘ ਮਾਨੀ, ਗੁਰਦਿਆਲ ਇੰਦਰ ਸਿੰਘ ਬਿੱਲੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਗੁਰਸੇਵਕ ਸਿੰਘ ਗੋਲੂ, ਸਾਬਕਾ ਚੇਅਰਮੈਨ ਲਖਵੀਰ ਲੌਟ, ਐਸਜੀਪੀਸੀ ਮੈਂਬਰ ਬਲਤੇਜ਼ ਖੋਖ, ਗੁਰਤੇਜ ਕੌਲ, ਗੁਰਚਰਨ ਘਮਰੌਦਾ ਹਰਭਜਨ ਮੱਲੇਵਾਲ, ਪਰਮੀਤ ਬੂਹੀ ਹਰਪ੍ਰੀਤ ਕੌਰ ਮੈਂਬਰ, ਬਬਲੂ ਚੌਹਾਨ, ਪ੍ਰਿੰਸ ਤੁੰਗ, ਮਨਦੀਪ ਤੁੰਗਾਂ ਅਤੇ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਅਤੇ ਵਰਕਰ ਹਾਜ਼ਰ ਸਨ।

## ਪਟਿਆਲਾ ਸੋਸ਼ਲ ਵੈਲਫੇਅਰ ਸੁਸਾਇਟੀ ਦੀ ਮੀਟਿੰਗ ਦੌਰਾਨ ਬੱਚਿਆਂ, ਅਧਿਆਪਕਾਂ ਤੇ ਹੋਰ ਸ਼ਖ਼ਸੀਅਤਾਂ ਦਾ ਸਨਮਾਨ



ਪਟਿਆਲਾ, 2 ਮਾਰਚ (ਚ.ਨ.ਸ.) : ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਹਮੇਸ਼ਾ ਹੀ ਯੋਗ ਕਾਰਜ ਕਰ ਰਹੀ ਹੈ। ਅੱਜ ਵੀ ਲੋਕਾਂ ਨੂੰ ਹੋਲੀ-ਹੋਲੇ 'ਤੇ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਹੋਲੀ ਦਾ ਮਹੱਤਵ ਸਮਝਣਾ ਚਾਹੀਦਾ ਹੈ ਅਤੇ ਹੋਲੀ ਨੂੰ ਰਲ ਮਿਲ ਕੇ ਪਿਆਰ ਨਾਲ ਮਨਾਉਣਾ ਚਾਹੀਦਾ ਹੈ। ਇਹ ਵਿਚਾਰ ਸ. ਮਨਜੀਤ ਸਿੰਘ ਨਾਰੰਗ ਆਈ.ਏ.ਐਸ. ਰਿਟਾਇਰਡ ਨੇ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਦੀ ਮੀਟਿੰਗ ਦੌਰਾਨ ਬੱਚਿਆਂ, ਅਧਿਆਪਕਾਂ ਅਤੇ ਸ਼ਖ਼ਸੀਅਤਾਂ ਦਾ ਸਨਮਾਨ ਕਰਦੇ ਹੋਏ ਕਹੇ। ਉਹਨਾਂ ਨੇ ਵਿਜੇ ਕੁਮਾਰ ਗੋਇਲ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ। ਸ੍ਰੀ ਨਾਰੰਗ ਨੇ ਕਿਹਾ ਕਿ ਵਿਜੇ ਕੁਮਾਰ ਗੋਇਲ ਦੀ ਅਗਵਾਈ ਹੇਠ ਇਹ ਸੋਸਾਇਟੀ ਹਮੇਸ਼ਾ ਹੀ ਵਧੀਆ ਕਾਰਜਾਂ ਨੂੰ ਤਰਜੀਹ ਦੇ ਰਹੀ ਹੈ। ਉਹਨਾਂ ਨੇ ਫਰਵਰੀ, ਮਾਰਚ ਵਿੱਚ ਮੈਂਬਰਾਂ ਦੇ ਜਨਮ ਦਿਨ ਅਤੇ ਵਿਵਾਹ ਸਾਲਗਿਰਾ ਵੀ ਮਨਾਏ ਗਏ। ਸ੍ਰੀ ਨਰੇਸ਼ ਮਿੱਤਲ, ਰਾਜੇਸ਼ ਵਰਮਾ, ਮੋਹਨ ਗੋਇਲ, ਅਤੇ ਕਮਲ ਗੋਇਲ ਦਾ ਵੀ ਸਨਮਾਨ ਕੀਤਾ ਗਿਆ। ਇਸ ਅਵਸਰ ਤੇ ਡੌਲੀ ਪ੍ਰਿੰਸੀਪਲ ਆਤਮਾ ਰਾਮ ਕੁਮਾਰ ਸਭਾ ਸਕੂਲ, ਰਜਿੰਦਰ ਕੌਰ, ਗੁਰਪ੍ਰੀਤ ਕੌਰ, ਅਨੁਰਾਧਾ ਅਤੇ ਨੇਹਾ ਦਾ ਸਨਮਾਨ ਕੀਤਾ ਗਿਆ। ਇਸ ਅਵਸਰ ਤੇ ਬਜਿੰਦਰ ਠਾਕੁਰ ਅਤੇ ਸਤੀਸ਼ ਨੇ ਆਪਣੀਆਂ ਰਚਨਾਵਾਂ ਨਾਲ ਸਾਰਿਆਂ ਦਾ ਦਿਲ ਮੋਹ ਲਿਆ। ਹਰਲੀਨ ਕੌਰ ਸਾਹਇਕ ਪੀ.ਜੀ.ਟੀ.ਬੀ. ਖਾਲਸਾ ਕਾਲਜ ਦੇ ਨਰਿੰਦਰ ਕੌਰ ਸਹਾਇਕ ਪ੍ਰੋਫੈਸਰ ਨੂੰ ਵੀ ਸਨਮਾਨ ਕੀਤਾ ਗਿਆ। ਅਨਗੋਯਾ, ਅਜੀਤ ਭੱਟੀ, ਨਰੇਸ਼ ਮਿੱਤਲ, ਡਾ. ਮਲਕੀਤ ਮਾਨ ਸਹਾਇਕ ਡਾਇਰੈਕਟਰ ਯੂਥ ਸਰਵਿਸਿਜ਼ ਵੀ ਹਾਜ਼ਰ ਸਨ। ਇਸ ਅਵਸਰ 'ਤੇ ਕੱਪੜੇ ਦੇ ਥੈਲੇ ਵੰਡੇ ਗਏ, ਪਲਾਸਟਿਕ ਲਿਫਾਫੇ ਨਹੀਂ ਵਰਤਣੇ ਚਾਹੀਦੇ ਇਸ ਸਬੰਧੀ ਲੋਕਾਂ ਨੂੰ ਅਪੀਲ ਕੀਤੀ ਗਈ।

## ਸਾਹਿਤ ਸਭਾ ਸ਼ੇਰਪੁਰ ਵੱਲੋਂ ਇਕੱਤਰਤਾ ਦੌਰਾਨ ਸਕੂਲੀ ਬੱਚਿਆਂ ਨੂੰ ਸਾਹਿਤ ਦੀ ਚਿਣਗ ਲਾਉਣ ਲਈ ਮੁਕਾਬਲੇ ਕਰਵਾਉਣ ਦਾ ਫ਼ੈਸਲਾ

### ➢ਵਿਧਾਇਕ ਪੰਡੋਰੀ ਨੂੰ ਬਲਾਕ ਪੱਧਰੀ ਲਾਇਬਰੇਰੀ ਦੀ ਰੱਖੀ ਮੰਗ ਲਈ ਦਿੱਤਾ ਜਾਵੇਗਾ ਯਾਦ ਪੱਤਰ



ਸ਼ੇਰਪੁਰ , 2 ਮਾਰਚ (ਬਲਜੀਤ ਸਿੰਘ ਟਿੱਬਾ) : ਸਾਹਿਤ ਸਭਾ ਸ਼ੇਰਪੁਰ ਦੀ ਮਹੀਨਾਵਾਰ ਇਕੱਤਰਤਾ ਮਾ. ਕੁਲਵੰਤ ਸਿੰਘ ਬੂੰਗਾ ਦੀ ਪ੍ਰਧਾਨਗੀ ਹੇਠ ਹੋਈ , ਜਿਸ ਵਿੱਚ ਗੁਰਦੀਪ ਸਿੰਘ ਦੀਪ ਹੇੜੀਕੇ (ਕੈਨੇਡਾ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਹਾਜ਼ਰੀਨ ਲੇਖਕਾਂ ਵੱਲੋਂ ਬੀਤੇ ਦਿਨੀਂ ਬੇਵਕਤੀ ਵਿਛੋੜਾ ਦੇ ਗਏ ਪ੍ਰਸਿੱਧ ਕਹਾਣੀਕਾਰ ਸ੍ਰੀਮਤੀ ਬਲਜੀਤ ਕੌਰ ਬੱਲੀ ਅਤੇ ਸਾਹਿਤ ਸਭਾ ਫਰੀਦਕੋਟ ਦੇ ਮੋਢੀ ਪ੍ਰਿੰਸੀਪਲ ਫੌਜਾ ਸਿੰਘ ਬਰਾੜ ਅਲਿਆਸ ਨਵਰਾਹੀ ਘੁਗਿਆਣਵੀ ਦੀ ਬੇਵਕਤੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ । ਉਪਰੰਤ ਕਮਾਂਤਰੀ ਪੱਧਰ 'ਤੇ ਵਾਪਰ ਰਹੀਆਂ ਅਣਮਨੁੱਖੀ ਘਟਨਾਵਾਂ ਜਿਨ੍ਹਾਂ ਕਾਰਨ ਵਿਸ਼ਵ ਯੁੱਧ ਦਾ ਖਤਰਾ ਮੰਡਰਾਉਣ ਲੱਗਾ ਹੈ ਉੱਪਰ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਇਸ ਦੀ ਨਿਖੇਧੀ ਕੀਤੀ। ਸਭਾ ਦੇ ਸਰਪ੍ਰਸਤ ਅਤੇ ਉਸਤਾਦ ਲੇਖਕ ਸੁਖਦੇਵ ਸਿੰਘ ਔਲਖ ਨੇ ਬੀਤੇ ਦਿਨੀ ਹੋਈਆਂ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੀਆਂ ਵਿਸ਼ੇਸ਼ ਮੀਟਿੰਗਾਂ ਸਬੰਧੀ ਜਾਣੂੰ ਕਰਵਾਇਆ ਅਤੇ ਕਿਹਾ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਜੋ ਵੱਡੇ ਸਮਾਗਮ 15 ਮਾਰਚ ਨੂੰ ਲੁਧਿਆਣਾ ਵਿਖੇ ਅਤੇ 26 ਅਪ੍ਰੈਲ ਨੂੰ ਬਰਨਾਲਾ ਵਿਖੇ ਉਲੀਕੇ ਗਏ ਹਨ ਵਿੱਚ ਵੱਡੀ ਗਿਣਤੀ ਸ਼ਮੂਲੀਅਤ ਕੀਤੀ ਜਾਵੇ। ਸਾਹਿਤ ਸਭਾ ਸ਼ੇਰਪੁਰ ਦੇ ਪ੍ਰਧਾਨ ਅਤੇ ਸੀਨੀਅਰ ਪੱਤਰਕਾਰ ਹਰਜੀਤ ਸਿੰਘ ਕਾਤਿਲ ਨੇ ਸਭਾ ਦੇ ਸਮੂਹ ਮੈਂਬਰਾਂ ਨਾਲ ਗੱਲਬਾਤ ਉਪਰੰਤ ਫੈਸਲਾ ਕੀਤਾ ਕਿ ਇਲਾਕੇ ਦੇ ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਨੂੰ ਪੱਤਰ ਲਿਖ ਕੇ ਵਿਦਿਆਰਥੀਆਂ ਵਿੱਚ ਸਾਹਿਤ ਦੀ ਚਿਣਗ ਲਗਾਉਣ ਲਈ ਹਰ ਮਹੀਨੇ ਮੀਟਿੰਗ ਵਿੱਚ ਸਕੂਲਾਂ ਦੇ 2-2 ਵਿਦਿਆਰਥੀਆਂ ਨੂੰ ਬੁਲਾਕੇ ਰਚਨਾਵਾਂ ਦੇ ਮੁਕਾਬਲੇ ਕਰਵਾਏ ਜਾਣ ਅਤੇ ਪਹਿਲੇ ਨੰਬਰ ਤੇ ਆਉਣ ਵਾਲੇ ਵਿਦਿਆਰਥੀ ਨੂੰ ਸਨਮਾਨਿਤ ਕੀਤਾ ਜਾਵੇ। ਸਾਹਿਤ ਸਭਾ ਦੇ ਸਮੂਹ ਮੈਂਬਰਾਂ ਵੱਲੋਂਫੈ ਸਲਾ ਕੀਤਾ ਕਿ ਪਿਛਲੇ ਸਾਲ ਸ਼ੇਰਪੁਰ ਅੰਦਰ ਬਲਾਕ ਪੱਧਰੀ ਲਾਇਬਰੇਰੀ ਲਈ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਦਿੱਤੇ ਪੱਤਰ 'ਤੇ ਕੋਈ ਕਾਰਵਾਈ ਨਾ ਹੋਣ ਕਾਰਨ ਯਾਦ ਪੱਤਰ ਦਿੱਤਾ ਜਾਵੇ। ਅਖ਼ੀਰ ਵਿੱਚ ਕਾਵਿ ਮਹਿਫ਼ਿਲ ਦੌਰਾਨ ਕਰਮਿੰਦਰ ਸਿੰਘ ਲਾਲੀ ਹੇੜੀਕੇ , ਬਲਵੰਤ ਕੌਰ ਘਨੌਰੀ , ਮਨਦੀਪ ਸ਼ਾਇਰ ਟਿੱਬਾ , ਡਾ. ਰਣਜੀਤ ਸਿੰਘ ਕਾਲਾ ਬੂਲਾ ਸਰਪੰਚ, ਮਾਸਟਰ ਜੋਗਿੰਦਰ ਸਿੰਘ ਨਾਗ, ਮਾਸਟਰ ਭੋਲਾ ਸਿੰਘ ਟਿੱਬਾ , ਹਰਜੀਤ ਸਿੰਘ ਕਾਤਿਲ , ਕੁਲਵੰਤ ਸਿੰਘ ਬੂੰਗਾ , ਸੁਖਦੇਵ ਸਿੰਘ ਔਲਖ , ਮਾਸਟਰ ਹਰਬੰਸ ਸਿੰਘ ਸ਼ੇਰਪੁਰ , ਇੰਸਪੈਕਟਰ ਹਰਜੀਤ ਸਿੰਘ ਖੇੜੀ , ਮਾਸਟਰ ਮਹਿੰਦਰ ਪ੍ਰਤਾਪ ਲੇਖਕਾਂ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਜਿਨ੍ਹਾਂ ਤੋਂ ਉਸਾਰੂ ਬਹਿਸ ਹੋਈ।

## ਸਿੱਖਿਆ ਸ਼ਾਸਤਰੀ ਅਨਿਲ ਭਾਰਤੀ ਨੇ ਮੁੱਖ ਮੰਤਰੀ ਨੂੰ ਸੌਂਪੀ 'ਸਵਰਨ ਜੈਯੰਤੀ ਕਾਰਜ-ਯੋਜਨਾ'



ਪਟਿਆਲਾ, 2 ਮਾਰਚ (ਚ.ਨ.ਸ.) : 'ਪੋਲਿਊਸ਼ਨ ਫ੍ਰੀ ਇੰਡੀਆ ਪ੍ਰੋਜੈਕਟ ਇੰਟੈਲੈਕਚੁਅਲ ਫੋਰਮ' ਦੇ ਸੰਸਥਾਪਕ ਸ੍ਰੀ ਅਨਿਲ ਕੁਮਾਰ ਭਾਰਤੀ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੂੰ ਇੱਕ 'ਫੁੱਲ-ਪਰੂਫ' ਏਕੀਕ੍ਰਿਤ ਕਾਰਜ-ਯੋਜਨਾ ਭੇਜੀ ਹੈ। ਇਸ ਯੋਜਨਾ ਦੇ ਮਾਧਿਅਮ ਰਾਹੀਂ ਉਨ੍ਹਾਂ ਨੇ ਪੰਜਾਬ ਨੂੰ 'ਬੇਸਹਾਰਾ ਗਊਵੰਸ਼ ਮੁਕਤ' ਕਰਨ ਦੇ ਨਾਲ-ਨਾਲ ਰਾਜ ਨੂੰ ਊਰਜਾ ਅਤੇ ਰੁਜ਼ਗਾਰ ਦੇ ਖੇਤਰ ਵਿੱਚ ਆਤਮ-ਨਿਰਭਰ ਬਣਾਉਣ ਦਾ ਇੱਕ ਇਤਿਹਾਸਕ ਬਲੂਪ੍ਰਿੰਟ ਪੇਸ਼ ਕੀਤਾ ਹੈ। ਗਊ-ਸੌਰ ਊਰਜਾ ਪਾਰਕ ਬਣਾ ਕੇ ਖਾਲੀ ਜ਼ਮੀਨ ਦੀ ਵਿਗਿਆਨਕ ਵਰਤੋਂ ਬਾਰੇ ਦੱਸਦਿਆਂ ਸ੍ਰੀ ਭਾਰਤੀ ਨੇ ਆਪਣੇ ਪ੍ਰਸਤਾਵ ਵਿੱਚ ਸੁਝਾਅ ਦਿੱਤਾ ਹੈ ਕਿ ਪੰਜਾਬ ਵਿੱਚ ਉਪਲੱਬਧ ਖਾਲੀ ਸਰਕਾਰੀ ਅਤੇ ਗਊਚਰ ਜ਼ਮੀਨਾਂ 'ਤੇ 'ਸੋਲਰ ਫਾਰਮ' ਸਥਾਪਿਤ ਕੀਤੇ ਜਾਣ। ਇਹ 'ਐਗਰੋ-ਸੋਲਰ ਮਾਡਲ' ਦੋਹਰੀ ਸਫਲਤਾ ਦੇਵੇਗਾ ਕਿਉਂਕਿ ਪੈਨਲਾਂ ਦੇ ਹੇਠਾਂ ਗਊਵੰਸ਼ ਲਈ ਸ਼ੀਤਲ ਛਾਂ ਹੋਵੇਗੀ ਅਤੇ ਉਪਰਲੇ ਹਿੱਸੇ ਤੋਂ ਮੈਗਾਵਾਟ ਪੱਧਰ 'ਤੇ ਸੌਰ ਊਰਜਾ ਦਾ ਉਤਪਾਦਨ ਹੋਵੇਗਾ। ਇਸ ਨਾਲ ਗਊਸ਼ਾਲਾਵਾਂ ਆਪਣੀ ਬਿਜਲੀ ਖੁਦ ਪੈਦਾ ਕਰਨਗੀਆਂ ਅਤੇ ਵਾਧੂ ਬਿਜਲੀ ਗਰਿੱਡ ਨੂੰ ਵੇਚ ਕੇ ਮਾਲੀਆ (ਰੈਵਨਿਊ) ਵੀ ਕਮਾ ਸਕਣਗੀਆਂ।ਇੰਨਾ ਹੀ ਨਹੀਂ, ਰੁਜ਼ਗਾਰ ਸਿਰਜਣ ਵਿੱਚ ਵੀ ਇਹ ਕਾਰਜ-ਯੋਜਨਾ ਅਹਿਮ ਭੂਮਿਕਾ ਨਿਭਾਏਗੀ, ਜਿੱਥੇ ਨੌਜਵਾਨਾਂ ਨੂੰ ਤਕਨੀਕ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਪ੍ਰਦੂਸ਼ਣ ਮੁਕਤ ਭਾਰਤ ਦੇ ਸੰਕਲਪ ਨੂੰ ਦੁਹਰਾਉਂਦੇ ਹੋਏ ਉਨ੍ਹਾਂ ਨੇ ਸੁਝਾਅ ਦਿੱਤਾ ਹੈ ਕਿ ਦਾਹ-ਸੰਸਕਾਰ ਲਈ ਲੱਕੜ ਦੀ ਬਜਾਏ 'ਗਊ-ਕਾਸ਼ਠ' (ਗੋਹੇ ਦੀਆਂ ਪਾਥੀਆਂ/ਲੱਕੜ) ਦੀ ਵਰਤੋਂ ਲਾਜ਼ਮੀ ਕੀਤੀ ਜਾਵੇ। ਅਨਿਲ ਭਾਰਤੀ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਰਾਜ ਦੀਆਂ ਸੜਕਾਂ 'ਤੇ ਬੇਸਹਾਰਾ ਘੁੰਮ ਰਹੇ ਗਊਵੰਸ਼ ਨੂੰ ਗਊਸ਼ਾਲਾਵਾਂ ਵਿੱਚ ਪਹੁੰਚਾਉਣ ਅਤੇ ਉਨ੍ਹਾਂ ਦਾ ਪਾਲਣ-ਪੋਸ਼ਣ ਕਰਨ ਵਾਲੇ ਇਸ ਮਾਡਲ ਨੂੰ ਲਾਗੂ ਕਰਨ ਨਾਲ ਨਾ ਸਿਰਫ਼ ਸੜਕ ਹਾਦਸੇ ਰੁਕਣਗੇ, ਸਗੋਂ ਪੰਜਾਬ ਦੇਸ਼ ਲਈ ਇੱਕ 'ਰੋਲ ਮਾਡਲ' ਬਣ ਕੇ ਉਭਰੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪ੍ਰਸ਼ਾਸਨ ਅਤੇ ਸੂਝਵਾਨ ਸਮਾਜ ਦੇ ਇਸ ਸਾਂਝੇ ਯਤਨ ਨਾਲ ਪੰਜਾਬ ਇੱਕ 'ਸੰਪੰਨ ਪੰਜਾਬ' ਬਣੇਗਾ।

## ਉਜਾਗਰ ਸਿੰਘ ਦੀ ਪੁਸਤਕ 'ਪਿੰਡ ਕੱਦੋਂ ਦੇ ਵਿਰਾਸਤੀ ਰੰਗ' ਲੋਕ ਅਰਪਣ



ਪਟਿਆਲਾ, 2 ਮਾਰਚ (ਰੁਪਾਣਾ) : ਪਿੰਡ ਕਿਸੇ ਕੌਮ ਦਾ ਸਰਮਾਇਆ ਹੁੰਦੇ ਹਨ, ਕਿਉਂਕਿ ਪਿੰਡ ਕੌਮ ਦੇ ਸਮਾਜਿਕ, ਸਭਿਆਚਾਰਕ, ਆਰਥਿਕ, ਰਹਿਤਲ, ਭਾਈਚਾਰਾ, ਰਸਮ ਰਿਵਾਜ਼, ਪਰੰਪਰਾਵਾਂ ਅਤੇ ਕਦਰਾਂ ਕੀਮਤਾਂ ਦੇ ਪਹਿਰੇਦਾਰ ਬਣਦੇ ਹਨ। ਬਿਲਕੁਲ ਇਸੇ ਤਰ੍ਹਾਂ ਪਿੰਡ ਕੱਦੋਂ ਦਾ ਸਮਾਜਿਕ, ਧਾਰਮਿਕ ਅਤੇ ਸਭਿਆਚਾਰਕ ਵਿਰਸਾ ਅਮੀਰ ਹੈ। ਇਸ ਪਿੰਡ ਦੇ ਵਾਸੀਆਂ ਨੇ ਸੰਸਾਰ ਵਿੱਚ ਵਿਲੱਖਣ ਪ੍ਰਾਪਤੀਆਂ ਕਰਕੇ ਆਪਣੀ ਅਮੀਰ ਵਿਰਾਸਤ ਨੂੰ ਚਾਰ ਚੰਨ ਲਾਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਕੱਦੋਂ ਦੇ ਜੀਵਤ ਸਭ ਤੋਂ ਸੀਨੀਅਰ ਮੈਂਬਰ ਮਾਸਟਰ ਗੁਰਦੇਵ ਸਿੰਘ ਨੇ ਉਜਾਗਰ ਸਿੰਘ ਦੀ 'ਪਿੰਡ ਕੱਦੋਂ ਦਾ ਵਿਰਾਸਤੀ ਰੰਗ' ਪੁਸਤਕ ਨੂੰ 38ਵੇਂ ਕਬੱਡੀ ਕੱਪ ਦੇ ਇਨਾਮ ਵੰਡ ਸਮਾਰੋਹ ਵਿੱਚ ਲੋਕ ਅਰਪਣ ਕਰਨ ਤੋਂ ਬਾਅਦ ਕੀਤਾ। ਉਨ੍ਹਾਂ ਅੱਗੋਂ ਕਿਹਾ ਇਸ ਪੁਸਤਕ ਵਿੱਚ ਪਿੰਡ ਕੱਦੋਂ ਦੇ ਸਭਿਆਚਾਰ ਦੇ ਰਖਵਾਲੇ ਜਸਵਿੰਦਰ ਸਿੰਘ ਭੱਲਾ, ਜੀਤ ਕੱਦੋਂਵਾਲਾ, ਮਨਪ੍ਰੀਤ ਅਖ਼ਤਰ ਅਤੇ ਰਮਨ ਕੱਦੋਂ, ਵਰਗੇ ਕਲਾਕਾਰਾਂ, ਗੀਤਕਾਰਾਂ, ਗਾਇਕਾਂ ਅਤੇ ਅਦਾਕਾਰਾਂ ਦੀਆਂ ਪ੍ਰਾਪਤੀਆਂ ਦਾ ਵੇਰਵਾ ਦਿੱਤਾ ਗਿਆ ਹੈ। ਪਿੰਡ ਕੱਦੋਂ ਦੇ ਵਿਅਕਤੀ ਡਾਕਟਰ, ਵਕੀਲ, ਜੱਜ, ਪ੍ਰੋਫ਼ੈਸਰ, ਵਿਓਪਾਰੀ, ਉਦਮੀ, ਖੇਤੀਬਾੜੀ ਮਾਹਰ, ਸਪੋਰਟਸਮੈਨ, ਆਰਥਿਕ ਮਾਹਿਰ, ਵਾਤਾਵਰਨ ਪ੍ਰੇਮੀ, ਸਮਾਜ ਸੇਵਕ, ਚੋਟੀ ਦੇ ਕਲਾਕਰ, ਗਾਇਕ ਅਤੇ ਹੋਏ ਹਨ, ਜਿਨ੍ਹਾਂ ਨੇ ਆਪਣੀਆਂ ਵਿਲੱਖਣ ਪ੍ਰਾਪਤੀਆਂ ਕਰਕੇ ਪਿੰਡ ਦਾ ਨਾਮ ਸੰਸਾਰ ਵਿੱਚ ਰੌਸ਼ਨ ਕੀਤਾ ਹੈ। ਇਸ ਪਿੰਡ ਦੇ ਕਿਸਾਨਾਂ ਨੇ ਰਵਾਇਤੀ ਫ਼ਸਲਾਂ ਦੀ ਥਾਂ ਡਾਈਵਰਸੀਫੀਕੇਸ਼ਨ ਨੂੰ ਤਰਜੀਹ ਦਿੱਤੀ ਹੈ। ਪਿੰਡ ਕੱਦੋਂ ਆਪਣੀ ਬੁੱਕਲ ਵਿੱਚ ਪੁਰਾਤਨ ਵਿਰਾਸਤੀ ਇਤਿਹਾਸ ਨੂੰ ਸੰਭਾਲੀ ਬੈਠਾ ਹੈ। ਇਹ ਪੁਸਤਕ ਪਿੰਡਾਂ ਦੀ ਰਹਿਣੀ ਬਹਿਣੀ ਦਾ ਇਤਿਹਾਸਕ ਦਸਤਾਵੇਜ ਬਣ ਗਈ ਹੈ। ਇਸ ਮੌਕੇ 'ਤੇ ਕਬੱਡੀ ਕੱਪ ਦੇ ਪ੍ਰਧਾਨ ਸੁਰਜੀਤ ਸਿੰਘ ਮੁੰਡੀ, ਮੇਵਾ ਸਿੰਘ ਮੁੰਡੀ ਐਨ.ਆਰ.ਆਈ.ਐਡਵੋਕੇਟ ਪਰਮਜੀਤ ਸਿੰਘ ਮੁੰਡੀ, ਰਣਜੀਤ ਸਿੰਘ, ਦਿਲਬਾਗ ਸਿੰਘ ਪੋਲਾ ਸਾਬਕਾ ਚੇਅਰਮੈਨ, ਸਬ-ਇੰਸਪੈਕਟਰ ਸੁਰਜੀਤ ਸਿੰਘ, ਸੂਬੇਦਾਰ ਮਲਕੀਤ ਸਿੰਘ, ਰਾਜਵੀਰ ਸਿੰਘ ਮੁੰਡੀ, ਤਨਵੀਰ ਸਿੰਘ ਮੁੰਡੀ, ਦਵਿੰਦਰ ਸਿੰਘ ਮੁੰਡੀ, ਗਗਨ ਮੁੰਡੀ ਅਤੇ ਰਾਜਵੀਰ ਸਿੰਘ ਠੇਕਦਾਰ ਆਦਿ ਲੋਕ ਅਰਪਣ ਵਿੱਚ ਸ਼ਾਮਲ ਸਨ। ਉਜਾਗਰ ਸਿੰਘ ਨੇ ਪਿੰਡ ਕੱਦੋਂ ਦੇ ਨਿਵਾਸੀਆਂ ਦਾ ਧੰਨਵਾਦ ਕੀਤਾ।



# ਪਟਿਆਲਾ-ਆਸ/ਪਾਸ



## ਅਰਬਨ ਅਸਟੇਟ ਵਾਸੀਆਂ ਦੇ ਸਾਰੇ ਮੁੱਖ ਮੁੱਦੇ ਇੱਕ ਨਿਸ਼ਚਿਤ ਸਮਾਂ-ਸੀਮਾ ਦੇ ਅੰਦਰ ਹੱਲ ਕੀਤੇ ਜਾਣਗੇ: ਡਾ. ਬਲਬੀਰ ਸਿੰਘ

### ਸਿਹਤ ਮੰਤਰੀ ਵੱਲੋਂ ਪੀਡੀਏ ਅਧਿਕਾਰੀਆਂ ਅਤੇ ਸਥਾਨਕ ਨਿਵਾਸੀਆਂ ਨਾਲ ਮੀਟਿੰਗ

ਪਟਿਆਲਾ, 2 ਮਾਰਚ (ਰੁਪਾਣਾ) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਕਾਸ ਅਥਾਰਟੀ ਦੇ ਸੀਏ ਅਪਰਨਾ ਐਮਬੀ, ਏਸੀਏ ਪਰਮਦੀਪ ਸਿੰਘ ਅਤੇ ਰੈਜ਼ੀਡੈਂਟਸ ਵੈਲਫੇਅਰ ਐਸੋਸੀਏਸ਼ਨਾਂ ਦੇ ਮੈਂਬਰਾਂ ਨਾਲ ਅਰਬਨ ਅਸਟੇਟ, ਪਟਿਆਲਾ ਦੇ ਨਿਵਾਸੀਆਂ ਨੂੰ ਦਰਪੇਸ਼ ਮੁੱਖ ਮੁਸ਼ਕਲਾਂ ਦੇ ਹੱਲ ਲਈ ਇੱਕ ਬੈਠਕ ਦੀ ਪ੍ਰਧਾਨਗੀ ਕੀਤੀ। ਡਾ. ਬਲਬੀਰ ਸਿੰਘ ਨੇ ਨਿਵਾਸੀਆਂ ਦੁਆਰਾ ਉਠਾਈਆਂ ਗਈਆਂ ਸਾਰੀਆਂ ਮੁਸ਼ਕਲਾਂ ਸੁਣਦਿਆਂ ਭਰੋਸਾ ਦਿੱਤਾ ਕਿ ਅਰਬਨ ਅਸਟੇਟ ਦੀਆਂ ਸਾਰੀਆਂ ਪ੍ਰਮੁੱਖ ਸਮੱਸਿਆਵਾਂ ਨੂੰ ਇੱਕ ਨਿਸ਼ਚਿਤ ਸਮਾਂ-ਸੀਮਾ ਦੇ ਅੰਦਰ ਹੱਲ ਕੀਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ ਕਿ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਅਰਬਨ ਅਸਟੇਟ ਵਿੱਚ ਇੱਕ ਕਮਿਊਨਿਟੀ ਹੈਲਥ ਸੈਂਟਰ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਅਤੇ ਸਿੱਖਿਆ ਭਗਵੰਤ ਸਿੰਘ



ਮਾਨ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਹਨ, ਜਿਸ ਕਰਕੇ ਅਰਬਨ ਅਸਟੇਟ ਨਿਵਾਸੀਆਂ ਨੂੰ ਵੀ ਇਸ ਦਾ ਲਾਭ ਮਿਲੇਗਾ। ਮੀਟਿੰਗ ਦੌਰਾਨ, ਵਸਨੀਕਾਂ ਨੇ ਕਈ ਮੰਗਾਂ ਉਠਾਈਆਂ, ਜਿਨ੍ਹਾਂ ਵਿੱਚ ਫੇਜ਼-1 ਵਿੱਚ ਇੱਕ ਇਨਡੋਰ ਬੈਡਮਿੰਟਨ ਕੋਰਟ ਦਾ ਨਿਰਮਾਣ, ਸੇਵਾ ਕੇਂਦਰ ਤੇ ਇੱਕ ਕਮਿਊਨਿਟੀ ਸੈਂਟਰ ਬਣਾਉਣਾ, ਸੜਕਾਂ ਦੀ ਮੁਰੰਮਤ, ਮੀਂਹ ਦੇ ਪਾਣੀ ਦੀ ਨਿਕਾਸੀ, ਟ੍ਰੈਫਿਕ ਭੀੜ ਦੇ ਪ੍ਰਬੰਧਨ ਲਈ ਉਪਾਅ, ਅਵਾਰਾ ਕੁੱਤਿਆਂ ਅਤੇ ਅਵਾਰਾ ਪਸ਼ੂਆਂ 'ਤੇ ਕਾਬੂ, ਕੂੜਾ ਇਕੱਠਾ ਕਰਨ ਵਿੱਚ ਸੁਧਾਰ, ਅਤੇ ਵਾਧੂ ਜਨਤਕ ਪਖਾਨੇ ਅਤੇ ਹੋਰ ਨਾਗਰਿਕ ਸਹੂਲਤਾਂ ਦੀ ਵਿਵਸਥਾ ਸ਼ਾਮਲ ਹੈ। ਡਾ. ਬਲਬੀਰ ਸਿੰਘ ਨੇ ਸੀਏ ਪੀਡੀਏ ਅਤੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ ਕਿ ਸਾਰੇ ਲੋੜੀਂਦੇ ਕੰਮ ਇੱਕ ਨਿਸ਼ਚਿਤ ਸਮਾਂ ਸੀਮਾ ਦੇ ਅੰਦਰ ਪੂਰੇ ਕੀਤੇ ਜਾਣ। ਸੀਏ ਅਪਰਨਾ ਐਮਬੀ ਨੇ ਸਿਹਤ ਮੰਤਰੀ ਨੂੰ ਭਰੋਸਾ ਦਿੱਤਾ ਕਿ ਹਦਾਇਤਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਵਿੱਚ ਪ੍ਰੀਤਇੰਦਰ ਸਿੰਘ, ਮੌਂਟੀ ਘੁੰਮਣ, ਪ੍ਰੋ. ਆਰ.ਐਸ. ਘੁੰਮਣ, ਵਰਿੰਦਰ ਸੂਦ, ਮੌਦਗਿੱਲ, ਟਰੇਡ ਵਿੰਗ ਦੇ ਪ੍ਰਧਾਨ ਸੁਰਵੀਰ ਸਿੰਘ ਸਮੇਤ ਰੈਜ਼ੀਡੈਂਟਸ ਵੈਲਫੇਅਰ ਐਸੋਸੀਏਸ਼ਨ ਦੇ ਹੋਰ ਮੈਂਬਰ ਅਤੇ ਪੀਡੀਏ ਦੇ ਅਧਿਕਾਰੀ ਸ਼ਾਮਲ ਸਨ।

## ਪੰਜਾਬੀ ਯੂਨੀਵਰਸਿਟੀ ਵੱਲੋਂ ਆਸਟ੍ਰੇਲੀਆ ਦੇ ਅਦਾਰੇ 'ਯੂਨੀਵਰਸਲ ਬਿਜ਼ਨਸ ਸਕੂਲ' ਨਾਲ ਅਕਾਦਮਿਕ ਇਕਰਾਰਨਾਮਾ

ਪਟਿਆਲਾ, 2 ਮਾਰਚ (ਚ.ਨ.ਸ.) :ਪੰਜਾਬੀ ਯੂਨੀਵਰਸਿਟੀ ਵੱਲੋਂ ਆਸਟ੍ਰੇਲੀਆ ਦੇ ਅਦਾਰੇ 'ਯੂਨੀਵਰਸਲ ਬਿਜ਼ਨਸ ਸਕੂਲ' ਨਾਲ਼ ਅਕਾਦਮਿਕ ਸਾਂਝ ਕਾਇਮ ਕਰਦਿਆਂ ਇੱਕ ਅਹਿਮ ਇਕਰਾਰਨਾਮਾ ਕੀਤਾ ਗਿਆ ਹੈ। ਇਸ ਇਕਰਾਰਨਾਮੇ 'ਤੇ ਪੰਜਾਬੀ ਯੂਨੀਵਰਸਿਟੀ ਵੱਲੋਂ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਹਸਤਾਖ਼ਰ ਕੀਤੇ ਅਤੇ ਯੂਨੀਵਰਸਲ ਬਿਜ਼ਨਸ ਸਕੂਲ ਵੱਲੋਂ ਜੀ.ਸੀ.ਏ. ਆਸਟ੍ਰੇਲੀਆ ਦੇ ਚਾਂਸਲਰ ਡਾ. ਗੈਰੀ ਮਲਹੋਤਰਾ ਨੇ ਸਹੀ ਪਾਈ। ਡਾ. ਜਗਦੀਪ ਸਿੰਘ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਇਹ ਇਕਰਾਰਨਾਮਾ ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਲਈ ਅੰਤਰ-ਰਾਸ਼ਟਰੀ ਪੱਧਰ 'ਤੇ ਨਵੇਂ ਰਾਹ ਖੋਲ੍ਹੇਗਾ। ਉਨ੍ਹਾਂ ਕਿਹਾ ਕਿ ਇਸ ਸਾਂਝ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਅੰਤਰ-ਰਾਸ਼ਟਰੀ ਪੱਧਰ ਦੇ ਮੌਕੇ ਦੇਣਾ ਅਤੇ ਦੋਵਾਂ ਸੰਸਥਾਵਾਂ ਦਰਮਿਆਨ ਅਕਾਦਮਿਕ ਵਟਾਂਦਰੇ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਪੰਜਾਬੀ



ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਉਹ ਸਾਰੀਆਂ ਸਹੂਲਤਾਂ ਅਤੇ ਮੌਕੇ ਪ੍ਰਦਾਨ ਕਰਨਾ ਹੈ, ਜੋ ਕਿਸੇ ਵੀ ਵਿਕਸਿਤ ਦੇਸ਼ ਦੇ ਵਿਦਿਆਰਥੀ ਨੂੰ ਮਿਲਦੇ ਹਨ। ਇਸ ਸਮਝੌਤੇ ਨਾਲ਼ ਸਾਡੇ ਵਿਦਿਆਰਥੀਆਂ ਲਈ ਆਸਟ੍ਰੇਲੀਆ ਵਿੱਚ ਇੰਟਰਨਸ਼ਿਪ ਅਤੇ ਪਲੇਸਮੈਂਟ ਦੇ ਵੀ ਰਾਹ ਪੱਧਰੇ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਇਹ ਸਾਂਝ ਸਿਰਫ਼ ਪੜ੍ਹਾਈ ਤੱਕ ਸੀਮਤ ਨਹੀਂ ਰਹੇਗੀ, ਸਗੋਂ ਦੋਵਾਂ ਦੇਸ਼ਾਂ ਦੇ ਸੱਭਿਆਚਾਰਕ ਵਟਾਂਦਰੇ ਦਾ ਜ਼ਰੀਆ ਵੀ ਬਣੇਗੀ। ਉਨ੍ਹਾਂ ਉਮੀਦ ਜਤਾਈ ਕਿ ਇਸ ਇਕਰਾਰਨਾਮੇ ਤਹਿਤ ਆਸਟ੍ਰੇਲੀਆ ਦੇ ਮਾਹਿਰ ਅਧਿਆਪਕ ਸਮੇਂ-ਸਮੇਂ 'ਤੇ ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਆਨਲਾਈਨ ਅਤੇ ਆਫਲਾਈਨ ਮਾਧਿਅਮ ਰਾਹੀਂ ਸੰਬੋਧਨ ਕਰਨਗੇ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਇਸ ਇਕਰਾਰਨਾਮੇ ਦੀਆਂ ਸ਼ਰਤਾਂ ਨੂੰ ਅਮਲੀ ਰੂਪ ਦੇਣ ਲਈ ਯੋਜਨਾਵਾਂ ਬਣਾਈਆਂ ਜਾਣ। ਜ਼ਿਕਰਯੋਗ ਹੈ ਕਿ ਇਸ ਇਕਰਾਰਨਾਮੇ ਦੀਆਂ ਮੁੱਖ ਵਿਸ਼ੇਸ਼ਤਾਵਾਂ ਵਿੱਚ ਛੇ-ਨੁਕਾਤੀ ਪ੍ਰੋਗਰਾਮ ਸ਼ਾਮਿਲ ਹੈ। ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਆਸਟ੍ਰੇਲੀਆ ਵਿੱਚ ਪੜ੍ਹਨ ਅਤੇ ਉੱਥੋਂ ਦੇ ਕਾਰੋਬਾਰੀ ਮਾਹੌਲ ਨੂੰ ਸਮਝਣ ਦਾ ਮੌਕਾ ਮਿਲੇਗਾ। ਦੋਵੇਂ ਸੰਸਥਾਵਾਂ ਮਿਲ ਕੇ ਵਪਾਰ ਅਤੇ ਪ੍ਰਬੰਧਨ ਦੇ ਖੇਤਰ ਵਿੱਚ ਨਵੇਂ ਖੋਜ ਕਾਰਜ ਕਰ ਸਕਣਗੀਆਂ। ਅਧਿਆਪਕਾਂ ਲਈ ਵੀ ਇੱਕ-ਦੂਜੇ ਦੇ ਅਦਾਰਿਆਂ ਵਿੱਚ ਜਾ ਕੇ ਨਵੀਨਤਮ ਅਧਿਆਪਨ ਵਿਧੀਆਂ ਸਿੱਖਣ ਅਤੇ ਆਪਣੀਆਂ ਸੇਵਾਵਾਂ ਓਥੇ ਦੇਣ ਦਾ ਪ੍ਰਬੰਧ ਹੋਵੇਗਾ। ਕੁੱਝ ਅਜਿਹੇ ਡਿਗਰੀ ਅਤੇ ਡਿਪਲੋਮਾ ਪ੍ਰੋਗਰਾਮ ਵੀ ਸ਼ੁਰੂ ਕੀਤੇ ਜਾ ਸਕਣਗੇ, ਜਿੱਥੇ ਪੜ੍ਹਾਈ ਦਾ ਕੁਝ ਹਿੱਸਾ ਭਾਰਤ ਅਤੇ ਬਾਕੀ ਆਸਟ੍ਰੇਲੀਆ ਵਿੱਚ ਪੂਰਾ ਕੀਤਾ ਜਾ ਸਕੇ। ਡਾ. ਗੈਰੀ ਮਲਹੋਤਰਾ ਨੇ ਵੀ ਇਸ ਮੌਕੇ ਭਾਰਤੀ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸ਼ਲਾਘਾ ਕੀਤੀ । ਉਨ੍ਹਾਂ ਇਸ ਇਕਰਾਰਨਾਮੇ ਦੀਆਂ ਬਾਰੀਕੀਆਂ ਅਤੇ ਵਿਦਿਆਰਥੀਆਂ ਨੂੰ ਹੋਣ ਵਾਲ਼ੇ ਸਿੱਧੇ ਫਾਇਦਿਆਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਸ਼ੁਰੂਆਤੀ ਪੱਧਰ 'ਤੇ ਬਿਜ਼ਨਸ ਮੈਨੇਜਮੈਂਟ ਦੇ ਵਿਦਿਆਰਥੀ ਇਸ ਦਾ ਮੁੱਖ ਕੇਂਦਰ ਹੋਣਗੇ। ਅਗਲੇਰੇ ਪੱਧਰ 'ਤੇ ਹੋਰ ਅਨੁਸ਼ਾਸਨਾਂ ਵਿੱਚ ਵੀ ਸਾਂਝੇਦਾਰੀ ਕਾਇਮ ਕੀਤੀ ਜਾਵੇਗੀ। ਵਿਦਿਆਰਥੀਆਂ ਲਈ 'ਡਿਊਲ ਡਿਗਰੀ' (ਦੋਹਰੀ ਡਿਗਰੀ) ਦੇ ਮੌਕੇ, ਅੰਤਰ-ਰਾਸ਼ਟਰੀ ਅਧਿਆਪਨ ਵਿਧੀਆਂ ਨਾਲ਼ ਜਾਣ-ਪਛਾਣ, ਅਤੇ ਵਿਦੇਸ਼ੀ ਸੱਭਿਆਚਾਰ ਦੀ ਸਮਝ ਆਦਿ ਪੱਖੋਂ ਨਵੀਆਂ ਸੰਭਾਵਨਾਵਾਂ ਪੈਦਾ ਹੋਣਗੀਆਂ। ਇੰਟਰਨਸ਼ਿਪਾਂ ਅਤੇ ਖੋਜ ਪ੍ਰੋਜੈਕਟਾਂ ਰਾਹੀਂ ਬਹੁ-ਰਾਸ਼ਟਰੀ ਕੰਪਨੀਆਂ ਵਿੱਚ ਰੁਜ਼ਗਾਰ ਦੇ ਬਿਹਤਰ ਮੌਕੇ ਪੈਦਾ ਹੋਣਗੇ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ, ਰਜਿਸਟਰਾਰ ਡਾ. ਦਵਿੰਦਰਪਾਲ ਸਿੰਘ ਸਿੱਧੂ ਸਮੇਤ ਵੱਖ-ਵੱਖ ਅਧਿਕਾਰੀ ਅਤੇ ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਉਪ-ਕੁਲਪਤੀ ਡਾ. ਬੀ.ਐਸ. ਘੁੰਮਣ ਵੀ ਮੌਜੂਦ ਸਨ।

## ਸਕਾਲਰ ਫੀਲਡਜ਼ ਸਕੂਲ ਨੇ ਹੋਲੀ ਦਾ ਤਿਉਹਾਰ ਮਨਾਇਆ



ਪਟਿਆਲਾ, 2 ਮਾਰਚ (ਰੁਪਾਣਾ) ਸਕਾਲਰ ਫੀਲਡਜ਼ ਪਬਲਿਕ ਸਕੂਲ, ਪਟਿਆਲਾ ਨੇ ਇਕ ਅਨੋਖੇ ਢੰਗ ਨਾਲ ਹੋਲੀ ਦਾ ਤਿਉਹਾਰ ਮਨਾਇਆ। ਰਵਾਇਤੀ ਰਸਾਇਣਕ ਰੰਗਾਂ ਨੂੰ ਛੱਡ ਕੇ, ਵਿਦਿਆਰਥੀਆਂ ਅਤੇ ਸਟਾਫ ਨੇ ਗੇਂਦੇ, ਗੁਲਾਬ, ਚਮੇਲੀ ਆਦਿ ਵੱਖ-ਵੱਖ ਰੰਗਾਂ ਦੇ ਫੁੱਲਾਂ ਨਾਲ ਆਪਣੇ ਆਪ ਨੂੰ ਸਜਾਇਆ। ਇਸ ਮੌਕੇ ਗੁਜੀਆ ਅਤੇ ਠੰਡਾਈ ਆਦਿ ਰਵਾਇਤੀ ਪਕਵਾਨਾਂ ਅਤੇ ਰੰਗੀਨ ਮਿਠਾਈਆਂ ਦਾ ਆਨੰਦ ਮਾਣਿਆ ਗਿਆ। ਪ੍ਰਿੰਸੀਪਲ ਚੰਦਨਦੀਪ ਕੌਰ ਨੇ ਵਾਤਾਵਰਨ-ਮਿੱਤਰ ਅਭਿਆਸਾਂ ਨੂੰ ਅਪਣਾਉਣ ਲਈ ਸਕੂਲ ਭਾਈਚਾਰੇ ਦੀ ਸ਼ਲਾਘਾ ਕੀਤੀ,ਅਤੇ ਕਿਹਾ ਕਿ ਫੁੱਲਾਂ ਨੂੰ ਚੁਣ ਕੇ, ਅਸੀਂ ਨਾ ਸਿਰਫ ਆਪਣੇ ਵਾਤਾਵਰਨ ਦੀ ਸੁਰੱਖਿਆ ਕਰਦੇ ਹਾਂ, ਬਲਕਿ ਆਪਣੇ ਬੱਚਿਆਂ ਵਿਚ ਕੁਦਰਤ ਪ੍ਰਤੀ ਦਇਆ ਅਤੇ ਜ਼ਿੰਮੇਵਾਰੀ ਦੇ ਮੁੱਲ ਵੀ ਸਥਾਪਿਤ ਕਰਦੇ ਹਾਂ।

## ਅਲੀਮਾਜਰਾ ਦੇ ਵਸਨੀਕਾਂ ਨੇ ਫੈਕਟਰੀ ਵੱਲੋਂ ਪ੍ਰਦੂਸ਼ਨ ਫੈਲਾਉਣ 'ਤੇ ਲਗਾਇਆ ਧਰਨਾ

ਘਨੌਰ, 2 ਮਾਰਚ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਦੇ ਪਿੰਡ ਅਲੀ ਮਾਜਰਾ ਦੇ ਨਿਵਾਸੀਆਂ ਨੇ ਇਕੱਠੇ ਹੋ ਕੇ ਪਿੰਡ ਅਲੀ ਮਾਜਰਾ ਵਿਖੇ ਸਥਿਤ ਡਾਕਟਰ ਲਿੰਨਫਿਲਡ ਲੈਬੋਰੇਟਰੀ ਪ੍ਰਾਈਵੇਟ ਲਿਮਿਟੇਡ ਫੈਕਟਰੀ ਦੇ ਖ਼ਿਲਾਫ਼ ਧਰਨਾ ਦਿੱਤਾ। ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਇਹ ਫੈਕਟਰੀ ਕਾਫ਼ੀ ਸਮੇਂ ਤੋਂ ਕੈਮੀਕਲ ਵਾਲੀਆਂ ਖਾਦਾਂ ਤਿਆਰ ਕਰ ਰਹੀ ਹੈ ਅਤੇ ਫੈਕਟਰੀ ਦਾ ਸਾਰਾ ਵੇਸਟ ਮਟੀਰੀਅਲ ਧਰਤੀ ਵਿੱਚ ਸੁੱਟਿਆ ਜਾ ਰਿਹਾ ਹੈ। ਇਸ ਕਾਰਨ ਪਿੰਡ ਦਾ ਪੀਣ ਵਾਲਾ ਪਾਣੀ ਅਤੇ ਖੇਤੀਬਾੜੀ ਲਈ ਵਰਤਿਆ ਜਾਣ ਵਾਲਾ ਪਾਣੀ ਬਹੁਤ ਪ੍ਰਭਾਵਿਤ ਹੋ ਗਿਆ ਹੈ।ਫੈਕਟਰੀ ਖ਼ਿਲਾਫ਼ ਗ੍ਰਾਮ ਪੰਚਾਇਤ ਅਲੀ ਮਾਜਰਾ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਪਟਿਆਲਾ, ਐਸ.ਡੀ.ਐਮ. ਰਾਜਪੁਰਾ, ਡੀ.ਸੀ. ਪਟਿਆਲਾ, ਐਮ.ਐਲ.ਏ. ਘਨੌਰ, ਚੇਅਰਪਰਸਨ ਪੰਜਾਬ ਪ੍ਰਦੂਸ਼ਨ



ਕੰਟਰੋਲ ਬੋਰਡ ਹੈੱਡ ਆਫਿਸ ਨਾਭਾ ਰੋਡ ਪਟਿਆਲਾ ਅਤੇ ਹੋਰ ਸੰਬੰਧਿਤ ਦਫ਼ਤਰਾਂ ਨੂੰ ਫੈਕਟਰੀ ਬੰਦ ਕਰਨ ਲਈ ਦਰਖ਼ਾਸਤਾਂ ਅਤੇ ਮੰਗ ਪੱਤਰ ਦਿੱਤੇ ਗਏ ਸਨ ਪਰ ਹੁਣ ਤੱਕ ਕੋਈ ਢੰਗ ਦੀ ਕਾਰਵਾਈ ਨਹੀਂ ਕੀਤੀ ਗਈ।ਇਸ ਕਾਰਨ ਪਿੰਡ ਵਾਸੀਆਂ ਨੇ ਭਾਈ ਬਰਜਿੰਦਰ ਸਿੰਘ ਪਰਵਾਨਾ ਜਥਾ ਦਮਦਮੀ ਟਕਸਾਲ ਰਾਜਪੁਰਾ, ਭਾਰਤੀ ਕਿਸਾਨ ਯੂਨੀਅਨ ਚੜੂਨੀ ਵੱਲੋਂ ਅਮਰਿੰਦਰ ਸਿੰਘ ਹੈਪੀ ਹਾਸਮਪੁਰ , ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਵੱਲੋਂ ਮਨਜੀਤ ਸਿੰਘ ਘੁੰਮਾਣਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਗੁਰਵਿੰਦਰ ਸਿੰਘ ਬੱਬੂ ਖਰਾਜਪੁਰ ਫੈਕਟਰੀ ਦੇ ਗੇਟ ਅੱਗੇ ਧਰਨਾ ਲਗਾਇਆ ਅਤੇ ਫੈਕਟਰੀ ਬੰਦ ਕਰਨ ਦੀ ਮੰਗ ਕੀਤੀ।ਮੌਕੇ 'ਤੇ ਡੀ.ਐਸ.ਪੀ. ਘਨੌਰ ਪਹੁੰਚੇ ਅਤੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ 7 ਦਿਨਾਂ ਦੇ ਅੰਦਰ ਫੈਕਟਰੀ ਦੀਆਂ ਮਨਜ਼ੂਰੀਆਂ ਦੀ ਜਾਂਚ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਸਬੰਧੀ ਪਿੰਡ ਵਾਸੀਆਂ ਵੱਲੋਂ ਐਸ.ਡੀ.ਐਮ. ਰਾਜਪੁਰਾ ਅਤੇ ਤਹਿਸੀਲਦਾਰ ਰਾਜਪੁਰਾ ਨੂੰ ਵੀ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਸ਼ੇਰ ਸਿੰਘ ਸਾਬਕਾ ਸਰਪੰਚ, ਹਰਜਿੰਦਰ ਸਿੰਘ ਸਾਬਕਾ ਸਰਪੰਚ, ਗੁਲਜ਼ਾਰ ਸਿੰਘ ਸਾਬਕਾ ਸਰਪੰਚ, ਹਰਦੇਵ ਸਿੰਘ ਸਾਬਕਾ ਸਰਪੰਚ, ਨਿਸ਼ਾਨ ਸਿੰਘ ਨੰਬਰਦਾਰ, ਹਰਜਿੰਦਰ ਸਿੰਘ ਨੰਬਰਦਾਰ, ਸਾਬਕਾ ਸਰਪੰਚ ਤੇਜਿੰਦਰ ਸਿੰਘ ਲੀਲਾ , ਲਖਵਿੰਦਰ ਸਿੰਘ ਨੰਬਰਦਾਰ, ਸੁਖਦੇਵ ਸਿੰਘ ਨੰਬਰਦਾਰ, ਮਲਕੀਤ ਸਿੰਘ ਪੰਚਾਇਤ ਮੈਂਬਰ, ਦਾਰਾ ਸਿੰਘ ਪੰਚਾਇਤ ਮੈਂਬਰ, ਬੂਟਾ ਸਿੰਘ ਪੰਚਾਇਤ ਮੈਂਬਰ, ਨਾਹਰ ਸਿੰਘ, ਨਿਸ਼ਾਨ ਸਿੰਘ, ਅਮਰੀਕ ਸਿੰਘ ਰਿੰਕੂ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ।

## ਪੰਜਾਬ ਨੰਬਰਦਾਰਾ ਐਸੋਸੀਏਸ਼ਨ ਦੀ ਮੀਟਿੰਗ



ਨਾਭਾ, 2 ਮਾਰਚ (ਬਲਜਿੰਦਰ ਮਾਨ) : ਪੰਜਾਬ ਨੰਬਰਦਾਰਾ ਐਸੋਸੀਏਸ਼ਨ (ਗਾਲਿਬ) ਦੀ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਤਹਿਸੀਲ ਪ੍ਰਧਾਨ ਉਗਰ ਸਿੰਘ ਅਗੇਤਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਸੁਰਾਜਪੁਰ ਅਤੇ ਪੰਜਾਬ ਬਾਡੀ ਮੈਂਬਰ ਜਸਦੇਵ ਸਿੰਘ ਅਗੇਤੀ ਮੌਜੂਦ ਸਨ। ਮੀਟਿੰਗ ਵਿੱਚ ਰੋਜ਼ਮਰਰਾ ਦੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਪੰਜਾਬ ਸਰਕਾਰ ਨੂੰ ਪਹਿਲਾਂ ਕੀਤੇ ਵਾਅਦਿਆਂ ਮੁਤਾਬਿਕ ਨੰਬਰਦਾਰਾਂ ਦੀਆਂ ਮੰਗਾਂ ਮੰਨਣ ਦੀ ਅਪੀਲ ਕੀਤੀ ਗਈ।ਮੰਗਾਂ ਵਿੱਚ ਨੰਬਰਦਾਰੀ ਜੱਦੀ ਪੁਸ਼ਤੀ ਕੀਤੀ ਜਾਵੇ, ਨੰਬਰਦਾਰਾਂ ਦਾ ਮਾਣ ਭੱਤਾ ਤਾ 5000 ਮਹੀਨਾ ਕੀਤਾ ਜਾਵੇ, ਤਹਿਸੀਲ ਕੰਪਲੈਕਸ ਵਿੱਚ ਨੰਬਰਦਾਰਾਂ ਦੇ ਬੈਠਣ ਲਈ ਕਮਰੇ ਦਾ ਪ੍ਰਬੰਧ ਕੀਤਾ ਜਾਵੇ, ਨੰਬਰਦਾਰਾਂ ਦਾ ਟੋਲ ਟੈਕਸ ਅਤੇ ਬੱਸ ਕਿਰਾਇਆ ਮੁਆਫ ਕੀਤਾ ਜਾਵੇ ਸ਼ਾਮਿਲ ਹੈ।ਇਸ ਮੌਕੇ ਨੰਬਰਦਾਰ ਨਾਇਬ ਸਿੰਘ ਸੰਗਤਪੁਰਾ, ਕਰਨੈਲ ਸਿੰਘ ਧਾਰੋਕੀ, ਹਾਕਮ ਸਿੰਘ, ਤੇਜਵਿੰਦਰ ਸਿੰਘ ਰੋਹਟੀ ਮੌੜਾ, ਰਣਜੀਤ ਸਿੰਘ ਮੰਡੋੜ ਆਦਿ ਨੰਬਰਦਾਰ ਹਾਜ਼ਰ ਸਨ।

## ਪ੍ਰਧਾਨ ਬਿੱਟੂ ਬਦੇਸ਼ਾ, ਸੀਨੀਅਰ ਮੀਤ ਪ੍ਰਧਾਨ ਬਿੱਲੂ ਦੁਤਾਲ ਦਾ ਕਾਰ ਡੀਲਰਾਂ ਸਮੇਤ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ ਜਥੇਬੰਦੀਆਂ ਵੱਲੋਂ ਸਨਮਾਨ



ਪਾਤੜਾਂ, 2 ਮਾਰਚ (ਹਰਮਿੰਦਰ ਕਰਤਾਰਪੁਰ): ਉੱਤਰੀ ਭਾਰਤ ਦੇ ਸਭ ਤੋਂ ਵੱਡੇ ਕਾਰ ਬਜ਼ਾਰ ਪਾਤੜਾਂ ਦੇ ਨਵ ਨਿਯੁਕਤ ਪ੍ਰਧਾਨ ਕੁਲਦੀਪ ਸਿੰਘ 'ਬਿੱਟੂ ਬਦੇਸ਼ਾ', ਕਾਰ ਡੀਲਰ ਐਸੋਸੀਏਸ਼ਨ ਪਾਤੜਾਂ ਦੇ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ 'ਬਿੱਲੂ ਦੁਤਾਲ', ਵਾਇਸ ਪ੍ਰਧਾਨ ਜੀਵਨ ਕੁਮਾਰ, ਚੇਅਰਮੈਨ ਸੁਖਪਾਲ ਸਿੰਘ ਵਿਰਕ , ਚੇਅਰਮੈਨ ਸਰਪੰਚ ਭੁਪਿੰਦਰ ਸਿੰਘ ਭਿੰਦਾ ਮੋਮੀ ਦਾ ਬੀਤੇ ਕੱਲ ਸ਼ਹਿਰ ਦੀਆਂ ਵੱਖ -ਵੱਖ ਸਮਾਜਿਕ ਜਥੇਬੰਦੀਆਂ ਅਤੇ ਕਾਰ ਡੀਲਰਾਂ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਾਰ ਡੀਲਰ ਐਸੋਸੀਏਸ਼ਨ ਪਾਤੜਾਂ ਦੇ ਪ੍ਰਧਾਨ ਕੁਲਦੀਪ ਸਿੰਘ 'ਬਿੱਟੂ ਬਦੇਸ਼ਾ' ਨੇ ਕਿਹਾ ਕਿ ਉਹ ਸ਼ਹਿਰ ਦੀਆਂ ਸਮਾਜਿਕ ਜਥੇਬੰਦੀਆਂ ਅਤੇ ਕਾਰ ਡੀਲਰਾਂ ਦੇ ਦਿਲੋਂ ਧੰਨਵਾਦੀ ਹਨ ਜਿਨ੍ਹਾਂ ਵਲੋਂ ਉਨ੍ਹਾਂ ਦਾ ਮਾ ਣ ਸਤਿਕਾਰ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਰਣਜੀਤ ਅਰੋੜਾ ਬਿੱਲਾ ਸਾਬਕਾ ਪ੍ਰਧਾਨ ਨਗਰ ਕੌਂਸਲ ਪਾਤੜਾਂ,ਆਮ ਆਦਮੀ ਪਾਰਟੀ ਬਲਾਕ ਪਾਤੜਾਂ ਦੇ ਪ੍ਰਧਾਨ ਪ੍ਰੀਤ ਗਿੱਲ, ਨਰਿੰਦਰ ਕੁਮਾਰ ਬੌਕਸਰ,ਪਾਲੀ ਵੜੈਚ, ਕਸ਼ਮੀਰ ਸਿੰਘ ਵੜੈਚ, ਸੁਖਪਾਲ ਸਿੰਘ ਰੰਧਾਵਾ, ਪਰੈਟੀ, ਬਾਬਾ ਗੁਰਦੀਪ ਗਿਰ, ਕੁਲਦੀਪ ਸਿੰਘ ਰਾਠੀ,ਨੀਟੂ ਮਾਨ, ਬਲਵਿੰਦਰ ਸਿੰਘ ਵਿਰਕ, ਸਤਨਾਮ ਸਿੰਘ ਤਰਨੇ, ਪ੍ਰਧਾਨ ਮੰਨਾ ਹਰਿਆਊ, ਸੁਭਾਸ਼ ਤਿੱਤਰੀ, ਸ਼ੀਸ਼ ਪਾਲ ਗਰਗ, ਸੁਨੀਲ ਕੁਮਾਰ, ਕੁਲਦੀਪ ਸ਼ਰਮਾ,ਸੁਨੀਲ ਕੁਮਾਰ ਕਾਕਾ,ਮੰਟੂ ਜੈਨ,ਵਿੱਕੀ ਭੌਰ, ਰੋਸ਼ਨ ਲਾਲ ਗਰਗ, ਸਤਪਾਲ ਗੰਗਾ ਮੋਟਰਜ਼, ਪ੍ਰਧਾਨ ਦਵਿੰਦਰ ਸਿੰਘ ਗੋਗੀ ਵੜੈਚ, ਕੌਂਸਲਰ ਫ਼ਕੀਰ ਚੰਦ,ਦੀਪਕ ਜਿੰਦਲ, ਸੰਜੀਵ ਸ਼ਰਮਾ,ਡਿੰਪਲ ਕੁਮਾਰ, ਅਸ਼ੋਕ ਕੁਮਾਰ ਨਿਤਿਨ ਮੋਟਰ, ਜੋਗਿੰਦਰ ਸਿੰਘ ਵਿਰਕ, ਪ੍ਰਿਥੀ ਗਰਗ, ਰਾਜਵਿੰਦਰ ਸਿੰਘ ਰਾਜੂ, ਸਤੀਸ਼ ਕੁਮਾਰ ਗਰਗ, ਗੁਰਵਿੰਦਰ ਸਿੰਘ ਕਾਕਾ, ਆਨੰਦ ਬੌਕਸਰ ਆਦਿ ਪ੍ਰਮੁੱਖ ਤੌਰ ਤੇ ਹਾਜ਼ਰ ਸਨ।

## ਪ੍ਰੀਖਿਆ ਦੀ ਤਿਆਰੀ ਲਈ ਸੰਸਥਾ ਨੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ



ਪਟਿਆਲਾ, 2 ਮਾਰਚ (ਚ.ਨ.ਸ.) : ਸਾਬਕਾ ਜ਼ਿਲਾ ਸਿੱਖਿਆ ਅਧਿਕਾਰੀ ਪਟਿਆਲਾ ਇੰਜ: ਅਮਰਜੀਤ ਸਿੰਘ ਦੀ ਅਗਵਾਈ ਵਾਲੀ ਸੰਸਥਾ 'ਕਰੂ ਦੀ ਹੈਲਪ' ਪਟਿਆਲਾ ਨੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਬੋਰਡ ਪ੍ਰੀਖਿਆ ਦੀ ਤਿਆਰੀ ਲਈ ਸਰਕਾਰੀ ਪ੍ਰਾਇਮਰੀ ਸਕੂਲ ਕਸਿਆਣਾ, ਫੱਗਣ ਮਾਜਰਾ ਅਤੇ ਰੀਠਖੇੜੀ ਵਿਖੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਅਤੇ ਪ੍ਰੀਖਿਆ ਦੀ ਤਿਆਰੀ ਕਰਨ ਲਈ ਹੌਸਲਾ ਅਫਜ਼ਾਈ ਕਰਦਿਆਂ ਪ੍ਰੀਖਿਆ ਕਿੱਟ ਭੇਟ ਕਰਕੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸੰਸਥਾ ਦੇ ਜਨਰਲ ਸਕੱਤਰ ਗੁਰਮੁਖ ਸਿੰਘ ਫੱਗਣ ਮਾਜਰਾ ਅਤੇ ਗੁਰਮੁਖ ਸਿੰਘ ਰੁੜਕੀ ਸਮੇਤ ਸਕੂਲਾਂ ਦੇ ਸਟਾਫ ਮੈਂਬਰ ਹਾਜ਼ਰ ਸੀ।

## ਸਮਾਣਾ ਵਿਖੇ ਚੱਲ ਰਹੇ ਮੋਰਚੇ 'ਚ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਲੰਗਰ ਪ੍ਰਸ਼ਾਦੇ ਦੀ ਸੇਵਾ ਨਿਰੰਤਰ ਜਾਰੀ

ਡਕਾਲਾ/ਬਲਬੇੜ੍ਹਾ, 2 ਮਾਰਚ (ਗੁਰਸੇਵਕ ਸਿੰਘ) : 16 ਮਹੀਨਿਆਂ ਤੋਂ 400 ਫੁੱਟ ਉੱਚੇ ਟਾਵਰ 'ਤੇ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਅਤੇ ਟਾਵਰ ਮੋਰਚਾ ਸਮਾਣਾ ਦੀ ਸਮੁੱਚੀ ਟੀਮ ਦੀ ਅਗਵਾਈ ਹੇਠ, ਬਾਬਾ ਬੰਦਾ ਸਿੰਘ ਬਹਾਦਰ ਚੌਕ ਸਮਾਣਾ ਵਿਖੇ ਪਿਛਲੇ ਇੱਕ ਹਫਤੇ ਦੇ ਵੱਧ ਸਮੇਂ ਤੋਂ ਚੱਲ ਰਹੇ 'ਧਰਮ ਯੁੱਧ ਮੋਰਚੇ' 'ਚ ਜਿੱਥੇ ਵੱਖ ਵੱਖ ਇਲਾਕਿਆਂ ਵਿੱਚੋਂ ਪਿੰਡਾਂ ਦੀਆਂ



ਖੇਡ ਕਲੱਬਾਂ, ਧਾਰਮਿਕ ਸੰਪਰਦਾਵਾਂ, ਸਮਾਜਿਕ ਸੰਸਥਾਵਾਂ ਵੱਲੋਂ ਮੋਰਚੇ 'ਚ ਡਟੀਆਂ ਹੋਈਆਂ ਗੁਰੂ ਕੀਆਂ ਸੰਗਤਾਂ ਲਈ, ਲੰਗਰ ਪਾਣੀ ਦੇ ਪ੍ਰਬੰਧ ਕੀਤੇ ਜਾ ਰਹੇ ਹਨ, ਉੱਥੇ ਕਾਰ ਸੇਵਾ ਦੇ ਪੁੰਜ ਸੰਤ ਬਾਬਾ ਕਸ਼ਮੀਰ ਸਿੰਘ ਜੀ ਕਾਰ ਸੇਵਾ ਭੂਰੀ ਵਾਲੇ (ਸ੍ਰੀ ਅੰਮ੍ਰਿਤਸਰ ਸਾਹਿਬ) ਵਾਲਿਆਂ ਦੀ ਤੇ ਸਰਪ੍ਰਸਤੀ ਹੇਠ ਡੇਰਾ ਕਾਰਸੇਵਾ ਭੂਰੀ ਵਾਲੇ ਕਰਹਾਲੀ ਸਾਹਿਬ ਵਾਲਿਆਂ ਵੱਲੋਂ ਵੀ ਜਥੇਦਾਰ ਬਾਬਾ ਰਾਣਾ ਜੀ ਦੀ ਅਗਵਾਈ ਹੇਠ, ਮੋਰਚੇ 'ਚ ਡਟੀਆਂ ਗੁਰੂ ਕੀਆਂ ਸੰਗਤਾਂ ਲਈ ਨਿਰੰਤਰ ਪਿਛਲੇ ਇਕ ਹਫਤੇ ਤੋਂ ਡੇਰਾ ਕਾਰਸੇਵਾ ਭੂਰੀ ਵਾਲੇ ਕਰਹਾਲੀ ਸਾਹਿਬ ਤੋਂ ਲੰਗਰ ਪ੍ਰਸ਼ਾਦੇ ਤਿਆਰ ਕਰਕੇ ਸਮਾਣਾ ਮੋਰਚੇ 'ਚ ਪਹੁੰਚਾਉਣ ਦੀ ਸੇਵਾ ਕੀਤੀ ਜਾ ਰਹੀ ਹੈ, ਇਸ ਮੌਕੇ ਜਥੇਦਾਰ ਬਾਬਾ ਰਾਣਾ ਜੀ ਨੇ ਦੱਸਿਆ ਕਿ ਸਰਬ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਸਰਕਾਰ ਪਾਸੋਂ ਸਖਤ ਕਾਨੂੰਨ ਦੀ ਮੰਗ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਦੇ ਸੰਘਰਸ਼ ਨੂੰ ਤਿੱਖਾ ਕਰਨ ਲਈ, ਬਾਬਾ ਬੰਦਾ ਸਿੰਘ ਬਹਾਦਰ ਚੌਕ 'ਚ ਡਟੀਆਂ ਹੋਈਆਂ ਸੰਗਤਾਂ ਨੂੰ ਪ੍ਰਸ਼ਾਦਾ ਪਾਣੀ ਪਹੁੰਚਾਉਣ ਲਈ ਸ੍ਰੀਮਾਨ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਵੱਲੋਂ ਵਿਸ਼ੇਸ਼ ਤੌਰ 'ਤੇ ਡਿਊਟੀ ਲਗਾ ਕੇ ਗੁਰੂ ਕੇ ਲੰਗਰ ਤਿਆਰ ਕਰਕੇ ਪਹੁੰਚਾਉਣ ਲਈ ਸੇਵਾਵਾਂ ਨਿਭਾਉਣ ਲਈ ਡਿਊਟੀ ਲਗਾਈ ਗਈ ਹੈ, ਜਿਹੜੀ ਉਦੋਂ ਤੱਕ ਨਿਰੰਤਰ ਜਾਰੀ ਰਹਿਣਗੀਆਂ, ਜਦੋਂ ਤੱਕ ਸੰਗਤਾਂ ਦਾ ਮੋਰਚਾ ਆਰੰਭ ਰਹੇਗਾ।

## ਅਮਰੀਕਾ-ਭਾਰਤ ਦੇ ਦੁਵੱਲੇ ਸਮਝੌਤੇ ਦੀਆਂ ਚੁਣੌਤੀਆਂ ਵਿਸ਼ੇ 'ਤੇ ਆਈ.ਡੀ.ਪੀ. ਵੱਲੋਂ ਵਿਚਾਰ-ਚਰਚਾ

ਪਟਿਆਲਾ, 2 ਮਾਰਚ (ਚ.ਨ.ਸ.) : ਤਰਕਸ਼ੀਲ ਭਵਨ ਪਟਿਆਲਾ ਵਿਖੇ ਇੰਟਰਨੈਸ਼ਨਲਿਸਟ ਡੈਮੋਕ੍ਰੇਟਿਕ ਪਲੇਟਫਾਰਮ ,ਆਈਡੀਪੀ ਵੱਲੋਂ 'ਭਾਰਤ ਅਮਰੀਕਾ ਦਵੱਲੇ ਸਮਝੌਤੇ ਦੀਆਂ ਚੁਣੌਤੀਆਂ' ਵਿਸ਼ੇ 'ਤੇ ਵਿਚਾਰ ਚਰਚਾ ਕਰਵਾਈ ਗਈ। ਇਸ ਮੌਕੇ ਆਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਆਈਡੀਪੀ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਧਨੇਠਾ ਨੇ ਕਿਹਾ ਕਿ ਇਸ ਦੁਵੱਲੇ ਸਮਝੌਤੇ ਨਾਲ ਮੋਦੀ ਨੇ ਦੇਸ਼ ਨੂੰ ਗੁੰਮਰਾਹ ਕੀਤਾ ਹੈ। ਇਸ ਮੌਕੇ ਉੱਘੇ ਚਿੰਤਕ ਤੇ ਸੀਨੀਅਰ ਪੱਤਰਕਾਰ ਹਮੀਰ ਸਿੰਘ ਨੇ ਕਿਹਾ ਕਿ ਸਾਡੇ ਦੇਸ਼ ਦੀ ਹਾਲਤ ਇਹ ਬਣ ਗਈ ਹੈ ਕਿ ਜੋ ਲੋਕਾਂ ਦੀਆਂ ਵੋਟਾਂ ਨਾਲ ਪ੍ਰਧਾਨ ਮੰਤਰੀ ਬਣਦਾ ਹੈ , ਉਹੀ ਆਪਣੇ ਆਪ ਨੂੰ ਦੇਸ਼ ਸਮਝਣ ਲੱਗ ਜਾਂਦਾ ਹੈ। ਇਸੇ ਲਈ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਰੰਪ ਨਾਲ ਹੋਏ ਦਵੱਲੇ ਸਮਝੌਤੇ ਤੋਂ ਪਹਿਲਾਂ ਦੇਸ਼ ਦੀ ਜਨਤਾ ਨਾਲ, ਵਿਰੋਧੀ ਧਿਰਾਂ ਨਾਲ , ਲੋਕ ਸਭਾ, ਰਾਜ ਸਭਾ ਨਾਲ, ਰਾਜਾਂ



ਦੇ ਮੁੱਖ ਮੰਤਰੀਆਂ ਨਾਲ ਗੱਲ ਕਰਨੀ ਜ਼ਰੂਰੀ ਨਹੀਂ ਸਮਝੀ। ਉਹਨਾਂ ਇਹ ਵੀ ਕਿਹਾ ਕਿ ਟਰੰਪ ਵੱਲੋਂ, ਜਿਸ ਤਰ੍ਹਾਂ ਦੁਨੀਆਂ ਦੀਆਂ ਜਮਹੂਰੀ ਸੰਸਥਾਵਾਂ ਦਾ ਘਾਣ ਕਰਕੇ ਮਨਮਾਨੇ ਢੰਗ ਨਾਲ ਤਾਨਾਸ਼ਾਹੀ ਕਰ ਰਿਹਾ ਹੈ, ਇਸ ਨਾਲ ਲੱਗਦਾ ਹੈ ਕਿ ਦੁਨੀਆਂ ਨੂੰ ਪੁੱਠਾ ਗੇੜ ਲੱਗ ਚੁੱਕਾ ਹੈ, ਤੀਜੀ ਸੰਸਾਰ ਜੰਗ ਵੱਲ ਦੁਨੀਆਂ ਨੂੰ ਧੱਕਿਆ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਜਖੇਪਲ , ਫਲਜੀਤ ਸਿੰਘ ਸੰਗਰੂਰ, ਗੁਰਮੀਤ ਸਿੰਘ ਥੂਹੀ, ਮਨਪ੍ਰੀਤ ਕੌਰ ਰਾਜਪੁਰਾ,ਕੁਲਵਿੰਦਰ ਕੌਰ ਰਾਮਗੜ੍ਹ , ਜੰਗੀਰ ਸਿੰਘ ਪਟਿਆਲਾ, ਜੋਗਿੰਦਰ ਸਿੰਘ ਮੌਜੀ, ਪ੍ਰੋਫੈਸਰ ਸੁਖਜਿੰਦਰ ਸਿੰਘ, ਦਰਸ਼ਨ ਸਿੰਘ ਬੇਲੂਮਾਜਰਾ , ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ, ਜਸਬੀਰ ਸਿੰਘ ਮੁਲਾਜ਼ਮ ਆਗੂ, ਦਵਿੰਦਰ ਸਿੰਘ ਪੂਨੀਆਂ ਜ਼ਿਲ੍ਹਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਦਵਿੰਦਰ ਸਿੰਘ ਟੌਹੜਾ, ਸੁਨੀਤਾ ਰਾਣੀ ਕੈਦੂਪੁਰ, ਤਾਰਾ ਸਿੰਘ ਫੱਗੂਵਾਲਾ, ਖਿਆਲੀ ਰਾਮ ਪਾਤੜਾਂ, ਰਣਜੀਤ ਸਿੰਘ ਪਟਿਆਲਾ, ਲਖਬੀਰ ਸਿੰਘ ਕਨਸੂਹਾ ਆਦਿ ਨੇ ਸ਼ਮੂਲੀਅਤ ਕੀਤੀ।

## ਜਗਮੀਤ ਸਿੰਘ ਹਰਿਆਊ ਵੱਲੋਂ ਨਵ-ਨਿਯੁਕਤ ਮੈਨੇਜਰ ਸੁਰਜੀਤ ਸਿੰਘ ਕੌਲੀ ਦਾ ਸਨਮਾਨ

ਡਕਾਲਾ/ਬਲਬੇੜ੍ਹਾ, 2 ਮਾਰਚ (ਗੁਰਸੇਵਕ ਸਿੰਘ) : ਵਿਧਾਨ ਸਭਾ ਹਲਕਾ ਸਮਾਣਾ ਦੇ ਇਤਿਹਾਸਿਕ ਨਗਰ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ ਸਾਹਿਬ ਵਿਖੇ ਗੁਰਦੁਆਰਾ ਸਾਹਿਬ ਦੇ ਨਾਮ ਨਿਯੁਕਤ ਕੀਤੇ ਗਏ ਮੈਨੇਜਰ ਸੁਰਜੀਤ ਸਿੰਘ ਕੌਲੀ ਦਾ ਵਿਧਾਨ ਸਭਾ ਹਲਕਾ ਸਮਾਣਾ ਦੇ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਅਤੇ ਨੌਜਵਾਨ ਯੂਥ ਆਗੂ ਜਗਮੀਤ ਸਿੰਘ ਹਰਿਆਊ ਵੱਲੋਂ ਸਿਰੋਪਾਉ ਦੀ ਬਖਸ਼ਿਸ਼ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਉਹਨਾਂ ਨਵ-ਨਿਯੁਕਤ ਮੈਨੇਜਰ ਨੂੰ ਵਧਾਈ ਦਿੱਤੀਆਂ। ਇਸ ਮੌਕੇ ਪਹੁੰਚੇ ਹੋਏ ਹਲਕਾ ਮੈਂਬਰ ਸ਼੍ਰੋਮਣੀ ਕਮੇਟੀ



ਕੁਲਦੀਪ ਸਿੰਘ ਨੱਸੂਪੁਰ ਨੂੰ ਮੈਨੇਜਰ ਸੁਰਜੀਤ ਸਿੰਘ ਕੌਲੀ ਨੇ ਭਰੋਸਾ ਦਵਾਇਆ ਕਿ ਉਹ ਗੁਰੂ ਘਰ ਦੇ ਪ੍ਰਬੰਧਕੀ ਢਾਂਚੇ 'ਚ ਗੁਰੂ ਸਾਹਿਬ ਜੀ ਨੂੰ ਨਤਮਸਤਕ ਹੋਣ ਲਈ ਆਉਣ ਵਾਲੀਆਂ ਸੰਗਤਾਂ ਪ੍ਰਤੀ ਹਰ ਸਮੇਂ ਸੇਵਾ 'ਚ ਹਾਜ਼ਰ ਰਹਿ ਕੇ ਕਿਸੇ ਵੀ ਪ੍ਰਕਾਰ ਦੀ ਊਣਤਾਈ ਮਹਿਸੂਸ ਨਾ ਹੋਣ ਦੇਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਇਸ ਮੌਕੇ ਜਗਮੀਤ ਸਿੰਘ ਹਰਿਆਊ ਹਲਕਾ ਇੰਚਾਰਜ ਸਮਾਣਾ, ਮੈਂਬਰ ਐਸਜੀਪੀਸੀ ਕੁਲਦੀਪ ਸਿੰਘ ਨੱਸੂਪੁਰ, ਅਮਰਜੀਤ ਸਿੰਘ ਟੋਡਰਪੁਰ, ਨਿਸ਼ਾਨ ਸਿੰਘ ਸੰਧੂ, ਦਰਸ਼ਨ ਸਿੰਘ ਸਮਾਣਾ, ਮਲਕੀਤ ਸਿੰਘ ਚੀਮਾ, ਗੁਰਪ੍ਰੀਤ ਸਿੰਘ ਕਾਦਰਾਬਾਦ, ਅਮਰਜੀਤ ਸਿੰਘ ਗੁਰਾਇਆ, ਹਿੰਮਤ ਸਿੰਘ ਮੁਰਾਦਪੁਰ, ਤੋਂ ਇਲਾਵਾ ਗੁਰਜੰਟ ਸਿੰਘ ਮਵੀ ਸੱਪਾਂ ਹਾਜ਼ਰ ਸਨ।

## ਹੋਲੀ ਦੇ ਤਿਉਹਾਰ ਮੌਕੇ ਨੁਕਸਾਨਦਾਇਕ 'ਕੈਮੀਕਲ ਰੰਗਾਂ' ਦੀ ਵਰਤੋਂ ਕਰਨ ਤੋਂ ਗੁਰੇਜ਼ ਕੀਤਾ ਜਾਵੇ : ਪ੍ਰੋ. ਬਡੂੰਗਰ

ਪਟਿਆਲਾ, 2 ਮਾਰਚ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਹੋਲੀ ਭਾਰਤ ਦਾ ਪੁਰਾਤਨ ਸੰਸਕ੍ਰਿਤ ਤਿਉਹਾਰ ਹੈ, ਜੋ ਧਰੂ ਭਗਤ ਦੀ ਜਿੱਤ ਅਤੇ ਹੋਲਿਕਾ ਦੀ ਹਾਰ ਭਾਵ ਨੇਕੀ ਦੀ ਜਿੱਤ ਅਤੇ ਬਦੀ ਦੀ ਹਾਰ ਵਜੋਂ ਹਰ ਸਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋਕ ਖੁਸ਼ੀ ਵਿਚ ਇਕ ਦੂਜੇ ਉੱਤੇ ਰੰਗ ਮਲਦੇ ਅਤੇ ਖਿਲਾਰਦੇ ਹਨ, ਪਰੰਤੂ ਹੁਣ ਰੰਗਾਂ ਵਿਚ ਨੁਕਸਾਨਦਾਇਕ ਕੈਮੀਕਲ ਸ਼ਾਮਲ ਹੋ ਜਾਣ ਕਾਰਨ ਇਹ ਅਤੀ ਹਾਨੀਕਾਰਕ ਬਣ ਗਏ ਹਨ। ਉਨ੍ਹਾਂ ਕਿਹਾ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੀ ਦਾ ਨਾਮ ਅਤੇ ਵਰਤਾਰਾ ਬਦਲਕੇ 'ਔਰਨ ਕੀ ਹੋਲੀ ਮਮ ਹੋਲਾ' ਕਹਿਕੇ ਉਸ ਦਿਨ ਸਿੰਘਾਂ ਦੇ ਘੋੜ ਸਵਾਰੀ ਮੁਕਾਬਲੇ, ਗੱਤਕੇ ਦੇ ਜੌਹਰ ਵਿਖਾਏ ਜਾਂਦੇ ਹਨ ਅਤੇ ਸਿੰਘਾਂ ਅੰਦਰ ਅਤੇ ਦਰਸ਼ਕਾਂ ਵਿਚ ਹੌਸਲਾ, ਦਲੇਰੀ, ਦ੍ਰਿੜ੍ਹਤਾ, ਪੰਥ ਦੋਖੀਆਂ ਵਿਰੁਧ ਖੰਡਾ ਖੜਕਾਉਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਨਿਹੰਗ ਸਿੰਘਾਂ ਵੱਲੋਂ ਮਹਲਾ ਸਜਾਇਆ ਜਾਂਦਾ ਹੈ। ਇਸ ਲਈ ਇਸ ਤਿਉਹਾਰ ਸਮੇਂ ਅਸ਼ਲੀਲਤਾ ਅਤੇ ਕੈਮੀਕਲ ਵਾਲੇ ਰੰਗਾਂ ਤੋਂ ਗੁਰੇਜ਼ ਹੀ ਕਰਨਾ ਚਾਹੀਦਾ ਹੈ। ਜਿੱਥੇ-ਜਿੱਥੇ ਵੀ ਇਹ ਤਿਉਹਾਰ ਮਨਾਇਆ ਜਾਂਦਾ ਹੈ, ਉਥੇ ਸਵੱਛਤਾ ਦਾ ਵੀ ਪੂਰਾ ਧਿਆਨ ਰੱਖਿਆ ਜਾਣਾ ਚਾਹੀਦਾ ਹੈ। ਪਲਾਸਟਿਕ ਆਦਿਕ ਘਾਤਕ ਵਸਤੂਆਂ ਦੀ ਵਰਤੋਂ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ।



## ਸਰਕਾਰੀ ਮੈਡੀਕਲ ਕਾਲਜ ਤੇ ਰਾਜਿੰਦਰਾ ਹਸਪਤਾਲ ਵਿਖੇ ਈ.ਐਨ.ਟੀ. ਡਾਕਟਰਾਂ ਨੇ ਪਹਿਲੀ ਕੋਕਲੀਅਰ ਇੰਪਲਾਂਟ ਸਰਜਰੀ ਕੀਤੀ

➢ਰਾਜਿੰਦਰਾ ਹਸਪਤਾਲ ਜਮਾਂਦਰੂ ਜਾਂ ਗੰਭੀਰ ਸੁਣਨ ਸ਼ਕਤੀ ਦੀ ਘਾਟ ਵਾਲੇ ਬੱਚਿਆਂ ਲਈ ਨਵੀਂ ਉਮੀਦ ਬਣਿਆ : ਡਾ. ਸਿਬੀਆ

ਪਟਿਆਲਾ, 2 ਮਾਰਚ (ਚ.ਨ.ਸ.) : ਸਰਕਾਰੀ ਮੈਡੀਕਲ ਕਾਲਜ ਅਤੇ ਰਾਜਿੰਦਰਾ ਹਸਪਤਾਲ, ਪਟਿਆਲਾ ਨੇ 26 ਫਰਵਰੀ, 2026 ਨੂੰ ਆਪਣੀ ਪਹਿਲੀ ਕੋਕਲੀਅਰ ਇਮਪਲਾਂਟ ਸਰਜਰੀ ਸਫਲਤਾਪੂਰਵਕ ਕਰਕੇ ਉੱਨਤ ਈਐਨਟੀ ਦੇਖਭਾਲ ਵਿੱਚ ਇੱਕ ਵੱਡਾ ਮੀਲ ਪੱਥਰ ਪ੍ਰਾਪਤ ਕੀਤਾ ਹੈ। ਇਹ ਇਤਿਹਾਸਕ ਪ੍ਰਾਪਤੀ ਖੇਤਰ ਵਿੱਚ ਵਿਸ਼ੇਸ਼ ਸੁਣਵਾਈ ਪੁਨਰਵਾਸ ਸੇਵਾਵਾਂ ਪ੍ਰਦਾਨ ਕਰਨ ਵਿੱਚ ਇੱਕ ਮਹੱਤਵਪੂਰਨ ਤਰੱਕੀ ਨੂੰ ਦਰਸਾਉਂਦੀ ਹੈ।ਇਹ ਇਤਿਹਾਸਕ ਉਪਰੇਸ਼ਨ ਈਐਨਟੀ ਵਿਭਾਗ ਦੇ ਮੁਖੀ ਪ੍ਰੋ. (ਡਾ.) ਸੰਜੀਵ ਭਗਤ, ਅਤੇ ਸਰਜੀਕਲ ਟੀਮ ਦੁਆਰਾ ਕੀਤੀ ਗਈ ਸੀ। ਅੱਜ ਇਸ ਸਫਲਤਾ ਬਾਰੇ ਜਾਣਕਾਰੀ ਦਿੰਦੇ ਹੋਏ ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਸੰਜੀਵ ਭਗਤ ਨੇ ਕਿਹਾ ਕਿ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਦੀ ਯੋਗ ਅਗਵਾਈ ਹੇਠ, ਵਿਭਾਗ ਦੀ ਪੂਰੀ ਟੀਮ ਮਰੀਜ਼ਾਂ ਨੂੰ ਬਿਹਤਰ ਇਲਾਜ ਪ੍ਰਦਾਨ ਕਰਨ ਲਈ



ਪੂਰੀ ਤਰ੍ਹਾਂ ਸਮਰਪਿਤ ਹੈ। ਡਾ. ਭਗਤ ਨੇ ਅੱਗੇ ਕਿਹਾ ਕਿ ਇਹ ਸਰਜਰੀ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ -32 ਚੰਡੀਗੜ੍ਹ ਦੇ ਪ੍ਰੋ. (ਡਾ.) ਸੁਰਿੰਦਰ ਕੁਮਾਰ ਸਿੰਘਲ ਦੀ ਮਾਹਰ ਅਗਵਾਈ ਹੇਠ ਕੀਤੀ ਗਈ ਸੀ, ਜਿਨ੍ਹਾਂ ਦੇ ਮਾਰਗਦਰਸ਼ਨ ਨੇ ਇਸ ਸਰਜਰੀ ਦੀ ਕਲੀਨਿਕਲ ਯੋਜਨਾਬੰਦੀ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਈਐਨਟੀ ਵਿਭਾਗ ਨੇ ਸੁਰੱਖਿਅਤ ਸਰਜਰੀ ਨੂੰ ਯਕੀਨੀ ਬਣਾਉਣ ਲਈ ਐਨਸਥੀਸੀਆ ਵਿਭਾਗ, ਆਡੀਓਲੋਜੀ ਟੀਮ, ਆਪ੍ਰੇਸ਼ਨ ਥੀਏਟਰ ਸਟਾਫ ਅਤੇ ਨਰਸਿੰਗ ਅਫਸਰਾਂ ਨਾਲ ਨਜ਼ਦੀਕੀ ਤਾਲਮੇਲ ਵਿੱਚ ਕੰਮ ਕੀਤਾ।ਉਨ੍ਹਾਂ ਕਿਹਾ ਕਿ ਛੋਟਾ ਬੱਚਾ, ਜੋ ਕਿ ਗੰਭੀਰ ਤੋਂ ਡੂੰਘਾ ਸੰਵੇਦੀ ਸੁਣਨ ਸ਼ਕਤੀ ਦੇ ਨੁਕਸਾਨ ਤੋਂ ਪੀੜਤ ਸੀ, ਸਫਲ ਇਮਪਲਾਂਟੇਸ਼ਨ ਤੇ ਆਪ੍ਰੇਸ਼ਨ ਤੋਂ ਬਾਅਦ ਹੁਣ ਬਿਲਕੁਲ ਠੀਕ ਹੈ। ਡਾ. ਸੰਜੀਵ ਭਗਤ ਨੇ ਕਿਹਾ ਕਿ ਇਹ ਮੀਲ ਪੱਥਰ ਮੈਡੀਕਲ ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ, ਪ੍ਰੋ. (ਡਾ.) ਰਮਿੰਦਰਪਾਲ ਸਿੰਘ ਸਿਬੀਆ ਦੀ ਗਤੀਸ਼ੀਲ ਅਗਵਾਈ ਹੇਠ ਪ੍ਰਾਪਤ ਕੀਤਾ ਗਿਆ ਸੀ, ਜਿਨ੍ਹਾਂ ਦੀ ਦੂਰਦਰਸ਼ੀ ਅਤੇ ਪ੍ਰਸ਼ਾਸਕੀ ਸਹਾਇਤਾ ਨੇ ਸੰਸਥਾ ਵਿੱਚ ਟਰਸ਼ਰੀ ਸਿਹਤ ਸੰਭਾਲ ਸੇਵਾਵਾਂ ਨੂੰ ਮਜ਼ਬੂਤ ਕੀਤਾ ਹੈ। ਇਸ ਪਹਿਲਕਦਮੀ ਨੂੰ ਰਾਜਿੰਦਰਾ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਨੇ ਸਮਰਥਨ ਦਿੱਤਾ। ਇਸੇ ਦੌਰਾਨ ਡਾ. ਰਮਿੰਦਰਪਾਲ ਸਿੰਘ ਸਿਬੀਆ ਨੇ ਕਿਹਾ ਕਿ ਇਸ ਪ੍ਰਾਪਤੀ ਦੇ ਨਾਲ, ਸਰਕਾਰੀ ਮੈਡੀਕਲ ਕਾਲਜ ਅਤੇ ਰਾਜਿੰਦਰਾ ਹਸਪਤਾਲ, ਪਟਿਆਲਾ ਨੇ ਰਸਮੀ ਤੌਰ 'ਤੇ ਆਪਣਾ ਕੋਕਲੀਅਰ ਇਮਪਲਾਂਟ ਪ੍ਰੋਗਰਾਮ ਸ਼ੁਰੂ ਕਰ ਦਿੱਤਾ ਹੈ, ਜੋ ਜਮਾਂਦਰੂ ਜਾਂ ਗੰਭੀਰ ਸੁਣਨ ਸ਼ਕਤੀ ਦੀ ਘਾਟ ਵਾਲੇ ਬੱਚਿਆਂ ਲਈ ਨਵੀਂ ਉਮੀਦ ਦੀ ਕਿਰਨ ਹੈ। ਡਾ: ਸਿਬੀਆ ਨੇ ਅੱਗੇ ਕਿਹਾ ਕਿ ਇਸ ਪਹਿਲਕਦਮੀ ਨਾਲ ਪੰਜਾਬ ਦੇ ਅੰਦਰ ਉੱਨਤ ਈਐਨਟੀ ਅਤੇ ਸੁਣਨ ਸ਼ਕਤੀ ਪੁਨਰਵਾਸ ਸੇਵਾਵਾਂ ਤੱਕ ਪਹੁੰਚ ਵਿੱਚ ਮਹੱਤਵਪੂਰਨ ਵਾਧਾ ਹੋਣ ਦੀ ਉਮੀਦ ਹੈ।

## ਮੋਦੀ ਕਾਲਜ ਵਿਖੇ 'ਵਿਗਿਆਨ ਵਿੱਚ ਔਰਤਾਂ: ਵਿਕਸਤ ਭਾਰਤ ਦਾ ਸੰਕਲਪ' ਵਿਸ਼ੇ 'ਤੇ ਆਧਾਰਿਤ ਰਾਸ਼ਟਰੀ ਵਿਗਿਆਨ ਦਿਵਸ

ਪਟਿਆਲਾ, 2 ਮਾਰਚ (ਰੁਪਾਣਾ) : ਡੀ.ਬੀ.ਟੀ ਸਟਾਰ ਦਾ ਦਰਜਾ ਪ੍ਰਾਪਤ ਸਥਾਨਕ ਕਾਲਜ, ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਵੱਲੋਂ ਅੱਜ ਨੋਬਲ ਪੁਰਸਕਾਰ ਜੇਤੂ ਭਾਰਤੀ ਭੌਤਿਕ ਵਿਗਿਆਨੀ ਡਾ. ਚੰਦਰਸ਼ੇਖਰ ਵੈਂਕਟ ਰਮਨ ਨੂੰ ਯਾਦ ਕਰਨ ਅਤੇ ਵਿਦਿਆਰਥੀਆਂ ਨੂੰ ਵਿਗਿਆਨ ਦੇ ਖੇਤਰ ਵਿੱਚ ਔਰਤ-ਵਿਗਿਆਨਕਾਂ, ਤਕਨੀਕੀ ਮਾਹਿਰਾਂ ਵੱਜੋਂ ਅਤੇ ਖੋਜ ਦੇ ਖੇਤਰ ਵਿੱਚ ਔਰਤਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਬਾਰੇ ਜਾਗਰੂਕ ਕਰਨ ਲਈ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵੱਜੋਂ ਡਾ. ਬਲਵਿੰਦਰ ਸਿੰਘ ਸੂਚ,ਪ੍ਰੋਫੈਸਰ, ਬਾਇਉਟਕੈਨੋਲੋਜੀ ਐਂਡ ਫੂਡ ਟਕੈਨੋਲੋਜੀ,ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੇ ਡਿਪਟੀ ਕੋ-



ਆਰਡੀਨੇਟਰ ਆਈਪੀਆਰ ਐਂਡ ਟਕੈਨੋਲੋਜੀ ਟਰਾਂਸਫਰ ਸੈੱਲ ਅਤੇ ਆਈਪੀਆਰ ਚੇਅਰ ਡੀਪੀਆਈਆਈਟੀ, ਭਾਰਤ ਸਰਕਾਰ ਨੇ ਸ਼ਿਰਕਤ ਕੀਤੀ। ਇਸ ਮੌਕੇ ਤੇ ਡਾ. ਜਸਵਿੰਦਰ ਕੌਰ, ਐਸਿਸਟੈਂਟ ਡਾਇਰੈਕਟਰ, ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ ਤੇ ਸੀਨੀਅਰ ਸੈਕੰਡਰੀ ਸਾਇੰਸ ਕੋ-ਆਰਡੀਨੇਟਰ (ਫਿਜ਼ਿਕਸ, ਕੈਮਿਸਟਰੀ ਅਤੇ ਬਾਇਉਲੋਜੀ) ਨੇ ਵਿਸ਼ੇਸ਼ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਕਾਲਜ ਪ੍ਰਿੰਸੀਪਲ ਡਾ:ਨੀਰਜ ਗੋਇਲ ਨੇ ਮੁੱਖ ਮਹਿਮਾਨ, ਪਤਵੰਤੇ ਸੱਜਣਾਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਡਾ. ਬਲਵਿੰਦਰ ਸਿੰਘ ਸੂਚ ਨੇ ਇਸ ਮੌਕੇ ਤੇ ਵਿਗਿਆਨਕ ਗਿਆਨ ਪ੍ਰੀਕ੍ਰਿਆ 'ਤੇ ਟਿੱਪਣੀ ਕਰਦਿਆ ਕਿਹਾ ਕਿ ਮੂਲ ਰੂਪ ਵਿੱਚ ਵਿਗਿਆਨ ਵਰਤਾਰਿਆਂ ਦੀ ਪੜਚੋਲ, ਉਹਨਾਂ ਦੇ ਅਧਿਐਨ ਅਤੇ ਤੱਥਾਂ ਦੇ ਆਧਾਰ 'ਤੇ ਸਿੱਟੇ ਕੱਢਣ ਦੀ ਗੰਭੀਰ ਤੇ ਲੰਬੀ ਪ੍ਰੀਕ੍ਰਿਆ ਹੈ।ਵਿਸ਼ੇਸ਼ ਮਹਿਮਾਨ ਜਸਵਿੰਦਰ ਕੌਰ ਨੇ ਇਸ ਮੌਕੇ 'ਤੇ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ ਪੈਦਾ ਕਰਨ 'ਤੇ ਉਹਨਾਂ ਨੂੰ ਵਿਗਿਆਨਕ ਸਿੱਖਿਆ ਨਾਲ ਜੋੜਣ ਵਿੱਚ ਅਧਿਆਪਕਾਂ ਦੀ ਮਹਤੱਤਾ 'ਤੇ ਜ਼ੋਰ ਦਿੰਦਿਆ ਕਿਹਾ ਕਿ ਅਧਿਆਪਕਾਂ ਨੂੰ ਆਪਣੇ ਸਿਲੇਬਸਾਂ ਵਿੱਚ ਵਿਗਿਆਨਕ ਗਿਆਨ ਤੇ ਵਿਗਿਆਨਕ ਕੁਸ਼ਲਤਾਪ੍ਰਦਾਨ ਕਰਨ ਤੇ ਫੋਕਸ ਕਰਨਾ ਚਾਹੀਦਾ ਹੈ।ਡਾ: ਸੰਜੇ ਕੁਮਾਰ, ਡੀਨ ਰਿਸਰਚ ਐਂਡ ਫਿਜ਼ੀਕਲ ਸਇੰਸਜ਼, ਡਾ.ਕੁਲਦੀਪ ਕੁਮਾਰ, ਡੀਨ ਲਾਈਫ ਸ਼ਾਇੰਸਿਜ਼, ਡਾ.ਵਰੁਣ ਜੈਨ, ਮੁਖੀ, ਮੈਥਮੈਟਿਕਸ ਵਿਭਾਗ ਨੇ ਇਸ ਪ੍ਰੋਗਰਾਮ ਦੇ ਉਦੇਸ਼ਾਂ ਅਤੇ ਸਬੰਧਿਤ ਮੁਕਾਬਲਿਆਂ ਬਾਰੇ ਚਰਚਾ ਕੀਤੀ ਅਤੇ ਦੱਸਿਆ ਕਿ ਇਸ ਵਿੱਚ ਸਾਇੰਸ ਵਿਭਾਗ ਦੇ ਲੱਗਭੱਗ 190 ਵਿਦਿਆਰਥੀ ਭਾਗ ਲੈ ਰਹੇ ਹਨ।